ਬੁੱਧਵਾਰ, 11 ਜੂਨ, 2025
29 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 10

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 11 JUNE, 2025

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਕੇਂਦਰ ਸਰਕਾਰ ਨੇ ਮਨਰੇਗਾ 'ਚ ਖਰਚ ਦੀ ਲਿਮਟ ਕੀਤੀ ਤੈਅ



**ਨਵੀਂ ਦਿੱਲੀ** : ਦੇਸ਼ ਭਰ 'ਚ ਪੇਂਡੂ ਇਲਾਕਿਆਂ 'ਚ ਮਜ਼ਦੂਰਾਂ ਨੂੰ ਰੁਜ਼ਗਾਰ ਦੀ ਗਰੰਟੀ ਦੇਣ ਵਾਲੀ ਯੋਜਨਾ ਮਹਾਤਮਾ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਯੋਜਨਾ (ਮਨਰੇਗਾ) 'ਤੇ ਪਹਿਲੀ ਵਾਰ ਕੇਂਦਰ ਸਰਕਾਰ ਨੇ ਖਰਚ ਦੀ ਲਿਮਟ 'ਤੇ ਪਾਬੰਦੀ ਲਾ ਦਿੱਤੀ ਹੈ। ਕੇਂਦਰੀ ਪੇਂਡੂ ਵਿਕਾਸ ਮੰਤਰਾਲੇ ਨੇ ਵਿੱਤੀ ਸਾਲ 2025-26 ਦੀ ਪਹਿਲੀ ਛਿਮਾਹੀ ਵਿੱਚ ਮਨਰੇਗਾ ਅਧੀਨ ਖਰਚ ਨੂੰ ਕੁੱਲ ਸਾਲਾਨਾ ਵੰਡ ਦੇ 60 ਪ੍ਰਤੀਸ਼ਤ ਤੱਕ ਸੀਮਤ ਕਰ ਦਿੱਤਾ ਹੈ।ਹੁਣ ਤੱਕ ਇਸ ਯੋਜਨਾ 'ਚ ਖਰਚ ਦੀ ਕੋਈ ਸੀਮਾ ਤੈਅ ਨਹੀਂ ਸੀ ਅਤੇ ਇਹ ਮੰਗ ਦੇ ਆਧਾਰ 'ਤੇ ਸੰਚਾਲਿਤ ਯੋਜਨਾ ਰਹੀ ਹੈ। 'ਇੰਡੀਅਨ ਐੱਕਸਪ੍ਰੈੱਸ' ਦੀ ਇੱਕ ਰਿਪੋਰਟ 'ਚ ਕਿਹਾ ਗਿਆ ਹੈ ਕਿ ਕੇਂਦਰੀ ਵਿੱਤ ਮੰਤਰਾਲੇ ਨੇ ਕੇਂਦਰੀ ਪੇਂਡੂ ਵਿਕਾਸ ਮੰਤਰਾਲੇ ਨੂੰ ਸੂਚਿਤ ਕੀਤਾ ਹੈ ਕਿ ਹੁਣ ਇਸ ਯੋਜਨਾ ਦੇ ਤਹਿਤ ਹੋਣ ਵਾਲੇ ਖਰਚ ਨੂੰ ਮਹੀਨਾ/ ਤਿਮਾਹੀ ਖਰਚ ਯੋਜਨਾ ਦੇ ਤਹਿਤ ਲਿਆਂਦਾ ਜਾਵੇਗਾ, ਜੋ ਇੱਕ ਖਰਚ 'ਤੇ ਕੰਟਰੋਲ ਦਾ ਤਰੀਕਾ ਹੈ। ਹਾਲਾਂਕਿ, ਇਸ ਯੋਜਨਾ ਨੂੰ ਹੁਣ ਤੱਕ ਇਸ ਤਰ੍ਹਾਂ ਦੇ ਕੰਟਰੋਲ ਤੋਂ ਰਾਹਤ ਮਿਲੀ ਹੋਈ ਸੀ। ਦੱਸਿਆ ਜਾ ਰਿਹਾ ਹੈ ਕਿ ਕੇਂਦਰੀ ਵਿੱਤ ਮੰਤਰਾਲੇ ਨੇ ਸਾਰੇ ਮੰਤਰਾਲਿਆਂ ਦੇ ਤਹਿਤ ਕੈਸ਼ ਫਲੋ ਅਤੇ ਗੈਰ-ਜ਼ਰੂਰੀ ਉਧਾਰੀ ਨੂੰ ਘੱਟ ਕਰਨ ਅਤੇ ਉਸ ਨੂੰ ਕੰਟਰੋਲ ਕਰਨ ਲਈ 2017 'ਚ ਮਹੀਨਾ/ਤਿਮਾਹੀ ਖਰਚ ਯੋਜਨਾ ਦੀ ਸ਼ੁਰੂਆਤ ਕੀਤੀ ਸੀ, ਪਰ ਮਨਰੇਗਾ ਸਕੀਮ ਨੂੰ ਇਸ ਤੋਂ ਬਾਹਰ ਰੱਖਿਆ ਗਿਆ ਸੀ। ਇਸ 'ਚ ਕਿਹਾ ਜਾ ਰਿਹਾ ਹੈ ਕਿ ਵਿੱਤੀ ਸਾਲ 2025-26 ਦੀ ਸ਼ੁਰੂਆਤ 'ਚ ਹੀ ਵਿੱਤ ਮੰਤਰਾਲੇ ਨੇ ਪੇਂਡੂ ਵਿਕਾਸ ਮੰਤਰਾਲੇ ਨੂੰ ਨਿਰਦੇਸ਼ ਦੇ ਦਿੱਤੇ ਸਨ ਕਿ ਉਹ ਮਨਰੇਗਾ ਨੂੰ ਵੀ ਮਹੀਨਾ/ ਤਿਮਾਹੀ ਖਰਚ ਯੋਜਨਾ ਢਾਂਚੇ 'ਚ ਸ਼ਾਮਲ ਕਰੇ। ਪਿਛਲੇ ਮਹੀਨੇ 29 ਮਈ ਨੂੰ ਕੇਂਦਰੀ ਵਿੱਤ ਮੰਤਰਾਲੇ ਨੇ ਇਸ ਸੰਬੰਧੀ ਪੇਂਡੂ ਵਿਕਾਸ ਮੰਤਰਾਲੇ ਨੂੰ ਚਿੱਠੀ ਭੇਜ ਕੇ 60 ਫੀਸਦੀ ਖਰਚ ਦੀ ਸੀਮਾ ਤੈਅ ਕਰਨ ਦੇ ਫੈਸਲੇ ਤੋਂ ਜਾਣੂ ਕਰਵਾ ਦਿੱਤਾ ਹੈ।

### ਮਨਰੇਗਾ ਲਈ ਕੁੱਲ ਬਜਟ 86000 ਕਰੋੜ

ਜ਼ਿਕਰਯੋਗ ਹੈ ਕਿ ਵਿੱਤੀ ਸਾਲ 2025-26 'ਚ ਮਨਰੇਗਾ ਲਈ ਕੁੱਲ ਵੰਡ ਬਜਟ 86,000 ਕਰੋੜ ਰੁਪਏ ਹੈ। ਸਰਕਾਰ ਦੀ ਨਵੀਂ ਵਿਵਸਥਾ ਮੁਤਾਬਕ ਪਹਿਲੀ ਛਿਮਾਹੀ 'ਚ ਹੁਣ ਤੱਕ 51600 ਕਰੋੜ ਰੁਪਏ ਹੀ ਖਰਚ ਕਰਨੇ ਹੋਣਗੇ। ਅਧਿਕਾਰੀਆਂ ਮੁਤਾਬਕ ਪਿਛਲੇ ਵਿੱਤੀ ਸਾਲ ਦਾ ਕਰੀਬ 21000 ਕਰੋੜ ਰੁਪਏ ਦੇਣਦਾਰੀਆਂ ਦੇ ਰੂਪ 'ਚ ਪਿਆ ਹੈ। ਇਸ 'ਚ ਨਵੇਂ ਆਦੇਸ਼ਾਂ ਨਾਲ ਇਸ ਸਾਲ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਯੋਜਨਾ ਦੇ ਤਹਿਤ ਰੁਜ਼ਗਾਰ ਪ੍ਰਭਾਵਤ ਹੋ ਸਕਦਾ ਹੈ ਅਤੇ ਰੁਜ਼ਗਾਰ ਦੇ ਮੌਕੇ ਘਟ ਸਕਦੇ ਹਨ। ਇਹ ਫੈਸਲਾ ਉਸ ਸਮੇਂ 'ਚ ਲਿਆਂਦਾ ਗਿਆ ਹੈ, ਜਦ 100 ਦਿਨਾਂ ਦੇ ਰੁਜ਼ਗਾਰ ਦੀ ਗਰੰਟੀ ਨੂੰ ਵਧਾ ਕੇ 150 ਦਿਨ ਕਰਨ ਅਤੇ ਰੋਜ਼ਾਨਾ ਮਜ਼ਦੂਰ ਨੂੰ 370 ਰੁਪਏ ਤੋਂ ਵਧਾ ਕੇ 400 ਰੁਪਏ ਪ੍ਰਤੀ ਦਿਨ ਕੀਤੇ ਜਾਣ ਦੀ ਮੰਗ ਕੀਤੀ ਜਾ ਰਹੀ ਹੈ।

## 'ਫਾਸਟ ਟਰੈਕ ਪੋਰਟਲ' ਦਾ ਫਾਇਦਾ ਉਠਾਓ ਤੇ ਪੰਜਾਬ ਨੂੰ ਭਾਰਤ ਦੀ ਅਗਲੀ ਉਦਯੋਗਿਕ ਸ਼ਕਤੀ ਬਣਾਓ : ਮਾਨ



**ਮੁਹਾਲੀ (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਦੇਸ਼ ਦੇ ਉਦਯੋਗਿਕ ਹੱਬ ਵਜੋਂ ਉਭਾਰਨ ਵਾਸਤੇ ਉਦਯੋਗਪਤੀਆਂ ਨੂੰ ਫਾਸਟ ਟਰੈਕ ਪੋਰਟਲ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ।ਇੱਥੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਫਾਸਟ ਟਰੈਕ ਪੰਜਾਬ ਪੋਰਟਲ ਨਿਵੇਸ਼ਕਾਂ ਨੂੰ ਅਰਜ਼ੀ ਦੇਣ ਦੇ 45 ਦਿਨਾਂ ਦੇ ਅੰਦਰ-ਅੰਦਰ ਸਾਰੀਆਂ ਪ੍ਰਵਾਨਗੀਆਂ ਦੇਣਾ ਯਕੀਨੀ ਬਣਾਏਗਾ ਅਤੇ ਇਹ ਉਦਯੋਗਿਕ ਮਾਡਲ ਸ਼ਾਸਨ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾ ਦੁਹਰਾਇਆ ਕਿ ਇਹ ਸੁਧਾਰਾਂ ਦੀ ਲੜੀ ਵਿੱਚ ਇੱਕ ਨਵੀਂ ਲਹਿਰ ਦੀ ਸ਼ੁਰੂਆਤ ਹਨ, ਜਿੱਥੇ ਕਾਰੋਬਾਰ ਕਰਨ ਲਈ ਸੁਖਾਵਾਂ ਮਾਹੌਲ ਇੱਕ ਨਾਅਰਾ ਨਾ ਰਹਿ ਕੇ ਇੱਥੋਂ ਦਾ ਸੱਭਿਆਚਾਰ ਬਣ ਗਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਸੂਬਾ ਸਰਕਾਰ ਨੇ ਸਮਾਜ ਦੇ ਹਰ ਵਰਗ ਨੂੰ ਲਾਭ ਪਹੁੰਚਾਉਣ ਲਈ ਕਈ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾ ਕਿਹਾ ਕਿ ਹੁਣ ਤੱਕ ਉਦਯੋਗਪਤੀਆਂ ਨੂੰ ਏ ਟੀ ਐੱਮ ਮੰਨਿਆ ਜਾਂਦਾ ਸੀ, ਜੋ ਸਿਰਫ਼ ਚੋਣਾਂ ਦੌਰਾਨ ਫੰਡ ਦਿੰਦੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਸੱਤਾ ਸੰਭਾਲਣ ਤੋਂ ਬਾਅਦ ਉਨ੍ਹਾ ਦੀ ਸਰਕਾਰ ਨੇ ਉਦਯੋਗਪਤੀਆਂ ਦੀ ਸਹੂਲਤ ਲਈ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਵਿਲੱਖਣ ਕਲਰ ਕੋਡ ਵਾਲੇ ਸਟੈਂਪ ਪੇਪਰ ਸ਼ੁਰੂ ਕੀਤੇ ਹਨ, ਤਾਂ ਜੋ ਸੂਬੇ ਵਿੱਚ ਆਪਣੇ ਯੂਨਿਟ ਸਥਾਪਤ ਕਰਨ ਲਈ ਉਦਮੀਆਂ ਨੂੰ ਵਿਸ਼ੇਸ਼ ਸਹੂਲਤ ਦਿੱਤੀ ਜਾ ਸਕੇ, ਜਿਸ ਨਾਲ ਉਦਯੋਗਿਕ ਵਿਕਾਸ ਨੂੰ ਹੁਲਾਰਾ ਮਿਲੇਗਾ।

ਉਹਨਾ ਕਿਹਾ ਕਿ ਕੋਈ ਵੀ ਉਦਯੋਗਪਤੀ, ਜੋ ਸੂਬੇ ਵਿੱਚ ਆਪਣੀ

• ਬਾਕੀ ਸਫਾ 2 'ਤੇ

## ਮਾਉਵਾਦੀਆਂ ਦੇ ਫਰਜ਼ੀ ਪੁਲਸ ਮੁਕਾਬਲੇ ਫੌਰੀ ਤੌਰ 'ਤੇ ਬੰਦ ਹੋਣ



**ਜਲੰਧਰ** : ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪੰਜਾਬ ਦੀਆਂ ਕਮਿਊਨਿਸਟ ਪਾਰਟੀਆਂ ਤੇ ਇਨਕਲਾਬੀ ਜਥੇਬੰਦੀਆਂ ਵੱਲੋਂ ਕੇਂਦਰ ਦੀ ਛੱਤੀਸਗੜ੍ਹ ਅਤੇ ਹੋਰ ਇਲਾਕਿਆਂ 'ਚੋਂ ਮਾਉਵਾਦੀਆਂ ਤੇ ਨਕਸਲਾਈਟਾਂ ਨੂੰ ਖਤਮ ਕਰਨ, ਦੇਸ਼ ਦੀ ਵਸੋਂ ਵਿੱਚ ਫਿਰਕਾਪ੍ਰਸਤੀ ਦਾ ਜ਼ਹਿਰ ਘੋਲਣ ਤੇ ਭਰਾ-ਭਰਾ ਵਿੱਚ ਪਾੜਾ ਪਾਉਣ ਅਤੇ ਹਿੰਦ ਦੀ ਧਰਤੀ ਨੂੰ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਵਾਲੀ ਨੀਤੀ ਵਿਰੁੱਧ ਕਨਵੈਨਸ਼ਨ ਕਰਨ ਤੋਂ ਬਾਅਦ ਜਲੰਧਰ ਦੀਆਂ ਸੜਕਾਂ 'ਤੇ ਰੋਹ ਭਰਪੂਰ ਮਾਰਚ ਕੀਤਾ ਗਿਆ।

ਕਨਵੈਨਸ਼ਨ ਦੀ ਪ੍ਰਧਾਨਗੀ ਸੂਬਾਈ ਆਗੂਆਂ ਪ੍ਰਿਥੀਪਾਲ ਸਿੰਘ ਮਾੜੀਮੇਘਾ, ਰਤਨ ਸਿੰਘ ਰੰਧਾਵਾ, ਅਜਮੇਰ ਸਿੰਘ, ਜਸਬੀਰ ਕੌਰ ਨੱਤ, ਨਰਿੰਜਨ ਸਿੰਘ ਸਫੀਪੁਰ ਤੇ ਮੁਖਤਿਆਰ ਸਿੰਘ ਪੂਹਲਾ ਨੇ ਕੀਤੀ। ਸੰਬੋਧਨ ਕਰਨ ਵਾਲਿਆਂ ਵਿੱਚ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਆਰ ਐੱਮ ਪੀ ਆਈ ਦੇ ਕੁੱਲ ਹਿੰਦ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ ਐੱਮ ਐੱਲ ਨਿਊ ਡੈਮੋਕਰੇਸੀ ਦੇ ਦਰਸ਼ਨ ਸਿੰਘ ਖਟਕੜ, ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਗੁਰਮੀਤ ਸਿੰਘ ਬਖਤਪੁਰਾ, ਇਨਕਲਾਬੀ ਕੇਂਦਰ ਪੰਜਾਬ ਦੇ ਮੁਖਤਿਆਰ ਸਿੰਘ ਪੂਹਲਾ ਅਤੇ ਐੱਮ ਸੀ ਪੀ ਆਈ ਯੂ ਦੇ ਕਿਰਨਜੀਤ ਸਿੰਘ ਸੇਖੋਂ ਸਨ।ਬੁਲਾਰਿਆਂ ਨੇ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਦੀ ਪੁਰਜ਼ੋਰ ਨਿੰਦਾ ਕਰਦਿਆਂ ਕਿਹਾ ਕਿ ਮਾਉਵਾਦੀਆਂ ਤੇ ਨਕਸਲਬਾੜੀਆਂ ਦੇ ਫਰਜ਼ੀ ਪੁਲਸ ਮੁਕਾਬਲੇ ਫੌਰੀ ਤੌਰ 'ਤੇ ਬੰਦ ਕੀਤੇ ਜਾਣ। ਨਕਸਲਾਈਟ ਖਤਮ ਕਰਨ ਦੇ ਬਹਾਨੇ ਜੰਗਲਾਂ ਵਿੱਚ ਮੁੱਢ-ਕਦੀਮ ਤੋਂ ਵੱਸਦੇ ਆਦਿਵਾਸੀਆਂ ਦੇ ਪਿੰਡਾਂ ਦੇ ਪਿੰਡ ਉਜਾੜ ਦਿੱਤੇ ਗਏ ਹਨ।ਜਲ, ਜੰਗਲ, ਜ਼ਮੀਨ ਕਾਰਪੋਰੇਟ ਘਰਾਣਿਆਂ ਨੂੰ ਧੜਾਧੜ ਵੇਚੇ ਜਾ ਰਹੇ ਹਨ।

ਬੁਲਾਰਿਆਂ ਮੰਗ ਕੀਤੀ ਕਿ ਕੇਂਦਰ ਹਕੂਮਤ ਵਿਰੁੱਧ ਬੋਲਣ ਤੇ ਲਿਖਣ ਵਾਲੇ ਬੁੱਧੀਜੀਵੀ, ਪੱਤਰਕਾਰ , ਅਗਾਂਹਵਧੂ ਆਗੂਆਂ ਤੇ

• ਬਾਕੀ ਸਫਾ 2 'ਤੇ

### 'ਰਾਜ ਤੇ ਇਨਕਲਾਬ', ਫਾਂਸੀ ਦੇ ਤਖ਼ਤੇ ਤੋਂ' ਤੇ 'ਸਾਂਝਾ ਫਰੰਟ' ਨੂੰ ਮੁੜ ਪੜ੍ਹਿਆ ਜਾਵੇ

**ਜਲੰਧਰ (ਗਿਆਨ ਸੈਦਪੁਰੀ)**-ਇੱਥੇ ਮੰਗਲਵਾਰ ਹੋਈ ਸਾਂਝੀ ਕਨਵੈਨਸ਼ਨ ਵਿੱਚ ਇਹ ਗੱਲ ਉਭਰ ਕੇ ਸਾਹਮਣੇ ਆਈ ਕਿ ਖੱਬੀਆਂ ਧਿਰਾਂ ਨੂੰ ਗੰਭੀਰਤਾ ਅਤੇ ਸੰਜੀਦਗੀ ਨਾਲ ਹਾਕਮਾਂ ਨਾਲ ਨਜਿੱਠਣਾ ਹੋਵੇਗਾ। ਪਿਛਲੇ ਸਮਿਆਂ ਤੋਂ ਹਾਕਮ ਕਿਸ ਤਰ੍ਹਾਂ ਲੋਕਾਂ ਨਾਲ ਅਣ-ਮਨੁੱਖੀ ਵਿਹਾਰ ਕਰਦੇ ਆਏ ਤੇ ਲੋਕ ਰਲ ਕੇ ਕਿਵੇਂ ਦੁਸ਼ਮਣਾ ਦੇ ਮੂੰਹ ਮੋੜਦੇ ਰਹੇ, ਇਸ ਗੱਲ ਨੂੰ ਸਮਝਣ ਲਈ ਕੁਝ ਖਾਸ ਕਿਤਾਬਾਂ ਦਾ ਅਧਿਐਨ ਵੀ ਜ਼ਰੂਰੀ ਹੈ। ਇਨ੍ਹਾਂ ਕਿਤਾਬਾਂ ਵਿੱਚ ਲੈਨਿਨ ਦੀ 'ਰਾਜ ਤੇ ਇਨਕਲਾਬ', ਜੂਲੀਅਸ ਫਿਊਚਕ ਦੀ 'ਫਾਂਸੀ ਦੇ ਦਖ਼ਤੇ ਤੋਂ' ਅਤੇ ਜੀ ਦਮਿਤਰੋਵ ਦੀ 'ਸਾਂਝਾ ਫਰੰਟ' ਬੜੀਆਂ ਹੀ ਖੂਬਸੂਰਤ ਤੇ ਰਾਹ ਦਿਖਾਉਣ ਵਾਲੀਆਂ ਕਿਤਾਬਾਂ ਹਨ। ਇਨ੍ਹਾਂ ਨੂੰ ਮੁੜ ਪੜ੍ਹਨਾ ਲਾਜ਼ਮੀ ਹੈ।

## ਬਨਾਸ ਨਦੀ 'ਚ ਡੁੱਬਣ ਕਾਰਨ 8 ਨੌਜਵਾਨਾਂ ਦੀ ਮੌਤ

**ਟੌਂਕ (ਰਾਜਸਥਾਨ)** : ਇੱਥੇ ਬਨਾਸ ਨਦੀ 'ਚ ਨਹਾਉਣ ਗਏ 11 ਨੌਜਵਾਨਾਂ 'ਚੋਂ 8 ਦੀ ਮੌਤ ਹੋ ਗਈ। ਹਾਦਸੇ ਦੀ ਪੁਸ਼ਟੀ ਹਸਪਤਾਲ ਪ੍ਰਸ਼ਾਸਨ ਨੇ ਕੀਤੀ। ਦੱਸਿਆ ਜਾ ਰਿਹਾ ਹੈ ਕਿ ਸਾਰੇ ਨੌਜਵਾਨ ਪਿਕਨਿਕ ਮਨਾਉਣ ਲਈ ਇੱਥੇ ਪਹੁੰਚੇ ਸਨ ਅਤੇ ਇਸ ਦੌਰਾਨ ਇਹ ਹਾਦਸਾ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਇਲਾਕੇ 'ਚ ਦਹਿਸ਼ਤ ਫੈਲ ਗਈ। ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ ਸਾਰੇ ਨੌਜਵਾਨ ਇੱਕ ਸਾਥ ਨਦੀ 'ਚ ਉਤਰੇ ਸਨ। ਨਹਾਉਂਦੇ ਸਮੇਂ ਗਹਿਰਾਈ ਦਾ ਅੰਦਾਜ਼ਾ ਨਹੀਂ ਲਾ ਪਾਏ ਅਤੇ ਸਾਰੇ ਇੱਕ-ਇੱਕ ਕਰ ਕੇ ਡੁੱਬ ਗਏ। ਨਦੀ ਤੋਂ ਬਾਹਰ ਕੱਢੇ ਗਏ ਨੌਜਵਾਨਾਂ ਨੂੰ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਅੱਠ ਨੂੰ ਮ੍ਰਿਤਕ ਐਲਾਨ ਦਿੱਤਾ। ਸਿਵਲ ਡਿਫੈਂਸ ਅਤੇ ਆਪਦਾ ਪ੍ਰਬੰਧਨ ਦੀਆਂ ਟੀਮਾਂ ਵੀ ਮੌਕੇ 'ਤੇ ਪਹੁੰਚੀਆਂ। ਲਾਸ਼ਾਂ ਦਾ ਪੋਸਟਮਾਰਟਮ ਕਰਕੇ ਪਰਵਾਰ ਵਾਲਿਆਂ ਨੂੰ ਸੌਂਪੀਆਂ ਗਈਆਂ। ਦੱਸਿਆ ਜਾ ਰਿਹਾ ਹੈ ਕਿ ਜੈਪੁਰ ਤੋਂ 11 ਨੌਜਵਾਨ ਮੰਗਲਵਾਰ ਨੂੰ ਟੌਂਕ ਬਨਾਸ ਨਦੀ 'ਚ ਪਿਕਨਿਕ ਮਨਾਉਣ ਗਏ ਸਨ। ਇਨ੍ਹਾਂ 'ਚੋਂ ਤਿੰਨ ਕਿਨਾਰੇ 'ਤੇ ਖਾਣਾ ਬਣਾਉਣ ਲੱਗ ਗਏ। ਉਥੇ ਹੀ 8 ਨੌਜਵਾਨ ਬਨਾਸ ਨਦੀ 'ਚ ਨਹਾਉਣ ਉਤਰ ਗਏ। ਇਸ ਦੌਰਾਨ ਡੂੰਘਾਈ ਦਾ ਅੰਦਾਜ਼ਾ ਨਾ ਲਾਉਣ ਕਾਰਨ ਉਹ ਡੁੱਬ ਗਏ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਮ੍ਰਿਤਕਾਂ ਦੀ ਉਮਰ 20 ਤੋਂ 30 ਸਾਲ ਦੇ ਵਿਚਾਲੇ ਹੈ।

## ਬਿਲਡਿੰਗ ਨੂੰ ਅੱਗ, ਪਿਤਾ ਤੇ ਦੋ ਬੱਚਿਆਂ ਦੀ ਮੌਤ



**ਨਵੀਂ ਦਿੱਲੀ** : ਦਿੱਲੀ ਦੇ ਦੁਆਰਕਾ 'ਚ ਮੰਗਲਵਾਰ ਸਵੇਰੇ ਇੱਕ ਅਪਾਰਟਮੈਂਟ ਦੀ ਸਿਖਰਲੀ ਮੰਜ਼ਲ 'ਚ ਲੱਗ ਲੱਗ ਗਈ, ਜਿਸ 'ਚ ਤਿੰਨ ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ 'ਚ ਪਿਤਾ ਅਤੇ ਉਸ ਦੇ ਪੁੱਤਰ ਅਤੇ ਪੁੱਤਰੀ ਸ਼ਾਮਲ ਹਨ। ਪੁਲਸ ਮੁਤਾਬਕ ਦੁਆਰਕਾ ਅਪਾਰਟਮੈਂਟ 'ਚ ਅੱਗ ਲੱਗਣ ਤੋਂ ਬਾਅਦ ਆਪਣੇ ਫਲੈਟ 'ਚੋਂ ਛਾਲ ਮਾਰਨ ਵਾਲੇ ਪਿਤਾ ਅਤੇ ਦੋਵਾਂ ਬੱਚਿਆਂ ਦੀ ਮੌਤ ਹੋ ਗਈ। ਉਨ੍ਹਾਂ ਜਾਨ ਬਚਾਉਣ ਲਈ ਫਲੈਟ 'ਚੋਂ ਥੱਲੇ ਛਾਲ ਮਾਰ ਦਿੱਤੀ ਅਤੇ ਜ਼ਖ਼ਮੀ ਹੋ ਗਏ ਸਨ। ਉਨ੍ਹਾਂ ਨੂੰ ਇੰਦਰਾ ਗਾਂਧੀ ਹਸਪਤਾਲ

• ਬਾਕੀ ਸਫਾ 2 'ਤੇ

## ਸਕੂਲ 'ਚ ਗੋਲੀਬਾਰੀ, 11 ਵਿਦਿਆਰਥੀਆਂ ਦੀ ਮੌਤ

**ਵਿਆਨਾ** : ਆਸਟਰੀਆ ਦੇ ਗ੍ਰਾਜ ਸ਼ਹਿਰ 'ਚ ਮੰਗਲਵਾਰ ਸਵੇਰੇ ਇੱਕ ਹਾਈ ਸਕੂਲ 'ਚ ਗੋਲਬਾਰੀ ਦੀ ਘਟਨਾ ਹੋਈ। ਇਸ 'ਚ 11 ਲੋਕਾਂ ਦੀ ਮੌਤ ਹੋ ਗਈ, ਜਦਕਿ 28 ਜ਼ਖ਼ਮੀ ਹੋ ਗਏ। ਉਨ੍ਹਾਂ 'ਚੋਂ ਚਾਰ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਕੁਝ ਲੋਕਾਂ ਦੇ ਸਿਰ 'ਚ ਗੋਲੀ ਲੱਗੀ। ਪੁਲਸ ਨੇ ਇਲਾਕੇ 'ਚ ਵੱਡਾ ਅਪਰੇਸ਼ਨ ਸ਼ੁਰੂ ਕਰ ਦਿੱਤਾ ਤੇ ਲੋਕਾਂ ਨੂੰ ਕਿਹਾ ਕਿ ਉਹ ਉਥੋਂ ਦੂਰ ਰਹਿਣ। ਆਸਟਰੀਆ ਮੀਡੀਆ ਰਿਪੋਰਟਾਂ ਮੁਤਾਬਕ ਸਵੇਰੇ 11 ਵਜੇ ਬੋਰਗ ਡ੍ਰੇਅਰਸਚੁਟਜ਼ੇਂਗਸ ਹਾਈ ਸਕੂਲ ਦੇ ਅੰਦਰ ਗੋਲੀਆਂ ਦੀਆਂ ਆਵਾਜ਼ਾਂ ਸੁਣੀਆਂ ਗਈਆਂ। ਇਸ ਦੇ ਤੁਰੰਤ ਬਾਅਦ ਪੁਲਸ ਮੌਕੇ 'ਤੇ ਪਹੁੰਚੀ। ਸ਼ੱਕੀ ਹਮਲਾਵਰ ਉਸੇ ਸਕੂਲ ਦਾ ਵਿਦਿਆਰਥੀ ਸੀ, ਉਸ ਨੇ ਖ਼ੁਦ ਨੂੰ ਗੋਲੀ ਮਾਰ ਕੇ ਜਾਨ ਦੇ ਦਿੱਤੀ। ਸਕੂਲ ਦੇ ਬਾਥਰੂਮ 'ਚ ਉਸ ਦੀ ਲਾਸ਼ ਮਿਲਣ ਦੀ ਵੀ ਸੂਚਨਾ ਹੈ।

## ਭਾਰਤ 'ਚ ਜਣੇਪਾ ਦਰ ਘਟੀ

**ਨਵੀਂ ਦਿੱਲੀ** : ਹਾਲ ਹੀ 'ਚ ਆਈ ਸੰਯੁਕਤ ਰਾਸ਼ਟਰ ਜਨਸੰਖਿਆ ਰਿਪੋਰਟ ਦੇ ਅਨੁਸਾਰ ਭਾਰਤ ਦੀ ਆਬਾਦੀ 2025 'ਚ 1.46 ਅਰਬ ਤੱਕ ਪਹੁੰਚਣ ਦਾ ਅਨੁਮਾਨ ਹੈ, ਜੋ ਕਿ ਦੁਨੀਆ 'ਚ ਸਭ ਤੋਂ ਵੱਧ ਹੈ।ਇਸ ਇਲਾਵਾ ਰਿਪੋਰਟ 'ਚ ਖੁਲਾਸਾ ਕੀਤਾ ਗਿਆ ਕਿ ਦੇਸ਼ ਦੀ ਕੁੱਲ ਜਣੇਪਾ ਦਰ ਅਸਲ 'ਚ ਬਦਲ ਦਰ ਤੋਂ ਹੇਠਾਂ ਆ ਗਈ ਹੈ।ਯੂ ਐੱਨ ਐੱਫ ਪੀ ਏ ਦੀ 2025 ਸਟੇਟ ਆਫ ਵਰਲਡ ਪਾਪੂਲੇਸ਼ਨ ਰਿਪੋਰਟ 'ਦ ਰੀਅਲ ਫਰਟੀਲਿਟੀ ਕ੍ਰਾਈਸਿਸ' ਉਂਝ ਘਟਦੀ ਜਣੇਪਾ ਦਰ ਦੀ ਥਾਂ ਅਧੂਰੇ ਜਣੇਪਾ ਟੀਚਿਆਂ ਨੂੰ ਸੰਬੋਧਤ ਹੋਣ ਦੀ ਲੋੜ 'ਤੇ ਜ਼ੋਰ ਦਿੰਦੀ ਹੈ।ਇਸ 'ਚ ਦਾਅਵਾ ਕੀਤਾ ਗਿਆ ਹੈ ਕਿ ਲੱਖਾਂ ਲੋਕ ਆਪਣੇ ਔਲਾਦ ਪੈਦਾ ਕਰਨ ਸੰਬੰਧੀ ਟੀਚੇ ਹਾਸਲ ਕਰਨ ਦੇ ਯੋਗ ਨਹੀਂ ਹਨ। ਰਿਪੋਰਟ ਮੁਤਾਬਕ ਅਸਲ ਸੰਕਟ ਇਹੋ ਹੈ, ਨਾ ਕਿ ਘੱਟ ਜਾਂ ਜ਼ਿਆਦਾ ਆਬਾਦੀ।ਇਸ ਦਾ ਜਵਾਬ ਵਡੇਰੇ ਜਣੇਪਾ ਮਾਮਲਿਆਂ 'ਚ ਹੈ, ਕਿਸੇ ਵਿਅਕਤੀ ਦੀ ਕਾਮੁਕਤਾ, ਗਰਭ ਨਿਰੋਧ ਅਤੇ ਪਰਵਾਰ ਸ਼ੁਰੂ ਕਰਨ ਬਾਰੇ 150 ਫ਼ੀਸਦੀ ਆਜ਼ਾਦਾਨਾ ਅਤੇ ਸੂਚਿਤ ਚੋਣ ਕਰ ਸਕਣ ਦੀ ਯੋਗਤਾ।ਰਿਪੋਰਟ ਆਬਾਦੀ ਦੀ ਬਣਤਰ, ਜਣੇਪਾ ਸ਼ਕਤੀ ਅਤੇ ਜੀਵਨ ਸੰਭਾਵਨਾ 'ਚ ਮੁੱਖ ਤਬਦੀਲੀਆਂ ਦਾ ਵੀ ਖੁਲਾਸਾ ਕਰਦੀ ਹੈ, ਜੋ ਇੱਕ ਵੱਡੇ ਜਨਸੰਖਿਆ ਪਰਿਵਰਤਨ ਦਾ ਸੰਕੇਤ ਦਿੰਦੀ ਹੈ।ਰਿਪੋਰਟ 'ਚ ਪਾਇਆ ਗਿਆ ਕਿ ਭਾਰਤ ਦੀ ਕੁੱਲ ਜਣੇਪਾ ਦਰ ਪ੍ਰਤੀ ਔਰਤ ਘਟ ਕੇ 1.9 ਜਨਮਾਂ ਤੱਕ ਰਹਿ ਗਈ ਹੈ, ਜੋ ਕਿ 2.1 ਦੀ ਤਬਦੀਲੀ ਦਰ ਤੋਂ ਘੱਟ ਹੈ, ਇਸ ਦਾ ਮਤਲਬ ਹੈ ਕਿ ਔਸਤਨ ਭਾਰਤੀ ਔਰਤਾਂ ਇੱਕ ਪੀੜ੍ਹੀ ਤੋਂ ਦੂਜੀ ਪੀੜ੍ਹੀ ਤੱਕ ਆਬਾਦੀ ਦੇ ਆਕਾਰ ਨੂੰ ਬਣਾਈ ਰੱਖਣ ਲਈ ਲੋੜ ਤੋਂ ਘੱਟ ਬੱਚੇ ਪੈਦਾ ਕਰ ਰਹੀਆਂ ਹਨ ਅਤੇ ਇਸ 'ਚ ਪਰਵਾਸ ਦੀ ਭੂਮਿਕਾ ਨਹੀਂ।ਜਨਮ ਦਰ ਘਟਣ ਦੇ ਬਾਵਜੂਦ ਭਾਰਤ ਦੀ ਨੌਜਵਾਨ ਆਬਾਦੀ ਅਹਿਮ ਬਣੀ ਹੋਈ ਹੈ, ਜਿਹੜੀ 0-14 ਉਮਰ ਵਰਗ ਵਿੱਚ 24 ਫ਼ੀਸਦੀ, 10-19 ਉਮਰ ਵਰਗ ਵਿੱਚ 17 ਫ਼ੀਸਦੀ ਅਤੇ 10-24 ਉਮਰ ਵਰਗ ਵਿੱਚ 26

• ਬਾਕੀ ਸਫਾ 2 'ਤੇ

## ਅੱਜ-ਨਾਮਾ

ਲੀਡਰ ਬਹਿਸ ਲਈ ਮੁੱਦਾ ਨੇ ਲੱਭ ਲੈਂਦੇ,
ਪਹਿਲਾ ਨਾਹੀਂ ਤਾਂ ਲੱਭ ਲਊ ਹੋਰ ਮੀਆਂ।
ਆਪਣੇ ਲਈ ਜੋ ਮੁੱਦਾ ਵੀ ਫਿੱਟ ਦੀਂਹਦਾ,
ਲਾਈ ਜਾਣਾ ਫਿਰ ਉਹਦੇ 'ਤੇ ਜ਼ੋਰ ਮੀਆਂ।
ਬਣ ਕੇ ਪੁਤਲੇ ਈਮਾਨ ਦੇ ਆਪ ਰਹਿਣਾ,
ਚੇਲਿਆਂ ਕੋਲੋਂ ਪਵਾਉਣਾ ਹੈ ਸ਼ੋਰ ਮੀਆਂ।
ਕਹਿੰਦਾ ਹੋਰਨਾਂ ਨੂੰ ਬਹੁਤਾ ਚੋਰ ਉਹੀਉ,
ਜਿਹੜਾ ਆਪ ਹੈ ਸਿਖਰ ਦਾ ਚੋਰ ਮੀਆਂ।
ਅੱਖੀਂ ਘੱਟਾ ਫਿਰ ਲੋਕਾਂ ਦੇ ਪਾਈ ਜਾਣਾ,
ਹਕੀਕਤ ਦੇਖਣ ਦੇ ਯੋਗ ਨਾ ਛੱਡਣਾ ਈ।
ਕਾਮਯਾਬੀ ਲਈ ਸਫਲ ਇਹ ਫਾਰਮੂਲਾ,
ਕਿੱਲਾ ਜਿੱਤ ਦਾ ਜੀਹਨਾਂ ਵੀ ਗੱਡਣਾ ਈ।


-ਤੀਸ ਮਾਰ ਖਾਂ

## ਖੱਬੀਆਂ ਪਾਰਟੀਆਂ ਵੱਲੋਂ ਗਾਜ਼ਾ 'ਚ ਇਜ਼ਰਾਈਲੀ ਨਸਲਕੁਸ਼ੀ ਦੀ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ), ਭਾਰਤੀ ਕਮਿਊਨਿਸਟ ਪਾਰਟੀ (ਐੱਮ ਐੱਲ) ਲਿਬਰੇਸ਼ਨ, ਆਲ ਇੰਡੀਆ ਫਾਰਵਰਡ ਬਲਾਕ ਅਤੇ ਰੈਵੋਲਿਊਸ਼ਨਰੀ ਸੋਸ਼ਲਿਸਟ ਪਾਰਟੀ ਨੇ ਸਾਂਝੇ ਤੌਰ 'ਤੇ ਬਿਆਨ ਜਾਰੀ ਕਰਕੇ ਕਿਹਾ ਕਿ ਅਸੀਂ ਗਾਜ਼ਾ 'ਚ ਫਲਸਤੀਨੀ ਲੋਕਾਂ ਵਿਰੁੱਧ ਇਜ਼ਰਾਈਲੀ ਸਰਕਾਰ ਦੁਆਰਾ ਚਲਾਈ ਜਾ ਰਹੀ ਨਸਲਕੁਸ਼ੀ ਦੀ ਸਖ਼ਤ ਨਿੰਦਾ ਕਰਦੇ ਹਾਂ।ਵੀਹ ਮਹੀਨਿਆਂ ਤੋਂ ਵੱਧ ਸਮੇਂ ਤੋਂ ਇਜ਼ਰਾਈਲ ਦੀ ਨਿਰੰਤਰ ਬੰਬਾਰੀ ਅਤੇ ਫੌਜੀ ਹਮਲੇ ਨੇ 55,000 ਤੋਂ ਵੱਧ ਫਲਸਤੀਨੀ ਮਾਰੇ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਹਨ।ਜ਼ਰੂਰੀ ਬੁਨਿਆਦੀ ਢਾਂਚੇ, ਹਸਪਤਾਲਾਂ, ਸਕੂਲਾਂ ਅਤੇ

• ਬਾਕੀ ਸਫਾ 2 'ਤੇ



ਭਗਤੀ ਲਹਿਰ ਦੇ ਮੋਢੀ
ਭਗਤ ਕਬੀਰ ਜੀ
ਨੂੰ ਉਨ੍ਹਾਂ ਦੇ
627ਵੇਂ ਪ੍ਰਕਾਸ਼ ਉਤਸਵ
ਮੌਕੇ
ਪੰਜਾਬ ਸਰਕਾਰ
ਸ਼ਰਧਾਪੂਰਵਕ ਸਤਿਕਾਰ ਭੇਟ ਕਰਦੀ ਹੈ।
ਰਾਜ ਪੱਧਰੀ ਸਮਾਗਮ
11 ਜੂਨ, 2025 | ਸਮਾਂ : ਸ਼ਾਮ 7:00 ਵਜੇ ਤੋਂ ਰਾਤ 10:00 ਵਜੇ ਤੱਕ
ਸਤਿਗੁਰੂ ਕਬੀਰ ਮੁੱਖ ਮੰਦਿਰ,
ਭਾਰਗਵ ਨਗਰ, ਜਲੰਧਰ
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ।

11-JUNE-PAGE-1.qxd 6/10/2025 8:44 PM Page 2




## ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਵੱਲੋਂ ਧਰਨਾ ਤੇ ਰੋਸ ਮਾਰਚ



**ਨਾਭਾ (ਵਰਿੰਦਰ ਵਰਮਾ)**-ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਪ੍ਰਗਟ ਸਿੰਘ ਢੀਂਡਸਾ ਤੇ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ ਜਸਵਿੰਦਰ ਕੌਰ ਬਾਠ ਦੀ ਅਗਵਾਈ ਵਿੱਚ ਬਾਠ ਵੱਲੋਂ ਬਾਜਾ ਚੌਕ ਲੁਧਿਆਣਾ ਵਿਖੇ ਵਿਸ਼ਾਲ ਧਰਨਾ ਦਿੱਤਾ ਗਿਆ।ਇਸ ਦੌਰਾਨ ਰੋਸ ਮਾਰਚ ਕੱਢ ਕੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਸਰਕਾਰ ਦੀ ਮਾੜੀ ਕਾਰਗੁਜ਼ਾਰੀ ਦੀ ਜੰਮ ਕੇ ਆਲੋਚਨਾ ਕੀਤੀ ਗਈ।ਇਸ ਮੌਕੇ ਜਸਵਿੰਦਰ ਕੌਰ ਬਾਠ ਨੇ ਕਿਹਾ ਕਿ ਉਸ ਨੇ ਆਪਣੇ ਪਤੀ ਤੇ ਪੁੱਤਰ ਨਾਲ ਹੋਈ ਮਾਰ ਕੁੱਟ ਸਬੰਧੀ ਇਨਸਾਫ ਲੈਣ ਲਈ ਲੰਬੀ ਲੜਾਈ ਲੜੀ ਹੈ, ਜੋ ਕਿ ਇਨਸਾਫ ਮਿਲਣ ਤੱਕ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਉਹ ਆਪਣੇ ਪਤੀ ਨੂੰ ਇਨਸਾਫ ਦਿਵਾਉਣ ਤੋਂ ਬਾਅਦ ਚੁੱਪ ਕਰਕੇ ਨਹੀਂ ਬੈਠਣਗੀਆਂ।ਇਸ ਦੌਰਾਨ ਪ੍ਰਗਟ ਸਿੰਘ ਢੀਂਡਸਾ ਤੇ ਜਸਵਿੰਦਰ ਕੌਰ ਬਾਠ ਨੇ ਸਾਂਝੇ ਤੌਰ 'ਤੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਿੱਧ ਹੋਈ ਹੈ।ਅੱਜ ਹਰ ਵਰਗ ਪੰਜਾਬ ਸਰਕਾਰ ਤੋਂ ਨਾਰਾਜ਼ ਹੈ।ਉਨ੍ਹਾਂ ਕਿਹਾ ਕਿ ਆਗਾਮੀ ਲੁਧਿਆਣਾ ਪੱਛਮੀ ਉਪ-ਚੋਣ ਵਿੱਚ ਆਮ ਆਦਮੀ ਪਾਰਟੀ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ।ਉਨ੍ਹਾਂ ਸਮੂਹ ਆਗੂਆਂ ਤੇ ਲੁਧਿਆਣਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਲੁਧਿਆਣਾ ਪੱਛਮੀ ਉੱਪ-ਚੋਣ ਵਿੱਚ ਆਮ ਆਦਮੀ ਪਾਰਟੀ ਨੂੰ ਵੋਟਾਂ ਨਾ ਪਾਉਣ ਤੇ ਕਿਸੇ ਹੋਰ ਚੰਗੇ ਉਮੀਦਵਾਰ ਨੂੰ ਜਿਤਾਉਣ, ਤਾਂ ਕਿ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਇਆ ਜਾ ਸਕੇ।

## ਹਵਨ ਯੱਗ ਸਾਡੇ ਸੱਭਿਆਚਾਰ ਦੀ ਵਿਰਾਸਤ : ਸਾਧਵੀ ਨੀਤੀਵਿਧਾ ਭਾਰਤੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਆਸ਼ਰਮ 'ਚ ਹਵਨ ਯੱਗ ਕਰਾਇਆ ਗਿਆ। ਇਸ ਯੁੱਗ ਵਿੱਚ ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਤੋਂ ਸ਼੍ਰੀ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼, ਸਾਧਵੀ ਈਸ਼ਵਰਪ੍ਰੀਤ ਭਾਰਤੀ, ਸਾਧਵੀ ਪੂਜਾ ਭਾਰਤੀ, ਸਾਧਵੀ ਪੂਨਮ ਭਾਰਤੀ, ਸਾਧਵੀ ਕਰਮਜੀਤ ਭਾਰਤੀ, ਸਾਧਵੀ ਪਲਕ ਭਾਰਤੀ, ਸਵਾਮੀ ਉਮੇਸ਼ਾਨੰਦ ਤੇ ਸਮੂਹ ਸੰਗਤ ਨੇ ਆਹੂਤੀ ਪਾਈ। ਇਸ ਮੌਕੇ ਸਾਧਵੀ ਜੀ ਨੇ ਕਿਹਾ ਕਿ ਹਵਨ ਯੁੱਗ ਮਨੁੱਖ ਅੰਦਰ ਸਾਤਵਿਕ ਸ਼ਕਤੀਆਂ ਪੈਦਾ ਕਰਦਾ ਹੈ, ਜਿਸ ਨਾਲ ਵਿਚਾਰ ਸ਼ੁੱਧ ਹੋ ਜਾਂਦੇ ਹਨ। ਵੈਦਿਕ ਮੰਤਰਾਂ ਦਾ ਜਾਪ ਕਰਨ ਨਾਲ ਵਾਤਾਵਰਣ ਵਿੱਚ ਨਕਾਰਾਤਮਕ ਕਿਰਨਾਂ ਨਸ਼ਟ ਹੁੰਦੀਆਂ ਹਨ। ਸੰਖੇਪ 'ਚ ਹਵਨ ਯੱਗ ਸਾਡੀ ਸੰਸਕ੍ਰਿਤੀ ਦੀ ਵਿਰਾਸਤ ਹੈ। ਇਹ ਹੜ੍ਹਾਂ, ਭੂਚਾਲਾਂ, ਜਵਾਲਾਮੁਖੀ ਵਰਗੀਆਂ ਕੁਦਰਤੀ ਆਫ਼ਤਾਂ ਨੂੰ ਵੀ ਰੋਕਦਾ ਹੈ। ਹਵਨ ਤੋਂ ਨਿਕਲਣ ਵਾਲਾ ਧੂੰਆਂ ਵਾਤਾਵਰਣ ਵਿੱਚ ਮੌਜੂਦ ਕੀਟਾਣੂਆਂ ਅਤੇ ਵਾਇਰਸਾਂ ਨੂੰ ਨਸ਼ਟ ਕਰ ਦਿੰਦਾ ਹੈ, ਜਿਸ ਨਾਲ ਵਾਤਾਵਰਣ ਵੀ ਸ਼ੁੱਧ ਹੁੰਦਾ ਹੈ। ਹਵਨ ਯੱਗ ਵਿੱਚ ਮੁੱਖ ਤੌਰ 'ਤੇ ਡਾ. ਪੰਕਜ ਗੁਪਤਾ, ਡਾ. ਸਰਜੀਵਨ ਜਿੰਦਲ ਤੇ ਪ੍ਰੇਮ ਗਰਗ ਨੇ ਪੂਜਾ ਅਰਚਨਾ ਕੀਤੀ।

## ਭਿੰਦਰ ਸ਼ਰਮਾ ਨੂੰ ਹਲਕਾ ਗਿੱਦੜਬਾਹਾ ਦਾ ਕੋਆਰਡੀਨੇਟਰ ਲਾਇਆ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਕਾਂਗਰਸ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਮੈਂਬਰ ਭਿੰਦਰ ਸ਼ਰਮਾ ਨੂੰ ਵਿਧਾਨ ਸਭਾ ਹਲਕਾ ਗਿੱਦੜਬਾਹਾ ਦਾ ਕੋ ਆਰਡੀਨੇਟਰ ਲਾਇਆ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਜ਼ਿਲ੍ਹੇ ਦੇ ਕਾਂਗਰਸੀ ਵਰਕਰਾਂ 'ਚ ਖੁਸ਼ੀ ਪਾਈ ਜਾ ਰਹੀ ਹੈ। ਸੀਨੀਅਰ ਕਾਂਗਰਸੀ ਆਗੂ ਗੁਰਪ੍ਰੀਤ ਸਿੰਘ ਗਿੱਲ, ਅਸ਼ਵਨੀ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ, ਸਾਬਕਾ ਜ਼ਿਲ੍ਹਾ ਪ੍ਰਧਾਨ ਹਰਚਰਨ ਸਿੰਘ ਸੋਥਾ ਬਰਾੜ, ਦਿਲਪ੍ਰੀਤ ਸਿੰਘ ਸੰਧੂ ਬਰੀਵਾਲਾ, ਯੂਥ ਕਾਂਗਰਸ ਪ੍ਰਧਾਨ ਮਲਕੀਤ ਸਿੰਘ ਭੁੱਲਰ ਸੋਹਣੇ ਵਾਲਾ, ਜਨਰਲ ਸਕੱਤਰ ਨਵਨੀਤ ਸ਼ਰਮਾ, ਕੁਲਬੀਰ ਜੋਸ਼ੀ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਚੌਧਰੀ ਸੁਭਾਸ਼ ਚੰਦਰ, ਚੌਧਰੀ ਸ਼ੰਮੀ ਕੁਮਾਰ, ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਬਿੱਟੂ ਰੋਮਾਣਾ, ਬਲਾਕ ਸੰਮਤੀ ਚੇਅਰਮੈਨ ਸਰਨਜੀਤ ਸਿੰਘ ਸੰਧੂ ਆਦਿ ਆਗੂਆਂ ਨੇ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਧੰਨਵਾਦ ਕਰਦਿਆਂ ਭਿੰਦਰ ਸ਼ਰਮਾ ਨੂੰ ਨਿਯੁਕਤੀ 'ਤੇ ਵਧਾਈ ਦਿੱਤੀ ਹੈ।

## ਫਾਸਟ ਟਰੈਕ ਪੰਜਾਬ ਪੋਰਟਲ ਵਪਾਰੀਆਂ ਲਈ ਵੱਡੀ ਰਾਹਤ : ਚੱਠਾ



**ਧੂਰੀ, (ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਵਿਸ਼ਵਾਸ, ਪਾਰਦਰਸ਼ੀ ਪਹੁੰਚ ਤੇ ਤਬਦੀਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਫਾਸਟ ਟਰੈਕ ਪੰਜਾਬ ਪੋਰਟਲ' ਦੀ ਸ਼ੁਰੂਆਤ ਕੀਤੀ ਗਈ। ਇਹ ਪੋਰਟਲ ਨਿਵੇਸ਼ਕਾਂ ਨੂੰ ਅਰਜ਼ੀ ਦੇਣ ਦੇ 45 ਦਿਨਾਂ ਦੇ ਅੰਦਰ ਸਾਰੀਆਂ ਪ੍ਰਵਾਨਗੀਆਂ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਇਹ ਸੁਧਾਰ ਸਾਡੀਆਂ ਕੋਸ਼ਿਸ਼ਾਂ ਦਾ ਅੰਤ ਨਹੀਂ, ਸਗੋਂ ਇਕ ਲਹਿਰ ਦੀ ਸ਼ੁਰੂਆਤ ਹੈ, ਇੱਕ ਅਜਿਹੀ ਲਹਿਰ, ਜਿੱਥੇ ਕਾਰੋਬਾਰ ਕਰਨ ਵਿੱਚ ਸੌਖ ਇੱਕ ਨਾਅਰੇ ਦੀ ਥਾਂ ਸੱਭਿਆਚਾਰ ਦਾ ਪ੍ਰਤੀਕ ਬਣਦੀ ਹੈ।' ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਹਿੰਮਤੀਆਂ ਅਤੇ ਉੱਦਮੀਆਂ ਅਤੇ ਸੂਰਮਿਆਂ ਦੀ ਧਰਤੀ ਰਿਹਾ ਹੈ ਅਤੇ ਹੁਣ ਇਹ ਉਸੇ ਭਾਵਨਾ ਨਾਲ ਭਾਰਤ ਦੇ ਉਦਯੋਗਿਕ ਉਭਾਰ ਦੀ ਅਗਵਾਈ ਕਰਨ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਇਹ ਹਰੇਕ ਨਿਵੇਸ਼ਕ ਲਈ ਇਕ ਦਲੇਰਾਨਾ ਐਲਾਨ ਹੈ ਕਿ ਪੰਜਾਬ ਆਪਣੀਆਂ ਸ਼ਰਤਾਂ 'ਤੇ ਪੂਰੀ ਵਚਨਬੱਧਤਾ ਨਾਲ ਕਾਰੋਬਾਰ ਲਈ ਖੁੱਲ੍ਹਾ ਹੈ। ਉਨ੍ਹਾਂ ਕਿਹਾ ਕਿ ਫਾਸਟ ਟਰੈਕ ਪੰਜਾਬ ਪੋਰਟਲ ਇੱਕ ਤਕਨੀਕੀ ਅਪਗ੍ਰੇਡ ਤੋਂ ਵਧ ਕੇ ਨਵੇਂ ਸਿਰੇ ਤੋਂ ਵਿਉਂਤੇ ਉਦਯੋਗਿਕ ਸ਼ਾਸਨ ਮਾਡਲ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਵੇਕ ਨੂੰ ਅਨੁਸ਼ਾਸਨ, ਦੇਰੀ ਨੂੰ ਡਿਜੀਟਲ ਤੇ ਉਲਝਣ ਨੂੰ ਸਪੱਸ਼ਟਤਾ ਵਿੱਚ ਤਬਦੀਲ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ 45 ਦਿਨਾਂ ਵਿੱਚ ਪ੍ਰਵਾਨਗੀਆਂ ਪ੍ਰਾਪਤ ਕਰਨ ਤੋਂ ਲੈ ਕੇ ਲਾਲ ਫੀਤਾਸ਼ਾਹੀ ਨੂੰ ਖ਼ਤਮ ਕਰਨ ਤੱਕ ਪੰਜਾਬ ਦਾ ਸਿਸਟਮ ਹੁਣ ਪਹਿਲਾਂ ਵਾਂਗ ਸਧਾਰਨ ਨਹੀਂ ਹੈ, ਸਗੋਂ ਇਹ ਕਿਰਿਆਸ਼ੀਲ, ਸਟੀਕ ਤੇ ਪੇਸ਼ੇਵਰ ਹੈ।

## ਕਾਂਗਰਸ ਵੱਲੋਂ ਹਰਪਾਲ ਸੋਨੂੰ ਹਲਕਾ ਬਰਨਾਲਾ ਦਾ ਕੋਆਰਡੀਨੇਟਰ ਨਿਯੁਕਤ



**ਸੰਗਰੂਰ (ਪ੍ਰਵੀਨ ਸਿੰਘ)**-ਲੰਘੇ ਦਿਨੀਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਸੂਬੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਕੋਆਰਡੀਨੇਟਰ ਨਿਯੁਕਤ ਕੀਤੇ ਗਏ ਹਨ। ਇਸ ਲਿਸਟ ਵਿੱਚ ਸੰਗਰੂਰ ਦੇ ਮੁੱਦਿਆਂ ਨੂੰ ਲੈ ਕੇ ਸਰਗਰਮ ਰਹਿਣ ਵਾਲੇ ਹਰਪਾਲ ਸਿੰਘ ਸੋਨੂੰ ਨੂੰ ਵਿਧਾਨ ਸਭਾ ਹਲਕਾ ਬਰਨਾਲਾ ਦਾ ਕੋਆਰਡੀਨੇਟਰ ਲਾਇਆ ਗਿਆ ਹੈ। ਸ੍ਰੀ ਸੋਨੂੰ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਵੱਲੋਂ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਵਿਸ਼ਵਾਸ ਲਈ ਧੰਨਵਾਦ ਕੀਤਾ ਗਿਆ। ਜ਼ਿਕਰਯੋਗ ਹੈ ਕਿ ਹਰਪਾਲ ਸੋਨੂੰ ਸਾਲ 2008 ਤੋਂ ਹੀ ਯੂਥ ਕਾਂਗਰਸ ਪਾਰਟੀ ਵਿੱਚ ਸੇਵਾ ਨਿਭਾ ਰਹੇ ਹਨ ਅਤੇ ਲਗਾਤਾਰ ਲੋਕ ਮੁੱਦਿਆਂ ਨੂੰ ਲੈ ਕੇ ਆਵਾਜ਼ ਉਠਾਉਂਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਉਣਗੇ ਤੇ ਲੋਕ ਹਿੱਤਾਂ ਦੀ ਰਾਖੀ ਕਰਨ ਅਤੇ ਕਾਂਗਰਸ ਪਾਰਟੀ ਦੀ ਚੜ੍ਹਤ ਲਈ ਦਿਨ-ਰਾਤ ਕੰਮ ਕਰਨਗੇ।

## ਰੇਲਵੇ ਸਟੇਸ਼ਨ 'ਤੇ ਜਲਦ ਲੱਗਣਗੀਆ ਲਿਫਟਾਂ



**ਰਾਜਪੁਰਾ (ਰਮੇਸ਼ ਕਟਾਰੀਆ)**-ਕੇਂਦਰੀ ਰੇਲ ਰਾਜ ਮੰਤਰੀ ਸ੍ਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਰਾਜਪੁਰਾ ਦੇ ਰੇਲਵੇ ਸਟੇਸ਼ਨ 'ਤੇ ਲਿਫਟ ਲੱਗਣ ਤੇ ਸਟੇਸ਼ਨ ਦੇ ਸੁੰਦਰੀਕਰਨ ਦਾ ਕੰਮ ਜਲਦ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਾਜਪੁਰਾ ਤੋਂ ਚੰਡੀਗੜ੍ਹ ਤੱਕ ਰੇਲ ਲਾਈਨ ਦਾ ਕੰਮ ਵੀ ਛੇਤੀ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜਨਾਂ ਵਾਸਤੇ ਹੋਰ ਵੀ ਕਈ ਸੁਵਿਧਾਵਾਂ ਜਲਦ ਸ਼ੁਰੂ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ।

## ਬਾਬਾ ਗੰਗਾ ਰਾਮ ਬਾਸਕਟਬਾਲ ਸਟੇਡੀਅਮ ਦਾ ਪੈਵੀ ਢਿੱਲੋਂ ਵੱਲੋਂ ਦੌਰਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਸਪੁੱਤਰ ਯੂਥ ਆਗੂ ਪ੍ਰਭਜੋਤ ਸਿੰਘ ਪੈਵੀ ਢਿੱਲੋਂ ਸ਼ਹਿਰੀ ਇੰਚਾਰਜ ਨੇ ਬਾਬਾ ਗੰਗਾ ਰਾਮ ਬਾਸਕਟਬਾਲ ਖੇਡ ਸਟੇਡੀਅਮ ਗਿੱਦੜਬਾਹਾ ਦਾ ਦੌਰਾ ਕੀਤਾ ਤੇ ਕੁਸ਼ਤੀ ਖਿਡਾਰੀਆਂ ਨਾਲ ਜਾਣ ਪਛਾਣ ਕਰਦੇ ਹੋਏ ਹੌਸਲਾ ਅਫਜ਼ਾਈ ਕੀਤੀ।ਇਸ ਮੌਕੇ ਉਨ੍ਹਾਂ ਨਾਲ ਅਵਤਾਰ ਸਿੰਘ ਰਾਜਪਾਲ ਡੀ ਐੱਸ ਪੀ ਗਿੱਦੜਬਾਹਾ, ਬਾਸਕਟਬਾਲ ਕੋਚ ਏ ਐੱਸ ਆਈ ਜਗਸੀਰ ਪੁਰੀ, ਨਸ਼ਿਆਂ ਵਿਰੁੱਧ ਮੁਹਿੰਮ ਦੇ ਹਲਕਾ ਗਿੱਦੜਬਾਹਾ ਕੁਆਰਡੀਨੇਟਰ ਮਾਧੋਦਾਸ ਸਿੰਘ ਖਾਲਸਾ ਤੇ ਪਹਿਲਵਾਨ ਗੁਰਪ੍ਰੀਤ ਸਿੰਘ ਕੁਸ਼ਤੀ ਕਲੱਬ ਦੇ ਪ੍ਰਧਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪੈਵੀ ਢਿੱਲੋਂ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜ ਕੇ ਚੰਗੀ ਸਿਹਤ ਤੇ ਆਪਣਾ ਨਾਮ ਰੌਸ਼ਨ ਕਰਨ ਲਈ ਪ੍ਰੇਰਤ ਕਰਦਿਆਂ ਕਿਹਾ ਕਿ ਖੇਡਾਂ ਹੀ ਸਾਨੂੰ ਨਸ਼ੇ ਤੋਂ ਦੂਰ ਰਹਿ ਕੇ ਆਪਣੀ ਵੱਖਰੀ ਪਹਿਚਾਣ ਬਣਾਉਣ ਵਿੱਚ ਸਹਾਈ ਸਿੱਧ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਤੇ ਰੰਗਲਾ ਪੰਜਾਬ ਬਣਾਉਣ ਲਈ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਸਮੇਂ ਤਤਪਰ ਹੈ।ਉਨ੍ਹਾਂ ਕਿਹਾ ਕਿ ਖਿਡਾਰੀਆਂ ਲਈ ਵਧੀਆ ਗਰਾਊਂਡ ਖੇਡਾਂ ਦਾ ਸਾਮਾਨ ਤੇ ਖੁਰਾਕ ਮੁਹੱਈਆ ਕਰਨ ਲਈ ਸਰਕਾਰ ਵੱਖਰੀਆਂ ਪਾਲਸੀਆਂ ਤਿਆਰ ਕਰ ਰਹੀ ਹੈ ਤਾਂ ਜੋ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਸਕੇ।ਉਨ੍ਹਾਂ ਖਿਡਾਰੀਆਂ ਨੂੰ ਭਰੋਸਾ ਦਿੰਦੇ ਹੋਏ ਕਿਹਾ ਕਿ ਖਿਡਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਹਰਿਮੰਦਰ ਸਿੰਘ ਮਾਨ, ਸੁਖਵੰਤ ਸਿੰਘ, ਐੱਮ ਸੀ ਬੁੱਧ ਰਾਮ, ਗਿੰਦਰ ਸਿੰਘ ਮਾਨ, ਹਰਮੇਲ ਸਿੰਘ, ਬਬਲੂ ਜਨੇਜਾ ਕੋਆਰਡੀਨੇਟਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀ ਤੇ ਸਹਿਯੋਗੀ ਹਾਜ਼ਰ ਸਨ।

## ਐਡਵੋਕੇਟ ਗੁਰਮੀਤ ਸ਼ੁਗਲੀ ਦੀ ਮੌਤ 'ਤੇ ਵਕੀਲ ਭਾਈਚਾਰੇ ਵੱਲੋਂ ਦੁੱਖ ਪ੍ਰਗਟ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਐਡਵੋਕੇਟ ਰਜਿੰਦਰ ਸਿੰਘ ਮੰਡ ਦੇ ਪਿਤਾ ਐਡਵੋਕੇਟ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ, ਜੋ ਨਵਾਂ ਜ਼ਮਾਨਾ ਅਖਬਾਰ ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਸਨ, ਦੋ ਹਫਤੇ ਪਹਿਲਾਂ ਨਿਊਯਾਰਕ ਵਿੱਚ ਆਪਣੇ ਛੋਟੇ ਬੇਟੇ ਰਮਨਜੀਤ ਸਿੰਘ ਮੰਡ ਕੋਲ ਗਏ ਸਨ। ਉਨ੍ਹਾਂ ਨੂੰ ਹਾਰਟ ਅਟੈਕ ਆਇਆ ਤਾਂ ਤੁਰੰਤ ਉਨ੍ਹਾਂ ਨੂੰ ਹਸਪਤਾਲ ਵਿਖੇ ਲਿਜਾਇਆ ਗਿਆ, ਜਿੱਥੇ ਇੱਕ ਹੋਰ ਅਟੈਕ ਆਇਆ, ਜੋ ਉਨ੍ਹਾਂ ਲਈ ਜਾਨਲੇਵਾ ਸਾਬਤ ਹੋਇਆ। ਇਸ ਦੁੱਖ ਦੀ ਘੜੀ ਵਿੱਚ 'ਨਵਾਂ ਜ਼ਮਾਨਾ' ਦੇ ਪਾਠਕਾਂ, ਐਡਵੋਕੇਟਾਂ ਤੇ ਪੱਤਰਕਾਰ ਭਾਈਚਾਰੇ ਵਿੱਚ ਸੋਗ ਦੀ ਲਹਿਰ ਦੌੜ ਗਈ। ਇਸ ਦੁੱਖ ਦੀ ਘੜੀ ਵਿੱਚ ਐਡਵੋਕੇਟ ਚਮਨ ਲਾਲ ਗੋਇਲ, ਗੁਰਪ੍ਰੀਤ ਕਾਂਗੜ, ਕਮਲਜੀਤ ਸਿੰਘ ਐਡਵੋਕੇਟ, ਪਰਮਿੰਦਰ ਧਾਲੀਵਾਲ ਐਡਵੋਕੇਟ, ਬਸ਼ਨ ਗੋਇਲ ਐਡਵੋਕੇਟ, ਬਖਸ਼ੀਸ਼ ਸਿੰਘ ਐਡਵੋਕੇਟ, ਕਰਿੰਦਰ ਰੌਂਤੀਆ ਐਡਵੋਕੇਟ, ਹਰਪ੍ਰੀਤ ਲੋਪੋ ਐਡਵੋਕੇਟ, ਗੋਪਾਲ ਬਾਂਸਲ, ਰਮਪ੍ਰੀਤ ਬਾਵਾ ਐਡਵੋਕੇਟ, ਰਾਜ ਕੁਮਾਰ ਗੋਇਲ ਐਡਵੋਕੇਟ, ਰਾਜੀਵ ਗੋਇਲ ਐਡਵੋਕੇਟ ਤੋਂ ਇਲਾਵਾ ਪੱਤਰਕਾਰ ਇਕਬਾਲ ਖਹਿਰਾ, ਪਰਵਿੰਦਰ ਸਿੰਘ ਦਿਵਾਨਾ, ਰਣਜੀਤ ਕੁਮਾਰ ਬਾਵਾ, ਸੁਖਦੇਵ ਸਿੰਘ ਖਾਲਸਾ, ਗੋਪੀ ਰਾਉਕੇ, ਪਰਦੀਪ ਚੌਹਾਨ, ਕੁਲਦੀਪ ਗਾਜ਼ੀਆਣਾ, ਜਗਜੀਤ ਸਿੰਘ ਖਾਈ ਜ਼ਿਲ੍ਹਾ ਇੰਚਾਰਜ ਮੋਗਾ, ਸ਼ਿਮੀ ਗੁਪਤਾ ਰਾਜਵਿੰਦਰ ਸਿੰਘ ਰੌਂਤਾ, ਮਨੋਜ ਕੁਮਾਰ, ਕੁਲਦੀਪ ਗੋਹਲ, ਜਸਵਿੰਦਰ ਛਿੰਦਾ ਨਿਹਾਲ ਸਿੰਘ ਵਾਲਾ, ਸੁਖਮਿੰਦਰ ਹਿੰਮਤਪੁਰਾ, ਮਿੰਟੂ ਖੁਰਮੀ, ਹਰਭਜਨ ਧਾਲੀਵਾਲ ਤੋਂ ਇਲਾਵਾ ਸੁਖਦੇਵ ਸਿੰਘ ਭੋਲਾ ਕਾਮਰੇਡ, ਐਸ ਡੀ ਓ ਸੁਖਦੇਵ ਸਿੰਘ, ਡਾਕਟਰ ਨਵਦੀਪ ਜੌੜਾ, ਗੁਰਦਿੱਤ ਸਿੰਘ ਦੀਨਾ, ਜਗਜੀਤ ਸਿੰਘ ਸਕੱਤਰ, ਮਹਿੰਦਰ ਸਿੰਘ ਧੂੜਕੋਟ, ਡਾਕਟਰ ਗੁਰਮੇਲ ਸਿੰਘ ਮਾਛੀਕੇ, ਹਰਭਜਨ ਸਿੰਘ ਭੱਟੀ ਨੇ ਐਡਵੋਕੇਟ ਰਜਿੰਦਰ ਸਿੰਘ ਮੰਡ ਤੇ ਪਰਵਾਰਕ ਮੈਂਬਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਪੀ ਏ ਯੂ ਪੈਨਸ਼ਨਰਜ਼ ਵੱਲੋਂ ਮੰਗਾਂ ਨੂੰ ਲੈ ਕੇ ਭਲਕ ਤੋਂ ਮੁੜ ਧਰਨਾ



**ਲੁਧਿਆਣਾ (ਭਾਟੀਆ, ਕਥੂਰੀਆ)**

ਪੀਏਯੂ ਪੈਨਸ਼ਨਰਜ ਤੇ ਰਿਟਾਇਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਪੀਏਯੂ ਵਿਖੇ ਹੋਈ ਹੰਗਾਮੀ ਮੀਟਿੰਗ ਵਿੱਚ 12 ਜੂਨ ਨੂੰ ਪੀਏਯੂ ਵਿੱਚ ਇੱਕ ਵਿਸ਼ਾਲ ਰੋਸ ਧਰਨਾ ਲਾਉਣ ਦਾ ਫੈਸਲਾ ਕੀਤਾ ਗਿਆ। ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਡੀ ਪੀ ਮੌੜ ਨੇ ਕਿਹਾ ਕਿ ਉਨ੍ਹਾਂ ਆਪਣੀਆਂ ਮੰਗਾਂ ਨੂੰ ਲੈ ਕੇ 3 ਜੂਨ ਤੋਂ ਲਗਾਤਾਰ ਤਿੰਨ ਦਿਨ ਧਰਨਾ ਲਾਇਆ ਸੀ, ਜਿਸ ਵਿੱਚ ਉਹ ਮੰਗ ਕਰ ਰਹੇ ਸਨ ਕਿ ਪੀਏਯੂ ਦੇ ਸਮੁੱਚੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਤੇ ਗੁਰੂ ਅੰਗਦ ਦੇਵ ਯੂਨੀਵਰਸਿਟੀ ਦੇ ਪੈਨਸ਼ਨਰਾਂ ਦੀ ਤਰ੍ਹਾਂ 1.1.2016 ਤੋਂ ਵਧੇ ਹੋਏ ਸਕੇਲਾਂ ਤੇ ਲੀਵ ਇਨ ਕੈਸ਼ਮੈਂਟ ਦਾ ਏਰੀਅਰ ਦਿੱਤਾ ਜਾਵੇ ਅਤੇ ਜਨਵਰੀ 2025 ਦਾ ਐੱਲਟੀਏ ਵੀ ਦਿੱਤਾ ਜਾਵੇ। 4 ਜੂਨ ਨੂੰ ਸ੍ਰੀ ਸੰਜੀਵ ਅਰੋੜਾ ਨੇ ਧਰਨੇ ਵਿੱਚ ਸ਼ਾਮਲ ਹੋ ਕੇ ਮੰਗਾਂ ਦਾ ਨਿਪਟਾਰਾ ਕਰਨ ਦਾ ਭਰੋਸਾ ਦਿਵਾਇਆ ਸੀ, ਪ੍ਰੰਤੂ ਇਨ੍ਹਾਂ ਮੰਗਾਂ ਦਾ ਨਿਪਟਾਰਾ ਨਾ ਹੋਣ ਕਰਕੇ ਪੀਏਯੂ ਦੇ ਹਜ਼ਾਰਾਂ ਪੈਨਸ਼ਨਰਾਂ ਵਿੱਚ ਭਾਰੀ ਨਿਰਾਸ਼ਾ ਤੇ ਰੋਸ ਹੈ। ਇਸ ਕਰਕੇ ਉਨ੍ਹਾਂ ਫੈਸਲਾ ਕੀਤਾ ਕਿ 12 ਜੂਨ ਤੋਂ ਇੱਕ ਵਾਰ ਫਿਰ ਧਰਨੇ ਸ਼ੁਰੂ ਕੀਤੇ ਜਾਣਗੇ, ਜਿਸ ਵਿੱਚ ਪੰਜਾਬ ਸਰਕਾਰ ਤੇ ਪੀਏਯੂ ਦੇ ਅਧਿਕਾਰੀਆਂ ਖਿਲਾਫ ਰੋਸ ਪ੍ਰਗਟਾਵੇ ਕੀਤੇ ਜਾਣਗੇ। ਉਨ੍ਹਾਂ ਸਮੁੱਚੇ ਪੈਨਸ਼ਨਰਾਂ ਨੂੰ ਰੋਸ ਧਰਨਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਕਾਮਰੇਡ ਜਗਿੰਦਰ ਰਾਮ, ਡਾਕਟਰ ਗੁਲਜ਼ਾਰ ਪੰਧੇਰ, ਮੈਡਮ ਸਪਤ ਕਲਾ, ਸਤਨਾਮ ਸਿੰਘ, ਦਰਸ਼ਨ ਸਿੰਘ, ਜੈਪਾਲ ਸਿੰਘ, ਇਕਬਾਲ ਸਿੰਘ, ਰਾਜਪਾਲ ਵਰਮਾ, ਗੁਲਸ਼ਨ ਰਾਏ ਆਦਿ ਨੇ ਭਾਗ ਲਿਆ।

## ਸਕੂਲ ਦੀ ਰੋਕੀ ਥਾਂ ਦਾ ਕਬਜ਼ਾ ਦਿਵਾਉਣ ਦਾ ਮਾਮਲਾ ਫਿਰ ਲਟਕਿਆ



**ਬੋਹਾ (ਨਿਰੰਜਣ ਬੋਹਾ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੀ ਜ਼ਮੀਨ 'ਤੇ ਕੁੱਝ ਲੋਕਾਂ ਵੱਲੋਂ ਕੀਤੇ ਕਥਿਤ ਕਬਜ਼ੇ ਦਾ ਮਾਮਲਾ ਉਸ ਵੇਲੇ ਹੋਰ ਉਲਝ ਗਿਆ ਗਿਆ, ਜਦੋਂ ਸਕੂਲ ਦੀ ਬੋਹਾ ਬੁਡਲਾਡਾ ਮੁੱਖ ਸੜਕ 'ਤੇ ਨਿਕਲਦੀ ਜਗ੍ਹਾ ਦਾ ਕਬਜ਼ਾ ਦਿਵਾਉਣ ਆਈ ਨਾਇਬ ਤਹਿਸੀਲਦਾਰ ਤੇ ਕਾਨੂੰਗੋ ਦੀ ਅਗਵਾਈ ਹੇਠਲੀ ਮਾਲ ਮਹਿਕਮੇ ਦੀ ਟੀਮ ਸਕੂਲ ਦੀ ਪ੍ਰਾਈਵੇਟ ਕਬਜ਼ੇ ਹੇਠਲੀ ਜ਼ਮੀਨ ਛੁਡਾਉਣ ਲਈ ਲੜਾਈ ਲੜ ਰਹੇ ਲੋਕਾਂ ਨੂੰ ਸਤੁੰਸ਼ਟ ਨਾ ਕਰਵਾ ਸਕੀ। ਮੌਕੇ 'ਤੇ ਡਿਊਟੀ ਮਜਿਸਟ੍ਰੇਟ ਦੀ ਡਿਊਟੀ ਨਿਭਾਅ ਰਹੇ ਨਾਇਬ ਤਹਿਸੀਲਦਾਰ ਮਨਵੀਰ ਸਿੰਘ ਨੇ ਜਦੋਂ ਸਕੂਲ ਦੀ ਪੁਰਾਣੀ ਕੰਧ ਤੋਂ ਚਾਰ ਕੁ ਫੁੱਟ ਅੱਗੇ ਨਿਸ਼ਾਨ ਪੱਥਰ ਲਾਉਣ ਲਈ ਥਾਂ ਦੀ ਨਿਸ਼ਾਨਦੇਹੀ ਕਰਨੀ ਚਾਹੀ ਤਾਂ ਸਕੂਲ ਜ਼ਮੀਨ ਬਚਾਉ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪਿਛਲੇ ਸਮੇਂ ਇਸ ਤੇ ਇਤਰਾਜ਼ ਕੀਤਾ ਤੇ ਕਿਹਾ ਕਿ ਪਿਛਲੀ ਸਮੇਂ ਮਾਲ ਵਿਭਾਗ ਦੇ ਪੰਜ ਮੈਂਬਰੀ ਪੈਨਲ ਅਨੁਸਾਰ ਕੀਤੀ ਮਿਣਤੀ ਅਨੁਸਾਰ ਸਕੂਲ ਦੀ ਸੜਕ 'ਤੇ ਜਗ੍ਹਾ ਵੀਹ ਫੁੱਟ ਤੱਕ ਹੋਰ ਅਗਾਂਹ ਜਾਂਦੀ ਹੈ।

ਦੋਹਾਂ ਧਿਰਾਂ ਵਿਚ ਸਹਿਮਤੀ ਨਾ ਬਨਣ 'ਤੇ ਤਹਿਸੀਲਦਾਰ ਦੀ ਅਗਵਾਈ ਹੇਠਲੀ ਮਾਲ ਮਹਿਕਮੇ ਦੀ ਟੀਮ ਵਾਪਸ ਚੱਲੀ ਗਈ ਤੇ ਕਈ ਸਾਲਾਂ ਤੋਂ ਉਲਝਿਆ ਹੋਇਆ ਮਸਲਾ ਹੋਰ ਉਲਝ ਗਿਆ। ਇਸ ਮੌਕੇ ਹਾਜ਼ਰ ਆਮ ਆਦਮੀ ਦੇ ਬਲਾਕ ਪ੍ਰਧਾਨ ਦਰਸ਼ਨ ਘਾਰੂ ਨੇ ਕਿਹਾ ਕਿ ਜ਼ਿਲ੍ਹਾ ਤੇ ਬਲਾਕ ਪ੍ਰਸ਼ਾਸਨ ਸਾਡੀ ਸੁਣਵਾਈ ਨਹੀਂ ਕਰ ਰਿਹਾ। ਇਸ ਲਈ ਅਸੀਂ ਇਹ ਮਸਲਾ ਬੁਢਲਾਡਾ ਦੇ ਵਿਧਾਇਕ ਤੇ ਪੰਜਾਬ ਦੇ ਮੁੱਖ ਮੰਤਰੀ ਦੇ ਧਿਆਨ ਵਿਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ ਪਿਛਲੀ ਮਿਣਤੀ ਦੀ ਰਿਕਾਰਡਿੰਗ ਵੀ ਮੌਜੂਦ ਹੈ। ਨਗਰ ਪੰਚਾਇਤ ਬੋਹਾ ਦੇ ਪ੍ਰਧਾਨ ਸੁਖਜੀਤ ਦੇ ਪ੍ਰਤੀਨਿਧ ਤੇ ਸਮਾਜ ਸੇਵੀ ਕਮਲਜੀਤ ਸਿੰਘ ਬਾਵਾ ਨੇ ਕਿਹਾ ਕਿ ਨਗਰ ਪੰਚਾਇਤ ਸਕੂਲ ਕਮੇਟੀ ਤੇ ਦੂਜੀ ਪਾਰਟੀ ਨੂੰ ਇਕੱਠਿਆਂ ਬਿਠਾ ਕੇ ਕੋਈ ਸਾਰੇ ਸ਼ਹਿਰ ਵਾਸੀਆਂ ਦੇ ਪ੍ਰਵਾਨ ਕਰਨ ਯੋਗ ਹੱਲ ਤਲਾਸ਼ ਕਰੇਗੀ। ਨਾਇਬ ਤਹਿਲਸੀਲਦਾਰ ਮਨਵੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਸਾਰੀ ਕਾਰਵਾਈ ਪਿਛਲੀ ਮਿਣਤੀ ਅਨੁਸਾਰ ਹੀ ਕਰਨਗੇ ਤੇ ਕਿਸੇ ਵੀ ਧਿਰ ਨਾਲ ਕੋਈ ਧੱਕਾ ਨਹੀਂ ਕੀਤਾ ਜਾਵੇਗਾ।

## ਸੀ ਪੀ ਆਈ ਲੁਧਿਆਣਾ ਵੱਲੋਂ ਐਡਵੋਕੇਟ ਸ਼ੁਗਲੀ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਲੁਧਿਆਣਾ (ਨ ਜ਼ ਸ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਨੇ 'ਨਵਾਂ ਜ਼ਮਾਨਾ' ਨੂੰ ਚਲਾ ਰਹੀ ਸੰਸਥਾ ਅਰਜਨ ਸਿੰਘ ਗੜਗਜ ਫਾਊਂਡੇਸ਼ਨ ਦੇ ਸਕੱਤਰ, ਉੱਘੇ ਪੱਤਰਕਾਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਕਾਮਰੇਡ ਸ਼ੁਗਲੀ ਨੇ ਵੱਖ ਵੱਖ ਤਰੀਕਿਆਂ ਨਾਲ ਮਿਹਨਤਕਸ਼ ਜਮਾਤ ਦੇ ਹੱਕ ਵਿੱਚ ਆਵਾਜ਼ ਚੁੱਕੀ।'ਨਵਾਂ ਜ਼ਮਾਨਾ' ਦੀ ਪੱਤਰਕਾਰਤਾ ਨੂੰ ਉਪਰਲੀਆਂ ਸਿਖਰਾਂ 'ਤੇ ਲੈ ਗਏ ਤੇ ਮਿਹਨਤਕਸ਼ ਜਮਾਤ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਦੇ ਨਾਲ ਪ੍ਰਕਾਸ਼ਨ ਵਿੱਚ ਲਿਆਂਦਾ।ਉਨ੍ਹਾਂ ਦਾ ਘਾਟਾ ਤਾਂ ਕਦੇ ਵੀ ਪੂਰਾ ਨਹੀਂ ਹੋਣਾ, ਪਰ ਉਨ੍ਹਾਂ ਵੱਲੋਂ ਕੀਤੇ ਗਏ ਕੰਮ ਅਗਲੀਆਂ ਪੀੜ੍ਹੀਆਂ ਲਈ ਚਾਨਣ ਮੁਨਾਰੇ ਦਾ ਕੰਮ ਕਰਨਗੇ।ਅਸੀਂ ਸਾਰੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹਾਂ ਤੇ ਉਨ੍ਹਾਂ ਨੂੰ ਇਸ ਔਖੀ ਘੜੀ ਵਿੱਚ ਮਜ਼ਬੂਤੀ ਦੇ ਨਾਲ ਅੱਗੇ ਚੱਲਣ ਦੀ ਕਾਮਨਾ ਕਰਦੇ ਹਾਂ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਕਾਮਰੇਡ ਡੀ ਪੀ ਮੌੜ, ਚਮਕੌਰ ਸਿੰਘ, ਡਾਕਟਰ ਅਰੁਣ ਮਿੱਤਰਾ, ਐੱਮ ਐੱਸ ਭਾਟੀਆ, ਰਮੇਸ਼ ਰਤਨ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਭਗਵਾਨ ਸਿੰਘ ਸੋਮਲ ਖੇੜੀ, ਜਗਦੀਸ਼ ਰਾਏ ਬੌਬੀ, ਨਿਰੰਜਨ ਸਿੰਘ ਧੀਰ, ਚਮਕੌਰ ਸਿੰਘ ਦੌਧਰ, ਸੁਰਿੰਦਰ ਸਿੰਘ ਜਲਾਲਦੀਵਾਲ, ਗੁਰਨਾਮ ਸਿੰਘ ਬਹਾਦਰ ਕੇ, ਐਡਵੋਕੇਟ ਪਰਮਜੀਤ ਸਿੰਘ, ਗੁਰਮੇਲ ਮੈਲਡੇ, ਐਡਵੋਕੇਟ ਨਵਲ ਛਿੱਬੜ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਨਰੇਸ਼ ਗੌੜ ਆਦਿ ਸ਼ਾਮਲ ਹਨ।

## ਔਰਤ ਦੀ ਕੁੱਟਮਾਰ ਕਰਨ ਦੇ ਦੋਸ਼ 'ਚ 4 ਵਿਰੁੱਧ ਪਰਚਾ ਦਰਜ

ਜਲਾਲਾਬਾਦ, (ਜੀਤ ਕੁਮਾਰ) ਪੁਲਸ ਵੱਲੋਂ ਚੱਕ ਸੁੱਕੜ ਬਸਤੀ ਵਿਖੇ ਘਰ ਵਿੱਚ ਆ ਕੇ ਇਕ ਔਰਤ ਦੀ ਕੁੱਟਮਾਰ ਕਰਕੇ ਸੱਟਾਂ ਮਾਰਨ ਦੇ ਦੋਸ਼ ਵਿੱਚ 4 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਹਰੋ ਬਾਈ ਪਤਨੀ ਫੁੰਮਣ ਸਿੰਘ ਵਾਸੀ ਬਸਤੀ ਚੱਕ ਸੁੱਕੜ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ ਹਰਜਿੰਦਰ ਸਿੰਘ ਵਗੈਰਾ ਨੇ ਘਰ ਵਿੱਚ ਵੜ ਕੇ ਉਸਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ ਹਨ, ਜਿਸ ਦੇ ਬਾਅਦ ਉਹ ਇਲਾਜ ਲਈ ਦਾਖਲ ਹੋਈ। ਪੁਲਸ ਵੱਲੋਂ ਮੁਦੱਈ ਹਰੋ ਬਾਈ ਦੇ ਬਿਆਨਾਂ ਦੇ ਅਧਾਰ ਤੇ ਹਰਜਿੰਦਰ ਵਾਸੀ ਫ਼ਿਰੋਜ਼ਪੁਰ ਪਟੇਲ ਨਗਰ, ਅਨਿਕੇਤ ਪੁੱਤਰ ਸ਼ਿੰਗਾਰਾ ਸਿੰਘ, ਕਰਨ ਸਿੰਘ ਪੁੱਤਰ ਗੁਰਬਚਨ ਸਿੰਘ ਅਤੇ ਸੰਗਮ ਪੁੱਤਰ ਕਾਲਾ ਸਿੰਘ ਵਾਸੀਆਨ ਮਿੱਡਾ ਦੇ ਵਿਰੁੱਧ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 73 ਮਿਤੀ 09-06-2025 ਨੂੰ ਧਾਰਾ 333, 148, 149,190, 191(3), 117 (2) ਬੀ.ਐਨ.ਐਸ. ਅਧੀਨ ਦਰਜ ਕੀਤਾ ਗਿਆ ਹੈ।

## ਪੱਤਰਕਾਰਾਂ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਹੋਵੇਗੀ : ਡੀ ਟੀ ਐੱਫ

**ਮਾਨਸਾ (ਆਤਮਾ ਸਿੰਘ ਪਮਾਰ)**

ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਤੰਤਰਿਕ ਕਦਰਾਂ ਕੀਮਤਾਂ ਦਾ ਘਾਣ ਕਰਦਿਆਂ ਜਨਤਾ ਦੀ ਅਵਾਜ਼ ਬੁਲੰਦ ਕਰਨ ਵਾਲੇ ਵੱਖ-ਵੱਖ ਇਲੈਕਟ੍ਰਾਨਿਕ ਤੇ ਪ੍ਰਿੰਟ ਮੀਡੀਆ ਦੇ ਪੱਤਰਕਾਰਾਂ ਨੂੰ ਸਬਕ ਸਿਖਾਉਣ ਲਈ ਸਰਕਾਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ, ਪ੍ਰੰਤੂ ਸਰਕਾਰੀ ਧੱਕੇਸ਼ਾਹੀ ਬਿਲਕੁਲ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਆਪ ਸਰਕਾਰ ਵੱਲੋਂ ਜਮਹੂਰੀਅਤ ਨੂੰ ਛਿੱਕੇ ਟੰਗ ਕੇ ਪੰਜਾਬ ਨੂੰ ਇੱਕ ਤਰ੍ਹਾਂ ਨਾਲ ਪੁਲਸ ਰਾਜ ਬਣਾ ਕੇ ਰੱਖ ਦਿੱਤਾ ਹੈ।ਸਰਕਾਰ ਨੂੰ ਸਵਾਲ ਕਰਨ ਵਾਲੇ ਪੱਤਰਕਾਰਾਂ, ਜਨਤਕ ਜਥੇਬੰਦੀਆਂ ਦੇ ਆਗੂਆਂ ਅਤੇ ਬੁੱਧੀਜੀਵੀਆਂ ਨੂੰ ਸਰਕਾਰ ਪੁੱਛਗਿੱਛ ਦੇ ਬਹਾਨੇ ਧਮਕਾ ਰਹੀ ਹੈ। ਡੀ.ਟੀ.ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਪੰਜਾਬ ਸਰਕਾਰ ਦੀ ਬਦਲਾਖੋਰੀ ਵਾਲੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਸੀ.ਆਈ.ਡੀ ਤੇ ਹੋਰ ਖੁਫੀਆ ਏਜੰਸੀਆਂ ਵੱਲੋਂ ਲਾਈਵ ਸੱਚ ਟੀ.ਵੀ ਦੇ ਬਖਸ਼ੀਸ਼ ਸਿੰਘ ਅਜ਼ਾਦ, ਲੋਕ ਆਵਾਜ਼ ਦੇ ਮਨਿੰਦਰਜੀਤ ਸਿੰਘ ਸਿੱਧੂ, ਆਰ.ਬੀ.ਐਮ, ਦੇ ਜੱਸ ਗਰੇਵਾਲ, ਉੱਘੇ ਵਿਸ਼ਲੇਸ਼ਕ ਮਿੰਟੂ ਗੁਰੂਸਰੀਆ, ਏ.ਬੀ.ਸੀ. ਪੰਜਾਬ ਦੇ ਸੰਦੀਪ ਲਾਧੂਕਾ ਅਤੇ ਪੰਜਾਬੀ ਨਿਊਜ਼ ਕਾਰਨਰ ਦੇ ਗੁਰਪ੍ਰੀਤ ਸਿੰਘ ਨੂੰ ਆਪਣੇ ਦਫ਼ਤਰ ਬੁਲਾ ਕੇ ਬਿਨਾਂ ਵਜ੍ਹਾ ਖੱਜਲ ਖੁਆਰ ਕੀਤਾ ਗਿਆ ਹੈ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਸੂਬਾ ਸਰਕਾਰ ਨੂੰ ਸੁਚੇਤ ਕਰਦਿਆਂ ਕਿਹਾ ਕਿ ਲੋਕ ਤਾਕਤ ਹੀ ਸਭ ਤੋਂ ਸਿਰਮੌਰ ਹੁੰਦੀ ਹੈ ਤੇ ਸਰਕਾਰ ਕਦੇ ਵੀ ਲੋਕਾਂ ਤੋਂ ਵੱਡੀ ਨਹੀਂ ਹੋ ਸਕਦੀ।ਉਨ੍ਹਾਂ ਚਿਤਾਵਨੀ ਭਰੇ ਲਹਿਜ਼ੇ 'ਚ ਕਿਹਾ ਕਿ ਜੇਕਰ ਭਵਿੱਖ ਵਿੱਚ ਇਨ੍ਹਾਂ ਪੱਤਰਕਾਰਾਂ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਤਾਂ ਇਸ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ।

## ...ਸ.ਫਾ 1 ਦੇ ਬਾਕੀ

### ਭਾਰਤ 'ਚ ਜਣੇਪਾ...

ਫ਼ੀਸਦੀ ਆਬਾਦੀ ਹੈ।ਇਸ ਤਰ੍ਹਾਂ ਦੇਸ਼ ਦੀ 68 ਫ਼ੀਸਦੀ ਆਬਾਦੀ ਕੰਮ ਕਰਨ ਦੀ ਉਮਰ (15-64) ਵਾਲੀ ਹੈ ਅਤੇ ਇਸ ਨੂੰ ਜੇ ਢੁਕਵੀਂ ਰੁਜ਼ਗਾਰ ਅਤੇ ਨੀਤੀ ਸਹਾਇਤਾ ਨਾਲ ਮੇਲ ਲਿਆ ਜਾਵੇ ਤਾਂ ਇਹ ਇੱਕ ਸੰਭਾਵੀ ਜਨਸੰਖਿਆ ਲਾਭਅੰਸ਼ ਪ੍ਰਦਾਨ ਕਰ ਸਕਦੀ ਹੈ।ਬਜ਼ੁਰਗ ਆਬਾਦੀ (65 ਅਤੇ ਇਸ ਤੋਂ ਵੱਧ) ਵਰਤਮਾਨ ਵਿੱਚ 7 ਫ਼ੀਸਦੀ ਹੈ, ਪਰ ਇਹ ਇੱਕ ਅਜਿਹਾ ਅੰਕੜਾ ਹੈ, ਜਿਸ ਦੇ ਆਗਾਮੀ ਦਹਾਕਿਆਂ ਵਿੱਚ ਜੀਵਨ ਸੰਭਾਵਨਾ ਵਿੱਚ ਸੁਧਾਰ ਨਾਲ ਵਧਣ ਦੀ ਉਮੀਦ ਹੈ।ਸਾਲ 2025 ਤੱਕ ਜਨਮ ਸਮੇਂ ਜੀਵਨ ਸੰਭਾਵਨਾ ਮਰਦਾਂ ਲਈ 71 ਸਾਲ ਅਤੇ ਔਰਤਾਂ ਲਈ 74 ਸਾਲ ਹੋਣ ਦਾ ਅਨੁਮਾਨ ਹੈ। ਸੰਯੁਕਤ ਰਾਸ਼ਟਰ ਦੇ ਅਨੁਮਾਨਾਂ ਅਨੁਸਾਰ ਭਾਰਤ ਦੀ ਆਬਾਦੀ ਇਸ ਸਮੇਂ 1,46.39 ਕਰੋੜ ਹੈ।

ਭਾਰਤ ਹੁਣ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਹੈ, ਜਿਸ ਵਿੱਚ ਲਗਭਗ ਡੇਢ (1.50) ਅਰਬ ਲੋਕ ਹਨ।ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਹ ਗਿਣਤੀ ਹੁਣ ਤੋਂ ਲਗਭਗ 40 ਸਾਲਾਂ ਬਾਅਦ ਘਟਣ ਤੋਂ ਪਹਿਲਾਂ ਲਗਭਗ 1.7 ਅਰਬ ਤੱਕ ਪੁੱਜਣ ਦੀ ਉਮੀਦ ਹੈ।

### ਮਾਉਵਾਦੀਆਂ ਦੇ ਫਰਜ਼ੀ...

ਚੈਨਲਾਂ ਵਾਲਿਆਂ ਨੂੰ ਫੌਰੀ ਤੌਰ 'ਤੇ ਰਿਹਾਅ ਕੀਤਾ ਜਾਵੇ। ਕਨਵੈਨਸ਼ਨ ਵਿੱਚ ਮਤਾ ਪਾਸ ਕੀਤਾ ਗਿਆ ਕਿ ਦੇਸ਼ ਭਰ ਵਿੱਚ ਘੱਟ ਗਿਣਤੀਆਂ ਵਿਸ਼ੇਸ਼ਕਰ ਮੁਸਲਮਾਨਾਂ ਖਿਲਾਫ ਨਫ਼ਰਤ ਫੈਲਾਉਣ ਵਾਲੀ ਮੁਹਿੰਮ ਬੰਦ ਕੀਤੀ ਜਾਵੇ ਅਤੇ ਵਕਫ ਬੋਰਡ ਵਿੱਚ ਕੀਤੀਆਂ ਮੁਸਲਿਮ ਵਿਰੋਧੀ ਅਮੈਂਡਮੈਂਟਾਂ ਰੱਦ ਕੀਤੀਆਂ ਜਾਣ ਕਨਵੈਨਸ਼ਨ ਪਹਿਲਗਾਮ ਘਟਨਾ ਦੀ ਆੜ ਵਿੱਚ ਕੇਂਦਰ ਸਰਕਾਰ ਵੱਲੋਂ 'ਸੰਧੂਰ ਅਪਰੇਸ਼ਨ' ਦੇ ਪ੍ਰਚਾਰ ਨਾਲ ਆਪਣੀ ਹਕੂਮਤ ਦੀ ਮਜ਼ਬੂਤੀ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦਾ ਪਰਦਾ ਫਾਸ਼ ਕਰਨ ਦਾ ਦੇਸ਼ ਦੇ ਲੋਕਾਂ ਨੂੰ ਸੱਦਾ ਦਿੰਦੀ ਹੈ।ਕਨਵੈਨਸ਼ਨ ਇਹ ਵੀ ਮੰਗ ਕਰਦੀ ਹੈ ਕਿ ਇਜ਼ਰਾਈਲ ਵੱਲੋਂ ਫਲਸਤਨੀਆਂ ਦਾ ਕਤਲੇਆਮ ਬੰਦ ਕੀਤਾ ਜਾਵੇ ਅਤੇ ਫਲਸਤੀਨ ਦੇਸ਼ ਆਜ਼ਾਦ ਕੀਤਾ ਜਾਵੇ।ਕਨਵੈਨਸ਼ਨ ਵਿੱਚ ਮਤਾ ਪਾਸ ਕੀਤਾ ਗਿਆ ਕਿ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਵੱਲੋਂ ਵਿਦੇਸ਼ਾਂ 'ਚੋਂ ਅਮਰੀਕਾ ਵਿਖੇ ਪੜ੍ਹਨ ਆਏ ਵਿਦਿਆਰਥੀਆਂ ਨੂੰ ਜਬਰਨ ਕੱਢਣਾ ਅਤੇ ਹਿੰਦੁਸਤਾਨ ਦੇ ਵਿਦਿਆਰਥੀਆਂ ਨੂੰ ਹੱਥਕੜੀਆਂ ਅਤੇ ਬੇੜੀਆਂ ਲਾ ਕੇ ਹਿੰਦੁਸਤਾਨ ਭੇਜਣ ਵਿਰੁੱਧ ਅਤੇ ਟਰੰਪ ਦੀ ਕੌਮਾਂਤਰੀ ਪੱਧਰ ਦੀ ਟਰੇਡ ਵਾਰ ਦੀ ਨਿਖੇਧੀ ਕਰਦੀ ਹੋਏ ਆਵਾਮ ਨੂੰ ਸੱਦਾ ਦਿੰਦੀ ਹੈ ਕਿ ਉਹ ਟਰੰਪ ਦੀ ਨੀਤੀ ਦਾ ਜ਼ੋਰਦਾਰ ਵਿਰੋਧ ਕਰਨ।ਪੰਜਾਬ ਸਰਕਾਰ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੇ ਸੰਘਰਸ਼ ਨੂੰ ਦਬਾਉਣ ਦੀ ਨੀਤੀ ਖ਼ਤਮ ਕਰਕੇ। ਮਤਾ ਪਾਸ ਕੀਤਾ ਕਿ ਪੰਜਾਬ ਸਰਕਾਰ 17 ਜ਼ਿਲ੍ਹਿਆਂ ਵਿੱਚ ਉਪਜਾਊ ਜ਼ਮੀਨਾਂ 'ਤੇ ਅਰਬਨ ਅਸਟੇਟ ਬਣਾਉਣ ਦੇ ਕਾਰਪੋਰੇਟ ਤੇ ਲੁਟੇਰੇ ਕਦਮਾਂ ਦੀ ਨਿੰਦਾ ਕਰਦੀ ਹੋਈ ਲੋਕਾਂ ਨੂੰ ਸਰਕਾਰ ਦੀ ਇਸ ਨੀਤੀ ਵਿਰੁੱਧ ਲਾਮਬੰਦੀ ਦਾ ਹੋਕਾ ਦਿੰਦੀ ਹੈ।ਸਟੇਜ ਸੰਚਾਲਕ ਦੀ ਜ਼ਿੰਮੇਵਾਰੀ ਕੰਵਲਜੀਤ ਖੰਨਾ ਨੇ ਬਾਖ਼ੂਬੀ ਨਿਭਾਈ।

### ਬਿਲਡਿੰਗ ਨੂੰ ਅੱਗ...

'ਚ ਦਾਖ਼ਲ ਕਰਵਾਇਆ, ਜਿੱਥੇ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ। ਲੋਕਾਂ ਦਾ ਦੋਸ਼ ਹੈ ਕਿ ਸੂਚਨਾ ਦੇਣ 'ਚ ਕਾਫ਼ੀ ਦੇਰ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਆਈਆਂ ਤੇ ਫਿਰ ਅੱਗ ਬੁਝਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਹਾਲਾਂਕਿ ਫਾਇਰ ਡਾਇਰੈਕਟਰ ਅਤੁਲ ਗਰਗ ਦਾ ਕਹਿਣਾ ਹੈ ਕਿ ਸਵੇਰੇ 10 ਵਜੇ ਅੱਗ ਲੱਗਣ ਦੀ ਸੂਚਨਾ ਮਿਲੀ ਸੀ ਤੇ ਮੌਕੇ 'ਤੇ ਹੀ 8 ਅੱਗ ਬੁਝਾਉਣ ਵਾਲੀਆਂ ਗੱਡੀਆ ਨੂੰ ਰਵਾਨਾ ਕਰ ਦਿੱਤਾ ਗਿਆ ਸੀ।

### 'ਫਾਸਟ ਟਰੈਕ ਪੋਰਟਲ' ਦਾ...

ਉਦਯੋਗਿਕ ਇਕਾਈ ਸਥਾਪਤ ਕਰਨ ਦਾ ਇੱਛੁਕ ਹੈ, ਉਹ 'ਇਨਵੈੱਸਟ ਪੰਜਾਬ' ਪੋਰਟਲ ਤੋਂ ਇਹ ਵਿਲੱਖਣ ਕਲਰ ਕੋਡ ਵਾਲਾ ਸਟੈਂਪ ਪੇਪਰ ਪ੍ਰਾਪਤ ਕਰ ਸਕਦਾ ਹੈ।ਉਨ੍ਹਾ ਕਿਹਾ ਕਿ ਉਦਯੋਗਪਤੀ ਆਪਣੀ ਇਕਾਈ ਸਥਾਪਤ ਕਰਨ ਲਈ ਸੀ ਐੱਲ ਯੂ, ਜੰਗਲਾਤ, ਪ੍ਰਦੂਸ਼ਣ, ਫਾਇਰ ਬ੍ਰਿਗੇਡ ਅਤੇ ਹੋਰ ਪ੍ਰਵਾਨਗੀਆਂ ਪ੍ਰਾਪਤ ਕਰਨ ਵਾਸਤੇ ਸਿਰਫ਼ ਇਹ ਸਿੰਗਲ ਸਟੈਂਪ ਪੇਪਰ ਖਰੀਦ ਕੇ ਲੋੜੀਂਦੀਆਂ ਵੱਖ-ਵੱਖ ਫ਼ੀਸਾਂ ਦਾ ਭੁਗਤਾਨ ਕਰ ਸਕਣਗੇ।ਮਾਨ ਨੇ ਕਿਹਾ ਕਿ ਸਟੈਂਪ ਪੇਪਰ ਖਰੀਦਣ ਤੋਂ ਬਾਅਦ ਉਦਯੋਗਪਤੀ ਨੂੰ ਆਪਣੀ ਇਕਾਈ ਸਥਾਪਤ ਕਰਨ ਲਈ 15 ਦਿਨਾਂ ਦੇ ਅੰਦਰ-ਅੰਦਰ ਸਾਰੇ ਵਿਭਾਗਾਂ ਤੋਂ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਮਿਲ ਜਾਣਗੀਆਂ।ਮੁੱਖ ਮੰਤਰੀ ਨੇ ਕਿਹਾ ਕਿ ਉਦਯੋਗਪਤੀਆਂ ਦੀ ਸਹੂਲਤ ਲਈ ਸਿੰਗਲ ਵਿੰਡੋ ਅਤੇ ਸਿੰਗਲ ਪੈੱਨ ਸਿਸਟਮ ਸ਼ੁਰੂ ਕੀਤਾ ਗਿਆ ਹੈ, ਤਾਂ ਜੋ ਉਹ ਖੁੱਲ੍ਹ ਕੇ ਕੰਮ ਕਰ ਸਕਣ।ਉਨ੍ਹਾ ਕਿਹਾ ਕਿ ਇੱਥੇ ਕੰਮ ਕਰਨ ਵਾਲੇ ਉਦਯੋਗਪਤੀ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਕਰਦੇ ਹਨ, ਜਿਸ ਨਾਲ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਹੁਲਾਰਾ ਮਿਲਦਾ ਹੈ। ਇਹ ਸੂਬੇ ਦੇ ਵਿਕਾਸ ਅਤੇ ਇਥੋਂ ਦੇ ਲੋਕਾਂ ਦੀ ਖੁਸ਼ਹਾਲੀ ਨੂੰ ਹੁਲਾਰਾ ਦੇਣ ਲਈ ਜ਼ਰੂਰੀ ਹੈ।

ਉਹਨਾ ਕਿਹਾ ਕਿ ਪਹਿਲਾਂ ਦੇ ਉਲਟ ਕੋਈ ਵੀ ਉਦਯੋਗਪਤੀਆਂ ਨੂੰ ਪਰੇਸ਼ਾਨ ਨਹੀਂ ਕਰੇਗਾ, ਸਗੋਂ ਸੂਬਾ ਸਰਕਾਰ ਉਦਯੋਗ ਨੂੰ ਉਤਸ਼ਾਹਤ ਕਰਨ ਲਈ ਹਰ ਸੰਭਵ ਯਤਨ ਕਰੇਗੀ।ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੇ ਉਦਯੋਗਾਂ ਨੂੰ ਸਹੂਲਤ ਦੇਣ ਲਈ ਸਿੰਗਲ ਵਿੰਡੋ ਸਿਸਟਮ ਪ੍ਰਦਾਨ ਕਰਨ ਲਈ ਪਹਿਲਾਂ ਹੀ ਕੰਮ ਸ਼ੁਰੂ ਕਰ ਦਿੱਤਾ ਹੈ। ਮਾਨ ਨੇ ਕਿਹਾ ਕਿ ਉਦਯੋਗਿਕ ਖੇਤਰ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਇਸ ਨੂੰ ਅਸਲ ਉਤਸ਼ਾਹ ਨਾਲ ਲਾਗੂ ਕੀਤਾ ਜਾ ਰਿਹਾ ਹੈ।

### ਖੱਬੀਆਂ ਪਾਰਟੀਆਂ...

ਸ਼ਰਨਾਰਥੀ ਆਸਰਾ-ਘਰਾਂ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਇਆ ਗਿਆ ਹੈ, ਜਿਸ ਨਾਲ ਗਾਜ਼ਾ ਦੇ ਲੋਕਾਂ ਨੂੰ ਇੱਕ ਬੇਮਿਸਾਲ ਮਨੁੱਖੀ ਤਬਾਹੀ ਵੱਲ ਧੱਕਿਆ ਜਾ ਰਿਹਾ ਹੈ।ਇਹ ਨਸਲਕੁਸ਼ੀ ਤੋਂ ਘੱਟ ਨਹੀਂ।ਸਭ ਤੋਂ ਅਣਮਨੁੱਖੀ ਗੱਲ ਇਹ ਹੈ ਕਿ ਇਜ਼ਰਾਈਲ ਗਾਜ਼ਾ 'ਚ ਸਹਾਇਤਾ ਦੇ ਦਾਖਲੇ ਤੋਂ ਵੀ ਇਨਕਾਰ ਕਰ ਰਿਹਾ ਹੈ।ਅਸੀਂ ਅੰਤਰਰਾਸ਼ਟਰੀ ਪਾਣੀਆਂ ਵਿੱਚ ਫਰੀਡਮ ਫਲੋਟੀਲਾ ਗਾਜ਼ਾ ਦੇ ਮਾਨਵਤਾਵਾਦੀ ਜਹਾਜ਼ ਮੈਡਲੀਨ 'ਤੇ ਇਜ਼ਰਾਈਲ ਦੇ ਹਮਲੇ ਦੀ ਵੀ ਨਿੰਦਾ ਕਰਦੇ ਹਾਂ।ਭਾਰਤ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਉਹ ਸਾਰੇ ਨਜ਼ਰਬੰਦ ਅੰਤਰਰਾਸ਼ਟਰੀ ਵਲੰਟੀਅਰਾਂ ਦੀ ਰਿਹਾਈ ਦੀ ਮੰਗ ਕਰੇ, ਗਾਜ਼ਾ ਨੂੰ ਬਿਨਾਂ ਰੁਕਾਵਟ ਮਨੁੱਖੀ ਸਹਾਇਤਾ ਯਕੀਨੀ ਬਣਾਏ ਅਤੇ ਅਣਮਨੁੱਖੀ ਘੇਰਾਬੰਦੀ ਨੂੰ ਤੁਰੰਤ ਖਤਮ ਕਰਨ ਦੀ ਮੰਗ ਕਰੇ।ਸੰਯੁਕਤ ਰਾਸ਼ਟਰ ਅਤੇ ਅੰਤਰਰਾਸ਼ਟਰੀ ਅਦਾਲਤ ਸਮੇਤ ਵਧ ਰਹੇ ਵਿਸ਼ਵਵਿਆਪੀ ਰੋਸ ਦੇ ਬਾਵਜੂਦ ਨੇਤਨਯਾਹੂ ਸਰਕਾਰ ਸੰਯੁਕਤ ਰਾਜ ਅਮਰੀਕਾ ਅਤੇ ਇਸ ਦੇ ਕੁਝ ਸਹਿਯੋਗੀਆਂ ਦੇ ਸਮਰਥਨ ਨਾਲ ਆਪਣੀ ਬੇਰਹਿਮ ਮੁਹਿੰਮ ਜਾਰੀ ਰੱਖ ਰਹੀ ਹੈ।ਖੱਬੇ ਪੱਖੀ ਪਾਰਟੀਆਂ ਨੇ ਸਾਰੀਆਂ ਸ਼ਾਂਤੀ-ਪ੍ਰੇਮੀ, ਲੋਕਤੰਤਰੀ ਅਤੇ ਧਰਮ ਨਿਰਪੱਖ ਤਾਕਤਾਂ ਨੂੰ 17 ਜੂਨ ਨੂੰ ਪੂਰੇ ਦੇਸ਼ ਵਿੱਚ ਫਲਸਤੀਨ ਨਾਲ ਰਾਸ਼ਟਰੀ ਏਕਤਾ ਦਿਵਸ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

## ਮਿੰਨੀ ਸਕੱਤਰੇਤ 'ਚ ਲੱਗੀ ਅੱਗ

**ਪਟਿਆਲਾ (ਬਿੰਦ)**-ਮਿੰਨੀ ਸਕੱਤਰੇਤ ਵਿਖੇ ਏ ਬਲਾਕ ਵਿੱਚ 12 ਵਜੇ ਦੇ ਕਰੀਬ ਰਿਕਾਰਡ ਰੂਮ 'ਚ ਅੱਗ ਲੱਗਣ ਕਰਨ ਪੂਰੇ ਮਿੰਨੀ ਸਕੱਤਰੇਤ ਅੰਦਰ ਹਫ਼ੜਾ-ਦਫ਼ੜੀ ਦਾ ਮਾਹੌਲ ਬਣ ਗਿਆ। ਅੱਗ ਲੱਗਣ ਤੋਂ ਤੁਰੰਤ ਬਾਅਦ ਡੀਸੀ ਦਫਤਰ ਦੇ ਕਮਰਿਆਂ ਅੰਦਰ ਕੰਮ ਕਰਦੇ ਮੁਲਾਜ਼ਮ ਸਕੱਤਰੇਤ ਦੇ ਬਾਹਰ ਕੰਪਲੈਕਸ 'ਚ ਆ ਗਏ। ਦੱਸਣਯੋਗ ਹੈ ਕਿ ਅੱਗ ਬੁਝਾਉਣ ਲਈ ਫਾਇਰ ਬ੍ਰਿਗੇਡ ਦੀ ਗੱਡੀ ਸਮੇਂ 'ਤੇ ਨਾ ਪਹੁੰਚ ਸਕੀ, ਜਿਸ ਕਾਰਨ ਕੁੱਝ ਹੀ ਮਿੰਟਾਂ 'ਚ ਬਲਾਕ ਵਿੱਚ ਧੂੰਆਂ ਫੈਲਣ ਕਾਰਨ ਹਨੇਰਾ ਛਾਅ ਗਿਆ ਅਤੇ ਲੋਕਾਂ ਅੰਦਰ ਡਰ ਦਾ ਮਾਹੌਲ ਦੇਖਿਆ ਗਿਆ। ਅੱਗ ਲੱਗਣ ਸਮੇਂ ਡਿਪਟੀ ਕਮਿਸਨਰ ਆਪਣੇ ਦਫਤਰ ਵਿੱਚ ਮੌਜੂਦ ਸਨ। ਡੀਸੀ ਦਫ਼ਤਰ ਵਿਖੇ ਚੌਥੀ ਮੰਜ਼ਲ 'ਤੇ ਅੱਗ ਲੱਗਣ ਕਾਰਨ ਫਾਇਰ ਬ੍ਰਿਗੇਡ ਮੁਲਾਜ਼ਮਾਂ ਨੂੰ ਅੱਗ ਬੁਝਾਉਣ 'ਚ ਥੋੜ੍ਹੀ ਪ੍ਰੇਸ਼ਾਨੀ ਪੇਸ਼ ਆਈ, ਕਿਉਂਕਿ ਅੱਗ ਉਚਾਈ 'ਤੇ ਲੱਗੀ ਹੋਣ ਕਾਰਨ ਅਤੇ ਖਿੜਕੀਆਂ 'ਤੇ ਸ਼ੀਸ਼ੇ ਹੋਣ ਕਾਰਨ ਵੀ ਅੱਗ ਬੁਝਾਉਣ 'ਚ ਦਿੱਕਤ ਪੇਸ਼ ਆਈ।

## ਪਾਵਰਕਾਮ ਪੈਨਸ਼ਨਰਾਂ ਨੇ ਮੰਡਲ ਦਫਤਰ ਅੱਗੇ ਗੇਟ ਰੈਲੀ ਕੀਤੀ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਮੰਡਲ ਦੇ ਪੈਨਸ਼ਨਰਾਂ ਵਲੋਂ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਗੇਟ ਰੈਲੀ ਕੀਤੀ, ਜਿਸਦੀ ਪ੍ਰਧਾਨਗੀ ਸਾਥੀ ਸੁਖਦੇਵ ਸਿੰਘ ਨੇ ਕੀਤੀ। ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਕਿ 1 ਜਨਵਰੀ 2016 ਤੋਂ ਬਾਅਦ ਸੇਵਾਮੁਕਤ ਹੋਏ ਪੈਨਸ਼ਨਰਾਂ ਨੂੰ ਵੀ ਏਰੀਅਰ ਤੁਰੰਤ ਦਿੱਤਾ ਜਾਵੇ। ਲੀਵ ਇਨ ਕੈਸਮੈਂਟ ਦੀਆਂ ਕਿਸ਼ਤਾਂ ਵਿੱਚ ਦੇਣ ਦੀ ਬਜਾਏ ਸਾਰਾ ਲੀਵ ਇਨ ਕੈਸਮੈਟ ਇਕਮੁਸਤ ਦਿੱਤਾ ਜਾਵੇ। ਪੰਜਾਬ ਦੇ ਪੈਨਸ਼ਨਰਾਂ ਨੂੰ ਵੀ ਕੇਂਦਰ ਸਰਕਾਰ ਦੇ ਪੈਨਸ਼ਨਰਾਂ ਵਾਂਗ 13 ਫੀਸਦੀ ਡੀ.ਏ ਦਾ ਵਾਧਾ ਦਿੱਤਾ ਜਾਵੇ। ਪੈਨਸ਼ਨਰਾਂ ਤੇ 2.65 ਫੈਕਟਰ ਲਾਗੂ ਕੀਤਾ ਜਾਵੇ ਤੇ ਪੈਨਸ਼ਨਰਾਂ ਦੀਆਂ ਲਮਕ ਅਵੱਸਥਾ ਵਿੱਚ ਪਈਆਂ ਮੰਗਾਂ ਤੁਰੰਤ ਮੰਨੀਆਂ ਜਾਣ ਤਾਂ ਜੁ ਪੈਨਸ਼ਨਰਾਂ ਵਿੱਚ ਪਾਇਆ ਜਾ ਰਿਹਾ ਰੋਸ ਦੂਰ ਹੋ ਸਕੇ।

## 100 ਦਿਨਾਂ 'ਚ 873 ਨਸ਼ਾ ਤਸਕਰ ਕੀਤੇ ਗ੍ਰਿਫ਼ਤਾਰ : ਐੱਸ ਐੱਸ ਪੀ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਸਿਵਲ ਤੇ ਪੁਲਸ ਪ੍ਰਸ਼ਾਸ਼ਨ ਵੱਲੋਂ ਲਗਾਤਾਰ ਸਾਂਝੇ ਉਪਰਾਲੇ ਕਰਕੇ ਜਿਥੇ ਆਮ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਾਇਆ ਜਾ ਰਿਹਾ ਹੈ, ਉਥੇ ਹੀ ਨਸ਼ਾ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਨੂੰ ਸਲਾਖਾ ਪਿੱਛੇ ਡੱਕਿਆ ਜਾ ਰਿਹਾ ਹੈ।ਇਸ ਲੜੀ ਦੇ ਤਹਿਤ 1 ਮਾਰਚ 2025 ਤੋਂ 8 ਜੂਨ 2025 (100 ਦਿਨਾਂ) 'ਚ 873 ਨਸ਼ਾ ਤਸਕਰ ਗ੍ਰਿਫਤਾਰ ਕੀਤੇ ਹਨ, ਜਿਨ੍ਹਾਂ ਕੋਲੋਂ ਵੱਖ-ਵੱਖ ਤਰ੍ਹਾਂ ਦੀਆਂ ਨਸ਼ੀਲੀਆਂ ਵਸਤਾਂ ਬਰਾਮਦ ਕੀਤੀਆਂ ਗਈਆਂ ਹਨ।ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਨਸ਼ੇ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਕੋਲੋਂ 6.931 ਹੈਰੋਇਨ ਕਿਲੋਗ੍ਰਾਮ, ਸਮੈਕ 0.006, ਅਫੀਮ 13.670 ਕਿਲੋਗ੍ਰਾਮ, ਡੋਡੇ 873.050, ਨਸ਼ੀਲੀਆਂ ਗੋਲੀਆਂ/ਕੈਪਸੂਲ 72,545, ਸੀਰਪ 80, ਗਾਜਾਂ 12.021, ਨਾਰਕੋਟਿਕ ਪਾਊਡਰ 0.008 ਤੇ 12,59,500 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਸਾਲ 2023 ਤੋਂ ਲੈ ਕੇ ਹੁਣ ਤੱਕ ਨਸ਼ਾ ਤਸਕਰਾਂ ਵਲੋਂ ਨਸ਼ੇ ਦਾ ਧੰਦਾ ਕਰਕੇ ਬਣਾਈ ਗਈ 9,71,08,899 ਰੁਪਏ ਦੀ ਪ੍ਰਾਪਟਰੀ ਵੀ ਫਰੀਜ਼ ਕੀਤੀ ਗਈ ਹੈ।ਐਸਐਸਪੀ ਨੇ ਦੱਸਿਆ ਕਿ ਜਿਥੇ ਇੱਕ ਪਾਸੇ ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ, ਉਥੇ ਹੀ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਮੋੜਨ ਲਈ ਜ਼ਿਲ੍ਹਾ ਪੁਲਸ ਵਲੋਂ ਲਗਾਤਾਰਾ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਪੁਲਿਸ ਵਲੋਂ ਪਿੰਡਾਂ/ਸ਼ਹਿਰਾਂ/ਕਸਬਿਆਂ ਵਿੱਚ ਜਾ ਕੇ ਜਾਗਰੂਕਤਾ ਕੈਂਪ ਲਗਾ ਕੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਾਇਆ ਜਾ ਰਿਹਾ ਹੈ।ਮੈਡਮ ਅਮਨੀਤ ਕੌਂਡਲ ਨੇ ਸਖਤ ਸ਼ਬਦਾਂ ਵਿੱਚ ਕਿਹਾ ਕਿ ਨਸ਼ੇ ਵੇਚਣ ਵਾਲਿਆਂ ਲਈ ਇੱਕੋ ਥਾਂ ਜੇਲ੍ਹ ਹੈ।ਉਨ੍ਹਾਂ ਕਿਹਾ ਕਿ ਜੋ ਕੋਈ ਵੀ ਇਸ ਕਾਲੇ ਕਾਰੋਬਾਰ ਵਿੱਚ ਲੱਗਾ ਹੈ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿੱਚ ਕੋਈ ਨਸ਼ਾ ਤਸਕਰੀ ਵਿੱਚ ਸ਼ਾਮਲ ਹੈ ਤਾਂ ਉਸ ਦੀ ਸੂਚਨਾ ਪੁਲਿਸ ਨੂੰ ਦਿੱਤੀ ਜਾਵੇ।ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖਦੇ ਹੋਏ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਤਲਵੰਡੀ ਭੰਗੇਰੀਆਂ ਦੇ ਸਕੂਲ ਨੂੰ ਜੈਨਰੇਟਰ ਕੀਤਾ ਦਾਨ



**ਅਜੀਤਵਾਲ (ਨਛੱਤਰ ਸੰਧੂ)**-ਪਿੰਡ ਤਲਵੰਡੀ ਭੰਗੇਰੀਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਬੀਤੇ ਦਿਨੀਂ ਕਰਵਾਏ ਸਨਮਾਨ ਸਮਾਗਮ ਸਮੇਂ ਸਟੇਜ ਦੀ ਕਾਰਵਾਈ ਨਿਭਾਅ ਰਹੀ ਵਾਇਸ ਪ੍ਰਿੰਸੀਪਲ ਗੀਤਾ ਰਾਣੀ ਨੇ ਸੁਸਾਇਟੀ ਮੈਂਬਰਾਂ ਤੇ ਗ੍ਰਾਮ ਪੰਚਾਇਤ ਤੋਂ ਜੈਨਰੇਟਰ ਦੀ ਮੰਗ ਕੀਤੀ ਸੀ ਤੇ ਉਸੇ ਸਮੇਂ ਹੀ ਸਟੇਜ ਤੋਂ ਸਾਬਕਾ ਸਰਪੰਚ ਤੇ ਸੀਨੀਅਰ ਅਕਾਲੀ ਆਗੂ ਨਿਹਾਲ ਸਿੰਘ ਭੁੱਲਰ ਨੇ ਕਿਹਾ ਸੀ ਕਿ ਤੁਹਾਡੀ ਇਹ ਮੰਗ ਜ਼ਰੂਰ ਪੂਰੀ ਕਰਾਂਗੇ। ਅੱਜ ਸਕੂਲ ਦੀ ਇਸ ਮੰਗ ਪੂਰੀ ਕਰਦਿਆਂ ਦਾਨੀ ਸੱਜਣ ਦੇ ਸਹਿਯੋਗ ਨਾਲ ਇੱਕ ਲੱਖ ਪੰਜਾਹ ਹਜ਼ਾਰ ਰੁਪਏ ਨਾਲ ਤਿਆਰ ਕੀਤਾ ਪੰਦਰਾਂ ਕਿੱਲੋਵਾਟ ਸਿਲਫ ਸਟਾਰਟ ਜੈਨਰੇਟਰ ਸਮੂਹ ਸਕੂਲ ਸਟਾਫ ਤੇ ਪ੍ਰਿੰਸੀਪਲ ਖੁਸ਼ਵੰਤ ਸਿੰਘ ਦੀ ਹਾਜ਼ਰੀ ਵਿੱਚ ਸੀਨੀਅਰ ਸੈਕੰਡਰੀ ਸਕੂਲ ਨੂੰ ਦਿੱਤਾ ਗਿਆ। ਇਸ ਸਮੇਂ ਸਰਪੰਚ ਪਰਮਜੀਤ ਕੌਰ, ਨਿਹਾਲ ਸਿੰਘ ਭੁੱਲਰ, ਦਰਸ਼ਨ ਸਿੰਘ ਭੁੱਲਰ, ਗਿਆਨੀ ਸ਼ਿੰਦਰ ਸਿੰਘ, ਗਿਆਨੀ ਮਨਦੀਪ ਸਿੰਘ, ਗੁਰਜੰਟ ਸਿੰਘ, ਪ੍ਰਧਾਨ ਅੰਤਰਪਾਲ ਸਿੰਘ ਸਿੱਧੂ, ਜਗਮੀਤ ਸਿੰਘ ਪੰਚ, ਬਲਕਰਨ ਸਿੰਘ ਪੰਚ, ਸਵਰਨ ਸਿੰਘ ਪੰਚ, ਸੁਖਚੈਨ ਸਿੰਘ ਪੰਚ, ਮਨਦੀਪ ਸਿੰਘ ਭੁੱਲਰ, ਅਮਰਜੀਤ ਸਿੰਘ ਭੁੱਲਰ, ਮਨਪ੍ਰੀਤ ਮੰਨਾ ਭੁੱਲਰ, ਚੱਤਰ ਸਿੰਘ ਪੰਚ, ਸੰਤਾ ਸਿੰਘ ਖੇਲਾ, ਜਸਪ੍ਰੀਤ ਸਿੰਘ ਕੈਨੇਡਾ, ਜਗਤਾਰ ਸਿੰਘ ਕੈਨੇਡਾ, ਗੁਰਦੇਵ ਸਿੰਘ ਸਿੱਧੂ, ਅਜੈਬ ਸਿੰਘ ਸਿੱਧੂ, ਨੱਥਾ ਸਿੰਘ ਧਾਲੀਵਾਲ, ਲਛਮਣ ਸਿੰਘ ਪੰਚ, ਜੁਗਰਾਜ ਸਿੰਘ ਰਾਜਾ, ਅਜਮੇਰ ਸਿੰਘ ਫੌਜੀ ਹਾਜ਼ਰ ਸਨ। ਅੰਤ ਵਿੱਚ ਆਏ ਹੋਏ ਦਾਨੀ ਸੱਜਣਾਂ ਦਾ ਪ੍ਰਿੰਸੀਪਲ ਖੁਸ਼ਵੰਤ ਸਿੰਘ ਤੇ ਵਾਇਸ ਪ੍ਰਿੰਸੀਪਲ ਨੇ ਜੀ ਆਇਆਂ ਕਿਹਾ ਤੇ ਧੰਨਵਾਦ ਕੀਤਾ।

## ਐਡਵੋਕੇਟ ਗੁਰਮੀਤ ਸ਼ੁਗਲੀ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਾਥੀ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੇ ਅਚਾਨਕ ਹੀ ਅਮਰੀਕਾ 'ਚ ਸਦੀਵੀ ਵਿਛੋੜਾ ਦੇ ਜਾਣ 'ਤੇ ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਤੇ ਵੱਖ-ਵੱਖ ਸੰਘਰਸ਼ਸ਼ੀਲ ਕਿਸਾਨ, ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਪ੍ਰੈੱਸ ਕਲੱਬ ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਬਲਵਿੰਦਰ ਸਿੰਘ ਵਜੀਦਕੇ, ਸੋਨੀ ਮਾਂਗੇਵਾਲ, ਜਗਸੀਰ ਸਿੰਘ ਸਹਿਜੜਾ, ਮੇਘ ਰਾਜ ਜੋਸ਼ੀ, ਪ੍ਰਦੀਪ ਸਿੰਘ ਲੋਹਗੜ੍ਹ, ਬਲਵੰਤ ਸਿੰਘ ਚੁਹਾਨਕੇ, ਜਗਮੋਹਣ ਸ਼ਾਹ ਰਾਇਸਰ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਭੋਲਾ ਸਿੰਘ ਕਲਾਲ ਮਾਜਰਾ, ਕਾਮਰੇਡ ਪਰਮਜੀਤ ਸਿੰਘ ਗਾਂਧੀ, ਬਵਨ ਸਿੰਘ ਖਿਆਲੀ, ਭਾਕਿਯੂ ਡਕੌਂਦਾ ਦੇ ਜਗਰਾਜ ਸਿੰਘ ਹਰਦਾਸਪੁਰਾ, ਗੁਰਦੇਵ ਸਿੰਘ ਮਾਂਗੇਵਾਲ, ਜਮਹੂਰੀ ਕਿਸਾਨ ਸਭਾ ਦੇ ਮਲਕੀਤ ਸਿੰਘ, ਗੁਰਦੇਵ ਸਿੰਘ ਮਹਿਲ ਖੁਰਦ, ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਖੁਸ਼ੀਆ ਸਿੰਘ, ਜਗਰਾਜ ਸਿੰਘ ਰਾਮਾ, ਸਰਪੰਚ ਸਰਬਜੀਤ ਸਿੰਘ ਸੰਭੂ, ਅਰੁਣ ਕੁਮਾਰ ਬਾਂਸਲ ਆਦਿ ਨੇ ਆਗੂਆਂ ਨੇ ਐਡਵੋਕੇਟ ਗੁਰਮੀਤ ਸ਼ੁਗਲੀ ਦੇ ਬੇਟੇ ਰਜਿੰਦਰ ਸਿੰਘ ਮੰਡ, ਨਵਾਂ ਜ਼ਮਾਨਾ ਦੇ ਸਮੂਹ ਸਟਾਫ ਮੈਂਬਰ ਸਾਥੀਆਂ ਨਾਲ ਗਹਿਰੇ ਦੁੱਖ ਪ੍ਰਗਟਾਵਾ ਕੀਤਾ ਹੈ।

## ਆਈ ਟੀ ਆਈ ਬਸੀ ਪਠਾਣਾਂ ਵਿਖੇ ਸਕਿੱਲ ਕੰਪੀਟਿਸ਼ਨ



**ਬਸੀ ਪਠਾਣਾ (ਪ੍ਰਮੋਦ ਭਾਰਦਵਾਜ)**-ਡਾਇਰੈਕਟਰ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਬਸੀ ਪਠਾਣਾਂ ਵਿਖੇ ਸੰਸਥਾ ਦੇ ਪ੍ਰਿੰਸੀਪਲ ਹਰਪ੍ਰੀਤ ਸਿੰਘ ਗਿੱਲ ਦੀ ਅਗਵਾਈ 'ਚ ਜ਼ਿਲ੍ਹਾ ਪੱਧਰੀ ਵੱਖ-ਵੱਖ ਟਰੇਡਾਂ ਨਾਲ ਸਬੰਧਤ ਸਕਿੱਲ ਕੰਪੀਟਿਸ਼ਨ ਕਰਵਾਇਆ ਗਿਆ, ਜਿਸ ਵਿੱਚ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲਾਲੜੂ, ਮਾਣਕਪੁਰ ਸ਼ਰੀਫ, ਭਗੜਾਣਾਂ, ਭਗਵਾਨਪੁਰਾ, ਬਨੂੜ, ਤ੍ਰਿਪੜੀ ਤੇ ਬਸੀ ਪਠਾਣਾਂ ਦੇ ਸਿਖਿਆਰਥੀਆਂ ਨੇ ਹਿੱਸਾ ਲਿਆ। ਇਸ ਵਿੱਚ ਉਚੇਚੇ ਤੌਰ 'ਤੇ ਇੰਸਟੀਚਿਊਟ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸ੍ਰੀ ਯੋਗੇਸ਼ ਬਿੰਬਰਾ ਨੇ ਬੱਚਿਆਂ ਦੀ ਹੌਸਲਾ ਹਫਜ਼ਾਈ ਕੀਤੀ।

## ਮੱਲ੍ਹਾ ਵਿਖੇ ਮਲੇਰੀਆ ਬਾਰੇ ਜਾਗਰੂਕਤਾ ਕੈਂਪ ਲਗਾਇਆ



**ਹਠੂਰ (ਨਛੱਤਰ ਸੰਧੂ)**-ਮਾਣਯੋਗ ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਤੇ ਐੱਸ ਐੱਮ ਓ ਇੰਚਾਰਜ ਸੀ ਐੱਚ ਸੀ ਹਠੂਰ ਡਾਕਟਰ ਵਰੁਣ ਸੱਗੜ ਦੀ ਰਹਿਨੁਮਾਈ ਹੇਠ ਪ੍ਰਕਾਸ਼ ਸਿੰਘ ਹੈਲਥ ਇੰਸਪੈਕਟਰ ਸੀ ਐੱਚ ਸੀ ਹਠੂਰ ਵੱਲੋਂ ਪਿੰਡ ਮੱਲ੍ਹਾ ਵਿਖੇ ਐਂਟੀ-ਮਲੇਰੀਆ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਪ੍ਰਕਾਸ਼ ਸਿੰਘ ਹੈਲਥ ਇੰਸਪੈਕਟਰ ਸੀ ਐੱਚ ਸੀ ਹਠੂਰ ਵੱਲੋਂ ਲੋਕਾਂ ਨੂੰ ਮਲੇਰੀਆ ਬੁਖ਼ਾਰ ਦੇ ਲੱਛਣ ਜਿਵੇਂ ਕਿ ਠੰਢ ਤੇ ਕਾਂਬੇ ਨਾਲ ਬੁਖ਼ਾਰ, ਤੇਜ਼ ਬੁਖ਼ਾਰ ਤੇ ਸਿਰ ਦਰਦ ਹੋਣਾ, ਬੁਖ਼ਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜ਼ੋਰੀ ਹੋਣਾ ਅਤੇ ਸਰੀਰ ਨੂੰ ਪਸੀਨਾ ਆਉਣਾ ਆਦਿ ਅਤੇ ਬਚਾਓ ਸਬੰਧੀ ਆਪਣੇ ਘਰਾਂ ਦੇ ਆਲੇ ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋਣ ਦਿਓ ਤੇ ਟੋਇਆਂ ਨੂੰ ਮਿੱਟੀ ਨਾਲ ਭਰ ਦਿਓ, ਛੱਪੜਾਂ ਵਿੱਚ ਖੜ੍ਹੇ ਪਾਣੀ 'ਤੇ ਕਾਲੇ ਤੇਲ ਦਾ ਛਿੜਕਾਓ ਕਰੋ, ਸੌਣ ਸਮੇਂ ਮੱਛਰਦਾਨੀ ਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕਰਨ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਵਿੱਚ ਭੁਪਿੰਦਰ ਸਿੰਘ, ਗੁਰਦੀਪ ਸਿੰਘ ਦੋਨੋਂ ਮਲਟੀਪਰਪਜ਼ ਹੈਲਥ ਵਰਕਰ ਮੇਲ, ਗੁਰਦੇਵ ਕੌਰ ਆਸ਼ਾ ਵਰਕਰ, ਹਰਬੰਸ ਸਿੰਘ, ਚਮਕੌਰ ਸਿੰਘ, ਤੇਜਾ ਸਿੰਘ ਮੈਂਬਰ ਪੰਚਾਇਤ, ਸੱਤਪਾਲ ਸਿੰਘ ਸਾਬਕਾ ਪੰਚ, ਬਲਦੇਵ ਸਿੰਘ, ਮੱਖਣ ਸਿੰਘ, ਗਿਆਨੀ ਰੇਸ਼ਮ ਸਿੰਘ, ਜਰਨੈਲ ਸਿੰਘ, ਬਲਵੀਰ ਸਿੰਘ, ਜਗਦੇਵ ਸਿੰਘ, ਜ਼ੋਰਾ ਸਿੰਘ, ਨਾਹਰ ਸਿੰਘ ਜੰਗੀਰ ਸਿੰਘ, ਕੇਵਲ ਸਿੰਘ ਹਾਜ਼ਰ ਸਨ।

## ਸ਼ਹੀਦਾਂ ਦੀ ਯਾਦ 'ਚ ਲਾਇਆ ਬੂਟਿਆਂ ਦਾ ਲੰਗਰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਗਿੱਦੜਬਾਹਾ ਦੀ ਸੇਵਾ ਸੰਭਾਲ ਪ੍ਰਬੰਧਕ ਕਮੇਟੀ ਤੇ ਬਾਬਾ ਗੰਗਾ ਰਾਮ ਕੁਸ਼ਤੀ ਕਲੱਬ ਦੇ ਸਹਿਯੋਗ ਨਾਲ 1984 ਘੱਲੂਘਾਰਾ ਦੇ ਸ਼ਹੀਦ ਸਮੂਹ ਸਿੰਘ, ਸਿੰਘਣੀਆਂ ਤੇ ਭੁਜੰਗੀ ਸਿੰਘਾਂ ਦੀ ਯਾਦ ਵਿੱਚ ਬੂਟਿਆਂ ਦਾ ਲੰਗਰ ਲਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਾਧੋਦਾਸ ਸਿੰਘ ਖਾਲਸਾ ਨੇ ਦੱਸਿਆ ਕਿ ਇਸ ਮੌਕੇ ਕਰੀਬ 500 ਪੌਦੇ ਵੰਡੇ ਗਏ ਹਨ ਤੇ ਹਰ ਇੱਕ ਨੂੰ ਇਹ ਨਿਮਰਤਾ ਸਹਿਤ ਅਪੀਲ ਕੀਤੀ ਹੈ ਕਿ ਇਸ ਬੂਟੇ ਨੂੰ ਲਗਾ ਕੇ ਉਸ ਦਾ ਵੱਡੇ ਹੋਣ ਤੱਕ ਪੂਰਾ ਪਾਲਣ ਪੋਸ਼ਣ ਕੀਤਾ ਜਾਵੇ ਤਾਂ ਜੋ ਸਾਡੇ ਸ਼ਹੀਦਾਂ ਦੀ ਯਾਦ ਨੂੰ ਦਰਸਾਉਂਦਾ ਰਹੇ।ਇਸ ਮੌਕੇ ਹਰਮੇਲ ਸਿੰਘ, ਭਲਵਾਨ ਗੁਰਪ੍ਰੀਤ ਸਿੰਘ, ਜਗਸੀਰ ਸਿੰਘ, ਅੰਮ੍ਰਿਤ ਪਾਲ ਸਿੰਘ, ਗੁਰਪਾਲ ਸਿੰਘ, ਨਵਜੋਤ ਸਿੰਘ ਮਾਨ, ਭੋਲਾ ਸਿੰਘ, ਮਨੋਹਰ ਸਿੰਘ, ਗੁਰਦੀਪ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

11 Jun Page-3.qxd 6/10/2025 9:13 PM Page 1



## 94 ਨਸ਼ੀਲੇ ਕੈਪਸੂਲਾਂ ਸਮੇਤ ਦੋ ਨੌਜਵਾਨ ਕਾਬੂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਥਾਣਾ ਘੁੰਮਣ ਕਲਾਂ ਦੀ ਪੁਲਸ ਨੇ ਦੋ ਨੌਜਵਾਨਾਂ ਨੂੰ 94 ਨਸ਼ੀਲੇ ਕੈਪਸੂਲਾਂ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਥਾਣਾ ਘੁੰਮਣ ਕਲਾਂ ਦੇ ਐੱਸਐੱਚਓ ਸਬ ਇੰਸਪੈਕਟਰ ਜਗਦੀਸ਼ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਸੁਚਾਨੀਆ ਰੋਡ ਰੇਲਵੇ ਫਾਟਕ ਮੌਜੂਦ ਸੀ ਕਿ ਸਾਹਮਣੇ ਤੋਂ ਪੈਦਲ ਆ ਰਹੇ ਦੋ ਨੌਜਵਾਨਾਂ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਉਨ੍ਹਾਂ ਦੀ ਤਲਾਸ਼ੀ ਲੈਣ 'ਤੇ ਉਨ੍ਹਾ ਕੋਲੋਂ ਮਿਲ ਪੀਲੇ ਰੰਗ ਦੇ ਲਿਫਾਫੇ ਵਿੱਚੋਂ 94 ਨਸ਼ੀਲੇ ਕੈਪਸੂਲ ਬ੍ਰਾਮਦ ਹੋਏ। ਪੁੱਛਗਿੱਛ ਕਰਨ 'ਤੇ ਮੁਲਜ਼ਮਾਂ ਨੇ ਆਪਣੀ ਪਛਾਣ ਬਲਵਿੰਦਰ ਸਿੰਘ ਉਰਫ ਖੱਬਾ ਪੁੱਤਰ ਬੀਰ ਸਿੰਘ ਵਾਸੀ ਵੜੈਚ ਅਤੇ ਗਗਨਦੀਪ ਸਿੰਘ ਉਰਫ ਨਿਹਾਲਾ ਪੁੱਤਰ ਕੁਲਵੰਤ ਸਿੰਘ ਵਾਸੀ ਘੁੰਮਣ ਖੁਰਦ ਵਜੋਂ ਦੱਸੀ। ਪੁਲਸ ਨੇ ਇਨ੍ਹਾਂ ਦੋਵਾਂ ਨੌਜਵਾਨਾਂ ਨੂੰ 94 ਨਸ਼ੀਲੇ ਕੈਪਸੂਲ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

## ਮਲਟੀਪਰਪਜ਼ ਹੈਲਥ ਇੰਪਲਾਈਜ਼ (ਫੀਮੇਲ) ਜ਼ਿਲ੍ਹਾ ਗੁਰਦਾਸਪੁਰ ਦੇ ਅਹੁਦੇਦਾਰਾਂ ਦੀ ਚੋਣ



**ਵੇਰਕਾ (ਰਾਣਾ)-** ਸੀਨੀਅਰ ਮੁਲਾਜ਼ਮ ਆਗੂ ਪ੍ਰਭਜੀਤ ਸਿੰਘ ਉੱਪਲ ਅੰਮ੍ਰਿਤਸਰ, ਸੂਬਾ ਆਗੂ ਪਰਮਜੀਤ ਕੌਰ ਬਟਾਲਾ, ਜ਼ਿਲਾ ਗੁਰਦਾਸਪੁਰ ਫੈਡਰੇਸ਼ਨ ਪ੍ਰਧਾਨ ਨਿਸ਼ਾਨ ਸਿੰਘ, ਪ੍ਰਧਾਨ ਗੁਰਮੀਤ ਸਿੰਘ, ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਰਾਜਬੀਰ ਸਿੰਘ ਅਤੇ ਬਹੁਮੰਤਵੀ ਸਿਹਤ ਕਰਮਚਾਰੀ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਖਾਲਸਾ ਅਤੇ ਬਹੁਮੰਤਵੀ ਸਿਹਤ ਕਰਮਚਾਰੀ ਐਸੋਸੀਏਸ਼ਨ ਪੰਜਾਬ ਦੇ ਸੂਬਾ ਮੁੱਖ ਸਲਾਹਕਾਰ ਸੰਦੀਪ ਸਿੰਘ ਰਮਦਾਸ ਆਦਿ ਆਗੂਆਂ ਨੇ ਸਲਾਹ ਮਸ਼ਵਰਾ ਕਰਨ ਤੋਂ ਉਪਰੰਤ ਜ਼ਿਲ੍ਹਾ ਗੁਰਦਾਸਪੁਰ ਦੇ ਅਹੁਦੇਦਾਰਾਂ ਦੀ ਚੋਣ ਕਰਵਾਈ ਜਿਸ ਵਿਚ ਪਰਮਜੀਤ ਕੌਰ ਬਟਾਲਾ ਨੂੰ ਜ਼ਿਲ੍ਹਾ ਸਰਪ੍ਰਸਤ, ਰਮਨਜੀਤ ਕੌਰ ਮਾਨ ਨੌਸ਼ਹਿਰਾ ਮੱਝਾ ਸਿੰਘ ਪ੍ਰਧਾਨ, ਅਮਨਦੀਪ ਕੌਰ ਬਾਠ ਪੀ. ਐਚ. ਸੀ. ਫਤਿਹਗੜ੍ਹ ਚੂੜੀਆਂ ਨੂੰ ਜਨਰਲ ਸਕੱਤਰ, ਸੁਖਵੰਤ ਕੌਰ ਐੱਲ. ਐੱਚ. ਵੀ. ਨੂੰ ਸੀਨੀ: ਮੀਤ ਪ੍ਰਧਾਨ, ਲਖਵਿੰਦਰ ਕੌਰ ਕੈਸ਼ੀਅਰ, ਮਨਜਿੰਦਰ ਕੌਰ ਫਤਿਹਗੜ੍ਹ ਚੂੜੀਆਂ ਸਲਾਹਕਾਰ, ਹਰਦੀਪ ਕੌਰ ਨੌਸ਼ਹਿਰਾ ਮੱਝਾ ਸਿੰਘ ਸਲਾਹਕਾਰ, ਰਾਜਬੀਰ ਕੌਰ ਮੀਤ ਪ੍ਰਧਾਨ, ਅੰਜਨਾ ਸਲਾਹਕਾਰ, ਸੁਨੀਤਾ ਪ੍ਰੈੱਸ ਸਕੱਤਰ ਅਤੇ ਸੋਮੀ, ਰੰਜਨਾ, ਹਰਜੀਤ ਕੌਰ, ਪਰਮਜੀਤ ਕੌਰ, ਸੁਨੀਤਾ, ਬਲਵਿੰਦਰ ਕੌਰ, ਕੌਸ਼ੱਲਿਆ, ਅਮਰਜੀਤ ਕੌਰ, ਕੁਲਦੀਪ ਕੌਰ ਧਿਆਨਪੁਰ, ਆਸ਼ਾ ਰਾਣੀ ਬਟਾਲਾ ਨੂੰ ਐਗਜ਼ੀਕਿਊਟਿਵ ਮੈਂਬਰ ਚੁਣਿਆ ਗਿਆ। ਇਸ ਮੌਕੇ ਚੁਣੇ ਗਏ ਜਥੇਬੰਦਕ ਅਹੁਦੇਦਾਰਾਂ ਨੇ ਆਖਿਆ ਕਿ ਕੇਡਰ ਦੀਆਂ ਮੰਗਾਂ ਨੂੰ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਹੱਲ ਕਰਵਾਇਆ ਜਾਵੇਗਾ। ਇਸ ਮੌਕੇ ਬਲਕਾਰ ਸਿੰਘ ਥਰੀਏਵਾਲ, ਹੁਸ਼ਿਆਰਪੁਰ ਤੋਂ ਓਮਕਾਰ ਸਿੰਘ, ਪ੍ਰਦੀਪ ਸਿੰਘ ਸੈਣੀ, ਪਵਨ ਕੁਮਾਰ ਹਾਜੀਪੁਰ, ਰਾਜੇਸ਼ਵਰ ਕੁਮਾਰ ਹਾਜੀਪੁਰ, ਸੁਨੀਲ ਪੋਸੀ, ਵਿਰਸਾ ਸਿੰਘ ਮੰਡ ਮੰਡੇਰ, ਗੁਰਦਾਸਪੁਰ ਤੋਂ ਸਰਵਣ ਸਿੰਘ, ਸੁਰਜੀਤ ਸਿੰਘ, ਸੱਤਪਾਲ ਸਿੰਘ, ਸਰੂਪ ਸਿੰਘ, ਅਸ਼ੋਕ ਕੁਮਾਰ, ਜਤਿੰਦਰਪਾਲ ਸਿੰਘ, ਦਰਬਾਰਾ ਸਿੰਘ, ਵਿਜੈ ਕੁਮਾਰ, ਸੰਦੀਪ ਸਿੰਘ, ਸੁਖਵਿੰਦਰ ਸਿੰਘ ਤੇ ਹੋਰ ਕਈ ਸਾਥੀ ਵੀ ਹਾਜ਼ਰ ਸਨ। ਚੋਣ ਉਪਰੰਤ ਮੁਲਾਜ਼ਮਾਂ ਦੀਆਂ ਭਖਦੀਆਂ ਮੰਗਾਂ ਸੰਬੰਧੀ ਉਕਤ ਜਥੇਬੰਦਕ ਵਫਦ ਵੱਲੋਂ ਮਾਨਯੋਗ ਸਿਵਲ ਸਰਜਨ ਜ਼ਿਲ੍ਹਾ ਗੁਰਦਾਸਪੁਰ ਨਾਲ ਹੰਗਾਮੀ ਮੀਟਿੰਗ ਕਰਨ ਉਪਰੰਤ ਯੂਨੀਅਨ ਵੱਲੋਂ ਉਨ੍ਹਾਂ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਨੂੰ ਯੂਨੀਅਨ ਵੱਲੋਂ ਸਿਰੋਪਾਉ ਭੇਟ ਕੀਤਾ ਗਿਆ।

## ਫੂਡ ਪ੍ਰੋਸੈਸਿੰਗ ਤੇ 'ਲਾਈਫ ਲੌਂਗ ਲਰਨਿੰਗ' ਪ੍ਰੋਗਰਾਮ ਤਹਿਤ ਚਾਰ ਰੋਜ਼ਾ ਵਰਕਸ਼ਾਪ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖਾਲਸਾ ਕਾਲਜ ਦੇ ਖਾਲਸਾ ਗਲੋਬਲ ਰੀਚ ਸਕਿੱਲ ਡਿਵੈਲਪਮੈਂਟ ਸੈਂਟਰ ਵੱਲੋਂ ਸਮਾਜ ਦੀਆਂ ਲੋੜਵੰਦ ਔਰਤਾਂ ਨੂੰ ਵਿਹਾਰਕ ਹੁਨਰਾਂ ਨਾਲ ਸਸ਼ਕਤ ਬਣਾਉਣ ਅਤੇ ਸਥਾਨਕ ਉੱਦਮਤਾ ਨੂੰ ਵਧਾਉਣ ਦੇ ਮਕਸਦ ਤਹਿਤ ਫੂਡ ਪ੍ਰੋਸੈਸਿੰਗ 'ਤੇ 'ਲਾਈਫ ਲੌਂਗ ਲਰਨਿੰਗ' ਪ੍ਰੋਗਰਾਮ ਅਧੀਨ 4 ਦਿਨਾ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਫੂਡ ਪ੍ਰੋਸੈਸਿੰਗ ਸਿਖਲਾਈ ਕੇਂਦਰ ਵਲੋਂ ਕਮਜ਼ੋਰ ਵਰਗ ਦੀਆਂ ਲੋੜਵੰਦ ਔਰਤਾਂ ਦੇ ਹੁਨਰ ਵਿਕਾਸ ਅਤੇ ਸਵੈ-ਨਿਰਭਰਤਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਉਕਤ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਉਕਤ ਪ੍ਰੋਗਰਾਮ ਦੇ ਉਦਘਾਟਨ ਉਪਰੰਤ ਆਪਣੇ ਸੰਬੋਧਨ 'ਚ ਖਾਸ ਕਰਕੇ ਸਵੈ-ਨਿਰਭਰਤਾ ਦੀ ਮੰਗ ਕਰਨ ਵਾਲੀਆਂ ਔਰਤਾਂ ਲਈ ਅੱਜ ਦੀ ਆਰਥਿਕਤਾ 'ਚ ਹੁਨਰ ਵਾਧੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਫੂਡ ਪ੍ਰੋਸੈਸਿੰਗ ਭਾਰਤ 'ਚ ਸਭ ਤੋਂ ਤੇਜ਼ੀ ਨਾਲ ਵੱਧ ਰਹੇ ਖੇਤਰਾਂ 'ਚੋਂ ਇਕ ਹੈ ਅਤੇ ਇਸ ਖੇਤਰ 'ਚ ਔਰਤਾਂ ਨੂੰ ਸਿਖਲਾਈ ਦੇਣ ਨਾਲ ਘਰੇਲੂ ਆਮਦਨ ਅਤੇ ਸਥਾਨਕ ਉੱਦਮਤਾ 'ਚ ਮਹੱਤਵਪੂਰਨ ਯੋਗਦਾਨ ਪਾਇਆ ਜਾ ਸਕਦਾ ਹੈ। ਉਨ੍ਹਾਂ ਨੇ ਸਿਖਲਾਈ ਕੇਂਦਰ ਵੱਲੋਂ ਆਯੋਜਿਤ ਉਕਤ ਪ੍ਰੋਗਰਾਮ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਲੋੜਵੰਦ ਔਰਤਾਂ ਨੂੰ ਸਮਾਜ 'ਚ ਸਵੈ-ਨਿਰਭਰ ਬਣਾਉਣ ਲਈ ਸਮੇਂ ਦੀ ਲੋੜ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਸਮਾਵੇਸ਼ੀ ਸਿੱਖਿਆ ਅਤੇ ਭਾਈਚਾਰਕ ਵਿਕਾਸ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਇਸ ਮੌਕੇ ਡਿਵੈਲਪਮੈਂਟ ਸੈਂਟਰ ਦੇ ਡਾਇਰੈਕਟਰ ਡਾ. ਅਨੂੰ ਸਹਿਗਲ ਨੇ ਖ਼ਾਲਸਾ ਗਲੋਬਲ ਰੀਚ ਸਕਿੱਲ ਡਿਵੈਲਪਮੈਂਟ ਸੈਂਟਰ ਅਧੀਨ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਸਬੰਧੀ ਜਾਣੂ ਕਰਵਾਇਆ। ਪ੍ਰੋਗਰਾਮ ਕੋਆਰਡੀਨੇਟਰ ਡਾ. ਗੁਰਸ਼ਰਨ ਕੌਰ ਨੇ ਪਤਵੰਤਿਆਂ ਅਤੇ ਵਰਕਸ਼ਾਪ ਦੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ 4 ਦਿਨਾ ਵਰਕਸ਼ਾਪ ਦੌਰਾਨ ਲੋੜਵੰਦ ਔਰਤਾਂ ਨੂੰ ਫਰੂਟ ਸਕੁਐਸ਼, ਮਿਕਸਡ ਫਰੂਟ ਜੈਮ, ਫਲਾਂ ਦੀ ਚਟਨੀ ਅਤੇ ਸ਼ਰਬਤ ਆਦਿ ਤਿਆਰ ਕਰਨ ਲਈ ਹੱਥੀਂ ਸਿਖਲਾਈ ਪ੍ਰਦਾਨ ਕੀਤੀ ਗਈ। ਇਸ ਮੌਕੇ ਕੋ-ਕੋਆਰਡੀਨੇਟਰ ਡਾ. ਸੰਦੀਪ ਸਿੰਘ, ਡਾ. ਲਵਲੀਨ ਕੌਰ ਅਤੇ ਕੰਚਨ ਨੇ ਭਾਗੀਦਾਰਾਂ ਨੂੰ ਵੱਖ-ਵੱਖ ਭੋਜਨ ਉਤਪਾਦਾਂ ਦੀ ਸਿਖਲਾਈ ਪ੍ਰਦਾਨ ਕਰਨ 'ਚ ਯੋਗਦਾਨ ਪਾਇਆ। ਇਸ ਪ੍ਰੋਗਰਾਮ 'ਚ 65 ਤੋਂ ਵਧੇਰੇ ਔਰਤਾਂ ਨੇ ਨਾਮ ਦਰਜ ਕਰਵਾਇਆ। ਇਸ ਮੌਕੇ ਡਾ. ਤਮਿੰਦਰ ਸਿੰਘ, ਡਾ. ਦਲਜੀਤ ਸਿੰਘ, ਪ੍ਰੋ. ਸਤਨਾਮ ਸਿੰਘ ਆਦਿ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ ਵੀ ਮੌਜੂਦ ਸਨ।

## ਸਰਦਾਰ ਬ੍ਰਦਰਜ਼ ਪਗੜੀ ਸੈਂਟਰ ਵਾਲਿਆਂ ਨੂੰ ਪੱਗਾਂ ਬੰਨ੍ਹਣ ਦਾ ਸੁਭਾਗ ਪ੍ਰਾਪਤ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)-** ਸਰਦਾਰ ਬ੍ਰਦਰਜ਼ ਪਗੜੀ ਸੈਂਟਰ ਝਬਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਪੱਗਾਂ ਬੰਨ੍ਹਣ ਦੀ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ ਜਿਸ ਵਿਚ ਗੁਰਦੁਆਰਾ ਬੀਬੀ ਵੀਰੋ ਜੀ ਦੀ ਸਾਰੀ ਮੈਨੇਜਮੈਂਟ ਕਮੇਟੀ ਤੇ ਸੰਗਤਾਂ ਦੇ ਭਰਪੂਰ ਸਹਿਯੋਗ ਸਦਕਾ ਇਹ ਮੇਲਾ ਮਨਾਇਆ ਗਿਆ। ਮੇਲੇ ਵਿੱਚ ਹਰਜੀਤ ਸਿੰਘ ਬ੍ਰਦਰਜ਼ ਪਗੜੀ ਸੈਂਟਰ ਅੰਮ੍ਰਿਤਸਰ ਵੱਲੋਂ ਵੀ ਪੱਗਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਤੇ ਭਾਈ ਗੁਰਇਕਬਾਲ ਸਿੰਘ ਨੇ ਥਾਪੜਾ ਦੇ ਕੇ ਸਾਡੀ ਸਾਰੀ ਟੀਮ ਨੂੰ ਇਸ ਚੰਗੇ ਕੰਮ ਦੀ ਸ਼ਲਾਘਾ ਕੀਤੀ ਅਤੇ ਵੱਧ ਚੜ੍ਹ ਕੇ ਸੇਵਾ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਦਸਤਾਰ ਕੋਚ ਭਾਈ ਪਰਮਜੀਤ ਸਿੰਘ ਲਾਡੀ, ਭਾਈ ਗੁਰਜੀਤ ਸਿੰਘ ਲੱਕੀ ਵੱਲੋਂ ਆਏ ਹੋਏ ਸੰਤਾਂ ਮਹਾਂਪੁਰਖਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਭਾਈ ਰਣਧੀਰ ਸਿੰਘ ਝਬਾਲ, ਭਾਈ ਰਣਜੀਤ ਸਿੰਘ, ਰਾਣਾ ਝਬਾਲ ਟਰੱਕਾਂ ਵਾਲੇ, ਭਾਈ ਰਜਵੰਤ ਸਿੰਘ ਰਾਜੂ ਮੈਂਬਰ ਤੇ ਸਾਰੀ ਟੀਮ ਹਾਜ਼ਰ ਸੀ।

## ਡੀਐੱਸਪੀ ਵਿਜੀਲੈਂਸ ਸ਼ਰਨਜੀਤ ਸਿੰਘ ਦਾ ਸਨਮਾਨ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-** ਸ਼ਰਨਜੀਤ ਸਿੰਘ ਡੀਐੱਸਪੀ ਵਿਜੀਲੈਂਸ ਨੂੰ ਪਦਉਨਤ ਹੋਣ 'ਤੇ ਸਾਬਕਾ ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਨੇ ਉਨ੍ਹਾਂ ਦੇ ਦਫਤਰ ਜਾ ਕੇ ਸਨਮਾਨਿਤ ਕੀਤਾ। ਚੇਅਰਮੈਨ ਸ਼ੇਖ ਨੇ ਇਸ ਮੌਕੇ ਗੱਲਬਾਤ ਕਰਦਿਆਂ ਕਿਹਾ ਕਿ ਸ਼ਰਨਜੀਤ ਸਿੰਘ ਬਤੌਰ ਇੰਸਪੈਕਟਰ ਵਿਜੀਲੈਂਸ ਵਿਚ ਆਪਣੀਆਂ ਸੇਵਾਵਾਂ ਬੜੀ ਹੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਂਦੇ ਆਏ ਹਨ। ਅੱਜ ਉਨ੍ਹਾਂ ਦੀ ਤਰੱਕੀ ਮੌਕੇ ਅਸੀਂ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਭੇਟ ਕਰਦੇ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੋਧਬੀਰ ਸਿੰਘ ਤਰਨਤਾਰਨ, ਸੋਨੂੰ ਸ਼ਾਹ ਜੀਓਬਾਲਾ, ਰਛਪਾਲ ਸਿੰਘ ਸਰਪੰਚ ਜੀਓਬਾਲਾ ਅਤੇ ਗੁਰਨਾਮ ਸਿੰਘ ਭੂਰੇਗਿੱਲ ਆਦਿ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਵੁਸ਼ੂ ਮੁਕਾਬਲਿਆਂ 'ਚ ਤਮਗੇ ਜਿੱਤੇ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)-** ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਵਿਦਿਆਰਥੀਆਂ ਨੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਾਲਾਨਾ 27ਵੀਂ ਜੂਨੀਅਰ ਅਤੇ ਸੀਨੀਅਰ ਪੰਜਾਬ ਸਟੇਟ ਵੁਸ਼ੂ ਚੈਂਪੀਅਨਸ਼ਿਪ 2025 ਵਿੱਚ ਭਾਗ ਲਿਆ ਅਤੇ ਸਭ ਵਿਦਿਆਰਥੀਆਂ ਵੱਲੋਂ ਵਧੀਆ ਕਾਰਗੁਜ਼ਾਰੀ ਕਰਦੇ ਚਾਂਦੀ ਦੇ ਤਮਗੇ ਜਿੱਤੇ। ਇਹ ਮੁਕਾਬਲੇ ਸਨਾਤਨ ਧਰਮ ਸਭਾ ਨੇੜੇ ਹਿੰਦੂ ਕੰਨਿਆ ਕਾਲਜ ਕਪੂਰਥਲਾ ਵਿਖੇ ਕਰਵਾਏ ਗਏ ਜਿਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਪੁਰਜ਼ੋਰ ਮਿਹਨਤ ਕਰਦੇ ਹੋਏ ਚਾਂਦੀ ਦੇ ਤਮਗੇ ਹਾਸਲ ਕੀਤੇ, ਜਿਸ ਵਿੱਚ ਰਿਸਵ ਸਪੁੱਤਰ ਸੁਦਾਮਾ, ਏਕਮਜੋਤ ਸਿੰਘ ਸਪੁੱਤਰ ਮੇਜਰ ਸਿੰਘ ਅਤੇ ਕਰਨਪ੍ਰੀਤ ਕੌਰ ਸਪੁੱਤਰੀ ਸੁਖਵਿੰਦਰ ਸਿੰਘ ਦੁਆਰਾ ਵਧੀਆ ਕਾਰਗੁਜ਼ਾਰੀ ਕਰਦੇ ਹੋਏ ਚਾਂਦੀ ਦੇ ਤਮਗੇ ਪ੍ਰਾਪਤ ਕੀਤੇ ਗਏ। ਪ੍ਰਿੰਸੀਪਲ ਕਿਰਨ ਕੇਸਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਮੁਬਾਰਕਾਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਦੁਆਰਾ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਬਹੁਤ ਬਹੁਤ-ਬਹੁਤ ਵਧਾਈ ਦਿੱਤੀ ਗਈ। ਰਾਜ ਪੱਧਰੀ ਚੈਂਪੀਅਨਸ਼ਿਪ ਮੁਕਾਬਲੇ ਜਿੱਤਣ ਤੋਂ ਬਾਅਦ ਸਕੂਲ ਵਾਪਸੀ ਤੇ ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਵਿਦਿਆਰਥੀ ਇਸੇ ਤਰ੍ਹਾਂ ਹਰ ਖੇਤਰ ਵਿੱਚ ਅੱਗੇ ਵਧਣ ਅਤੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਨੇ ਕਿਹਾ ਕਿ ਖੇਡਾਂ ਸਾਡੇ ਮਾਨਸਿਕ ਅਤੇ ਸਰੀਰਕ ਵਿਕਾਸ ਦਾ ਅਨਿੱਖੜਵਾਂ ਅੰਗ ਹਨ। ਹਰੇਕ ਵਿਦਿਆਰਥੀ ਨੂੰ ਖੇਡਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਵਿਦਿਆਰਥੀਆਂ ਦੀ ਇਸ ਵੱਡੀ ਪ੍ਰਾਪਤੀ ਤੇ ਸਕੂਲ ਵਿੱਚ ਬਹੁਤ ਹੀ ਖੁਸ਼ਨੁਮਾ ਮਾਹੌਲ ਦੇਖਣ ਨੂੰ ਮਿਲਿਆ।

## ਸ਼੍ਰੋਮਣੀ ਕਮੇਟੀ ਫੌਜੀ ਹਮਲੇ ਤੇ ਝੂਠੇ ਮੁਕਾਬਲਿਆਂ ਬਾਰੇ ਕਮਿਸ਼ਨ ਬਣਾਵੇ : ਖਾਲੜਾ ਮਿਸ਼ਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖਾਲੜਾ ਮਿਸ਼ਨ ਕਮੇਟੀ ਦੇ ਆਗੂਆਂ ਐਡਵੋਕੇਟ ਜਗਦੀਪ ਸਿੰਘ ਰੰਧਾਵਾ, ਵਿਰਸਾ ਸਿੰਘ ਬਹਿਲਾ, ਬਾਬਾ ਦਰਸ਼ਨ ਸਿੰਘ ਨੇ ਪਿੰਡ ਬਹਿਲਾ ਵਿਖੇ ਮਨੁੱਖੀ ਸ਼ੀਲਡ ਬਣਾ ਕੇ ਅਤੇ ਸੁਰੱਖਿਆ ਫੋਰਸਾਂ ਨਾਲ ਲੜਦਿਆਂ ਸ਼ਹੀਦੀ ਪਾਉਣ ਵਾਲਿਆਂ ਦੀ ਯਾਦ ਵਿੱਚ ਸਮਾਗਮ ਕੀਤਾ ਗਿਆ ਜਿਸ ਵਿੱਚ ਆਖਿਆ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਾਂਗਰਸੀ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਉਣ ਦਾ ਮਤਾ ਰੱਦ ਕਰਕੇ ਝੂਠੇ-ਸੱਚੇ ਮੁਕਾਬਲਿਆਂ ਵਿੱਚ ਸ਼ਹੀਦੀ ਪਾਉਣ ਵਾਲਿਆਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਵੇ। ਖਾਲੜਾ ਮਿਸ਼ਨ ਤੇ ਮਨੁੱਖੀ ਅਧਿਕਾਰ ਇਨਸਾਫ ਸੰਘਰਸ਼ ਕਮੇਟੀ ਨੇ ਕਿਹਾ ਕਿ 41 ਸਾਲ ਬਾਅਦ ਵੀ ਮੰਨੂਵਾਦੀਆਂ ਅਤੇ ਉਨ੍ਹਾਂ ਦੇ ਦਲਾਲਾਂ ਨੇ ਸ੍ਰੀ ਦਰਬਾਰ ਸਾਹਿਬ 'ਤੇ ਫੌਜੀ ਹਮਲੇ ਦਾ ਸੱਚ ਛੁਪਾਇਆ ਹੈ। ਉਨ੍ਹਾਂ ਕਿਹਾ ਕਿ ਇੰਗਲੈਂਡ ਦੀ ਲੇਬਰ ਪਾਰਟੀ ਦੇ ਐੱਮਪੀ ਧੰਨਵਾਦ ਦੇ ਪਾਤਰ ਹਨ ਜੋ ਫੌਜੀ ਹਮਲੇ ਸਮੇਂ ਇੰਗਲੈਂਡ ਵੱਲੋਂ ਨਿਭਾਏ ਰੋਲ ਦੀ ਪੜਤਾਲ ਦੀ ਮੰਗ ਕਰ ਰਹੇ ਹਨ। ਹੈਰਾਨੀ ਦੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਦਰਬਾਰ ਸਾਹਿਬ 'ਤੇ ਫੌਜੀ ਹਮਲੇ ਦਾ ਸੱਚ ਸਾਹਮਣੇ ਲਿਆਉਣ ਲਈ ਕੋਈ ਯਤਨ ਨਹੀਂ ਕਰ ਰਹੀ। ਸਰਕਾਰਾਂ ਪੰਜਾਬ ਦੀ ਧਰਤੀ ਤੋਂ ਸਿੱਖੀ ਨੂੰ ਖਤਮ ਕਰਨ ਲਈ ਨਿੱਤ ਨਵੇਂ ਬਿਰਤਾਂਤ ਸਿਰਜ ਰਹੀਆਂ ਹਨ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੈਂਡ ਪੂਲਿੰਗ ਸਕੀਮ ਦਾ ਡਟ ਕੇ ਵਿਰੋਧ ਕਰਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਨਾਮ 'ਤੇ ਅਤੇ ਭਗਵੰਤ ਮਾਨ ਕਿਸਾਨਾਂ ਦੀ ਆਮਦਨ ਚਾਰ ਗੁਣਾ ਕਰਨ ਦੇ ਨਾਮ 'ਤੇ ਕਿਸਾਨਾਂ ਦੀ ਜ਼ਮੀਨ ਖੋਹ ਰਹੇ ਹਨ ਅਤੇ ਕਾਰਪੋਰੇਟ ਘਰਾਣਿਆਂ ਦੀ ਸੇਵਾ ਵਿੱਚ ਲੱਗੇ ਹੋਏ ਹਨ। ਇਸ ਮੌਕੇ ਸ਼ਹੀਦੀ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਸੁਖਚੈਨ ਸਿੰਘ, ਗੁਰਨਾਮ ਸਿੰਘ, ਗੁਰਨਾਮ ਸਿੰਘ ਧਰਮੀ ਫੌਜੀ, ਕਸ਼ਮੀਰ ਸਿੰਘ, ਹਰਜਿੰਦਰ ਸਿੰਘ, ਅਮਰੀਕ ਸਿੰਘ, ਭੁਪਿੰਦਰ ਸਿੰਘ, ਹਰਮਨਦੀਪ ਸਿੰਘ, ਮਿਲਖਾ ਸਿੰਘ, ਸਤਵਿੰਦਰ ਸਿੰਘ ਆਦਿ ਨੇ ਹਾਜ਼ਰੀ ਭਰੀ।

## ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਤੇ ਪੂਸਾ 44 ਦੀ ਲਵਾਈ ਨਾ ਕੀਤੀ ਜਾਵੇ: ਡਿਪਟੀ ਕਮਿਸ਼ਨਰ



**ਗੁਰਦਾਸਪੁਰ (ਜਨਕ ਮਹਾਜਨ)-** ਪੰਜਾਬ ਸਰਕਾਰ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀ ਸਿਫਾਰਸ਼ ਤੇ ਝੋਨੇ ਦੀਆਂ ਲੰਮਾ ਸਮਾਂ ਲੈਣ ਵਾਲੀ ਕਿਸਮ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਦੀ ਵਿਕਰੀ, ਭੰਡਾਰਨ ਅਤੇ ਲਵਾਈ ਕਰਨ 'ਤੇ ਲਗਾਈ ਪਾਬੰਦੀ ਨੂੰ ਲਾਗੂ ਕਰਵਾਉਣ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਕਰਨ ਸਮੇਂ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਝੋਨੇ ਦੀ ਖੇਤੀ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਵਿਚ ਲਗਾਤਾਰ ਗਿਰਾਵਟ ਆ ਰਹੀ ਹੈ ਅਤੇ ਇਸ ਗਿਰਾਵਟ ਨੂੰ ਰੋਕਣ ਲਈ ਪੰਜਾਬ ਸਰਕਾਰ ਵਲੋਂ ਪੱਕਣ ਵਿਚ ਲੰਮਾ ਸਮਾਂ ਲੈਣ ਵਾਲੀਆਂ ਕਿਸਮਾਂ ਜਿਵੇਂ ਪੂਸਾ 44 ਕਿਸਮਾਂ ਦੀ ਲਵਾਈ ਕਰਨ 'ਤੇ ਪਾਬੰਦੀ ਲਗਾਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਿਸਮਾਂ ਤੋਂ ਇਲਾਵਾ ਝੋਨੇ ਦੀਆਂ ਦੋਗਲੀਆਂ ਕਿਸਮਾਂ ਦੀ ਬਿਜਾਈ 'ਤੇ ਵੀ ਪਾਬੰਦੀ ਲਗਾਈ ਗਈ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਕਰਨ ਸਮੇਂ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਕਿਸੇ ਵੀ ਬੀਜ ਵਿਕਰੇਤਾ ਵੱਲੋਂ ਪੂਸਾ 44 ਅਤੇ ਹਾਈਬ੍ਰਿਡ ਕਿਸਮਾਂ ਨਹੀਂ ਵੇਚੀਆਂ ਜਾਣਗੀਆਂ। ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਇਨ੍ਹਾਂ ਪਾਬੰਦੀਸ਼ੁਦਾ ਕਿਸਮਾਂ ਤੋਂ ਪਰਾਲੀ ਵੱਧ ਪੈਦਾ ਹੁੰਦੀ ਅਤੇ ਕਿਸਾਨਾਂ ਵੱਲੋਂ ਆਮ ਕਰਕੇ ਪਰਾਲੀ ਨੂੰ ਖੇਤਾਂ ਵਿਚ ਸੰਭਾਲਣ ਦੀ ਬਿਜਾਏ ਅੱਗ ਲਗਾ ਦਿੱਤੀ ਜਾਂਦੀ ਹੈ ਜਿਸ ਨਾਲ ਹਵਾ ਦਾ ਪ੍ਰਦੂਸ਼ਣ ਵੱਧ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਸ਼ੈਲਰ ਮਾਲਕਾਂ ਨੇ ਵੀ ਕਿਹਾ ਹੈ ਕਿ ਪੀਆਰ 126 ਝੋਨੇ ਦੀ ਕਿਸਮ ਤੋਂ ਕੋਈ ਦਿੱਕਤ ਨਹੀਂ ਹੈ ਅਤੇ ਇਸ ਕਿਸਮ ਦੀ ਖ਼ਰੀਦ ਆਮ ਕਿਸਮਾਂ ਵਾਂਗ ਹੀ ਹੋਵੇਗੀ।

## ਬਾਬਾ ਭੂਰੀ ਵਾਲਿਆਂ ਵੱਲੋਂ ਸਰਕਾਰੀ ਥਾਂ 'ਤੇ ਕੀਤਾ ਨਜਾਇਜ਼ ਕਬਜ਼ਾ ਹਟਾਉਣ ਦੇ ਹੁਕਮ ਜਾਰੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸਥਾਨਕ ਨਗਰ ਨਿਗਮ ਦੇ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਰਵਾਈ ਕਰਦੇ ਹੋਏ ਸੰਯੁਕਤ ਕਮਿਸ਼ਨਰ ਡਾ. ਜੈ ਇੰਦਰ ਸਿੰਘ ਵਲੋਂ ਸ਼੍ਰੀ ਗੁਰੂ ਰਾਮਦਾਸ ਹਸਪਤਾਲ ਨੇੜੇ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਸਾਹਮਣੇ ਸਥਿਤ ਸਰਕਾਰੀ ਥਾਂ ਦਾ ਅਚਾਨਕ ਨਿਰੀਖਣ ਕੀਤਾ ਗਿਆ। ਇਸ ਥਾਂ ਤੇ ਪਹਿਲਾਂ ਵੀ ਕਮਿਸ਼ਨਰ ਨਗਰ ਨਿਗਮ ਨੂੰ ਬਾਬਾ ਭੂਰੀ ਵਾਲਿਆਂ ਵੱਲੋਂ ਸਰਕਾਰੀ ਥਾਂ ਨਜਾਇਜ਼ ਕਬਜ਼ਾ ਕਰਨ ਸਬੰਧੀ ਸ਼ਿਕਾਇਤਾਂ ਮਿਲੀਆਂ ਸਨ ਅਤੇ ਅੱਜ ਇਸੇ ਥਾਂ ਦਾ ਜਦੋਂ ਸੰਯੁਕਤ ਕਮਿਸ਼ਨਰ ਦੀ ਟੀਮ ਵਲੋਂ ਮੌਕਾ ਵੇਖਿਆ ਗਿਆ ਤਾਂ ਪਤਾ ਲੱਗਾ ਕਿ ਚੇਤਾਵਨੀ ਦੇਣ ਦੇ ਬਾਵਜੂਦ ਬਾਬਾ ਭੂਰੀ ਵਾਲਿਆਂ ਵੱਲੋਂ ਉਸਾਰੀ ਦਾ ਕੰਮ ਚਾਲੂ ਰੱਖਿਆ ਗਿਆ ਹੈ। ਸਰਕਾਰੀ ਥਾਂ ਨੂੰ ਕਬਜ਼ਾ ਕਰਨ ਲਈ ਦੀਵਾਰ ਵੀ ਕਰ ਦਿੱਤੀ ਗਈ ਹੈ ਅਤੇ ਮੌਕੇ ਤੇ ਪਾਣੀ ਦਾ ਬੋਰ ਵੀ ਕੀਤਾ ਜਾ ਰਿਹਾ ਸੀ। ਮੌਕੇ ਤੇ ਬਾਬਾ ਭੂਰੀ ਵਾਲਿਆਂ ਦੀ ਬੋਲੇਰੋ ਗੱਡੀ ਵੀ ਖੜੀ ਪਾਈ ਗਈ। ਸੰਯੁਕਤ ਕਮਿਸ਼ਨਰ ਦੀ ਟੀਮ ਵਿੱਚ ਸਹਾਇਕ ਕਮਿਸ਼ਨਰ ਵਿਸ਼ਾਲ ਵਿਧਾਵਨ ਅਤੇ ਅਸਟੇਟ ਅਫਸਰ ਧਰਮਿੰਦਰਜੀਤ ਸਿੰਘ ਵੀ ਨਾਲ ਸਨ। ਮੌਕੇ 'ਤੇ ਸੰਯੁਕਤ ਕਮਿਸ਼ਨਰ ਵਲੋਂ ਅਸਟੇਟ ਅਫਸਰ ਨੂੰ ਬਾਬਾ ਭੂਰੀ ਵਾਲਿਆਂ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਅਰੰਭ ਕੇ ਨਜਾਇਜ਼ ਬਣੀ ਦੀਵਾਰ ਨੂੰ ਢਾਹੁਣ ਦੇ ਹੁਕਮ ਕੀਤੇ ਗਏ ਅਤੇ ਨਾਲ ਹੀ ਮੌਕੇ ਤੇ ਉਸਾਰੀ ਕਰਤਾਵਾਂ ਨੂੰ ਕੰਮ ਬੰਦ ਕਰਨ ਲਈ ਕਿਹਾ ਗਿਆ। ਸੰਯੁਕਤ ਕਮਿਸ਼ਨਰ ਨੇ ਦੱਸਿਆ ਕਿ ਬਾਬਾ ਭੂਰੀ ਵਾਲੇ ਇੱਕ ਧਾਰਮਿਕ ਸੰਸਥਾ ਹੈ ਪਰ ਅਜਿਹੀ ਸੰਸਥਾ ਵੱਲੋਂ ਸਰਕਾਰੀ ਥਾਂ ਤੇ ਨਜਾਇਜ਼ ਕਬਜ਼ਾ ਕਰਨ ਵਾਲੀ ਕਾਰਵਾਈ ਕਰਨਾ ਬੜਾ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਕਮਿਸ਼ਨਰ ਨਗਰ ਨਿਗਮ ਨੂੰ ਆਈ ਸ਼ਿਕਾਇਤ ਦੇ ਅਧਾਰ ਤੇ ਉਨ੍ਹਾਂ ਵੱਲੋਂ ਸਰਕਾਰੀ ਥਾਂ ਵਾਲੇ ਪਾਸੇ ਉਕਤ ਸੰਸਥਾ ਵਲੋਂ ਬਣਾਈਆਂ ਗਈਆਂ ਨਜਾਇਜ਼ ਪੌੜੀਆਂ ਨੂੰ ਢਾਹੁਣ ਲਈ ਕਿਹਾ ਗਿਆ ਸੀ ਅਤੇ ਅਗੋਂ ਉਸਾਰੀ ਨਾ ਕਰਨ ਲਈ ਵੀ ਚਿਤਾਵਨੀ ਦਿੱਤੀ ਗਈ ਸੀ ਪਰ ਇਸ ਸੰਸਥਾ ਵੱਲੋਂ ਸਰਕਾਰੀ ਹੁਕਮਾਂ ਦੀ ਕੋਈ ਪਰਵਾਹ ਨਾ ਕਰਦੇ ਹੋਏ ਸਗੋਂ ਸਰਕਾਰੀ ਜਗ੍ਹਾ ਤੇ ਨਜ਼ਾਇਜ ਕਬਜ਼ਾ ਕਰਨ ਖਾਤਰ ਦੀਵਾਰ ਕਰ ਦਿੱਤੀ ਗਈ ਹੈ ਅਤੇ ਨਾਲ ਹੀ ਨਜਾਇਜ਼ ਤੌਰ ਤੇ ਸਰਕਾਰੀ ਥਾਂ ਤੇ ਪਾਣੀ ਦਾ ਬੋਰ ਕੀਤਾ ਜਾ ਰਿਹਾ ਹੈ ਜਿਸ ਨੂੰ ਤੁਰੰਤ ਰੁਕਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਸਟੇਟ ਅਫਸਰ ਨੂੰ ਬਾਬਾ ਭੂਰੀ ਵਾਲਿਆਂ ਵਿਰੁੱਧ ਜਲਦ ਤੋ ਜਲਦ ਕਾਨੂੰਨੀ ਕਾਰਵਾਈ ਕਰਦੇ ਹੋਏ ਇਸ ਨਜਾਇਜ਼ ਉਸਾਰੀ ਨੂੰ ਢਾਹੁਣ ਦੇ ਹੁਕਮ ਦੇ ਦਿੱਤੇ ਹਨ।

## ਰਣਜੀਤ ਸਿੰਘ ਢਿੱਲੋਂ ਰਾਣਾ ਗੰਡੀਵਿੰਡ ਕੋਆਰਡੀਨੇਟਰ ਨਿਯੁਕਤ



**ਝਬਾਲ (ਹਰਜਿੰਦਰ ਸਿੰਘ ਸੋਨੀ)-** ਪੰਜਾਬ ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਬਲਾਕ ਸੰਮਤੀ ਗੰਡੀਵਿੰਡ ਦੇ ਚੇਅਰਮੈਨ ਰਣਜੀਤ ਸਿੰਘ ਢਿੱਲੋਂ ਰਾਣਾ ਗੰਡੀਵਿੰਡ ਨੂੰ ਵਿਧਾਨ ਸਭਾ ਹਲਕਾ ਜੰਡਿਆਲਾ ਐੱਸ ਸੀ ਵਿੰਗ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਜਿਸ 'ਤੇ ਚੇਅਰਮੈਨ ਰਣਜੀਤ ਸਿੰਘ ਢਿੱਲੋਂ ਰਾਣਾ ਗੰਡੀਵਿੰਡ ਨੇ ਪਾਰਟੀ ਹਾਈਕਮਾਂਡ ਸ੍ਰ: ਪ੍ਰਤਾਪ ਸਿੰਘ ਸੋਹਲ ਬਾਜਵਾ, ਪੰਜਾਬ ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਸਮੂਹ ਪਾਰਟੀ ਦੇ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਪਾਰਟੀ ਹਾਈਕਮਾਂਡ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਲਈ ਵਚਨਬੱਧ ਰਹਿਣਗੇ। ਉਨ੍ਹਾਂ ਕਿਹਾ ਕਿ ਉਹ ਹਲਕੇ ਵਿੱਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਮਿਹਨਤ ਕਰਕੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਜਿਤਾਉਣ ਲਈ ਵਚਨਬੱਧ ਰਹਿਣਗੇ।

## ਅੱਤ ਦੀ ਗਰਮੀ ਨੇ ਲੋਕਾਂ ਦਾ ਘਰੋਂ ਨਿਕਲਣਾ ਕੀਤਾ ਮੁਹਾਲ

**ਗੁਰਦਾਸਪੁਰ (ਜਨਕ ਮਹਾਜਨ)-** ਉੱਤਰੀ ਭਾਰਤ ਵਿੱਚ ਪੈ ਰਹੀ ਅੱਤ ਦੀ ਗਰਮੀ ਨੇ ਲੋਕਾਂ ਦਾ ਜਨ ਜੀਵਨ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਕਰਕੇ ਰੱਖ ਦਿੱਤਾ ਹੈ। ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਅੰਦਰ ਪੈ ਰਹੀ ਗਰਮੀ ਕਾਰਨ ਲੋਕ ਆਪਣੇ ਘਰਾਂ ਵਿੱਚੋਂ ਨਿਕਲਣ ਤੋਂ ਗੁਰੇਜ਼ ਕਰ ਰਹੇ ਹਨ। ਗਰਮੀ ਨਾਲ ਕਾਰੋਬਾਰ ਵਿੱਚ ਵੀ ਕਾਫੀ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ ਅਤੇ ਸ਼ਹਿਰ ਦੇ ਬਾਜ਼ਾਰਾਂ ਵਿਚ ਰੌਣਕਾਂ ਗਾਇਬ ਹੋ ਚੁੱਕੀਆਂ ਹਨ। ਗੱਲਬਾਤ ਕਰਦਿਆਂ ਕੁਝ ਦੁਕਾਨਦਾਰਾਂ ਨੇ ਦੱਸਿਆ ਕਿ ਗਰਮੀ ਦਾ ਪ੍ਰਕੋਪ ਦਿਨ ਪ੍ਰਤੀ ਦਿਨ ਵਾਧਾ ਜਾ ਰਿਹਾ ਅਤੇ ਗ੍ਰਾਹਕ ਘਰਾਂ ਵਿੱਚੋਂ ਗਰਮੀ ਕਾਰਨ ਨਹੀਂ ਨਿਕਲ ਰਿਹਾ ਜਿਸ ਕਰਕੇ ਉਨ੍ਹਾਂ ਦਾ ਕਾਰੋਬਾਰ ਵੀ ਠੱਪ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਾਰੋਬਾਰ ਘੱਟ ਜਾਣ ਨਾਲ ਉਹ ਸਾਰਾ ਦਿਨ ਦੁਕਾਨ ਦੇ ਵਿਹਲੇ ਬੈਠ ਕੇ ਸ਼ਾਮ ਨੂੰ ਘਰਾਂ ਨੂੰ ਚਲੇ ਜਾਂਦੇ ਹਨ। ਜਦੋਂ ਗਰਮੀ ਦੇ ਵਧਦੇ ਪ੍ਰਕੋਪ ਸਬੰਧੀ ਮਾਹਿਰ ਡਾਕਟਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਗਰਮੀ ਤੋਂ ਬਚਣ ਲਈ ਖ਼ਾਸ ਸਾਵਧਾਨੀਆਂ ਵਰਤਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਲੂ ਤੋਂ ਬਚਣ ਲਈ ਛਤਰੀ ਜਾਂ ਫ਼ਿਰ ਮੂੰਹ ਨੂੰ ਢੱਕ ਕੇ ਚਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖ਼ਾਸ ਕਰਕੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਘਰੋਂ ਬਾਹਰ ਨਹੀਂ ਨਿਕਲਣਾ ਚਾਹੀਦਾ।

## ਗੋਲਡਨ ਪਾਮ ਰਿਜ਼ੋਰਟ 'ਚ 8ਵਾਂ ਫੋਟੋਗ੍ਰਾਫੀ ਮੇਲਾ ਭਲਕੇ



**ਬੁਤਾਲਾ (ਨਿਰਮਲ ਸਿੰਘ ਸੰਘਾ)-** ਬੈਸਟ ਫੋਟੋਗ੍ਰਾਫ਼ਰ ਵੈੱਲਫੇਅਰ ਐਸੋਸੀਏਸ਼ਨ (ਰਜਿ.) ਬਟਾਲਾ ਵੱਲੋਂ 8ਵਾਂ ਫੋਟੋਗ੍ਰਾਫੀ ਮੇਲਾ 12 ਜੂਨ ਨੂੰ ਗੋਲਡਨ ਪਾਮ ਰਿਜ਼ੋਰਟ ਅਲੀਵਾਲ ਰੋਡ, ਬਾਈ ਪਾਸ ਬਟਾਲਾ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪੰਜਾਬ ਭਰ ਦੇ ਫੋਟੋਗ੍ਰਾਫ਼ਰ ਹਿੱਸਾ ਲੈ ਰਹੇ ਹਨ।ਇਸ ਮੇਲੇ ਵਿੱਚ ਫੋਟੋਗ੍ਰਾਫੀ ਨਾਲ ਸੰਬੰਧਿਤ ਕਈ ਕੰਪਨੀਆਂ ਪਰਦਰਸ਼ਨੀ ਲਗਾ ਰਹੀਆਂ ਹਨ ਜੋ ਨਵੀਆਂ-ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਦੇਣਗੀਆਂ।ਇਸ ਮੇਲੇ ਵਿੱਚ ਨਿਕੋਨ ਕੰਪਨੀ ਵੱਲੋਂ ਫਰੀ ਸਰਵਿਸ ਕੈਂਪ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਸੁਖਵਿੰਦਰ ਸਿੰਘ ਧੁੱਪਸੜੀ ਪ੍ਰਧਾਨ ਬੈਸਟ ਫੋਟੋਗ੍ਰਾਫ਼ਰ ਵੈੱਲਫੇਅਰ ਐਸੋਸੀਏਸ਼ਨ ਬਟਾਲਾ ਨੇ ਨਿਰਮਲ ਸਿੰਘ ਸੰਘਾ (ਸਰਕਲ ਪ੍ਰਧਾਨ ਬੁਤਾਲਾ) ਨੂੰ ਦਿੱਤੀ।ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਦੇ ਨਾਲ ਰਜਿੰਦਰ ਚੌਹਾਨ, ਕਮਲ, ਅਕਾਸ਼ਦੀਪ ਢਿੱਲੋਂ, ਬਲਵਿੰਦਰ ਬਿੱਲਾ, ਕਰਮਜੀਤ ਸਿੰਘ ਲਾਲੀ (ਸਰਕਲ ਪ੍ਰਧਾਨ ਮਹਿਤਾ, ਵਰਿੰਦਰ ਬਾਊ (ਸਰਕਲ ਪ੍ਰਧਾਨ ਬੁੱਟਰ, ਰਾਜਨ ਬਾਬਾ ਬਕਾਲਾ ਸਾਹਿਬ, ਸੁੱਖ ਸਠਿਆਲਾ, ਰਾਜਾ ਬਾਬਾ ਰਈਆ, ਗਿੱਲ ਖਲਚੀਆਂ, ਸ਼ਰਨਜੀਤ ਸਿੰਘ ਸੰਘਾ, ਰਣਜੀਤ ਸਿੰਘ ਸੰਘਾ, ਰਾਜੂ ਬੋਲੇਵਾਲ, ਬੱਲ ਬੁਤਾਲਾ, ਰਸ਼ਪਾਲ ਬੁਤਾਲਾ, ਲਖਬੀਰ ਸਿੰਘ ਲੱਖੂ, ਗੁਰਮੀਤ ਬੁਤਾਲਾ ਅਤੇ ਲਾਡੀ ਬੁਤਾਲਾ ਆਦਿ ਹਾਜ਼ਰ ਸਨ।

## ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਬੁਤਾਲਾ 'ਚ ਲੱਗਾ ਕਿਸਾਨ ਜਾਗਰੂਕਤਾ ਕੈਂਪ

### ● ਡਾ. ਅਜੈ ਕੁਮਾਰ ਨੇ ਖੇਤੀਬਾੜੀ ਨਾਲ ਸੰਬੰਧਿਤ ਸਹਾਇਕ ਧੰਦਿਆਂ ਲਈ ਟ੍ਰੇਨਿੰਗਾਂ ਸੰਬੰਧੀ ਦਿੱਤੀ ਜਾਣਕਾਰੀ




**ਬੁਤਾਲਾ (ਨਿਰਮਲ ਸਿੰਘ ਸੰਘਾ)-** ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਵੱਖ-ਵੱਖ ਵਿਭਾਗਾਂ ਦੀਆਂ ਭਲਾਈ ਸਕੀਮਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ।ਇਸੇ ਤਹਿਤ ਪਿੰਡ ਬੁਤਾਲਾ ਵਿਖੇ ਗਰਾਮ ਪੰਚਾਇਤ ਬੁਤਾਲਾ ਦੇ ਸਹਿਯੋਗ ਨਾਲ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਡਾ. ਅਜੈ ਕੁਮਾਰ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕੇਂਦਰਾਂ ਵਿੱਚ ਖੇਤੀਬਾੜੀ ਨਾਲ ਸੰਬੰਧਿਤ ਸਹਾਇਕ ਧੰਦਿਆਂ ਲਈ ਵੱਖ ਵੱਖ ਟ੍ਰੇਨਿੰਗਾਂ ਸੰਬੰਧੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ।ਮੱਛੀ ਪਾਲਣ ਵਿਭਾਗ ਵੱਲੋਂ ਡਾ. ਸੁਪ੍ਰੀਆ ਵੱਲੋਂ ਕਿਸਾਨਾਂ ਨੂੰ ਮੱਛੀ ਪਾਲਣ ਲਈ ਕਿਸਾਨਾਂ ਨੂੰ ਮਿਲਦੀਆਂ ਸਰਕਾਰੀ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ ਜਿਵੇਂ ਕਿ ਮੱਛੀ ਪਾਲਣ ਵਿਭਾਗ ਵੱਲੋਂ ਚੱਲ ਰਹੀ ਪ੍ਰਧਾਨ ਮੰਤਰੀ ਮਤਸਿਆ ਸੰਪਦਾ ਯੋਜਨਾ ਨਾਲ ਜਾਣੂ ਕਰਵਾਇਆ ਗਿਆ ਜਿਸ ਵਿੱਚ ਮੱਛੀ ਪਾਲਣ ਦਾ ਕੰਮ ਕਰਨ ਲਈ ਜਨਰਲ ਕੈਟਾਗਰੀ ਨੂੰ 40% ਦਰ ਤੇ ਸਬਸਿਡੀ, ਲੇਡੀਜ਼ ਅਤੇ ਐੱਸਸੀ ਕੈਟਾਗਰੀ ਨੂੰ 60% ਦੇ ਦਰ 'ਤੇ ਸਬਸਿਡੀ ਮੁਹੱਈਆ ਕਰਵਾਈ ਜਾਂਦੀ ਹੈ ਅਤੇ ਇਸ ਦੇ ਨਾਲ ਹੀ ਕ੍ਰਿਸ਼ੀ ਕ੍ਰੈਡਿਟ ਕਾਰਡ ਵੀ ਮੱਛੀ ਪਾਲਣ ਦੇ ਛੱਪੜ ਲਈ ਬਣਾਉਣ ਬਾਰੇ ਦੱਸਿਆ ਜਿਸ ਵਿੱਚ 1.60 ਲੱਖ ਦਾ ਕਰਜ਼ਾ ਸਰਕਾਰੀ ਬੈਂਕ ਤੋਂ ਲੈ ਕੇ ਦਿੱਤਾ ਜਾਂਦਾ ਹੈ।ਪਸ਼ੂ ਪਾਲਣ ਵਿਭਾਗ ਤੋਂ ਡਾ. ਦੀਪ ਕਮਲ ਸਿੰਘ ਵੱਲੋਂ ਪਸ਼ੂਆਂ ਨੂੰ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਪੰਜਾਬ ਨੈਸ਼ਨਲ ਬੈਂਕ ਅੰਮ੍ਰਿਤਸਰ ਤੋਂ ਆਈ ਡੀਐੱਮ ਮਿਸ ਅਪਰਨਾ ਵੱਲੋਂ ਘੱਟ ਵਿਆਜ ਦਰਾਂ 'ਤੇ ਸਹਾਇਕ ਧੰਦਾ ਸ਼ੁਰੂ ਕਰਨ ਲਈ ਕਰਜ਼ਾ ਲੈਣ ਸੰਬੰਧੀ ਜਾਣਕਾਰੀ ਦਿੱਤੀ ਗਈ।ਖੇਤੀਬਾੜੀ ਵਿਭਾਗ ਵੱਲੋਂ ਡਾ. ਪ੍ਰਭਜੋਤ ਸਿੰਘ ਚਾਹਲ ਖੇਤੀਬਾੜੀ ਵਿਸਥਾਰ ਅਫ਼ਸਰ, ਡਾ. ਤਲਵਿੰਦਰ ਸਿੰਘ ਖੇਤੀਬਾੜੀ ਵਿਸਥਾਰ ਅਫ਼ਸਰ, ਖੇਤੀਬਾੜੀ ਸਬ ਇੰਸਪੈਕਟਰ ਸੁਖਜਿੰਦਰ ਸਿੰਘ ਵੱਲੋਂ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ।ਬਾਗਬਾਨੀ ਵਿਭਾਗ ਵੱਲੋਂ ਰਾਮ ਤੀਰਥ ਯਾਦਵ ਵੱਲੋਂ ਬਾਗਬਾਨੀ ਦੀਆਂ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ। ਅੰਤ ਵਿੱਚ ਸਰਪੰਚ ਸੁੱਖਵਿੰਦਰ ਸਿੰਘ ਵੱਲੋਂ ਸਾਰੇ ਵਿਭਾਗਾਂ ਤੋਂ ਆਏ ਅਧਿਕਾਰੀ ਸਾਹਿਬਾਨ ਅਤੇ ਕੈਂਪ ਵਿੱਚ ਆਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਬਲਵਿੰਦਰ ਸਿੰਘ, ਮਨਦੀਪ ਸਿੰਘ, ਸੁਖਬੀਰ ਸਿੰਘ, ਜਗਜੀਤ ਸਿੰਘ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ ਗੋਰਾ, ਹਰਪ੍ਰੀਤ ਸਿੰਘ ਹੈਪੀ, ਜਗਰੂਪ ਸਿੰਘ, ਗੁਰਮੁਖ ਸਿੰਘ ਲਾਡੀ ਆਦਿ ਕਿਸਾਨ ਹਾਜ਼ਰ ਸਨ।

## ਐੱਚ ਟੀ /ਸੀ ਐੱਚ ਟੀ ਦੀਆਂ ਤਰੱਕੀਆਂ ਕਰਨ ਦੀ ਮੰਗ

**ਵੇਰਕਾ (ਰਾਣਾ)-** ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਅਤੇ ਐੱਸ.ਸੀ/ਬੀ.ਸੀ ਅਧਿਆਪਕ ਯੂਨੀਅਨ ਅੰਮ੍ਰਿਤਸਰ ਵੱਲੋਂ ਇੱਕ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਈਟੀਟੀ ਟੀਚਰ ਤੋਂ ਹੈੱਡਟੀਚਰ ਅਤੇ ਐੱਚਟੀ ਤੋਂ ਸੈਂਟਰ ਹੈੱਡਟੀਚਰ ਦੀਆਂ ਤਰੱਕੀਆਂ ਤੁਰੰਤ ਕੀਤੇ ਜਾਣ ਦੀ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਪਾਸੋਂ ਮੰਗ ਕੀਤੀ ਗਈ ਹੈ। ਇਸ ਸੰਬੰਧ ਵਿੱਚ ਉਪਰੋਕਤ ਜਥੇਬੰਦਕ ਆਗੂਆਂ ਨੇ ਦੱਸਿਆ ਕਿ ਸਿੱਖਿਆ ਵਿਭਾਗ (ਐਲੀ:) ਪੰਜਾਬ ਸਰਕਾਰ ਵੱਲੋਂ 8 ਮਈ 2025 ਨੂੰ ਆਦੇਸ਼ ਜਾਰੀ ਕਰਦੇ ਹੋਏ ਰਾਜ ਦੇ ਸਮੂਹ ਜ਼ਿਲਾ ਸਿੱਖਿਆ ਅਫਸਰ (ਐਲੀ:) ਨੂੰ ਐੱਚ.ਟੀ/ ਸੀ.ਐੱਚ.ਟੀ ਦੀਆਂ ਪੱਦਉਨਤੀਆਂ ਨਿਯਮਾਂ ਅਨੁਸਾਰ ਕਰਨ ਲਈ ਆਖਿਆ ਸੀ। ਪ੍ਰੰਤੂ ਇਸ ਬਾਬਤ ਜ਼ਿਲ੍ਹਾ ਸਿੱਖਿਆ ਦਫਤਰ ਅੰਮ੍ਰਿਤਸਰ ਵੱਲੋਂ ਉਕਤ ਤਰੱਕੀਆਂ ਕਰਨ ਦੇ ਮਾਮਲੇ ਵਿੱਚ ਜਾਣਬੁੱਝ ਕੇ ਵਰਤੀ ਜਾ ਰਹੀ ਢਿੱਲ-ਮੱਠ ਕਾਰਨ ਸਮੂਹ ਅਧਿਆਪਕ ਵਰਗ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਉਪਰੋਕਤ ਤਰੱਕੀਆਂ ਦੀ ਮੰਗ ਕਰਨ ਵਾਲਿਆਂ 'ਚ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜਥੇਬੰਦਕ ਆਗੂ ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ, ਸੂਬਾਈ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸੀਪੁਰ) ਸੂਬਾਈ ਸੀਨੀ: ਮੀਤ ਪ੍ਰਧਾਨ ਤੇਜਿੰਦਰ ਸਿੰਘ ਸੋਹੀ, ਜਨਰਲ ਸਕੱਤਰ ਦਰਸਨ ਲਾਲ ਕਲੋਤਰਾ, ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਵਿੱਤ ਸਕੱਤਰ ਹਰਪਾਲ ਸਿੰਘ ਓਠੀਆਂ, ਮੀਤ ਪ੍ਰਧਾਨ ਮਨਜੀਤ ਸਿੰਘ ਸੋਹੀਆਂ ਖੁਰਦ, ਸਕੱਤਰ ਅਮਰਿੰਦਰ ਸਿੰਘ ਛੀਨਾ, ਲੈਕ: ਮੁਖਤਿਆਰ ਸਿੰਘ ਸਹੋਤਾ, ਸੇਵਾਮੁਕਤ ਪ੍ਰਿੰਸੀਪਲ ਜਗਤਾਰ ਸਿੰਘ, ਦਵਿੰਦਰ ਸਿੰਘ ਲੁੱਧੜ, ਗੌਰਵ ਗੁਪਤਾ, ਹਰਸੁਖਪਾਲ, ਕਸ਼ਮੀਰ ਸਿੰਘ ਸੋਹੀਆਂ, ਗੁਰਪ੍ਰੀਤ ਸਿੰਘ ਛੇਹਰਟਾ, ਵਰਿੰਦਰ ਸਿੰਘ ਸੈਂਸਰਾ ਕਲਾਂ, ਹਰਵਿੰਦਰ ਸਿੰਘ ਕੱਥੂਨੰਗਲ (ਤਿੰਨੇ ਸੀ. ਐੱਚ. ਟੀ.) ਅਤੇ ਐੱਸ. ਸੀ/ਬੀ. ਸੀ. ਅਧਿਆਪਕ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ ਅੰਮ੍ਰਿਤਸਰ ਦੇ ਪ੍ਰਧਾਨ ਅਵਤਾਰ ਸਿੰਘ ਮੱਟੂ, ਜਨਰਲ ਸਕੱਤਰ ਸੁਖਰਾਜ ਸਿੰਘ ਮਾਹਲ, ਐੱਚ. ਟੀ. ਅਸ਼ਵਨੀ ਕੁਮਾਰ, ਗੁਰਚਰਨ ਸਿੰਘ, ਜੋਗਾ ਸਿੰਘ, ਚੰਚਲ ਸਿੰਘ, ਸੁਮੇਲ ਗਿੱਲ ਆਦਿ ਜਥੇਬੰਦਕ ਆਗੂ ਸ਼ਾਮਿਲ ਹਨ।

## ਹੇਮਰਾਜਪੁਰ ਦਾ ਬਜ਼ੁਰਗ ਭੇਤ ਭਰੀ ਹਾਲਤ 'ਚ ਘਰੋਂ ਲਾਪਤਾ



**ਗੁਰਦਾਸਪੁਰ (ਜਨਕ ਮਹਾਜਨ)-** ਬਲਾਕ ਗੁਰਦਾਸਪੁਰ ਦੇ ਪਿੰਡ ਹੇਮਰਾਜਪੁਰ ਦਾ ਬਜ਼ੁਰਗ ਭੇਤ ਭਰੇ ਹਾਲਾਤ ਵਿੱਚ ਲਾਪਤਾ ਹੋਣ ਕਰਕੇ ਪਰਿਵਾਰਿਕ ਮੈਂਬਰਾਂ ਵਿੱਚ ਕਾਫੀ ਪਰੇਸ਼ਾਨੀ ਪਾਈ ਜਾ ਰਹੀ ਹੈ। ਇਸ ਸੰਬੰਧੀ ਦਵਿੰਦਰ ਸਿੰਘ ਪੁੱਤਰ ਜਸਬੀਰ ਸਿੰਘ ਨੇ ਥਾਣਾ ਸਦਰ ਵਿੱਚ ਲਿਖਤੀ ਸ਼ਿਕਾਇਤ ਰਾਹੀਂ ਦੱਸਿਆ ਕਿ ਮੇਰੇ ਪਿਤਾ ਜਸਵੀਰ ਸਿੰਘ (72) ਪੁੱਤਰ ਦੇਸਾ ਸਿੰਘ 5 ਜੂਨ ਨੂੰ ਸਵੇਰੇ ਘਰੋਂ ਬਾਹਰ ਗਏ ਸਨ ਅਤੇ ਫਿਰ ਉਹ ਘਰ ਵਾਪਸ ਨਹੀਂ ਆਏ। ਉਨ੍ਹਾਂ ਨੂੰ ਲੱਭਣ ਵਾਸਤੇ ਅਸੀਂ ਰਿਸ਼ਤੇਦਾਰਾਂ ਤੇ ਦੂਰ-ਦੁਰਾਡੇ ਪੈਂਦੇ ਧਾਰਮਿਕ ਸਥਾਨਾਂ 'ਤੇ ਵੀ ਪਤਾ ਕਰ ਲਿਆ ਹੈ ਪਰ ਉਨ੍ਹਾਂ ਦਾ ਕੋਈ ਥਹੁ ਪਤਾ ਨਹੀਂ ਲੱਗ ਸਕਿਆ ਜਿਸ ਕਰਕੇ ਸਾਡਾ ਸਾਰਾ ਪਰਿਵਾਰ ਪਰੇਸ਼ਾਨੀ ਦੇ ਆਲਮ ਵਿੱਚ ਹੈ। ਉਨ੍ਹਾਂ ਦੱਸਿਆ ਕਿ ਜਸਵੀਰ ਸਿੰਘ ਕੁਝ ਦਿਨਾਂ ਤੋਂ ਦਿਮਾਗੀ ਪ੍ਰੇਸ਼ਾਨ ਵੀ ਚੱਲ ਰਹੇ ਸਨ। ਉਨ੍ਹਾਂ ਦੱਸਿਆ ਕਿ ਸਦਰ ਥਾਣਾ ਪੁਲਸ ਵੀ ਲੱਭਣ ਵਾਸਤੇ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਲਾਪਤਾ ਹੋਏ ਜਸਵੀਰ ਸਿੰਘ ਨੂੰ ਲੱਭਣ ਵਾਸਤੇ ਸਾਡੀ ਮਦਦ ਕੀਤੀ ਜਾਵੇ।

## ਸਾਥੀ ਬਲਬੀਰ ਸਿੰਘ ਧੂੰਦਾ ਨੂੰ ਭਰਪੂਰ ਸ਼ਰਧਾਂਜਲੀਆਂ ਭੇਟ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-** ਸਾਥੀ ਬਲਬੀਰ ਸਿੰਘ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ ਹੋਇਆ। ਬਲਬੀਰ ਸਿੰਘ ਪਿੰਡ ਵਿੱਚ ਤੇ ਇਲਾਕੇ ਵਿੱਚ ਕੁੱਲ ਹਿੰਦ ਕਿਸਾਨ ਸਭਾ ਦਾ ਸਰਗਰਮ ਵਰਕਰ ਸੀ। ਉਹ ਭਾਰਤੀ ਕਮਿਊਨਿਸਟ ਪਾਰਟੀ ਦਾ ਬਲਾਕ ਕਮੇਟੀ ਮੈਂਬਰ ਵੀ ਸੀ। ਉਹ ਹਮੇਸ਼ਾ ਕਿਰਤੀ ਲੋਕਾਂ ਦੇ ਹੱਕ ਪ੍ਰਾਪਤ ਕਰਨ ਲਈ ਕਿਸਾਨ ਸਭਾ ਤੇ ਪਾਰਟੀ ਦੇ ਝੰਡੇ ਹੇਠ ਹਰ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੁੰਦਾ ਸੀ। ਉਸਦੇ ਅਕਾਲ ਚਲਾਣਾ ਕਰ ਜਾਣ ਨਾਲ ਪਰਿਵਾਰ ਦੇ ਨਾਲ ਨਾਲ ਜਥੇਬੰਦੀ ਨੂੰ ਵੀ ਵੱਡਾ ਘਾਟਾ ਪਿਆ ਹੈ। ਇਤਿਹਾਸਕ ਕਿਸਾਨ ਮੋਰਚਾ ਦਿੱਲੀ ਵਿਖੇ ਬਲਬੀਰ ਸਿੰਘ ਲੰਬਾ ਸਮਾਂ ਡਟਿਆ ਰਿਹਾ। ਅੱਜ ਬਲਬੀਰ ਸਿੰਘ ਧੂੰਦਾ ਦੀ ਅੰਤਿਮ ਅਰਦਾਸ ਸਥਾਨਕ ਗੁਰਦੁਆਰਾ ਬਾਬਾ ਖਾਨ ਸ਼ਾਹ ਵਿਖੇ ਕੀਤੀ ਗਈ। ਉਪਰੋਕਤ ਸ਼ਬਦ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਦੇਵ ਸਿੰਘ ਧੂੰਦਾ, ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ, ਪਾਰਟੀ ਆਗੂ ਬਲਜੀਤ ਸਿੰਘ ਫਤਿਆਬਾਦ ਤੇ ਚਰਨ ਸਿੰਘ ਤਰਨ ਤਾਰਨ ਜ਼ਿਲ੍ਹਾ ਦਫਤਰ ਸਕੱਤਰ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਹੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਤਾਰ ਸਿੰਘ ਸਾਬਕਾ ਸਰਪੰਚ ਧੂੰਦਾ, ਭਗਵੰਤ ਸਿੰਘ ਵੇਈਂਪੂਈਂ, ਦਲਬੀਰ ਸਿੰਘ ਫਤਿਆਬਾਦ, ਗੁਰਚਰਨ ਕੰਡਾ, ਅੰਗਰੇਜ਼ ਸਿੰਘ, ਅਮਰ ਸਿੰਘ ਧੂੰਦਾ, ਰਾਜਵਿੰਦਰ ਕੌਰ, ਪਲਵਿੰਦਰ ਕੌਰ, ਸੁਖਵਿੰਦਰ ਕੌਰ, ਮਨਪ੍ਰੀਤ ਕੌਰ ਧੂੰਦਾ ਆਦਿ ਹਾਜ਼ਰ ਸਨ।

## ਥਾਣਾ ਤਿੱਬੜ ਦੀ ਪੁਲਸ ਵੱਲੋਂ ਦੋ ਵਿਅਕਤੀਆਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)-** ਥਾਣਾ ਤਿੱਬੜ ਪੁਲਸ ਨੇ ਸ਼ਰਾਬ ਲਿਜਾ ਰਹੇ ਕੁਝ ਵਿਅਕਤੀਆਂ ਨੂੰ ਗੱਡੀ ਸਮੇਤ ਕਾਬੂ ਕੀਤਾ ਹੈ। ਥਾਣਾ ਤਿੱਬੜ ਦੇ ਏਐੱਸਆਈ ਮਹਿੰਦਰਪਾਲ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਨਾਕਾ ਬੰਦੀ ਦੌਰਾਨ ਮੇਨ ਰੋਡ ਥਾਣੇ ਸਾਹਮਣੇ ਮੌਜੂਦ ਸੀ ਕਿ ਮੁਖਬਰ ਨੇ ਇਤਲਾਹ ਦਿੱਤੀ ਕਿ ਹਰਚੋਵਾਲ ਸਾਈਡ ਵੱਲੋਂ ਇਕ ਗੱਡੀ ਨੰਬਰ ਪੀਬੀ 35 ਏ.ਈ. 7153 ਇਨੋਵਾ ਰੰਗ ਸਿਲਵਰ ਵਿੱਚ ਭਾਰੀ ਮਾਤਰਾ ਵਿੱਚ ਸਰਾਬ ਆ ਰਹੀ ਹੈ। ਮੁਖਬਰ ਦੀ ਇਤਲਾਹ 'ਤੇ ਦੌਰਾਨੇ ਚੈਕਿੰਗ ਹਰਚੋਵਾਲ ਵੱਲੋਂ ਇਕ ਇਨੋਵਾ ਗੱਡੀ ਆਉਂਦੀ ਦਿਖਾਈ ਦਿੱਤੀ ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਰੋਕਿਆ ਗਿਆ ਤੇ ਗੱਡੀ ਵਿਚ ਸਵਾਰ ਵਿਅਕਤੀ ਦਾ ਨਾਮ ਪਤਾ ਪੁਛਿਆ ਗਿਆ ਜਿਨ੍ਹਾਂ ਨੇ ਆਪਣਾ ਨਾਮ ਅਨਿਲ ਕੁਮਾਰ ਪੁੱਤਰ ਰਾਜਪਾਲ ਅਤੇ ਪੰਕਜ ਸਰਮਾ ਪੁੱਤਰ ਸੁਰਿੰਦਰ ਮੋਹਨ ਵਾਸੀ ਮਾਜਰਾ ਥਾਣਾ ਤਾਰਾਗੜ ਪਠਾਨਕੋਟ ਦੱਸਿਆ। ਦੌਰਾਨੇ ਚੈਕਿੰਗ ਗੱਡੀ ਵਿੱਚੋਂ 8 ਪੇਟੀਆਂ ਦੇਸੀ ਰੰਮ ਮਾਰਕਾ ਪੰਜਾਬ ਬਲੈਕ ਹੋਰਨ ਕੁੱਲ 96 ਬੋਤਲਾਂ, 5 ਪੇਟੀਆਂ ਸ਼ਰਾਬ ਦੇਸੀ ਮਾਰਕਾ ਪੰਜਾਬ ਕਲਬ ਕਿੰਗ ਵ੍ਹਿਸਕੀ ਕੁੱਲ 60 ਬੋਤਲਾਂ, 7 ਪੇਟੀਆਂ ਸ਼ਰਾਬ ਦੇਸੀ ਮਾਰਕਾ ਪੰਜਾਬ ਖਾਸਾ ਸੰਤਰਾ ਕੁੱਲ 84 ਬੋਤਲਾਂ ਅਤੇ 7 ਪੇਟੀਆਂ ਬੀਅਰ ਮਾਰਕਾ ਕਿੰਗ ਫਿਸ਼ਰ ਸਟਰਾਂਗ ਕੁੱਲ 84 ਬੋਤਲਾਂ ਸਮੇਤ ਕਥਿਤ ਦੋਸ਼ੀਆਂ ਕੋਲੋਂ ਬਰਾਮਦ ਕਰਕੇ ਉਨ੍ਹਾਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਸ਼ਾਪ ਐਕਟ 'ਚ ਸੋਧਾਂ ਦੇ ਵਿਰੋਧ 'ਚ ਸੀਟੂ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ



**ਝਬਾਲ (ਹਰਜਿੰਦਰ ਸਿੰਘ ਸੋਨੀ):** ਸੀਟੂ ਦੇ ਸੂਬਾਈ ਫੈਸਲੇ ਅਨੁਸਾਰ ਸਮੁੱਚੇ ਪੰਜਾਬ ਵਿੱਚ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਇਸਟੈਬਲਿਸ਼ਮੈਂਟ ਐਕਟ ਵਿੱਚ ਕੀਤੀਆਂ ਮਜ਼ਦੂਰ-ਮਾਰੂ ਸੋਧਾਂ ਦਾ ਵਿਰੋਧ ਪ੍ਰਗਟਾਇਆ ਗਿਆ। ਇਸੇ ਕੜੀ ਤਹਿਤ ਅੰਮ੍ਰਿਤਸਰ ਸੀਟੂ ਦਫਤਰ ਵਿਖੇ ਇਕੱਠ ਕਰਨ ਉਪਰੰਤ ਪੁਤਲੀਘਰ ਚੌਕ ਵਿੱਚ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸੂਬਾਈ ਵਿੱਤ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਪੰਜਾਬ ਸਰਕਾਰ ਦਾ ਜ਼ੋਰਦਾਰ ਵਿਰੋਧ ਕਰਦਿਆਂ ਕਿਹਾ ਕਿ ਸਰਕਾਰ ਨੇ ਮਜ਼ਦੂਰਾਂ ਨੂੰ ਲੇਬਰ ਐਕਟ ਤੋਂ ਬਾਹਰ ਕਰਦਿਆਂ 8 ਘੰਟੇ ਦੀ ਦਿਹਾੜੀ ਨੂੰ ਵਧਾ ਕੇ 12 ਘੰਟੇ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਭਾਰਤ ਵਿੱਚ ਕਿਸੇ ਵੀ ਰਾਜ ਸਰਕਾਰ ਨੇ ਲੇਬਰ ਕੋਡਾਂ ਵਿੱਚ ਕੋਈ ਸੋਧ ਨਹੀਂ ਕੀਤੀ ਪਰ ਪੰਜਾਬ ਦੀ ਆਮ ਆਦਮੀ ਦੀ ਸਰਕਾਰ ਅਖਵਾਉਣ ਵਾਲੀ ਸਰਕਾਰ ਨੇ ਮਜ਼ਦੂਰਾਂ ਨਾਲ ਧੱਕਾ ਕਰਦਿਆਂ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਇਸਟੈਬਲਿਸ਼ਮੈਂਟ ਐਕਟ ਵਿੱਚ ਸੋਧ ਕਰਕੇ ਮਜ਼ਦੂਰ ਮਾਰੂ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਸੀਟੂ ਇਨ੍ਹਾਂ ਸੋਧਾਂ ਨੂੰ ਪ੍ਰਵਾਨ ਨਹੀਂ ਕਰਦੀ ਅਤੇ ਇਸ ਨੂੰ ਵਾਪਸ ਲੈਣ ਲਈ ਸਮੁੱਚੀਆਂ ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਨੂੰ ਨਾਲ ਲੈ ਕੇ ਸੰਘਰਸ਼ ਕਰੇਗੀ ਅਤੇ ਪੰਜਾਬ ਸਰਕਾਰ ਤੇ ਦਬਾਅ ਬਣਾ ਕੇ ਇਨ੍ਹਾਂ ਨੂੰ ਵਾਪਸ ਲੈਣ ਲਈ ਮਜਬੂਰ ਕਰੇਗੀ। ਉਨ੍ਹਾਂ ਕਿਹਾ ਕਿ ਸੰਘਰਸ਼ ਦੇ ਪਹਿਲੇ ਪੜਾਅ ਵਜੋਂ 14 ਜੂਨ ਨੂੰ 22 ਨੰਬਰ ਫਾਟਕ ਅਤੇ 25 ਜੂਨ ਨੂੰ ਢਪਈ ਰੋਡ ਫਾਟਕ ਵਿਖੇ ਵਿਸ਼ਾਲ ਰੋਸ ਰੈਲੀਆਂ ਕਰਕੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ। ਉਨ੍ਹਾਂ ਕਿਹਾ ਕਿ 9 ਜੁਲਾਈ ਦੀ ਦੇਸ਼ ਵਿਆਪੀ ਹੜਤਾਲ ਦੌਰਾਨ ਅੰਮ੍ਰਿਤਸਰ ਮੁਕੰਮਲ ਬੰਦ ਰਹੇਗਾ। ਇਸ ਮੌਕੇ ਸੀਟੂ ਦੇ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਕਾਮਰੇਡ ਕਿਰਪਾ ਰਾਮ, ਕਾਮਰੇਡ ਚਰਨਜੀਤ ਸਿੰਘ ਮਜੀਠਾ, ਵਿਜੇ ਕੁਮਾਰ, ਰਾਜਾ ਰਾਮ, ਮਨਜੀਤ ਸਿੰਘ ਓਬਰਾਏ, ਜਸਬੀਰ ਸਿੰਘ ਝਬਾਲ ਖੇਤ ਮਜ਼ਦੂਰ ਯੂਨੀਅਨ ਆਗੂ, ਸੁਵਿੰਦਰ ਸਿੰਘ ਮੀਰਾਂਕੋਟ ਕਿਸਾਨ ਆਗੂ, ਬਲਜਿੰਦਰ ਸਿੰਘ ਜੱਟਾ, ਭੁਪਿੰਦਰਜੀਤ ਸਿੰਘ ਛੀਨਾ, ਰਮੇਸ਼ ਕੁਮਾਰ, ਬਲਬੀਰ ਸਿੰਘ ਆਦਿ ਸਾਥੀ ਹਾਜ਼ਰ ਸਨ।

## ਬਾਦਲ ਦੀ ਕੋਠੀ ਅੱਗੇ ਅੱਜ ਦਿੱਤਾ ਜਾਣ ਵਾਲਾ ਰੋਸ ਧਰਨਾ ਮੁਲਤਵੀ : ਸੰਤ ਹਰਨਾਮ ਸਿੰਘ ਖ਼ਾਲਸਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਵਿਚ ਤਿੰਨ ਤਖ਼ਤ ਸਾਹਿਬਾਨ ਦੇ ਹਟਾਏ ਗਏ ਜਥੇਦਾਰਾਂ ਦੀ ਬਹਾਲੀ ਲਈ 11 ਜੂਨ ਤੋਂ ਪਿੰਡ ਬਾਦਲ ਪਹੁੰਚ ਕੇ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਰਿਹਾਇਸ਼ 'ਤੇ ਗੁਰਬਾਣੀ ਦਾ ਜਾਪ ਕਰਕੇ ਦਿੱਤਾ ਜਾਣ ਵਾਲਾ ਰੋਸ ਧਰਨਾ ਮੁਲਤਵੀ ਕੀਤਾ ਗਿਆ ਹੈ। ਇਹ ਫ਼ੈਸਲਾ ਬਾਬਾ ਹਰਨਾਮ ਸਿੰਘ ਖ਼ਾਲਸਾ ਵੱਲੋਂ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਪਹੁੰਚੀ ਸ਼੍ਰੋਮਣੀ ਕਮੇਟੀ ਦੀ ਵਫ਼ਦ ਦੀ ਅਗਵਾਈ ਕਰ ਰਹੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਨੇੜੇ ਭਵਿੱਖ ਵਿਚ ਜਥੇਦਾਰ ਸਾਹਿਬਾਨ ਦੇ ਮਾਮਲੇ ਪ੍ਰਤੀ ਜਲਦ ਹੱਲ ਕੱਢਣ ਦੇ ਦਿੱਤੇ ਗਏ ਭਰੋਸੇ ਉਪਰੰਤ ਲਿਆ ਗਿਆ। ਮਨਮਰਜ਼ੀ ਨਾਲ ਹਟਾਏ ਗਏ ਜਥੇਦਾਰਾਂ ਨੂੰ ਬਹਾਲ ਕਰਨ ਲਈ ਸ਼੍ਰੋਮਣੀ ਕਮੇਟੀ ਨੂੰ ਦਿੱਤੇ ਗਏ ਅਲਟੀਮੇਟਮ ਉਪਰੰਤ 27 ਅਪ੍ਰੈਲ ਨੂੰ ਲਏ ਗਏ ਫ਼ੈਸਲੇ ਮੁਤਾਬਕ ਸਿੱਖ ਜਥੇ ਪਿੰਡ ਬਾਦਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਘਰ ਅੱਗੇ ਰੋਸ ਧਰਨੇ ਦਾ ਐਲਾਨ ਕੀਤਾ ਸੀ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸਿੱਖਾਂ ਦੇ ਮਸਲਿਆਂ ਨੂੰ ਬਿਨਾਂ ਦੇਰੀ ਤੋ ਸਾਰਿਆਂ ਦੀ ਰਾਏ ਲੈ ਕੇ ਤੁਰੰਤ ਹੱਲ ਕਰਨ ਦੇ ਵਿੱਚ ਆਪਣੀ ਭੂਮਿਕਾ ਨਿਭਾਉਣ। ਇਸ ਲਈ ਸਾਰਿਆਂ ਨੇ ਪ੍ਰੋਗਰਾਮ ਰੱਖਿਆ ਹੋਇਆ ਸੀ ਕਿ 11 ਜੂਨ ਨੂੰ ਧਰਨਾ ਦਿੱਤਾ ਜਾਏਗਾ ਔਰ ਇਸ ਮਸਲੇ ਦੇ ਹੱਲ ਵਾਸਤੇ ਅਸੀਂ ਲੰਮਾ ਸੰਘਰਸ਼ ਕਰਨ ਲਈ ਤਿਆਰੀ ਕੀਤੀ ਹੋਈ ਸੀ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਅਤੇ ਉਨ੍ਹਾਂ ਦੇ ਨਾਲ ਆਈਆਂ ਹਸਤੀਆਂ ਨਾਲ ਮਿਲ ਬੈਠ ਕੇ ਵਿਚਾਰ ਕੀਤੀ ਹੈ ਕਿ ਸਿੰਘ ਸਾਹਿਬਾਨ ਦੇ ਮਸਲੇ ਦਾ ਸਰਬ ਪ੍ਰਵਾਨਿਤ ਹੱਲ ਕੱਢ ਕੇ ਕੌਮ ਦੇ ਵਿੱਚ ਪਈ ਹੋਈ ਦੁਬਿਧਾ ਨੂੰ ਜਲਦੀ ਤੋਂ ਜਲਦੀ ਖ਼ਤਮ ਕਰਨ ਦਾ ਉਪਰਾਲਾ ਕੀਤਾ ਜਾਵੇ। ਸ਼੍ਰੋਮਣੀ ਕਮੇਟੀ ਦੇ ਆਗੂਆਂ ਨੇ ਸਾਨੂੰ ਵਿਸ਼ਵਾਸ ਦਿਵਾਇਆ ਹੈ। ਇਸ ਵਿਸ਼ਵਾਸ ਦੇ ਤਹਿਤ ਮੈਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਵੀ ਔਰ ਸੰਤਾਂ ਮਹਾਂਪੁਰਖਾਂ, ਨਿਹੰਗ ਸਿੰਘ ਜਥੇਬੰਦੀ ਨੂੰ ਅਪੀਲ ਕਰਦਾ ਹਾਂ ਕਿ ਰੋਸ ਧਰਨਾ ਮੁਲਤਵੀ ਕਰ ਦਿੱਤਾ ਹੈ।

11-June-PAGE-4.qxd 6/10/2025 10:33 PM Page 1



# ਗੁੰਮਰਾਹਕੁੰਨ ਦਾਅਵਾ

*ਭਾਜਪਾ ਵੱਲੋਂ ਮੋਦੀ ਸਰਕਾਰ ਦੇ 11 ਸਾਲ ਪੂਰੇ ਹੋਣ ਦੇ ਮੌਕੇ ਜ਼ੋਰ-ਸ਼ੋਰ ਨਾਲ ਕਈ ਤਰ੍ਹਾਂ ਦੇ ਦਾਅਵੇ ਕੀਤੇ ਜਾ ਰਹੇ ਹਨ। ਇੱਕ ਦਾਅਵਾ ਇਹ ਵੀ ਹੈ ਕਿ ਸਰਕਾਰ ਨੇ 570 ਨਵੀਂਆਂ ਯੂਨੀਵਰਸਿਟੀਆਂ ਦੀ ਸਥਾਪਨਾ ਕੀਤੀ ਹੈ। ਭਾਜਪਾ ਦੇ ਅਧਿਕਾਰਤ ਟਵਿੱਟਰ ਹੈਂਡਲ 'ਤੇ ਇੱਕ ਪੋਸਟਰ ਟਵੀਟ ਕੀਤਾ ਗਿਆ ਹੈ, ਜਿਸ ਵਿੱਚ ਨੌਜਵਾਨਾਂ ਲਈ ਕੀਤੇ ਗਏ ਕੰਮਾਂ ਬਾਰੇ ਦੱਸਿਆ ਗਿਆ ਹੈ। ਪੋਸਟਰ ਦਾ ਸਿਰਲੇਖ ਹੈ, 'ਵੱਡੀਆਂ ਉਪਲੱਬਧੀਆਂ, ਅੰਮ੍ਰਿਤ ਪੀੜ੍ਹੀ ਦਾ ਸਸ਼ਕਤੀਕਰਨ।' ਇਸੇ ਵਿੱਚ 570 ਯੂਨੀਵਰਸਿਟੀਆਂ ਬਣਾਉਣ ਦਾ ਦਾਅਵਾ ਕੀਤਾ ਗਿਆ ਹੈ। ਦਾਅਵੇ ਦੇ ਹਿਸਾਬ ਨਾਲ ਤਾਂ ਦੇਸ਼ ਦੀਆਂ ਲਗਭਗ ਅੱਧੀਆਂ ਯੂਨੀਵਰਸਿਟੀਆਂ ਪਿਛਲੇ 11 ਸਾਲਾਂ ਵਿੱਚ ਬਣੀਆਂ ਜਾਪਦੀਆਂ ਹਨ।*

*ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਉੱਚ ਸਿੱਖਿਆ ਵਿਭਾਗ, ਸਿੱਖਿਆ ਮੰਤਰਾਲਾ ਤੇ ਭਾਰਤ ਸਰਕਾਰ ਦੇ ਮਾਤਹਿਤ ਕੰਮ ਕਰਨ ਵਾਲਾ ਇੱਕ ਖ਼ੁਦਮੁਖਤਾਰ ਅਦਾਰਾ ਹੈ। ਯੂਨੀਵਰਸਿਟੀਆਂ ਤੇ ਕਾਲਜ ਯੂ ਜੀ ਸੀ ਹੇਠ ਹੀ ਆਉਂਦੇ ਹਨ। ਯੂ ਜੀ ਸੀ ਦੀ ਵੈੱਬਸਾਈਟ 'ਤੇ ਦੇਸ਼ ਦੀਆਂ ਯੂਨੀਵਰਸਿਟੀਆਂ ਦੀ ਸੂਚੀ ਮੌਜੂਦ ਹੈ। ਸੂਚੀ ਵਿੱਚ ਕੇਂਦਰੀ ਯੂਨੀਵਰਸਿਟੀਆਂ, ਸਟੇਟ ਯੂਨੀਵਰਸਿਟੀਆਂ, ਪ੍ਰਾਈਵੇਟ ਯੂਨੀਵਰਸਿਟੀਆਂ ਤੇ ਡੀਮਡ ਯੂਨੀਵਰਸਿਟੀਆਂ ਦਾ ਸਿਲਸਿਲੇਵਾਰ ਵੇਰਵਾ ਉਪਲੱਬਧ ਹੈ। ਵੈੱਬਸਾਈਟ ਮੁਤਾਬਕ ਭਾਰਤ ਵਿੱਚ 57 ਯੂਨੀਵਰਸਿਟੀਆਂ, 502 ਸਟੇਟ ਯੂਨੀਵਰਸਿਟੀਆਂ, 512 ਪ੍ਰਾਈਵੇਟ ਯੂਨੀਵਰਸਿਟੀਆਂ ਤੇ 112 ਡੀਮਡ ਯੂਨੀਵਰਸਿਟੀਆਂ ਹਨ। ਯਾਨਿ ਕੁਲ 1213 ਯੂਨੀਵਰਸਿਟੀਆਂ ਹਨ। ਅੰਕੜਿਆਂ ਤੋਂ ਸਪੱਸ਼ਟ ਹੈ ਕਿ ਕੇਂਦਰ ਤੇ ਸੂਬਿਆਂ ਦੀਆਂ ਕੁਲ 559 ਯੂਨੀਵਰਸਿਟੀਆਂ ਹਨ। ਭਾਜਪਾ ਦਾ ਦਾਅਵਾ ਹੈ ਕਿ ਉਸ ਦੀ ਸਰਕਾਰ ਨੇ 11 ਸਾਲਾਂ ਵਿੱਚ 570 ਯੂਨੀਵਰਸਿਟੀਆਂ ਖੜ੍ਹੀਆਂ ਕੀਤੀਆਂ ਹਨ। ਸਾਫ ਹੈ ਕਿ ਦਾਲ ਵਿੱਚ ਕੁਝ ਕਾਲਾ ਹੈ। ਅਸਲ ਵਿੱਚ ਭਾਜਪਾ ਪ੍ਰਾਈਵੇਟ ਯੂਨੀਵਰਸਿਟੀਆਂ ਨੂੰ ਵੀ ਆਪਣੀਆਂ ਉਪਲੱਬਧੀਆਂ ਵਜੋਂ ਦਰਸਾ ਰਹੀ ਹੈ।*

*ਅਸਲ ਵਿੱਚ ਉੱਚ ਸਿੱਖਿਆ ਦਾ ਅੰਮ੍ਰਿਤਕਾਲ ਨਹੀਂ ਚੱਲ ਰਿਹਾ, ਸਗੋਂ ਸਿੱਖਿਆ ਦੇ ਨਿੱਜੀਕਰਨ ਦਾ ਕਾਲ ਚੱਲ ਰਿਹਾ ਹੈ। ਜੇਕਰ ਯੂ ਜੀ ਸੀ ਦੇ ਅੰਕੜਿਆਂ ਨੂੰ ਦੇਖੀਏ ਤਾਂ ਦੇਸ਼ ਵਿੱਚ ਪ੍ਰਾਈਵੇਟ ਯੂਨੀਵਰਸਿਟੀਆਂ ਦੀ ਗਿਣਤੀ ਸਰਕਾਰੀ ਨਾਲੋਂ ਵੱਧ ਹੈ। ਦੇਸ਼ ਵਿੱਚ 624 ਪ੍ਰਾਈਵੇਟ ਤੇ ਡੀਮਡ ਯੂਨੀਵਰਸਿਟੀਆਂ ਹਨ ਅਤੇ ਸਰਕਾਰੀ ਯੂਨੀਵਰਸਿਟੀਆਂ ਸਿਰਫ 559 ਹਨ। ਭਾਜਪਾ ਪ੍ਰਾਈਵੇਟ ਯੂਨੀਵਰਸਿਟੀਆਂ ਦੇ ਨਿਰਮਾਣ ਨੂੰ ਸਰਕਾਰੀ ਤੇ ਲੋਕ ਹਿੱਤ ਦੇ ਕੰਮ ਵਾਂਗ ਪੇਸ਼ ਕਰ ਰਹੀ ਹੈ ਅਤੇ ਸਿੱਖਿਆ ਦੇ ਨਿੱਜੀਕਰਨ ਨੂੰ ਉਪਲੱਬਧੀ ਵਜੋਂ ਪ੍ਰਚਾਰ ਰਹੀ ਹੈ। ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ ਪੜ੍ਹਾਈ ਦੇ ਮਿਆਰ ਬਾਰੇ ਹਰ ਕੋਈ ਜਾਣਦਾ ਹੈ, ਜਿਹੜੀਆਂ ਨੰਬਰ ਦੇਖ ਕੇ ਨਹੀਂ, ਸਗੋਂ ਮੋਟੀ ਫੀਸ ਭਰਵਾ ਕੇ ਦਾਖਲੇ ਦਿੰਦੀਆਂ ਹਨ। ਉਹ ਨੌਜਵਾਨਾਂ ਨੂੰ ਸਹੀ ਅਰਥਾਂ ਵਿੱਚ ਸਿੱਖਿਅਤ ਕਰਨ ਦੀ ਥਾਂ ਪੜ੍ਹੇ-ਲਿਖੇ ਬੇਰੁਜ਼ਗਾਰਾਂ ਦੀ ਫੌਜ ਹੀ ਵਧਾ ਰਹੀਆਂ ਹਨ।*

# ਵਰਤਮਾਨ ਜੰਗਾਂ ਦਾ ਘਿਨੌਣਾ ਸਰੂਪ



ਜਗਦੇਵ ਸ਼ਰਮਾ ਬੁਗਰਾ

ਦੇਖਿਆ ਗਿਆ ਹੈ ਦੇਸ਼ਾਂ ਦਰਮਿਆਨ ਫੌਜੀ ਟਕਰਾਅ ਦਾ ਨਤੀਜਾ ਬੜਾ ਵਿਨਾਸ਼ਕਾਰੀ ਹੁੰਦਾ ਹੈ। ਜਾਨੀ-ਮਾਲੀ ਨੁਕਸਾਨ ਤੋਂ ਇਲਾਵਾ ਜੰਗਾਂ ਜਨਤਾ ਦੇ ਮਨਾਂ ਅੰਦਰ ਸਦਮਾ ਅਤੇ ਖੌਫ ਸਿਰਜ ਜਾਂਦੀਆਂ ਹਨ, ਜਿਹੜਾ ਪੀੜਤਾਂ ਨੂੰ ਦਹਾਕਿਆਂਬੱਧੀ ਤੜਫਾਉਂਦਾ ਰਹਿੰਦਾ ਹੈ। ਜੰਗਾਂ ਦੇ ਨਤੀਜੇ ਵਜੋਂ ਦੇਸ਼ਾਂ ਦੀ ਆਰਥਿਕਤਾ ਤਬਾਹ ਹੋ ਜਾਂਦੀ ਹੈ, ਲੱਖਾਂ ਲੋਕ ਬੇਘਰ ਹੋ ਜਾਂਦੇ ਹਨ, ਬੁਨਿਆਦੀ ਢਾਂਚਾ ਤਹਿਸ-ਨਹਿਸ ਹੋ ਜਾਂਦਾ ਹੈ। ਯੁੱਧ ਵਿੱਚ ਉਲਝੀਆਂ ਭਾਵੇਂ ਦੋਵੇਂ ਧਿਰਾਂ ਜੇਤੂ ਹੋਣ ਦਾ ਢੰਡੋਰਾ ਪਿੱਟਦੀਆਂ ਹੋਣ, ਪ੍ਰੰਤੂ ਅਸਲ ਵਿੱਚ ਦੋਨੋਂ ਹੀ ਹਾਰ ਗਈਆਂ ਹੁੰਦੀਆਂ ਹਨ।

ਯੁੱਧ ਹੁੰਦੇ ਹੀ ਕਿਉਂ ਹਨ? ਬੁੱਧੀਜੀਵੀ ਵਰਗ ਕਿਸੇ ਸਮਾਜ ਜਾਂ ਉਸ ਦੇ ਨੇਤਾ ਦਾ ਗੈਰ-ਜ਼ੁੰਮੇਵਾਰੀ ਵਾਲਾ ਵਰਤਾਓ, ਵਿਚਾਰਧਾਰਾ ਤੋਂ ਸੱਖਣਾਪਣ, ਅਨਿਸਚਿਤਤਾ ਵਾਲਾ ਮਾਹੌਲ, ਪੱਖਪਾਤੀ ਅਤੇ ਈਰਖਾਲੂ ਰਵੱਈਆ ਅਤੇ ਬੇਭਰੋਸਗੀ ਨੂੰ ਯੁੱਧ ਲਈ ਜ਼ੁੰਮੇਵਾਰ ਪੰਜ ਕਾਰਨ ਦੱਸਦੇ ਹਨ।

ਮਨੁੱਖਤਾ ਲਈ ਯਮਨ ਵਿੱਚ ਚਲਦੇ ਵਰਤਮਾਨ ਯੁੱਧ ਦੇ ਨਤੀਜਿਆਂ ਨੂੰ ਸਭ ਤੋਂ ਵੱਧ ਘਾਤਕ ਮੰਨਿਆ ਗਿਆ ਹੈ। ਇਸ ਟਕਰਾਓ ਕਾਰਨ 10000 ਤੋਂ ਵੱਧ ਜਾਨਾਂ ਦਾ ਘਾਣ ਹੋਇਆ ਹੈ ਅਤੇ 20 ਲੱਖ ਤੋਂ ਜ਼ਿਆਦਾ ਲੋਕ ਬੇਘਰ ਹੋ ਗਏ ਹਨ। ਇਸ ਤੋਂ ਇਲਾਵਾ ਉੱਥੋਂ ਦੇ ਲੋਕਾਂ ਨੇ ਹੈਜ਼ਾ, ਡੇਂਗੂ, ਮਲੇਰੀਆ, ਖਸਰਾ ਅਤੇ ਗਲਘੋਟੂ ਵਰਗੀਆਂ ਮਹਾਂਮਾਰੀਆਂ ਦਾ ਸਾਹਮਣਾ ਵੀ ਕੀਤਾ। ਅਪ੍ਰੈਲ 2017 ਤੋਂ ਅਗਸਤ 2018 ਤੱਕ ਕੋਈ ਸਾਢੇ ਗਿਆਰਾਂ ਲੱਖ ਲੋਕ ਇਹਨਾਂ ਬਿਮਾਰੀਆਂ ਤੋਂ ਪ੍ਰਭਾਵਿਤ ਹੋਏ ਅਤੇ ਕੋਈ 2400 ਇਨਸਾਨ ਆਪਣੀ ਜਾਨ ਤੋਂ ਹੱਥ ਧੋ ਬੈਠੇ। ਇਹੋ ਜਿਹਾ ਹੁੰਦਾ ਹੈ ਯੁੱਧ ਦਾ ਬਦਸੂਰਤ ਚਿਹਰਾ।

70 ਤੋਂ 85 ਮਿਲੀਅਨ ਮੌਤਾਂ ਕਾਰਨ ਦੂਜੇ ਵਿਸ਼ਵ ਯੁੱਧ ਦਾ ਨਾਂਅ ਵੀ ਰਹਿੰਦੀ ਦੁਨੀਆ ਤੱਕ ਘਾਤਕ ਯੁੱਧ ਦੇ ਤੌਰ 'ਤੇ ਆਉਂਦਾ ਰਹੇਗਾ। 1939 ਤੋਂ 1945 ਤੱਕ 30 ਦੇਸ਼ਾਂ ਵਿੱਚ ਫੈਲੇ ਇਸ ਯੁੱਧ ਵਿੱਚ ਅੰਦਾਜ਼ਨ 100 ਮਿਲੀਅਨ ਲੋਕਾਂ ਦੀ ਸ਼ਮੂਲੀਅਤ ਰਹੀ। ਨਤੀਜਾ ਇਨਸਾਨੀਅਤ ਦਾ ਕਤਲੇਆਮ ਅਤੇ ਸਰਬਨਾਸ਼। 6 ਅਗਸਤ 1945 ਨੂੰ ਹੀਰੋਸ਼ੀਮਾ ਉੱਪਰ ਸੁੱਟੇ ਗਏ ਯੂਰੇਨੀਅਮ ਬੰਬ ਨੇ 1945 ਦੇ ਅਖੀਰ ਤੱਕ 140000 ਲੋਕਾਂ ਦੀ ਜਾਨ ਲੈ ਲਈ ਸੀ। ਤਿੰਨ ਦਿਨ ਬਾਅਦ ਨਾਗਾਸਾਕੀ 'ਤੇ ਸੁੱਟੇ ਗਏ ਪਲੂਟੋਨੀਅਮ ਬੰਬ ਨੇ 74000 ਪ੍ਰਾਣੀਆਂ ਨੂੰ ਸਦਾ ਦੀ ਨੀਂਦ ਸੁਲਾ ਦਿੱਤਾ ਸੀ। ਬਚ ਗਿਆਂ ਨੂੰ ਲਿਊਕੀਮੀਆ, ਕੈਂਸਰ ਅਤੇ ਹੋਰ ਰੇਡੀਏਸ਼ਨ ਸੰਬੰਧਤ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ ਸੀ।

ਵੈਸੇ ਤਾਂ ਕਿਸੇ ਵੀ ਯੁੱਧ ਵਿੱਚ ਫੌਜਾਂ ਇੱਕ-ਦੂਜੇ 'ਤੇ ਕਦੇ ਫੁੱਲ ਵਰਸਾਉਂਦੀਆਂ ਨਹੀਂ ਦੇਖੀਆਂ ਸੁਣੀਆਂ ਹਨ, ਪ੍ਰੰਤੂ ਈਰਾਨ-ਇਰਾਕ ਯੁੱਧ, ਜਿਹੜਾ ਕਿ 1980 ਤੋਂ 1988 ਤੱਕ ਚੱਲਿਆ, ਨੇ ਚੌਂਕਾਅ ਦੇਣ ਵਾਲੀ ਤਬਾਹੀ ਮਚਾਈ ਸੀ। ਇੱਕ ਅੰਦਾਜ਼ੇ ਮੁਤਾਬਿਕ ਦੋਵੇਂ ਪਾਸਿਆਂ ਤੋਂ ਕੋਈ 5 ਲੱਖ ਤੋਂ 10 ਲੱਖ ਲੋਕਾਂ ਦੀਆਂ ਜਾਨਾਂ ਜਾਣ ਦੀ ਖਬਰ ਸੀ। ਹਮਾਸ ਦੀ ਹੈੱਲਥ ਮਨਿਸਟਰੀ ਦੁਆਰਾ ਜਾਰੀ ਅੰਕੜਿਆਂ ਅਨੁਸਾਰ ਗਾਜ਼ਾ ਪੱਟੀ ਦੀ ਸਦਾ-ਬਹਾਰ ਲੜਾਈ ਵਿੱਚ 54677 ਜਾਨਾਂ ਜਾ ਚੁੱਕੀਆਂ ਹਨ। ਅਜਿਹੀਆਂ ਖਾਨਾਜੰਗੀ ਵਰਗੀਆਂ ਲੜਾਈਆਂ ਵਿੱਚ ਜ਼ਿਆਦਾਤਰ ਜਾਨਾਂ ਜਾਂਦੀਆਂ ਹਨ ਬੱਚਿਆਂ, ਬੁੱਢਿਆਂ ਔਰਤਾਂ ਅਤੇ ਬਿਮਾਰਾਂ ਦੀਆਂ, ਕਿਉਂਕਿ ਉਹ ਆਪਣੀ ਹਿਫਾਜ਼ਤ ਖੁਦ ਕਰਨ ਦੇ ਕਾਬਲ ਨਹੀਂ ਹੁੰਦੇ।

ਜ਼ਿਆਦਾ ਅਮੀਰ ਆਰਥਿਕ ਸਰੋਤਾਂ ਦੇ ਮਾਲਕ ਦੇਸ਼ ਜ਼ਿਆਦਾ ਵਿਕਸਤ ਦੇਸ਼ਾਂ ਦੇ ਨਿਸ਼ਾਨੇ 'ਤੇ ਰਹਿੰਦੇ ਹਨ। ਤੇਲ ਉਤਪਾਦਕ ਦੇਸ਼ਾਂ ਉੱਤੇ ਧਾਵਿਆਂ ਦਾ ਕਾਰਨ ਉਹਨਾਂ ਦੇ ਤੇਲ ਦੇ ਖੂਹ ਹੀ ਬਣਦੇ ਆਏ ਹਨ। ਅਫਗਾਨਿਸਤਾਨ ਦੀ ਤਬਾਹੀ ਦਾ ਕਾਰਨ ਵੀ ਉਥੋਂ ਦੀ ਅਮੀਰ ਖੇਤੀ ਉਤਪਾਦ ਹੀ ਬਣੀ। 2001 ਤੋਂ 2021 ਤੱਕ ਅਫਗਾਨਿਸਤਾਨ ਵਿੱਚ ਲੱਗਭੱਗ 176000 ਲੋਕ ਯੁੱਧ ਦੀ ਭੇਟ ਚੜ੍ਹੇ, ਜਿਨ੍ਹਾਂ ਵਿੱਚ 69095 ਅਫਗਾਨੀ ਫੌਜਾਂ ਅਤੇ ਪੁਲਸ ਕਾਰਕੁਨ, 46319 ਅਸੈਨਿਕ ਆਮ ਜਨਤਾ ਅਤੇ 52893 ਵਿਰੋਧੀਆਂ ਦੀਆਂ ਫੌਜਾਂ ਦੇ ਸੈਨਿਕ ਸਨ, ਜਿਨ੍ਹਾਂ ਵਿੱਚ 2459 ਅਮਰੀਕਨ ਵੀ ਸ਼ਾਮਲ ਸਨ। ਵਿਦਰੋਹੀਆਂ ਦੀ ਗਿਣਤੀ ਇਸ ਤੋਂ ਵੱਖਰੀ ਹੈ।

ਅਮਰੀਕਾ ਦੁਆਰਾ ਇਰਾਕ ਉੱਪਰ 2003 ਵਿੱਚ ਥੋਪੇ ਗਏ ਯੁੱਧ ਵਿੱਚ ਇਰਾਕ ਦਾ ਬੁਨਿਆਦੀ ਢਾਂਚਾ, ਜਿਨ੍ਹਾਂ ਵਿੱਚ ਉਥੋਂ ਦੇ ਹਸਪਤਾਲ, ਸਕੂਲ ਅਤੇ ਮਾਲ ਵਗੈਰਾ ਤਹਿਸ-ਨਹਿਸ ਕਰ ਦਿੱਤੇ ਗਏ ਸਨ। ਹਜ਼ਾਰਾਂ ਮਨੁੱਖੀ ਜਾਨਾਂ ਗਈਆਂ ਵੱਖਰੀਆਂ। ਅਚੰਭਿਤ ਇਹ ਰਿਹਾ ਕਿ ਇਰਾਕ ਕੋਲ ਮਾਰੂ ਪ੍ਰਮਾਣੂ ਹਥਿਆਰ ਹੋਣ ਦੇ ਬਹਾਨੇ ਇਸ ਉੱਪਰ ਇਹ ਹਮਲਾ ਕੀਤਾ ਗਿਆ ਸੀ, ਪ੍ਰੰਤੂ ਭਾਲ ਕਰਨ 'ਤੇ ਵੀ ਐਸਾ ਕੋਈ ਹਥਿਆਰ ਮਿਲਿਆ ਹੀ ਨਹੀਂ।

2022 ਤੋਂ ਸ਼ੁਰੂ ਹੋਏ ਰੂਸ-ਯੂਕਰੇਨ ਯੁੱਧ ਵਿੱਚ ਅੱਜ ਤੱਕ ਜਿੱਥੇ ਲੱਖਾਂ ਲੋਕ ਸ਼ਹੀਦੀਆਂ ਪਾ ਗਏ ਹਨ, ਉਥੇ ਹੀ ਇਸ ਯੁੱਧ ਦਾ ਇੱਕ ਹੋਰ ਡਰਾਵਣਾ ਪਹਿਲੂ ਸਾਹਮਣੇ ਆਇਆ ਹੈ, ਰਿਪੋਰਟਾਂ ਅਨੁਸਾਰ ਲੱਖਾਂ ਹੀ ਸ਼ਹਿਰੀ ਲਾਪਤਾ ਹਨ।

ਭਾਰਤ ਅਤੇ ਪਾਕਿਸਤਾਨ ਦੋਵੇਂ ਹੀ ਥੁੜ੍ਹਾਂ ਦੇ ਮਾਰੇ ਹੋਏ ਦੇਸ਼ ਹਨ। ਭਾਰਤ ਸਰਕਾਰ ਨੇ 2025-26 ਦੇ ਬਜਟ ਵਿੱਚ 6.81 ਲੱਖ ਕਰੋੜ ਰੁਪਏ ਸੈਨਾਵਾਂ ਲਈ ਅਤੇ ਹਥਿਆਰਾਂ 'ਤੇ ਖਰਚ ਕਰਨ ਦਾ ਪ੍ਰਾਵਧਾਨ ਕੀਤਾ ਹੈ। ਇਸੇ ਤਰ੍ਹਾਂ ਭਾਰੀ ਕਰਜ਼ੇ ਥੱਲੇ ਦੱਬੇ ਪਾਕਿਸਤਾਨ ਨੇ ਵਿੱਤੀ ਵਰ੍ਹੇ 2024-25 ਵਿੱਚ 2122 ਬਿਲੀਅਨ ਦਾ ਪ੍ਰਾਵਧਾਨ ਆਪਣੇ ਡਿਫੈਂਸ ਸੈਕਟਰ ਲਈ ਕੀਤਾ ਸੀ। ਪਾਕਿਸਤਾਨ ਨੇ 2023-24 ਦੇ ਬਜਟ ਦਾ 18.3 ਫੀਸਦੀ ਸੁਰੱਖਿਆ ਸੈਨਾਵਾਂ ਲਈ ਰਿਜ਼ਰਵ ਰੱਖਿਆ ਸੀ, ਜਿਹੜਾ ਕਿ ਕਰਜ਼ਿਆਂ ਦੀ ਕਿਸ਼ਤ ਤੋਂ ਬਾਅਦ ਸਭ ਤੋਂ ਵੱਡੀ ਮਦ ਸੀ।

ਭਾਵੇਂ ਬੜੇ ਜ਼ੋਰ-ਸ਼ੋਰ ਨਾਲ ਇਹ ਪ੍ਰਚਾਰਿਆ ਜਾਂਦਾ ਹੈ ਕਿ 'ਮਜ਼ਹਬ ਨਹੀਂ ਸਿਖਾਤਾ ਆਪਸ ਮੇਂ ਬੈਰ ਰੱਖਣਾ', ਪ੍ਰੰਤੂ ਦੁਨੀਆ ਉੱਤੇ ਜ਼ਿਆਦਾ ਖ਼ੂਨ ਧਰਮ ਦੇ ਨਾਂਅ 'ਤੇ ਹੀ ਵਹਾਇਆ ਗਿਆ ਹੈ ਅਤੇ ਵਹਾਇਆ ਜਾ ਰਿਹਾ ਹੈ। ਭਾਰਤ ਦੀ ਧਰਮ ਅਧਾਰਤ ਵੰਡ ਵੇਲੇ ਦੁਨੀਆ ਨੇ ਇਤਿਹਾਸ ਦੀ ਸਭ ਤੋਂ ਵੱਡੀ ਸਮੂਹਿਕ ਹਿਜਰਤ ਦੇਖੀ ਸੀ। ਹਿੰਦੂ ਅਤੇ ਸਿੱਖ ਪਾਕਿਸਤਾਨ ਤੋਂ ਭਾਰਤ ਆਏ ਅਤੇ ਮੁਸਲਮਾਨ ਪਾਕਿਸਤਾਨ ਜਾਂਦੇ ਦੇਖੇ ਗਏ ਸਨ। ਇਸ ਪਰਵਾਸ ਦੌਰਾਨ ਵਾਪਰੇ ਸੰਪਰਦਾਇਕ ਦੰਗਿਆਂ ਕਾਰਨ 10-12 ਲੱਖ ਲੋਕ ਬੇਘਰ ਹੋ ਗਏ ਅਤੇ ਲੱਗਭੱਗ 2 ਲੱਖ ਤੋਂ 10 ਲੱਖ ਤੱਕ ਲੋਕਾਂ ਦੇ ਮਾਰੇ ਜਾਣ ਦਾ ਅੰਦਾਜ਼ਾ ਹੈ।

1965 ਵਿੱਚ ਫੇਰ ਭਾਰਤ-ਪਾਕਿਸਤਾਨ ਦੀਆਂ ਫੌਜਾਂ ਇਸੇ ਮੁੱਦੇ 'ਤੇ ਆਪਸ ਵਿੱਚ ਭਿੜੀਆਂ। ਕੋਈ 3712 ਭਾਰਤੀ ਫੌਜੀ ਅਤੇ 1500 ਪਾਕਿਸਤਾਨੀ ਫੌਜੀ ਜੰਗ ਦੌਰਾਨ ਮਾਰੇ ਗਏ ਸਨ। 7638 ਭਾਰਤੀ ਫੌਜੀ ਅਤੇ 4300 ਪਾਕਿਸਤਾਨੀ ਸੈਨਿਕ ਜ਼ਖਮੀ ਵੀ ਹੋਏ ਸਨ। 1971 ਵਿੱਚ ਤੀਜੀ ਵਾਰ ਦੋਵੇਂ ਦੇਸ਼ਾਂ ਦੀ ਫੇਰ ਟੱਕਰ ਹੋਈ। ਇਸ ਵਾਰ ਭਖਦਾ ਮੁੱਦਾ ਸੀ ਪੂਰਬੀ ਪਾਕਿਸਤਾਨ (ਅੱਜ ਦਾ ਬੰਗਲਾਦੇਸ਼) ਨੂੰ ਪਾਕਿਸਤਾਨ ਦੇ ਚੁੰਗਲ ਵਿੱਚੋਂ ਅਜ਼ਾਦ ਕਰਵਾਉਣ ਦਾ। ਇਸ ਯੁੱਧ ਵਿੱਚ ਸੈਨਿਕਾਂ ਨਾਲੋਂ ਸਿਵਲੀਅਨ ਲੋਕਾਂ ਦਾ ਨੁਕਸਾਨ ਜ਼ਿਆਦਾ ਹੋਇਆ। ਇਹ ਮੰਨਿਆ ਜਾ ਰਿਹਾ ਹੈ ਕਿ 30,0000 ਬੰਗਲਾਦੇਸੀ ਨਾਗਰਿਕ ਜੰਗ ਦੀ ਭੇਟ ਚੜ੍ਹ ਗਏ ਸਨ। ਪਾਕਿਸਤਾਨੀ ਫੌਜਾਂ ਨੇ ਬੰਗਲਾਦੇਸ਼ੀ ਨਾਗਰਿਕਾਂ 'ਤੇ ਅੰਨ੍ਹੇਵਾਹ ਤਸ਼ੱਦਦ ਕੀਤਾ ਅਤੇ ਭਾਰਤੀ ਫੌਜਾਂ ਨੇ 93000 ਪਾਕਿਸਤਾਨੀ ਫੌਜੀਆਂ ਕੋਲੋਂ ਹਥਿਆਰ ਸੁੱਟਵਾਉਣ ਦਾ ਇਤਿਹਾਸ ਰਚਿਆ।

ਕਾਰਗਿਲ ਵਿੱਚ ਅਛੋਪਲੇ ਹੀ ਪਾਕਿ ਫੌਜਾਂ ਦੀ ਘੁਸਪੈਠ ਨਾਲ ਸ਼ੁਰੂ ਹੋਈ ਕਾਰਗਿਲ ਦੀ ਜੰਗ ਵਿੱਚ ਭਾਰਤ ਦੇ 527 ਸੈਨਿਕ ਮਾਰੇ ਗਏ ਅਤੇ 1363 ਜ਼ਖਮੀ ਵੀ ਹੋਏ। ਪਾਕਿਸਤਾਨ ਦੇ ਵੀ 400 ਤੋਂ 4000 ਫੌਜੀ ਮਾਰੇ ਗਏ ਸਨ ਅਤੇ ਇਲਾਕੇ ਵਿਚਲੇ ਬੁਨਿਆਦੀ ਢਾਂਚੇ ਨੂੰ ਵੀ ਕਾਫੀ ਨੁਕਸਾਨ ਪਹੁੰਚਿਆ ਸੀ।

ਜੰਮੂ-ਕਸ਼ਮੀਰ ਇੱਕ ਵਾਰ ਫਿਰ ਮਈ 2025 ਵਿੱਚ ਲੜਾਈ ਦਾ ਕਾਰਨ ਬਣਿਆ। ਪਾਕਿਸਤਾਨ ਨੂੰ ਪਤਾ ਹੈ ਕਿ ਉਹ ਸੈਨਿਕ ਫਰੰਟ ਉੱਤੇ ਭਾਰਤ ਦਾ ਮੁਕਾਬਲਾ ਨਹੀਂ ਕਰ ਸਕਦਾ। ਇਸ ਲਈ ਉਹ ਭਾਰਤ ਵਿੱਚ ਆਪਣੇ ਅੱਤਵਾਦੀਆਂ ਦੀ ਘੁਸਪੈਠ ਕਰਵਾ ਕੇ ਕੋਝੀਆਂ ਹਰਕਤਾਂ ਕਰਦਾ ਰਹਿੰਦਾ ਹੈ। ਅਪ੍ਰੈਲ 2025 ਵਿੱਚ ਪਹਿਲਗਾਮ ਵਿੱਚ 27 ਭਾਰਤੀਆਂ ਦੀ ਅੱਤਵਾਦੀਆਂ ਹੱਥੋਂ ਹੱਤਿਆ ਨੇ ਭਾਰਤੀਆਂ ਨੂੰ ਪਾਕਿਸਤਾਨ ਤੋਂ ਬਦਲਾ ਲੈਣ ਲਈ ਪ੍ਰੇਰਿਆ ਅਤੇ ਭਾਰਤੀ ਸਰਕਾਰ ਨੇ 'ਅਪਰੇਸ਼ਨ ਸਿੰਧੂਰ' ਜ਼ਰੀਏ ਪਾਕਿਸਤਾਨ ਵਿਚਲੇ ਅੱਤਵਾਦੀ ਟਿਕਾਣੇ ਤਬਾਹ ਕਰ ਦਿੱਤੇ। 7 ਮਈ ਦੀ ਰਾਤ ਨੂੰ ਸ਼ੁਰੂ ਹੋਇਆ ਇਹ ਅਪਰੇਸ਼ਨ 10 ਮਈ ਦੀ ਦੁਪਹਿਰ ਤੋਂ ਬਾਅਦ ਦੋਵਾਂ ਦੇਸਾਂ ਦੇ ਡਾਇਰੈਕਟਰ ਜਨਰਲ ਮਿਲਟਰੀ ਅਪਰੇਸ਼ਨਜ਼ ਦੀ ਗੱਲਬਾਤ ਤੋਂ ਬਾਅਦ ਰੋਕ ਦਿੱਤਾ ਗਿਆ ਸੀ। ਇਹ ਅਪਰੇਸ਼ਨ ਪਾਕਿਸਤਾਨੀਆਂ ਲਈ ਬਹੁਤ ਸਾਰੇ ਸਬਕ ਪਿੱਛੇ ਛੱਡ ਗਿਆ ਹੈ।

ਜੰਗਾਂ ਹੁੰਦੀਆਂ ਹਨ, ਰੁਕ ਜਾਂਦੀਆਂ ਹਨ ਅਤੇ ਆਪਣੇ ਪਿੱਛੇ ਵਿਨਾਸ਼ਕਾਰੀ ਨਿਸ਼ਾਨ ਛੱਡ ਜਾਂਦੀਆਂ ਹਨ, ਪ੍ਰੰਤੂ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਲਈ ਵਿਚਾਰਨ ਵਾਲਾ ਵਿਸ਼ਾ ਹੈ ਕਿ ਕੀ ਕਸ਼ਮੀਰ ਸਮੱਸਿਆ ਦਾ ਹੱਲ ਜੰਗ ਹੀ ਹੈ? ਜੇਕਰ ਅਜਿਹਾ ਹੁੰਦਾ ਤਾਂ ਅੱਜ ਨੂੰ ਮਸਲਾ ਹੱਲ ਹੋ ਗਿਆ ਹੁੰਦਾ। ਕੀ ਕਾਰਗਿਲ ਘੁਸਪੈਠ ਕਾਰਨ ਕਾਰਗਿਲ ਪਾਕਿਸਤਾਨ ਦਾ ਹਿੱਸਾ ਬਣ ਸਕਿਆ? ਕੀ ਕਸ਼ਮੀਰ ਵਿੱਚ ਪਾਕਿਸਤਾਨੀ ਅੱਤਵਾਦੀਆਂ ਦੁਆਰਾ ਫੈਲਾਈ ਜਾ ਰਹੀ ਹਿੰਸਾ ਕਾਰਨ ਕਸ਼ਮੀਰ ਪਾਕਿਸਤਾਨ ਦਾ ਹੋ ਗਿਆ? ਕੀ ਪੂਰਬੀ ਪਾਕਿਸਤਾਨੀਆਂ 'ਤੇ ਢਾਹੇ ਗਏ ਤਸ਼ੱਦਦ ਨੇ ਬੰਗਲਾਦੇਸ਼ ਨੂੰ ਜਨਮ ਨਹੀਂ ਦਿੱਤਾ?

ਨਵੀਆਂ ਤਕਨੀਕਾਂ ਦੇ ਆ ਜਾਣ ਨਾਲ ਜੰਗ ਦੇ ਤੌਰ-ਤਰੀਕੇ ਬਦਲ ਗਏ ਹਨ। ਹੁਣ ਜੰਗਾਂ ਪੈਟਨ ਟੈਂਕਾਂ, ਏ ਕੇ ਸੰਤਾਲੀਆਂ ਜਾਂ ਤੋਪਾਂ ਦੇ ਗੋਲਿਆਂ ਨਾਲ ਨਹੀਂ ਲੜੀਆਂ ਜਾਂਦੀਆਂ। ਹੁਣੇ-ਹੁਣੇ ਭਾਰਤ-ਪਾਕਿ ਟਕਰਾਅ ਸਮੇਂ ਲੜਾਈ ਵਿਚ ਮਨੁੱਖ ਰਹਿਤ ਡਰੋਨ, ਦੁਸ਼ਮਣ ਦੇ ਹਥਿਆਰ ਨੂੰ ਹਵਾ ਵਿਚ ਹੀ ਨਸ਼ਟ ਕਰ ਦੇਣ ਵਾਲੇ 400 ਅਤੇ ਬ੍ਰਹਮੋਸ ਮਿਜ਼ਾਇਲਾਂ ਦਾ ਇਸਤੇਮਾਲ ਕੀਤਾ ਗਿਆ। ਇਹਨਾਂ ਤੋਂ ਵੀ ਭਿਆਨਕ ਐਟਮੀ ਬੰਬ, ਪ੍ਰਮਾਣੂ ਹਥਿਆਰ, ਜੈਵਿਕ ਹਥਿਆਰ, ਦੁਸ਼ਮਣ ਦੇ ਜਹਾਜ਼ਾਂ 'ਤੇ ਨਜ਼ਰ ਰੱਖਣ ਲਈ ਰਾਡਾਰ, ਪਣਡੁੱਬੀਆਂ ਅਤੇ ਜ਼ਹਿਰੀਲੀਆਂ ਗੈਸਾਂ ਦੀ ਵਰਤੋਂ ਹੋਣ ਲੱਗੀ ਹੈ। ਹਰ ਕਿਸਮ ਦੇ ਮਾਰੂ ਹਥਿਆਰ ਨਾਲ ਦੁਸ਼ਮਣ ਨੂੰ ਚਿੱਤ ਕਰਨ ਦੀ ਨੀਤੀ ਚਾਣਕਿਆ ਨੀਤੀ ਤਾਂ ਹੋ ਸਕਦੀ ਹੈ, ਪ੍ਰੰਤੂ ਇਨਸਾਨੀਅਤ ਦੇ ਤਕਾਜ਼ੇ 'ਤੇ ਇਹ ਖਰੀ ਨਹੀਂ ਉੱਤਰਦੀ।

ਯੁੱਧ ਲੜੋ, ਜ਼ਰੂਰ ਲੜੋ, ਪ੍ਰੰਤੂ ਯੁੱਧ ਲੜੋ ਨਸ਼ਿਆਂ ਵਿਰੁੱਧ, ਯੁੱਧ ਲੜੋ ਅਨਪੜ੍ਹਤਾ ਵਿਰੁੱਧ, ਯੁੱਧ ਲੜੋ ਗਰੀਬੀ ਵਿਰੁੱਧ, ਯੁੱਧ ਲੜੋ ਆਰਥਿਕ ਅਸਮਾਨਤਾ ਖਿਲਾਫ, ਯੁੱਧ ਲੜੋ ਥੁੜ੍ਹਾਂ ਵਿਰੁੱਧ, ਯੁੱਧ ਲੜੋ ਇਸਤਰੀ ਉਤਪੀੜਨ ਅਤੇ ਦੁਰਾਚਾਰੀਆਂ ਵਿਰੁੱਧ, ਯੁੱਧ ਲੜੋ ਭੁੱਖਮਰੀ ਵਿਰੁੱਧ, ਯੁੱਧ ਲੜੋ ਪ੍ਰਦੂਸ਼ਣ ਵਿਰੁੱਧ, ਯੁਧ ਲੜੋ ਭ੍ਰਿਸ਼ਟਾਚਾਰ ਵਿਰੁੱਧ ਅਤੇ ਅਖੀਰ ਯੁੱਧ ਲੜੋ ਦੁਨੀਆ ਉੱਤੇ ਸ਼ਾਂਤੀ ਬਹਾਲੀ ਲਈ।

**# ਸੰਪਰਕ : 98727-87243**

# ਦੇਸ਼ ਅਤੇ ਪੰਜਾਬ ਦੇ ਬਿਜਲੀ ਖੇਤਰ ਦੀ ਤਸਵੀਰ ਅਤੇ ਨਿੱਜੀਕਰਨ

**ਹਰਭਜਨ ਸਿੰਘ**

**ਦੇਸ਼ ਪੱਧਰ 'ਤੇ ਬਿਜਲੀ ਖੇਤਰ ਦੀ ਰੂਪ-ਰੇਖਾ (Power Scenario)** : 31 ਮਾਰਚ 2025 ਤੱਕ ਦੇਸ਼ ਦੀ ਕੁੱਲ ਸਥਾਪਿਤ ਬਿਜਲੀ ਪੈਦਾਵਾਰ ਸਮਰੱਥਾ 4,75,211 ਮੈਗਾਵਾਟ ਹੈ। ਇਸ ਵਿਚੋਂ ਪ੍ਰਾਈਵੇਟ ਖੇਤਰ ਦਾ ਹਿੱਸਾ 51 ਪ੍ਰਤੀਸ਼ਤ ਹੈ। ਸਾਲ 2020 ਵਿੱਚ ਇਹ ਹਿੱਸਾ 33.46 ਪ੍ਰਤੀਸ਼ਤ ਸੀ। ਹੁਣ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਵੱਲੋਂ ਜਨਤਕ ਖੇਤਰ 'ਚ ਨਵੇਂ ਬਿਜਲੀ ਪੈਦਾਵਾਰ ਪ੍ਰਾਜੈਕਟ ਸਥਾਪਤ ਕਰਨ ਉਪਰ ਰੋਕ ਲਗਾਉਣ ਅਤੇ ਨਵਿਆਉਣਯੋਗ ਊਰਜਾ ਦਾ ਵਧੇਰੇ ਕਾਰੋਬਾਰ ਅਡਾਨੀ ਸਮੇਤ ਵੱਡੇ ਕਾਰਪੋਰੇਟਾਂ ਨੂੰ ਦੇਣ ਕਾਰਨ ਹਰ ਸਾਲ ਬਿਜਲੀ ਦੀ ਸਥਾਪਿਤ ਬਿਜਲੀ ਸਮਰੱਥਾ ਵਿੱਚ ਪ੍ਰਾਈਵੇਟ ਹਿੱਸਾ ਵਧਦਾ ਜਾ ਰਿਹਾ ਹੈ। ਕੋਲੇ ਦਾ ਹਿੱਸਾ 46.7 ਪ੍ਰਤੀਸ਼ਤ ਹੈ। ਨਵਿਆਉਣਯੋਗ ਊਰਜਾ ਦਾ ਹਿੱਸਾ 46.3 ਪ੍ਰਤੀਸ਼ਤ ਹੈ, ਇਸ ਵਿਚੋਂ ਸੂਰਜੀ ਊਰਜਾ ਦਾ ਹਿੱਸਾ ਲਗਾਤਾਰ ਵਧ ਰਿਹਾ ਹੈ। ਇਸ ਦਾ ਵਧੇਰੇ ਕਾਰੋਬਾਰ ਅਡਾਨੀ ਸਮੂਹ ਕੋਲ ਹੈ। ਇਸ ਵੇਲੇ 80 ਪ੍ਰਤੀਸ਼ਤ ਨਵਿਆਉਣਯੋਗ ਊਰਜਾ ਪ੍ਰਾਜੈਕਟ ਨਿੱਜੀ ਕੰਪਨੀਆਂ ਦੇ ਅਧੀਨ ਹਨ।

ਭਾਜਪਾ ਦੀ ਕੇਂਦਰ ਸਰਕਾਰ ਨੇ ਪਿਛਲੇ ਕੁਝ ਸਾਲਾਂ ਤੋਂ ਬਿਜਲੀ ਦੇ ਉਤਪਾਦਨ ਵਿੱਚ ਆਯਾਤ (Import) ਕੀਤੇ ਕੋਲੇ ਦੀ ਲਾਜ਼ਮੀ ਵਰਤੋਂ 'ਚ ਲਗਾਤਾਰ ਵਾਧਾ ਕੀਤਾ ਹੈ। ਇਹ ਵਾਧਾ ਤਿੰਨ ਗੁਣਾ ਵਧ ਗਿਆ ਹੈ। ਇਸ ਨਾਲ ਬਿਜਲੀ ਬਿੱਲਾਂ ਉੱਪਰ ਲਗਾਤਾਰ ਬੋਝ ਵਧ ਰਿਹਾ ਹੈ। ਕੋਲੇ ਦਾ ਸਭ ਤੋਂ ਵੱਡਾ ਦਰਾਮਦਕਾਰ (Importer) ਵੀ ਅਡਾਨੀ ਹੈ। ਆਯਾਤ ਕੋਲਾ ਘਰੇਲੂ ਕੋਲੇ ਤੋਂ ਤਿੰਨ ਗੁਣਾ ਮਹਿੰਗਾ ਪੈ ਰਿਹਾ ਹੈ। ਬਿਜਲੀ ਸੋਧ ਬਿੱਲ 2022 ਨੂੰ ਪਾਸ ਕਰਨ ਅਤੇ ਲਾਗੂ ਕਰਨ ਵਿੱਚ ਅਫਸਲ ਰਹਿਣ ਤੋਂ ਬਾਅਦ ਬਿਜਲੀ ਮੰਤਰਾਲੇ ਨੇ ਬਿਜਲੀ ਦੀਆਂ ਉਤਪਾਦਕ ਅਤੇ ਵੰਡ ਕੰਪਨੀਆਂ ਨੂੰ ਵਰਚੂਅਲ ਪ੍ਰਾਈਵੇਟ ਮਾਰਕਿਟ ਸਿਸਟਮ ਭਾਵ ਬਿਜਲੀ ਦਾ ਪ੍ਰਾਈਵੇਟ ਵਪਾਰ ਕਰਨ ਲਈ ਇੱਕ ਡਿਜੀਟਲ ਜਾਂ ਆਨਲਾਈਨ ਪਲੇਟਫਾਰਮ ਦੇ ਸਪੁਰਦ ਕਰਨ ਲਈ ਮੰਡੀ ਅਧਾਰਤ ਆਰਥਿਕ ਡਿਸਪੈਚ (Market Based Ecomomic Dispatch) ਨਾਂਅ ਦੀ ਇੱਕ ਪ੍ਰਣਾਲ ਬਣਾਈ ਹੈ, ਜਿੱਥੇ ਬਿਜਲੀ ਦੀਆਂ ਕੀਮਤਾਂ ਇੱਕ ਖਾਸ ਸਮੇਂ 'ਤੇ ਬਿਜਲੀ ਦੀ ਮੰਗ ਅਨੁਸਾਰ ਤਹਿ ਹੋਣਗੀਆਂ ਅਤੇ ਬਦਲਦੀਆਂ ਰਹਿਣਗੀਆਂ ਅਤੇ ਬਿਜਲੀ ਦੀਆਂ ਕੀਮਤਾਂ ਪ੍ਰਾਈਵੇਟ ਕੰਪਨੀਆਂ ਰਾਹੀਂ ਨਿਰਧਾਰਤ ਕੀਤੀਆਂ ਜਾਣਗੀਆਂ। ਇਸ ਪ੍ਰਣਾਲੀ ਨੂੰ ਕੁੱਲ ਖਰਚਾ ਮਾਡਲ (Totex Model) ਪ੍ਰੀਪੇਡ ਸਮਾਰਟ ਮੀਟਰ ਪ੍ਰਣਾਲੀ ਨਾਲ ਜੋੜ ਕੇ ਦੇਖਿਆ ਜਾਣਾ ਚਾਹੀਦਾ ਹੈ, ਜਿਸ ਦੇ ਲਾਗੂ ਹੋਣ ਉਪਰੰਤ ਸਾਰੇ ਖਪਤਕਾਰਾਂ ਨੂੰ ਟਾਇਮ ਆਫ ਡੇ ਟੈਰਿਫ (TOD Tariff) ਅਧੀਨ ਲਿਆਂਦਾ ਜਾਵੇਗਾ। ਸ਼ਾਮ ਦੀ ਪੀਕ ਡਿਮਾਂਡ ਭਾਵ ਸਿਖਰ ਦੀ ਮੰਗ ਸਮੇਂ ਬਿਜਲੀ ਦੀ ਕੀਮਤ ਬਹੁਤ ਜ਼ਿਆਦਾ ਉੱਚੀ ਹੋਵੇਗੀ।

ਇਹ ਸਾਰੀਆਂ ਨੀਤੀਆਂ ਬਿਜਲੀ ਦੇ ਸਮੁੱਚੇ ਖੇਤਰ ਨੂੰ ਪ੍ਰਾਈਵੇਟ ਹੱਥਾਂ 'ਚ ਸੌਂਪਣ ਵਾਲੀਆਂ ਹਨ। ਕੇਂਦਰ ਸਰਕਾਰ ਸਾਰੇ ਰਾਜਾਂ ਉਪਰ ਬਿਜਲੀ ਵੰਡ ਕੰਪਨੀਆਂ ਦਾ ਨਿੱਜੀਕਰਨ ਕਰਨ ਉਪਰ ਜ਼ੋਰ ਪਾ ਰਹੀ ਹੈ। ਚੰਡੀਗੜ੍ਹ ਪਾਵਰ ਵਿਭਾਗ ਦਾ ਨਿੱਜੀਕਰਨ ਕਰ ਦਿੱਤਾ ਗਿਆ ਹੈ। ਉੱਤਰ ਪ੍ਰਦੇਸ਼ ਦੀਆਂ ਬਿਜਲੀ ਵੰਡ ਕੰਪਨੀਆਂ ਦਾ ਨਿੱਜੀਕਰਨ ਕਰਨ ਵਾਸਤੇ ਉੱਤਰ ਪ੍ਰਦੇਸ਼ ਸਰਕਾਰ ਨੇ ਆਦੇਸ਼ ਦੇ ਦਿੱਤਾ ਹੈ, ਜਿਸ ਦਾ ਉੱਤਰ ਪ੍ਰਦੇਸ਼ ਦੇ ਬਿਜਲੀ ਕਰਮਚਾਰੀ ਪਿਛਲੇ 150 ਦਿਨਾਂ ਤੋਂ ਵਿਰੋਧ ਕਰ ਰਹੇ ਹਨ। ਬਿਜਲੀ ਦੇ ਨਿੱਜੀਕਰਨ ਨਾਲ ਲੋਕ ਅਤੇ ਬਿਜਲੀ ਕਰਮਚਾਰੀਆਂ ਦੇ ਹਿੱਤ ਪ੍ਰਭਾਵਤ ਹੋਣਗੇ।

ਪੰਜਾਬ ਦੇ ਬਿਜਲੀ ਖੇਤਰ ਦੀ ਤਸਵੀਰ (Power Scenario) : ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਕੋਲ 31 ਮਾਰਚ 2025 ਨੂੰ 14512 ਮੈਗਾਵਾਟ ਬਿਜਲੀ ਦੀ ਸਮਰੱਥਾ ਹੈ। ਇਸ ਵਿੱਚੋਂ 3380 ਮੈਗਾਵਾਟ ਬਿਜਲੀ ਨਿੱਜੀ ਖੇਤਰ 'ਚ ਸਥਾਪਤ ਹੈ। 26 ਜੂਨ 2024 ਨੂੰ ਬਿਜਲੀ ਦੀ ਵੱਧ ਤੋਂ ਵੱਧ ਮੰਗ 16058 ਮੈਗਾਵਾਟ ਸੀ। ਸਾਲ 2024-25 'ਚ ਬਿਜਲੀ ਉਪਲੱਬਧਾ 72639 ਮਿਲੀਅਨ ਯੂਨਿਟ ਰਹੀ ਹੈ, ਜਿਸ ਵਿੱਚੋਂ ਸਰਕਾਰੀ ਥਰਮਲ, ਹਾਈਡਲ ਅਤੇ ਬੀ ਬੀ ਐਮ ਬੀ 'ਚੋਂ ਪ੍ਰਾਪਤ ਹਿੱਸੇ ਰਾਹੀਂ 12041 ਮਿਲੀਅਨ ਯੂਨਿਟ ਦੀ ਉਪਲੱਬਤਾ ਰਹੀ ਹੈ। ਬਾਕੀ 60230 ਮਿਲੀਅਨ ਯੂਨਿਟ ਖਰੀਦ ਰਾਹੀਂ ਉਪਲੱਬਧ ਕੀਤੀ ਗਈ ਹੈ। ਇਨ੍ਹਾਂ ਅੰਕੜਿਆਂ ਤੋਂ ਪਤਾ ਚੱਲਦਾ ਹੈ ਕਿ 16.51 ਪ੍ਰਤੀਸ਼ਤ ਬਿਜਲੀ ਆਪਣੇ ਸਰਕਾਰੀ ਸਾਧਨਾਂ ਤੋਂ ਬਿਜਲੀ ਪ੍ਰਾਪਤ ਹੋ ਰਹੀ ਹੈ, ਬਾਕੀ 83.49 ਪ੍ਰਤੀਸ਼ਤ ਬਾਕੀ ਸਾਧਨਾਂ ਤੋਂ ਭਾਵ ਪ੍ਰਾਈਵੇਟ ਸਾਧਨਾਂ ਤੋਂ ਮੁਹੱਈਆ ਕਰਵਾਈ ਜਾ ਰਹੀ ਹੈ। ਪੰਜਾਬ 'ਚ ਸਥਾਪਤ ਪ੍ਰਾਈਵੇਟ ਥਰਮਲਾਂ ਤੋਂ ਬਿਜਲੀ ਖਰੀਦ ਸਮਝੌਤਿਆਂ ਤਹਿਤ ਵੀ ਬਿਜਲੀ ਖਰੀਦੀ ਜਾ ਰਹੀ ਹੈ, ਉਦੋਂ ਵੀ ਬਿਜਲੀ ਖਰੀਦੀ ਜਾ ਰਹੀ ਹੈ ਜਦੋਂ ਲੋੜ ਨਹੀਂ ਹੁੰਦੀ ਜਾਂ ਲਗਾਤਾਰ ਖਰਚਾ ਦੇ ਕੇ ਤਿਆਗੀ (Surrender) ਜਾ ਰਹੀ ਹੈ। ਇਸ ਨਾਲ ਪੰਜਾਬ ਦੇ ਬਿਜਲੀ ਅਦਾਰੇ ਉੱਪਰ ਵਿੱਤੀ ਬੋਝ ਪੈ ਰਿਹਾ ਹੈ।

ਪੰਜਾਬ ਦੇ ਬਿਜਲੀ ਨਿਗਮ ਉੱਪਰ ਇਸ ਵੇਲੇ 20170 ਕਰੋੜ ਦਾ ਕਰਜ਼ਾ ਹੈ। 31.3.2023 ਨੂੰ 17815 ਕਰੋੜ ਦਾ ਕਰਜ਼ਾ ਸੀ, ਜੋ ਹੁਣ ਪਹਿਲਾਂ ਨਾਲੋਂ ਵਧਿਆ ਹੈ। ਬਿਜਲੀ ਨਿਗਮ ਦੀ ਆਮਦਨ ਖਰਚਾ ਰਿਪੋਰਟ ਅਨੁਸਾਰ ਬਿਜਲੀ ਨਿਗਮ ਨੂੰ 2685 ਕਰੋੜ ਦਾ ਮੁਨਾਫਾ ਹੋਇਆ ਹੈ। ਕੁੱਝ ਵਿੱਤੀ ਸਥਿਤੀ 'ਚ ਸੁਧਾਰ ਹੋਇਆ ਹੈ, ਇਸ ਦਾ ਕਾਰਨ ਪਿਛਵਾੜਾ ਕੋਲ ਮਾਈਨ ਤੋਂ ਕੋਲਾ ਉਪਲੱਬਧ ਕਰਵਾਉਣਾ ਹੈ, ਜੋ ਸਸਤਾ ਪੈਂਦਾ ਹੈ, ਜਿਸ ਬਾਰੇ ਅਸੀਂ ਟਰੇਡ ਯੂਨੀਅਨ ਵੱਲੋਂ ਮੰਗ ਕਰਦੇ ਰਹੇ ਹਾਂ। ਇਸ ਤੋਂ ਬਿਨਾਂ ਲਹਿਰਾ ਮੁਹੱਬਤ, ਰੋਪੜ ਥਰਮਲ ਪਲਾਂਟਾਂ ਅਤੇ ਹਾਈਡਲ ਪ੍ਰੋਜੈਕਟਾਂ ਤੋਂ ਜ਼ਿਆਦਾ ਬਿਜਲੀ ਉਤਪਾਦਨ ਰਾਹੀਂ ਬਿਜਲੀ ਦੀ ਉਪਲੱਬਧਾ ਕਰਵਾਉਣਾ ਹੈ, ਜੋ ਇਹ ਸਰਕਾਰੀ ਪ੍ਰੋਜੈਕਟ ਮੁਕਾਬਲਤਨ ਸਸਤੀ ਬਿਜਲੀ ਮੁਹੱਈਆ ਕਰਵਾਉਂਦੇ ਹਨ। ਪੰਜਾਬ ਅੰਦਰ ਜਨਤਕ ਖੇਤਰ 'ਚ ਸੁਪਰ ਕ੍ਰਿਟੀਕਲ ਅਤੇ ਨਵਿਆਉਣਯੋਗ ਊਰਜਾ ਪਲਾਂਟ ਜਲਦੀ ਲੱਗਣੇ ਚਾਹੀਦੇ ਹਨ।

ਪੰਜਾਬ 'ਚ ਇਸ ਵੇਲੇ ਇੱਕ ਕਰੋੜ ਸੱਤ ਲੱਖ ਤੋਂ ਉੱਪਰ ਕੁਨੈਕਸ਼ਨ ਹਨ, ਇਨ੍ਹਾਂ ਵਿੱਚੋਂ 14 ਲੱਖ ਦੇ ਕਰੀਬ ਟਿਊਬਵੈਲ ਕੁਨੈਕਸ਼ਨ ਹਨ। ਪਿੰਡਾਂ ਸਮੇਤ ਅਤੇ ਪਿੰਡਾਂ ਤੋਂ ਦੂਰ ਜਾਂ ਖੇਤਾਂ ਵਿੱਚ ਢਾਣੀਆਂ ਦੇ ਰੂਪ ਵਿੱਚ ਹਰ ਘਰ ਨੂੰ ਬਿਜਲੀ ਪਹੁੰਚਾਈ ਗਈ ਹੈ। ਪਾਏਦਾਰ ਬਿਜਲੀ ਦੀ ਸੇਵਾ ਦੇਣ ਲਈ ਟਿਊਬਵੈੱਲਾਂ ਦੀ ਬਿਜਲੀ ਸਪਲਾਈ ਨੂੰ ਦੂਜੇ ਖਪਤਕਾਰਾਂ ਤੋਂ ਅਲੱਗ ਕਰਕੇ ਘਰੇਲੂ, ਵਪਾਰਕ ਅਤੇ ਸਨਅਤੀ ਖਪਤਕਾਰ ਨੂੰ 24 ਘੰਟੇ ਬਿਜਲੀ ਦੇਣ ਦਾ ਪ੍ਰਬੰਧ 10 ਸਾਲ ਪਹਿਲਾਂ ਮੁਕੰਮਲ ਕਰ ਦਿੱਤਾ ਗਿਆ ਸੀ, ਜਦੋਂ ਕਿ ਬਾਕੀ ਸੂਬਿਆਂ 'ਚ ਇਹ ਕੰਮ ਅਜੇ ਤੱਕ ਮੁਕੰਮਲ ਨਹੀਂ ਹੋਇਆ। ਬਿਜਲੀ ਅਦਾਰੇ 'ਚ ਇਹ ਆਮ ਵਿਸ਼ੇਸ਼ਤਾ ਬਣੀ ਹੋਈ ਹੈ ਕਿ ਅਦਾਰਾ ਵਿਕਾਸ ਕਰ ਰਿਹਾ ਹੈ, ਪਰ ਕਰਮਚਾਰੀਆਂ ਦੀ ਗਿਣਤੀ ਘਟ ਰਹੀ ਹੈ। ਇਨ੍ਹਾਂ ਵਿੱਚੋਂ ਰੈਗੂਲਰ ਕਰਮਚਾਰੀਆਂ ਦੀ ਗਿਣਤੀ ਘਟ ਰਹੀ ਹੈ ਅਤੇ ਕੰਟਰੈਕਟ ਕਾਮਿਆਂ ਦੀ ਗਿਣਤੀ ਵਧ ਰਹੀ ਹੈ। ਇਸ ਵੇਲੇ ਲੱਗਭੱਗ 80 ਹਜ਼ਾਰ ਮਨਜ਼ੂਰ ਅਸਾਮੀਆਂ ਵਿਰੁੱਧ ਦੋਵੇਂ ਬਿਜਲੀ ਨਿਗਮਾਂ ਕੋਲ 34276 ਰੈਗੂਲਰ ਕਰਮਚਾਰੀ ਕੰਮ ਕਰ ਰਹੇ ਹਨ ਅਤੇ ਕੰਟਰੈਕਟ ਕਰਮਚਾਰੀਆਂ ਦੀ ਗਿਣਤੀ 8500 ਹੋ ਗਈ ਹੈ। ਕਰਮਚਾਰੀਆਂ ਉੱਪਰ ਕੰਮ ਦਾ ਭਾਰ ਬਹੁਤ ਜ਼ਿਆਦਾ ਹੈ। ਕੰਟਰੈਕਟ ਕਰਮਚਾਰੀ ਫੀਲਡ ਅਤੇ ਦਫਤਰਾਂ 'ਚ ਕੰਮ ਕਰ ਰਹੇ ਹਨ। ਉਹ ਨਿਗੂਣੀਆਂ ਤਨਖਾਹਾਂ ਉਪਰ ਕੰਮ ਕਰ ਰਹੇ ਹਨ। ਇਸ ਅਵਸਥਾ ਵਿੱਚ ਜਨਤਾ ਨੂੰ ਪਾਏਦਾਰ ਬਿਜਲੀ ਦੇਣ ਵਿੱਚ ਵੀ ਦਿੱਕਤਾਂ ਆ ਰਹੀਆਂ ਹਨ। ਸਰਕਾਰ ਦੀ ਨੀਤੀ ਸਮੱਸਿਆਵਾਂ ਨੂੰ ਦੂਰ ਕਰਨ ਦੀ ਥਾਂ ਅਦਾਰੇ ਵਿੱਚ ਨਿੱਜੀਕਰਨ ਦੀ ਹੈ। ਨਿੱਜੀਕਰਨ ਦੀ ਨੀਤੀ ਲੋਕ ਅਤੇ ਮੁਲਾਜ਼ਮ ਵਿਰੋਧੀ ਹੈ।

**# ਸੰਪਰਕ : 96460-01023**

ਪ੍ਰਗਟ ਦਿਵਸ 'ਤੇ ਵਿਸ਼ੇਸ਼

# ਸਮਾਜਿਕ ਬੁਰਾਈਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਭਗਤ ਕਬੀਰ ਜੀ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਸਤਿਕਾਰ ਅਤੇ ਸ਼ਰਧਾ ਵਜੋਂ 'ਸਤਿਗੁਰੂ ਕਬੀਰ' ਜਾਂ 'ਸੰਤ ਕਬੀਰ' ਦੇ ਲਕਬਾਂ ਨਾਲ ਸੰਬੋਧਿਤ ਤੇ ਸਨਮਾਨਿਤ ਕੀਤੇ ਜਾਣ ਵਾਲੇ ਮਹਾਂਪੁਰਖ ਕਬੀਰ ਜੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ 'ਭਗਤ' ਆਖ ਕੇ ਵਡਿਆਇਆ ਗਿਆ ਹੈ। ਭਗਤ ਕਬੀਰ ਜੀ ਉਹ ਮਹਾਨ ਸੰਤ ਸਨ, ਜਿਨ੍ਹਾ ਦੀ ਪਾਵਨ ਅਤੇ ਕ੍ਰਾਂਤੀਕਾਰੀ ਬਾਣੀ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਬੜੇ ਹੀ ਪ੍ਰੇਮ ਅਤੇ ਸਤਿਕਾਰ ਸਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਿਲ ਕੀਤਾ ਸੀ। ਗੁਰੂ ਸਾਹਿਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਦਰਜ 15 ਭਗਤਾਂ ਦੀ ਬਾਣੀ ਵਿੱਚੋਂ ਸਭ ਤੋਂ ਵੱਧ ਬਾਣੀ ਭਗਤ ਕਬੀਰ ਜੀ ਦੀ ਹੈ। ਕਬੀਰ ਜੀ ਦੁਆਰਾ 17 ਰਾਗਾਂ ਵਿਚ ਉਚਾਰਨ ਕੀਤੇ 229 ਸ਼ਬਦ ਅਤੇ 243 ਸ਼ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਅੰਗਾਂ 'ਤੇ ਸੁਭਾਇਮਾਨ ਹਨ ਤੇ ਆਪ ਦਾ ਉਚਾਰਨ ਕੀਤਾ ਹਰੇਕ ਬਚਨ ਪ੍ਰਭੂ ਭਗਤੀ ਦੇ ਪ੍ਰਗਟਾਵੇ ਦੇ ਨਾਲ-ਨਾਲ ਸਮਕਾਲੀ ਸਮਾਜ ਅੰਦਰ ਪਸਰੇ ਰੂੜ੍ਹੀਵਾਦ, ਜਾਤੀਵਾਦ ਅਤੇ ਪਖੰਡਵਾਦ 'ਤੇ ਬੜੀ ਹੀ ਬੇਬਾਕੀ ਅਤੇ ਨਿਡਰਤਾ ਨਾਲ ਚੋਟ ਕਰਦਾ ਹੈ।

ਆਪਣੇ ਸਮੇਂ ਦੇ ਪਾਵਨ ਨਗਰ ਵਜੋਂ ਪ੍ਰਸਿੱਧ ਬਨਾਰਸ ਵਿਖੇ ਕਬੀਰ ਜੀ ਦਾ ਜਨਮ ਸੰਨ 1398 ਦੇ ਆਸਪਾਸ ਹੋਇਆ ਮੰਨਿਆ ਜਾਂਦਾ ਹੈ, ਜਦੋਂ ਕਿ ਉਨ੍ਹਾ ਦੇ ਪ੍ਰਲੋਕ ਗਮਨ ਬਾਰੇ ਵੱਖ-ਵੱਖ ਵਿਦਵਾਨਾਂ ਅਤੇ ਇਤਿਹਾਸਕਾਰਾਂ ਦੇ ਵਿਚਾਰ ਵੱਖ-ਵੱਖ ਹਨ। ਕੁਝ ਇਕ ਵਿਦਵਾਨ ਪ੍ਰਲੋਕ ਗਮਨ ਦਾ ਸਾਲ 1448 ਦੱਸਦੇ ਹਨ ਤੇ ਕੁਝ ਸੰਨ 1518। ਉਨ੍ਹਾ ਵੇਲਿਆਂ ਵਿਚ ਨੀਵੀਂ ਜਾਤੀ ਵਜੋਂ ਸਵੀਕਾਰ ਕੀਤੀ ਜਾਂਦੀ ਜੁਲਾਹਾ ਜਾਤੀ ਨਾਲ ਸੰਬੰਧਤ ਨੀਰੂ ਅਤੇ ਨੀਮਾ ਦੇ ਘਰ ਆਪ ਜੀ ਦਾ ਜਨਮ ਜਾਂ ਪਾਲਣ-ਪੋਸ਼ਣ ਹੋਇਆ ਮੰਨਿਆ ਜਾਂਦਾ ਹੈ। ਆਪ ਦੀ ਬਾਣੀ ਵਿਚ ਵਾਰ-ਵਾਰ ਆਪ ਦੀ ਪਤਨੀ 'ਲੋਈ' ਦਾ ਵੀ ਜ਼ਿਕਰ ਆਉਂਦਾ ਹੈ ਤੇ ਇਤਿਹਾਸ ਵਿਚ ਇਹ ਖ਼ੁਲਾਸੇ ਵੀ ਹੋਏ ਹਨ ਕਿ ਆਪ ਜੀ ਨੂੰ ਮਾਰਨ ਲਈ ਸਮੇਂ ਦੇ ਹਾਕਮਾਂ, ਪੁਜਾਰੀਆਂ ਅਤੇ ਕਾਜ਼ੀਆਂ ਵੱਲੋਂ ਕੁਝ ਯਤਨ ਵੀ ਕੀਤੇ ਗਏ ਸਨ। ਉਂਜ ਫ਼ਾਰਸੀ ਭਾਸ਼ਾ ਵਿਚ ਰਚੀ ਪੁਸਤਕ 'ਦਬਿਸਤਾਨ-ਏ-ਮਜ਼ਾਹਿਬ' ਅਨੁਸਾਰ ਕਬੀਰ ਸਾਹਿਬ ਇਕ 'ਬੈਰਾਗੀ' ਸਨ ਅਤੇ ਸੰਤ ਰਾਮਾਨੰਦ ਦੇ ਚੇਲੇ ਸਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਸਮੂਹ ਭਗਤਜਨਾਂ ਦੀਆਂ ਬਾਣੀਆਂ ਵਿੱਚੋਂ ਭਗਤ ਕਬੀਰ ਜੀ ਦੀ ਬਾਣੀ ਵਿਚ ਸਭ ਤੋਂ ਵੱਧ ਬੇਬਾਕੀ ਤੇ ਨਿਡਰਤਾ ਝਲਕਦੀ ਹੈ। ਕਬੀਰ ਜੀ ਆਪਣੇ ਸਮਕਾਲੀ ਸਮਾਜ ਵਿਚ ਫ਼ੈਲੇ ਛੂਤਛਾਤ, ਜਾਤੀ ਪ੍ਰਥਾ ਅਤੇ ਪਖੰਡਵਾਦ ਦੇ ਕੱਟੜ ਵਿਰੋਧੀ ਸਨ। ਆਪ ਜੀ ਸਭ ਜੀਵਾਂ ਅੰਦਰ ਇੱਕੋ ਪਰਮੇਸ਼ਰ ਦਾ ਨੂਰ ਬਰਸਦਾ ਦ੍ਰਿਸ਼ਟਮਾਨ ਕਰਦੇ ਸਨ। ਇਸ ਪ੍ਰਥਾਇ ਆਪ ਜੀ ਆਖ਼ਦੇ ਹਨ :



ਅਵਲਿ ਅਲਹ ਨੂਰੁ ਉਪਾਇਆ
ਕੁਦਰਤਿ ਕੇ ਸਭ ਬੰਦੇ ॥
ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ
ਭਲੇ ਕੋ ਮੰਦੇ ॥ (ਅੰਗ-1349)

ਉਨ੍ਹਾ ਨੂੰ ਮਜ਼ਹਬੀ ਤੌਰ 'ਤੇ ਵੰਡੇ ਹੋਏ ਹਿੰਦੂਆਂ ਅਤੇ ਮੁਸਲਮਾਨਾਂ ਦਰਮਿਆਨ ਕਿਸੇ ਵੀ ਤਰ੍ਹਾਂ ਦੇ ਵਖ਼ਰੇਵੇਂ ਦੀ ਕੰਧ ਬਿਲਕੁਲ ਵੀ ਨਜ਼ਰ ਨਹੀਂ ਆਉਂਦੀ ਸੀ। ਉਹ ਤਾਂ ਦੋਵਾਂ ਨੂੰ ਇੱਕੋ ਪਰਮਾਤਮਾ ਦੀ ਅੰਸ਼ ਕਬੂਲਦੇ ਸਨ। ਇਸੇ ਲਈ ਉਨ੍ਹਾ ਬਾਂਹ ਕੱਢ ਕੇ ਆਖਿਆ ਸੀ :

ਹਿੰਦੂ ਤੁਰਕ ਦੁਹੂੰ ਮਹਿ ਏਕੈ ਕਹੈ ਕਬੀਰ ਪੁਕਾਰਿ ॥ (ਅੰਗ-483)

ਕਬੀਰ ਸਾਹਿਬ ਦਾ ਮਤ ਸੀ ਕਿ ਜੇਕਰ ਹਰੇਕ ਸ਼ਖ਼ਸ ਨੂੰ ਹਰੇਕ ਅੰਦਰ ਇੱਕੋ ਪਰਮਾਤਮਾ ਦੇ ਦਰਸ਼ਨ-ਦੀਦਾਰੇ ਹੋਣੇ ਸ਼ੁਰੂ ਹੋ ਜਾਣ ਤਾਂ ਇਸ ਸੰਸਾਰ ਵਿੱਚੋਂ ਨਫ਼ਰਤ, ਈਰਖਾ ਅਤੇ ਭੇਦਭਾਵ ਮੁੱਢੋਂ ਹੀ ਮੁੱਕ ਜਾਣ। ਆਪ ਦਾ ਵਿਚਾਰ ਸੀ ਕਿ ਹਰੇਕ ਪ੍ਰਾਣੀ ਨੂੰ ਚਾਹੀਦਾ ਹੈ ਕਿ ਉਹ ਆਪਾ ਮਿਟਾ ਕੇ ਉਸ ਪਰਿਪੂਰਨ ਪਰਮਾਤਮਾ ਵਿਚ ਅਭੇਦ ਹੋਣ ਦਾ ਯਤਨ ਕਰੇ। ਕਬੀਰ ਸਾਹਿਬ ਤਾਂ ਐਲਾਨੀਆਂ ਆਖ਼ਦੇ ਹਨ ਕਿ ਉਹ ਖ਼ੁਦ ਵੀ ਪਰਮੇਸ਼ਰ ਵਿਚ ਅਭੇਦ ਹੋ ਚੁੱਕੇ ਹਨ ਤੇ ਉਨ੍ਹਾ ਨੂੰ ਹਰ ਥਾਂ ਪਰਮਾਤਮਾ ਦੇ ਹੀ ਦਰਸ਼ਨ ਹੁੰਦੇ ਹਨ। ਉਨ੍ਹਾ ਦੇ ਬਚਨ ਹਨ :

ਕਬੀਰ ਤੂੰ ਤੂੰ ਕਰਤਾ ਤੂ ਹੂਆ
ਮੁਝ ਮਹਿ ਰਹਾ ਨ ਹੂੰ ॥
ਜਬ ਆਪਾ ਪਰ ਕਾ ਮਿਟਿ
ਗਇਆ ਜਤ ਦੇਖਉ ਤਤ ਤੂ ॥
(ਅੰਗ 1375)

ਸੰਸਾਰ ਦੀ ਅਨੇਕਤਾ ਵਿਚ ਏਕਤਾ ਦਾ ਜੋ ਸਿਧਾਂਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਰਚਨਹਾਰਿਆਂ ਨੇ ਸੰਸਾਰ ਨੂੰ ਬਖ਼ਸ਼ਿਆ ਸੀ, ਭਗਤ ਕਬੀਰ ਜੀ ਵੀ ਉਸੇ ਸਿਧਾਂਤ, ਉਸੇ ਵਿਚਾਰਧਾਰਾ ਦੇ ਧਾਰਨੀ ਸਨ। ਕਬੀਰ ਸਾਹਿਬ ਰਿਸ਼ੀ ਮਨੂ ਦੁਆਰਾ ਕੀਤੀ ਗਈ ਵਰਣ ਵੰਡ ਦੇ ਫ਼ਲਸਰੂਪ 'ਉੱਚੀ ਜਾਤੀ' ਦੇ ਲੋਕਾਂ ਵੱਲੋਂ 'ਨੀਵੀਂ ਜਾਤੀ' ਦੇ ਲੋਕਾਂ ਨਾਲ ਕੀਤੇ ਜਾਂਦੇ ਵਿਤਕਰੇ ਤੋਂ ਖ਼ਾਸੇ ਖ਼ਫ਼ਾ ਸਨ। ਉਹ ਬ੍ਰਾਹਮਣ ਸਮਾਜ ਦੇ ਲੋਕਾਂ ਵੱਲੋਂ ਆਪਣੇ ਆਪ ਨੂੰ 'ਸ਼੍ਰੇਸ਼ਠ' ਸਮਝੇ ਜਾਣ ਅਤੇ ਬ੍ਰਾਹਮਣਾਂ ਵੱਲੋਂ ਸਮਾਜ ਦੇ ਦੂਜੇ ਵਰਗਾਂ ਕੋਲੋਂ ਆਪਣਾ ਸਤਿਕਾਰ ਕਰਵਾਏ ਜਾਣ ਦਾ ਵਿਰੋਧ ਕਰਦਿਆਂ ਆਖ਼ਦੇ ਹਨ :

ਕਬੀਰ ਬਾਮਨੁ ਗੁਰੂ ਹੈ ਜਗਤ ਕਾ ਭਗਤਨ ਕਾ ਗੁਰੁ ਨਾਹਿ ॥
ਅਰਝਿ ਉਰਝਿ ਕੈ ਪਚਿ ਮੂਆ ਚਾਰਉ ਬੇਦਹੁ ਮਾਹਿ ॥ (ਅੰਗ-1377)

ਧਰਮ ਨਿਰਪੱਖਤਾ ਦੀ ਸਾਖਿਆਤ ਮਿਸਾਲ ਆਖੇ ਜਾਂਦੇ ਭਗਤ ਕਬੀਰ ਸਾਹਿਬ ਨੇ ਐਸਾ ਨਹੀਂ ਕਿ ਸਮਕਾਲੀ ਬ੍ਰਾਹਮਣਾਂ ਵੱਲੋਂ ਪ੍ਰਚਾਰੇ ਤੇ ਪਸਾਰੇ ਗਏ ਜਾਤੀਵਾਦ ਨੂੰ ਹੀ ਭੰਡਿਆ ਸੀ, ਉਨ੍ਹਾ ਸਮਾਜ ਅੰਦਰ ਊਚ-ਨੀਚ ਫ਼ੈਲਾਉਣ ਲਈ ਸਮਕਾਲੀ ਮੁੱਲਾਂ ਅਤੇ ਕਾਜ਼ੀ ਨੂੰ ਵੀ ਨਹੀਂ ਬਖ਼ਸ਼ਿਆ। ਮੁੱਲਾਂ, ਕਾਜ਼ੀ ਅਤੇ ਬ੍ਰਾਹਮਣ ਨੂੰ ਪਰਿਭਾਸ਼ਿਤ ਕਰਦਿਆਂ ਆਪ ਦੇ ਬਚਨ ਹਨ :

ਸੋ ਮੁਲਾਂ ਜੋ ਮਨ ਸਿਉ ਲਰੈ ॥
ਗੁਰ ਉਪਦੇਸਿ ਕਾਲ ਸਿਉ ਜੁਰੈ ॥
ਕਾਲ ਪੁਰਖ ਦਾ ਮਰਦੈ ਮਾਨੁ ॥
ਤਿਸੁ ਮੁਲਾ ਕਉ ਸਦਾ ਸਲਾਮੁ ॥
ਕਾਜੀ ਸੋ ਜੁ ਕਾਇਆ ਬੀਚਾਰੈ
ਕਾਇਆ ਕੀ ਅਗਨਿ ਬ੍ਰਹਮੁ ਪਰਜਾਰੈ ॥ (ਅੰਗ 1159)

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਭਗਤਾਂ ਦੀ ਬਾਣੀ ਵਿਚ ਇਹ ਵਿਸ਼ੇਸ਼ਤਾ ਹੈ ਕਿ ਭਗਤਜਨ ਆਪਣੀ ਨੀਂਵੀਂ ਜਾਤ ਨੂੰ ਨਾ ਛੁਪਾਉਂਦੇ ਹਨ ਤੇ ਨਾ ਹੀ ਉਸ ਜਾਤ ਕਰਕੇ ਕਿਸੇ ਤਰ੍ਹਾਂ ਦੀ ਹੀਣਤਾ ਮਹਿਸੂਸ ਕਰਦੇ ਹਨ, ਸਗੋਂ ਨੀਂਵੀਂ ਜਾਤ ਨਾਲ ਸੰਬੰਧ ਰੱਖਣ ਦੇ ਬਾਵਜੂਦ ਪਰਮਾਤਮਾ ਦੀ ਸੱਚੀ ਪ੍ਰੇਮਾ ਭਗਤੀ ਦੇ ਫ਼ਲਸਰੂਪ ਉਸ ਪਰਮ ਪਿਤਾ ਪਰਮੇਸ਼ਰ ਦੀ ਪ੍ਰਾਪਤੀ ਕਰ ਲੈਣ ਨੂੰ ਭਗਤਜਨ ਆਪਣਾ ਸੁਭਾਗ ਮੰਨਦੇ ਸਨ। ਇਸ ਪ੍ਰਥਾਇ ਭਗਤ ਰਵਿਦਾਸ ਜੀ ਨੇ ਕਿਹਾ ਸੀ :

ਨੀਚ ਰੂਖ ਤੇ ਊਚ ਭਏ ਹੈ ਗੰਧ ਸੁਗੰਧ ਨਿਵਾਸਾ ॥ (ਅੰਗ-486)

ਇਸੇ ਪ੍ਰਸੰਗ ਵਿਚ ਕਬੀਰ ਜੀ ਵੀ ਆਖ਼ਦੇ ਹਨ :

ਕਬੀਰ ਮੇਰੀ ਜਾਤਿ ਕਉ ਸਭੁ ਕੋ ਹਸਨੇਹਾਰੁ ॥
ਬਲਿਹਾਰੀ ਇਸ ਜਾਤਿ ਕਉ ਜਿਹ ਜਪਿਓ ਸਿਰਜਨਹਾਰੁ ॥ (ਅੰਗ-1364)

ਬੜੀ ਹੀ ਦਿਲਚਸਪ ਗੱਲ ਹੈ ਕਿ ਕਬੀਰ ਜੀ ਦੇ ਕਾਲ ਵਿਚ 'ਮਗਹਰ ਮਰੈ ਸੋ ਗਦਹਾ ਹੋਯ' ਦੀ ਕਹਾਵਤ ਪ੍ਰਚੱਲਤ ਸੀ, ਜਿਸ ਦਾ ਭਾਵ ਸੀ ਕਿ ਜੋ ਵੀ ਪ੍ਰਾਣੀ ਮਗਹਰ ਨਾਮਕ ਸਥਾਨ 'ਤੇ ਜਾ ਪ੍ਰਾਣ ਤਿਆਗਦਾ ਹੈ, ਉਹ ਗਧੇ ਦੀ ਜੂਨ ਵਿਚ ਪੈਂਦਾ ਹੈ। ਕਿਹਾ ਜਾਂਦਾ ਹੈ ਕਿ ਆਪਣੇ ਸਮੇਂ ਦੀ ਇਸੇ ਮਾਨਤਾ ਨੂੰ ਤੋੜਨ ਲਈ ਕਬੀਰ ਸਾਹਿਬ ਆਪਣੇ ਅੰਤਮ ਸਮੇਂ ਵਿਚ ਮਗਹਰ ਵਿਖੇ ਹੀ ਚਲੇ ਗਏ ਸਨ ਤੇ ਉਥੇ ਹੀ ਆਪ ਇਸ ਨਾਸ਼ਵਾਨ ਸਰੀਰਕ ਚੋਲੇ ਦਾ ਤਿਆਗ ਕਰਕੇ ਪਰਮੇਸ਼ਰ ਵਿਚ ਸਦਾ ਲਈ ਅਭੇਦ ਹੋ ਗਏ ਸਨ। ਇਸ ਪ੍ਰਥਾਇ ਆਪ ਜੀ ਨੇ ਆਪਣੇ ਮੁਖਵਾਕ ਤੋਂ ਬਚਨ ਕੀਤੇ ਸਨ :

ਸਗਲ ਜਨਮੁ ਸਿਵ ਪੁਰੀ ਗਵਾਇਆ ॥
ਮਰਤੀ ਬਾਰ ਮਗਹਰਿ ਉਠ ਆਇਆ ॥
ਬਹੁਤੁ ਬਰਸ ਤਪੁ ਕੀਆ ਕਾਸੀ ॥
ਮਰਨੁ ਭਇਆ ਮਗਹਰ ਕੀ ਬਾਸੀ ॥ (ਅੰਗ-326)

ਇਹ ਜ਼ਿਕਰ ਕਰਨਾ ਬਣਦਾ ਹੈ ਕਿ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਕਬੀਰ ਜੀ ਦੇ ਅਨੇਕਾਂ ਕ੍ਰਾਂਤੀਕਾਰੀ ਬਚਨਾਂ ਵਿੱਚੋਂ ਕੁਝ ਬਚਨ ਅਜਿਹੇ ਹਨ ਜੋ ਵਿਦਵਾਨਾਂ ਦੁਆਰਾ ਵਾਰ-ਵਾਰ ਦੁਹਰਾਏ ਜਾਂਦੇ ਹਨ ਜਿਵੇਂ ਕਿ :

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥ (ਅੰਗ-1105)

-0-

ਪਰਿਓ ਕਾਲੁ ਸਭੈ ਜਗ ਊਪਰ ਮਾਹਿ ਲਿਖੇ ਭ੍ਰਮ ਗਿਆਨੀ ॥
ਕਹੁ-ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤਿ ਜਿਹ ਜਾਨੀ ॥ (ਅੰਗ 655)

**# ਸੰਪਰਕ : 97816-46008**

11-JUNE-PAGE-5.qxd 6/10/2025 8:47 PM Page 1



# ਏਟਕ, ਸੀਟੂ, ਸੀ ਟੀ ਯੂ ਤੇ ਇੰਟਕ ਵੱਲੋਂ ਸਹਾਇਕ ਕਿਰਤ ਕਮਿਸ਼ਨਰ ਅੱਗੇ ਰੈਲੀ

**ਲੇਬਰ ਐਕਟ 'ਚ ਸੋਧ ਖਿਲਾਫ ਕਮਿਸ਼ਨਰ ਨੂੰ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ**



**ਲੁਧਿਆਣਾ (ਐੱਮ ਐੱਸ ਭਾਟੀਆ)**-ਅੱਜ ਏਟਕ, ਸੀਟੂ, ਸੀਟੀਯੂ ਪੰਜਾਬ ਤੇ ਇੰਟਕ ਦੇ ਆਗੂ ਸਾਥੀਆਂ ਨੇ ਪੰਜਾਬ ਦੀ ਕੈਬਨਿਟ ਵੱਲੋਂ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ 1958 ਵਿੱਚ ਮਜ਼ਦੂਰਾਂ ਤੇ ਮੁਲਾਜ਼ਮ ਵਿਰੋਧੀ ਸੋਧ ਦੇ ਹੁਕਮਾਂ ਵਿਰੁੱਧ ਸਹਾਇਕ ਕਿਰਤ ਕਮਿਸ਼ਨਰ ਲੁਧਿਆਣਾ ਸ੍ਰੀ ਸਰਬਜੀਤ ਸਿੰਘ ਸਿੱਧੂ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਦਿੱਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਮਜ਼ਦੂਰ ਜਮਾਤ ਪਹਿਲਾਂ ਹੀ 12 ਘੰਟੇ ਦੀ ਦਿਹਾੜੀ ਵਾਲੀ ਨੋਟੀਫਿਕੇਸ਼ਨ ਨੂੰ ਰੱਦ ਕਰਾਉਣ ਲਈ ਸੰਘਰਸ਼ ਕਰ ਰਹੀ ਹੈ, ਉਸ ਨੂੰ ਰੱਦ ਕਰਨ ਦੀ ਥਾਂ 144 ਘੰਟੇ ਕਰਕੇ, ਮਜ਼ਦੂਰ ਜਮਾਤ ਦੇ ਸਬਰ ਨੂੰ ਪਰਖਣ ਦੀ ਕੋਸ਼ਿਸ਼ ਕੀਤੀ ਹੈ ਤੇ ਮਜ਼ਦੂਰ ਜਮਾਤ ਨੂੰ ਚੈਲੇਂਜ ਕੀਤਾ ਹੈ।ਮੰਗ ਪੱਤਰ ਦੇਣ ਤੋਂ ਪਹਿਲਾਂ ਕਿਰਤ ਦਫਤਰ ਦੇ ਬਾਹਰ ਕੀਤੀ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਟਰੇਡ ਯੂਨੀਅਨਾਂ ਨੇ ਫੈਸਲਾ ਕੀਤਾ ਕਿ ਸਾਨੂੰ ਸਰਕਾਰ ਦਾ ਚੈਲੇਂਜ ਮਨਜ਼ੂਰ ਹੈ।ਅਸੀਂ ਉਸ ਵੇਲੇ ਤੱਕ ਕਿਸੇ ਹਾਲਤ ਵਿੱਚ ਵੀ ਟਿਕ ਕੇ ਨਹੀਂ ਬੈਠਾਂਗੇ, ਜਦੋਂ ਤੱਕ ਇਹ ਮਜ਼ਦੂਰ ਮਾਰੂ ਤੇ ਸੰਵਿਧਾਨ ਵਿਰੋਧੀ ਨੋਟੀਫਿਕੇਸ਼ਨ ਨੂੰ ਰੱਦ ਨਹੀਂ ਕਰਾ ਲੈਂਦੇ।ਰੈਲੀ ਨੂੰ ਜਤਿੰਦਰ ਪਾਲ ਸਿੰਘ, ਵਿਜੇ ਕੁਮਾਰ, ਸੁਖਮਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਐਡਵੋਕੇਟ ਸਰਬਜੀਤ ਸਿੰਘ ਸਰਹਾਲੀ ਤੇ ਐੱਮ ਐੱਸ ਭਾਟੀਆ ਨੇ ਸੰਬੋਧਨ ਕੀਤਾ।

ਉਨ੍ਹਾਂ ਮੁੱਖ ਮੰਤਰੀ ਦੇ ਨਾਂਅ ਦਿੱਤੇ ਪੱਤਰ ਵਿੱਚ ਮੰਗ ਕੀਤੀ ਕਿ ਸਰਕਾਰ ਵਪਾਰਕ ਅਦਾਰਿਆਂ ਨੂੰ 20 ਮੁਲਾਜ਼ਮ ਰੱਖਣ ਤੱਕ ਕੋਈ ਰਜਿਸਟ੍ਰੇਸ਼ਨ ਨਾ ਕਰਵਾਉਣ ਦੀ ਦਿੱਤੀ ਖੁੱਲ੍ਹ ਰੱਦ ਕਰੇ, ਕੰਮ ਦੇ ਘੰਟੇ ਜੋ ਵਧਾ ਕੇ 12 ਕੀਤੇ ਗਏ ਹਨ, ਉਸ ਨੂੰ ਰੱਦ ਕੀਤਾ ਜਾਵੇ ਤੇ ਦਿਹਾੜੀ ਵਿੱਚ ਅੱਠ ਘੰਟੇ ਹੀ ਕੰਮ ਲਿਆ ਜਾਵੇ, ਲੇਬਰ ਵਿਭਾਗ ਦੀ ਨਿਗਰਾਨੀ ਅਦਾਰਿਆਂ 'ਤੇ ਉਸੇ ਤਰ੍ਹਾਂ ਕਾਇਮ ਰਹੇ, ਓਵਰ ਟਾਈਮ ਜੋ ਵਧਾ ਕੇ ਤਿਮਾਹੀ ਵਿੱਚ 144 ਘੰਟੇ ਕਰ ਦਿੱਤੇ ਗਏ ਹਨ, ਉਸ ਨੂੰ ਵਾਪਸ ਲਿਆ ਜਾਵੇ, ਪਿਛਲੇ 12 ਸਾਲ ਤੋਂ ਜੋ ਘੱਟੋ ਘੱਟ ਉਜਰਤ ਵਿੱਚ ਵਾਧਾ ਨਹੀਂ ਕੀਤਾ ਗਿਆ, ਉਹ ਬਿਨਾਂ ਕਿਸੇ ਦੇਰੀ ਤੋਂ ਤੁਰੰਤ ਵਿੱਚ ਵਾਧਾ ਕਰ ਕੇ ਲਾਗੂ ਕੀਤਾ ਜਾਵੇ, ਠੇਕਾ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ ਤੇ ਮਿਡ ਡੇ ਮੀਲ, ਆਸ਼ਾ ਵਰਕਰ, ਆਂਗਨਵਾੜੀ ਵਰਕਰ ਤੇ ਹੋਰ ਸਕੀਮ ਵਰਕਰਾਂ ਨੂੰ ਰੈਗੂਲਰ ਵਰਕਰਾਂ ਦਾ ਦਰਜਾ ਦਿੱਤਾ ਜਾਵੇ।ਅੱਜ ਦੇ ਦਿਨ ਆਗੂਆਂ ਨੇ ਸਿੱਖ ਜਰਨੈਲ ਬੰਦਾ ਸਿੰਘ ਬਹਾਦਰ ਨੂੰ ਯਾਦ ਕੀਤਾ, ਜਿਸ ਨੇ ਭੂਮੀ ਸੁਧਾਰ ਕਰਕੇ ਪਹਿਲੀ ਵਾਰੀ ਹਲਵਾਹਕਾਂ ਨੂੰ ਜ਼ਮੀਨ ਦੇ ਕਬਜ਼ੇ ਦਿੱਤੇ ਸਨ।ਅੱਜ ਦੇ ਦਿਨ ਹੀ ਸ਼ਹੀਦ ਭਗਤ ਸਿੰਘ ਦੇ ਸਾਥੀ ਪੰਡਤ ਕਿਸ਼ੋਰੀ ਲਾਲ ਨੂੰ ਵੀ ਯਾਦ ਕੀਤਾ ਗਿਆ, ਜਿਨ੍ਹਾਂ ਦਾ ਅੱਜ ਜਨਮ ਦਿਹਾੜਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੰਗ ਪੱਤਰ ਦੇਣ ਸਮੇਂ ਵਿਜੇ ਕੁਮਾਰ, ਸੁਖਮਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਐਡਵੋਕੇਟ ਸਰਬਜੀਤ ਸਿੰਘ ਸਰਹਾਲੀ, ਐੱਮ ਐੱਸ ਭਾਟੀਆ, ਅਮਰ ਨਾਥ ਕੂਮਕਲਾਂ, ਸਮਰ ਬਹਾਦਰ, ਰਾਮ ਲਾਲ, ਤਹਿਸੀਲਦਾਰ, ਬਲਰਾਮ ਸਿੰਘ, ਅਜੀਤ ਕੁਮਾਰ, ਸੁਦੇਸ਼ਵਰ ਤਿਵਾੜੀ, ਮਾਸਟਰ ਫਿਰੋਜ਼, ਗੁਰਜੀਤ ਸਿੰਘ ਜਗਪਾਲ, ਕੁਲਦੀਪ ਸਿੰਘ, ਤਿਲਕ ਰਾਜ ਡੋਗਰਾ ਹਾਜ਼ਰ ਸਨ।

# ਟਿੱਪਰ ਤੇ ਇਨੋਵਾ ਟੱਕਰ ਮਾਮਲੇ 'ਚ ਮੁੱਖ ਦੋਸ਼ੀ ਰਣਧੀਰ ਸਿੰਘ ਗ੍ਰਿਫਤਾਰ



**ਸਮਾਣਾ (ਗੁਰਪਿਆਰ ਸਿੰਘ ਬੱਲ)**

ਸ੍ਰੀ ਵਰੁਣ ਸ਼ਰਮਾ ਆਈ.ਪੀ.ਐੱਸ ਸੀਨੀਅਰ ਕਪਤਾਨ ਪੁਲਸ ਪਟਿਆਲਾ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਦੱਸਿਆ ਕਿ 07 ਮਈ 2025 ਨੂੰ ਸਮਾਣਾ ਰੋਡ ਪਟਿਆਲਾ ਨੇੜੇ ਬੱਸ ਅੱਡਾ ਪਿੰਡ ਨੱਸੂਪੁਰ, ਸਕੂਲੀ ਬੱਚਿਆਂ ਵਾਲੀ ਇਨੋਵਾ ਕਾਰ ਨੰਬਰ ਪੀ.ਬੀ-11-ਬੀ.ਏ-7300 ਰੰਗ ਸਿਲਵਰ ਤੇ ਮਿੱਟੀ ਦੇ ਓਵਰ ਲੋਡ ਟਿੱਪਰ ਨੰਬਰੀ ਪੀ.ਬੀ-11-ਸੀ. ਜ਼ੈਡ-6336 ਦੇ ਡਰਾਈਵਰ ਦੀ ਗਲਤੀ ਕਾਰਨ ਹੋਏ ਭਿਆਨਕ ਸੜਕ ਹਾਦਸੇ ਵਿੱਚ ਕੁੱਲ 7 ਬੱਚੇ ਤੇ ਇੱਕ ਇਨੋਵਾ ਕਾਰ ਦੇ ਡਰਾਈਵਰ ਦੀ ਮੌਤ ਹੋਣ ਸਬੰਧੀ ਦੁੱਖਦਾਈ ਘਟਨਾ ਵਾਪਰੀ ਸੀ, ਜਿਸ ਸਬੰਧੀ ਮੁਕੱਦਮਾ ਨੰਬਰ 64 ਮਿਤੀ 07-05-2025 ਅ/ਧ 105 ਬੀ.ਐੱਨ.ਐੱਸ. ਥਾਣਾ ਸਦਰ ਸਮਾਣਾ ਵਿਖੇ ਟਿੱਪਰ ਮਾਲਕ ਦਵਿੰਦਰ ਸਿੰਘ ਵਾਸੀ ਸੌਜਾ (ਨਾਭਾ), ਰਣਧੀਰ ਸਿੰਘ ਵਾਸੀ ਪਿੰਡ ਕਕਰਾਲਾ ਤੇ ਟਿੱਪਰ ਚਾਲਕ ਭੁਪਿੰਦਰ ਸਿੰਘ ਉਰਫ ਭੂਪੀ ਪੁੱਤਰ ਜਸਵੀਰ ਸਿੰਘ ਵਾਸੀ ਪਿੰਡ ਤਰੈ ਜ਼ਿਲ੍ਹਾ ਪਟਿਆਲਾ ਖਿਲਾਫ ਦਰਜ ਰਜਿਸਟਰ ਕੀਤਾ ਗਿਆ ਸੀ, ਜਿਸ ਵਿੱਚ ਡਰਾਈਵਰ ਭੁਪਿੰਦਰ ਸਿੰਘ ਉਰਫ ਭੂਪੀ ਨੂੰ 8 ਮਈ 2025 ਤੇ ਟਿੱਪਰ ਮਾਲਕ ਦਵਿੰਦਰ ਸਿੰਘ ਪ੍ਰੋਪਰਾਈਟਰ ਖੱਟੜਾ ਟਰੇਡਿੰਗ ਕੰਪਨੀ ਸੌਜਾ ਨੂੰ 23 ਮਈ 2025 ਨੂੰ ਗ੍ਰਿਫਤਾਰ ਕਰ ਲਿਆ ਸੀ, ਜੋ ਇਸ ਮੁਕੱਦਮਾ ਵਿੱਚ ਰਣਧੀਰ ਸਿੰਘ ਭਗੌੜਾ ਚੱਲਿਆ ਆ ਰਿਹਾ ਸੀ, ਜਿਸ ਨੂੰ ਫੜਨ ਲਈ ਪੁਲਸ ਵੱਲੋਂ ਹਰ ਵਸੀਲਾ ਅਪਣਾਇਆ ਗਿਆ ਸੀ, ਆਮ ਪਬਲਿਕ ਵੱਲੋਂ ਵੀ ਉਕਤ ਦੋਸ਼ੀ ਨੂੰ ਗ੍ਰਿਫਤਾਰ ਕਰਨ ਲਈ ਪੁਰਜ਼ੋਰ ਅਪੀਲ ਕੀਤੀ ਜਾ ਰਹੀ ਸੀ।ਇਸ ਸਬੰਧੀ ਮ੍ਰਿਤਕ ਬੱਚਿਆਂ ਦੇ ਮਾਪਿਆਂ ਨਾਲ ਦੁੱਖ ਵੰਡਾਉਣ ਲਈ ਮਾਨਯੋਗ ਮੁੱਖ ਮੰਤਰੀ ਪੰਜਾਬ ਬੀਤੀ 7 ਜੂਨ 2025 ਨੂੰ ਸਮਾਣਾ ਵਿਖੇ ਆਏ ਸਨ, ਜਿੱਥੇ ਲੋਕਾਂ ਵੱਲੋਂ ਰਹਿੰਦੇ ਦੋਸ਼ੀ ਨੂੰ ਗ੍ਰਿਫਤਾਰ ਕਰਨ ਲਈ ਮਾਨਯੋਗ ਮੁੱਖ ਮੰਤਰੀ ਪੰਜਾਬ ਪਾਸ ਮੰਗ ਰੱਖੀ ਗਈ ਸੀ।

ਮਾਨਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਹਦਾਇਤ ਕੀਤੀ ਗਈ ਸੀ ਕਿ ਰਹਿੰਦੇ ਦੋਸ਼ੀ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇ।ਜੋ ਉਪ ਕਪਤਾਨ ਪੁਲਸ ਸਮਾਣਾ ਤੇ ਮੁੱਖ ਅਫਸਰ ਥਾਣਾ ਸਦਰ ਸਮਾਣਾ ਵੱਲੋਂ 9 ਜੂਨ 2025 ਨੂੰ ਮੁਕੱਦਮਾ ਵਿੱਚ ਰਹਿੰਦੇ ਦੋਸ਼ੀ ਟਿੱਪਰ ਮਾਲਕ ਰਣਧੀਰ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਪਿੰਡ ਕਕਰਾਲਾ ਥਾਣਾ ਪਸਿਆਣਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਮੁਕੱਦਮੇ ਵਿੱਚ ਨਾਮਜ਼ਦ ਸਾਰੇ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਚੁੱਕਾ ਹੈ, ਜੋ ਮੁਕੱਦਮੇ ਦਾ ਚਲਾਣ ਜਲਦ ਪੇਸ਼ ਅਦਾਲਤ ਕਰਕੇ ਪੀੜਤਾਂ ਨੂੰ ਇੰਨਸਾਫ ਦਿਵਾਇਆ ਜਾਵੇਗਾ।

# ਪ ਸ ਸ ਫ ਦੀ ਸੂਬਾ ਪੱਧਰੀ ਮੀਟਿੰਗ 'ਚ 14 ਦੇ ਲੁਧਿਆਣਾ ਰੋਸ ਮਾਰਚ 'ਚ ਸ਼ਾਮਲ ਹੋਣ ਦਾ ਫੈਸਲਾ



**ਲੁਧਿਆਣਾ (ਕਥੂਰੀਆ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੀ ਫੈਡਰਲ ਕੌਂਸਲ ਦੀ ਮੀਟਿੰਗ ਸੂਬਾ ਪ੍ਰਧਾਨ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਰੇਲਵੇ ਦਫਤਰ ਲੁਧਿਆਣਾ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਮੀਟਿੰਗ ਦਾ ਏਜੰਡਾ ਸਾਂਝਾ ਕਰਦੇ ਹੋਏ ਦੱਸਿਆ ਕਿ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਨਵਾਂ ਜ਼ਮਾਨਾ ਦੇ ਟਰੱਸਟ ਅਰਜਨ ਸਿੰਘ ਗੜਗੱਜ ਦੇ ਸਕੱਤਰ ਸਾਥੀ ਗੁਰਮੀਤ ਸਿੰਘ ਸ਼ੁਗਲੀ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਦੂਸਰੇ ਮਤੇ ਰਾਹੀਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ 14 ਜੂਨ ਨੂੰ ਲੁਧਿਆਣੇ ਵਿਖੇ ਹੋ ਰਹੀ ਜ਼ਿਮਨੀ ਚੋਣ ਸਮੇਂ ਕੀਤੇ ਜਾਣ ਵਾਲੇ ਰੋਸ ਮਾਰਚ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 14 ਜੂਨ ਦੀ ਲੁਧਿਆਣਾ ਰੈਲੀ ਤੇ ਜੇ.ਪੀ.ਐੱਮ.ਓ. ਵੱਲੋਂ ਜਲੰਧਰ ਵਿਖੇ 21 ਜੂਨ ਨੂੰ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿੱਚ ਪਿਛਲੇ ਕੀਤੇ ਐਕਸ਼ਨਾਂ ਦਾ ਰੀਵਿਊ ਕੀਤਾ ਗਿਆ, ਜਿਸ ਵਿੱਚ ਪ.ਸ.ਸ.ਫ. ਵੱਲੋਂ 10 ਮਈ ਨੂੰ ਜਲੰਧਰ ਵਿਖੇ ਕੀਤੀ ਵਿਸ਼ਾਲ ਸੂਬਾਈ ਰੈਲੀ ਵਿੱਚ ਜ਼ਿਲ੍ਹਿਆਂ ਵਿੱਚੋਂ ਹੋਈ ਭਰਵੀਂ ਸ਼ਮੂਲੀਅਤ ਸਬੰਧੀ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਤੇ ਮੀਟਿੰਗਾਂ ਵਿੱਚ ਮੰਨੀਆਂ ਮੰਗਾਂ ਲਾਗੂ ਨਾ ਕਰਨ ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਮੁਲਾਜ਼ਮ ਵਰਗ ਨੂੰ ਸੰਘਰਸ਼ਾਂ ਪ੍ਰਤੀ ਉਤਸ਼ਾਹਤ ਕਰਨ ਦਾ ਉਪਰਾਲਾ ਕਰਨ ਦੀ ਰੂਪ-ਰੇਖਾ ਉਲੀਕੀ ਗਈ। ਮੀਟਿੰਗ ਵਿੱਚ ਜਥੇਬੰਦੀ ਵੱਲੋਂ 12 ਜੂਨ ਨੂੰ ਐੱਨ.ਪੀ.ਐੱਸ. ਮੁਲਾਜ਼ਮਾਂ ਵੱਲੋਂ ਤੇ 17 ਜੂਨ ਨੂੰ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਕੀਤੇ ਜਾ ਰਹੇ ਰੋਸ ਮਾਰਚਾਂ ਦੀ ਵੀ ਹਮਾਇਤ ਕੀਤੀ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ ਕੇਂਦਰ ਤੇ ਸੂਬਾ ਸਰਕਾਰ ਖਿਲਾਫ ਜੋ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ, ਉਸ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਕਰਮਜੀਤ ਬੀਹਲਾ, ਮੱਖਣ ਸਿੰਘ ਵਾਹਿਦਪੁਰੀ, ਮਨੋਹਰ ਲਾਲ ਸ਼ਰਮਾ, ਸੁਖਦੇਵ ਚੰਗਾਲੀਵਾਲਾ, ਜਤਿੰਦਰ ਕੁਮਾਰ, ਨਿਰਭੈ ਸਿੰਘ ਸ਼ੰਕਰ, ਤਰਸੇਮ ਮਾਧੋਪੁਰੀ, ਅਨਿਲ ਕੁਮਾਰ, ਲਖਵਿੰਦਰ ਸਿੰਘ ਖਾਨਪੁਰ, ਜਸਵਿੰਦਰ ਕੌਰ ਟਾਹਲੀ, ਵੀਰਇੰਦਰਜੀਤ ਪੁਰੀ, ਗੁਰਮੀਤ ਸਿੰਘ, ਰਛਪਾਲ ਸਿੰਘ, ਕੁਲਦੀਪ ਸਿੰਘ, ਜਸਵੀਰ ਸਿੰਘ, ਇੰਦਰਜੀਤ ਸਿੰਘ, ਗੁਰਪ੍ਰੀਤ ਸਿੰਘ, ਰਣਵੀਰ ਸਿੰਘ ਆਦਿ ਆਗੂ ਹਾਜ਼ਰ ਸਨ।

## ਕਾਤਰਾਂ

### ਲੱਖਾਂ ਰੁਪਏ ਦੀ ਧੋਖਾਧੜੀ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਵਿਅਕਤੀ ਨਾਲ ਜਗ੍ਹਾ ਦਾ ਸੌਦਾ ਕਰਕੇ 47 ਲੱਖ ਰੁਪਏ ਦੀ ਧੋਖਾਧੜੀ ਕੀਤੇ ਜਾਣ ਦੇ ਕਥਿਤ ਮਾਮਲੇ 'ਚ ਅਮਲੋਹ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਦਿੱਤੀ ਦਰਖਾਸਤ ਵਿੱਚ ਸੌਰਵ ਅਗਰਵਾਲ ਨਾਮਕ ਵਿਅਕਤੀ ਨੇ ਦੋਸ਼ ਲਗਾਏ ਸਨ ਕਿ ਸਾਲ 2022 'ਚ ਗੁਰਪ੍ਰੀਤ ਸਿੰਘ ਤੇ ਬਲਜੀਤ ਸਿੰਘ ਨੇ ਉਸ ਨਾਲ ਜਗ੍ਹਾ ਦਾ ਸੌਦਾ ਕਰਕੇ ਉਸ ਤੋਂ 47,00,000/- ਰੁਪਏ ਬਤੌਰ ਬਿਆਨਾ ਹਾਸਲ ਕਰ ਲਏ, ਪਰ ਜਗ੍ਹਾ 'ਤੇ ਸਟੇਅ ਲੱਗੀ ਹੋਣ ਕਾਰਨ ਉਸ ਦੀ ਰਜਿਸਟਰੀ ਨਹੀਂ ਹੋ ਸਕੀ, ਜਿਸ ਤੋਂ ਬਾਅਦ ਗੁਰਪ੍ਰੀਤ ਸਿੰਘ ਨੇ ਆਪਣੇ ਚਾਚੇ ਬਲਜੀਤ ਸਿੰਘ ਦੇ ਨਾਮ ਕਰਕੇ ਜਗ੍ਹਾ ਦੀ ਰਜਿਸਟਰੀ ਅੱਗੇ ਕਿਸੇ ਹੋਰ ਵਿਅਕਤੀ ਨੂੰ ਕਰਵਾ ਦਿੱਤੀ ਤੇ ਅਜਿਹਾ ਕਰਕੇ ਉਕਤ ਵਿਅਕਤੀਆਂ ਨੇ ਉਸ ਨਾਲ 47 ਲੱਖ ਰੁਪਏ ਦੀ ਠੱਗੀ ਮਾਰੀ ਹੈ।ਦਰਖਾਸਤ ਦੀ ਪੜਤਾਲ ਉਪਰੰਤ ਗੁਰਪ੍ਰੀਤ ਸਿੰਘ ਤੇ ਬਲਜੀਤ ਸਿੰਘ ਵਾਸੀਆਨ ਪਿੰਡ ਜਲਾਲਪੁਰ ਵਿਰੁੱਧ ਅ/ਧ 406,420,120ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰ ਕੇ ਥਾਣਾ ਅਮਲੋਹ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

### ਬਾਲ ਮਜ਼ਦੂਰੀ ਦਿਵਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸੈਮੀਨਾਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਵੱਲੋਂ 'ਚਾਈਲਡ ਲੇਬਰ ਦੇ ਉਖਾੜ ਲਈ ਜਾਗਰੂਕਤਾ ਹਫ਼ਤਾ' ਮਨਾਉਂਦੇ ਹੋਏ ਜਲਾਲਾਬਾਦ ਵਿਖੇ ਜਾਗਰੂਕਤਾ ਪ੍ਰੋਗਰਾਮ ਆਯੋਜਤ ਕੀਤਾ ਗਿਆ।ਇਸ ਦੌਰਾਨ ਪੈਨਲ ਵਕੀਲਾਂ ਤੇ ਪੈਰਾ ਲੀਗਲ ਵਲੰਟੀਅਰਾਂ ਵੱਲੋਂ 'ਛਾਬਰਾ ਇੰਡਸਟਰੀਜ਼' ਪਿੰਡ ਘੁਬਾਇਆ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਵਿਖੇ ਜਾ ਕੇ ਬਾਲ ਮਜ਼ਦੂਰੀ ਦੇ ਖ਼ਿਲਾਫ਼ ਕਾਨੂੰਨਾਂ ਬਾਰੇ ਜਾਣਕਾਰੀ ਦਿੱਤੀ ਗਈ।ਬੱਚਿਆਂ ਨੂੰ ਜ਼ਬਰਦਸਤੀ ਕੰਮ ਕਰਵਾਉਣ ਦੀ ਪਾਬੰਦੀ ਤੇ ਅਜਿਹੇ ਮਾਮਲਿਆਂ ਦੀ ਸ਼ਿਕਾਇਤ ਕਿਵੇਂ ਕੀਤੀ ਜਾ ਸਕਦੀ ਹੈ, ਇਸ ਬਾਰੇ ਵੀ ਵਿਸਥਾਰ ਨਾਲ ਦੱਸਿਆ ਗਿਆ।ਜਾਗਰੂਕਤਾ ਸਮਾਗਮਾਂ ਰਾਹੀਂ ਮਾਪਿਆਂ ਤੇ ਸਮਾਜ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਬੱਚਿਆਂ ਨੂੰ ਸਿੱਖਿਆ ਵੱਲ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੇ ਭਵਿੱਖ ਨੂੰ ਸੰਵਾਰਨ ਦੀ ਜ਼ਿੰਮੇਵਾਰੀ ਲੈਣ।ਕਿਸੇ ਵੀ ਤਰ੍ਹਾਂ ਦੀ ਹੋਰ ਕਾਨੂੰਨੀ ਜਾਣਕਾਰੀ ਤੇ ਸਲਾਹ ਲੈਣ ਲਈ ਟੋਲ ਫਰੀ ਨੰ. 15100 'ਤੇ ਸੰਪਰਕ ਕੀਤਾ ਜਾ ਸਕਦਾ ਹੈ।

### ਕਿਸਾਨਾਂ ਨੂੰ ਲਾਭ ਨਾਲ ਡਰੋਨ ਦੀਦੀਆਂ ਨੂੰ ਮਿਲੇਗਾ ਰੋਜ਼ਗਾਰ : ਏ ਡੀ ਸੀ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਮਾਨਸਾ ਵੱਲੋਂ 4 ਡਰੋਨ ਦੀਦੀਆਂ ਨੂੰ ਖੇਤੀਬਾੜੀ ਡਰੋਨ ਜਾਰੀ ਕੀਤੇ ਗਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਸ਼੍ਰੀ ਆਕਾਸ਼ ਬਾਂਸਲ ਆਈ.ਏ.ਐਸ. ਵੱਲੋਂ ਡਰੋਨ ਦੀਦੀਆਂ ਨੂੰ ਕੰਮ ਕਰਨ ਸਬੰਧੀ ਉਤਸ਼ਾਹਤ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਜੀਵਿਕਾ ਮਿਸ਼ਨ ਅਧੀਨ ਜ਼ਿਲ੍ਹਾ ਮਾਨਸਾ ਵਿਖੇ ਜਾਰੀ ਕੀਤੇ ਗਏ ਡਰੋਨਾਂ ਨਾਲ ਛੋਟੇ ਤੇ ਵੱਡੇ ਕਿਸਾਨਾਂ ਨੂੰ ਜਿੱਥੇ ਲਾਭ ਮਿਲੇਗਾ, ਉੱਥੇ ਡਰੋਨ ਦੀਦੀਆਂ ਨੂੰ ਰੋਜ਼ਗਾਰ ਵੀ ਪ੍ਰਾਪਤ ਹੋਵੇਗਾ। ਉਨ੍ਹਾਂ ਦੱਸਿਆ ਕਿ ਡਰੋਨ ਦੀ ਵਰਤੋਂ ਕਰਨ ਨਾਲ ਪਾਣੀ ਤੇ ਸਮੇਂ ਦੀ ਵੀ ਬੱਚਤ ਹੋਵੇਗੀ। ਇਸਦੇ ਨਾਲ ਹੀ ਘੱਟ ਸਪਰੇਅ ਦੀ ਵਰਤੋਂ ਕਰਕੇ ਵਧੇਰੇ ਲਾਭ ਪ੍ਰਾਪਤ ਹੋਣਗੇ। ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਜਸਵਿੰਦਰ ਕੌਰ ਨੇ ਕਿਹਾ ਕਿ ਝੋਨੇ ਦੇ ਸੀਜ਼ਨ ਦੇ ਚੱਲਦਿਆਂ ਪਨੀਰੀ ਤੇ ਝੋਨੇ ਉਪਰ ਡਰੋਨ ਸਪਰੇਅ ਵਧੇਰੇ ਲਾਭਦਾਇਕ ਹੋਵੇਗੀ।

# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਵੱਲੋਂ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਾਵਰਕਾਮ ਐਂਡ ਟਰਾਂਸਕੋ ਸਿਟੀ ਮੰਡਲ ਮੋਗਾ ਵੱਲੋਂ ਸਟੇਟ ਕਮੇਟੀ ਦੇ ਫੈਸਲੇ ਮੁਤਾਬਿਕ ਸਾਥੀ ਬਲੌਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਡਵੀਜ਼ਨ ਦਫਤਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਸਾਥੀਆਂ ਨੇ ਸ਼ਮੂਲੀਅਤ ਕੀਤੀ।

ਸਟੇਜ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸਾਥੀ ਬਲਵਿੰਦਰ ਸਿੰਘ ਸਕੱਤਰ ਨੇ ਦੱਸਿਆ ਕਿ ਲੰਮੀ ਜੱਦੋ-ਜਹਿਦ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਪੇ ਕਮਿਸ਼ਨ ਮੁਤਾਬਿਕ ਸੋਧੀ ਪੈਨਸ਼ਨ 66 ਮਹੀਨੇ ਦਾ ਏਰੀਅਰ ਕਿਸ਼ਤਾਂ ਵਿੱਚ ਦੇਣ ਦਾ ਨੋਟੀਫਿਕੇਸ਼ਨ ਕੀਤਾ ਸੀ, ਜਿਸ ਨੂੰ ਪਾਵਰਕਾਮ ਮੈਨੇਜਮੈਂਟ ਵੱਲੋਂ ਅਪਣਾ ਕੇ ਪੈਨਸ਼ਨਰਜ਼ ਸਾਥੀਆਂ ਨੂੰ ਏਰੀਅਰ ਦੇਣ ਲਈ ਪੱਤਰ ਜਾਰੀ ਕੀਤਾ ਸੀ। ਸਾਥੀ ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਪਾਵਰਕਾਮ ਮੈਨੇਜਮੈਂਟ ਪੈਨਸ਼ਨਰਜ਼ ਨੂੰ ਏਰੀਅਰ ਦੇਣ ਤੋਂ ਟਾਲ ਮਟੋਲ ਕਰ ਰਹੀ ਹੈ। ਪੱਤਰ ਦੇ ਮੁਤਾਬਿਕ ਪੈਨਸ਼ਨਰਜ਼ ਸਾਥੀਆਂ ਨੂੰ ਅਪ੍ਰੈਲ ਮਹੀਨੇ ਤੋਂ ਏਰੀਅਰ ਦੀਆਂ ਕਿਸ਼ਤਾਂ ਦੇਣੀਆਂ ਸ਼ੁਰੂ ਕਰਨੀਆਂ ਸਨ, ਪਰ ਮੈਨੇਜਮੈਂਟ ਵੱਲੋਂ ਸਿਰਫ 75 ਸਾਲ ਤੋਂ ਉੱਪਰ ਵਾਲੇ ਪੈਨਸ਼ਨਰਜ਼ ਸਾਥੀਆਂ ਨੂੰ ਮਈ ਮਹੀਨੇ ਵਿੱਚ ਏਰੀਅਰ ਦਿੱਤਾ ਗਿਆ। 75 ਸਾਲ ਤੋਂ ਨੀਚੇ ਵਾਲੇ ਕਿਸੇ ਵੀ ਪੈਨਸ਼ਨਰਜ਼ ਸਾਥੀ ਦਾ ਏਰੀਅਰ ਨਹੀਂ ਦਿੱਤਾ ਗਿਆ। ਇਸ ਲਈ ਜਥੇਬੰਦੀ ਵੱਲੋਂ ਡਵੀਜ਼ਨ ਦਫਤਰ ਵਿਖੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ।

ਸਟੇਟ ਆਗੂ ਸਾਥੀ ਜੰਗੀਰ ਸਿੰਘ ਨੇ ਪਾਵਰਕਾਮ ਮੈਨੇਜਮੈਂਟ ਕੋਲੋਂ ਮੰਗ ਕੀਤੀ ਕਿ ਪੱਤਰ ਮੁਤਾਬਿਕ ਛੇਤੀ ਤੋਂ ਛੇਤੀ ਏਰੀਅਰ ਦੀ ਅਦਾਇਗੀ ਕੀਤੀ ਜਾਵੇ। ਇਸ ਦੇ ਨਾਲ ਇਹ ਵੀ ਮੰਗ ਕੀਤੀ ਕਿ 31-12-15 ਤੱਕ ਸੇਵਾ ਮੁਕਤ ਹੋਏ ਪੈਨਸ਼ਨਰਜ਼ ਸਾਥੀਆਂ ਨੂੰ 2.59 ਦਾ ਫੈਕਟਰ ਲਾ ਕੇ ਪੈਨਸ਼ਨਾਂ ਸੋਧੀਆਂ ਜਾਣ, ਡੀ ਏ ਦਾ ਏਰੀਅਰ ਤੇ ਡੀ ਏ ਦੀਆਂ ਬਕਾਇਆ ਪਈਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ। ਰੋਸ ਪ੍ਰਦਰਸ਼ਨ ਵਿੱਚ ਸਾਥੀ ਰੇਸ਼ਮ ਸਿੰਘ, ਸਾਥੀ ਪ੍ਰਗਟ ਸਿੰਘ, ਸਾਥੀ ਰਣਜੀਤ ਸਿੰਘ, ਸਾਥੀ ਪਿਆਰਾ ਸਿੰਘ, ਸਾਥੀ ਸਵਰਨ ਸਿੰਘ ਧਰਮਕੋਟ, ਸਾਥੀ ਕੁਲਦੀਪ ਕੁਮਾਰ, ਸਾਥੀ ਪ੍ਰੀਤਮ ਸਿੰਘ, ਸਾਥੀ ਤਰਸੇਮ ਲਾਲ ਤੋਂ ਇਲਾਵਾ ਬਲਵਿੰਦਰ ਸਿੰਘ ਸਕੱਤਰ ਸਿਟੀ ਮੰਡਲ ਮੋਗਾ ਹਾਜ਼ਰ ਸਨ।

# ਬਣਦਾ ਹਿੱਸਾ ਨਾ ਦੇਣ ਦੇ ਦੋਸ਼ 'ਚ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**

ਥਾਣਾ ਵੈਰੋਕੇ ਦੀ ਪੁਲਸ ਵੱਲੋਂ ਤੂੜੀ ਵਾਲਾ ਰੀਪਰ ਵਾਪਸ ਨਾ ਕਰਨ ਤੇ ਕਮਾਈ ਵਾਲੇ ਪੈਸਿਆਂ ਦਾ ਬਣਦਾ ਹਿੱਸਾ ਨਾ ਦੇਣ ਦੇ ਦੋਸ਼ ਵਿੱਚ ਇੱਕ ਵਿਅਕਤੀ ਦੇ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮੁਖਤਿਆਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਗੁਰਜੰਟ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਲੱਧੂਵਾਲਾ ਉਤਾੜ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ ਉਸ ਨੇ ਗੁਰਭੇਜ ਸਿੰਘ ਨਾਲ ਤੂੜੀ ਵਾਲਾ ਰੀਪਰ ਤੇ ਸਵਰਾਜ ਟ੍ਰੈਕਟਰ ਪਾ ਕੇ ਗੁਜਰਾਤ ਤੂੜੀ ਬਣਾਉਣ ਲਈ ਚੱਲ ਗਏ ਤੇ 2 ਮਹੀਨੇ ਬਾਅਦ ਜਦੋਂ ਕੀਤੀ ਕਮਾਈ ਦਾ ਪੈਸਾ ਵੰਡਣ ਲੱਗੇ ਤਾਂ ਗੁਰਭੇਜ ਸਿੰਘ ਨੇ ਕਿਹਾ ਕਿ ਮੈਂ ਪੰਜਾਬ ਆ ਕੇ ਤੈਨੂੰ ਪੈਸੇ ਦੇ ਦੇਵਾਗਾਂ, ਪਰ ਨਾ ਤਾ ਤੂੜੀ ਵਾਲਾ ਰੀਪਰ ਵਾਪਸ ਕੀਤਾ ਤੇ ਨਾ ਹੀ ਪੈਸੇ ਦਿੱਤੇ ਗਏ, ਜਿਸ 'ਤੇ ਪੁਲਿਸ ਵੱਲੋਂ ਮੁਦੱਈ ਗੁਰਜੰਟ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਗੁਰਭੇਜ ਸਿੰਘ ਪੁੱਤਰ ਜਰਮਲ ਸਿੰਘ ਵਾਸੀ ਘਾਂਗਾ ਖੁਰਦ ਦੇ ਵਿਰੁੱਧ ਮੁਕੱਦਮਾ ਨੰਬਰ 70 ਮਿਤੀ 09-06-2025 ਨੂੰ ਧਾਰਾ 316(2) ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ।

# ਮਹਿਲਾ ਕਮਿਸ਼ਨ ਔਰਤਾਂ ਦੀਆਂ ਸਮੱਸਿਆਵਾਂ ਦੀ ਨਿਰਪੱਖ ਜਾਂਚ ਲਈ ਵਚਨਬੱਧ : ਚੇਅਰਪਰਸਨ ਗਿੱਲ

**ਧੱਲੇਕੇ ਤੇ ਘੱਲ ਕਲਾਂ ਵਿਖੇ ਸੁਣੀਆਂ ਔਰਤਾਂ ਦੀਆਂ ਸਮੱਸਿਆਵਾਂ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਪੁਲਸ ਲਾਈਨ ਮੋਗਾ ਵਿਖੇ ਖੁੱਲ੍ਹਾ ਦਰਬਾਰ ਲਗਾ ਕੇ ਔਰਤਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ। ਇਸ ਦੌਰਾਨ ਉਨ੍ਹਾਂ ਮੌਕੇ 'ਤੇ ਹੀ ਪੁਲਸ ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਅੱਜ ਦੀ ਇਸ ਲੋਕ ਅਦਾਲਤ ਵਿੱਚ ਕਮਿਸ਼ਨ ਵੱਲੋਂ ਕਰੀਬ 50 ਕੇਸਾਂ ਦੀ ਸੁਣਵਾਈ ਕੀਤੀ ਗਈ। ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕਿਹਾ ਕਿ ਕਮਿਸ਼ਨ ਹਰੇਕ ਜ਼ਿਲ੍ਹੇ ਅੰਦਰ ਜਾ ਕੇ ਔਰਤਾਂ ਨੂੰ ਪੇਸ਼ ਆ ਰਹੀਆਂ ਦਰਪੇਸ਼ ਮੁਸ਼ਕਲਾਂ ਦਾ ਨਿਪਟਾਰਾ ਕਰਨ ਨੂੰ ਤਵੱਜੋਂ ਦੇ ਰਿਹਾ ਹੈ, ਕਿਉਂਕਿ ਕਈਂ ਪੀੜਤ ਮਹਿਲਾਵਾਂ ਮੋਹਾਲੀ ਵਿਖੇ ਕਮਿਸ਼ਨ ਤੱਕ ਆਪਣੀ ਪਹੁੰਚ ਨਹੀਂ ਕਰ ਪਾਉਂਦੀਆਂ, ਇਸ ਲਈ ਕਮਿਸ਼ਨ ਵੱਲੋਂ ਜ਼ਿਲ੍ਹਿਆਂ ਅੰਦਰ ਹੀ ਲੋਕ ਦਰਬਾਰ ਲਗਾ ਕੇ ਮੁਸ਼ਕਲਾਂ ਨੂੰ ਸੁਣਿਆ ਜਾਂਦਾ ਹੈ ਤੇ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਮੌਕੇ 'ਤੇ ਹੀ ਨਿਪਟਾਰਾ ਹੋ ਸਕੇ। ਉਨ੍ਹਾਂ ਕਿਹਾ ਕਿ ਕਮਿਸ਼ਨ 'ਤੇ ਕੋਈ ਸਿਆਸੀ ਦਬਾਅ ਨਹੀਂ ਹੈ ਤੇ ਕਮਿਸ਼ਨ ਨਿਰਪੱਖ ਹੋ ਕੇ ਕੇਸਾਂ ਦੀ ਜਾਂਚ ਕਰਦਾ ਹੈ। ਰਾਜ ਲਾਲੀ ਗਿੱਲ ਨੇ ਕਿਹਾ ਕਿ ਲਿਵ-ਇਨ-ਰਿਲੇਸ਼ਨ ਦੇ ਵਧ ਰਹੇ ਮਾਮਲੇ ਸਾਡੇ ਸਮਾਜ ਲਈ ਚਿੰਤਾਜਨਕ ਹਨ। ਉਨ੍ਹਾ ਕਿਹਾ ਕਿ ਮੁੰਡੇ-ਕੁੜੀਆਂ ਤੇ ਇੱਥੋਂ ਤੱਕ ਕਿ ਕਈ ਵਿਆਹੇ ਹੋਏ ਮਰਦ ਤੇ ਔਰਤਾਂ ਵੀ ਲਿਵ-ਇਨ-ਰਿਲੇਸ਼ਨ ਦੀ ਇਸ ਬੁਰਾਈ ਵੱਲ ਧੱਕੇ ਜਾ ਰਹੇ ਹਨ, ਜੋ ਕਿ ਸਾਡੇ ਸਮਾਜ ਨੂੰ ਸਿਊਂਕ ਵਾਂਗ ਖਾ ਰਹੀ ਹੈ, ਜਿਸ ਤੋਂ ਬਚਣ ਦੀ ਲੋੜ ਹੈ।

ਚੇਅਰਪਰਸਨ ਰਾਜ ਲਾਲੀ ਗਿੱਲ ਨੇ ਦੱਸਿਆ ਕਿ ਬਹੁਤੇ ਕੇਸਾਂ ਵਿੱਚ ਪੁਲਸ ਦੇ ਜਾਂਚ ਅਧਿਕਾਰੀਆਂ ਨੂੰ ਮੁੜ ਤੋਂ ਪੜਤਾਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਇਹ ਧਾਰਨਾ ਹੈ ਕਿ ਕਿਸੇ ਵੀ ਪੀੜਤ ਮਹਿਲਾ ਦੀ ਪੂਰੀ ਸੁਣਵਾਈ ਹੋਵੇ ਤੇ ਉਸ ਨੂੰ ਸਮਾਂਬੱਧ ਢੰਗ ਨਾਲ ਤਰਕਸੰਗਤ ਨਿਆਂ ਪ੍ਰਦਾਨ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਕੋਲ ਹੁਣ ਤੱਕ ਕਰੀਬ 2800 ਤੋਂ ਵੱਧ ਮਾਮਲੇ ਸੁਣਵਾਈ ਲਈ ਆਏ, ਜਿਨ੍ਹਾਂ ਵਿੱਚੋਂ ਬਹੁਤੇ ਕੇਸਾਂ ਦਾ ਨਿਪਟਾਰਾ ਕਰਵਾਇਆ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਅੱਜ ਵਿਆਹ ਸਬੰਧਾਂ, ਜਾਇਦਾਦ ਨਾਲ ਸਬੰਧਤ, ਐੱਨ.ਆਰ.ਆਈ. ਵਿਆਹ, ਦਾਜ-ਦਹੇਜ, ਲੜਕੀਆਂ ਤੇ ਔਰਤਾਂ ਦਾ ਸੋਸ਼ਣ, ਲਿਵ-ਇਨ-ਰਿਲੇਸ਼ਨ, ਘਰੇਲੂ ਮਾਰਕੁੱਟ ਆਦਿ ਨਾਲ ਸਬੰਧਤ ਮਾਮਲੇ ਉਨ੍ਹਾਂ ਕੋਲ ਪੁੱਜੇ ਸਨ। ਰਾਜ ਲਾਲੀ ਗਿੱਲ ਨੇ ਕਿਹਾ ਕਿ ਮੌਜੂਦਾ ਸਮੇਂ ਛੋਟੀ-ਛੋਟੀ ਗੱਲ ਬਰਦਾਸ਼ਤ ਨਾ ਕਰਨਾ ਤੇ ਸਹਿਣਸ਼ੀਲਤਾ ਘਟਣ ਕਰਕੇ ਪਰਵਾਰਾਂ 'ਚ ਖਿੱਚੋਤਾਣ ਤੇ ਝਗੜੇ ਵਧ ਰਹੇ ਹਨ। ਇਸ ਤੋਂ ਬਾਅਦ ਚੇਅਰਪਰਸਨ ਨੇ ਪਿੰਡ ਧੱਲੇਕੇ ਤੇ ਘੱਲ ਕਲਾਂ ਪੱਤੀ ਮੇਹਰ ਦਾ ਦੌਰਾ ਕਰਕੇ ਔਰਤਾਂ ਦੀਆਂ ਸਮੱਸਿਆਵਾਂ ਸੁਣੀਆਂ।

# ਆਈ ਡੀ ਪੀ ਡੀ ਵੱਲੋਂ ਗ੍ਰੇਟਾ ਤੇ ਉਸ ਦੇ ਸਾਥੀਆਂ ਨੂੰ ਅਗਵਾ ਕਰਨ ਦੀ ਨਿੰਦਾ

ਲੁਧਿਆਣਾ (ਐੱਮ ਐੱਸ ਭਾਟੀਆ)-ਇੰਡੀਆਨ ਡਾਕਟਰਜ਼ ਫੌਰ ਪੀਸ ਐਂਡ ਡਿਵੈਲਪਮੈਂਟ (ਆਈ.ਡੀ.ਪੀ.ਡੀ.) ਵੱਲੋਂ ਪਰਿਆਵਰਨ ਕਾਰਜਕਰਤਾ ਗ੍ਰੇਟਾ ਥਨਬਰਗ ਤੇ ਉਸ ਦੇ ਸਾਥੀਆਂ ਨੂੰ ਇਜ਼ਰਾਈਲੀ ਫੌਜ ਵੱਲੋਂ ਅਗਵਾ ਕਰਨ ਦੀ ਦਿਲ ਦਹਿਲਾ ਦੇਣ ਵਾਲੀ ਅਤੇ ਨਿੰਦਣਯੋਗ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਹ ਕਿਲਤਾਂ ਦਾ ਸਾਹਮਣਾ ਕਰ ਰਹੇ ਫਲਸਤੀਨੀ ਲੋਕਾਂ ਲਈ ਰਾਹਤ ਸਮੱਗਰੀ ਪਹੁੰਚਾਉਣ ਦੇ ਮਨੁੱਖੀ ਹਮਦਰਦੀ ਮਿਸ਼ਨ 'ਤੇ ਗਏ ਹੋਏ ਸਨ।

ਗ੍ਰੇਟਾ ਤੇ ਉਸ ਦੇ ਸਾਥੀ ਸੰਸਾਰ ਭਰ ਦੇ ਨੌਜਵਾਨਾਂ ਤੇ ਨਾਗਰਿਕ ਸਮਾਜ ਦੇ ਜ਼ਮੀਰ ਦੀ ਆਵਾਜ਼ ਹਨ, ਜੋ ਜੰਗ, ਕਬਜ਼ੇ ਤੇ ਪਰਿਆਵਰਨ ਦੀ ਤਬਾਹੀ ਖਿਲਾਫ ਖੜੇ ਹਨ। ਗਾਜ਼ਾ ਵਿੱਚ ਭੁੱਖੇ, ਬੰਬਾਰੀ ਥਾਂਵਾਂ ਤੇ ਘੇਰੇ ਵਿੱਚ ਫਸੇ ਹੋਏ ਲੋਕਾਂ ਤੱਕ ਮਦਦ ਪਹੁੰਚਾਉਣ ਲਈ ਉਨ੍ਹਾਂ ਦੀ ਕੋਸ਼ਿਸ਼, ਅੰਤਰਰਾਸ਼ਟਰੀ ਏਕਤਾ ਦੀ ਹਿੰਮਤ ਵਾਲੀ ਮਿਸਾਲ ਹੈ। ਇਜ਼ਰਾਈਲ ਦੀ ਸਰਕਾਰ ਵੱਲੋਂ ਕੀਤਾ ਗਿਆ ਇਹ ਕਰੂਰ ਵਤੀਰਾ ਨਾ ਸਿਰਫ ਉਨ੍ਹਾਂ ਉੱਤੇ ਹਮਲਾ ਹੈ, ਸਗੋਂ ਹਰ ਉਸ ਵਿਅਕਤੀ ਉੱਤੇ ਹਮਲਾ ਹੈ, ਜੋ ਅਮਨ, ਇਨਸਾਫ ਤੇ ਮਨੁੱਖੀ ਅਧਿਕਾਰਾਂ ਲਈ ਆਵਾਜ਼ ਚੁੱਕਦਾ ਹੈ।

ਡਾ. ਐੱਸ. ਐੱਸ. ਸੂਦਨ (ਸਰਪ੍ਰਸਤ), ਡਾ. ਅਰੁਣ ਮਿੱਤਰਾ (ਪ੍ਰਧਾਨ) ਤੇ ਡਾ. ਸ਼ਕੀਲ ਉਰ ਰਹਿਮਾਨ (ਜਨਰਲ ਸਕੱਤਰ) ਵੱਲੋਂ ਦਿੱਤੇ ਗਏ ਬਿਆਨ ਵਿੱਚ ਉਨ੍ਹਾਂ ਗ੍ਰੇਟਾ ਤੇ ਉਸ ਨਾਲ ਗ੍ਰਿਫਤਾਰ ਹੋਏ ਸਾਰੇ ਕਾਰਜਕਰਤਾਵਾਂ ਦੀ ਤੁਰੰਤ ਤੇ ਬੇਸ਼ਰਤ ਰਿਹਾਈ ਦੀ ਮੰਗ ਕੀਤੀ ਹੈ। ਅਸੀਂ ਇਹ ਮੰਗ ਵੀ ਕਰਦੇ ਹਾਂ ਕਿ ਅੱਗੇ ਤੋਂ ਇਸ ਕਿਸਮ ਦੀ ਰਾਹਤ ਸਮੱਗਰੀ ਲਿਆਉਣ ਵਾਲਿਆਂ ਨੂੰ ਰੋਕਿਆ ਨਾ ਜਾਏ।

ਉਨ੍ਹਾਂ ਕਿਹਾ ਕਿ ਅਸੀਂ ਫਲਸਤੀਨੀ ਲੋਕਾਂ ਦੀ ਆਪਣੇ ਅਧਿਕਾਰਾਂ ਲਈ ਚੱਲ ਰਹੀ ਬਹਾਦਰੀ ਭਰੀ ਲੜਾਈ ਨਾਲ ਆਪਣੀ ਪੂਰੀ ਇੱਕਜੁਟਤਾ ਨੂੰ ਦੁਹਰਾਉਂਦੇ ਹਾਂ। ਅਸੀਂ ਭਾਰਤ ਤੇ ਸੰਸਾਰ ਭਰ ਦੀਆਂ ਅਮਨ ਪਸੰਦ ਤਾਕਤਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਰੋਸ ਪ੍ਰਦਰਸ਼ਨ ਤੇਜ਼ ਕਰਨ ਤੇ ਇਜ਼ਰਾਈਲ ਦੇ ਯੁੱਧ ਅਪਰਾਧਾਂ ਲਈ ਜ਼ਿੰਮੇਵਾਰੀ ਨਿਭਾਉਣ ਦੀ ਮੰਗ ਉਠਾਉਣ।

# ਪ੍ਰਾਇਮਰੀ ਸਕੂਲ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ

**ਜਗਰਾਉਂ (ਨਛੱਤਰ ਸੰਧੂ)**-ਸਰਕਾਰੀ ਪ੍ਰਾਇਮਰੀ ਸਕੂਲ ਸਿੱਧਵਾਂ ਖੁਰਦ ਦੀ ਨਵੀਂ ਬਣਾਈ ਜਾ ਰਹੀ ਇਮਾਰਤ ਦਾ ਨੀਂਹ ਪੱਥਰ ਸਮੁੱਚੀ ਪੰਚਾਇਤ, ਐੱਨ ਆਰ ਆਈ ਵੀਰਾਂ, ਸਮਾਜਸੇਵੀ ਸੰਸਥਾਵਾਂ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਸਾਂਝੇ ਤੌਰ 'ਤੇ ਰੱਖਿਆ ਗਿਆ।ਇਸ ਮੌਕੇ ਪਿੰਡ ਦੇ ਸਰਪੰਚ ਮਨਿੰਦਰ ਸਿੰਘ ਨੋਨੀ ਨੇ ਕਿਹਾ ਕਿ ਸਕੂਲ ਬਹੁਤ ਸਾਲ ਪਹਿਲਾਂ ਦਾ ਬਣਾਇਆ ਹੋਇਆ ਸੀ ਤੇ ਸਕੂਲ ਦੀ ਇਮਾਰਤ ਦੀ ਖ਼ਸਤਾ ਹਾਲਤ ਹੋ ਗਈ ਸੀ, ਜੋ ਬੱਚਿਆਂ ਲਈ ਬਹੁਤ ਹੀ ਖਤਰਨਾਕ ਸੀ ਅਤੇ ਕਿਸੇ ਵੇਲੇ ਵੀ ਕੋਈ ਘਟਨਾ ਵਾਪਰ ਸਕਦੀ ਸੀ।ਇਸ ਲਈ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਪਿੰਡ ਦੀ ਪੰਚਾਇਤ ਤੇ ਸਕੂਲ ਸਟਾਫ ਨੇ ਸਮੁੱਚੇ ਨਗਰ ਤੇ ਐੱਨ ਆਰ ਆਈ ਵੀਰਾਂ ਨਾਲ ਮੀਟਿੰਗ ਕਰਕੇ ਸਕੂਲ ਦੀ ਇਮਾਰਤ ਨੂੰ ਢਾਹ ਕੇ ਨਵਾਂ ਬਣਾਉਣ ਦਾ ਮਤਾ ਪਾਇਆ, ਜਿਸ ਤਹਿਤ ਅੱਜ ਗੁਰੂ ਸਾਹਿਬਾਨਾਂ ਦੀ ਓਟ ਲੈ ਕੇ ਸਕੂਲ ਦੀ ਇਮਾਰਤ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ।ਸਰਪੰਚ ਨੇ ਪਿੰਡ ਵਾਸੀਆਂ ਤੇ ਐੱਨ ਆਰ ਆਈ ਵੀਰਾਂ ਨੂੰ ਸਮੁੱਚੀ ਪੰਚਾਇਤ ਤੇ ਸਕੂਲ ਸਟਾਫ ਵੱਲੋਂ ਅਪੀਲ ਕੀਤੀ ਉਹ ਸਕੂਲ ਦੀ ਨਵੀਂ ਬਣਾਈ ਜਾ ਰਹੀ ਇਮਾਰਤ ਵਿੱਚ ਆਪਣਾ ਯੋਗਦਾਨ ਪਾਉਣ।

# ਪੰਜਾਬ 'ਚ ਹਾਲਾਤ ਸੁਧਾਰਨ ਲਈ ਭਾਜਪਾ ਦੀ ਜਿੱਤ ਜ਼ਰੂਰੀ : ਚੁੱਘ/ਸਿਰਸਾ

**ਲੁਧਿਆਣਾ (ਜਸਦੀਪ ਵਰਤੀਆ)**



ਪੱਛਮੀ ਉੱਪ-ਚੋਣ ਲਈ ਭਾਜਪਾ ਦੇ ਉਮੀਦਵਾਰ ਜੀਵਨ ਗੁਪਤਾ ਦੇ ਚੋਣ ਪ੍ਰਚਾਰ ਨੂੰ ਭਾਰੀ ਸਮਰਥਨ ਮਿਲ ਰਿਹਾ ਹੈ।ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਤੇ ਦਿੱਲੀ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਰਿਸ਼ੀ ਨਗਰ ਵਿੱਚ ਲੋਕਾਂ ਨਾਲ ਮੁਲਾਕਾਤ ਕੀਤੀ, ਜਿੱਥੇ ਉਨ੍ਹਾਂ ਨੂੰ ਲੋਕਾਂ ਵੱਲੋਂ ਚੰਗਾ ਹੁੰਗਾਰਾ ਮਿਲਿਆ।ਜਨਤਾ ਨੂੰ ਸੰਬੋਧਨ ਕਰਦਿਆਂ ਚੁੱਘ ਨੇ ਕਿਹਾ ਕਿ ਲੋਕਾਂ ਨੂੰ ਇਸ ਉਪ-ਚੋਣ ਨੂੰ ਸਿਰਫ਼ ਇੱਕ ਰਸਮੀ ਕਾਰਵਾਈ ਨਹੀਂ ਸਮਝਣਾ ਚਾਹੀਦਾ, ਕਿਉਂਕਿ ਇਹ ਉਨ੍ਹਾਂ ਨੂੰ 2027 ਵਿੱਚ ਰਾਜ ਵਿੱਚ ਹੋਣ ਵਾਲੀਆਂ ਅਗਾਮੀ ਵਿਧਾਨ ਸਭਾ ਚੋਣਾਂ ਦੀ ਨੀਂਹ ਰੱਖਣ ਵਿੱਚ ਮਦਦ ਕਰੇਗਾ।

ਤਰੁਣ ਚੁੱਘ ਨੇ ਕਿਹਾ ਕਿ ਜੇ ਲੋਕ ਪੰਜਾਬ ਨੂੰ ਕਾਂਗਰਸ ਤੇ ਆਮ ਆਦਮੀ ਪਾਰਟੀ ਦੇ ਚੁੰਗਲ ਤੋਂ ਬਚਾਉਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਭਾਜਪਾ ਨੂੰ ਚੁਣਨਾ ਪਵੇਗਾ।ਪੰਜਾਬ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਨੂੰ ਖ਼ਤਮ ਕਰਨ ਲਈ ਭਾਜਪਾ ਹੀ ਇੱਕੋ ਇੱਕ ਹੱਲ ਹੈ, ਚਾਹੇ ਉਹ ਨਸ਼ਾ ਹੋਵੇ, ਅਪਰਾਧ ਹੋਵੇ ਜਾਂ ਵਿਕਾਸ ਕਾਰਜ ਹੋਣ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ, ਜਦੋਂ ਲੋਕਾਂ ਨੂੰ ਬਦਲਾਅ ਬਾਰੇ ਸੋਚਣਾ ਚਾਹੀਦਾ ਹੈ, ਕਿਉਂਕਿ ਉਨ੍ਹਾਂ ਦਾ ਪਿਛਲਾ ਪ੍ਰਯੋਗ ਬੁਰੀ ਤਰ੍ਹਾਂ ਅਸਫ਼ਲ ਰਿਹਾ ਹੈ।

ਸੀਨੀਅਰ ਨੇਤਾ ਨੇ ਸੱਤਾਧਾਰੀ ਪਾਰਟੀ 'ਤੇ ਹਮਲਾ ਕਰਦਿਆਂ ਕਿਹਾ ਕਿ ਉਸ ਨੇ ਆਪਣੇ ਇਸ਼ਤਿਹਾਰਬਾਜ਼ੀ ਤੋਂ ਇਲਾਵਾ ਜਨਤਾ ਦੀ ਭਲਾਈ ਲਈ ਕੁਝ ਨਹੀਂ ਕੀਤਾ ਤੇ ਉਨ੍ਹਾਂ ਆਪਣੇ ਇਸ਼ਤਿਹਾਰਾਂ 'ਤੇ ਜਨਤਕ ਪੈਸਾ ਬਰਬਾਦ ਕੀਤਾ ਹੈ।ਇਸ ਦੌਰਾਨ, ਦਿੱਲੀ ਕੈਬਨਿਟ ਵਿੱਚ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) 'ਤੇ ਹਮਲਾ ਕਰਦਿਆਂ ਕਿਹਾ ਕਿ ਦਿੱਲੀ ਦੇ ਲੋਕਾਂ ਨੇ 'ਆਪ' ਨੂੰ ਵੋਟ ਦਿੱਤੀ ਤੇ ਹੁਣ ਉਹ ਪੰਜਾਬ ਵਿੱਚ ਇਸ ਰਾਜ ਦੇ ਸਾਰੇ ਸਰੋਤਾਂ ਨੂੰ ਲੁੱਟਣ ਲਈ ਬੈਠੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਸੱਤਾਧਾਰੀ ਪਾਰਟੀ ਨੂੰ ਕਰਾਰਾ ਜਵਾਬ ਦੇਣਾ ਚਾਹੀਦਾ ਹੈ ਤੇ ਉਨ੍ਹਾਂ ਨੂੰ ਇੱਥੋਂ ਵੀ ਭੇਜਣਾ ਚਾਹੀਦਾ ਹੈ, ਕਿਉਂਕਿ ਤਾਂ ਹੀ ਉਹ ਆਪਣੇ ਰਾਜ ਨੂੰ ਬਚਾ ਸਕਦੇ ਹਨ।ਇਸ ਮੌਕੇ ਭਾਜਪਾ ਦੇ ਬੁਲਾਰੇ ਗੁਰਦੀਪ ਸਿੰਘ ਗੋਸ਼ਾ ਨੇ ਆਏ ਪਤਵੰਤੇ ਸੱਜਣਾਂ ਧੰਨਵਾਦ ਕੀਤਾ।ਮੀਟਿੰਗ ਵਿੱਚ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਪ੍ਰਦੇਸ਼ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ, ਬਿਕਰਮ ਸਿੰਘ ਸਿੱਧੂ, ਸਾਬਕਾ ਕੌਂਸਲਰ ਰਾਸ਼ੀ ਅਗਰਵਾਲ, ਗੁਰਦੀਪ ਸਿੰਘ ਗੋਸ਼ਾ, ਕੌਂਸਲਰ ਸੁਨੀਲ ਮੋਦਗਿੱਲ, ਗੁਰਜੀਤ ਸਿੰਘ ਗੋਰਾ, ਸਾਬਕਾ ਕੌਂਸਲਰ ਗੁਰਦੀਪ ਸਿੰਘ ਨੀਟੂ ਤੇ ਪਰਮਿੰਦਰ ਮਹਿਤਾ, ਜਸਬੀਰ ਸਿੰਘ, ਬਲਵਿੰਦਰ ਸੈਣੀ, ਸਤਨਾਮ ਸੇਠੀ, ਸੇਵਾ ਸਿੰਘ ਤੇ ਹੋਰ ਸੀਨੀਅਰ ਭਾਜਪਾ ਨੇਤਾ ਮੌਜੂਦ ਸਨ।

# ਗੁਰਪਿਆਰ ਸਿੰਘ ਧੂਰਾ ਹਲਕਾ ਸੁਨਾਮ ਦੇ ਕੋਆਡੀਨੇਟਰ ਨਿਯੁਕਤ

**ਧੂਰੀ, (ਮੋਹਿਤ ਗਰਗ, ਬਿੰਨੀ ਗਰਗ)**-



ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਪੰਜਾਬ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਕੋਆਡੀਨੇਟਰਾਂ ਦੀਆਂ ਕੀਤੀਆਂ ਨਿਯੁਕਤੀਆਂ ਵਿੱਚ ਸਥਾਨਕ ਟਕਸਾਲੀ ਆਗੂ, ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਪੰਜਾਬ ਕਾਂਗਰਸ ਦੇ ਮੈਂਬਰ ਗੁਰਪਿਆਰ ਸਿੰਘ ਧੂਰਾ ਨੂੰ ਹਲਕਾ ਸੁਨਾਮ ਦਾ ਕੋਆਡੀਨੇਟਰ ਨਿਯੁਕਤ ਕੀਤਾ ਹੈ। ਉਨ੍ਹਾਂ ਆਪਣੀ ਨਿਯੁਕਤੀ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜਨਰਲ ਸਕੱਤਰ ਇੰਚਾਰਜ ਸੰਗਠਨ ਕੈਪਟਨ ਸੰਦੀਪ ਸੰਧੂ, ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ ਅਤੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਸਾਰੇ ਕਾਂਗਰਸੀ ਵਰਕਰਾਂ ਨੂੰ ਨਾਲ ਲੈ ਕੇ ਚੱਲਣਗੇ ਤੇ ਪਾਰਟੀ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਨੇ ਹੁਣੇ ਤੋਂ ਹੀ 2027 ਵਿੱਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ ਤੇ ਕੇਂਦਰ ਦੀ ਭਾਜਪਾ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਅੱਕੇ ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਤਿਆਰ ਬਰ ਤਿਆਰ ਬੈਠੇ ਹਨ।

# ਡੋਪ ਟੈਸਟ ਪਾਜ਼ੇਟਿਵ ਆਉਣ 'ਤੇ ਨੌਜਵਾਨ ਖਿਲਾਫ ਕੀਤਾ ਮੁਕੱਦਮਾ ਦਰਜ

**ਅਸੀਂ ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਐ, ਹੁਣ ਨੌਜਵਾਨ ਦੀ ਮਦਦ ਕਰਾਂਗੇ : ਤਫਤੀਸ਼ੀ ਚੇਤ ਸਿੰਘ**

**ਬਠਿੰਡਾ (ਰਾਜੀਵ ਗੋਇਲ)**

ਨਸ਼ੇ ਦੇ ਖਾਲੀ ਲਿਫਾਫੇ ਨੂੰ ਲੈ ਕੇ ਮੁਕੱਦਮਾ ਦਰਜ ਕਰਕੇ ਸੋਸ਼ਲ ਮੀਡੀਆ ਤੇ ਅਖਬਾਰਾਂ ਦੀਆਂ ਸੁਰਖੀਆਂ ਬਟੋਰਨ ਵਾਲੀ ਬਠਿੰਡਾ ਪੁਲਸ ਮੁੜ ਚਰਚਾ ਵਿੱਚ ਹੈ, ਕਿਉਂਕਿ ਥਾਣਾ ਦਿਆਲਪੁਰਾ ਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਚੁੱਕ ਕੇ ਡੋਪ ਟੈਸਟ ਕਰਵਾਇਆ ਗਿਆ ਤੇ ਉਹ ਟੈਸਟ ਪੌਜ਼ਟਿਵ ਆਉਣ 'ਤੇ ਉਕਤ ਨੌਜਵਾਨ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਇਸ ਕੇਸ ਦੇ ਤਫਤੀਸ਼ੀ ਅਧਿਕਾਰੀ ਚੇਤ ਸਿੰਘ ਨੇ ਦੱਸਿਆ ਕਿ ਫੜੇ ਗਏ ਨੌਜਵਾਨ ਸੰਦੀਪ ਸਿੰਘ ਵਾਸੀ ਦਿਆਲਪੁਰਾ ਭਾਈ ਕਾ ਦਾ ਡੋਪ ਟੈਸਟ ਕਰਵਾਇਆ ਗਿਆ, ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਕਾਨੂੰਨ ਅਨੁਸਾਰ ਐੱਨ.ਡੀ.ਪੀ.ਐੱਸ. ਐਕਟ ਤਹਿਤ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅਸੀਂ ਤਾਂ ਜੀ, ਉਕਤ ਨੌਜਵਾਨ ਦੀ ਮੱਦਦ ਕਰ ਰਹੇ ਹਾਂ ਅਤੇ ਇਸ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਭਰਤੀ ਕਰਵਾ ਰਹੇ ਹਾਂ। ਹੁਣ ਸਵਾਲ ਇਹ ਉੱਠਦਾ ਹੈ ਕਿ ਜੇਕਰ ਪੁਲਸ ਵੱਲੋਂ ਉਕਤ ਪੀੜਤ ਨੌਜਵਾਨ ਦੀ ਮੱਦਦ ਹੀ ਕਰਨੀ ਸੀ ਤਾਂ ਫਿਰ ਮੁਕੱਦਮਾ ਕਿਉਂ ਦਰਜ ਕੀਤਾ ਗਿਆ ਜਾਂ ਫਿਰ ਆਮ ਲੋਕਾਂ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਚੱਲ ਰਹੀ ਚਰਚਾ ਅਨੁਸਾਰ ਸਿਰਫ ਕੋਟਾ ਪੂਰਾ ਕਰਨ ਲਈ ਹੀ ਇਸ ਨੌਜਵਾਨ ਦੀ ਬਲੀ ਦੇ ਦਿੱਤੀ ਗਈ ਹੈ। ਜੇਕਰ ਇਸੇ ਤਰ੍ਹਾਂ ਪੁਲਸ ਮੁਲਾਜ਼ਮਾਂ ਦੇ ਡੋਪ ਟੈਸਟ ਕਰਵਾਏ ਜਾਣ ਤਾਂ ਗੁਰੂ ਲੜ ਲੱਗ ਚੁੱਕੇ ਮੁਲਾਜ਼ਮਾਂ ਤੋਂ ਇਲਾਵਾ ਸ਼ਾਇਦ ਹੀ ਅਜਿਹਾ ਕੋਈ ਮੁਲਾਜ਼ਮ ਬਚਿਆ ਹੋਵੇ, ਜਿਸ ਦਾ ਡੋਪ ਟੈਸਟ ਪੌਜ਼ਟਿਵ ਨਾ ਆਵੇ।

ਉਧਰ ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਪੀ ਏ ਦਾ ਕਹਿਣਾ ਸੀ ਕਿ ਮੈਂ ਚੈੱਕ ਕਰਵਾ ਲੈਂਦਾ ਹਾਂ, ਕੀ ਗੱਲਬਾਤ ਹੈ?

### ਇਹ ਗੱਲ ਬਹੁਤ ਹੀ ਨਿੰਦਣਯੋਗ ਹੈ : ਹਰਿੰਦਰ ਮਹਿਰਾਜ



ਇਸ ਮਸਲੇ ਨੂੰ ਲੈ ਕੇ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਹਰਿੰਦਰ ਸਿੰਘ ਮਹਿਰਾਜ਼ ਨੇ ਬਠਿੰਡਾ ਪੁਲਸ ਦੇ ਇਸ ਕੰਮ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਸੂਬਾ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਲੈ ਕੇ ਲੋਕਾਂ ਵਿੱਚ ਵਾਹ-ਵਾਹ ਖੱਟਣ ਦੇ ਮਕਸਦ ਨਾਲ ਸਰਕਾਰ ਵੱਲੋਂ ਅਜਿਹੇ ਨੌਜਵਾਨਾਂ ਦੀ ਬਲੀ ਦਿੱਤੀ ਜਾ ਰਹੀ ਹੈ ਅਤੇ ਆਏ ਦਿਨ ਪੁਲਸ ਵੱਲੋਂ ਨਸ਼ਾ ਛੁਡਾਊ ਕੇਂਦਰਾਂ 'ਚ ਧੱਕੇ ਨਾਲ ਭਰਤੀ ਕਰਵਾਏ ਜਾ ਰਹੇ ਨੌਜਵਾਨ ਫਰਾਰ ਹੋ ਰਹੇ ਹਨ। ਉਨ੍ਹਾਂ ਸਰਕਾਰ ਨੂੰ ਨਸੀਹਤ ਦਿੱਤੀ ਕਿ ਸਰਕਾਰ ਜੀ! ਇਸ ਤਰ੍ਹਾਂ ਨੌਜਵਾਨਾਂ ਖਿਲਾਫ ਪੁਲਸ ਮੁਕੱਦਮੇ ਦਰਜ ਕਰਨ ਦੀ ਥਾਂ ਉਨ੍ਹਾਂ ਦੀ ਕਾਊਂਸਲਿੰਗ ਕਰਕੇ ਉਨ੍ਹਾਂ ਨੂੰ ਸੈਂਟਰਾਂ 'ਚ ਭਰਤੀ ਕਰਵਾਉ ਨਾ ਕਿ ਜ਼ੋਰ ਜ਼ਬਰਦਸਤੀ ਕਰੋ।

# ਜੀ ਐੱਸ ਟੀ ਵਿਭਾਗ ਵੱਲੋਂ ਵਪਾਰੀਆਂ ਦੀ ਰਜਿਸਟ੍ਰੇਸ਼ਨ ਸੰਬੰਧੀ ਮੀਟਿੰਗ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਜੀ ਐੱਸ ਟੀ ਵਿਭਾਗ ਵੱਲੋਂ ਬੀਤੇ ਦਿਨ ਸਥਾਨਕ ਮੰਡੀ ਵਾਲੀ ਧਰਮਸ਼ਾਲਾ ਵਿੱਚ ਵਪਾਰੀ ਜਥੇਬੰਦੀਆਂ ਨਾਲ ਇੱਕ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦਾ ਮਕਸਦ ਵਪਾਰੀਆਂ ਨੂੰ ਜੀ ਐੱਸ ਟੀ ਰਜਿਸਟ੍ਰੇਸ਼ਨ ਕਰਨ ਲਈ ਪ੍ਰੇਰਿਤ ਕਰਨਾ ਸੀ, ਜਿਨ੍ਹਾਂ ਨੂੰ ਵਿਕਰੀ ਅਨੁਸਾਰ ਜੀ ਐੱਸ ਟੀ ਨੰਬਰ ਲੈਣਾ ਲਾਜ਼ਮੀ ਹੈ, ਪਰ ਉਹ ਬਿਨਾਂ ਨੰਬਰ ਦੇ ਵਪਾਰ ਕਰ ਰਹੇ ਹਨ।ਇਸ ਮੀਟਿੰਗ ਵਿੱਚ ਜੀ ਐੱਸ ਟੀ ਵਿਭਾਗ ਦੇ ਈ ਟੀ ਓ ਗੁਰਵਿੰਦਰਜੀਤ ਸਿੰਘ ਤੇ ਤਰਸੇਮ ਸਿੰਘ ਨੇ ਭਾਗ ਲਿਆ।ਵਪਾਰ ਮੰਡਲ ਕਮੇਟੀ ਦੇ ਭਗਵਾਨ ਦਾਸ ਆਹੂਜਾ, ਅਸ਼ੋਕ ਜੈਨ, ਸੰਦੀਪ ਗਰਗ ਸੀਪਾ, ਸੱਤਪਾਲ ਸਿੰਗਲਾ ਤੋਂ ਇਲਾਵਾ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਮੁਕੇਸ਼ ਗਰਗ ਸ਼ੰਮੀ ਬੁੱਟਰ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਵਨੀਤ ਜਿੰਦਲ ਮੌਂਟੀ, ਡਿਸਟ੍ਰਿਬਿਊਟਰ ਐਸੋਸੀਏਸ਼ਨ ਦੇ ਪ੍ਰਧਾਨ ਰਾਜੇਸ਼ ਬਾਂਸਲ ਤੋਂ ਇਲਾਵਾ ਵੱਖ ਵੱਖ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਹੋਏ।ਈ.ਟੀ.ਓ. ਗੁਰਵਿੰਦਰਜੀਤ ਸਿੰਘ ਤੇ ਤਰਸੇਮ ਸਿੰਘ ਨੇ ਵਪਾਰੀ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਰੇ ਵਪਾਰੀਆਂ ਨੂੰ ਕਾਨੂੰਨ ਅਨੁਸਾਰ ਜੀ.ਐੱਸ.ਟੀ. ਨੰਬਰ ਲੈਣਾ ਚਾਹੀਦਾ ਹੈ।ਉਨ੍ਹਾਂ ਸੰਸਥਾਵਾਂ ਦੇ ਅਹੁਦੇਦਾਰਾਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਮੈਂਬਰਾਂ ਨੂੰ ਇਸ ਗੱਲ ਲਈ ਪ੍ਰੇਰਿਤ ਕਰਨ ਕਿ ਉਹ ਵਿਭਾਗ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਤੇ ਸਰਕਾਰ ਨੂੰ ਇਮਾਨਦਾਰੀ ਨਾਲ ਟੈਕਸ ਅਦਾ ਕਰਨ।ਇਸ ਮੌਕੇ ਵਪਾਰੀ ਜਥੇਬੰਦੀਆਂ ਦੇ ਅਹੁਦੇਦਾਰਾਂ ਨੇ ਅਧਿਕਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਵਪਾਰੀਆਂ ਨੂੰ ਕਾਨੂੰਨ ਅਨੁਸਾਰ ਨੰਬਰ ਲੈਣ ਲਈ ਪ੍ਰੇਰਿਤ ਕਰਨਗੇ।ਉਨ੍ਹਾਂ ਕਿਹਾ ਕਿ ਜੀ ਐੱਸ ਟੀ ਕਾਨੂੰਨ ਅਨੁਸਾਰ ਜਿਨ੍ਹਾਂ ਦੀ ਸਾਲਾਨਾ ਟਰਨਓਵਰ 40 ਲੱਖ ਤੋਂ ਵੱਧ ਹੈ, ਉਨ੍ਹਾਂ ਨੂੰ ਜੀ ਐੱਸ ਟੀ ਨੰਬਰ ਲੈਣਾ ਚਾਹੀਦਾ ਹੈ।ਜਿਨ੍ਹਾਂ ਦੀ ਟਰਨਓਵਰ 20 ਲੱਖ ਤੱਕ ਹੈ, ਉਹ ਕੰਪੋਜ਼ੀਸ਼ਨ ਸਕੀਮ ਅਧੀਨ ਨੰਬਰ ਲੈ ਸਕਦੇ ਹਨ।ਇਸ ਸਕੀਮ ਵਿੱਚ ਵਪਾਰੀ ਨੂੰ ਆਪਣੀ ਵਿਕਰੀ ਉਪਰ 1 ਫੀਸਦੀ ਟੈਕਸ ਦੇਣਾ ਪੈਂਦਾ ਹੈ।ਇਸ ਮੌਕੇ ਕਰਿਆਨਾ ਐਸੋਸੀਏਸ਼ਨ ਦੇ ਸਰਪ੍ਰਸਤ ਵਰਿੰਦਰ ਗਰਗ, ਉੱਪ-ਪ੍ਰਧਾਨ ਅਵਿਨਾਸ਼ ਗਰਗ ਆਸ਼ੂ ਤੋਂ ਇਲਾਵਾ ਪੁਨੀਤ ਕਟਾਰੀਆ ਪੁੰਨੂ, ਨਾਨਕ ਕਟਾਰੀਆ, ਅਸ਼ੋਕ ਕੁਮਾਰ ਗਰਗ, ਮਹਿੰਦਰਪਾਲ ਗਰਗ, ਬਲਵੰਤ ਰਾਏ ਛਾਬੜਾ, ਗੌਰਵ ਬਾਂਸਲ ਤੇ ਸੋਮਪਾਲ ਆਹੂਜਾ ਆਦਿ ਹਾਜ਼ਰ ਸਨ।

# ਡੇਅਰੀ ਮਾਲਕਾਂ ਦੀਆਂ ਮੰਗਾਂ ਨੂੰ ਪਿਆ ਬੂਰ, ਜਲਦ ਹੋਣਗੇ ਸ਼ਹਿਰ ਤੋਂ ਬਾਹਰ ਸ਼ਿਫਟ

**ਸ਼ਹਿਰ ਦੀ ਨੁਹਾਰ ਬਦਲਣ 'ਚ ਹਰ ਪਟਿਆਲਵੀ ਦੇਵੇ ਸਾਥ : ਮੇਅਰ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੀਤੇ ਦਿਨੀਂ ਡੇਅਰੀ ਸ਼ਿਫਟਿੰਗ ਦੇ ਮਾਮਲੇ 'ਤੇ ਬੂਰ ਪੈਂਦਾ ਨਜ਼ਰ ਆਇਆ। ਮੇਅਰ ਕੁੰਦਨ ਗੋਗੀਆ ਤੇ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਦੀ ਪ੍ਰਧਾਨਗੀ ਵਿੱਚ ਡੇਅਰੀ ਮਾਲਕਾਂ ਦੀ ਮੀਟਿੰਗ ਬੜੇ ਹੀ ਖੁਸ਼ਨੁਮਾ ਮਾਹੌਲ ਵਿੱਚ ਹੋਈ। ਦੱਸਣਯੋਗ ਹੈ ਕਿ ਡੇਅਰੀ ਮਾਲਕਾਂ ਦੀਆਂ ਸਾਰੀਆਂ ਮੰਗਾਂ ਨਗਰ ਨਿਗਮ ਵੱਲੋਂ ਮੰਨ ਲਈਆਂ ਗਈਆਂ ਹਨ, ਜਿਸ ਤਹਿਤ ਆਉਂਦੇ ਦੋ ਜਾਂ ਤਿੰਨ ਮਹੀਨਿਆਂ ਵਿੱਚ ਸੰਪੂਰਨ ਤੌਰ 'ਤੇ ਸ਼ਹਿਰ ਦੀਆਂ ਸਾਰੀਆਂ ਡੇਅਰੀਆਂ ਅਬਲੋਵਾਲ ਵਿਖੇ ਬਣੇ ਪ੍ਰੋਜੈਕਟ ਵਿੱਚ ਸ਼ਿਫਟ ਹੋ ਜਾਣਗੀਆਂ। ਇਸ ਦੇ ਨਾਲ ਹੀ ਸਾਰੇ ਡੇਅਰੀ ਮਾਲਕ ਨਗਰ ਨਿਗਮ ਨਾਲ ਐਗਰੀਮੈਂਟ ਕਰਨ ਲਈ ਤਿਆਰ ਹੋ ਗਏ ਹਨ। ਡੇਅਰੀ ਮਾਲਕਾਂ ਵੱਲੋਂ ਬਣਾਈ ਗਈ ਯੂਨੀਅਨ ਨੇ ਵੀ ਮੇਅਰ ਨੂੰ ਵਿਸ਼ਵਾਸ ਦਿਵਾਇਆ ਕਿ ਦੋ-ਚਾਰ ਦਿਨਾਂ ਵਿੱਚ ਹੀ ਸਾਰੇ ਐਗਰੀਮੈਂਟ ਸਾਈਨ ਕਰ ਕੇ ਨਗਰ ਨਿਗਮ ਨੂੰ ਜਮ੍ਹਾਂ ਕਰਵਾ ਦਿੱਤੇ ਜਾਣਗੇ।

ਮੇਅਰ ਕੁੰਦਨ ਗੋਗੀਆ ਨੇ ਮੀਟਿੰਗ ਉਪਰੰਤ ਕਿਹਾ ਕਿ ਪਿੰਡ ਅਬਲੋਵਾਲ ਵਿਖੇ 21.26 ਏਕੜ ਜ਼ਮੀਨ 'ਤੇ ਤਿਆਰ ਕੀਤਾ ਡੇਅਰੀ ਪ੍ਰੋਜੈਕਟ ਡੇਅਰੀ ਮਾਲਕਾਂ ਲਈ ਵਰਦਾਨ ਸਾਬਿਤ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਵਿੱਚ ਨਿਗਮ ਵੱਲੋਂ ਤਕਰੀਬਨ 27 ਕਰੋੜ ਰੁਪਏ ਖਰਚ ਕੀਤਾ ਗਿਆ ਹੈ। ਇਸ ਨਾਲ ਜਿੱਥੇ ਡੇਅਰੀ ਮਾਲਕਾਂ ਨੂੰ ਫਾਇਦਾ ਹੋਵੇਗਾ, ਉੱਥੇ ਹੀ ਸ਼ਹਿਰ ਵਾਸੀਆਂ ਨੂੰ ਵੀ ਗੋਹੇ ਕਾਰਨ ਆਉਣ ਵਾਲੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾ ਕਿਹਾ ਕਿ ਨਿਗਮ ਨੂੰ ਰੋਜ਼ਾਨਾ ਸੀਵਰੇਜ ਲਾਈਨਾਂ ਦੇ ਬਲਾਕ ਹੋਣ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਸਨ, ਜਿਸ ਕਾਰਨ ਬੀਤੇ ਸਮੇਂ ਵਿੱਚ ਸੁਪਰ ਸਕਰ ਮਸ਼ੀਨਾਂ ਦੀ ਵਰਤੋਂ ਕਰਕੇ 20 ਕਿਲੋਮੀਟਰ ਲੰਬੀਆਂ ਸੀਵਰੇਜ ਲਾਈਨਾਂ ਨੂੰ ਸਾਫ਼ ਕਰਨ ਲਈ ਜਨਤਕ ਫੰਡਾਂ ਵਿੱਚੋਂ ਪੈਸਾ ਖਰਚ ਕੀਤਾ ਜਾ ਰਿਹਾ ਸੀ।

ਮੇਅਰ ਕੁੰਦਨ ਨੇ ਖਾਸ ਤੌਰ 'ਤੇ ਐਫਲੀਏਂਟ ਟਰੀਟਮੈਂਟ ਪਲਾਂਟ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਇਸ ਪਲਾਂਟ ਨਾਲ ਗੋਹੇ ਕਾਰਨ ਸੀਵਰੇਜ ਬੰਦ ਨਹੀਂ ਹੋਣਗੇ। ਇਸ ਤੋਂ ਇਲਾਵਾ ਡੇਅਰੀ ਮਾਲਕਾਂ ਲਈ ਪਾਣੀ ਦਾ ਉਚਿਤ ਪ੍ਰਬੰਧ, ਲਾਈਟ, ਮਿਲਕ ਕਲੈਕਸ਼ਨ ਸੈਂਟਰ ਤੇ ਹੋਰ ਅਜਿਹੀ ਸੁਵਿਧਾ, ਜਿਸ ਨਾਲ ਡੇਅਰੀ ਮਾਲਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਝੱਲਣੀ ਪਵੇਗੀ। ਉਨ੍ਹਾਂ ਕਿਹਾ ਕਿ ਡੇਅਰੀ ਮਾਲਕਾਂ ਦੀ ਲੋਨ ਸੰਬੰਧੀ ਵੱਡੀ ਮੰਗ ਨੂੰ ਮੁੱਖ ਰੱਖਦਿਆਂ ਡੇਅਰੀ ਮਾਲਕਾਂ ਤੇ ਬੈਂਕ ਦਾ ਆਪਸ ਵਿੱਚ ਤਾਲਮੇਲ ਕਰਵਾ ਦਿੱਤਾ ਗਿਆ ਹੈ, ਜਿਸ ਮਗਰੋਂ ਡੇਅਰੀ ਮਾਲਕਾਂ ਨੇ ਸੰਤੁਸ਼ਟੀ ਪ੍ਰਗਟਾਈ ਹੈ।

11- June - Page - 6.qxd 6/10/2025 9:08 PM Page 1



# ਰਾਹੁਲ ਬੇਰੀ ਨੇ ਮੋਗਾ ਤੇ ਖੱਤਰੀ ਬਿਰਾਦਰੀ ਦਾ ਨਾਂਅ ਚਮਕਾਇਆ : ਵਿਜੇ ਧੀਰ, ਡਾ. ਜੈਦਕਾ

## ਅਮਰੀਕਾ ਦੀ ਜਾਰਜੀਆ ਸਟੇਟ 'ਚ ਬਣਿਆ ਕਨੂੰਨ ਲਾਗੂ ਕਰਨ ਦਾ ਸਟੇਟ ਅਧਿਕਾਰੀ






ਮੋਗਾ, (ਇਕਬਾਲ ਸਿੰਘ ਖਹਿਰਾ)- ਅਖਿਲ ਭਾਰਤੀਯ ਖੱਤਰੀ ਮਹਾਂ ਸਭਾ ਦੇ ਤੱਤਕਾਲੀਨ ਰਾਸ਼ਟਰੀ ਪ੍ਰਧਾਨ ਸਵਰਗੀ ਜਤਿੰਦਰ ਮਹਿਰਾ ਦੀ ਰਾਸ਼ਟਰੀ ਕਾਰਜਕਾਰਨੀ ਵਿੱਚ ਬਤੌਰ ਰਾਸ਼ਟਰੀ ਸੰਗਠਨ ਦੇ ਅਹੁਦੇ 'ਤੇ ਬਿਰਾਜ਼ਮਾਨ ਰਹੇ ਮੋਗਾ ਤੋਂ ਸਵਰਗੀ ਰਮੇਸ਼ ਬੇਰੀ ਦੇ ਹੋਣਹਾਰ ਸਪੁੱਤਰ ਮੋਗਾ ਦੇ ਜੰਮਪਲ ਨੌਜਵਾਨ ਰਾਹੁਲ ਬੇਰੀ ਨੇ ਅਮਰੀਕਾ ਦੀ ਜਾਰਜੀਆ ਸਟੇਟ ਦੀ ਪੁਲਸ ਅਕੈਡਮੀ ਵਿੱਚ ਬਹੁਤ ਹੀ ਸਖਤ ਮਿਹਨਤ ਵਾਲੀ ਟ੍ਰੇਨਿੰਗ ਤੋਂ ਬਾਅਦ ਬੀਤੇ ਦਿਨੀਂ ਸਟੇਟ ਅਫਸਰ ਦੀ ਡਿਗਰੀ ਹਾਸਲ ਕੀਤੀ ਹੈ ਅਤੇ ਰਾਹੁਲ ਬੇਰੀ ਨੂੰ ਜਾਰਜੀਆ ਰਾਜ ਦਾ ਸਟੇਟ ਅਫਸਰ ਨਿਯੁਕਤ ਕੀਤਾ ਗਿਆ ਹੈ। ਇਹ ਜਾਣਕਾਰੀ ਇੱਥੇ ਖੱਤਰੀ ਭਵਨ ਵਿੱਚ ਸਭਾ ਦੇ ਅਹੁਦੇਦਾਰਾਂ ਨਾਲ ਸਾਂਝੀ ਕਰਦਿਆਂ ਖੱਤਰੀ ਮਹਾਂ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਤੇ ਖੱਤਰੀ ਸਭਾ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਨੇ ਦੱਸਿਆ ਕਿ ਮੋਗਾ ਦੇ ਇਸ ਹੋਣਹਾਰ ਸਪੁੱਤਰ ਰਾਹੁਲ ਬੇਰੀ ਨੂੰ ਬਤੌਰ ਪੁਲਸ ਸਟੇਟ ਅਫਸਰ ਇੰਨੇ ਵੱਡੇ ਅਧਿਕਾਰ ਪ੍ਰਾਪਤ ਹਨ ਕਿ ਅਮਰੀਕਾ ਦੀ ਇਸ ਜਾਰਜੀਆ ਸਟੇਟ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਾਲੇ ਕਿਸੇ ਵੀ ਵਿਅਕਤੀ ਨੂੰ ਉਹ ਬਤੌਰ ਪੁਲਸ ਸਟੇਟ ਅਧਿਕਾਰੀ ਗ੍ਰਿਫਤਾਰ ਕਰ ਸਕਦੇ ਹਨ। ਧੀਰ ਤੇ ਜੈਦਕਾ ਨੇ ਦੱਸਿਆ ਕਿ ਰਾਹੁਲ ਬੇਰੀ ਦੀ ਇਸ ਅਹਿਮ ਨਿਯੁਕਤੀ 'ਤੇ ਮੋਗਾ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਪਾਈ ਜਾ ਰਹੀ ਹੈ। ਧੀਰ ਤੇ ਜੈਦਕਾ ਨੇ ਕਿਹਾ ਕਿ ਰਾਹੁਲ ਬੇਰੀ ਨੇ ਮੋਗਾ ਪੰਜਾਬ ਤੇ ਖੱਤਰੀ ਬਿਰਾਦਰੀ ਦਾ ਨਾਮ ਵਿਦੇਸ਼ ਵਿੱਚ ਚਮਕਾਇਆ ਹੈ। ਇਸ ਮੌਕੇ ਖੱਤਰੀ ਸਭਾ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਨੇ ਦੱਸਿਆ ਕਿ ਮੋਗਾ ਦੇ ਹੋਣਹਾਰ ਸਪੁੱਤਰ ਰਾਹੁਲ ਬੇਰੀ ਦੇ ਪਿਤਾ ਸਵਰਗੀ ਰਮੇਸ ਬੇਰੀ ਖੱਤਰੀ ਸਭਾ ਮੋਗਾ ਦੇ ਪੈਟਰਨ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਖੱਤਰੀ ਮਹਾਂ ਸਭਾ ਪੰਜਾਬ ਦੇ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ, ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ, ਖੱਤਰੀ ਮੈਰਿਜ ਬਿਊਰੋ ਕਨਵੀਨਰ ਸੁਸ਼ੀਲ ਸਿਆਲ, ਵਿੱਤ ਸਕੱਤਰ ਸਰਬਜੀਤ ਮੈਂਗੀ, ਸਹਿਯੋਗੀ ਐਨ ਜੀ ਓ ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵੀ ਪੀ ਸੇਠੀ, ਬ੍ਰਾਹਮਣ ਸਭਾ ਪੰਜਾਬ ਦੀ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਸ਼ੋਕ ਕਾਲੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਅੰਗ ਦਾਨ ਕਰਨ ਲਈ ਉਤਸ਼ਾਹਤ ਕਰਨਾ ਵੁਆਇਸ ਆਫ ਮਾਨਸਾ ਦਾ ਉਪਰਾਲਾ ਸ਼ਲਾਘਾਯੋਗ : ਐਸ ਐਸ ਪੀ



ਮਾਨਸਾ (ਆਤਮਾ ਸਿੰਘ ਪਮਾਰ) ਵੁਆਇਸ ਆਫ਼ ਮਾਨਸਾ, ਆਈ ਐਮ ਏ ਮਾਨਸਾ ਤੇ ਈਕੋ ਵੀਲਰਜ਼ ਕਲੱਬ ਨਾਲ ਮਿਲ ਕੇ ਅੰਗਦਾਨ ਨੂੰ ਉਤਸ਼ਾਹਤ ਬੱਚਤ ਵਿਖੇ ਕਰਾਏ ਗਏ ਸੈਮੀਨਾਰ 'ਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਐਸ ਐਸ ਪੀ ਭਗੀਰਥ ਸਿੰਘ ਮੀਨਾ ਨੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿੱਚ ਅੱਖਾਂ ਤੇ ਹੋਰ ਅਹਿਮ ਅੰਗਾਂ ਦੇ ਦਾਨ ਕਰਨ ਨਾਲ ਬਹੁਤ ਸਾਰੀਆਂ ਹੋਰ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ ਹੈ, ਪ੍ਰੰਤੂ ਇਸ ਲਈ ਅੰਗਦਾਨ ਨੂੰ ਇਸ ਤਰ੍ਹਾਂ ਦੇ ਸੈਮੀਨਾਰ ਕਰਾ ਕੇ ਲੋਕ ਲਹਿਰ ਵਜੋਂ ਪ੍ਰਚਾਰਿਆ ਜਾਣਾ ਚਾਹੀਦਾ ਹੈ। ਇਸ ਸਮੇਂ ਉਨ੍ਹਾਂ ਵੱਲੋਂ ਅੰਗਦਾਨੀ ਵਜੋਂ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਦਾ ਐਲਾਨ ਵੀ ਕੀਤਾ। ਵੁਆਇਸ ਆਫ਼ ਮਾਨਸਾ ਦੇ ਪ੍ਰੋਜੈਕਟ ਮੈਨੇਜਰ ਡਾ. ਲਖਵਿੰਦਰ ਸਿੰਘ ਮੂਸਾ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਜਨ ਜਨ 'ਚ ਅੰਗਦਾਨ ਦੀ ਅਲਖ ਜਗਾਉਣ ਲਈ ਅੰਧ ਵਿਸ਼ਵਾਸ ਨੂੰ ਦੂਰ ਕਰਨ ਦੀ ਅਪੀਲ ਵੀ ਕੀਤੀ। ਸੰਸਥਾ ਤੇ ਆਈ ਐਮ ਏ ਮਾਨਸਾ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਨੇ ਮਾਨਸਾ ਜ਼ਿਲ੍ਹੇ ਵਿੱਚ ਅੱਖਾਂ, ਖੂਨ ਤੇ ਸਰੀਰ ਦਾਨ ਕਰਨ ਦੀ ਅਮੀਰ ਵਿਰਾਸਤ ਦਾ ਜ਼ਿਕਰ ਕਰਦਿਆਂ ਖੂਨਦਾਨੀਆਂ ਅਤੇ ਅੱਖਾਂ ਦਾਨ ਕਰਨ ਲਈ ਸਮਾਜਿਕ ਪੱਧਰ 'ਤੇ ਬਹੁਤ ਸਾਲਾਂ ਤੋਂ ਕਾਰਜਸ਼ੀਲ ਸਮਾਜਿਕ ਨੁਮਾਇੰਦਿਆਂ ਨੂੰ ਹੁਣ ਅੰਗਦਾਨ ਲਈ ਵੀ ਉਚੇਚਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਵੱਲੋਂ ਸੰਜੀਵ ਕੁਮਾਰ ਪਿੰਕਾ, ਬਲਜੀਤ ਸ਼ਰਮਾ ਤੇ ਕ੍ਰਿਸ਼ਨ ਸੇਠੀ ਵੱਲੋਂ ਨਿਭਾਈ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਵਰਗੇ ਹੋਰ ਵਲੰਟੀਅਰ ਮਾਨਸਾ 'ਚ ਪੈਦਾ ਹੋਣ ਨਾਲ ਇਹ ਮੁਹਿੰਮ ਲੋਕ ਲਹਿਰ ਦਾ ਰੂਪ ਧਾਰਨ ਕਰ ਸਕਦੀ ਹੈ। ਆਈ ਐਮ ਏ ਦੇ ਸਕੱਤਰ ਡਾ. ਸ਼ੇਰ ਜੰਗ ਸਿੱਧੂ ਨੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸੰਭਾਲਣ ਦੇ ਨਾਲ-ਨਾਲ ਸੈਮੀਨਾਰ ਦੇ ਮੁੱਖ ਬੁਲਾਰੇ ਡਾ. ਬਲਦੇਵ ਸਿੰਘ ਔਲਖ ਵੱਲੋਂ ਪੰਜਾਬ ਦੇ ਪਹਿਲੇ ਕਿਡਨੀ ਟਰਾਂਸਪਲਾਂਟ ਕੀਤੇ ਜਾਣ ਤੇ ਹੋਰ ਉਪਲਬਧੀਆਂ ਦਾ ਵੀ ਇਸ ਸਮੇਂ ਵਿਸ਼ੇਸ਼ ਜ਼ਿਕਰ ਕੀਤਾ। ਪਿਸ਼ਾਬ ਦੀਆਂ ਬਿਮਾਰੀਆਂ ਤੇ ਗੁਰਦੇ ਤਬਦੀਲ ਕਰਨ ਦੇ ਮਾਹਿਰ ਡਾ. ਬਲਦੇਵ ਸਿੰਘ ਔਲਖ ਨੇ ਵੱਡੀ ਗਿਣਤੀ ਵਿੱਚ ਸੈਮੀਨਾਰ 'ਚ ਹਾਜ਼ਰ ਹੋਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਪਿੰਡ ਅਕਲੀਆ ਦੇ ਸਰਪੰਚ ਅਤੇ ਮੌਜੀਆ ਤੋਂ ਪਹੁੰਚੇ ਵਲੰਟੀਅਰਾਂ ਦਾ ਸਵਾਗਤ ਕੀਤਾ ਅਤੇ ਆਪਣੀ ਗੱਲ ਕਹਿੰਦਿਆਂ ਕਿਹਾ ਕਿ 16 ਜ਼ਿਲ੍ਹਿਆਂ 'ਚ ਇਸ ਤਰ੍ਹਾਂ ਦੇ ਸੈਮੀਨਾਰ ਕੀਤੇ ਜਾ ਚੁੱਕੇ ਹਨ, ਪ੍ਰੰਤੂ ਮਾਨਸਾ ਦੇ ਲੋਕਾਂ ਦਾ ਉਤਸ਼ਾਹ ਦੇਖ ਕੇ ਉਨ੍ਹਾਂ ਮਹਿਸੂਸ ਕੀਤਾ ਕਿ ਇਸ ਇਲਾਕੇ ਵਿੱਚੋਂ ਵੱਡੀ ਗਿਣਤੀ ਅੰਗਦਾਨੀ ਭਵਿੱਖ ਵਿੱਚ ਅੱਗੇ ਆਉਣਗੇ। ਉਨ੍ਹਾਂ ਦਾਨ ਕੀਤੇ ਜਾਣ ਵਾਲੇ ਅੰਗਾਂ ਦੇ ਨਾਂਅ ਤੇ ਕਿੰਨੇ ਸਮੇਂ ਲਈ ਕੀਤੇ ਜਾ ਸਕਦੇ ਹਨ, ਬਾਰੇ ਮੈਡੀਕਲ ਅਤੇ ਕਾਨੂੰਨੀ ਮਸਲਿਆਂ ਦੀ ਜਾਣਕਾਰੀ ਵੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਅੰਗਦਾਨ ਕਾਰਡ ਹਮੇਸ਼ਾ ਆਪਣੇ ਕੋਲ ਰੱਖਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਵੱਲੋਂ ਸੋਸ਼ਲਿਸਟ ਪਾਰਟੀ ਦੇ ਹਰਿੰਦਰ ਸਿੰਘ ਮਾਨਸ਼ਾਹੀਆ, ਸੀਨੀਅਰ ਸਿਟੀਜ਼ਨ ਆਗੂ ਬਿੱਕਰ ਸਿੰਘ ਮਘਾਣੀਆਂ, ਪੁਲਸ ਪੈਨਸ਼ਨਰਜ਼ ਯੂਨੀਅਨ ਦੇ ਮੇਜਰ ਸਿੰਘ ਤੇ ਸੱਭਿਆਚਾਰਕ ਵਿਕਾਸ ਮੰਚ ਦੇ ਸਰਬਜੀਤ ਕੌਸ਼ਲ ਅਤੇ ਬਲਰਾਜ ਨੰਗਲ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।

## ਸ਼ੋਭਾ ਯਾਤਰਾ ਸੰਬੰਧੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣ : ਮੋਹਿੰਦਰ ਭਗਤ



ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ 14 ਜੂਨ ਨੂੰ ਸਤਿਗੁਰੂ ਗਿਆਨ ਗਿਰੀ ਮਹਾਰਾਜ ਦੇ ਸਮਾਗਮ ਦੇ ਸਬੰਧ ਵਿੱਚ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਸਬੰਧੀ ਅਧਿਕਾਰੀਆਂ ਨੂੰ ਸਮੇਂ ਸਿਰ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ। ਸਥਾਨਕ ਸਰਕਟ ਹਾਊਸ ਵਿਖੇ ਕੈਬਨਿਟ ਮੰਤਰੀ ਵੱਲੋਂ ਕੀਤੀ ਮੀਟਿੰਗ ਵਿੱਚ ਐਸ.ਡੀ.ਐਮ. ਸ਼ਾਇਰੀ ਮਲਹੋਤਰਾ, ਸਾਬਕਾ ਚੇਅਰਮੈਨ ਗਊ ਸੇਵਾ ਕਮਿਸ਼ਨ ਕੀਮਤੀ ਭਗਤ, ਸਤਿਗੁਰੂ ਗਿਆਨ ਗਿਰੀ ਮਹਾਰਾਜ ਮੁੱਖ ਮੰਦਿਰ ਭਾਰਗਵ ਨਗਰ ਦੇ ਪ੍ਰਧਾਨ ਸੁਖਜੀਤ ਸਿੰਘ ਸਮੇਤ ਅਹੁਦੇਦਾਰ, ਸਿਵਲ ਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਹਾਜ਼ਰ ਸਨ। [illegible] ਸਬੰਧਤ ਅਧਿਕਾਰੀਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ [illegible] ਹਦਾਇਤਾਂ ਦਿੱਤੀਆਂ। ਕੈਬਨਿਟ ਮੰਤਰੀ ਨੇ ਸਬੰਧਿਤ ਅਧਿਕਾਰੀਆਂ ਨੂੰ ਕਿਹਾ ਕਿ [illegible] ਯਕੀਨੀ ਬਣਾਈ ਜਾਵੇ, ਤਾਂ ਜੋ ਸ਼ੋਭਾ ਯਾਤਰਾ ਨੂੰ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। [illegible] ਜ਼ਿੰਮੇਵਾਰੀ ਪੂਰੀ ਤਨਦੇਹੀ ਅਤੇ ਆਪਸੀ ਤਾਲਮੇਲ ਨਾਲ ਨਿਭਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਇਲਾਵਾ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਅਹੁਦੇਦਾਰ ਵੀ ਮੌਜੂਦ ਸਨ।

## ਆਮ ਇਜਲਾਸ ਸੰਬੰਧੀ ਸੂਚਨਾ

**ਦੀ ਗੌਰਮਿੰਟ ਐਜੂ. ਇੰਪ: ਕੋਆ. RSET/C ਸਭਾ ਲਿਮ: ਭੀਖੀ (ਮਾਨਸਾ)**

ਸਮੂਹ ਸਭਾ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦਾ ਆਮ ਇਜਲਾਸ ਡਿਵੀਡੈਂਟ ਵੰਡਣ ਸੰਬੰਧੀ ਸਾਲ 2024-2025 ਮਿਤੀ 15.06.2025 ਸਵੇਰੇ ਸਮਾਂ 10.00 ਵਜੇ ਦਿਨ ਐਤਵਾਰ ਨੂੰ ਸਭਾ ਦੇ ਦਫ਼ਤਰ ਭੀਖੀ ਵਿਖੇ ਹੋਵੇਗਾ। ਹਾਜ਼ਰ ਹੋਣ ਦੀ ਖੇਚਲ ਕੀਤੀ ਜਾਵੇ। ਕੋਈ ਨਿੱਜੀ ਸੂਚਨਾ ਨਹੀਂ ਭੇਜੀ ਜਾਵੇਗੀ।

ਵੱਲੋਂ : ਪ੍ਰਬੰਧਕ ਕਮੇਟੀ ਸਭਾ ਭੀਖੀ (ਮਾਨਸਾ)

## ਉੱਤਰ ਰੇਲਵੇ

**ਭੰਡਾਰ ਦੀ ਸਪਲਾਈ ਲਈ ਨਿਵਿਦਾ ਮੰਗ**

**ਇਲੈਕਟ੍ਰੋਨਿਕ ਨਿਵਿਦਾ ਈ-ਪ੍ਰਣਾਲੀ ਦੇ ਤਹਿਤ**

ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਉਪ ਮੁੱਖ ਸਮਗਰੀ ਪ੍ਰਬੰਧਕ/ਉੱਤਰ ਰੇਲਵੇ [illegible] ਦੁਆਰਾ ਸੰਲਗਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰਬਰ | ਮਾਲ ਦਾ ਵੇਰਵਾ | ਮਾਤਰਾ | ਨਿਵਿਦਾ ਖੁਲਣ ਦੀ ਮਿਤੀ |
| --- | --- | --- | --- | --- |
| 01 | 62255128 | Cross Bar Assembly as per Drg. No. WD-17039-S-05, Alt.-1 or latest, Item No.-6. | 3840 Nos. | 03.07.25 |
| 02 | 62255130 | Modified Guard Chair (New Design) for BVCM Wagon. Drg. No. WD-15009-S-13 Item-25, Alt.-3 or latest & WD-24025-S-01 Sheet-1 & Sheet-2, Alt-Nil or latest. | 960 Nos. | 07.07.25 |

ਨਿਵਿਦਾ ਸ਼ਰਤਾਂ:- ireps ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹੈ। [illegible]

ਨਿਵਿਦਾ ਸੂਚਨਾ ਨੰ.:-02/2025-2026 ਮਿਤੀ 10.06.2025 1724/2025

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਨੋਟਿਸ

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਖਿਆਲਾ ਕਲਾਂ, ਖੇਡ ਵਿੰਗ ਨੈੱਟਬਾਲ (U-17, U-19) ਲਈ ਸੈਸ਼ਨ 2025-26 ਲਈ ਕੁੱਲ 24 ਖਿਡਾਰੀਆਂ ਲਈ ਡਾਈਟ ਮਨੀ 200 ਰੁਪਏ ਪ੍ਰਤੀ ਖਿਡਾਰੀ ਪ੍ਰਤੀ ਦਿਨ [illegible] ਮਿਤੀ 19.06.2025 ਨੂੰ ਸਵੇਰੇ 10 ਵਜੇ ਤੱਕ ਪਹੁੰਚ ਜਾਣ। (ਰਕਮ)

ਮੋਬਾਇਲ ਨੰ.: 95014-28500

## ਜਨਤਕ ਨੋਟਿਸ

ਮੈਂ ਲਖਵੀਰ ਕੌਰ ਪਤਨੀ ਗੁਰਵਿੰਦਰ ਸਿੰਘ, [illegible] ਵਸੀਕਾ ਨੰ: 2020-2021/109/1/739 ਐਂਟ [illegible] ਵਸੀਕਾ ਨੰ: 2020-2021/109/1/740 ਐਂਟ [illegible] 599254/2025 ਮਿਤੀ 03.06.2025 ਰਾਹੀਂ [illegible] 81468-26365 'ਤੇ ਸੰਪਰਕ ਕਰ ਸਕਦਾ ਹੈ।

## ਅਦਾਲਤੀ ਇਸ਼ਤਿਹਾਰ

[illegible] ਮਿਸਲ ਨੰ: 14/ਐਨ.ਟੀ/2025 [illegible] ਕੇਸ ਦੀ ਕਿਸਮ : (ਤਕਸੀਮ)

[illegible]

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ

ਨੰ: 87/10-6-25

## ਅਦਾਲਤੀ ਇਸ਼ਤਿਹਾਰ

[illegible] ਮਿਸਲ ਨੰ: 15/ਐਨ.ਟੀ/2025 [illegible] ਕੇਸ ਦੀ ਕਿਸਮ : (ਤਕਸੀਮ)

[illegible]

ਨੰਬਰ : 88/10-6-25 ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ

## ਪਬਲਿਕ ਨੋਟਿਸ/ਇਸ਼ਤਿਹਾਰ

[illegible]

1. Lakhbir Singh, 2. Amrik Singh Sons of Aroor Singh, 3. Mukhtiar Singh Son of Sadha Singh. All resident of Vill. Paniar, Tehsil Kalanaur, Distt. Gurdaspur. ......Applicants

Versus

1. Bhupinder Singh 2. Tajinder Singh Sons of Khajan Singh 3. Baisharan Kaur D/o Khajan Singh 4. Kulbir Kaur W/o Khajan Singh 5. Manjit Kaur W/o Mukhtar Singh 6. Gurmit Kaur W/o Manohar Singh 7. Gurmit Kaur W/o Ranjodh Singh 8. Gurmit Kaur W/o Nihal Singh 9. Manohar Singh 10. Ranjodh Singh S/o Sadhu Singh 11. Harjit Kaur W/o Lakhbir Singh 12. Gurpritam Singh S/o Gurwant Singh 13. Prabhsharan Singh S/o Nihal Singh Alias Naunihal Singh 14. Gurupkar Singh S/o Nihal Singh Alias Naunihal Singh, All are Resident of Village Paniar Tehsil Kalanaur Distt. Gurdaspur. ......Respondents

ਨੰ: 148 ਮਿਤੀ : 29.05.2025 ਸਹਾਇਕ ਕੁਲੈਕਟਰ ਦਰਜਾ ਪਹਿਲਾ ਕਲਾਨੌਰ।

# ਕਲਾਸੀਫਾਈਡ ਇਸ਼ਤਿਹਾਰ

## Change of Name

Karamjeet Kaur Toor W/O Amandeep Singh, R/O Ward No.05, Pakka Dosanjh Road, Moga (Pb), I Have Changed My Name To Karamjeet Kaur.

I, Prabhsewak Singh S/O Late Jarnail Singh R/O Vill, Chandidass PO: Jalota Teh Dasuya Distt Hoshiarpur Pb India have changed my name Prabhsewak Singh To Prabhsewak Singh Tihara.

I, Rangila S/O Ramnivas VPO Begowal Teh Bholath Distt Kapurthala PB India Have changed my name Rangila To Rangila Singh.

I, Seema Kaur W/o Raghvir Singh R/o # 4 New Rajan Nagar, PO Basti Guzan Jalandhar, changed my name from Seema to Seema Kaur. All concerned please note.

I, Saruchi W/O Micheal James R/O H. No. 2840, Gali No.2, Dashmesh Nagar, Jaura Phatak, Amritsar,Punjab have changed my name from Saruchi to Saruchi James.Concerned note.

kamalpreet Kaur D/o. TARSEM SINGH BRAR KAMMA PATTI VPO DAGRU MOGA have change my name from Kamalpreet Kaur to Kamalpreet Kaur Brar. please note.

I, Tejinder Pal Singh Kahlon S/o Surinderpal Singh Alias Sawinderpal Singh R/o Mohalla Rajputtan, Rahon, Teh. nawanshahr, Distt. SBS.Nagar, 144517, Punjab have Changed my name from Tejinder Pal Singh Kahlon to Tejinder pal Singh. Please note it.

I, Sukhwinder Kaur Kahlon w/o Tejinder Pal Singh R/o Mohalla Rajputtan Rahon, Teh. Nawanshahr, Distt.SBS Nagar, 144517, Punjab have changed my name from Sukhwinder Kaur Kahlon to Sukhwinder Kaur. Please note it.

I Sarbjit Kaur W/o Baldev Singh Bajwa R/o V.Jagral, Po.Jamsher, Distt.Jalandhar, Punjab have changed my name Spelling from Sarabjit Kaur to Sarbjit Kaur. All please note.

I hitherto known as RAJNEE KAUR W/O RANJIT SINGH R/O Mal Mazara Chagran, Hoshiarpur, Punjab- 146001 have changed my name and shall hereafter be known as RAJINDER KAUR.

I, Tanvir Singh having Aadhar Card No. 890952668777 S/o Amrik Singh R/o House No. 594, Street No. 10, New Model House, Jalandhar have changed my name from Tanvir to Tanvir Singh.

I, Rajwinder Singh S/o S. Hardeep Singh R/o H. No. 142 Village Khan Piara, P.O. Naushera Majja Singh, Tehsil Gurdaspur, Distt. Gurdaspur have changed my name from Rajwinder Singh to Rajwinderjeet Singh. (12087)

I, Sukhdev Lovely S/o Jaswant Singh R/o Fauji Colony, Model Town Urmar, Teh. Tanda (Hoshiarpur) Punjab have changed my name to Sukhdev Singh. All concerned please note.

I, Charanjeet Kaur W/o Ranwinder Singh R/o Village Heran, PO. Poonian, Jalandhar-144702, Punjab have changed my name from Charanjeet Kaur to Charanjit Kaur. All concerned please note.

I, Malkit Singh S/o Labh Singh R/o H.No. 462, Ward No. 11, VPO. Dhanowali, Tehsil Jalandhar, Distt. Jalandhar, Punjab have changed my name from Malkiat Singh to Malkit Singh. All concerned please note.

I, Arun Kumar S/o Joginder Pal Sondhi R/o H.No. 6/2, Ujala Nagar, Basti Sheikh, Jalandhar, Punjab-144002, India have changed my name from Arun Kumar to Arun Kumar Sondhi. All concerned please note.

I, Harjit Kaur W/o Navjot Singh R/o Leel Kalan, Gurdaspur have declare that Harjit is my Given name and Kaur is my Surname

I, Navjot Singh S/o Gian Singh R/o VPO Leel Kalan, Teh Batala, Gurdaspur have declare that Navjot is my Given name and Singh is my Surname.

I, Gurvail Singh S/o Joginder Singh R/o H.No. 3A, Khasa, PO Distrillery Khasa, Distt. Amritsar, Punjab have changed my name from Gurvail Singh to Gurvel Singh

I, Harbeen Anand W/o Amrinder Singh R/o House No.D-17/518, Sandhu Avenue, B-Block Chheharta, Amritsar have changed my name from Harbeen Anand to Harbeen Kaur

I, hitherto known as Nishan Singh Pannu son of Arjan Singh residing at H.No.13/656 Nikki Mandi, Patti, Tehsil Patti, Tarn Taran-143416 Punjab have changed my name and shall hereafter be known as Nishan Singh.

I, Rajeev Kumar S/o Bishambar Dass R/o H.No.30, Guru Harkrishan Nagar, St. no.1, Surta Singh Road, Chheharta, Amritsar- 143105 (Pb) have changed my name from Rajeev Kumar to Rajeev Kumar Malhotra, Plz note.

I, Savita W/o Rajeev Kumar Malhotra R/o H.no.30, Guru Harkrishan Nagar, St. no.1, Surta Singh Road, Chheharta, Amritsar-143105 (Pb) have changed my name from Savita to Savita Malhotra, plz note.

I, Kiranjot Kaur D/o Lakhwinder Singh R/o VPO Tarsikka Patti Bhinder Amritsar have declare that Kiranjot is my Given name and Kaur is my Surname.

I, Sarbjeet Kaur W/o Sukhjitpal Singh R/o VPO Dhardeo Tehsil Baba Bakala District Gurdaspur have declare that Sarbjeet is my Given name and Kaur is my Surname.

I, Rajbir Singh Aulakh S/o Sarwan Singh R/o Village Koharka Distt Tarn Taran have changed my name form Rajbir Singh Aulkah to Rajbir Singh.

I, Charanjeet Singh S/o Jaswant Singh R/o House No.531, Gali No.4, Hargobind Pura, Wadali Road, Chheharta, Amritsar have changed my name from Charanjeet Singh to Charanjit Singh.

I, Paramjit Kaur W/o Kuldeep Singh R/o H.No.179-A, Sandhu Colony Chheharta, Amritsar have changed my name from Paramjit Kaur to Parmjit Kaur.

## Change of Name

I, Surinder Arora S/o Sh. Ranvir Singh Arora R/o Raja Garden, Jalandhar, Punjab, India have changed my name from Surinder Mohan to Surinder Arora. All concerned please note.

I, Shaveta Arora D/o Sh. Panna Lal Sehgal (presently wife of Sh. Surinder Arora) R/o 438, Raja Garden, Post Office Basti Bawa Khel, Jalandhar, Punjab, India have changed my name from Shaveta Sehgal to Shaveta Arora. All concerned please note.

I, Udit Gulia S/O Ramesh Chander, R/o 95, Near Manoj, Bakery, Parshuram Nagar, Ambala, Haryana-134003. Declare that Name of My Father has been wrongly written as Ramesh Chand in my Education Document. The actual name of My Father is Ramesh Chander, which may be amended accordingly.

I, Yogesh Kumar S/O Shrichand, R/o Naurangabad, Gulawad (113), Palwal, Hodal, Haryana- 121107, have changed my name and shall hereafter be Known as Rajesh.

I, Sanjay Kumar Kejriwal S/O Rattan Lal, R/o 223/17, Jhajjar Road, Near Jain Jati Ji Dharamsala, Vijay Nagar, Rohtak, Haryana- 124001, have changed my name and shall hereafter be Known as Sanjay Bansal.

I, Chetan Arora S/O Man Mohan Arora, R/o House No-261, Sector-37, Amarnagar, Faridabad, Haryana-121003, have changed my name and shall hereafter be Known as Cheytan Arora.

I, Khushal S/O Kapil Kumar, R/o 1481, Sector 14, Hisar, Haryana-125001, have changed my name and shall hereafter be Known as Khushal Singal.

I, Vikas Bhardwaj S/O Ran Singh Bhardwaj, R/o No 161 B/1, J P Colony, Rohtak, Haryana- 124001, I have changed the name of my minor Son Satvik aged about 13 Years and He shall hereafter be known as Satvik Bhardwaj.

I, Deepak Dagar S/O Ran Singh Dagar, R/o H No-1154, Sector-6, Bahadurgarh, Jhajjar, Haryana-124507, I have changed the name of my minor daughter Athena aged about 12 Years and She shall hereafter be known as Yashasvi Dagar.

I, Sandeep Kumar S/O Dilbag Singh, R/o Jatwara 192 Dhakla, Jhajjar, Haryana- 124109, I have changed the name of my minor daughter Aarti aged about 16 years and She shall hereafter be known as Aarti Siwach.

I, Gazla, D/O Mahaju Deen R/o H No 449/70, New Santokhpur, Jalandhar-I, Jalandhar, Punjab-144001. have changed my name and shall hereafter be Known as Gazla Sadiya.

I, Ajit Kumar S/O Sher Singh, R/o House No-358, Rishi Nagar, Haibowal Kalan, Ludhiana, Punjab- 141001, have changed my name and shall hereafter be Known as Bhonpal Singh.

I, Tinku S/o Ashok Kumar R/o 856, Ekta Nagar, Phase I, Rama Mandi, Jalandhar have changed my name to Tinku Kumar. All concerned please note.

I, Ajay S/o Jagdish Raj R/o 225/A, Smadh Gali, Hathi Gate, Batala, Distt. Gurdaspur, Punjab have changed my name from Ajay to Ajay Kumar. Concerned Note.

I, Pooja W/O Sanjeev Bhardwaj R/O Flat No. B-36 Wadala Chowk Silver Residency Apartment Khurla, Jalandhar, Punjab Have Changed My Name To Pooja Bhardwaj. All Concerned Please Note.

I, Sanjiv Kumar Bhardwaj S/O Jagdish Kumar R/O Flat No. B-36 Wadala Chowk Silver Residency Apartment Khurla, Jalandhar, Punjab Have Changed My Name To Sanjeev Bhardwaj. All Concerned Please Note.

I, Sanjay Kumar S/o Madan Lal R/o H.No. 131, Adarsh Nagar, Jalandhar-144002, Punjab have changed my name from Sanjay Kumar to Sanjay Bhardwaj. All concerned please note.

I, Babli Manhas W/o Sanjay Bhardwaj R/o H.No. 131, Gurudwara Road, Adarsh Nagar, Jalandhar-144002, Punjab have changed my name from Babli Manhas to Babli Bhardwaj. All concerned please note.

I, Vasudha Chhibber w/o Pranav Madaan r/o H.No. 260, Shaheed Udham Singh Nagar, Jalandhar Changed my name to Vasudha Madaan, after marriage. All Please Note.

I, Varsha Madaan Alias Bindu Kohli w/o Gopal Krishan Madaan r/o H.No. 260, Shaheed Udham Singh Nagar, Jalandhar Changed my name to Varsha Madaan. All Please Note.

I, Priya w/o Surinder Singh Deol r/o C-18, Moh. Preet Nagar, Kapurthala have added my surname to Priya Deol (Surname as Deol) All Please Note.

I, Surinder Singh s/o Raj Kumar r/o C-18, Moh. Preet Nagar, Kapurthala have added my surname to Surinder Singh Deol (Surname as Deol) All Please Note.

I, Surinder Singh Deol s/o Raj Kumar r/o C-18, Moh. Preet Nagar, Kapurthala have added my minor daughter surname from Reet to Reet Deol (Surname as Deol) All Please Note.

I, Surinder Singh Deol s/o Raj Kumar r/o C-18, Moh. Preet Nagar, Kapurthala have added my minor daughter surname from sanjvi to sanjvi deol (Surname as Deol) All Please Note.

I, Shiwani d/o Jaswinder Kumar r/o H.No.71, Vadala Colony, Boota Pind, Jalandhar have changed my name from Shiwani to Shiwani Ajnager. All Please Note.

I, hitherto Known as Raju S/o Gurdial Singh R/o VPO. Hazara, Distt. Jalandhar-144025, Punjab have changed my name and shall hereafter be known as Ram Singh.

## Change of Name

I, Babli Rani W/o Pritam Dass R/o Village Dhaliwal Qadian, Distt. Jalandhar, Punjab-144002 have changed my name from Babli Rani to Given Name as Babli & Surname as Rani. All concerned please note.

I, hitherto known as Aarti W/o Manpreet Singh Lahori R/o Khaira Majha, PO. Khaira Majha, Distt. Jalandhar, Punjab 144601 have changed my name and shall hereafter be known as Aarti Lahori.

I, hitherto known as Chander Rakha D/o Karam Chand W/o Ashok Kumar R/o Vill. Malakpur, Po. Cholta Khurd, Distt. SAS Nagar (Mohali), Punjab 140301, have changed my name and shall hereafter be known as Rekha Sharma.

I, Jasvinder Singh S/o Bhajan Singh R/o Mohalla Missra Nurmahal, Distt.Jalandhar, Punjab have changed my name from Jasvinder Singh to Singh Jasvinder (Singh as surname ). All Please Note.

I, Amandeep W/o Harwinder Singh R/o Guru Nanak Nagar, Jalandhar have changed my name from Amandeep to Given name as Amandeep and Surname as Kaur. All Please Note.

## ਨਾਂਅ ਦੀ ਬਦਲੀ

ਮੈਂ, ਕਮਲ ਜੀਤ ਪੁੱਤਰ ਤਿਲਕ ਰਾਜ ਨਿਵਾਸੀ 230, ਮੁਹੱਲਾ ਕਸਾਬਾਂ, ਜ਼ਿਲ੍ਹਾ ਕਪੂਰਥਲਾ, ਪੰਜਾਬ, ਭਾਰਤ ਮੈਂ ਆਪਣੇ ਨਾਬਾਲਗ ਪੁੱਤਰ ਦਾ ਨਾਮ ਲਕਸ਼ੈ ਤੋਂ ਬਦਲ ਕੇ ਲਕਸ਼ੈ ਸ਼ਰਮਾ ਰੱਖ ਦਿੱਤਾ ਹੈ। ਸਾਰੇ ਸੰਬੰਧਤ ਨੋਟ ਕਰਨ।

ਮੈਂ, ਮਨਜਿੰਦਰ ਸਿੰਘ ਪੁੱਤਰ ਜਮੇਲ ਸਿੰਘ ਵਾਸੀ ਪਿੰਡ ਖਹਿਰਾ, ਡਾਕ. ਮਹਿਦੂਦਾਂ, ਜ਼ਿਲ੍ਹਾ ਲੁਧਿਆਣ, ਪੰਜਾਬ 141418 ਨੇ ਆਪਣੇ ਨਾਂਅ ਬਦਲ ਕੇ ਮਨਜਿੰਦਰ ਅਤੇ ਉਪਨਾਮ ਸਿੰਘ ਰੱਖ ਲਿਆ ਹੈ।

ਮੈਂ, ਲੱਖੋ ਪਤਨੀ ਰਵੀ ਕੁਮਾਰ ਵਾਸੀ ਪਿੰਡ ਰਾਜਪੁਰ, ਥਾਣਾ ਭੋਗਪੁਰ, ਜ਼ਿਲ੍ਹਾ ਜਲੰਧਰ (ਪੰਜਾਬ) ਨੇ ਆਪਣਾ ਨਾਂਅ ਲੱਖੋ ਤੋਂ ਬਦਲ ਕੇ ਲਖਵਿੰਦਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਦਵਿੰਦਰ ਕੌਰ ਪਤਨੀ ਸੁਜਾਨ ਸਿੰਘ, ਉਮਰ ਲਗਭਗ 81 ਸਾਲ, ਵਾਸੀ ਸਮਾਧ ਗਲੀ, ਹਾਥੀ ਗੇਟ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਸੂਚਿਤ ਕਰਦੀ ਹਾਂ ਮੇਰੇ ਪੇਕਿਆਂ ਦਾ ਨਾਮ ਪਿਆਰ ਕੌਰ ਸੀ ਅਤੇ ਮੇਰੇ ਵਿਆਹ ਤੋਂ ਬਾਅਦ ਮੇਰੇ ਸਹੁਰੇ ਘਰ ਵਾਲਿਆਂ ਨੇ ਮੇਰਾ ਨਾਮ ਬਦਲ ਕੇ ਦਵਿੰਦਰ ਕੌਰ ਰੱਖ ਦਿੱਤਾ ਸੀ। ਇਹ ਨਾਮ ਪਿਆਰ ਕੌਰ ਅਤੇ ਦਵਿੰਦਰ ਕੌਰ ਮੇਰੇ ਹਨ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਕੁਲਜੀਤ ਕੌਰ ਪਤਨੀ ਸ੍ਰੀ ਗਿਆਨ ਸਿੰਘ ਬਤੌਰ ਮੁਖਤਿਆਰੇ ਆਮ ਕੁਲਜਿੰਦਰ ਸਿੰਘ ਪੁੱਤਰ ਸ੍ਰੀ ਗਿਆਨ ਸਿੰਘ ਵਾਸੀ ਪਿੰਡ ਚਰੜ ਡਾਕਖਾਨਾ ਰਾਜਪੁਰ ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰੇ ਲੜਕੇ ਦੇ ਮਹਿਕਮਾ ਮਾਲ ਰਿਕਾਰਡ ਭਾਵ ਫਰਦ ਵਿੱਚ ਦਰਜ ਨਮ ਕੁਲਜਿੰਦਰ ਸਿੰਘ ਨੂੰ ਕੁਲਜਿੰਦਰ ਦੀਪ ਸਿੰਘ ਮੰਨਿਆ ਜਾਵੇ। ਸੰਬੰਧਿਤ ਨੋਟ ਕਰਨ।

ਅਸੀਂ, ਮਹਿੰਦਰ ਪਾਲ ਪੁੱਤਰ ਸ੍ਰੀ ਮਿਲਖੀ ਰਾਮ ਵਾ ਸਵਰਨ ਕੌਰ ਪਤਨੀ ਸ੍ਰੀ ਮਹਿੰਦਰ ਪਾਲ ਵਾਸੀਆਨ ਮਕਾਨ ਨੰਬਰ 208, ਕਾਲਾ ਸੰਘਾ ਰੋਡ, ਕਾਂਸ਼ੀ ਨਗਰ, ਕੋਟ ਸਦੀਕ, ਬਸਤੀ ਗੁਜ਼ਾਂ, ਜਲੰਧਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਨਰੇਸ਼ ਕੁਮਾਰ ਅਤੇ ਉਸ ਦੀ ਪਤਨੀ ਮੇਨਕਾ ਸਾਂਪਲਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 11-04-2023 ਨੂੰ ਅਖਬਾਰ ਵਿਚ ਪਬਲਿਕ ਨੋਟਿਸ ਦੇ ਕੇ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਪੁੱਤਰ ਅਤੇ ਉਸ ਦੀ ਪਤਨੀ ਸਾਡੇ ਕਹਿਣੇ ਵਿੱਚ ਹਨ। ਇਸ ਲਈ ਅਸੀਂ ਇਨ੍ਹਾਂ ਦੀ ਬੇਦਖਲੀ ਵਾਪਸ ਲੈਂਦੇ ਹਾਂ। ਹੁਣ ਸਾਡਾ ਲੜਕਾ ਵਾ ਉਸ ਦੀ ਪਤਨੀ ਸਾਡੀ ਚੱਲ ਵਾ ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਗੁਰਮੇਲ ਪੁੱਤਰ ਸ੍ਰੀ ਸਰਵਨ ਸਿੰਘ ਵਾਸੀ ਸਿਧੜ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਅਕਾਸ਼ ਨੂੰ ਮਿਤੀ 27 ਮਈ 2023 ਨੂੰ ਮੇਰੇ ਕਹਿਣੇਕਾਰ ਨਾ ਹੋਣ ਕਰਕੇ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਲੜਕਾ ਅਕਾਸ਼ ਮੇਰੇ ਕਹਿਣੇਕਾਰ ਵਿੱਚ ਹੈ ਅਤੇ ਮੇਰੀ ਹਰ ਗੱਲ ਮੰਨਦਾ ਹੈ। ਇਸ ਲਈ ਮੈਂ ਇਸ ਦੀ ਬੇਦਖਲੀ ਵਾਪਸ ਲੈਂਦਾ ਹਾਂ। ਸੰਬੰਧਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਪਿੰਡ ਔਜਲਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਸੁਨੀਲ ਅਤੇ ਮੇਰੀ ਨੂੰਹ ਸੀਮਾ, ਜੋ ਮੇਰੇ ਕਹਿਣੇ ਤੋਂ ਬਾਹਰ ਸਨ, ਮੈਂ ਇਨ੍ਹਾਂ ਨੂੰ 29.04.2021 ਨੂੰ ਬੇਦਖਲ ਕੀਤਾ ਸੀ। ਹੁਣ ਦੋਨੋਂ ਪਤੀ-ਪਤਨੀ ਮੇਰੇ ਕਹਿਣੇ ਵਿਚ ਹਨ ਅਤੇ ਮੇਰੀ ਸੇਵਾ ਕਰਦੇ ਹਨ। ਮੈਂ ਇਨ੍ਹਾਂ ਦੋਵਾਂ ਦੀ ਬੇਦਖਲੀ ਖਾਰਜ ਕਰਦਾ ਹਾਂ।

ਮੈਂ ਹਰਜੀਤ ਅਰੋੜਾ ਪਤਨੀ ਨਰੇਸ ਕੁਮਾਰ ਅਰੋੜਾ ਵਾਸੀ 6-ਬੀ, ਗਲੀ ਨੰ.2, ਨੇੜੇ ਪਾਲ ਫਰਨੀਚਰ, ਅਮਨ ਐਵੀਨਿਊ, 88 ਫੀਟ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੈਂ ਅਪਣੇ ਲੜਕੇ ਰਾਜੇਸ਼ ਅਰੋੜਾ ਨੂੰ ਕਹਿਣ ਤੋਂ ਬਾਹਰ ਹੋਣ ਕਰਕੇ 07-10-2023 ਨੂੰ ਅਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ ਪਰ ਉਹ ਹੁਣ ਮੇਰੇ ਕਹਿਣ ਵਿੱਚ ਹੈ ਇਸ ਲਈ ਮੈ ਦਿੱਤੀ ਹੋਈ ਬੇਦਖਲੀ ਰੱਦ ਕਰਦੀ ਹੈ

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 36/10 ਮਲਕੀਤ ਸਿੰਘ ਪੁੱਤਰ ਆਸਾ ਸਿੰਘ ਵਾਸੀ ਝੁਗੀਆਂ ਬੀਟਲ ਤੋਂ ਨਾਂਅ ਬਦਲੀ ਕਰਕੇ ਲੈਂਬਰ ਸਿੰਘ ਪੁੱਤਰ ਮਲਕੀਤ ਸਿੰਘ ਪਿੰਡ ਝੁਗੀਆਂ ਬੀਟਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 15/676 ਮਲਕੀਤ ਸਿੰਘ ਪੁੱਤਰ ਆਸਾ ਸਿੰਘ ਵਾਸੀ ਝੁਗੀਆਂ ਬੀਟਲ ਤੋਂ ਨਾਂਅ ਬਦਲੀ ਕਰਕੇ ਬਲਕਾਰ ਸਿੰਘ ਪੁੱਤਰ ਮਲਕੀਤ ਸਿੰਘ ਪਿੰਡ ਝੁਗੀਆਂ ਬੀਟਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰ: ਐੱਸ ਏ 1776 (15 ਬੀ ਐੱਚ ਪੀ) ਜੋ ਕਿ ਬਚਨ ਸਿੰਘ ਪੁੱਤਰ ਗੁਰਦਿੱਤ ਸਿੰਘ ਰਕਬਾ ਮੋਟਰ ਵਾਸੀ ਕਰਤਾਰਪੁਰ ਮੋਮੀਆਂ ਪਿੰਡ ਭੁੰਡ ਖੇਹ, ਪਟਿਆਲਾ ਦੇ ਨਾਂਅ 'ਤੇ ਚੱਲ ਰਿਹਾ ਹੈ, ਨੂੰ ਜਗਤਾਰ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਕਰਤਾਰਪੁਰ ਮੋਮੀਆਂ, ਜ਼ਿਲ੍ਹਾ ਪਟਿਆਲਾ ਅਤੇ ਮਕਾਨ ਨੰ: 757-ਏ ਸੂਰਯਾ ਇਨਕਲੇਵ, ਡਾਕਖਾਨਾ ਚੁਗਿੱਟੀ ਨੇੜੇ ਗੁਰੂ ਗੋਬਿੰਦ ਸਿੰਘ ਐਵੇਨਿਊ ਜਲੰਧਰ ਦੇ ਨਾਂਅ ਕਰਵਾਉਣ ਲਈ ਅਰਜ਼ੀ ਦਿੱਤੀ ਹੈ, ਇਸ ਸੰਬੰਧ ਵਿਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 10 ਦਿਨਾਂ ਦੇ ਅੰਦਰ-ਅੰਦਰ ਪਾਵਰਕਾਮ ਦੇ ਦਫ਼ਤਰ ਸ਼ੁਤਰਾਣਾ ਜ਼ਿਲ੍ਹਾ ਪਟਿਆਲਾ ਵਿਖੇ ਆਪਣਾ ਇਤਰਾਜ਼ ਪੇਸ਼ ਕਰੇ।

ਦਰਸ਼ਨ ਸਿੰਘ ਬਹੁਗਣ ਪੁੱਤਰ ਕਾਬਲ ਸਿੰਘ ਵਾਸੀ ਪੱਤੀ ਸ਼ਾਲਾ ਨਗਰ ਮਲਸੀਆਂ (ਸ਼ਾਹਕੋਟ) ਦੇ ਨਾਮ ਰਕਬਾ ਸ਼ਾਲਾ ਨਗਰ 'ਚ ਚੱਲਦਾ ਮੋਟਰ ਖਾਤਾ ਨੰ. ਏ.ਪੀ. 42/19 (20 HP) ਨੂੰ ਅਜੀਤ ਸਿੰਘ ਬਹੁਗਣ ਪੁੱਤਰ ਕਾਬਲ ਸਿੰਘ ਵਾਸੀ ਪੱਤੀ ਸ਼ਾਲਾਂ ਨਗਰ ਮਲਸੀਆਂ ਆਪਣੇ ਨਾਮ ਤਬਦੀਲ ਕਰਵਾਉਣਾ ਚਾਹੁੰਦਾ ਹੈ, ਇਤਰਾਜ਼ ਕਰਤਾ 15 ਦਿਨਾਂ 'ਚ ਐਸ.ਡੀ.ਓ. ਪਾਵਰ ਕਾਮ ਮਲਸੀਆਂ ਨੂੰ ਦੱਸੇ, ਨਹੀਂ ਤਾਂ ਉਕਤ ਖਾਤਾ ਤਬਦੀਲ ਹੋਵੇਗਾ।

ਲਖਬੀਰ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਭੁੰਬਲੀ (ਗੁਰਦਾਸਪੁਰ) ਨੇ ਕਰਤਾਰ ਸਿੰਘ ਪੁੱਤਰ ਅਤਰ ਸਿੰਘ ਵਾਸੀ ਭੁੰਬਲੀ ਦਾ ਟਿਊਬਵੈੱਲ ਕੁਨੈਕਸ਼ਨ ਨੰਬਰ AP09/778A ਨੂੰ ਆਪਣੇ ਨਾਮ ਕਰਨ ਲਈ ਉਪ ਮੰਡਲ ਤਿੱਬੜ ਵਿੱਚ ਦਰਖਾਸਤ ਦਿੱਤੀ ਹੈ । ਇਤਰਾਜੀ 15 ਦਿਨਾਂ ਅੰਦਰ ਦਫਤਰ ਨਾਲ ਸੰਪਰਕ ਕਰਨ।

ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ, ਜਿਸ ਦਾ ਖਾਤਾ ਨੰ. AP01/376W, ਜੋ ਕਿ ਸ੍ਰੀ ਗਿਆਨ ਚੰਦ ਪੁੱਤਰ ਸ੍ਰੀ ਬਰਿੱਜ ਲਾਲ ਪਿੰਡ ਬੁਰਜ ਕੰਧਾਰੀ ਦੇ ਨਾਂਅ ਵਿਖੇ PSPCL ਸਬ-ਡਵੀਜ਼ਨ ਬਹਿਰਾਮ ਨੰ. 2 ਅਧੀਨ ਚੱਲਦਾ ਹੈ।ਇਸ ਕੁਨੈਕਸ਼ਨ ਦੇ ਨਾਂਅ ਦੀ ਤਬਦੀਲੀ ਲਈ ਸ੍ਰੀਮਤੀ ਸੁਖਜੀਤ ਕੌਰ ਪਤਨੀ ਸ੍ਰੀ ਸੁਰਜੀਤ ਸਿੰਘ ਬੁਰਜ ਕੰਧਾਰੀ, ਤਹਿਸੀਲ ਬੰਗਾ, ਜਿਲ੍ਹਾ ਸ਼.ਭ.ਸ. ਨਗਰ ਨੇ ਇਸ ਦਫਤਰ ਵਿਖੇ ਅਰਜ਼ੀ ਦਿੱਤੀ ਹੈ।ਜੇਕਰ ਕਿਸੇ ਨੂੰ ਇਸ ਨਾਂਅ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ 15 ਦਿਨ੍ਹਾਂ ਦੇ ਅੰਦਰ-ਅੰਦਰ ਸਬ-ਡਵੀਜ਼ਨ ਬਹਿਰਾਮ ਨੰ. 2 ਵਿਖੇ ਸੰਪਰਕ ਕਰ ਸਕਦਾ ਹੈ।ਕੋਈ ਇਤਰਾਜ਼ ਨਾ ਪ੍ਰਾਪਤ ਹੋਣ 'ਤੇ ਅਗਲੇਰੀ ਕਾਰਵਾਈ ਕਰ ਦਿੱਤੀ ਜਾਵੇਗੀ।

## ਬੇਦਖਲੀ ਨੋਟਿਸ

ਮੈਂ, ਰਜਵੰਤ ਕੌਰ ਪਤਨੀ ਸਤਨਾਮ ਸਿੰਘ ਵਾਸੀ ਪੱਤੀ 6 ਵਾਰਡ ਪੰਡੋਰਾ, ਸੁਲਤਾਨਵਿੰਡ ਪਿੰਡ ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕੀ ਮੇਰਾ ਲੜਕਾ ਅਕਸ਼ਦੀਪ ਸਿੰਘ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। (ਆਰ)

ਅਸੀ, ਜੋਗਿੰਦਰ ਸਿੰਘ ਪੁੱਤਰ ਸ੍ਰ. ਕਿਰਪਾ ਰਾਮ ਅਤੇ ਵਿਨੋਦ ਬਾਲਾ ਪਤਨੀ ਜੋਗਿੰਦਰ ਸਿੰਘ ਵਾਸੀ ਮਕਾਨ ਨੰ.2227 ਸੀ-ਬਲਾਕ,ਰਣਜੀਤ ਐਵੀਨਿਊ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪੰਕਜਪ੍ਰੀਤ ਸਿੰਘ ਅਤੇ ਉਸਦੀ ਪਤਨੀ ਕਿਰਨਪ੍ਰੀਤ ਕੌਰ ਪੁੱਤਰੀ ਬਲਦੇਵ ਰਾਜ ਜੋ ਕਿ ਸਾਡੇ ਕਹਿਣੇ ਸੁਣਨੇ ਤੋਂ ਬਾਹਰ ਹਨ, ਮਾੜੀ ਸੰਗਤ ਵਿੱਚ ਪੈ ਗਏ ਹਨ ਅਤੇ ਸਾਨੂੰ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਅਸੀ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਸਾਡਾ ਅਤੇ ਸਾਡੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਮਨਦੀਪ ਕੌਰ ਵਿਧਵਾ ਸੁਬੇਗ ਸਿੰਘ ਵਾਸੀ ਮਾਤਾ ਗੰਗਾ ਜੀ ਨਗਰ ਨੇੜੇ ਕੋਟ ਮਿੱਤ ਸਿੰਘ ਭਾਈ ਮੰਝ ਸਾਹਿਬ ਰੋਡ, ਐਟ ਤਰਨ ਤਾਰਨ ਰੋਡ,ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਬਿੰਦਰ ਸਿੰਘ ਅਤੇ ਉਸਦੀ ਪਤਨੀ ਇੰਦਰਜੀਤ ਕੋਰ (ਸਮਾਇਲ) ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ,ਆਪਣੀਆਂ ਮਨਮਰਜੀਆਂ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਜੋਗਿੰਦਰ ਕੌਰ ਪਤਨੀ ਸ੍ਰੀ ਸੁਖਦੇਵ ਸਿੰਘ ਵਾਸੀ ਸ਼ਿਵਾ ਜੀ ਗਲੀ, ਪਿੰਡ ਤੇ ਡਾਕਖਾਨਾ ਉੜਮੁੜ,ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਦੀ ਰਹਿਣ ਵਾਲੀ ਹਾਂ ਅਤੇ ਹਲਫੀਆ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ, ਸਾਡੇ ਨਾਲ ਲੜਾਈ ਝਗੜਾ ਕਰਦਾ ਹੈ ਅਤੇ ਧਮਕੀ ਵੀ ਦਿੰਦਾ ਹੈ। ਮੈਂ ਆਪਣੇ ਲੜਕੇ ਹਰਦੀਪ ਸਿੰਘ ਨੂੰ ਆਪਣੀ ਚਲ-ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ।ਇਸ ਨਾਲ ਕਿਸੇ ਵੀ ਪ੍ਰਕਾਰ ਦਾ ਲੈਣ ਦੇਣ ਰੱਖਣ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ। ਮੇਰੀਅਤੇ ਬਾਕੀ ਪਰਿਵਾਰਿਕ ਮੈਂਬਰਾਂ ਦੀ ਕੋਈ ਵੀ ਜਿੰਮੇਵਾਰੀ ਨਹੀਂ ਹੋਵੇਗੀ।

ਮੈਂ ਮੋਹਨ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਕਾਨ ਨੰਬਰ 254 ਗਲੀ ਨੰਬਰ 4 ਨਿਊ ਸਤਨਾਮ ਪੁਰਾ ਫਗਵਾੜਾ ਜਿਲਾਂ ਕਪੂਰਥਲਾ ਦਾ ਸੂਚਿਤ ਕਰਦਾ ਹਾਂ ਮੇਰਾ ਲੜਕਾ ਸੁਖਵਿੰਦਰ ਸਿੰਘ ਉਸਦੀ ਪਤਨੀ ਮਨਦੀਪ ਕੌਰ ਮੇਰੇ ਕਹਿਣੇ ਵਿੱਚ ਨਹੀ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਪਰਵੀਨ ਕੌਰ ਪਤਨੀ ਕਰਨੈਲ ਸਿੰਘ ਵਾਸੀ ਪਿੰਡ ਜਗਤਪੁਰ ਕਲਾਂ, ਡਾਕਖਾਨਾ ਪੁਰਾਣਾ ਸ਼ਾਲਾ, ਤਹਿਸੀਲ ਤੇ ਜਿਲ੍ਹਾ ਗੁਰਦਾਸਪੁਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਮਹਿੰਗਾ ਸਿੰਘ ਅਤੇ ਉਸਦੀ ਪਤਨੀ ਸ਼ਾਂਤੀ ਦੇਵੀ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ। ਮੈਂ ਇਨ੍ਹਾ ਨੂੰ ਆਪਣੀ ਚਲ ਅਤੇ ਅਚਲ ਜਾਇਦਾਦ ਤੋ ਬੇਦਖਲ ਕਰਦੀ ਹਾਂ। ਇਨ੍ਹਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਵਾਰ ਹੋਵੇਗਾ।

ਮੈਂ, ਹਰਦੀਪ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਬੱਧਨੀ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਾਸ਼ਦੀਪ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਰਨੈਲ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਨੇੜੇ ਡਾਕਖਾਨਾ ਬੁੱਘੀਪੁਰਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਵਿਕਰਮ ਕੁਮਾਰ ਪੁੱਤਰ ਸ੍ਰੀ ਲਾਲ ਚੰਦ ਅਤੇ ਰੀਨਾ ਪਤਨੀ ਵਿਕਰਮ ਕੁਮਾਰ ਵਾਸੀਆਨ ਮਕਾਨ ਨੰ: 36, BIV-X ਮੁਹੱਲਾ ਮਖਦੂਮਪੁਰਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਹੁਲ ਅਤੇ ਉਸ ਦੀ ਪਤਨੀ ਗੀਮਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸਲਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪ੍ਰੇਮ ਨਗਰ ਬੋਹੜਾਂਵਾਲ ਰੋਡ ਬਟਾਲਾ ਤਹਿ: ਬਟਾਲਾ ਜਿਲ੍ਹਾ ਗੁਰਦਾਸਪੁਰ ਮੇਰਾ ਲੜਕਾ ਸੂਰਜਪ੍ਰਕਾਸ਼ ਸਿੰਘ ਅਤੇ ਇਸ ਦੀ ਪਤਨੀ ਸੰਦੀਪ ਕੌਰ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਮੈਂ ਇਹਨਾਂ ਦੋਵਾਂ ਨੂੰ ਆਪਣੀ ਚਲ-ਅਚੱਲ ਜਾਇਦਾਦ ਤੋਂ ਬੇ-ਦਖਲ ਕਰਦਾ ਹਾਂ। ਇਹਨਾਂ ਵਲੋਂ ਕਿਤੇ ਗਏ ਲੈਣ ਦੇਣ ਅਤੇ ਮਾੜੇ ਚੰਗੇ ਕੰਮਾਂ ਦੇ ਇਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ, ਸੁਰਿੰਦਰ ਮੋਹਨ ਸ਼ਰਮਾ ਪੁੱਤਰ ਸ੍ਰੀ ਰੇਵਾ ਧਰ ਸ਼ਰਮਾ ਵਾਸੀ ਮਕਾਨ ਨੰ: 334, ਬਸੰਤ ਐਵੀਨਿਊ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਲੀਲ ਸ਼ਰਮਾ ਅਤੇ ਉਸ ਦੀ ਪਤਨੀ ਸ਼ਿਖਾ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਹਰਜੀਤ ਸਿੰਘ ਪੁੱਤਰ ਸ੍ਰੀ ਬੀਰ ਸਿੰਘ ਵਾਸੀ ਰਸੂਲਪੁਰ ਕਲਰ,40 ਖੂਹ, ਜੋੜਾ ਫਾਟਕ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕਾਜਲ ਨਾਲ 15 ਸਾਲ ਪਹਿਲੇ ਮੇਰਾ ਤਲਾਕ ਹੋ ਚੁੱਕਾ ਹੈ ਅਤੇ ਉਹ 3 ਬੱਚੇ ਜਿਨ੍ਹਾਂ ਵਿਚੋਂ ਦੋ ਲੜਕੀਆਂ ਕੋਮਲ ਅਤੇ ਮਨਪ੍ਰੀਤ ਕੌਰ ਅਤੇ ਲੜਕਾ ਲਵਪ੍ਰੀਤ ਸਿੰਘ ਆਪਣੇ ਨਾਲ ਲੈ ਜਾ ਚੁੱਕੀ ਹੈ। ਮੈਂ ਉਨ੍ਹਾਂ ਸਭ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਉਨ੍ਹਾਂ ਨਾਲ ਕੋਈ ਮੇਲ ਜੋਲ ਨਹੀਂ ਹੈ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਮਹਿੰਦਰ ਕੌਰ ਪਤਨੀ ਲੇਟ ਸੁਖਦੇਵ ਸਿੰਘ ਵਾਸੀ ਸ਼ਾਹਪੁਰ (ਮਹਿਤਪੁਰ), ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਸ਼ਮੀਰ ਸਿੰਘ ਅਤੇ ਨੂੰਹ ਕਮਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸਤਨਾਮ ਸਿੰਘ ਪੁੱਤਰ ਸਵਿੰਦਰ ਸਿੰਘ ਵਾਸੀ ਗਲੀ ਨੰ.2, ਬਾਬਾ ਜੀਵਨ ਸਿੰਘ ਕਾਲੋਨੀ, ਗੁਰੂ ਕੀ ਵਡਾਲੀ, ਛੇਹਰਟਾ, ਜਿ਼ਲ੍ਹਾ ਅੰਮ੍ਰਿਤਸਰ ਬਿਆਣ ਕਰਦਾ ਹਾਂ ਕਿ ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਮੇਰੇ ਕਹਿਣ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਜਸਪਾਲ ਸਿੰਘ ਪੁੱਤਰ ਬੁੱਧ ਸਿੰਘ ਵਾਸੀ ਪਿੰਡ ਉਮਰਪੁਰਾ ਤਹਿਸੀਲ ਅਜਨਾਲਾ ਜਿ਼ਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕੀ ਮੇਰਾ ਲੜਕਾ ਸੁਖਰਾਜ ਸਿੰਘ ਅਤੇ ਉਸਦੀ ਦੀ ਪਤਨੀ ਸੁਮਨ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ

ਅਸੀਂ ਕ੍ਰਿਸਨ ਕੁਮਾਰ ਪੁੱਤਰ ਲੇਟ ਰਾਮ ਦੁਲਾਰੇ ਅਤੇ ਅਨੀਤਾ ਕੁਮਾਰੀ ਪਤਨੀ ਕ੍ਰਿਸਨ ਕੁਮਾਰ ਵਾਸੀ ਐਫ 22/198, ਗਲੀ ਨੰ.5, ਸੰਧੂ ਕਾਲੋਨੀ, ਖੂਹ ਕੁੰਡੀਆਂ ਵਾਲਾ ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕੀ ਸਾਡੀ ਲੜਕੀ ਇਸ਼ਿ਼ਕਾ ਸਾਡੇ ਕਹਿਣ ਤੋਂ ਬਾਹਰ ਹੈ ਅਸੀਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ । ਇਹ ਸਾਡੇ ਅਤੇ ਸਾਡੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਮਨਜੀਤ ਸਿੰਘ ਪੁੱਤਰ ਗੁਰਮੁਖ ਸਿੰਘ ਵਾਸੀ ਪਿੰਡ ਮਾਕੋਵਾਲ ਤਹਿਸੀਲ ਅਜਨਾਲਾ ਜਿ਼ਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕੀ ਮੇਰਾ ਲੜਕਾ ਅਜਮੇਰ ਸਿੰਘ ਅਤੇ ਉਸਦੀ ਦੀ ਪਤਨੀ ਅਮਨਦੀਪ ਕੌਰ ਮੇਰੇ ਕਹਿਣ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ

ਮੈਂ, ਮਨੋਹਰ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਉਚਾ ਪਿੰਡ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਮਹਾਰਾਜ ਦਾ 15ਵਾਂ ਸਾਲਾਨਾ ਭੰਡਾਰਾ ਭਲਕੇ



ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)- ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ 'ਚ 12 ਜੂਨ ਨੂੰ ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਮਹਾਰਾਜ ਦਾ 15ਵਾਂ ਵਿਸ਼ਾਲ ਸਲਾਨਾ ਭੰਡਾਰਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ, ਜਦਕਿ ਇਸ ਮੌਕੇ ਸਥਾਨਕ ਗਣਪਤੀ ਆਸ਼ਰਮ 'ਚ 2 ਦਿਨਾ ਧਾਰਮਿਕ ਸਮਾਗਮ ਵੀ ਆਯੋਜਿਤ ਕੀਤੇ ਜਾਣਗੇ।ਪ੍ਰਾਚੀਨ ਸ਼ਿਵ ਮਦਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਤੋਂ ਮਿਲੀ ਜਾਣਕਾਰੀ ਅਨੁਸਾਰ 11 ਜੂਨ ਨੂੰ ਸਵੇਰੇ 07:30 ਵਜੇ ਪੂਜਾ ਤੇ ਸ੍ਰੀ ਰਾਮਾਇਣ ਜੀ ਦੇ ਪਾਠ ਆਰੰਭ ਹੋਣਗੇ ਤੇ ਹਵਨ ਸਵੇਰੇ 08:30 ਵਜੇ ਹੋਵੇਗਾ। ਉਪਰੰਤ ਰਾਤ 8 ਵਜੇ ਕੀਰਤਨ ਹੋਵੇਗਾ। 12 ਜੂਨ ਦਿਨ ਵੀਰਵਾਰ ਨੂੰ ਸਵੇਰੇ 9:00 ਵਜੇ ਸ੍ਰੀ ਰਾਮਾਇਣ ਜੀ ਦੇ ਭੋਗ ਪਾਏ ਜਾਣਗੇ ਤੇ ਸਵੇਰੇ 10:00 ਵਜੇ ਕੀਰਤਨ ਹੋਵੇਗਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਮਹੰਤ ਸ੍ਰੀ ਪ੍ਰਭੂਗਿਰੀ ਜੀ ਮਹਾਰਾਜ ਸੂਰਤ ਤੋਂ ਤੇ ਮਹੰਤ ਸ੍ਰੀ ਸ਼ਿਵਗਿਰੀ ਜੀ ਮਹਾਰਾਜ ਪਾਲਨਪੁਰ (ਗੁਜਰਾਤ) ਤੋਂ ਪਹੁੰਚਣਗੇ। ਇਹਨਾਂ ਵੱਲੋਂ 12 ਜੂਨ 10:30 ਵਜੇ ਤੋਂ 12 ਵਜੇ ਤੱਕ ਸਤਸੰਗ ਕੀਤਾ ਜਾਵੇਗਾ।

# ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਨੇ ਲਗਾਈ ਛਬੀਲ



ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਫਿਰੋਜ਼ਪੁਰ ਵੱਲੋਂ ਬਹੁਤ ਜ਼ਿਆਦਾ ਗਰਮੀ ਕਾਰਨ ਡਾਕਟਰ ਦੀਵਾਨ ਚੰਦ ਸੁਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਤੇ ਵਾਇਸ ਪ੍ਰਧਾਨ ਰਮੇਸ਼ ਬਜਾਜ ਦੀ ਅਗਵਾਈ ਵਿੱਚ ਬੜੀ ਸ਼ਰਧਾ ਨਾਲ ਠੰਢੇ ਮਿੱਠੇ ਜਲ, ਜੂਸ, ਦੁੱਧ ਆਦਿ ਦੀ ਛਬੀਲ ਲਗਾ ਕੇ ਰਾਹਗੀਰਾਂ ਨੂੰ ਬੜੇ ਆਦਰ ਸਤਿਕਾਰ ਨਾਲ ਜਲ ਛਕਾਇਆ। ਇਸ ਸਮੇਂ ਰਾਮ ਕਿਸ਼ੋਰ ਕੋਆਰਡੀਨੇਟਰ ਨੇ ਵੱਧ ਚੜ੍ਹ ਕੇ ਸੇਵਾ ਕੀਤੀ। ਇਸ ਮੌਕੇ ਜਤਿੰਦਰ ਨਰੂਲਾ, ਮਿਸਟਰ ਅਗਰਵਾਲ ਤੇ ਹੋਰ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

## ਬੇਦਖਲੀ ਨੋਟਿਸ

ਅਸੀਂ, ਰਾਜੂ ਪਟੇਲ ਪੁੱਤਰ ਵਿਦਿਆਂਚਲ ਪਟੇਲ ਅਤੇ ਚਿੰਤਾ ਦੇਵੀ ਪਤਨੀ ਰਾਜੂ ਪਟੇਲ ਵਾਸੀ ਮਕਾਨ ਨੰ. 180, ਵਾਰਡ ਨੰ. 9, ਪਿੰਡ ਡੱਲੀ, ਡਾਕ. ਭੋਗਪੁਰ, ਜ਼ਿਲ੍ਹਾ ਜਲੰਧਰ ਪੰਜਾਬ ਸੂਚਿਤ ਕਰਦੇ ਹਾਂ ਕਿ ਸਾਡੀ ਲੜਕੀ ਨੰਦਨੀ (ਜੋ ਕੁਆਰੀ ਹੈ) ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਨਿਊ ਗੁਰੂ ਨਾਨਕ ਪੁਰਾ ਕਲੋਨੀ, ਗੁਰਾਇਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਹੋਏ ਹਰੇਕ ਚੰਗੇ ਮਾੜੇ ਕੰਮ, ਲੈਣ ਦੇਣ ਅਤੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੰਤੋਸ਼ ਪਤਨੀ ਮੁਨਸ਼ੀ ਰਾਮ ਵਾਸੀ ਮਕਾਨ ਨੰ: 251, ਨਿਊ ਸੂਰਜ ਗੰਜ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰੀ ਲੜਕੀ ਅਨੀਤਾ ਰਾਣੀ ਵਾ ਊਸ਼ਾ ਰਾਣੀ ਵਾ ਪ੍ਰਵੀਨ ਵਾ ਇਨ੍ਹਾਂ ਦੇ ਬੱਚੇ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਮਿਥਿਲੇਸ਼ ਕੁਮਾਰ ਪੁੱਤਰ ਸ੍ਰੀ ਬਾਬੂ ਲਾਲ ਵਾਸੀ ਸ਼ਿਵਾ ਜੀ ਨਗਰ, ਬਸਤੀ ਦਾਨਿਸ਼ਮੰਦਾ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਖਲੇਸ਼ ਕੁਮਾਰ ਵਾ ਉਸਦੀ ਪਤਨੀ ਮੰਜੂਦੇਵੀ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਾਕੇਸ਼ ਪੁੱਤਰ ਦੇਵ ਰਾਜ ਵਾਸੀ ਈ ਐਫ 228, ਮੰਡੀ ਰੋਡ, ਬਾਰਦਾਨਾ ਬਾਜ਼ਾਰ, ਬ੍ਰਹਿਮ ਨਗਰ ਮੁੱਹਲਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੋਨੀਆ ਘਈ ਵਾ ਉਸਦਾ ਪਤੀ ਰਾਜੀਵ (ਰੋਮੀ) ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸਤਪਾਲ ਪੁੱਤਰ ਸ੍ਰੀ ਬਿਸ਼ਨ ਦਾਸ ਵਾਸੀ ਮਕਾਨ ਨੰਬਰ 61, ਵਾਰਡ ਨੰਬਰ 1, ਗੜ੍ਹਦੀਵਾਲਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜੂ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਅਸੀਂ ਸੁਨੀਤਾ ਦੇਵੀ ਪਤਨੀ ਸੁਰੇਸ਼ ਚੰਦਰ, ਅਤੇ ਸੁਰੇਸ਼ ਚੰਦਰ ਪੁੱਤਰ ਛੇਦੀ ਲਾਲ, ਵਾਸੀ ਮਕਾਨ ਨੰ. 1, ਨਿਊ ਅਬਾਦੀ ਜਲੋਵਾਲ, ਜਲੰਧਰ ਹਲਫੀਆ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਸੰਦੀਪ ਕੁਮਾਰ ਉਸਦੀ ਪਤਨੀ ਅੰਕਾਸ਼ਾ ਦੇਵੀ ਅਤੇ ਪੋਤਰੀ ਅਮਾਇਰਾ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਲੈਣ-ਦੇਣ ਕਰਦਾ ਹਾ ਉਹ ਖੁੱਦ ਜਿੰਮੇਵਾਰ ਹੋਵੇਗਾ। ਸਾਰੇ ਸੰਬੰਧਤ ਨੋਟ ਕਰਨ।

ਮੈਂ ਦਲਜੀਤ ਪਤਨੀ ਲੇਟ ਸੋਹਨ ਲਾਲ ਵਾਸੀ ਮਕਾਨ ਨੰਬਰ 123, ਟਾਵਰ ਇਨਕਲੇਵ, ਫੇਸ-II, ਜਲੰਧਰ , ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਨੀ, ਉਸਦੀ ਪਤਨੀ ਸੀਮਾ ਅਤੇ ਉਨ੍ਹਾਂ ਦਾ ਬੱਚਾ ਸਮਰ ਮੇਰੇ ਕਹਿਣੇ ਤੋਂ ਬਾਹਰ ਹਨ । ਇਸ ਲਈ ਮੈ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਹਨਾਂ ਨਾਲ ਕੋਈ ਸੰਬੰਧ ਨਹੀਂ ਹੈ। ਇਹਨਾਂ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

## Lost and Found

I,Gurjeet Singh S/O Malwinder Singh R/O H.No.39-B,Gali No.2,Palah Sahib Road,Hargobind Avenue, Ajnala Road,Amritsar inform that old registry of my ownership of 1/3 share property measuring 367.77 sq yards bearing Khasra No.42//22,situated in the area of Rajasansi as per sale deed dt.2.7.2019 registered vide deed No.2019-20/91/1/975.3 previous title document i.e sale deed dt.10.3.2011 registered vide deed No.5409 in favour of Sawinder Singh S/O Gurcharan Singh, Paragat Singh and Palwinder Singh Sons of Pritam Singh has been lost on 02.06.2025. Its Fir is submitted on 04.06.2025 at PS Cantonment, Amritsar. Its G.D No. is 045.

Original Sale deed no: 188/1, dated 18/04/2011 in favour of Sukhdeep Singh alias Sukhdeep Singh Josan S/o Gurnam Singh R/o 120/2, Doordarshan Enclave, Phase-1, P.O. Khurla, Jalandhar, Punjab-144003 respect to property situated at Palam Vihar, Nakodar, Jalandhar, Area 9.50 Marla has been lost against which I have lodged lost information report on 09/06/2025. If any person finds this lost deed or has any objection regarding this, then please contact me on my no. 9999919130. All Please Note.

## ਭਾਰਤੀ ਵਿਕਾਸ ਪ੍ਰੀਸ਼ਦ ਨੇ ਰਾਹਗੀਰਾਂ ਲਈ ਠੰਢੇ ਪਾਣੀ ਦੀ ਟੈਂਕੀ ਰੱਖੀ



**ਬਰੇਟਾ (ਰੀਤਵਾਲ)**-ਅੱਤ ਦੀ ਪੈ ਰਹੀ ਤੇਜ਼ ਧੁੱਪ ਤੇ ਗਰਮੀ ਦੇ ਵਧਦੇ ਜਾ ਰਹੇ ਤਾਪਮਾਨ ਦੇ ਮੱਦੇਨਜ਼ਰ ਸਮਾਜ ਸੇਵੀ ਸੰਸਥਾ ਭਾਰਤੀ ਵਿਕਾਸ ਪ੍ਰੀਸ਼ਦ ਨੇ ਵੀ ਡੀਏਵੀ ਸਕੂਲ ਨੇੜੇ ਠੰਢੇ ਪਾਣੀ ਦੀ ਟੈਂਕੀ ਰਖਵਾ ਕੇ ਆਉਂਦੇ ਜਾਂਦੇ ਰਾਹੀਆਂ ਦੀ ਪਿਆਸ ਬੁਝਾਉਂਦੇ ਹੋਏ ਮਾਨਵਤਾ ਭਲਾਈ ਕਾਰਜਾਂ ਵਿੱਚ ਯੋਗਦਾਨ ਪਾਇਆ। ਇਸ ਸਬੰਧੀ ਵਿਸ਼ੇਸ਼ ਤੌਰ 'ਤੇ ਪਹੁੰਚੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਮਦਨ ਲਾਲ ਸਿੰਗਲਾ ਨੇ ਕਿਹਾ ਕਿ ਬਰੇਟਾ ਮੰਡੀ ਦੀ ਉੱਘੀ ਸਮਾਜ ਸੇਵੀ ਸੰਸਥਾ ਭਾਰਤੀ ਵਿਕਾਸ ਪ੍ਰੀਸ਼ਦ ਦੀ ਅਜਿਹੀ ਸੇਵਾ ਭਾਵਨਾ ਦੀ ਵਧੀਆ ਸੋਚ 'ਤੇ ਬਹੁਤ ਖੁਸ਼ੀ ਮਿਲਦੀ ਹੈ ਤੇ ਮਾਣ ਵੀ ਮਹਿਸੂਸ ਹੁੰਦਾ ਹੈ। ਇਸ ਮੌਕੇ ਭਾਰਤੀ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਘਵੀਰ ਸਿੰਘ ਗੁੱਡੂ, ਸਕੱਤਰ ਜਗਜੀਤ ਸਿੰਘ ਮੰਡੇਰ, ਖਜ਼ਾਨਚੀ ਸੁਰੇਸ਼ ਕੁਮਾਰ ਬੀਮੇ ਵਾਲੇ, ਮੈਂਬਰ ਟੇਕ ਦਾਸ, ਜੀਤ ਸਿੰਘ, ਸੱਤਪਾਲ ਸਿੰਘ, ਸੱਤਪਾਲ ਆਰਕੀਟੈਕਟ, ਜੱਗਾ ਜੈਲਦਾਰ ਆਦਿ ਹਾਜ਼ਰ ਸਨ। ਆਉਂਦੇ ਜਾਂਦੇ ਰਾਹੀਆਂ ਨੇ ਵੀ ਭਾਰਤੀ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਦੀ ਸੇਵਾ ਭਾਵਨਾ ਦੇਖਦੇ ਹੋਏ ਭਰਪੂਰ ਸ਼ਲਾਘਾ ਕੀਤੀ।

## ਜਸਪਾਲ ਸ਼ਰਮਾ ਸ੍ਰੀ ਬ੍ਰਾਹਮਣ ਸਭਾ ਦੇ ਮੁੜ ਪ੍ਰਧਾਨ ਬਣੇ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਮਾਤਾ ਸ੍ਰੀ ਰਾਜੇਸ਼ਵਰੀ ਮੰਦਰ ਨਾਭਾ ਗੇਟ ਸ੍ਰੀ ਬ੍ਰਾਹਮਣ ਸਭਾ ਸੰਗਰੂਰ ਦੇ ਮੁੱਖ ਦਫ਼ਤਰ ਵਿਖੇ ਸ੍ਰੀ ਬ੍ਰਾਹਮਣ ਸਭਾ ਸੰਗਰੂਰ ਦਾ ਜਨਰਲ ਅਜਲਾਸ ਪ੍ਰਧਾਨ ਸ੍ਰੀ ਜਸਪਾਲ ਸ਼ਰਮਾ ਦੀ ਅਗਵਾਈ ਵਿੱਚ ਸੰਪੰਨ ਹੋਇਆ।ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਸੀਨੀਅਰ ਮੀਤ ਪ੍ਰਧਾਨ ਰਵਿੰਦਰ ਸਿੰਘ ਗੁੱਡੂ, ਅਮਰਜੀਤ ਸ਼ਰਮਾ, ਐੱਸ. ਪੀ. ਸ਼ਰਮਾ, ਕੁਲਦੀਪ ਕ੍ਰਿਸ਼ਨ ਰਾਓ, ਗੋਬਿੰਦਰ ਸ਼ਰਮਾ, ਸੰਜੀਵ ਭੂਸ਼ਣ ਸ਼ਰਮਾ, ਦਵਿੰਦਰ ਕੌਸ਼ਲ, ਨਰੇਸ਼ ਸ਼ਰਮਾ ਠੇਕੇਦਾਰ ਮੌਜੂਦ ਸਨ।ਜਨਰਲ ਸਕੱਤਰ ਗੋਬਿੰਦਰ ਸ਼ਰਮਾ ਵੱਲੋਂ ਪਿਛਲੇ ਤਿੰਨ ਸਾਲਾਂ ਵਿੱਚ ਕੀਤੇ ਕੰਮਾਂ ਦੀ ਕਾਰਵਾਈ ਰਿਪੋਰਟ ਪੇਸ਼ ਕੀਤੀ ਗਈ।ਵਿੱਤ ਸਕੱਤਰ ਕੁਲਦੀਪ ਕ੍ਰਿਸ਼ਨ ਰਾਓ ਵੱਲੋਂ ਪਿਛਲੇ ਸਮੇਂ ਦਾ ਲੇਖਾ ਜੋਖਾ ਪੇਸ਼ ਕੀਤਾ, ਜਿਸ ਨੂੰ ਅਜਲਾਸ ਵੱਲੋਂ ਹੱਥ ਖੜ੍ਹੇ ਕਰਕੇ ਪ੍ਰਵਾਨ ਕਰ ਲਿਆ ਗਿਆ। ਪ੍ਰਧਾਨ ਜਸਪਾਲ ਸ਼ਰਮਾ ਨੇ ਸਮੂਹ ਮੈਂਬਰ ਸਾਹਿਬਾਨ ਤੇ ਸ਼ਹਿਰ ਨਿਵਾਸੀਆਂ ਦਾ ਸਹਿਯੋਗ ਦੇਣ ਲਈ ਦਾ ਧੰਨਵਾਦ ਕਰਦਿਆਂ ਆਪਣਾ ਅਹੁਦੇ ਤੋਂ ਅਸਤੀਫ਼ਾ ਦਿੰਦੇ ਹੋਏ ਪਿਛਲੇ ਸਮੇਂ ਤੋਂ ਚੱਲੀ ਆ ਰਹੀ ਟੀਮ ਨੂੰ ਭੰਗ ਕਰ ਦਿੱਤਾ।ਉਪਰੰਤ ਅਮਰਜੀਤ ਸ਼ਰਮਾ ਨੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨਾਲ ਸਲਾਹਮਸ਼ਵਰਾ ਕਰਕੇ ਸਰਵਸੰਮਤੀ ਨਾਲ ਜਸਪਾਲ ਸ਼ਰਮਾ ਨੂੰ ਸਭਾ ਦਾ ਮੁੜ ਅਗਲੇ ਤਿੰਨ ਸਾਲ ਲਈ ਪ੍ਰਧਾਨ ਚੁਣ ਲਿਆ ਗਿਆ ਤੇ ਨਵੀਂ ਕਮੇਟੀ ਬਣਾਉਣ ਦੇ ਅਧਿਕਾਰ ਵੀ ਉਨ੍ਹਾਂ ਨੂੰ ਦਿੱਤੇ ਗਏ।ਇਸ ਮੌਕੇ ਪ੍ਰੀਤਅਮਨ ਸ਼ਰਮਾ, ਦਵਿੰਦਰ ਕੌਸ਼ਲ, ਸਰੂਪ ਚੰਦ ਸ਼ਰਮਾ, ਐਡਵੋਕੇਟ ਸਤਪਾਲ ਸ਼ਰਮਾ, ਅਵਿਨਾਸ਼ ਸ਼ਰਮਾ, ਨਰੇਸ਼ ਸ਼ਰਮਾ ਠੇਕੇਦਾਰ, ਕਸ਼ਮੀਰਾ ਸਿੰਘ ਪਰਾਸ਼ਰ, ਅਰੁਣ ਸ਼ਰਮਾ, ਜਿਤੇਸ਼ ਕਪਿਲ, ਨੀਰਜ ਸ਼ਰਮਾ, ਜਨਕ ਰਾਜ ਸ਼ਰਮਾ, ਭਗਵਾਨ ਦਾਸ ਸ਼ਰਮਾ, ਦਿਨੇਸ਼ ਸ਼ੋਰੀ, ਜਤਿੰਦਰ ਦੇਵ ਸ਼ਰਮਾ, ਰਵਿੰਦਰ ਸ਼ਰਮਾ, ਵਰਿੰਦਰ ਸ਼ਰਮਾ, ਪੰਡਤ ਸਤਪਾਲ ਸ਼ਰਮਾ, ਸੱਜਣ ਸ਼ਰਮਾ, ਡਾ. ਸੰਜੇ ਸ਼ਰਮਾ, ਸ਼ਸ਼ੀ ਭੂਸ਼ਣ ਸ਼ਰਮਾ, ਨਿਰਮਲ ਸਿੰਘ ਕੌਸ਼ਲ ਆਦਿ ਹਾਜ਼ਰ ਸਨ।

## ਹਰਿੰਦਰ ਲੱਖੋਵਾਲ ਨੇ ਰਜਵਾਹਾ ਪੁਲ ਦਾ ਕੀਤਾ ਉਦਘਾਟਨ




**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਨਹਿਰੀ ਵਿਭਾਗ ਵੱਲੋਂ ਨਿਰਮਾਣ ਕੀਤੇ ਏਥੋਂ ਨੇੜਲੇ ਪਿੰਡ ਬਗਲੀ ਕੋਲੋਂ ਲੰਘਦੇ ਸੂਏ ਦੇ ਪੁਲ ਦਾ ਉਦਘਾਟਨ ਕੀਤਾ।ਯੂਨੀਅਨ ਦੇ ਜ਼ਿਲ੍ਹਾ ਲੁਧਿਆਣਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ ਸੂਏ 'ਤੇ ਪੁਲ ਨਾ ਹੋਣ ਕਾਰਨ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਵਾਹੀ ਕਰਨ ਲਈ ਤਿੰਨ ਕਿਲੋਮੀਟਰ ਦਾ ਵਾਧੂ ਸਫ਼ਰ ਤੈਅ ਕਰਨਾ ਪੈਂਦਾ ਸੀ।ਇਸ ਤੋਂ ਇਲਾਵਾ ਸਕੂਲੀ ਬੱਚਿਆਂ ਨੂੰ ਵੀ ਭਾਰੀ ਔਖ ਆ ਰਹੀ ਸੀ।ਇਸ ਸਬੰਧੀ ਨਹਿਰੀ ਮਹਿਕਮੇ ਨਾਲ ਸੰਪਰਕ ਕਰਕੇ ਪੁਲ ਦਾ ਨਿਰਮਾਣ ਕਰਵਾਇਆ ਗਿਆ, ਜਿਸ ਦਾ ਸੋਮਵਾਰ ਯੂਨੀਅਨ ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਵੱਲੋਂ ਉਦਘਾਟਨ ਕੀਤਾ ਗਿਆ।ਇਸ ਮੌਕੇ ਜਥੇਬੰਦੀ ਦੇ ਨੁਮਾਇੰਦਿਆਂ ਪਰਮਿੰਦਰ ਸਿੰਘ ਪਾਲਮਾਜਰਾ ਜਨਰਲ ਸਕੱਤਰ ਪੰਜਾਬ, ਹਰਦੀਪ ਸਿੰਘ ਭਰਥਲਾ ਮੀਤ ਪ੍ਰਧਾਨ ਜ਼ਿਲ੍ਹਾ ਲੁਧਿਆਣਾ, ਬਹਾਦਰ ਸਿੰਘ ਪਪੜੌਦੀ, ਫ਼ੌਜੀ ਮਲਕੀਤ ਸਿੰਘ, ਰਣਜੀਤ ਸਿੰਘ ਨੰਬਰਦਾਰ, ਸੁਰਿੰਦਰ ਸਿੰਘ ਭਰਥਲਾ, ਦਲਜੀਤ ਸਿੰਘ ਉਰਨਾ, ਭਗਵਾਨ ਸਿੰਘ ਰੁਪਾਲੋਂ ਚੇਅਰਮੈਨ, ਡਾ. ਹਰਬੰਸ ਸਿੰਘ ਰੁਪਾਲੋਂ, ਬਲਵੰਤ ਸਿੰਘ ਮੰਜਾਲੀਆਂ ਸਾਬਕਾ ਸਰਪੰਚ ਆਦਿ ਸ਼ਾਮਲ ਸਨ।ਇਸ ਮੌਕੇ ਪਿੰਡ ਬੰਬ ਨਿਵਾਸੀਆਂ ਨੇ ਆਏ ਮਹਿਮਾਨਾਂ ਦੇ ਸਿਰਪਾਓ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਮਨਜੀਤ ਸਿੰਘ ਢੀਂਡਸਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਦੀ ਅਣਥੱਕ ਕੋਸ਼ਿਸ਼ ਸਦਕਾ ਇਸ ਪੁਲ ਦਾ ਕੰਮ ਨੇਪਰੇ ਚਾੜ੍ਹਿਆ ਗਿਆ।ਉਨ੍ਹਾਂ ਅੱਗੇ ਬੀ. ਕੇ. ਯੂ. (ਲੱਖੋਵਾਲ) ਦੇ ਕੰਮ ਕਰਨ ਦੇ ਤਰੀਕਿਆਂ, ਨੀਤੀਆਂ ਤੇ ਪ੍ਰਾਪਤੀਆਂ ਬਾਰੇ ਦੱਸਿਆ ਤੇ ਲੋਕਾਂ ਨੂੰ ਜਥੇਬੰਦਕ ਹੋਣ ਲਈ ਪ੍ਰੇਰਿਆ।ਇਸ ਮੌਕੇ ਉਪਰੋਕਤ ਤੋਂ ਇਲਾਵਾ ਸਰਪੰਚ ਤੀਰਥ ਸਿੰਘ, ਦਲਜੀਤ ਸਿੰਘ ਪੰਚ, ਗੁਰਮੇਲ ਸਿੰਘ ਪੰਚ, ਭਿੰਦਰ ਸਿੰਘ, ਜਸਪ੍ਰੀਤ ਸਿੰਘ, ਦਰਸ਼ਨ ਸਿੰਘ, ਅਮਰੀਕ ਸਿੰਘ, ਇਕਬਾਲ ਸਿੰਘ ਨੰਬਰਦਾਰ, ਪਿਆਰਾ ਸਿੰਘ, ਮੇਜਰ ਸਿੰਘ ਨੰਬਰਦਾਰ, ਸੁਖਪਾਲ ਸਿੰਘ, ਬਲਵੀਰ ਸਿੰਘ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

## ਸੰਵਾਦ ਗਰੁੱਪ ਵੱਲੋਂ ਸਿਵਲ ਹਸਪਤਾਲ ਦੀ ਹਾਲਤ ਸੁਧਾਰਨ ਲਈ ਦਸਤਖ਼ਤ ਮੁਹਿੰਮ ਸ਼ੁਰੂ



**ਨਾਭਾ (ਵਰਿੰਦਰ ਵਰਮਾ)**-ਰਿਆਸਤੀ ਸ਼ਹਿਰ ਨਾਭਾ ਦੇ ਸੰਵਾਦ ਗਰੁੱਪ ਵੱਲੋਂ ਸਥਾਨਕ ਸਰਕਾਰੀ ਸਿਵਲ ਹਸਪਤਾਲ ਵਿੱਚ ਸਿਹਤ ਸੁਵਿਧਾਵਾਂ ਦੀ ਬਿਹਤਰੀ ਦੀ ਮੰਗ ਨੂੰ ਲੈ ਕੇ ਹਲਕੇ ਵਿੱਚ ਦਸਤਖ਼ਤ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਸ ਦੇ ਨਾਲ ਹਸਪਤਾਲ ਦੀ ਨੁਹਾਰ ਬਦਲਣ ਲਈ ਲੋਕਾਂ ਦੀ ਰਾਇ ਵੀ ਲਈ ਜਾ ਰਹੀ ਹੈ।ਸ਼ਹਿਰ ਤੇ ਹਲਕੇ ਦੇ ਵਸਨੀਕਾਂ ਵੱਲੋਂ ਸੰਸਥਾ ਦੀ ਇਸ ਬਹੁਮੁਖੀ ਪਹਿਲ ਦਾ ਸਵਾਗਤ ਕੀਤਾ ਜਾ ਰਿਹਾ ਹੈ।ਸੰਵਾਦ ਗਰੁੱਪ ਦੇ ਸੰਯੋਜਕ ਰਾਜੇਸ਼ ਢੀਂਗਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਹਸਤਾਖ਼ਰ ਮੁਹਿੰਮ ਦੀ ਸ਼ੁਰੂਆਤ ਵਾਹਿਗੁਰੂ ਜੀ ਦਾ ਅਸ਼ੀਰਵਾਦ ਲੈ ਸਥਾਨਕ ਇਤਿਹਾਸਕ ਗੁਰਦਵਾਰਾ ਡੇਰਾ ਬਾਬਾ ਅਜਾਪਾਲ ਸਿੰਘ ਘੋੜਿਆਂ ਵਾਲਾ ਸਾਹਿਬ ਤੋਂ ਕੀਤੀ ਗਈ ਹੈ, ਜਿਸ ਨੂੰ ਹਲਕੇ ਦੇ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਸੰਵਾਦ ਗਰੁੱਪ ਵੱਲੋਂ ਉਦਯੋਗਪਤੀਆਂ ਤੇ ਵੱਡੇ ਘਰਾਣਿਆ ਨਾਲ ਸੰਪਰਕ ਵਾਸਤੇ ਇਕ ਵਿਸ਼ੇਸ਼ ਟੀਮ ਦਾ ਗਠਨ ਵੀ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਮਿਲਣ ਵਾਲੀਆਂ ਸਹੂਲਤਾਂ ਦੇ ਨਾਲ ਹੋਰ ਹੀ ਜਿੰਨੀਆਂ ਵੀ ਸਰਕਾਰੀ ਸਹੂਲਤਾਂ ਲੋਕਾਂ ਨੂੰ ਮਿਲ ਸਕਣ, ਉਸ ਦੇ ਲਈ ਵਿਸ਼ੇਸ਼ ਤੌਰ 'ਤੇ ਰਾਬਤਾ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਸੰਵਾਦ ਗਰੁੱਪ ਦਾ ਗਠਨ 11 ਨਵੰਬਰ 2023 ਵਿੱਚ ਰਾਜੇਸ਼ ਢੀਂਗਰਾ ਦੀ ਅਗਵਾਈ ਵਿੱਚ ਚੋਣਵੇਂ ਪੱਤਰਕਾਰ, ਬੁੱਧੀਜੀਵੀ, ਹਲਕੇ ਦੀਆਂ ਸਨਮਾਨਤ ਹਸਤੀਆਂ ਤੇ ਪ੍ਰਸ਼ਾਸਨਕ ਅਧਿਕਾਰੀਆਂ, ਰਾਜਨੀਤਕ ਸ਼ਖ਼ਸੀਅਤਾਂ ਨੂੰ ਲੈ ਕੇ ਤਿਆਰ ਕੀਤਾ ਗਿਆ ਸੀ।ਇਸ ਗਰੁੱਪ ਦਾ ਮੁੱਖ ਮੰਤਵ ਨਾਭਾ ਸ਼ਹਿਰ ਤੇ ਹਲਕੇ ਦੀਆਂ ਮੁੱਖ ਸਮੱਸਿਆਵਾਂ ਦੇ ਨਾਲ ਨਾਲ ਦਰਪੇਸ਼ ਮੁਸ਼ਕਲਾਂ ਨੂੰ ਸਰਕਾਰ ਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣਾ ਹੈ।ਇਸ ਮੌਕੇ ਸੰਵਾਦ ਗਰੁੱਪ ਦੇ ਸਰਪ੍ਰਸਤ ਐਡਵੋਕੇਟ ਗੀਤ ਇਕਬਾਲ ਸਿੰਘ ਮਝੈਲ ਤੇ ਰਿਟਾਇਰਡ ਪੁਲਸ ਇੰਸਪੈਕਟਰ ਮੋਹਨ ਸਿੰਘ ਨੇ ਦੱਸਿਆ ਕਿ ਸਿਵਲ ਹਸਪਤਾਲ ਵਿੱਚ ਜਿੱਥੇ ਸਟਾਫ ਤੇ ਹੋਰ ਜ਼ਰੂਰੀ ਸਹੂਲਤਾਂ ਜਿਵੇਂ ਈਕੋ, ਐੱਮ ਆਰ ਆਈ, ਸਿਟੀ ਸਕੈਨ ਆਦਿ ਦੀ ਘਾਟ ਕਾਰਨ ਮਰੀਜ਼ਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਹੀ ਸਟਾਫ ਵੀ ਤਣਾਅ ਪੂਰਨ ਹਾਲਾਤਾਂ ਵਿੱਚ ਕੰਮ ਕਰਨ ਲਈ ਮਜਬੂਰ ਹੈ।ਪ੍ਰਬੰਧਕ ਜਗਦੀਸ਼ ਬੱਤਾ ਤੇ ਰਾਜਿੰਦਰ ਸਿੱਧੂ ਨੇ ਦੱਸਿਆ ਕਿ ਇਹ ਹਸਤਾਖ਼ਰ ਮੁਹਿੰਮ ਅਗਲੇ ਕਈ ਦਿਨਾਂ ਤੱਕ ਜਾਰੀ ਰਹੇਗੀ।

## ਇੰਡਸਟਰੀ ਚੈਂਬਰ ਦੇ ਜਨਰਲ ਹਾਊਸ ਦੀ ਮੀਟਿੰਗ 'ਚ ਮੁਸ਼ਕਲਾਂ 'ਤੇ ਚਰਚਾ




**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸੰਗਰੂਰ ਚੈਂਬਰ ਆਫ ਕਾਮਰਸ ਦੀ ਧੂਰੀ ਸ਼ਾਖਾ ਦੇ ਜਨਰਲ ਹਾਊਸ ਦੀ ਇੱਕ ਅਹਿਮ ਮੀਟਿੰਗ ਲੰਘੀ ਰਾਤ ਚੈਂਬਰ ਦੇ ਪ੍ਰਧਾਨ ਦਰਸ਼ਨ ਸਿੰਘ ਧੰਨੋਂ ਵਾਲਿਆਂ ਦੀ ਅਗਵਾਈ ਹੇਠ ਸਥਾਨਕ ਸਪੈਂਗਲ ਸਟੋਨ ਹੋਟਲ ਵਿਖੇ ਹੋਈ।ਇਸ ਮੌਕੇ ਐੱਸ.ਡੀ.ਐੱਮ. ਧੂਰੀ ਰਿਸ਼ਵ ਬਾਂਸਲ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਦਰਜ ਕਰਵਾਈ, ਜਦਕਿ ਇਸ ਮੌਕੇ ਪਾਵਰਕਾਮ ਦੇ ਐਡੀਸ਼ਨਲ ਸੁਪਰਟੈਂਡਿੰਗ ਇੰਜੀਨੀਅਰ ਮਨੋਜ ਗਰਗ ਤੇ ਇੰਦਰਜੀਤ ਸਿੰਘ, ਡੀ.ਐੱਸ.ਪੀ. ਧੂਰੀ ਦਮਨਵੀਰ ਸਿੰਘ ਵੀ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ।ਮੀਟਿੰਗ ਦੀ ਸ਼ੁਰੂਆਤ ਚੈਂਬਰ ਦੇ ਜਨਰਲ ਸਕੱਤਰ ਅੰਮ੍ਰਿਤ ਗਰਗ ਰਿੰਕੂ ਨੇ ਆਏ ਹੋਏ ਸਮੂਹ ਮਹਿਮਾਨਾਂ ਤੇ ਮੈਂਬਰਾਨ ਦਾ ਸਵਾਗਤ ਕਰਕੇ ਕੀਤੀ।ਉਨ੍ਹਾਂ ਇਸ ਮੌਕੇ ਇੰਡਸਟਰੀ ਚੈਂਬਰ ਵੱਲੋਂ ਪ੍ਰਸ਼ਾਸਨ ਨਾਲ ਸਹਿਯੋਗ ਕਰਦਿਆਂ ਅੰਜਾਮ ਦਿੱਤੇ ਜਾਣ ਵਾਲੇ ਸਮਾਜਸੇਵੀ ਕਾਰਜਾਂ ਦੀ ਚਰਚਾ ਵੀ ਕੀਤੀ।ਉਨ੍ਹਾਂ ਇਸ ਦੌਰਾਨ ਇੰਡਸਟਰੀ ਦੇ ਦਰਪੇਸ਼ ਆ ਰਹੀਆਂ ਮੁਸ਼ਕਲਾਂ 'ਤੇ ਚਰਚਾ ਕਰਦਿਆਂ ਕਿਹਾ ਕਿ ਜੇਕਰ ਸੂਬੇ ਨੂੰ ਮੁੜ ਖੁਸ਼ਹਾਲ ਬਣਾਉਣਾ ਹੈ, ਤਾਂ ਇੱਥੋਂ ਦੀ ਇੰਡਸਟਰੀ ਦਾ ਪ੍ਰਫੁਲਤ ਹੋਣਾ ਬੇਹੱਦ ਜ਼ਰੂਰੀ ਹੈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਮੌਜੂਦ ਐੱਸ.ਡੀ.ਐੱਮ. ਰਿਸ਼ਵ ਬਾਂਸਲ ਨੇ ਕਿਹਾ ਕਿ ਇੰਡਸਟਰੀ ਦੀ ਬਿਹਤਰੀ ਲਈ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇੰਡਸਟਰੀ ਦੀਆਂ ਮੁਸ਼ਕਲਾਂ ਦੇ ਹੱਲ ਲਈ ਉਹ ਹਮੇਸ਼ਾ ਤੱਤਪਰ ਹਨ ਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਚੈਂਬਰ ਵੱਲੋਂ ਸਕਿਲਡ ਤੇ ਅਣ-ਸਕਿਲਡ ਨੌਜਵਾਨਾਂ ਨੂੰ ਆਪਣੀ ਇੰਡਸਟਰੀ 'ਚ ਅਡਜਸਟ ਕਰਨ ਦੇ ਦਿੱਤੇ ਭਰੋਸੇ ਲਈ ਵੀ ਚੈਂਬਰ ਦਾ ਧੰਨਵਾਦ ਕੀਤਾ। ਮੀਟਿੰਗ ਤੋਂ ਉਪਰੰਤ ਸਮੂਹ ਮੈਂਬਰਾਨ ਤੇ ਮਹਿਮਾਨਾਂ ਨੇ ਸੰਗੀਤ ਦਾ ਵੀ ਆਨੰਦ ਮਾਣਿਆ।ਮੀਟਿੰਗ ਦੌਰਾਨ ਆਏ ਹੋਏ ਮਹਿਮਾਨਾਂ ਨੂੰ ਚੈਂਬਰ ਵੱਲੋਂ ਸਨਮਾਨ ਚਿੰਨ੍ਹ ਭੇਟ ਵੀ ਭੇਟ ਕੀਤੇ ਗਏ।ਇਸ ਮੌਕੇ ਚੈਂਬਰ ਦੇ ਵਿੱਤ ਸਕੱਤਰ ਸੁਨੀਲ ਕੁਮਾਰ ਬਬਲਾ, ਰਾਜ ਕੁਮਾਰ ਜਿੰਦਲ, ਜੀਵਨ ਜੈਨ, ਸੀ ਏ ਜਗਦੀਸ਼ ਸਿੰਗਲਾ, ਐੱਸ.ਡੀ.ਓ (ਸਿਟੀ) ਗੁਰਦੀਪਇੰਦਰ ਸਿੰਘ, ਐੱਸ.ਡੀ.ਓ. (ਦਿਹਾਤੀ) ਪ੍ਰਵੀਨ ਸਿੰਗਲਾ, ਐੱਸ.ਡੀ.ਓ. (ਭਲਵਾਨ) ਰੋਹਣ ਥਾਪਰ, ਐੱਸ.ਡੀ.ਓ ਮੋਹਨਪ੍ਰੀਤ ਸਿੰਘ, ਰਾਜੇਸ਼ ਗਰਗ ਆਦਿ ਮੌਜੂਦ ਸਨ।

## 'ਇੰਸਪਾਇਰ ਇੰਮੀਗ੍ਰੇਸ਼ਨ' ਦੇ ਦਫ਼ਤਰ ਵਿਖੇ ਧਰਨਾ 17 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਮੀਟਿੰਗ ਪ੍ਰਧਾਨ ਰਾਮਫਲ ਸਿੰਘ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਵਫ਼ਤੇ ਭਾਈਕੇ ਵਿਖੇ ਹੋਈ। ਮੀਟਿੰਗ ਦੌਰਾਨ ਪੰਜਾਬ ਵਿੱਚ ਬੇਰੁਜ਼ਗਾਰੀ ਦੀ ਮਾਰ ਝੱਲ ਰਹੇ ਤੇ ਏਜੰਟਾਂ ਹੱਥੋਂ ਉਜਾੜੇ ਦੇ ਰਾਹ ਤੁਰੇ ਨੌਜਵਾਨਾਂ ਦੇ ਮਸਲੇ 'ਤੇ ਵਿਸ਼ੇਸ਼ ਚਰਚਾ ਕੀਤੀ ਗਈ। ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਸੂਬਾਈ ਪ੍ਰਧਾਨ ਬੂਟਾ ਸਿੰਘ ਮਾਨਸਾ, ਗੁਰਨਾਮ ਸਿੰਘ ਭੀਖੀ, ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਦੇਸ਼ ਭਰ 'ਚ ਡਿਗਰੀਆਂ ਲੈ ਕੇ ਰੁਜ਼ਗਾਰ ਦੀ ਭਾਲ ਵਿੱਚ ਤੁਰੇ ਨੌਜਵਾਨ ਕਿਸੇ ਅਦਾਰੇ ਵਿੱਚ ਕੰਮਕਾਰ ਨਾ ਮਿਲਣ ਦੇਖ ਅਖੀਰ ਵਿਦੇਸ਼ ਜਾ ਕੇ ਪੈਸਾ ਕਮਾਉਣ ਦੀ ਲੋੜ ਵਿੱਚੋਂ ਆਏ ਦਿਨ ਏਜੰਟਾਂ ਦੇ ਜਾਲ ਵਿੱਚ ਫਸ ਰਹੇ ਹਨ। ਸੂਬਾ ਆਗੂ ਗੋਰਾ ਸਿੰਘ ਭੈਣੀਬਾਘਾ, ਗੁਰਜੰਟ ਸਿੰਘ ਮਾਨਸਾ, ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਸਿੰਘ ਅਕਲੀਆ ਤੇ ਬੁਢਲਾਡਾ ਬਲਾਕ ਪ੍ਰਧਾਨ ਅਜੈਬ ਸਿੰਘ ਕੱਟ ਧਰਮੂ ਨੇ ਕਿਹਾ ਕਿ ਉਪਰੋਕਤ ਮਸਲੇ ਦੀ ਤਰ੍ਹਾਂ 'ਇੰਸਪਾਇਰ ਇੰਮੀਗ੍ਰੇਸ਼ਨ' ਵੱਲੋਂ ਮਾਨਸਾ ਜ਼ਿਲ੍ਹੇ ਦੀ ਪੀੜਤ ਧਿਰ ਦਾ ਦਸ ਲੱਖ ਰੁਪਏ ਦੇ ਲੈਣ-ਦੇਣ ਦਾ ਮਸਲਾ ਵੀ ਅੱਜ ਵਿਚਾਰਿਆ ਗਿਆ, ਜਿਸ ਤੇ ਅਗਲੀ ਮੀਟਿੰਗ ਵਿੱਚ ਵਿਚਾਰ ਕੇ ਐਕਸ਼ਨ ਉਲੀਕਿਆ ਜਾਵੇਗਾ।ਹਾਲ ਦੀ ਘੜੀ ਬੂਨੀਰ ਮਾਮਲੇ ਨਾਲ ਸੰਬੰਧਤ ਕਰਜ਼ੇ ਹੇਠ ਫਸੇ ਨੌਜਵਾਨਾਂ ਨੂੰ ਏਜੰਟ ਤੋਂ ਪੈਸਾ ਵਾਪਸ ਕਰਵਾਉਣ ਲਈ 17 ਜੂਨ ਨੂੰ 'ਇੰਸਪਾਇਰ ਇੰਮੀਗ੍ਰੇਸ਼ਨ' ਦੇ ਦਫ਼ਤਰ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਸਮੇਂ ਜਗਤਾਰ ਸਿੰਘ ਸਹਾਰਨਾ, ਕਰਨੈਲ ਸਿੰਘ ਮਾਨਸਾ, ਸੁਖਚਰਨ ਦਾਨੇਵਾਲੀਆ, ਦਰਸ਼ਨ ਮੰਘਾਣੀਆਂ, ਕਪੂਰ ਸਿੰਘ ਪਰੇਮੀ, ਰਾਜੂ ਸਿੰਘ ਸਰਪੰਚ, ਬਲਦੇਵ ਸਿੰਘ ਭੀਖੀ, ਮਨਜੀਤ ਸਿੰਘ ਸੋਢੀ, ਮੱਖਣ ਮਾਨ ਤੋਂ ਇਲਾਵਾ ਜ਼ਿਲ੍ਹੇ ਭਰ ਦੇ ਵਰਕਰ ਹਾਜ਼ਰ ਸਨ।

# 12 ਵਿਭਾਗਾਂ ਤੋਂ ਫੰਡ ਵਾਪਸ ਮੰਗਵਾਉਣ ਕਾਰਨ ਵਿਕਾਸ ਕਾਰਜ ਠੱਪ : ਸੁਖਬੀਰ

**ਲੁਧਿਆਣਾ (ਵੈਬਟਰ ਕਸੂਰੀਆ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਵਿੱਚ ਸਾਰੇ ਵਿਕਾਸ ਕਾਰਜ ਠੱਪ ਹੋ ਕੇ ਰਹਿ ਗਏ ਹਨ, ਕਿਉਂਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪੋ ਆਪਣੇ ਵਿਭਾਗਾਂ ਕੋਲ ਪਏ ਫੰਡ ਤੁਰੰਤ ਸੂਬੇ ਦੇ ਖਜ਼ਾਨੇ ਵਿੱਚ ਜਮ੍ਹਾਂ ਕਰਵਾਉਣ। ਸੂਬੇ ਦੇ ਵੱਖ-ਵੱਖ ਵਿਭਾਗਾਂ ਤੋਂ ਫੰਡ ਵਾਪਸ ਮੰਗਵਾਉਣ ਦੇ ਫੈਸਲੇ ਨੂੰ ਅਣਕਿਆਸਿਆ ਕਰਾਰ ਦਿੰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਨ੍ਹਾਂ 12 ਵਿਭਾਗਾਂ ਵਿੱਚ ਖੇਤੀਬਾੜੀ, ਤਕਨੀਕੀ ਸਿੱਖਿਆ, ਮਾਲ ਵਿਭਾਗ, ਸੂਚਨਾ ਤਕਨਾਲੋਜੀ, ਖੁਰਾਕ ਤੇ ਸਿਵਲ ਸਪਲਾਈ, ਪਸ਼ੂ ਪਾਲਣ ਵਿਭਾਗ, ਜਲ ਸਰੋਤ, ਕਰ ਵਿਭਾਗ, ਲੋਕ ਨਿਰਮਾਣ ਤੇ ਮੰਡੀ ਬੋਰਡ ਸ਼ਾਮਲ ਹਨ।

ਮਾਮਲੇ ਦੇ ਵੇਰਵੇ ਸਾਂਝੇ ਕਰਦਿਆਂ ਸ੍ਰ. ਸੁਖਬੀਰ ਸਿੰਘ ਬਾਦਲ ਨੇ ਦੱਸਿਆ ਕਿ ਆਪ ਸਰਕਾਰ ਨੇ ਹਾਲ ਹੀ ਵਿੱਚ ਓਪਨ ਮਾਰਕੀਟ (ਓ ਐੱਮ ਬੀ) ਲਿਮਟ ਰਾਹੀਂ 47076 ਕਰੋੜ ਰੁਪਏ ਦਾ ਕਰਜ਼ਾ ਚੁੱਕਣ ਦੀ ਕੋਸ਼ਿਸ਼ ਕੀਤੀ ਸੀ, ਪਰ ਕੇਂਦਰ ਸਰਕਾਰ ਨੇ ਸੂਬੇ ਵੱਲੋਂ ਪਿਛਲੇ ਤਿੰਨ ਸਾਲਾਂ ਤੋਂ ਲਏ ਕਰਜ਼ਿਆਂ ਤੇ ਮਾੜੇ ਵਿੱਤੀ ਪ੍ਰਬੰਧਨ ਕਾਰਨ ਇਸ ਕਰਜ਼ੇ ਵਿੱਚ 16676 ਕਰੋੜ ਰੁਪਏ ਦੀ ਕਟੌਤੀ ਕਰ ਦਿੱਤੀ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਖੁਦ ਹੀ ਜ਼ਿਆਦਾ ਖਿਲਾਰਾ ਪਾ ਲਿਆ ਹੈ ਤੇ ਇਸ ਕੋਲ ਕਰਜ਼ੇ ਭਰਨ ਵਾਸਤੇ ਫੰਡ ਨਹੀਂ ਹਨ, ਇਸ ਕਾਰਨ ਇਸ ਨੇ 12 ਵਿਭਾਗਾਂ ਨੂੰ ਪਹਿਲਾਂ ਜਾਰੀ ਕੀਤੇ ਫੰਡ ਵਾਪਸ ਮੰਗਵਾ ਲਏ ਹਨ। ਇਸ ਦਾ ਮਤਲਬ ਇਹ ਹੈ ਕਿ ਸਰਕਾਰ ਵਿਕਾਸ ਕਾਰਜਾਂ ਤੇ ਵੱਖ-ਵੱਖ ਸਕੀਮਾਂ ਲਈ ਰੱਖੇ ਇਨ੍ਹਾਂ ਫੰਡਾਂ ਦੀ ਵਰਤੋਂ ਹੁਣ ਆਪਣੇ ਕਰਜ਼ੇ ਭਰਨ ਵਾਸਤੇ ਕਰੇਗੀ।

ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਆਪ ਸਰਕਾਰ ਨੇ ਪੰਜਾਬ ਨੂੰ ਕੰਗਾਲ ਬਣਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪੰਜਾਬੀਆਂ ਨੂੰ ਇਹ ਦੱਸਣ ਕਿ ਪਿਛਲੇ ਸਾਢੇ ਤਿੰਨ ਸਾਲਾਂ ਵਿੱਚ ਲਏ ਲੱਖ ਕਰੋੜ ਰੁਪਏ ਦੀ ਵਰਤੋਂ ਕਿੱਥੇ ਕੀਤੀ ਹੈ। ਸਰਕਾਰ ਕੋਲ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਨਾਂ 'ਤੇ ਵਿਖਾਉਣ ਲਈ ਕੁਝ ਨਹੀਂ ਹੈ ਤੇ ਨਾ ਹੀ ਇਸ ਨੇ ਕੋਈ ਨਵੀਂ ਸਕੀਮ ਜਾਂ ਪ੍ਰਾਜੈਕਟ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਦੀ ਬਜਾਏ ਇਨ੍ਹਾਂ ਫੰਡਾਂ ਦਾ ਵੱਡਾ ਹਿੱਸਾ ਖੁਰਦ-ਬੁਰਦ ਕੀਤਾ ਗਿਆ ਹੈ ਅਤੇ ਆਪ ਹਾਈ ਕਮਾਂਡ ਨੂੰ ਦਿੱਤਾ ਗਿਆ ਤੇ ਸੈਂਕੜੇ ਕਰੋੜਾਂ ਰੁਪਏ ਹਰ ਸਾਲ ਇਸ਼ਤਿਹਾਰਬਾਜ਼ੀ 'ਤੇ ਖਰਚ ਕੀਤੇ ਜਾ ਰਹੇ ਹਨ।

ਉਨ੍ਹਾ ਇਸ ਘੁਟਾਲੇ ਤੇ ਵਿੱਤੀ ਕੁਪ੍ਰਬੰਧਨ ਦੀ ਕਿਸੇ ਨਿਰਪੱਖ ਏਜੰਸੀ ਤੋਂ ਡੂੰਘਾਈ ਨਾਲ ਜਾਂਚ ਦੀ ਮੰਗ ਕੀਤੀ ਤੇ ਇਹ ਵੀ ਮੰਗ ਕੀਤੀ ਕਿ ਫੰਡ ਵਾਪਸ ਲੈਣ ਲਈ ਕੀਤੀਆਂ ਹਦਾਇਤਾਂ ਵੀ ਵਾਪਸ ਲਈਆਂ ਜਾਣ।

## ਸੰਤ ਜਸਵੀਰ ਸਿੰਘ ਖਾਲਸਾ ਦੀ ਯਾਦ 'ਚ ਖੂਨਦਾਨ ਕੈਂਪ 30 ਨੂੰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸੰਤਖੇਤ ਵਾਸੀ ਸੰਤ ਬਾਬਾ ਜਸਵੀਰ ਸਿੰਘ ਖਾਲਸਾ ਕਾਲਾਮਾਲਾ ਸਾਹਿਬ ਦੀ ਬਰਸੀ ਨੂੰ ਸਮਰਪਿਤ ਵਿਸ਼ਾਲ ਖੂਨਦਾਨ ਕੈਂਪ 30 ਜੂਨ ਨੂੰ ਇਤਿਹਾਸਕ ਗੁਰਦੁਆਰਾ ਸਿੰਘਸਰ ਕਾਲਾਮਾਲਾ ਸਾਹਿਬ ਛਾਪਾ ਵਿਖੇ ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਗੁਰਦੁਆਰਾ ਕਮੇਟੀ, ਗ੍ਰਾਮ ਪੰਚਾਇਤ ਅਤੇ ਯੂਥ ਕਲੱਬਾਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਪ੍ਰਬੰਧਕਾਂ ਕਲੱਬ ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਸਰਪੰਚ ਗੁਰਦੀਪ ਸਿੰਘ ਛਾਪਾ, ਬਲਵਿੰਦਰ ਸਿੰਘ ਵਜੀਦਕੇ, ਸੈਨੀ ਮਾਂਗੇਵਾਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਬਰਨਾਲਾ ਦੀ ਟੀਮ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰੇਗੀ। ਪ੍ਰਬੰਧਕਾਂ ਵੱਲੋਂ ਖੂਨਦਾਨੀਆਂ, ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਨਾਮਵਰ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਯਾਦਗਾਰੀ 26ਵੇਂ ਵਿਸ਼ਾਲ ਖੂਨਦਾਨ ਕੈਂਪ ਦੀਆਂ ਤਿਆਰੀਆਂ ਪੂਰੇ ਜ਼ੋਰਾਂ ਤੇ ਹੀ ਕਲੱਬ ਦੇ ਆਗੂਆਂ ਅਵਤਾਰ ਸਿੰਘ ਅਣਖੀ, ਮੇਘਰਾਜ ਜੋਸ਼ੀ, ਜਗਜੀਰ ਸਿੰਘ ਧਾਲੀਵਾਲ, ਬਲਵੰਤ ਸਿੰਘ ਚੁਹਾਣਕੇ, ਜਗਰਾਜ ਸਿੰਘ ਮੂੰਮ, ਜਗਮੋਹਣ ਸ਼ਾਹ ਰਾਏਸਰ, ਰਮਨਦੀਪ ਸਿੰਘ ਠੁੱਲੀਵਾਲ, ਪ੍ਰਦੀਪ ਸਿੰਘ ਲੋਹਗੜ੍ਹ, ਸੁਖਵੀਰ ਸਿੰਘ ਜਗਦੇ, ਰਾਜਵਿੰਦਰ ਸਿੰਘ ਖਾਲਸਾ ਆਦਿ ਦੀ ਅਗਵਾਈ ਹੇਠ ਵੱਖ ਵੱਖ ਟੀਮਾਂ ਦਾ ਗਠਨ ਕਰਕੇ ਤਿਆਰੀਆਂ ਜਾਰੀ ਹਨ।

## 'ਯੁੱਧ ਨਸ਼ਿਆਂ ਵਿਰੁੱਧ' ਦੇ ਸੌ ਦਿਨ 'ਚ 432 ਨਸ਼ਾ ਤਸਕਰ ਕਾਬੂ ਕੀਤੇ : ਐੱਸ ਐੱਸ ਪੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਡੀਜੀਪੀ ਸ੍ਰੀ ਗੌਰਵ ਯਾਦਵ ਆਈਪੀਐਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫਾਜ਼ਿਲਕਾ ਪੁਲਸ ਵੱਲੋਂ 100 ਦਿਨਾਂ ਦੀ ਇਸ ਮੁਹਿੰਮ ਦੌਰਾਨ ਹੁਣ ਤੱਕ 432 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਇਹ ਜਾਣਕਾਰੀ ਐੱਸ ਐੱਸ ਪੀ ਗੁਰਮੀਤ ਸਿੰਘ ਨੇ ਮੀਡੀਆ ਨਾਲ ਸਾਂਝੀ ਕੀਤੀ।

ਐੱਸ ਐੱਸ ਪੀ ਨੇ ਦੱਸਿਆ ਕਿ 1 ਮਾਰਚ 2025 ਤੋਂ ਲੈ ਕੇ 8 ਜੂਨ 2025 ਤੱਕ ਨਸ਼ਾ ਵੇਚਣ ਵਾਲਿਆਂ ਖਿਲਾਫ਼ ਜ਼ਿਲ੍ਹੇ ਵਿੱਚ 322 ਮੁਕੱਦਮੇ ਦਰਜ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਰੋਕਣ ਲਈ ਵਿੱਢੀ ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਵੱਲੋਂ ਵਿਆਪਕ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਹੁਣ ਤੱਕ ਪਿਛਲੇ 100 ਦਿਨਾਂ ਵਿੱਚ ਭਾਵ ਇਸ ਮੁਹਿੰਮ ਦੇ ਸ਼ੁਰੂ ਹੋਣ ਦੇ ਦਿਨ ਤੋਂ ਲੈ ਕੇ ਹੁਣ ਤੱਕ 13 ਕਿਲੋਗ੍ਰਾਮ 656 ਗਰਾਮ ਹੈਰੋਇਨ, 3 ਕਿੱਲੋ 180 ਗਰਾਮ ਅਫੀਮ, 514 ਕਿੱਲੋ 811 ਗਰਾਮ ਪੋਸਤ, 106536 ਨਸ਼ੀਲੀਆਂ ਗੋਲੀਆਂ ਤੇ 2,45,000 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।ਇਸ ਤੋਂ ਇਲਾਵਾ ਐੱਨ.ਡੀ.ਪੀ.ਐੱਸ. ਐਕਟ ਤੇ ਬੀ.ਐੱਨ.ਐੱਸ. ਤਹਿਤ ਕੁੱਲ ਮਿਲਾ ਕੇ 811377 ਪ੍ਰੇਗਾਬਾਲਿਨ ਕੈਪਸੂਲ ਵੀ ਬ੍ਰਾਮਦ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਇੱਕ ਪਾਸੇ ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ, ਉਥੇ ਹੀ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਮੋੜਨ ਲਈ ਵੀ ਜ਼ਿਲ੍ਹਾ ਪੁਲਸ ਉਪਰਾਲੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਾ ਕੇ ਨਸ਼ੇ ਤੋਂ ਪੀੜਤਾਂ ਨੂੰ ਇਲਾਜ ਲਈ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਐੱਸ ਐੱਸ ਪੀ ਗੁਰਮੀਤ ਸਿੰਘ ਨੇ ਸਖਤ ਸ਼ਬਦਾਂ ਵਿੱਚ ਕਿਹਾ ਕਿ ਨਸ਼ੇ ਵੇਚਣ ਵਾਲਿਆਂ ਲਈ ਇੱਕੋ ਥਾਂ ਜੇਲ੍ਹ ਹੈ।ਜੋ ਕੋਈ ਵੀ ਇਸ ਕਾਲੇ ਕਾਰੋਬਾਰ ਵਿੱਚ ਲੱਗਿਆ ਹੈ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿੱਚ ਕੋਈ ਨਸ਼ਾ ਤਸਕਰੀ ਵਿੱਚ ਸ਼ਾਮਲ ਹੈ ਤਾਂ ਉਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ।ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖਦੇ ਹੋਏ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਪੱਤਰਕਾਰਾਂ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡੀ ਟੀ ਐੱਫ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਤੰਤਰਿਕ ਕਦਰਾਂ ਕੀਮਤਾਂ ਦਾ ਘਾਣ ਕਰਦਿਆਂ ਆਮ ਲੋਕਾਂ ਦੀ ਅਵਾਜ਼ ਬੁਲੰਦ ਕਰਨ ਵਾਲੇ ਵੱਖ-ਵੱਖ ਮੀਡੀਆ ਚੈਨਲਾਂ ਦੇ ਪੱਤਰਕਾਰਾਂ ਨੂੰ ਸਬਕ ਸਿਖਾਉਣ ਲਈ ਸਰਕਾਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ।ਜਥੇਬੰਦੀ ਤੇ ਲੋਕ ਪੱਖੀ ਹਿੱਸਿਆਂ ਵੱਲੋਂ ਸਰਕਾਰੀ ਧੱਕੇਸ਼ਾਹੀ ਬਿਲਕੁੱਲ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਕੀਤਾ।ਬਠਿੰਡਾ ਜ਼ਿਲ੍ਹੇ ਦੇ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਤੇ ਸਕੱਤਰ ਜਸਵਿੰਦਰ ਸਿੰਘ ਨੇ ਕਿਹਾ ਕਿ ਆਪ ਸਰਕਾਰ ਵੱਲੋਂ ਜਮਹੂਰੀਅਤ ਨੂੰ ਛਿੱਕੇ ਟੰਗ ਕੇ ਪੰਜਾਬ ਨੂੰ ਪੁਲਸ ਸਟੇਟ ਬਣਾ ਦਿੱਤਾ ਗਿਆ ਹੈ।ਜਥੇਬੰਦੀ ਦੇ ਮੀਤ ਪ੍ਰਧਾਨ ਵਿਕਾਸ ਗਰਗ, ਸੰਯੁਕਤ ਸਕੱਤਰ ਕੁਲਵਿੰਦਰ ਸਿੰਘ ਵਿਰਕ, ਵਿੱਤ ਸਕੱਤਰ ਅਨਿਲ ਭੱਟ ਤੇ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਨੇ ਪੰਜਾਬ ਸਰਕਾਰ ਦੀ ਬਦਲਾਖੋਰੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਸੀ ਆਈ ਡੀ ਤੇ ਹੋਰ ਖੁਫੀਆ ਏਜੰਸੀਆਂ ਵੱਲੋਂ ਲਾਈਵ ਸੱਚ ਟੀ ਵੀ ਦੇ ਬਖਸ਼ੀਸ਼ ਸਿੰਘ ਅਜ਼ਾਦ, ਲੋਕ ਆਵਾਜ਼ ਦੇ ਮਨਿੰਦਰਜੀਤ ਸਿੰਘ ਸਿੱਧੂ, ਆਰ ਬੀ ਐੱਮ ਦੇ ਜੱਸ ਗਰੇਵਾਲ, ਉੱਘੇ ਵਿਸ਼ਲੇਸ਼ਕ ਮਿੰਟੂ ਗੁਰੂਸਰੀਆ, ਏ ਬੀ ਸੀ ਪੰਜਾਬ ਦੇ ਸੰਦੀਪ ਲਾਧੂਕਾ ਤੇ ਪੰਜਾਬੀ ਨਿਊਜ਼ ਕਾਰਨਰ ਦੇ ਗੁਰਪ੍ਰੀਤ ਸਿੰਘ ਨੂੰ ਆਪਣੇ ਦਫ਼ਤਰ ਬੁਲਾ ਕੇ ਬਿਨਾਂ ਵਜ੍ਹਾ ਖੱਜਲ ਖੁਆਰ ਕੀਤਾ ਗਿਆ ਹੈ। ਅਧਿਆਪਕ ਆਗੂਆਂ ਭੁਪਿੰਦਰ ਮਾਈਸਰਖਾਨਾ, ਭੋਲਾ ਰਾਮ, ਰਾਜਵਿੰਦਰ ਜਲਾਲ, ਬਲਕਰਨ ਸਿੰਘ ਕੋਟ ਸ਼ਮੀਰ, ਬਲਜਿੰਦਰ ਕੌਰ, ਰਣਦੀਪ ਕੌਰ ਖਾਲਸਾ ਤੇ ਅਸ਼ਵਨੀ ਡੱਬਵਾਲੀ ਨੇ ਕਿਹਾ ਕਿ ਲੋਕ ਅਵਾਜ਼ ਦੇ ਪੱਤਰਕਾਰ ਉੱਤੇ ਪਹਿਲਾਂ ਵੀ ਸਿਆਸੀ ਸ਼ਹਿ 'ਤੇ ਝੂਠਾ ਪਰਚਾ ਦਰਜ ਕੀਤਾ ਗਿਆ ਸੀ, ਜਿਸ ਖਿਲਾਫ ਜਨਤਕ ਰੋਹ ਪੈਦਾ ਹੋਣ 'ਤੇ ਵਾਪਸ ਲੈਣਾ ਪਿਆ।

ਡੀ ਟੀ ਐੱਫ ਨੇ ਸੂਬਾ ਸਰਕਾਰ ਨੂੰ ਸੁਚੇਤ ਕਰਦਿਆਂ ਕਿਹਾ ਕਿ ਲੋਕ ਤਾਕਤ ਹੀ ਸਭ ਤੋਂ ਸਿਰਮੌਰ ਹੁੰਦੀ ਹੈ ਤੇ ਕੋਈ ਵੀ ਸਰਕਾਰ ਕਦੇ ਵੀ ਲੋਕਾਂ ਤੋਂ ਵੱਡੀ ਨਹੀਂ ਹੋ ਸਕਦੀ।ਜਥੇਬੰਦੀ ਨੇ ਸੂਬਾ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਭਵਿੱਖ ਵਿੱਚ ਇਨ੍ਹਾਂ ਪੱਤਰਕਾਰਾਂ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਤਾਂ ਇਸ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ।

## ਪੰਜਾਬ ਵਿੱਤੀ ਐਮਰਜੈਂਸੀ ਵੱਲ ਵਧ ਰਿਹੈ, ਮੁੱਖ ਮੰਤਰੀ ਸਥਿਤੀ ਸਪੱਸ਼ਟ ਕਰਨ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)**-ਦੇਸ਼ ਦਾ ਸਭ ਤੋਂ ਖੁਸ਼ਹਾਲ ਸਮਝਿਆ ਜਾਣ ਵਾਲਾ ਰਾਜ ਪੰਜਾਬ ਹੁਣ ਵਿੱਤੀ ਐਮਰਜੈਂਸੀ ਵੱਲ ਵਧ ਰਿਹਾ ਹੈ। ਮੌਜੂਦਾ ਪੰਜਾਬ ਸਰਕਾਰ ਆਪਣਾ ਸਮਾਂ ਪੂਰਾ ਕਰਨ ਲਈ ਨਿੱਤ ਦਿਨ ਕਰਜ਼ਾ ਚੁੱਕ ਰਹੀ ਹੈ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸੂਬਾ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਸੂਬੇ ਦੀ ਵਿੱਤੀ ਸਥਿਤੀ ਬਾਰੇ ਲੋਕਾਂ ਨੂੰ ਸਪੱਸ਼ਟ ਕਰਨ। ਇੱਥੇ ਇਹ ਦੱਸਣਾ ਵੀ ਕੁਥਾਂ ਨਹੀਂ ਹੋਵੇਗਾ ਕਿ ਪੰਜਾਬ ਸਿਰ ਸਰਕਾਰੀ ਅੰਕੜਿਆਂ ਅਨੁਸਾਰ ਹੁਣ ਤੱਕ 3,53,600 ਕਰੋੜ ਰੁਪਏ ਦਾ ਕਰਜ਼ਾ ਹੈ। ਸਮੁੱਚੀ ਅਬਾਦੀ ਅਨੁਸਾਰ ਵਾਚਿਆ ਜਾਵੇ ਤਾਂ ਅੱਜ ਪੰਜਾਬ ਦੇ ਹਰ ਵਿਅਕਤੀ ਸਿਰ 1 ਲੱਖ 12 ਹਜ਼ਾਰ ਰੁਪਏ ਦਾ ਕਰਜ਼ਾ ਹੈ ਤੇ ਇਹ ਕਰਜ਼ਾ ਲਗਾਤਾਰ ਵਧ ਰਿਹਾ ਹੈ। ਸੂਬਾ ਸਕੱਤਰ ਨੇ ਕਿਹਾ ਕਿ ਮਾੜੀ ਆਰਥਿਕ ਹਾਲਤ ਕਾਰਨ ਹੀ ਰਾਜ ਸਰਕਾਰ ਆਪਣੇ ਵਾਅਦੇ ਪੂਰੇ ਨਹੀਂ ਕਰ ਸਕੀ। ਔਰਤਾਂ ਨੂੰ ਹਰ ਮਹੀਨੇ ਇੱਕ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਕੀਤਾ ਸੀ, ਪਰ ਹੁਣ 42 ਮਹੀਨੇ ਪੂਰੇ ਹੋਣ ਸਦਕਾ ਹਰ ਔਰਤ ਨੂੰ 42 ਹਜ਼ਾਰ ਰੁਪਏ ਦੇਣੇ ਬਣਦੇ ਹਨ। ਕਰਜ਼ੇ ਦੇ ਸਹਾਰੇ ਚੱਲਣ ਵਾਲੀ ਸਰਕਾਰ ਤੋਂ ਕੀ ਇਹ ਆਸ ਰੱਖੀ ਜਾ ਸਕਦੀ ਹੈ ? ਉਨ੍ਹਾਂ ਕਿਹਾ ਕਿ ਕਈ ਪਿੰਡਾਂ ਦੀ 24311 ਏਕੜ ਇਕੁਆਇਰ ਕਰਨ ਵਾਲਾ ਪ੍ਰੋਜੈਕਟ ਵੀ ਸੰਸਾਰ ਬੈਂਕ ਤੋਂ ਕਰਜ਼ਾ ਲੈਣ ਦੀ ਨੀਅਤ ਨਾਲ ਹੀ ਸ਼ੁਰੂ ਕੀਤਾ ਜਾ ਰਿਹਾ ਹੈ, ਤਾਂ ਜੋ ਉਸ ਕਰਜ਼ੇ ਦੀ ਰਕਮ ਨਾਲ ਵਾਅਦੇ ਪੂਰੇ ਕਰਕੇ ਅਗਲੀਆਂ ਪੰਜਾਬ ਚੋਣਾਂ ਲਈ ਲੋਕਾਂ ਨੂੰ ਗੁੰਮਰਾਹ ਕਰਕੇ ਵੋਟਾਂ ਹਾਸਲ ਕੀਤੀਆਂ ਜਾ ਸਕਣ। ਕਾ: ਸੇਖੋਂ ਨੇ ਕਿਹਾ ਕਿ ਸਰਕਾਰਾਂ ਕੇਵਲ ਕਰਜ਼ੇ ਨਾਲ ਨਹੀਂ ਚਲਾਈਆਂ ਜਾ ਸਕਦੀਆਂ। ਮੁੱਖ ਮੰਤਰੀ ਹਮੇਸ਼ਾ ਬਿਆਨ ਦਿੰਦੇ ਰਹਿੰਦੇ ਹਨ ਕਿ ਪੈਸੇ ਦੀ ਕੋਈ ਕਮੀ ਨਹੀਂ ਹੈ, ਇਸ ਲਈ ਉਹ ਖਜ਼ਾਨੇ ਦੀ ਹਾਲਤ ਸਪੱਸ਼ਟ ਕਰ ਕੇ ਲੋਕਾਂ ਦੀ ਦੁਬਿਧਾ ਦੂਰ ਕਰਨ।

## ਪੰਜਾਬੀ ਯੂਨੀਵਰਸਿਟੀ ਨੇ ਭਾਈ ਵੀਰ ਸਿੰਘ ਨੂੰ ਬਰਸੀ ਮੌਕੇ ਕੀਤਾ ਯਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵੱਲੋਂ ਭਾਈ ਵੀਰ ਸਿੰਘ ਜੀ ਨੂੰ ਉਨ੍ਹਾਂ ਦੀ ਬਰਸੀ ਮੌਕੇ ਯਾਦ ਕੀਤਾ ਗਿਆ। ਡਾ. ਪਰਮਵੀਰ ਸਿੰਘ ਨੇ ਡਾ. ਕੁਲਵਿੰਦਰ ਸਿੰਘ ਦੇ ਸਹਿਯੋਗ ਨਾਲ ਤਿਆਰ ਕੀਤੀ ਪੁਸਤਕ 'ਭਾਈ ਵੀਰ ਸਿੰਘ ਜੀ : ਅਪ੍ਰਕਾਸ਼ਿਤ ਪੱਤਰ' ਵਾਈਸ-ਚਾਂਸਲਰ ਡਾ. ਜਗਦੀਪ ਸਿੰਘ ਨੂੰ ਭੇਟ ਕੀਤੀ। ਇਸ ਮੁਲਾਕਾਤ ਦੌਰਾਨ ਭਾਈ ਵੀਰ ਸਿੰਘ ਦੇ ਚਿੰਤਨ ਦੇ ਹਵਾਲੇ ਨਾਲ ਚਰਚਾ ਕੀਤੀ ਗਈ।

ਵਾਈਸ-ਚਾਂਸਲਰ ਡਾ. ਜਗਦੀਪ ਸਿੰਘ ਨੇ ਇਸ ਮੌਕੇ ਕਿਹਾ ਕਿ ਪੰਜਾਬ ਦੀ ਵਿਰਾਸਤ ਤੇ ਪ੍ਰੰਪਰਾ ਨੂੰ ਦ੍ਰਿੜਤਾ ਪੂਰਵਕ ਅੱਗੇ ਲਿਜਾਣ ਵਿੱਚ ਭਾਈ ਵੀਰ ਸਿੰਘ ਜੀ ਦਾ ਵਿਸ਼ੇਸ਼ ਯੋਗਦਾਨ ਹੈ। ਉਨ੍ਹਾਂ ਕਿਹਾ ਪੰਜਾਬੀ ਯੂਨੀਵਰਸਿਟੀ ਨੂੰ ਇਸ ਗੱਲ ਦਾ ਮਾਣ ਹੈ ਕਿ ਯੂਨੀਵਰਸਿਟੀ ਵੱਲੋਂ ਭਾਈ ਵੀਰ ਸਿੰਘ ਸੰਬੰਧੀ ਕਈ ਬਹੁਤ ਸਾਰੇ ਖੋਜ-ਕਾਰਜ ਕਰਾਏ ਤੇ ਪ੍ਰਕਾਸ਼ਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਭਾਈ ਵੀਰ ਸਿੰਘ ਪੰਜਾਬੀ ਅਤੇ ਸਿੱਖ ਜਗਤ ਦੀ ਵਿਦਵਾਨ ਸ਼ਖ਼ਸੀਅਤ ਸਨ।

ਡਾ. ਪਰਮਵੀਰ ਸਿੰਘ ਨੇ ਦੱਸਿਆ ਕਿ ਭਾਈ ਵੀਰ ਸਿੰਘ ਦਾ ਸਬੰਧ ਦੀਵਾਨ ਕੌੜਾ ਮੱਲ ਨਾਲ ਜੁੜਦਾ ਹੈ। ਉਨ੍ਹਾਂ ਦੇ ਨਾਨਾ ਗਿਆਨੀ ਹਜ਼ਾਰਾ ਸਿੰਘ ਤੇ ਪਿਤਾ ਡਾ. ਚਰਨ ਸਿੰਘ ਨੇ ਸਿੱਖ ਅਧਿਐਨ ਦੇ ਖੇਤਰ ਵਿੱਚ ਮਹੱਤਵਪੂਰਨ ਕਾਰਜ ਕੀਤੇ ਸਨ। ਆਪਣੇ ਪੁਰਖਿਆਂ ਦੀ ਵਿਰਾਸਤ ਨੂੰ ਭਾਈ ਵੀਰ ਸਿੰਘ ਨੇ ਅੱਗੇ ਲਿਜਾਣ ਲਈ ਵੱਡੇ ਕਾਰਜ ਕੀਤੇ ਹਨ, ਜਿਨ੍ਹਾਂ ਵਿੱਚ 'ਗੁਰੂ ਨਾਨਕ ਚਮਤਕਾਰ', 'ਅਸ਼ਟ ਗੁਰ ਚਮਤਕਾਰ', 'ਸ੍ਰੀ ਗੁਰ ਕਲਗੀਧਰ ਚਮਤਕਾਰ' ਆਦਿ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਭਾਈ ਵੀਰ ਸਿੰਘ ਨੇ ਸਿੱਖ ਧਰਮ ਦੇ ਮਹੱਤਵਪੂਰਨ ਗ੍ਰੰਥਾਂ ਦੀ ਸੰਪਾਦਨਾ ਦਾ ਕਾਰਜ ਵੀ ਕੀਤਾ ਸੀ, ਜਿਨ੍ਹਾਂ ਵਿੱਚ ਸਿੱਖਾਂ ਦੀ ਭਗਤ ਮਾਲਾ, ਪ੍ਰਾਚੀਨ ਪੰਥ ਪ੍ਰਕਾਸ਼, ਪੁਰਾਤਨ ਜਨਮ ਸਾਖੀ, ਮਾਲਵਾ ਦੇਸ਼ ਰਟਨ ਦੀ ਸਾਖੀ ਪੋਥੀ, ਆਦਿ ਸ਼ਾਮਲ ਹਨ। ਲਗਪਗ ਸੱਤ ਹਜ਼ਾਰ ਪੰਨਿਆਂ ਵਾਲੇ ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ ਦਾ ਸੰਪਾਦਨ-ਕਾਰਜ ਵੀ ਇਨ੍ਹਾਂ ਨੇ ਹੀ ਦਸ ਸਾਲ ਦੀ ਮਿਹਨਤ ਨਾਲ ਸੰਪੂਰਨ ਕੀਤਾ ਸੀ। ਇਸੇ ਤਰ੍ਹਾਂ ਪੰਜਾਬੀ ਕਾਵਿ ਤੇ ਨਾਵਲ ਦੇ ਖੇਤਰ ਵਿਚ ਇਨ੍ਹਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ ਹੈ। ਇਸ ਚਰਚਾ ਦੌਰਾਨ ਡਾ. ਸੁਖਵਿੰਦਰ ਸਿੰਘ, ਡਾ. ਦਲਜੀਤ ਸਿੰਘ ਅਤੇ ਡਾ. ਸੰਦੀਪ ਕੌਰ ਹਾਜ਼ਰ ਰਹੇ।

## ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਕੈਂਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸਿਵਲ ਸਰਜਨ ਫਾਜ਼ਿਲਕਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੀਨੀਅਰ ਮੈਡੀਕਲ ਅਫਸਰ ਸੀ ਐੱਚ ਸੀ ਡੱਬਵਾਲਾ ਕਲਾਂ ਡਾਕਟਰ ਪੰਕਜ ਚੌਹਾਨ ਦੀ ਯੋਗ ਅਗਵਾਈ ਹੇਠ ਤੇ ਵਿਜੇ ਕੁਮਾਰ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਦੀ ਨਿਗਰਾਨੀ ਹੇਠ ਪਿੰਡ ਸਲੇਮਸ਼ਾਹ ਵਿੱਚ ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਕੈਂਪ ਲਗਾਇਆ ਗਿਆ।ਮਲੇਰੀਆ ਬੁਖ਼ਾਰ ਦੇ ਲੱਛਣ ਇਲਾਜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਵਿੱਕੀ ਮਲਟੀਪਰਪਜ਼ ਹੈਲਥ ਵਰਕਰ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੋਈ ਵੀ ਬੁਖ਼ਾਰ ਮਲੇਰੀਆ ਹੋ ਸਕਦਾ ਹੈ।ਮਲੇਰੀਆ ਬੁਖਾਰ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕਰਵਾ ਸਕਦਾ ਹੈ।ਇਸ ਦੌਰਾਨ ਬੁਖਾਰ ਦੇ ਸ਼ੱਕੀ ਮਰੀਜ਼ਾਂ ਦੇ ਮਲੇਰੀਆ ਆਰ ਡੀ ਸੀ ਟੈਸਟ ਕੀਤੇ ਗਏ।ਉਨ੍ਹਾਂ ਕਿਹਾ ਕਿ ਆਪਣੇ ਘਰ ਦੇ ਆਲੇ ਦੁਆਲੇ ਦੀ ਸਫਾਈ ਰੋਜ਼ਾਨਾ ਕੀਤੀ ਜਾਵੇ ਤੇ ਕਿਸੇ ਵੀ ਤਰ੍ਹਾਂ ਦਾ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਉਥੇ ਹਮੇਸ਼ਾ ਮੱਛਰਾਂ ਦੇ ਪੈਦਾ ਹੋਣ ਦਾ ਕਾਰਨ ਬਣਦਾ ਹੈ।ਘਰ ਵਿੱਚ ਕੂਲਰਾਂ, ਗਮਲਿਆਂ ਆਦਿ ਦੀ ਹਫਤੇ ਵਿੱਚ ਇੱਕ ਵਾਰ ਸਫਾਈ ਜ਼ਰੂਰ ਕੀਤੀ ਜਾਵੇ।ਪਾਣੀ ਵਾਲੇ ਬਰਤਨਾਂ ਨੂੰ ਹਮੇਸ਼ਾ ਢੱਕ ਕੇ ਰੱਖਿਆ ਜਾਵੇ ਤੇ ਇਨ੍ਹਾਂ ਦੀ ਹਫਤੇ ਵਿੱਚ ਇਕ ਦਿਨ ਸਫਾਈ ਕੀਤੀ ਜਾਵੇ।ਇਸ ਦੌਰਾਨ ਜਸਕਰਨ ਸਿੰਘ ਸੀ ਐੱਚ ਓ, ਮਨਜੀਤ ਕੌਰ ਏ ਐੱਨ ਐੱਮ, ਕ੍ਰਿਸ਼ਨਾ ਰਾਣੀ ਤੇ ਪਰਮਜੀਤ ਕੌਰ ਆਸ਼ਾ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

### ਕਾਂਗਰਸੀ ਆਗੂਆਂ ਦੀ ਮਿਹਨਤ ਰੰਗ ਲਿਆਈ

## ਹੁਸੈਨੀਵਾਲਾ ਯਾਦਗਾਰ ਦੀ ਸੁੰਦਰਤਾ ਲਈ ਕੇਂਦਰ ਵੱਲੋਂ 25 ਕਰੋੜ ਦੀ ਗਰਾਂਟ ਜਾਰੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਸ਼ ਨੂੰ ਆਜ਼ਾਦ ਕਰਾਉਣ ਦੇ ਲਈ ਹੱਸਦੇ ਹੱਸਦੇ ਫਾਂਸੀ 'ਤੇ ਚੜ੍ਹਨ ਵਾਲੇ ਸ਼ਹੀਦਾਂ ਦੀ ਹੁਸੈਨੀਵਾਲਾ ਵਿਖੇ ਯਾਦਗਾਰ ਨੂੰ ਖੂਬਸੂਰਤ ਬਣਾਉਣ ਲਈ ਕੇਂਦਰ ਸਰਕਾਰ ਵੱਲੋਂ 25 ਕਰੋੜ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਹੈ। ਕਾਂਗਰਸੀ ਆਗੂਆਂ ਵੱਲੋਂ ਸਮੇਂ ਸਮੇਂ 'ਤੇ ਕੀਤੀ ਗਈ ਮਿਹਨਤ ਸਦਕਾ ਹੀ ਕੇਂਦਰ ਸਰਕਾਰ ਵੱਲੋਂ ਇਸ 25 ਕਰੋੜ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਫਿਰੋਜ਼ਪੁਰ, ਫਾਜ਼ਿਲਕਾ, ਅਬੋਹਰ, ਜਲਾਲਾਬਾਦ, ਗੁਰੂਹਰਸਹਾਏ, ਮੁਕਤਸਰ, ਮਲੋਟ ਆਦਿ ਦੇ ਕਾਂਗਰਸੀ ਆਗੂਆਂ ਨੇ ਦੱਸਿਆ ਕਿ ਅੱਜ ਅਸੀਂ ਜੋ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਇਨ੍ਹਾਂ ਦੇ ਪਿੱਛੇ ਸ਼ਹੀਦਾਂ ਵੱਲੋਂ ਦਿੱਤੀ ਗਈ ਸ਼ਹਾਦਤ ਹੀ ਹੈ ਤੇ ਫਿਰੋਜ਼ਪੁਰ ਦੇ ਹੁਸੈਨੀਵਾਲਾ ਵਾਲਾ ਵਿਖੇ ਸ਼ਹੀਦਾਂ ਦੀ ਯਾਦਗਾਰ ਬਣੀ ਹੋਈ ਹੈ ਤੇ ਦੇਸ਼ ਵਿਦੇਸ਼ ਤੋਂ ਲੋਕ ਸਮੇਂ ਸਮੇਂ ਤੇ ਆ ਕੇ ਹੁਸੈਨੀਵਾਲਾ ਵਿਖੇ ਸ਼ਹੀਦਾਂ ਦੀ ਸ਼ਹਾਦਤ ਨੂੰ ਨਮਨ, ਸਲਾਮ ਕਰਦੇ ਹਨ ਤੇ ਉਨ੍ਹਾਂ ਦੀ ਸ਼ਹਾਦਤ ਤੋਂ ਹਮੇਸ਼ਾ ਹੀ ਪ੍ਰੇਰਣਾ ਲੈਂਦੇ ਰਹੇ ਹਨ। ਗੁਰਭੇਜ ਸਿੰਘ ਟਿੱਬੀ ਨੇ ਦੱਸਿਆ ਕਿ ਹੁਸੈਨੀਵਾਲਾ ਵਿਖੇ ਸ਼ਹੀਦਾਂ ਦੀ ਇਸ ਯਾਦਗਾਰ 'ਤੇ ਕਈ ਤਰ੍ਹਾਂ ਦੀਆਂ ਕਮੀਆਂ ਹੋਣ ਸਬੰਧੀ ਪਤਾ ਲੱਗਣ 'ਤੇ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਲੋਕ ਸਭਾ ਮੈਂਬਰ ਸ਼ੇਰ ਸਿੰਘ ਘੁਬਾਇਆ ਤੇ ਸੀਨੀਅਰ ਕਾਂਗਰਸੀ ਆਗੂ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਵੱਲੋਂ ਸਮੇਂ-ਸਮੇਂ ਕੇਂਦਰ ਸਰਕਾਰ ਨੂੰ ਇਨ੍ਹਾਂ ਕਮੀਆਂ ਨੂੰ ਦੂਰ ਕਰਨ ਲਈ ਅਪੀਲ ਕੀਤੀ ਗਈ ਅਤੇ ਹੁਣ ਕੇਂਦਰ ਸਰਕਾਰ ਵੱਲੋਂ ਸ਼ਹੀਦਾਂ ਦੀ ਇਸ ਯਾਦਗਾਰ ਨੂੰ ਖੂਬਸੂਰਤ ਬਣਾਉਣ ਲਈ 25 ਕਰੋੜ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਹ ਗਰਾਂਟ ਜਾਰੀ ਹੋਣ ਤੋਂ ਬਾਅਦ ਹੁਸੈਨੀਵਾਲਾ ਵਿਖੇ ਸ਼ਹੀਦਾਂ ਦੀ ਸ਼ਹਾਦਤ ਨੂੰ ਨਮਨ ਕਰਨ ਆਏ ਲੋਕਾਂ ਨੂੰ ਚੰਗੀਆਂ ਸੁਵਿਧਾਵਾਂ ਮਿਲ ਸਕਣਗੀਆਂ।

ਉਕਤ ਕਾਂਗਰਸੀ ਆਗੂਆਂ ਨੇ ਕੇਂਦਰ ਵੱਲੋਂ ਜਾਰੀ ਕੀਤੀ ਗਈ ਇਸ 25 ਕਰੋੜ ਦੀ ਗ੍ਰਾਂਟ ਦੇ ਲਈ ਲੋਕ ਸਭਾ ਹਲਕਾ ਫਿਰੋਜ਼ਪੁਰ ਤੋਂ ਲੋਕ ਸਭਾ ਮੈਂਬਰ ਸ਼ੇਰ ਸਿੰਘ ਘੁਬਾਇਆ ਤੇ ਸੀਨੀਅਰ ਕਾਂਗਰਸੀ ਆਗੂ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਵੱਲੋਂ ਕੀਤੀਆਂ ਗਈਆਂ ਕੋਸ਼ਿਸ਼ਾਂ ਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

## ਸ਼ਹੀਦ ਭਾਈ ਮਨੀ ਸਿੰਘ ਸੁਸਾਇਟੀ ਵੱਲੋਂ ਅਮਨਦੀਪ ਕੌਰ ਸਨਮਾਨਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸ਼ਹੀਦ ਭਾਈ ਮਨੀ ਸਿੰਘ ਬਾਜ਼ੀਗਰ ਸਿੱਖ ਸੋਸ਼ਲ ਸੋਸਾਇਟੀ ਸ੍ਰੀ ਮੁਕਤਸਰ ਸਾਹਿਬ ਦੇ ਕਾਰਜਕਾਰੀ ਪ੍ਰਧਾਨ ਗੁਰਮੇਲ ਸਿੰਘ ਸੂਰੇਵਾਲਾ ਦੀ ਅਗਵਾਈ ਹੇਠ ਗਿੱਦੜਬਾਹਾ ਹਲਕੇ ਦੇ ਪਿੰਡ ਮਧੀਰ ਦੇ ਬਲਵਿੰਦਰ ਸਿੰਘ ਦੀ ਬੇਟੀ ਅਮਨਦੀਪ ਕੌਰ ਨੂੰ ਏ.ਐੱਨ.ਐੱਮ. 'ਚੋਂ ਦੂਸਰਾ ਸਥਾਨ ਹਾਸਲ ਕਰਨ 'ਤੇ ਸਨਮਾਨਤ ਕੀਤਾ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਮੇਲ ਸਿੰਘ ਸੂਰੇਵਾਲਾ ਨੇ ਦੱਸਿਆ ਕਿ ਅਮਨਦੀਪ ਕੌਰ ਨੇ ਏ.ਐੱਨ.ਐੱਮ. ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਤੇ ਪਿੰਡ ਦਾ ਨਾਂਅ ਰੋਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਤਰ੍ਹਾਂ ਦੇ ਵਿਦਿਆਰਥੀਆਂ ਨੂੰ ਸਨਮਾਨਤ ਕਰਕੇ ਉਨ੍ਹਾਂ ਦਾ ਹੌਸਲਾ ਅਫ਼ਜ਼ਾਈ ਕਰਨ ਦੀ ਲੋੜ ਹੈ ਤਾਂ ਜੋ ਇਨ੍ਹਾਂ ਨੂੰ ਦੇਖ ਕੇ ਹੋਰ ਬੱਚੇ ਵੀ ਪੜ੍ਹਾਈ ਵੱਲ ਧਿਆਨ ਦੇਣ।ਇਸ ਮੌਕੇ ਗਿੱਦੜਬਾਹਾ ਬਲਾਕ ਪ੍ਰਧਾਨ ਅਵਤਾਰ ਸਿੰਘ, ਮਲੋਟ ਬਲਾਕ ਦੇ ਉੱਪ ਪ੍ਰਧਾਨ ਗੁਰਜੰਟ ਸਿੰਘ ਸੂਰੇਵਾਲਾ, ਗੁਰਮੀਤ ਸਿੰਘ ਦੋਦਾ, ਸੀਨੀਅਰ ਸਲਾਹਕਾਰ ਅਮਰਜੀਤ ਸਿੰਘ ਲੁਹਾਰਾ, ਸੀਨੀਅਰ ਸਲਾਹਕਾਰ ਬਲਾਕ ਦੋਦਾ ਨਿੰਦਰ ਸਿੰਘ ਮਧੀਰ, ਉਪ ਪ੍ਰਧਾਨ ਜਸਵਿੰਦਰ ਸਿੰਘ ਧਰਮਸੋਤ, ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਗੁਰਜੰਟ ਸਿੰਘ ਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

## ਸਿੱਧੀ ਭਰਤੀ ਅਧਿਆਪਕ ਯੂਨੀਅਨ ਵੱਲੋਂ ਡੀ ਟੀ ਐੱਫ਼ ਦੇ ਲੁਧਿਆਣਾ ਰੋਸ ਮਾਰਚ ਦਾ ਸਮਰਥਨ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਪੰਜਾਬ ਦੇ ਨਾਦਰਸ਼ਾਹੀ ਫੁਰਮਾਨਾਂ ਦਾ ਵਿਰੋਧ ਕਰਦਿਆਂ ਤੇ ਆਪਣੀਆਂ ਜਾਇਜ਼ ਮੰਗਾਂ ਦੀ ਪੂਰਤੀ ਨਾ ਕਰਨ ਵਿਰੁੱਧ ਸਿੱਧੀ ਭਰਤੀ ਅਧਿਆਪਕ ਯੂਨੀਅਨ ਪੰਜਾਬ ਦੇ ਆਗੂਆਂ ਦੀ ਇੱਕ ਮੀਟਿੰਗ ਮਾਨਸਾ ਵਿਖੇ ਹੋਈ।ਇਸ ਮੀਟਿੰਗ ਵਿੱਚ ਸਾਲ 2020 ਤੇ ਸਾਲ 2022 ਦੌਰਾਨ ਸਿੱਖਿਆ ਵਿਭਾਗ ਪੰਜਾਬ ਵੱਲੋਂ ਕੱਢੀਆਂ ਗਈਆਂ ਦੋ ਵੱਡੀਆਂ ਭਰਤੀਆਂ, ਜਿਸ ਵਿੱਚ ਸਾਲ 2020 ਵਿੱਚ 573 ਪੋਸਟਾਂ, ਜਿਨ੍ਹਾਂ 'ਚ ਪ੍ਰਿੰਸੀਪਲ, ਹੈੱਡ ਮਾਸਟਰ ਤੇ ਬੀ ਪੀ ਈ ਓ ਦੀਆਂ ਅਸਾਮੀਆਂ ਸਨ ਅਤੇ ਸਾਲ 2022 ਵਿੱਚ 119 ਪ੍ਰਿੰਸੀਪਲ ਦੀ ਭਰਤੀ ਲਈ ਇੱਕ ਟੈਸਟ ਲਿਆ ਗਿਆ ਸੀ।ਇਹ ਟੈਸਟ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਪਟਿਆਲਾ ਵੱਲੋਂ ਲਿਆ ਗਿਆ ਸੀ।ਇਨ੍ਹਾਂ ਭਰਤੀਆਂ ਦਾ ਨਤੀਜਾ ਜਾਰੀ ਹੋਣ ਤੋਂ ਕੁੱਝ ਸਮਾਂ ਪਹਿਲਾਂ ਦੋਵੇਂ ਭਰਤੀਆਂ 'ਤੇ ਮਾਨਯੋਗ ਹਾਈਕੋਰਟ ਵਿੱਚ ਸਟੇਅ ਲਗਾ ਦਿੱਤੀ ਗਈ।ਉਸ ਦਿਨ ਤੋਂ ਲੈ ਕੇ ਅੱਜ ਤੱਕ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਇਨ੍ਹਾਂ ਭਰਤੀਆਂ ਨੂੰ ਪੂਰਾ ਕਰਨ ਲਈ ਕੋਈ ਖਾਸ ਕੋਸ਼ਿਸ਼ ਨਹੀਂ ਕੀਤੀ, ਜਿਸ ਦੇ ਨਤੀਜੇ ਵਜੋਂ ਅੱਜ ਵੀ ਇਹ ਭਰਤੀਆਂ ਕੋਰਟ ਵਿੱਚ ਸੁਣਵਾਈ ਅਧੀਨ ਹੀ ਹਨ।ਸਰਕਾਰ ਦੀ ਇਸ ਨਲਾਇਕੀ ਨੂੰ ਉਜਾਗਰ ਕਰਦਿਆਂ ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਨੇ ਸਿੱਖਿਆ ਮੰਤਰੀ ਪੰਜਾਬ, ਸਿੱਖਿਆ ਸਕੱਤਰ ਸਿੱਖਿਆ ਵਿਭਾਗ ਤੇ ਹੋਰ ਅਧਿਕਾਰੀਆਂ ਨੂੰ ਸਮੇਂ ਸਮੇਂ 'ਤੇ ਮੰਗ ਪੱਤਰ ਦਿੱਤੇ ਤੇ ਆਪਣੇ ਵੱਲੋਂ ਕਰੀਬ 40 ਲੱਖ ਰੁਪਇਆ ਖਰਚ ਕਰਕੇ ਵਕੀਲਾਂ ਦੀ ਫੌਜ ਸਿੱਖਿਆ ਵਿਭਾਗ ਦੀ ਮਦਦ ਲਈ ਖੜੀ ਕੀਤੀ ਗਈ, ਪ੍ਰੰਤੂ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਇਨ੍ਹਾਂ ਅਧਿਆਪਕਾਂ ਦੀ ਕੋਈ ਸਾਰ ਨਹੀਂ ਲਈ ਜਾ ਰਹੀ।ਇਸ ਤੋਂ ਤੰਗ ਆ ਕੇ ਆਉਂਦੀ 11 ਜੂਨ ਨੂੰ ਇਹ ਅਧਿਆਪਕ ਵੱਡੀ ਗਿਣਤੀ ਵਿੱਚ ਲੁਧਿਆਣਾ ਵਿਖੇ ਹੋ ਰਹੀ ਡੀਟੀਐੱਫ ਜਥੇਬੰਦੀ ਦੀ ਰੋਸ ਰੈਲੀ 'ਚ ਸ਼ਮੂਲੀਅਤ ਕਰਕੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਪੰਜਾਬ ਦਾ ਪਿੱਟ ਸਿਆਪਾ ਕਰਨਗੇ।ਇਹ ਜਾਣਕਾਰੀ ਸੂਬਾ ਪ੍ਰਧਾਨ ਨਿਤਨ ਸੋਢੀ, ਸਕੱਤਰ ਯਸ਼ ਰਾਣਾ, ਮੈਡਮ ਪੂਜਾ, ਮੈਡਮ ਹਰਪ੍ਰੀਤ ਕੌਰ, ਇਕਬਾਲ ਸਿੰਘ ਤੇ ਕੁਲਦੀਪ ਸਿੰਘ ਵੱਲੋਂ ਦਿੱਤੀ ਗਈ।

**YES BANK**

Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED. B-XX 2427 – 928, 1st Floor, Gobind Nagar, Ferozepur Road, Ludhiana – 141001,
Branch Office : SCO No 129-130, 2nd floor Sector 9-C, Madhya Marg, Chandigarh -160009. website: www.yesbank.in

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਗਰੰਟਰ/(ਗਰੰਟਰਾਂ)/ਨਿਰਦੇਸ਼ਕਾਂ/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਕਰਜ਼ਾ ਖਾਤੇ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ 'ਐੱਸਟ ਕਲਾਸੀਫਿਕੇਸ਼ਨ ਗਾਈਡਲਾਈਨਜ਼' ਦੀਆਂ ਸ਼ਰਤਾਂ ਤੋਂ ਬਾਹਰੀ ਹੋਣ ਕਾਰਨ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰ/ਗਰੰਟਰ (ਗਰੰਟਰਾਂ)/ਸਕਿਉਰਿਟੀ ਪ੍ਰਬੰਧਕ/ ਪ੍ਰਬੰਧਕਾਂ ਦੇ ਨਾਂਅ | ਜਾਇਦਾਦਾਂ ਦੇ ਵੇਰਵੇ/ਕਬਜ਼ੇ 'ਚ ਲਏ ਜਾਣ ਵਾਲੇ ਸਕਿਉਰਡ ਐੱਸਟਸ ਅਤੇ ਗਿਰਵੀਕਾਰ ਦਾ ਪਤਾ | ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਬਕਾਇਆ ਰਾਸ਼ੀ |
|---|---|---|---|---|
| 1. ਕੇ ਡੀ ਫਾਰਮਾ ਰਾਹੀਂ ਇਸ ਦੇ ਭਾਈਵਾਲਾਂ ਦੇ ਦਫਤਰ ਦਾ ਪਤਾ: 27-ਬੀ, ਸ੍ਰੀ ਰਾਮ ਮਾਰਕੀਟ, ਕੂਚਾ ਦਾਈ ਖਾਨਾ, ਅੰਮ੍ਰਿਤਸਰ, ਪੰਜਾਬ-143001 (ਕਰਜ਼ਦਾਰ) 2. ਯੋਗੇਸ਼ ਸ਼ਰਮਾ ਪੁੱਤਰ ਧਨੀ ਰਾਮ ਸ਼ਰਮਾ, ਪਤਾ: 27-ਬੀ, ਨਿਊ ਕਾਂਗੜਾ ਕਲੋਨੀ, ਅੰਮ੍ਰਿਤਸਰ 1, ਅੰਮ੍ਰਿਤਸਰ, ਪੰਜਾਬ-143001 (ਸਹਿ-ਕਰਜ਼ਦਾਰ, ਗਰੰਟਰ ਅਤੇ ਭਾਈਵਾਲ) 3. ਅਨੁਰਾਧਾ ਸ਼ਰਮਾ ਪਤਨੀ ਰਾਜੇਸ਼ ਕੁਮਾਰ, ਪਤਾ: 27-ਬੀ, ਨਿਊ ਕਾਂਗੜਾ ਕਾਲੋਨੀ, ਅੰਮ੍ਰਿਤਸਰ 1, ਅੰਮ੍ਰਿਤਸਰ, ਪੰਜਾਬ-143001 (ਸਹਿ-ਕਰਜ਼ਦਾਰ, ਗਰੰਟਰ ਅਤੇ ਭਾਈਵਾਲ) 4. ਰੀਤੂ ਬਾਲਾ ਪੁੱਤਰ ਯੋਗੇਸ਼ ਸ਼ਰਮਾ, ਪਤਾ: 27-ਬੀ, ਨਿਊ ਕਾਂਗੜਾ ਕਾਲੋਨੀ, ਅੰਮ੍ਰਿਤਸਰ 1, ਅੰਮ੍ਰਿਤਸਰ, ਪੰਜਾਬ-143001 (ਸਹਿ-ਕਰਜ਼ਦਾਰ, ਰਹਿਣਕਾਰ ਅਤੇ ਗਾਰੰਟਰ) | ਗੈਰ ਖੇਤੀਬਾੜੀ ਵਾਲੀ ਜਾਇਦਾਦ ਜੋ ਕਿ ਜ਼ਮੀਨ ਰਕਬਾ 4.5 ਮਰਲੇ, 8 ਕਨਾਲ 00 ਮਰਲੇ ਦਾ 9/320 ਹਿੱਸਾ, ਖਸਰਾ ਨੰ: 7//15 (8-0) ਮਿਨ, ਖੇਵਟ/ਖਤੌਨੀ ਨੰ: 256/331, ਜਮ੍ਹਾਂਬੰਦੀ ਸਾਲ 2014-2015, ਕੋਟ ਖਾਲਸਾ ਸਬ- ਅਰਬਨ, ਅੰਮ੍ਰਿਤਸਰ-2, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਲਾਟ ਨੰ: 214, ਪੱਛਮ ਪਲਾਟ ਨੰ: 216, ਉੱਤਰ : 18 ਫੁੱਟ ਸੜਕ, ਪਲਾਟ ਨੰ: 222, ਰਹਿਣਕਾਰ : ਰੀਤੂ ਬਾਲਾ ਪੁੱਤਰ ਯੋਗੇਸ਼ ਸ਼ਰਮਾ | 26TH MAY 2025 | 20TH APRIL 2024 | ਮਿਤੀ 26.05.2025 ਅਨੁਸਾਰ ਰੁਪਏ 17,38,848.14/- (ਸਤਾਰਾਂ ਲੱਖ ਅਠੱਤੀ ਹਜ਼ਾਰ ਅੱਠ ਸੌ ਅਠਤਾਲੀ ਰੁਪਏ ਚੌਦਾਂ ਪੈਸੇ ਕੇਵਲ) |
| 1. ਜੈ ਵੱਲਭ ਗਾਰਮੈਂਟਸ ਰਾਹੀਂ ਇਸ ਦੇ ਪ੍ਰੋਪਰਾਈਟਰ ਆਸ਼ੀਸ਼ ਜੈਨ ਦੁਆਰਾ, ਪਤਾ: ਨਿਰੰਕਾਰੀ ਕਲੋਨੀ, ਪਲਾਟ ਨੰ: 153, ਗਲੀ ਨੰ: 02, ਸੁੰਦਰ ਨਗਰ, ਲੁਧਿਆਣਾ, ਪੰਜਾਬ-141007 (ਕਰਜ਼ਦਾਰ) 2. ਆਸ਼ੀਸ਼ ਜੈਨ ਪੁੱਤਰ ਜੀਵਤ ਜੈਨ, ਪਤਾ: # 1254, ਵਾਰਡ ਨੰ. 13, ਮੁਹੱਲਾ 13, ਮੁਹੱਲਾ ਜੈਨ, ਰੂਪਨਗਰ, ਪੰਜਾਬ-140001। (ਸਹਿ-ਕਰਜ਼ਦਾਰ ਅਤੇ ਰਹਿਣਕਾਰ) 3. ਤਨਵੀ ਜੈਨ ਪਤਨੀ ਆਸ਼ੀਸ਼ ਜੈਨ, ਪਤਾ: # 1254, ਜੈਨ ਮੁਹੱਲਾ, ਵਾਰਡ ਨੰ. 13, ਰੂਪਨਗਰ, ਪੰਜਾਬ-140001 | ਜਾਇਦਾਦ ਨੰ: 01 : ਗੈਰ ਖੇਤੀਬਾੜੀ ਵਾਲੀ ਜਾਇਦਾਦ ਜੋ ਕਿ ਪਲਾਟ ਨੰ: 153, ਰਕਬਾ 117 ਵਰਗ ਗਜ਼, ਖਸਰਾ ਨੰ: 403, ਖੱਤਾ ਨੰ: 631/644, ਜਮ੍ਹਾਂਬੰਦੀ ਸਾਲ 2000-01, ਪਿੰਡ ਤਰਫ ਜੋਧੇਵਾਲ, ਹਦਬਸਤ ਨੰ: 77, ਗੁਰੂ ਨਾਨਕ ਨਿਰੰਕਾਰੀ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ ਗੁਆਂਢ ਬਾਹੀ 57' 3'', ਪੱਛਮ : ਗੁਆਂਢ ਬਾਹੀ -59' 9'', ਉੱਤਰ : ਗੁਆਂਢ ਬਾਹੀ 18', ਦੱਖਣ : ਗਲੀ 20 ਫੁੱਟ ਚੌੜੀ ਬਾਹੀ 17' 11'', ਰਹਿਣਕਾਰ : ਅਸ਼ੀਸ਼ ਜੈਨ ਪੁੱਤਰ ਜੀਵਤ ਜੈਨ ਅਤੇ ਤਨਵੀ ਪਤਨੀ ਅਸ਼ੀਸ਼ ਜੈਨ ਜਾਇਦਾਦ ਨੰ: 02 : ਗੈਰ ਖੇਤੀਬਾੜੀ ਵਾਲੀ ਜ਼ਮੀਨ ਜੋ ਕਿ ਪਲਾਟ ਨੰ: 152, ਰਕਬਾ 124-8/9 ਵਰਗ ਗਜ਼, ਖਸਰਾ ਨੰ: 403, 402 ਖੱਤਾ ਨੰ: 646/659, 647/660 ਸਫਾ ਨੰ: 576, 583 ਜਮ੍ਹਾਂਬੰਦੀ ਸਾਲ 2010-11, ਪਿੰਡ ਤਰਫ ਜੋਧੇਵਾਲ, ਹਦਬਸਤ ਨੰ: 77, ਗੁਰੂ ਨਾਨਕ ਨਿਰੰਕਾਰੀ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਪਲਾਟ ਨੰ: 153 ਜੈ ਰਾਣੀ ਜੈਨ ਬਾਹੀ 62' 6'', ਪੱਛਮ : ਪਲਾਟ ਨੰ: 151, ਮਨਿੰਦਰ ਬੱਗਾ ਬਾਹੀ -62' 6'', ਉੱਤਰ : ਗੁਆਂਢ ਬਾਹੀ 17' 10-1/2'', ਦੱਖਣ : ਗਲੀ 20 ਫੁੱਟ ਚੌੜੀ ਬਾਹੀ 17' 10-1/2'', ਰਹਿਣਕਾਰ : ਅਸ਼ੀਸ਼ ਜੈਨ ਪੁੱਤਰ ਜੀਵਤ ਜੈਨ ਅਤੇ ਤਨਵੀ ਪਤਨੀ ਅਸ਼ੀਸ਼ ਜੈਨ | 14TH MAY 2025 | 15TH APRIL 2024 | ਕ੍ਰਮਵਾਰ ਮਿਤੀ 14.05.2025 ਅਨੁਸਾਰ ਰੁਪਏ 49,60,849.05/- (ਉਨੰਜਾ ਲੱਖ ਸੱਠ ਹਜ਼ਾਰ ਅੱਠ ਸੌ ਉਨੰਜਾ ਰੁਪਏ ਪੰਜ ਪੈਸੇ ਕੇਵਲ) ਅਤੇ ਰੁਪਏ 24,71,206.17/- (ਚੌਵੀ ਲੱਖ ਇਕੱਤਰ ਹਜ਼ਾਰ ਦੋ ਸੌ ਛੇ ਰੁਪਏ ਸਤਾਰਾਂ ਪੈਸੇ ਕੇਵਲ) |
| 1. ਰਾਮਾ ਸ਼ੰਕਰ ਸ਼ਰਮਾ ਪੁੱਤਰ ਰਾਮ ਸਰੂਪ ਸ਼ਰਮਾ, ਪਤਾ: ਮਕਾਨ ਨੰ. 8153, ਦੁਰਗਾਪੁਰੀ, 22 ਫੁੱਟ ਰੋਡ, ਹੈਬੋਵਾਲ ਕਲਾਂ, ਲੁਧਿਆਣਾ-141001, ਨਾਲ ਹੀ : ਮਕਾਨ ਨੰ. 1840/2, ਗਲੀ ਨੰ. 3, ਬੈਂਕ ਕਾਲੋਨੀ, ਹੈਬੋਵਾਲ ਕਲਾਂ, ਲੁਧਿਆਣਾ-141001 (ਕਰਜ਼ਦਾਰ) 2. ਕਿਰਨ ਕੁਮਾਰੀ ਪਤਨੀ ਰਮਾ ਸ਼ੰਕਰ ਸ਼ਰਮਾ, ਪਤਾ: ਮਕਾਨ ਨੰ. ਬੀ- 34/8153, 22 ਫੁੱਟ ਰੋਡ, ਰਣਜੀਤ ਸਕੂਲ ਨੇੜੇ, ਦੁਰਗਾ ਪੁਰੀ, ਹੈਬੋਵਾਲ ਕਲਾਂ, ਲੁਧਿਆਣਾ, ਪੰਜਾਬ-141001 (ਸਹਿ-ਕਰਜ਼ਦਾਰ ਅਤੇ ਰਹਿਣਕਾਰ) | ਗੈਰ ਖੇਤੀਬਾੜੀ ਵਾਲੀ ਜ਼ਮੀਨ ਜੋ ਕਿ ਐੱਮ ਸੀ ਨੰ: ਬੀ-34/8880/79 ਬੀ, ਯੂ ਆਈ ਡੀ ਨੰ: ਬੀ 034-04200-001, ਜ਼ਮੀਨ ਰਕਬਾ 100 ਵਰਗ ਗਜ਼, ਖਸਰਾ ਨੰ: 10 //24/2, ਖੱਤਾ ਨੰ: 76/76, ਜਮ੍ਹਾਂਬੰਦੀ ਸਾਲ 2011-12, ਪਿੰਡ ਹੈਬੋਵਾਲ ਕਲਾਂ, ਹਦਬਸਤ ਨੰ: 102, ਨਿਊ ਦੀਪ ਨਗਰ, ਨੇੜੇ ਚੂਹੜਪੁਰ ਰੋਡ ਅਤੇ ਐਮਪ, ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ ਬਾਹੀ 18', ਪੱਛਮ : ਗੁਆਂਢ ਬਾਹੀ 18', ਉੱਤਰ : ਸੁਨੀਤਾ ਰਾਣੀ ਆਦਿ ਬਾਹੀ 50', ਦੱਖਣ : ਗੁਆਂਢ ਬਾਹੀ 50', ਰਹਿਣਕਾਰ : ਕਿਰਨ ਕੁਮਾਰੀ ਪਤਨੀ ਰਾਮਾ ਸ਼ੰਕਰ ਸ਼ਰਮਾ। | 14TH MAY 2025 | 04TH FEB 2024 | ਮਿਤੀ 14.05.2025 ਅਨੁਸਾਰ ਰੁਪਏ 30,61,946.27/- (ਤੀਹ ਲੱਖ ਇਕਾਹਟ ਹਜ਼ਾਰ ਨੌਂ ਸੌ ਛਿਆਲੀ ਰੁਪਏ ਸਤਾਈ ਪੈਸੇ ਕੇਵਲ) |
| 1. ਉਮੇਸ਼ ਯਾਦਵ ਮਾਰਫਤ ਅਧਿਆ ਪ੍ਰਸਾਦ, ਪਤਾ: ਪਲਾਟ ਨੰ. 31, ਮਿਨ, 33 ਫੀਟ ਰੋਡ, ਨਿਊ ਸੁੰਦਰ ਨਗਰ, ਬੈਂਕ ਕਾਲੋਨੀ, ਮੁੰਡੀਆਂ ਕਲਾਂ, ਲੁਧਿਆਣਾ-141015 (ਕਰਜ਼ਦਾਰ) 2. ਕੇ ਐੱਮ ਸਾਵਿਤਰੀ ਮਾਰਫਤ ਉਮੇਸ਼ ਯਾਦਵ, ਪਤਾ: ਜੰਗਲ ਝਝਾਵਾ ਟੋਲਾ ਮੰਗਲਪੁਰ, ਪੋਸਟ ਪੀਪੀਗੰਜ, ਜੰਗਲ ਝਾਹਵਾ, ਗੋਰਖਪੁਰ, ਉੱਤਰ ਪ੍ਰਦੇਸ਼-273165. (ਸਹਿ- ਕਰਜ਼ਦਾਰ ਅਤੇ ਰਹਿਣਕਾਰ) | ਗੈਰ ਖੇਤੀਬਾੜੀ ਵਾਲੀ ਜਾਇਦਾਦ ਜੋ ਕਿ ਮਕਾਨ ਨੰ: 31-ਮਿਨ, ਰਕਬਾ 63.67 ਵਰਗ ਗਜ਼, ਖਸਰਾ ਨੰ: 602-603-604-606-607-608-609-611-612-613-614-615-616-617-618-619-620-621, ਖੱਤਾ ਨੰ: 305/326, ਸਫਾ ਨੰ: 798, ਜਮ੍ਹਾਂਬੰਦੀ ਸਾਲ 2009-10, ਪਿੰਡ ਮੁੰਡੀਆਂ ਕਲਾਂ, ਹਦਬਸਤ ਨੰ: 179, ਬੈਂਕ ਕਾਲੋਨੀ, ਸੁੰਦਰ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢ ਬਾਹੀ 32' 6'', ਪੱਛਮ : ਪ੍ਰੀਆ ਰਾਏ ਬਾਹੀ 32' 6'', ਉੱਤਰ : ਗਲੀ 20 ਫੁੱਟ ਚੌੜੀ ਬਾਹੀ 17' 9'', ਦੱਖਣ : ਗੁਆਂਢ ਬਾਹੀ 17' 9'', ਰਹਿਣਕਾਰ : ਕੇ ਐੱਮ ਸਵਿੱਤਰੀ ਮਾਰਫਤ ਉਮੇਸ਼ ਯਾਦਵ। | 14TH MAY 2025 | 15TH APRIL 2024 | ਕ੍ਰਮਵਾਰ ਰੁਪਏ 21,15,434.95/- (ਇੱਕੀ ਲੱਖ ਪੰਦਰਾਂ ਹਜ਼ਾਰ ਚਾਰ ਸੌ ਚੌਂਤੀ ਰੁਪਏ ਪਚੰਨਵੇਂ ਪੈਸੇ ਕੇਵਲ) ਅਤੇ 2,79,891.95/- (ਦੋ ਲੱਖ ਉਨਾਸੀ ਹਜ਼ਾਰ ਅੱਠ ਸੌ ਇਕੰਨਵੇਂ ਰੁਪਏ ਪਚੰਨਵੇਂ ਪੈਸੇ ਕੇਵਲ) |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ(ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 10.06.2025, ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫਸਰ, ਵਾਸਤੇ ਯੈੱਸ ਬੈਂਕ ਲਿਮਟਿਡ

# ਮਨਰੇਗਾ ਵਰਕਰਜ਼ ਯੂਨੀਅਨ ਦੀ ਸੂਬਾਈ ਮੀਟਿੰਗ 'ਚ ਕਿਰਤੀਆਂ ਦੇ ਮੰਗਾਂ-ਮਸਲੇ ਵਿਚਾਰੇ

**ਜਲੰਧਰ (ਰਾਜੇਸ਼ ਥਾਪਾ)**- 'ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ' ਦੀ ਸਾਥੀ ਬਲਦੇਵ ਸਿੰਘ ਪੰਡੋਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਸੂਬਾ ਕਨਵੀਨਰ ਸਾਥੀ ਦੀਪਕ ਹੁਸ਼ਿਆਰਪੁਰ ਵਲੋਂ ਕਿਰਤੀਆਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਭਖਵੇਂ ਮਸਲਿਆਂ ਬਾਰੇ ਪੇਸ਼ ਕੀਤੀ ਗਈ ਰਿਪੋਰਟ ਉੱਪਰ ਵੱਖ-ਵੱਖ ਜ਼ਿਲ੍ਹਿਆਂ 'ਚੋਂ ਪੁੱਜੇ ਸਰਗਰਮ ਆਗੂਆਂ ਨੇ ਵਿਸਥਾਰ ਪੂਰਵਕ ਚਰਚਾ ਕੀਤੀ। ਰਿਪੋਰਟ ਰਾਹੀਂ ਜਿੱਥੇ ਇਸ ਯੋਜਨਾ ਨੂੰ ਪਿੰਡਾਂ 'ਚ ਵਸਦੇ ਅਤਿ ਗਰੀਬੀ ਪਰਵਾਰਾਂ, ਦਲਿਤਾਂ, ਮਹਿਲਾਵਾਂ ਲਈ ਲਾਹੇਵੰਦ ਦਸਿਆ ਗਿਆ ਹੈ, ਉੱਥੇ ਨਾਲ ਹੀ ਕੇਂਦਰੀ ਤੇ ਪ੍ਰਾਂਤਕ ਸਰਕਾਰਾਂ ਤੇ ਲਾਲਫੀਤਾਸ਼ਾਹੀ ਵਲੋਂ ਸਾਮਰਾਜੀ ਤੇ ਕਾਰਪੋਰੇਟ ਲੋਟੂਆਂ ਦੇ ਹਿਤ ਪੂਰਦੀਆਂ ਨੀਤੀਆਂ ਤਹਿਤ ਇਸ ਯੋਜਨਾ ਨੂੰ ਫੇਲ੍ਹ ਕਰਨ ਦੇ ਨਿਰੰਤਰ ਯਤਨਾਂ ਦੀ ਵੀ ਤਫਸੀਲ 'ਚ ਵਿਆਖਿਆ ਕੀਤੀ ਗਈ ਹੈ। ਨਾਲ ਹੀ ਸਿਆਸੀ ਰੰਜਿਸ਼ ਤਹਿਤ ਮੇਟਾਂ ਤੇ ਕਿਰਤੀਆਂ ਨੂੰ ਕੰਮ ਤੋਂ ਹਟਾਉਣ, ਉਨ੍ਹਾਂ ਨਾਲ ਬਦਸਲੂਕੀ ਕਰਨ, ਭ੍ਰਿਸ਼ਟਾਚਾਰ ਆਦਿ ਦਿੱਕਤਾਂ ਦੀ ਵੀ ਨਿਸ਼ਾਨਦੇਹੀ ਕੀਤੀ ਗਈ ਹੈ। ਉਕਤ ਵਿਚਾਰ ਚਰਚਾ ਦੀ ਸੇਧ ਵਿਚ ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਵਲੋਂ ਪੇਸ਼ ਕੀਤੀ ਗਈ ਤਜਵੀਜ਼ ਅਨੁਸਾਰ ਉਕਤ ਮੰਗਾਂ-ਮਸਲਿਆਂ ਦੇ ਯੋਗ ਨਿਪਟਾਰੇ ਲਈ ਤਿੱਖਾ ਸੰਘਰਸ਼ ਛੇੜਨ ਵਾਸਤੇ ਮਨਰੇਗਾ ਕਿਰਤੀਆਂ ਦੇ ਤਿੰਨ ਵਿਸ਼ਾਲ ਖੇਤਰੀ ਇਕੱਠ ਕਰਨ ਦਾ ਨਿਰਨਾ ਲਿਆ ਗਿਆ ਹੈ। 6 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਕੀਤੇ ਜਾਣ ਵਾਲੇ ਇਕੱਠ ਵਿਚ ਮਾਝਾ ਤੇ ਦੋਆਬਾ ਖੇਤਰ ਦੇ ਜ਼ਿਲ੍ਹਿਆਂ ਚੋਂ



ਕਿਰਤੀ ਸ਼ਾਮਲ ਹੋਣਗੇ। ਇਸੇ ਤਰ੍ਹਾਂ 11 ਜੁਲਾਈ ਨੂੰ ਟੀਚਰਜ਼ ਹੋਮ ਬਠਿੰਡਾ ਵਿਖੇ ਕੀਤੇ ਜਾਣ ਵਾਲੇ ਇਕੱਠ ਵਿਚ ਬਠਿੰਡਾ, ਮਾਨਸਾ, ਫਰੀਦਕੋਟ, ਮੁਕਤਸਰ, ਫਾਜ਼ਿਲਕਾ, ਫਿਰੋਜ਼ਪੁਰ ਤੇ ਮੋਗੇ ਦੇ ਵਰਕਰ ਪੁੱਜਣਗੇ। 13 ਜੁਲਾਈ ਨੂੰ ਸੰਗਰੂਰ, ਪਟਿਆਲਾ, ਫਤਹਿਗੜ੍ਹ ਸਾਹਿਬ, ਬਰਨਾਲਾ, ਰੋਪੜ, ਮੋਹਾਲੀ ਦੇ ਵਰਕਰਾਂ ਦਾ ਇਕੱਠ ਪਟਿਆਲਾ ਵਿਖੇ ਸੱਦਿਆ ਜਾਵੇਗਾ। ਉਕਤ ਇਕੱਠਾਂ ਦੀ ਕਾਮਯਾਬੀ ਲਈ ਸਾਰੇ ਜ਼ਿਲ੍ਹਿਆਂ 'ਚ ਮੀਟਿੰਗ ਸੱਦ ਕੇ ਵਿਉਂਤਬੰਦੀ ਕਰਨ ਉਪਰੰਤ ਪਿੰਡਾਂ 'ਚ ਲਾਮਬੰਦੀ ਮੁਹਿੰਮ ਚਲਾਈ ਜਾਵੇਗੀ। ਉੱਘੇ ਜਨਤਕ ਆਗੂ ਸਾਥੀ ਪ੍ਰਗਟ ਸਿੰਘ ਜਾਮਾਰਾਏ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਜਨਰਲ ਸਕੱਤਰ ਧਰਮਿੰਦਰ ਸਿੰਘ ਨੇ ਉਕਤ ਸੁਝਾਅ ਦਾ ਸਮਰਥਨ ਕਰਦਿਆਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿਵਾਇਆ ਹੈ। ਪ੍ਰਕਾਸ਼ ਸਿੰਘ ਨੰਦਗੜ੍ਹ (ਬਠਿੰਡਾ), ਚਰਨਜੀਤ ਸਿੰਘ ਥੰਮੂਵਾਲ ਤੇ ਸਤਪਾਲ ਸਿੰਘ ਸਹੋਤਾ (ਜਲੰਧਰ), ਹਰਪਾਲ ਸਿੰਘ ਜਗਤਪੁਰ (ਨਵਾਂ ਸ਼ਹਿਰ), ਨਰਿੰਦਰ ਸਿੰਘ ਰਟੌਂਡ, ਕਰਮ ਸਿੰਘ ਪੰਡੋਰੀ, ਸਰਪੰਚ ਮੀਨਾ ਕੁਮਾਰੀ (ਤਰਨ ਤਾਰਨ), ਸਰਪੰਚ ਪ੍ਰਲਾਦ ਸਿੰਘ ਨਿਆਲ (ਪਟਿਆਲਾ) ਤੋਂ ਇਲਾਵਾ ਗੁਰਜੀਤ ਸਿੰਘ ਤੇ ਕੁਲਦੀਪ ਸਿੰਘ ਰਟੌਲ ਨੇ ਵੀ ਵਿਚਾਰ ਰੱਖੇ। 'ਜਨਤਕ ਜਥੇਬੰਦੀਆਂ ਦੇ ਸਾਂਝੇ ਮੰਚ' (ਜੇਪੀਐਮਓ) ਵਲੋਂ 21 ਜੂਨ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿਚ ਸ਼ਾਮਲ ਹੋਣ ਅਤੇ 9 ਜੁਲਾਈ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਦੀ ਕਾਮਯਾਬੀ ਲਈ ਪ੍ਰਚਾਰ ਮੁਹਿੰਮ ਚਲਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਮੀਟਿੰਗ ਨੇ ਸੂਬੇ ਦੀ ਭਗਵੰਤ ਸਿੰਘ ਮਾਨ ਸਰਕਾਰ ਵਲੋਂ ਜਾਰੀ ਕੀਤੇ ਗਏ ਕਿਰਤੀ ਮਾਰੂ ਨੋਟੀਫਿਕੇਸ਼ਨ ਦੀ ਕਰੜੀ ਨਿਖੇਧੀ ਕਰਦਿਆਂ ਇਹ ਨਾਦਰਸ਼ਾਹੀ ਫਰਮਾਨ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ।

# ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਐੱਸ ਡੀ ਐੱਮ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਨੇ ਆਪਣੇ ਦਫ਼ਤਰ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਐਸ.ਡੀ.ਐਮ ਨੇ ਨਗਰ ਨਿਗਮ ਹੁਸ਼ਿਆਰਪੁਰ, ਨਗਰ ਕੌਂਸਲ ਹਰਿਆਣਾ ਅਤੇ ਸ਼ਾਮ ਚੁਰਾਸੀ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਰਸਾਤਾਂ ਸ਼ੁਰੂ ਹੋਣ ਤੋਂ ਪਹਿਲਾਂ ਸਾਰੀਆਂ ਨਾਲੀਆਂ ਅਤੇ ਸੀਵਰਾਂ ਦੀ ਪੂਰੀ ਤਰ੍ਹਾਂ ਸਫ਼ਾਈ ਯਕੀਨੀ ਬਣਾਈ ਜਾਵੇ, ਤਾਂ ਜੋ ਪਾਣੀ ਇਕੱਠਾ ਨਾ ਹੋਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਪੰਪਾਂ ਦੇ ਅਗਾਊਂ ਪ੍ਰਬੰਧ ਕਰਨ ਦੇ ਵੀ ਨਿਰਦੇਸ਼ ਦਿੱਤੇ, ਤਾਂ ਜੋ ਲੋੜ ਪੈਣ 'ਤੇ ਪਾਣੀ ਨੂੰ ਤੁਰੰਤ ਬਾਹਰ ਕੱਢਿਆ ਜਾ ਸਕੇ। ਉਨ੍ਹਾਂ ਸੈਨਿਕ ਭਲਾਈ ਵਿਭਾਗ ਅਤੇ ਬੀ.ਡੀ.ਪੀ.ਓਜ਼ ਨੂੰ ਤੈਰਾਕਾਂ ਅਤੇ ਗੋਤਾਖੋਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਐਮਰਜੈਂਸੀ ਸਥਿਤੀਆਂ ਵਿਚ ਰਾਹਤ ਕਾਰਜਾਂ ਦੌਰਾਨ ਉਨ੍ਹਾਂ ਦੀ ਸਹਾਇਤਾ ਲਈ ਜਾ ਸਕੇ। ਐਸ.ਡੀ.ਐਮ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੂੰ ਹੜ੍ਹ ਪ੍ਰਭਾਵਿਤ ਸੰਭਾਵੀ ਖੇਤਰਾਂ ਦੇ ਆਲੇ-ਦੁਆਲੇ ਸਕੂਲਾਂ ਦੀ ਪਛਾਣ ਕਰਨ ਦੇ ਨਿਰਦੇਸ਼ ਦਿੱਤੇ, ਜਿਨ੍ਹਾਂ ਨੂੰ ਲੋੜ ਪੈਣ 'ਤੇ ਅਸਥਾਈ ਰਾਹਤ ਕੈਂਪਾਂ ਵਜੋਂ ਵਰਤਿਆ ਜਾ ਸਕੇ। ਨਾਲ ਹੀ ਇਨ੍ਹਾਂ ਸਕੂਲਾਂ ਵਿਚ ਪੀਣ ਵਾਲੇ ਪਾਣੀ, ਪਖਾਨੇ, ਬਿਜਲੀ ਆਦਿ ਵਰਗੀਆਂ ਮੁੱਢਲੀਆਂ ਸਹੂਲਤਾਂ ਦੀ ਉਪਲਬੱਧਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਮੀਟਿੰਗ ਵਿਚ ਸਿਵਲ ਡਿਫੈਂਸ, ਹੋਮ ਗਾਰਡਜ਼, ਖ਼ੁਰਾਕ ਅਤੇ ਸਿਵਲ ਸਪਲਾਈ ਵਿਭਾਗ, ਲੋਕ ਨਿਰਮਾਣ ਵਿਭਾਗ, ਡਰੇਨੇਜ ਵਿਭਾਗ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪਸ਼ੂ ਪਾਲਣ ਵਿਭਾਗ, ਰੈੱਡ ਕ੍ਰਾਸ ਸੋਸਾਇਟੀ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਹੜ੍ਹ ਪ੍ਰਬੰਧਨ ਦੀਆਂ ਤਿਆਰੀਆਂ ਨੂੰ ਤਰਜੀਹ ਦੇਣ ਲਈ ਕਿਹਾ ਗਿਆ।



ਸਿਵਲ ਡਿਫੈਂਸ ਅਤੇ ਹੋਮ ਗਾਰਡਾਂ ਨੂੰ ਆਫ਼ਤ ਪ੍ਰਬੰਧਨ ਦੌਰਾਨ ਰਾਹਤ ਅਤੇ ਬਚਾਅ ਕਾਰਜਾਂ ਵਿਚ ਸਹਾਇਤਾ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਜਦੋਂ ਕਿ ਬੀ.ਡੀ.ਪੀ.ਓਜ਼ ਨੂੰ ਪੇਂਡੂ ਖੇਤਰਾਂ ਵਿਚ ਰਾਹਤ ਕਾਰਜਾਂ ਨੂੰ ਚਲਾਉਣ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ ਗਿਆ। ਖ਼ੁਰਾਕ ਅਤੇ ਸਿਵਲ ਸਪਲਾਈ ਵਿਭਾਗ ਨੂੰ ਲੋੜ ਪੈਣ 'ਤੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਜ਼ਰੂਰੀ ਖਾਣ-ਪੀਣ ਦੀਆਂ ਵਸਤਾਂ ਅਤੇ ਹੋਰ ਜ਼ਰੂਰੀ ਸਾਮਾਨ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ। ਲੋਕ ਨਿਰਮਾਣ ਅਤੇ ਡਰੇਨੇਜ ਵਿਭਾਗ ਨੂੰ ਸੜਕਾਂ ਅਤੇ ਡਰੇਨੇਜ ਪ੍ਰਣਾਲੀ ਨੂੰ ਸੁਚਾਰੂ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ ਗਏ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੂੰ ਸਾਫ਼ ਪੀਣ ਵਾਲੇ ਪਾਣੀ ਅਤੇ ਸੈਨੀਟੇਸ਼ਨ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ। ਇਸੇ ਤਰ੍ਹਾਂ ਪਸ਼ੂ ਪਾਲਣ ਵਿਭਾਗ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਪਸ਼ੂਆਂ ਦੀ ਸੁਰੱਖਿਆ, ਸਿਹਤ ਸੇਵਾਵਾਂ ਅਤੇ ਚਾਰੇ ਦੀ ਉਪਲਬੱਧਤਾ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ, ਜਦੋਂ ਕਿ ਰੈੱਡ ਕ੍ਰਾਸ ਸੋਸਾਇਟੀ ਨੂੰ ਰਾਹਤ ਕਾਰਜਾਂ ਵਿਚ ਸਰਗਰਮੀ ਨਾਲ ਸਹਿਯੋਗ ਕਰਨ ਅਤੇ ਲੋੜਵੰਦਾਂ ਦੀ ਮਦਦ ਲਈ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਗਏ। ਐਸ.ਡੀ.ਐਮ ਗੁਰਸਿਮਰਨਜੀਤ ਕੌਰ ਨੇ ਸਾਰੇ ਵਿਭਾਗਾਂ ਨੂੰ ਇਕ-ਦੂਜੇ ਨਾਲ ਤਾਲਮੇਲ ਕਰਕੇ ਕੰਮ ਕਰਨ ਅਤੇ ਕਿਸੇ ਵੀ ਸੰਭਾਵੀ ਐਮਰਜੈਂਸੀ ਸਥਿਤੀ ਨਾਲ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਮੀਟਿੰਗ ਵਿਚ ਤਹਿਸੀਲਦਾਰ ਲਾਰਸਨ ਸਿੰਗਲਾ, ਜ਼ਿਲ੍ਹਾ ਸਿੱਖਿਆ ਅਫ਼ਸਰ ਲਲਿਤਾ ਅਰੋੜਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਜ਼ਿਲ੍ਹੇ 'ਚ ਬਾਲ ਭਲਾਈ ਕਮੇਟੀ ਤੇ ਜੁਵੇਨਾਇਲ ਜਸਟਿਸ ਬੋਰਡ ਦਾ ਜਲਦ ਹੋਵੇਗਾ ਗਠਨ : ਡਿਪਟੀ ਕਮਿਸ਼ਨਰ

**ਨਵਾਂਸ਼ਹਿਰ (ਮਨੋਜ ਲਾਡੀ)**: ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ 0-18 ਸਾਲ ਉਮਰ ਤੱਕ ਦੇ ਬੱਚਿਆਂ ਦੀ ਸੁਰੱਖਿਆ ਅਤੇ ਦੇਖਭਾਲ ਲਈ ਜੁਵੇਨਾਇਲ ਜਸਟਿਸ ਐਕਟ 2015 ਤਹਿਤ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਗਠਨ ਜਲਦ ਕੀਤਾ ਜਾਵੇਗਾ। ਜੁਵੇਨਾਇਲ ਜਸਟਿਸ ਐਕਟ ਤਹਿਤ 18 ਸਾਲ ਤੱਕ ਦੇ ਬੱਚਿਆਂ ਦੇ ਅਧਿਕਾਰਾਂ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕਾਨੂੰਨ ਵਿਚ ਵੱਖ-ਵੱਖ ਵਿਵਸਥਾਵਾਂ ਹਨ ਜਿਨ੍ਹਾਂ ਨੂੰ ਜ਼ਮੀਨੀ ਪੱਧਰ ਤੱਕ ਲਾਗੂ ਕਰਨ ਵਿਚ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦੀ ਅਹਿਮ ਭੂਮਿਕਾ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਕਮੇਟੀ ਅਤੇ ਬੋਰਡ ਕੋਲ ਬੱਚਿਆਂ ਦੇ ਅਧਿਕਾਰਾਂ ਦੀ ਰਾਖੀ ਲਈ ਯੋਗ ਫੈਸਲੇ ਲੈਣ ਦਾ ਅਧਿਕਾਰ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿਚ ਪਹਿਲਾਂ ਬਣੀ ਕਮੇਟੀ ਅਤੇ ਬੋਰਡ ਦੀ ਮਿਆਦ ਖਤਮ ਹੋ ਚੁੱਕੀ ਹੈ ਜਿਸ ਕਰਕੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਬੋਰਡ ਲਈ ਦੋ, ਕਮੇਟੀ ਲਈ ਇੱਕ ਚੇਅਰਪਰਸਨ ਅਤੇ ਚਾਰ ਮੈਂਬਰਾਂ ਦੀ ਨਿਯੁਕਤੀ ਕੀਤੀ ਜਾਵੇਗੀ। ਡਿਪਟੀ ਨੇ ਦੱਸਿਆ ਕਿ ਬੱਚਿਆਂ ਦੇ ਅਧਿਕਾਰਾਂ ਦੀ ਰਾਖੀ ਲਈ ਕਮੇਟੀ ਅਤੇ ਬੋਰਡ ਦੇ ਮੈਂਬਰਾਂ ਦੀ ਨਿਯੁਕਤੀ ਤਿੰਨ ਸਾਲ ਲਈ ਕੀਤੀ ਜਾਂਦੀ ਹੈ। ਇਹ ਨਿਯੁਕਤੀ ਜੁਵੇਨਾਇਲ ਜਸਟਿਸ ਐਕਟ ਦੀ ਧਾਰਾ 27 ਅਤੇ 4 ਅਨੁਸਾਰ ਕੀਤੀ ਜਾਣੀ ਹੈ ਜਿਸ ਲਈ ਯੋਗ ਉਮੀਦਵਾਰਾਂ ਵੱਲੋਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਵੈਬਸਾਈਟ sswcd.punjab.gov.in 'ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਅਪਲਾਈ ਕੀਤਾ ਜਾ ਸਕਦਾ ਹੈ ਜਿਸ ਦੀ ਅੰਤਮ ਮਿਤੀ 17 ਜੂਨ 2025 ਹੈ। ਜ਼ਿਕਰਯੋਗ ਹੈ ਕਿ ਇਸ ਬਾਬਤ ਹੋਰ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਦੇ ਕਮਰਾ ਨੰ. 416 ਤੀਜੀ ਮੰਜ਼ਿਲ,ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਵਿਭਾਗ ਦੀ ਵੈਬਸਾਈਟ 'ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਪੂਰੀਆਂ ਕਰਨ ਵਾਲੇ ਉਮੀਦਵਾਰ ਆਪਣਾ ਬਿਨੈ ਪੱਤਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਦਫ਼ਤਰ ਐਸ.ਸੀ.ਓ ਨੰਬਰ 102 ਅਤੇ 103 ਪਿਕਾਡਲੀ ਸਿਨੇਮਾ ਦੇ ਪਿੱਛੇ ਸੈਕਟਰ 34-ਏ, ਚੰਡੀਗੜ੍ਹ ਵਿਖੇ ਰਜਿਸਟਰਡ, ਡਾਕ ਜਾਂ ਸਪੀਡ ਪੋਸਟ ਰਾਹੀਂ ਜਾਂ ਈਮੇਲ cwcjjb.recruitmentBE@punjab.gov.in 'ਤੇ ਭੇਜ ਸਕਦੇ ਹਨ।

# ਰਾਜਪਾਲ ਕਟਾਰੀਆ ਨੇ ਕੀਤਾ ਮੁੜ-ਵਸੇਬਾ ਕੇਂਦਰ ਦਾ ਦੌਰਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)** ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਆਪਣੇ ਹੁਸ਼ਿਆਰਪੁਰ ਦੌਰੇ ਦੌਰਾਨ ਫਤਿਹਗੜ੍ਹ ਵਿਖੇ ਮੁੜ ਵਸੇਬਾ ਕੇਂਦਰ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੂੰ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਰਾਜਪਾਲ ਨੇ ਕੇਂਦਰ ਵਿਚ ਇਲਾਜ ਅਧੀਨ ਮਰੀਜ਼ਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ ਅਤੇ ਉਨ੍ਹਾਂ ਨੂੰ ਨਸ਼ੇ ਤੋਂ ਛੁਟਕਾਰਾ ਪਾਉਣ ਲਈ ਪ੍ਰੇਰਿਤ ਕੀਤਾ। ਰਾਜਪਾਲ ਨੇ ਕਿਹਾ ਕਿ ਨਸ਼ੇ ਦੀ ਲਤ ਤੋਂ ਬਾਹਰ ਆਉਣਾ ਇਕ



ਹਿੰਮਤ ਵਾਲਾ ਕੰਮ ਹੈ ਅਤੇ ਨਸ਼ਾ ਛੱਡਣ ਵਾਲਿਆਂ ਦੇ ਮੁੜ ਵਸੇਬੇ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਨਸ਼ਾ ਨਾ ਸਿਰਫ਼ ਇਕ ਵਿਅਕਤੀ ਦੇ ਜੀਵਨ ਨੂੰ ਪ੍ਰਭਾਵਿਤ ਕਰਦਾ ਹੈ, ਬਲਕਿ ਪੂਰੇ ਸਮਾਜ ਦੀ ਤਰੱਕੀ ਵਿਚ ਵੀ ਰੁਕਾਵਟ ਪਾਉਂਦਾ ਹੈ। ਉਨ੍ਹਾਂ ਨਸ਼ਾ ਛੱਡਣ ਵਾਲਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਨਵੇਂ ਸਿਰੇ ਤੋਂ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕੁਝ ਨੌਜਵਾਨਾਂ, ਜਿਨ੍ਹਾਂ ਨੇ ਨਸ਼ਾ ਛੱਡ ਦਿੱਤਾ ਹੈ, ਨੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਦੱਸਿਆ ਕਿ ਉਹ ਦੁਬਾਰਾ ਆਮ ਜ਼ਿੰਦਗੀ ਵਿਚ ਕਿਵੇਂ ਵਾਪਸ ਆਏ ਹਨ। ਇਹ ਤਜ਼ਰਬੇ ਮੌਜੂਦਾ ਮਰੀਜ਼ਾਂ ਲਈ ਪ੍ਰੇਰਨਾ ਸਰੋਤ ਬਣੇ ਹਨ।ਇਸ ਦੌਰਾਨ ਰਾਜਪਾਲ ਨੇ ਪੂਰੇ ਕੇਂਦਰ ਦਾ ਦੌਰਾ ਕੀਤਾ ਅਤੇ ਉੱਥੇ ਉਪਲਬੱਧ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਉੱਥੇ ਚੱਲ ਰਹੇ ਕਿੱਤਾਮੁਖੀ ਸਿਖਲਾਈ ਕੋਰਸਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਪੰਜਾਬ ਦੇ ਰਾਜਪਾਲ ਨੂੰ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਕੇਂਦਰ ਵਿਚ ਮਲਟੀ-ਕੁਜ਼ੀਨ ਕੁਕਿੰਗ, ਹੇਅਰ ਡ੍ਰੈਸਰ ਅਤੇ ਸੈਲੂਨ ਆਰਟਿਸਟ ਵਰਗੇ ਕਿੱਤਾਮੁਖੀ ਸਿਖਲਾਈ ਕੋਰਸ ਕਰਵਾ ਰਿਹਾ ਹੈ। ਉਨ੍ਹਾਂ ਦਾ ਉਦੇਸ਼ ਨਾ ਸਿਰਫ਼ ਮਰੀਜ਼ਾਂ ਨੂੰ ਹੁਨਰ ਸਿਖਾਉਣਾ ਹੈ ਬਲਕਿ ਉਨ੍ਹਾਂ ਨੂੰ ਸਮਾਜ ਵਿਚ ਸਵੈ-ਮਾਣ ਨਾਲ ਮੁੜ ਸਥਾਪਿਤ ਕਰਨਾ ਵੀ ਹੈ। ਕੁਆਂਟਮ ਪੇਪਰ ਮਿੱਲ ਅਤੇ ਵਾਈਬਰ ਕਾਸਟਿਕ, ਮੁਹਾਲੀ ਦੁਆਰਾ ਸੀ.ਐਸ.ਆਰ ਤਹਿਤ ਕੇਂਦਰ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ।ਇਸ ਉਪਰੰਤ ਰਾਜਪਾਲ ਨੇ ਟੋਪਚੀ ਸੀ.ਐਸ.ਡੀ ਆਰਮੀ ਕੰਟੀਨ ਵਿਖੇ ਰੈੱਡ ਕ੍ਰਾਸ ਸੋਸਾਇਟੀ ਦੁਆਰਾ ਚਲਾਏ ਜਾ ਰਹੇ ਮਹੱਤਵਪੂਰਨ ਪਹਿਲਕਦਮੀ 'ਵਿੰਗਜ਼ ਪ੍ਰੋਜੈਕਟ' ਅਧੀਨ ਸਥਾਪਿਤ ਕੀਤੀ ਗਈ ਕੰਟੀਨ ਦਾ ਉਦਘਾਟਨ ਕੀਤਾ। ਇਸ ਪਹਿਲਕਦਮੀ ਦਾ ਉਦੇਸ਼ ਬੌਧਿਕ ਤੌਰ 'ਤੇ ਵਿਸ਼ੇਸ਼ ਬੱਚਿਆਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ। ਰੈੱਡ ਕਰਾਸ ਦੁਆਰਾ ਦਸੰਬਰ 2023 ਵਿਚ ਸ਼ੁਰੂ ਕੀਤੇ ਗਏ ਇਸ ਪ੍ਰੋਜੈਕਟ ਦੇ ਤਹਿਤ ਹੁਸ਼ਿਆਰਪੁਰ ਦੇ ਵੱਖ-ਵੱਖ ਵਿਦਿਅਕ ਸੰਸਥਾਵਾਂ ਵਿਚ ਹੁਣ ਤੱਕ ਪੰਜ ਟਕ ਦੁਕਾਨਾਂ ਖੋਲ੍ਹੀਆਂ ਗਈਆਂ ਹਨ। ਇਨ੍ਹਾਂ ਦੁਕਾਨਾਂ ਦੀ ਸਥਾਪਨਾ ਹਿਤ ਸੀ.ਐਸ.ਆਰ ਤਹਿਤ ਲੁਧਿਆਣਾ ਬੇਵਰੇਜਿਜ਼ (ਕੋਕਾ ਕੋਲਾ), ਹੁਸ਼ਿਆਰਪੁਰ ਵੱਲੋਂ ਸਹਾਇਤਾ ਪ੍ਰਦਾਨ ਕੀਤੀ ਹੈ। ਰਾਜਪਾਲ ਨੇ ਬਾਅਦ ਵਿਚ ਸਰਵਿਸਿਜ਼ ਕਲੱਬ ਵਿਖੇ ਸ਼ਹਿਰ ਦੇ ਪ੍ਰਮੁੱਖ ਨਾਗਰਿਕਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਸਾਬਕਾ ਕੈਬਨਿਟ ਮੰਤਰੀ ਤੀਕਸ਼ਣ ਸੂਦ, ਰਾਜਪਾਲ ਦੇ ਸਕੱਤਰ ਵਿਵੇਕ ਪ੍ਰਤਾਪ ਸਿੰਘ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸਐਸਪੀ ਸੰਦੀਪ ਕੁਮਾਰ ਮਲਿਕ, ਮੇਅਰ ਸੁਰਿੰਦਰ ਕੁਮਾਰ ਅਤੇ ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸੰਜੀਵ ਸੂਦ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਕੇ ਵੀ ਕੇ ਨੇ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਲਗਾਏ ਜਾਗਰੂਕਤਾ ਕੈਂਪ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਕੇ.ਵੀ.ਕੇ. ਮੋਹਾਲੀ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਐਸ.ਏ.ਐਸ. ਨਗਰ ਦੁਆਰਾ ਡਿਪਟੀ ਡਾਇਰੈਕਟਰ ਡਾ. ਬਲਬੀਰ ਸਿੰਘ ਖੱਦਾ ਦੀ ਅਗਵਾਈ ਹੇਠ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਦੇ ਤਹਿਤ 9 ਜੂਨ ਨੂੰ ਪਿੰਡ ਰਾਏਪੁਰ ਕਲਾਂ, ਸਨੇਟਾ, ਸ਼ਾਮਪੁਰ, ਘਟੌਰ, ਤਿਉੜ ਅਤੇ ਭੂਪਨਗਰ ਵਿਖੇ ਜਾਗਰੂਕਤਾ ਕੈਂਪ ਲਗਾਏ। ਕੈਂਪ ਦੌਰਾਨ ਡਾ. ਪਾਰੁਲ ਗੁਪਤਾ, ਡਾ. ਹਰਮੀਤ ਕੌਰ, ਡਾ. ਮੁਨੀਸ਼ ਸ਼ਰਮਾ, ਡਾ. ਗੁਲਗੁਲ ਸਿੰਘ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਤੋਂ ਸੁੱਚਾ ਸਿੰਘ, ਜਸਪ੍ਰੀਤ ਸਿੰਘ ਅਤੇ ਮਨਪਾਲ ਸਿੰਘ ਨੇ ਕਿਸਾਨ ਵੀਰਾਂ, ਭੈਣਾਂ ਅਤੇ ਨੌਜਵਾਨਾਂ ਨੂੰ ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫ਼ਸਲਾਂ, ਪੌਦ ਸੁਰੱਖਿਆ, ਪਸ਼ੂ ਪਾਲਣ, ਬੱਕਰੀ ਪਾਲਣ, ਮੱਛੀ ਪਾਲਣ ਅਤੇ ਸਹਾਇਕ ਧੰਦਿਆਂ ਸੰਬੰਧੀ ਭਾਰਤ ਅਤੇ ਪੰਜਾਬ ਸਰਕਾਰ ਦੀਆਂ ਸਰਕਾਰੀ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ।

# ਪ੍ਰਭ ਆਸਰਾ ਵਿਖੇ ਸਟੇਟ ਪੱਧਰ ਦਾ ਟ੍ਰੇਨਿੰਗ ਕੈਂਪ

**ਕੁਰਾਲੀ (ਮੋਹਨ ਅੱਗਰਵਾਲ)** ਸਪੈਸ਼ਲੀ ਏਬਲਡ ਖਿਡਾਰੀਆਂ ਦੀਆਂ ਖੇਡਾਂ ਕਰਵਾਉਣ ਵਾਲੀ ਸੰਸਥਾ ਸ਼ਪੈਸ਼ਲ ਓਲੰਪਿਕ ਭਾਰਤ (ਪੰਜਾਬ) ਵੱਲੋਂ ਪ੍ਰਭ ਆਸਰਾ, ਪਡਿਆਲਾ (ਕੁਰਾਲ਼ੀ)



ਵਿਖੇ ਚਾਰ ਰੋਜ਼ਾ ਖੇਡ ਸਿਖਲਾਈ ਕੈਂਪ ਲਗਾਇਆ ਗਿਆ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਜਿੰਦਰ ਕੌਰ ਨੇ ਦੱਸਿਆ ਕਿ 6 ਤੋਂ 9 ਜੂਨ ਤੱਕ ਚੱਲੇ ਇਸ ਕੈਂਪ ਵਿੱਚ ਪੰਜਾਬ ਦੇ ਵੱਖੋ-ਵੱਖ ਜ਼ਿਲ੍ਹਿਆਂ ਤੋਂ ਸਪੈਸ਼ਲ ਖਿਡਾਰੀਆਂ ਨੇ ਭਾਗ ਲਿਆ। ਜਿਨ੍ਹਾਂ ਨੂੰ ਚੋਣਵੇਂ ਕੋਚਾਂ ਵੱਲੋਂ ਵਾਲੀਵਾਲ ਤੇ ਬੈਡਮਿੰਟਨ ਦੀ ਸਿਖਲਾਈ ਦਿੱਤੀ ਗਈ। ਸੰਸਥਾ ਵੱਲੋਂ ਰਿਹਾਇਸ਼ ਅਤੇ ਖੁਰਾਕ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।

# ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਵੱਲੋਂ ਜ਼ੂਮ ਐਪ ਰਾਹੀਂ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਪੰਜਾਬ ਵੱਲੋਂ ਮਹੀਨੇ ਦੇ ਦੂਸਰੇ ਐਤਵਾਰ ਜ਼ੂਮ ਰਾਹੀਂ ਰਾਤ 9 ਵਜੇ ਤੋਂ 10 ਵਜੇ ਤੱਕ ਇਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਧੂਰੀ ਤੋਂ ਮਿਆਂਕ ਬੰਸਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੱਤਰਕਾਰਾਂ ਨੂੰ ਆਰਟੀਕਲ ਬਣਾਉਣ ਚੈਟ-ਜੀ.ਪੀ. ਟੀ ਬਾਰੇ ਦੱਸਿਆ ਅਤੇ ਕੈਨਵਾ ਸੋਫਟਵੇਅਰ ਦੇ ਟੂਲਸ ਬਾਰੇ ਵੀ ਦੱਸਿਆ ਕਿ ਅਸੀਂ ਕਿਸ ਤਰ੍ਹਾਂ (ਏ ਆਈ) ਆਰਟੀਫਿਸ਼ੀਅਲ ਇੰਟੈਲੀਜੈਂਸੀ ਦੀ ਸਹਾਇਤਾ ਨਾਲ ਖਬਰ ਬਣਾ ਸਕਦੇ ਹਾਂ। ਜਿਸ ਵਿੱਚ ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਪੰਜਾਬ ਦੇ ਮੈਂਬਰਾਂ ਨੇ ਹਿੱਸਾ ਲਿਆ। ਸਾਰੇ ਪੱਤਰਕਾਰ ਸਾਥੀਆਂ ਨੇ ਇਸ ਉਪਰਾਲੇ ਦੀ ਬਹੁਤ ਪ੍ਰਸ਼ੰਸਾ ਕੀਤੀ ਅਤੇ ਖਾਸ ਤੌਰ ਤੇ ਜਸਵਿੰਦਰ ਸਿੰਘ ਆਜ਼ਾਦ ਦਾ ਧੰਨਵਾਦ ਕੀਤਾ ਜਿਨਾਂ ਦੇ ਸਦਕਾ ਇਹ ਮੀਟਿੰਗ ਦੀ ਸ਼ੁਰੂਆਤ ਹੋਈ ਹੈ। ਪਿਛਲੇ ਮਹੀਨੇ ਦੇ ਦੂਸਰੇ ਐਤਵਾਰ ਵੀ ਇਸ ਮੀਟਿੰਗ ਵਿੱਚ ਜਸਵਿੰਦਰ ਸਿੰਘ ਆਜ਼ਾਦ ਕੋਲੋਂ ਬਹੁਤ ਕੁਝ ਸਿੱਖਣ ਨੂੰ ਮਿਲਿਆ ਸੀ।ਇਸ ਮੀਟਿੰਗ ਰਾਹੀਂ ਪੱਤਰਕਾਰੀ ਦੇ ਨਾਲ ਜੁੜੀ ਹੋਈ ਹਰ ਇੱਕ ਗੱਲ ਨੂੰ ਬੜੇ ਹੀ ਧਿਆਨ ਨਾਲ ਅਤੇ ਬਰੀਕੀ ਨਾਲ ਸਮਝਾਇਆ ਜਾਂਦਾ ਹੈ। ਇਹ ਮੀਟਿੰਗ ਲਗਾਤਾਰ ਹਰ ਮਹੀਨੇ ਦੇ ਦੂਸਰੇ ਐਤਵਾਰ ਇਸੇ ਤਰ੍ਹਾਂ ਚਲਦੀ ਰਹੇਗੀ। ਅੱਗੋਂ ਤੋਂ ਇਸ ਮੀਟਿੰਗ ਨੂੰ ਹੋਰ ਵੀ ਵਧੀਆ ਢੰਗ ਨਾਲ ਸਾਰੇ ਪੱਤਰਕਾਰ ਵੀਰਾਂ ਦੇ ਸਹਿਯੋਗ ਨਾਲ ਪੇਸ਼ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਜਸਵਿੰਦਰ ਸਿੰਘ ਆਜ਼ਾਦ, ਮਿਆਂਕ ਬੰਸਲ (ਏ,ਆਈ. ਆਰਟੀਫਿਸ਼ੀਅਲ ਇੰਟੈਲੀਜੈਂਸੀ ਦੇ ਐਕਸਪਰਟ), ਬਲਵੀਰ ਕਰਮ, ਦਲਵੀਰ ਸਿੰਘ ਕਲੋਈਆ, ਅਰੁਣ ਚੋਪੜਾ, ਸੁਨੀਲ ਕੁਮਾਰ, ਸੁਰਿੰਦਰ ਕੁਮਾਰ, ਸੁਰਜੀਤ ਪਾਲ, ਧਰਮਿੰਦਰ ਕੁਮਾਰ, ਦਲਜੀਤ ਸਿੰਘ ਕਲਸੀ, ਗੁਰਲੀਨ ਕੌਰ, ਸੰਦੀਪ ਵਿਰਦੀ, ਅਵਤਾਰ ਸਿੰਘ ਮਾਧੋਪੁਰੀ, ਸ਼ੁਭਮ, ਰਣਜੀਤ ਸਿੰਘ ਬੈਂਸ, ਯੋਗਰਾਜ ਦਿਓਲ, ਚਿਰਾਗ ਕਲੋਈ ਅਤੇ ਸਾਥੀ ਮੀਟਿੰਗ ਵਿੱਚ ਸ਼ਾਮਿਲ ਸਨ।

# ਹਲਕਾ ਫਿਲੌਰ ਦੀ ਮੀਟਿੰਗ 'ਚ ਵਰਕਰਾਂ ਦੇ ਹਜ਼ੂਮ ਨੇ ਦਿੱਤਾ ਚੰਨੀ ਦੀ ਲੋਕਪ੍ਰਿਅਤਾ ਦਾ ਸਬੂਤ : ਚੱਢਾ



**ਗੁਰਾਇਆ (ਬਿੰਦਰ ਸੁੰਮਨ)**- ਸਾਬਕਾ ਮੁੱਖ ਮੰਤਰੀ ਪੰਜਾਬ ਅਤੇ ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਵਲੋਂ ਹਲਕਾ ਫਿਲੌਰ ਦੇ ਅਹੁਦੇਦਾਰਾ ਅਤੇ ਵਰਕਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਹ ਮੀਟਿੰਗ ਇੱਕ ਰੈਲੀ ਦਾ ਰੂਪ ਧਾਰਨ ਕਰ ਗਈ। ਇਸ ਮੀਟਿੰਗ 'ਚ ਸ਼ਾਮਲ ਹੋਣ ਲਈ ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਚੱਡਾ ਅਤੇ ਯੂਥ ਕਾਂਗਰਸ ਹਲਕਾ ਫਿਲੌਰ ਦੇ ਪ੍ਰਧਾਨ ਸੁਖਜੀਤ ਸਿੰਘ ਦੀ ਅਗਵਾਈ 'ਚ ਨੌਜਵਾਨਾਂ ਦਾ ਇੱਕ ਵੱਡਾ ਕਾਫਲਾ ਗੁਰਾਇਆ ਤੋ ਰਵਾਨਾ ਹੋਇਆ। ਇਸ ਮੌਕੇ ਚਰਨਜੀਤ ਸਿੰਘ ਚੰਨੀ ਨੇ ਵਰਕਰਾਂ ਨੂੰ ਲੁਧਿਆਣਾ ਵਿਖੇ ਹੋ ਰਹੀ ਜ਼ਿਮਨੀ ਚੋਣ ਆਪਣਾ ਯੋਗਦਾਨ ਪਾਉਣ ਦੀ ਗੱਲ ਆਖੀ। ਇਸ ਮੌਕੇ ਵੱਖ ਵੱਖ ਬੁਲਾਰਿਆ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਹਲਕਾ ਫਿਲੌਰ ਲਈ ਇੱਕ ਵਧੀਆ ਲੀਡਰ ਹਨ। ਇਸ ਮੌਕੇ ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਚੱਡਾ ਨੇ ਕਿਹਾ ਕਿ ਹਲਕਾ ਫਿਲੌਰ ਅੰਦਰ ਹੋਈ ਇਸ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਹਲਕਾ ਫਿਲੌਰ ਅੰਦਰ ਚਰਨਜੀਤ ਸਿੰਘ ਚੰਨੀ ਨੂੰ ਲੈ ਕੇ ਖਾਸਾ ਉਤਸ਼ਾਹ ਹੈ। ਇਸ ਮੌਕੇ ਐਡਵੋਕੇਟ ਅਸ਼ਵਨੀ ਕੁਮਾਰ, ਪ੍ਰਦੀਪ ਸਿੰਘ, ਸੁਖਜੀਤ ਸਿੰਘ, ਨਰੇਸ਼ ਸੂਰਜਾ, ਗੁਰਮਿੰਦਰ ਸਿੰਘ, ਹਰਮਿੰਦਰ ਸਿੰਘ, ਕਰਨੀ, ਬਲਜੀਤ ਸਿੰਘ, ਨੀਟੂ ਸੂਰਜਾ, ਐਡਵੋਕੇਟ ਇੰਦਰਪਾਲ ਸਿੰਘ, ਜਸਵਿੰਦਰਪਾਲ ਪਾਠਕ, ਹਰਪ੍ਰੀਤ ਮੱਲ, ਗੁਰਵਿੰਦਰ ਸਿੰਘ, ਰਾਹੁਲ ਕੁਮਾਰ, ਨੀਟੂ ਸੂਰਜਾ ਤੋ ਇਲਾਵਾ ਹੋਰ ਹਾਜ਼ਰ ਸਨ।

# ਸਿਲਵਰ ਓਕ ਸਕੂਲ ਦੇ ਬੱਚਿਆਂ ਨੇ ਕੁਇਜ਼ ਮੁਕਾਬਲਿਆਂ 'ਚ ਲਿਆ ਹਿੱਸਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜਪੁਰ ਵਿਖੇ ਭਾਰਤੀ ਭਾਸ਼ਾ ਸਮਰ ਕੈਂਪ 2025 ਦਾ ਆਖਰੀ ਦਿਨ ਬੜਾ ਯਾਦਗਾਰ ਹੋ ਨਿੱਬੜਿਆ। ਬੱਚਿਆਂ ਨੇ ਅਲੱਗ ਅਲੱਗ ਗਤੀਵਿਧੀਆਂ ਅਤੇ ਮੁਕਾਬਲਿਆਂ 'ਚ ਹਿੱਸਾ ਲਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਇਹ ਕੈਂਪ ਸਫਲਤਾ ਪੂਰਵਕ ਨੇਪਰੇ ਚੜ੍ਹਿਆ। ਪ੍ਰਿੰਸੀਪਲ ਮੁਨੀਸਸ਼ਾ ਸੰਗਰ ਨੇ ਦੱਸਿਆ ਕਿ ਸਰਕਾਰੀ ਨਿਰਦੇਸ਼ਾਂ ਅਨੁਸਾਰ ਸਾਡੇ ਵੱਲੋਂ ਭਾਰਤ ਦੀਆਂ ਵੱਖ ਵੱਖ ਭਾਸਾਵਾਂ ਵਿੱਚੋਂ ਤੇਲਗੂ ਭਾਸ਼ਾ ਚੁਣੀ ਗਈ ਸੀ ਜਿਹਦੇ ਅਧੀਨ ਬੱਚਿਆਂ ਨੇ ਸਾਡੇ ਦੇਸਸ਼ ਦੇ ਇੱਕ ਰਾਜ ਆਂਧਰਾ ਪ੍ਰਦੇਸ਼ ਦੀ ਭਾਸ਼ਾ ਅਤੇ ਉੱਥੇ ਦੇ ਸੱਭਿਆਚਾਰ ਬਾਰੇ ਜਾਣਿਆ ਅਤੇ ਅਲੱਗ ਅਲੱਗ ਗਤੀਵਿਧੀਆਂ ਤੇ ਕੁਇਜ਼ ਮੁਕਾਬਲਿਆਂ 'ਚ ਹਿੱਸਾ ਲਿਆ। ਉਹਨਾਂ ਦੱਸਿਆ ਕਿ ਸਕੂਲ ਦੇ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਸੀ ਸੀ ਏ ਵਿਭਾਗ ਦੇ ਬਲਜੀਤ ਕੌਰ ਅਤੇ ਸੁਮੀਤ ਕੌਰ ਦੀ ਅਗਵਾਈ ਵਿੱਚ ਬੱਚਿਆਂ ਨੇ ਆਪਣੇ ਮਾਪਿਆਂ ਦੀ ਹਾਜ਼ਰੀ 'ਚ ਕੁਇਜ਼ ਮੁਕਾਬਲਿਆਂ 'ਚ ਹਿੱਸਾ ਲਿਆ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਅਤੇ ਇਸ ਦੇ ਨਾਲ ਹੀ ਪ੍ਰਿੰਸੀਪਲ ਮਨੀਸ਼ਾ ਸੰਗ



ਨੇ ਕੈਂਪ ਦੀ ਸਮਾਪਤੀ ਕਰਦੇ ਹੋਏ ਆਏ ਹੋਏ ਸਾਰੇ ਮਾਪਿਆਂ ਦਾ ਅਤੇ ਬੱਚਿਆਂ ਦਾ ਧੰਨਵਾਦ ਕੀਤਾ। ਉਹਨਾਂ ਦੱਸਿਆ ਭਾਰਤ ਦੀਆਂ ਅਲੱਗ ਅਲੱਗ ਭਾਸ਼ਾਵਾਂ ਤੇ ਸੱਭਿਆਚਾਰਾਂ ਵਿੱਚੋਂ ਇੱਕ ਦੇ ਬਾਰੇ ਜਾਣਨਾ ਬੱਚਿਆਂ ਲਈ ਇੱਕ ਅਲੱਗ ਤਜਰਬਾ ਰਿਹਾ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਾਜਵੀਰ ਕੌਰ, ਰਾਜਵਿੰਦਰ ਕੌਰ, ਜੱਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਸੰਜੀਵ ਕੁਮਾਰ ਸ਼ਰਮਾ, ਸੁਰੇਸ਼, ਵਿਸ਼ਾਲੀ, ਨੇਹਾ, ਗੁਰਪ੍ਰੀਤ, ਗੁਰਦੇਵ, ਅਜੇ, ਹਰਜੀਤ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

# ਪ੍ਰੈੱਸ ਦੀ ਆਜ਼ਾਦੀ 'ਤੇ ਹਮਲਾ ਤੁਰੰਤ ਬੰਦ ਕਰੇ 'ਆਪ' ਸਰਕਾਰ : ਸੋਹਾਣਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਦੇ ਮੋਹਾਲੀ ਹਲਕੇ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਸੱਤਾਧਾਰੀ ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪ੍ਰੈੱਸ ਦੀ ਆਜ਼ਾਦੀ ਨੂੰ ਦਬਾਉਣ ਦੀਆਂ ਆਪਣੀਆਂ ਕੋਝੀਆਂ ਕੋਸ਼ਿਸ਼ਾਂ ਤੁਰੰਤ ਬੰਦ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਪੱਤਰਕਾਰਾਂ ਦੇ ਘਰਾਂ ਵਿੱਚ ਜਾਣ ਅਤੇ ਉਨ੍ਹਾਂ ਤੋਂ ਘੰਟਿਆਂ-ਬੱਧੀ ਪੁੱਛਗਿੱਛ ਕਰਨ ਦੀਆਂ ਖ਼ਬਰਾਂ ਬਹੁਤ



ਚਿੰਤਾਜਨਕ ਅਤੇ ਬਰਦਾਸ਼ਤ ਤੋਂ ਬਾਹਰ ਹਨ। ਸੋਹਾਣਾ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਲੋਕਤੰਤਰ ਦੇ ਚੌਥੇ ਥੰਮ੍ਹ 'ਤੇ ਸਿੱਧਾ ਹਮਲਾ ਹਨ ਅਤੇ ਉਨ੍ਹਾਂ ਲੋਕਾਂ ਨੂੰ ਡਰਾਉਣ ਅਤੇ ਚੁੱਪ ਕਰਾਉਣ ਲਈ ਤਿਆਰ ਕੀਤੀਆਂ ਗਈਆਂ ਹਨ ਜੋ ਬੇਬਾਕੀ ਨਾਲ ਸਰਕਾਰ ਨੂੰ ਜਵਾਬਦੇਹ ਬਣਾਉਂਦੇ ਹਨ। ਉਹਨਾਂ ਕਿਹਾ ਕਿ ਬੀਤੇ ਕਈ ਦਿਨਾਂ ਤੋ ਪੰਜਾਬ ਸਰਕਾਰ ਦੀ ਸੀ ਆਈ ਡੀ ਅਤੇ ਹੋਰ ਖੁਫੀਆ ਏਜੰਸੀਆਂ ਵੱਲੋਂ ਲੋਕ ਪੱਖੀ ਪੱਤਰਕਾਰਾਂ ਤੇ ਯੂਟਿਊਬਰਾਂ ਜਿਨ੍ਹਾਂ ਵਿਚ ਬਖਸ਼ੀਸ਼ ਸਿੰਘ ਲਾਈਵ ਸੱਚ ਟੀ ਵੀ, ਮਨਿੰਦਰਜੀਤ ਸਿੰਘ ਸਿੱਧੂ ਲੋਕ ਆਵਾਜ਼ ਟੀ ਵੀ, ਜੱਸ ਗਰੇਵਾਲ ਆਰ ਐਮ ਬੀ, ਟੀ. ਵੀ., ਮਿੰਟੂ ਗੁਰੂਸਰੀਆ, ਸੰਦੀਪ ਲਾਧੂਕਾ ਏ ਬੀ ਸੀ ਪੰਜਾਬ, ਗੁਰਪ੍ਰੀਤ ਸਿੰਘ ਪੰਜਾਬੀ ਨਿਊਜ਼ ਕਾਰਨਰ, ਆਦਿ ਪੱਤਰਕਾਰਾਂ ਨੂੰ ਬੁਲਾ ਕੇ ਘੰਟਿਆਂ-ਬੱਧੀ ਪੁੱਛਗਿੱਛ ਕਰਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਸੋਹਾਣਾ ਨੇ ਕਿਹਾ ਕਿ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਕਮਜ਼ੋਰ ਕਰਨ ਵਾਲੀਆਂ ਅਜਿਹੀਆਂ ਡਰਾਉਣੀਆਂ ਚਾਲਾਂ ਦਾ ਸਹਾਰਾ ਲੈਣ ਦੀ ਬਜਾਏ, 'ਆਪ' ਸਰਕਾਰ ਨੂੰ ਪ੍ਰਸ਼ਾਸਨ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ ਅਤੇ ਪੰਜਾਬ ਦੇ ਅਸਲ ਮੁੱਦਿਆਂ ਨੂੰ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਪ੍ਰੈੱਸ ਨੂੰ ਪਰੇਸ਼ਾਨ ਕਰਨ ਨਾਲ ਸਚਾਈ ਛੁਪ ਨਹੀਂ ਸਕਦੀ। ਇਹ ਸਿਰਫ ਉਨ੍ਹਾਂ ਲੋਕਾਂ ਦੇ ਇਰਾਦੇ ਨੂੰ ਮਜ਼ਬੂਤ ਕਰਦੀ ਹੈ ਜੋ ਇਸ ਪ੍ਰਤੀ ਵਚਨਬੱਧ ਹਨ।

# ਗਰਮੀ ਦੇ ਮੌਸਮ 'ਚ ਪੰਛੀਆਂ ਤੇ ਜਾਨਵਰਾਂ ਲਈ ਲੋਕ ਮਿੱਟੀ ਦੇ ਬਰਤਨਾਂ 'ਚ ਪਾਣੀ ਭਰ ਕੇ ਰੱਖਣ : ਨਵਿਤਾ ਢਿਲਵਾਂ

**ਕਾਲਾ ਸੰਘਿਆਂ (ਮਨਜੀਤ ਮਾਨ)**- 'ਪਾਣੀ ਸਾਡੇ ਜੀਵਨ ਲਈ ਬਹੁਤ ਅਨਮੋਲ ਹੈ, ਗਰਮੀਆਂ ਦੇ ਮੌਸਮ ਵਿੱਚ ਮਨੁੱਖ ਦੇ ਨਾਲ ਨਾਲ ਸਾਰੇ ਪਸ਼ੂ-ਪੰਛੀਆਂ ਨੂੰ ਵੀ ਪਾਣੀ ਦੀ ਬਹੁਤ ਲੋੜ



ਹੁੰਦੀ ਹੈ, ਮਨੁੱਖ ਤਾਂ ਪਾਣੀ ਦਾ ਪ੍ਰਬੰਧ ਕਰ ਲੈਂਦਾ ਹੈ, ਪਰ ਬੇਜ਼ੁਬਾਨ ਪਸ਼ੂ ਪੰਛੀਆਂ ਨੂੰ ਅਤਿ ਦੀ ਗਰਮੀ ਵਿੱਚ ਆਪਣੀ ਪਿਆਸ ਬੁਝਾਉਣ ਲਈ ਦਰ ਦਰ ਭਟਕਣਾ ਪੈਂਦਾ ਹੈ। ਇਹਨਾਂ ਵਿਚਾਰਾਂ ਦਾ ਪਗਟਾਵਾ ਸਮਾਜ ਸੇਵਿਕਾ ਨਵਿਤਾ ਢਿਲਵਾਂ ਨੇ ਪੱਤਰਕਾਰਾਂ ਨਾਲ ਕੀਤਾ। ਉਹਨਾ ਦੱਸਿਆ ਕਿ ਕਈ ਵਾਰ ਪਾਣੀ ਨਾ ਮਿਲਣ ਕਰਕੇ ਪੰਛੀ ਬੇਹੋਸ਼ ਹੋ ਕੇ ਡਿੱਗ ਪੈਂਦੇ ਹਨ। ਪਿੰਡਾਂ ਵਿੱਚ ਜਿੱਥੇ ਲੋਕਾਂ ਕੋਲ ਜ਼ਿਆਦਾ ਥਾਂ ਨਾ ਹੋਣ ਕਾਰਨ ਪੰਛੀਆਂ ਦੀ ਪਿਆਸ ਬੁਝਾਉਣ ਲਈ ਪੇਂਡੂ ਮਿੱਟੀ ਦੇ ਭਾਂਡਿਆਂ ਦਾ ਵਿਸ਼ੇਸ਼ ਇੰਤਜਾਮ ਕਰਦੇ ਹਨ, ਉੱਥੇ ਹੀ ਸ਼ਹਿਰਾਂ ਵਿੱਚ ਲੋਕ ਆਪਣੀਆਂ ਛੱਤਾਂ 'ਤੇ ਮਿੱਟੀ ਦੇ ਭਾਂਡੇ ਦੀ ਵਰਤੋਂ ਕਰਦੇ ਹਨ। ਉਹਨਾਂ ਸਮੂਹ ਸਮਾਜ ਸੇਵੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਗਰਮੀ ਦੇ ਮੌਸਮ ਵਿੱਚ ਪੰਛੀਆਂ ਅਤੇ ਜਾਨਵਰਾਂ ਦੀ ਪਿਆਸ ਬੁਝਾਉਣ ਲਈ ਮਿੱਟੀ ਦੇ ਬਰਤਨਾਂ ਵਿੱਚ ਪਾਣੀ ਭਰ ਕੇ ਰੱਖਣ।

# ਡਿਪਟੀ ਕਮਿਸ਼ਨਰ ਦੀ ਹਵਾਈ ਅੱਡੇ ਦੇ ਏਅਰਫੀਲਡ ਦੇ ਆਲੇ-ਦੁਆਲੇ ਪੰਛੀਆਂ ਦੀ ਰੋਕਥਾਮ ਦੇ ਉਪਾਵਾਂ ਬਾਰੇ ਵਿਭਾਗਾਂ ਨਾਲ ਮੀਟਿੰਗ

**ਐਸ.ਏ.ਐਸ.ਨਗਰ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਆਲੇ-ਦੁਆਲੇ ਦੇ ਏਅਰਫੀਲਡ ਨੂੰ ਪੰਛੀਆਂ ਤੋਂ ਮੁਕਤ ਬਣਾਉਣ ਲਈ ਏਅਰਪੋਰਟ ਅਥਾਰਟੀਆਂ ਤੋਂ ਇਲਾਵਾ ਸਬੰਧਤ ਵਿਭਾਗਾਂ ਜਿਵੇਂ ਕਿ ਗਮਾਡਾ, ਨਗਰ ਨਿਗਮ ਅਤੇ ਪੇਂਡੂ ਵਿਕਾਸ ਤੇ ਪੰਚਾਇਤਾਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸਨਰ ਨੇ ਦੱਸਿਆ ਕਿ ਚੰਡੀਗੜ੍ਹ ਹਵਾਈ ਅੱਡੇ ਦੇ ਏਅਰਫੀਲਡ ਵਿੱਚ ਪੰਛੀਆਂ ਦੀ ਮੌਜੂਦਗੀ ਕਾਰਨ ਲੈਂਡਿੰਗ ਅਤੇ ਟੇਕ ਆਫ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਕਈ ਰੋਕਥਾਮ ਉਪਾਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਫੌਰੀ ਤੌਰ 'ਤੇ ਸਬੰਧਤ ਵਿਭਾਗਾਂ ਦੀ ਸਹਾਇਤਾ ਨਾਲ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਨਮੋਲ ਸਿੰਘ ਧਾਲੀਵਾਲ ਨੇ ਕਿਹਾ ਕਿ ਹਵਾਈ ਅੱਡੇ ਦੇ ਅਧਿਕਾਰੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਇਹ ਲਿਆਂਦਾ ਹੈ ਕਿ ਮੀਟ ਦੀਆਂ ਦੁਕਾਨਾਂ 'ਤੇ ਆਸਾਨੀ ਨਾਲ ਉਪਲਬਧ ਕੱਚਾ ਮਾਸ ਤੇ ਹੋਰ ਰਹਿੰਦ-ਖੂੰਹਦ ਇਸ ਖੇਤਰ ਵਿੱਚ ਪੰਛੀਆਂ ਦੀ ਆਮਦ ਦੇ ਪ੍ਰਮੁੱਖ ਕਾਰਨਾਂ ਵਿੱਚੋਂ ਇੱਕ ਹੈ। ਇਸੇ ਤਰ੍ਹਾਂ ਕੰਬਾਲਾ, ਜਗਤਪੁਰ ਅਤੇ ਸੈਕਟਰ 74 ਦੇ ਆਸ-ਪਾਸ ਲੱਗੇ ਕੂੜੇ ਦੇ ਢੇਰਾਂ ਨੂੰ ਸ਼ਿਫਟ ਕਰਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਧਿਆਨ ਦੇਣ ਨੂੰ ਕਿਹਾ। ਸਬੰਧਤ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਇਸ ਕੰਮ ਸਬੰਧੀ



ਕਾਰਵਾਈ ਚਲ ਰਹੀ ਹੈ ਅਤੇ ਜਲਦੀ ਹੀ ਮੁਕੰਮਲ ਹੋ ਜਾਵੇਗੀ। ਉਨ੍ਹਾਂ ਡਰੇਨਜ ਵਿਭਾਗ ਨੂੰ ਕੰਬਾਲਾ, ਜਗਤਪੁਰ ਦੀਆਂ ਡਰੇਨਾਂ ਦੀ ਸਫਾਈ ਦਾ ਕੰਮ ਜਲਦ ਪੂਰਾ ਕਰਨ ਦੀ ਹਦਾਇਤ ਕੀਤੀ ਗਈ। ਇਸੇ ਤਰ੍ਹਾਂ ਨੇੜਲੇ ਮੈਰਿਜ ਪੈਲੇਸਾਂ/ਹੋਟਲਾਂ ਵੱਲੋਂ ਰਾਤ ਵੇਲੇ ਲੇਜ਼ਰ ਲਾਈਟਾਂ ਦੀ ਵਰਤੋਂ ਵੀ ਲੈਂਡਿੰਗ ਸਮੇਂ ਪਾਇਲਟਾਂ ਲਈ ਖਤਰਨਾਕ ਸਾਬਤ ਹੋ ਸਕਦੀ ਹੈ। ਇਸ ਲਈ ਹਵਾਈ ਅੱਡੇ ਦੇ 200 ਮੀਟਰ ਦੇ ਘੇਰੇ ਵਿੱਚ ਲੇਜ਼ਰ ਲਾਈਟਾਂ ਦੀ ਵਰਤੋਂ 'ਤੇ ਤੁਰੰਤ ਪਾਬੰਦੀ ਲਗਾਉਣ ਮਨਾਹੀ ਦੇ ਹੁਕਮ ਜਾਰੀ ਕਰਨ ਲਈ ਵੀ ਕਿਹਾ। ਜ਼ੀਰਕਪੁਰ ਦੇ ਨੇੜੇ ਏਅਰ ਫੋਰਸ ਸਟੇਸ਼ਨ ਦੇ ਆਸ ਪਾਸ ਹਾਈ ਗਰਾਊਡਾਂ ਦੇ ਨੇੜੇ ਲੇਬਰ ਕੈਂਪ ਹੋਣ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਇਨ੍ਹਾਂ ਲੇਬਰਜ਼ ਦੀ ਵੈਰੀਫਿਕੇਸ਼ਨ ਹੋਣੀ ਜ਼ਰੂਰੀ ਹੈ। ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ, ਗਮਾਡਾ, ਨਗਰ ਨਿਗਮ ਮੁਹਾਲੀ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੂੰ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਉਡਾਣਾਂ ਦੀ ਸੁਰੱਖਿਅਤ 'ਲੈਂਡਿੰਗ' ਅਤੇ 'ਟੇਕ ਆਫ' ਨੂੰ ਯਕੀਨੀ ਬਣਾਉਣ ਲਈ ਪੰਛੀਆਂ ਦੀ ਰੋਕਥਾਮ ਨਾਲ ਸਬੰਧਤ ਕਦਮ ਚੁੱਕਣ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

# 'ਧਰਤੀ ਦਾ ਵਧਦਾ ਤਾਪਮਾਨ ਤੇ ਹਵਾ ਪ੍ਰਦੂਸ਼ਣ ਗਲੋਬਲ ਵਾਰਮਿੰਗ ਦਾ ਕਾਰਨ ਬਣਦੇ'

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਵਾਤਾਵਰਣ ਦੇ ਵਿਗਾੜ ਕਾਰਨ ਅੱਜ ਦੇਸ਼ ਦੇ ਵੱਡੇ ਸ਼ਹਿਰ ਪਿਛਲੇ ਕਈ ਸਾਲਾਂ ਤੋਂ ਉੱਚ ਤਾਪਮਾਨ ਅਤੇ ਪ੍ਰਦੂਸ਼ਿਤ ਹਵਾ ਵਿਚ ਰਹਿ ਰਹੇ ਹਨ। ਇਹ ਹਾਲਤ ਸਿਰਫ ਦਿੱਲੀ ਜਾਂ ਮੁੰਬਈ ਵਰਗੇ ਸ਼ਹਿਰਾਂ ਦੀ ਹੀ ਨਹੀਂ ਸਗੋਂ ਪੂਰੀ ਦੁਨੀਆ ਦੀ ਹੈ। ਅੱਜ ਤਾਪਮਾਨ ਵਿਚ ਤੇਜ਼ੀ



ਨਾਲ ਤਬਦੀਲੀ ਦਾ ਪ੍ਰਭਾਵ ਨਾ ਸਿਰਫ ਮਨੁੱਖਾਂ ਲਈ ਸਗੋਂ ਧਰਤੀ ਦੇ ਸਾਰੇ ਜੀਵਾਂ ਲਈ ਇਕ ਵੱਡਾ ਖਤਰਾ ਬਣ ਗਿਆ ਹੈ। ਇਹੀ ਕਾਰਨ ਹੈ ਕਿ ਕਈ ਜਾਨਵਰ ਅਲੋਪ ਹੋ ਰਹੇ ਹਨ। ਇਸ ਦੇ ਨਾਲ ਹੀ ਲੋਕ ਕੈਂਸਰ ਵਰਗੀਆਂ, ਸਾਹ ਦੀਆਂ ਬਿਮਾਰੀਆਂ ਦੀ ਲਪੇਟ ਵਿੱਚ ਵੀ ਆ ਰਹੇ ਹਨ। ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਦਾ ਕਹਿਣਾ ਹੈ ਕਿ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਦੀ ਰਿਪੋਰਟ ਦੇ ਅਨੁਸਾਰ ਵਿਸ਼ਵ ਦੀ ਆਬਾਦੀ ਲਗਾਤਾਰ 8 ਬਿਲੀਅਨ ਵੱਲ ਵਧ ਰਹੀ ਹੈ ਅਤੇ ਅਸੀਂ ਆਪਣੀ ਮੌਜੂਦਾ ਜੀਵਨ ਸ਼ੈਲੀ ਨੂੰ ਕਾਇਮ ਰੱਖਣ ਲਈ 1.6 ਧਰਤੀ ਦੇ ਬਰਾਬਰ ਵਰਤ ਰਹੇ ਹਾਂ। ਕੁਦਰਤੀ ਤੌਰ 'ਤੇ ਈਕੋ-ਸਿਸਟਮ ਸਾਡੀਆਂ ਮੰਗਾਂ ਨੂੰ ਪੂਰਾ ਨਹੀਂ ਕਰ ਸਕਦਾ ਅਤੇ ਨਤੀਜੇ ਵਜੋਂ ਤੇਜ਼ੀ ਨਾਲ ਵਿਗੜ ਰਿਹਾ ਹੈ। ਐਡਵੋਕੇਟ ਸੁਭਾਸ਼ ਸ਼ਰਮਾ ਨੇ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ। ਵਾਤਾਵਰਣ ਸੁਰੱਖਿਆ ਦੇ ਉਪਾਵਾਂ ਨੂੰ ਲਾਗੂ ਕਰਨ ਲਈ ਹਰ ਉਮਰ ਦੇ ਲੋਕਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਲੋਕਾਂ ਨੂੰ ਵੱਧ ਤੋਂ ਵੱਧ ਦਰੱਖਤ ਲਾਉਣ, ਆਪਣਾ ਆਲਾ-ਦੁਆਲਾ ਸਾਫ ਰੱਖਣ, ਸੀ ਐੱਨ ਜੀ ਵਾਹਨਾਂ ਦਾ ਇਸਤੇਮਾਲ ਕਰਨ 'ਤੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ। ਪ੍ਰਕਾਸ਼ ਸਕੂਲ ਦੇ ਐਮ ਡੀ ਸੁਖਰਾਜ ਸਿੰਘ ਕੈਡੀ ਦਾ ਕਹਿਣਾ ਹੈ ਕਿ ਜੇਕਰ ਅਸੀਂ ਖੁੱਲ੍ਹੀ ਹਵਾ 'ਚ ਸਾਹ ਲੈਣਾ ਹੈ ਤਾਂ ਸਾਨੂੰ ਇਸ ਦੀ ਸ਼ੁਰੂਆਤ ਆਪਣੇ ਘਰ ਤੋਂ ਹੀ ਕਰਨੀ ਪਵੇਗੀ। ਇਸ ਲਈ ਜੇਕਰ ਅਸੀ ਖੁਦ ਵਾਤਾਵਰਣ ਦੀ ਸੰਭਾਲ ਕਰਾਂਗੇ, ਤਾਂ ਹੀ ਸਾਫ ਤੇ ਸ਼ੁੱਧ ਵਾਤਾਵਰਣ ਦਾ ਲਾਭ ਪ੍ਰਾਪਤ ਕਰ ਸਕਦੇ ਹਾਂ। ਆਰ ਕੇ ਸਵੀਟਸ ਕਿਤੇ ਕੁਮਾਰ ਨੇ ਕਿਹਾ ਕਿ ਸਾਰੇ ਲੋਕ ਵਾਤਾਵਰਣ ਨੂੰ ਸ਼ੁੱਧ ਤੇ ਸਾਫ ਰੱਖਣ ਲਈ ਆਪਣਾ ਬਣਦਾ ਯੋਗਦਾਨ ਪਾ ਸਕਦੇ ਹਨ। ਉਸ ਦੇ ਲਈ ਥੋੜ੍ਹੀ ਜਿਹੀ ਮਿਹਨਤ ਤੇ ਆਪਸੀ ਤਾਲਮੇਲ ਤੇ ਵਾਤਾਵਰਣ ਸੰਭਾਲ ਸੰਬੰਧੀ ਪਿਆਰ ਹੋਣਾ ਬਹੁਤ ਜ਼ਰੂਰੀ ਹੈ। ਗੁਰਬਾਣੀ ਦੇ ਅਨੁਸਾਰ ਪਵਣ ਗੁਰੂ ਪਾਣੀ ਪਿਤਾ ਮਾਤਾ ਧਰਤ ਮਹੱਤ ਦੇ ਫਲਸਫੇ 'ਤੇ ਚੱਲਣ ਦੀ ਜ਼ਰੂਰਤ ਹੈ। ਰਿਟਾਇਰ ਐਸ ਐਚ ਏ ਸੁਭਾਸ਼ ਬਾਠ ਦਾ ਕਹਿਣਾ ਹੈ ਕਿ ਧਰਤੀ ਦਾ ਵਧਦਾ ਤਾਪਮਾਨ ਤੇ ਹਵਾ ਪ੍ਰਦੂਸ਼ਣ ਗਲੋਬਲ ਵਾਰਮਿੰਗ ਦਾ ਕਾਰਨ ਬਣਦੇ ਹਨ। ਸਾਡੀ ਧਰਤੀ 'ਤੇ ਪਿਛਲੇ ਸਾਲਾਂ 'ਚ ਭੁਚਾਲ, ਹੜ੍ਹ, ਸੁਨਾਮੀ ਵਰਗੀਆਂ ਘਟਨਾਵਾਂ ਤੇਜ਼ੀ ਨਾਲ ਵਧੀਆਂ ਹਨ। ਇਸ ਦੇ ਪਿੱਛੇ ਦਾ ਕਾਰਨ ਸਾਡੀ ਧਰਤੀ ਦੇ ਈਕੋ-ਸਿਸਟਮ ਵਿਚ ਆਏ ਬਦਲਾਅ ਅਤੇ ਤੇਜ਼ੀ ਨਾਲ ਵਧਦੀ ਗਲੋਬਲ ਵਾਰਮਿੰਗ ਦੇ ਕਾਰਨ ਹੀ ਇਹ ਸਭ ਹੋ ਰਿਹਾ ਹੈ।

# ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਰੋਪੜ ਨੇ ਵਾਤਾਵਰਣ ਨੂੰ ਬਚਾਉਣ ਦਾ ਦਿੱਤਾ ਹੋਕਾ

**ਨੰਗਲ (ਸੁਰਜੀਤ ਸਿੰਘ)**- ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ) ਇਕਾਈ ਰੋਪੜ ਦੇ ਸੱਭਿਆਚਾਰ ਵਿਭਾਗ ਮੁਖੀ ਹਰਨੇਕ ਚੱਕ ਕਰਮਾ



ਨੇ ਦੱਸਿਆ ਕਿ 8 ਜੂਨ ਨੂੰ ਵੇਰਕਾ ਚੌਕ ਹੈਡ ਵਰਕਸ ਰੋਪੜ ਵਿਖੇ ਵਾਤਾਵਰਣ ਨੂੰ ਬਚਾਉਣ ਲਈ ਕਿਤਾਬਾਂ ਦੀ ਸਟਾਲ ਲਗਾ ਕੇ ਲੋਕਾਂ ਤੱਕ ਸੁਨੇਹਾ ਪਹੁਚਾਉਣ ਦੇ ਯਤਨ ਕੀਤੇ ਕਿ ਜਨਮ ਦਿਨ 'ਤੇ ਕੇਕ ਕੱਟਣ ਦੀ ਬਜਾਏ ਸਾਨੂੰ ਵੱਧ ਤੋ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਇਕਾਈ ਮੁਖੀ ਅਸ਼ੋਕ ਕੁਮਾਰ ਨੇ ਕਿਹਾ ਕਿ ਜੇਕਰ ਇਸ ਤਰ੍ਹਾਂ ਹੀ ਦਰੱਖਤਾਂ ਦੀ ਕਟਾਈ ਹੁੰਦੀ ਰਹੀ ਤਾਂ ਉਹ ਦਿਨ ਦੂਰ ਨਹੀਂ ਜਿਸ ਦਿਨ ਸਾਨੂੰ ਸਾਹ ਲੈਣਾ ਵੀ ਔਖਾ ਹੋ ਜਾਵੇਗਾ। ਤਰਕਸ਼ੀਲ ਸੁਸਾਇਟੀ ਕਈ ਸਾਲਾਂ ਤੋਂ ਇਤਿਹਾਸਕ ਦਿਨਾਂ 'ਤੇ ਖਾਲੀ ਜਗ੍ਹਾ ਉਤੇ ਬੂਟੇ ਲਗਾਉਣ ਦਾ ਉਪਰਾਲਾ ਕਰ ਰਹੀ ਹੈ ਅਤੇ ਇਨਸਾਨੀਅਤ ਦੀ ਭਲਾਈ ਲਈ ਲੋਕਾਂ ਤੋਂ ਸਹਿਯੋਗ ਕਰਨ ਦੀ ਮੰਗ ਕਰਦੀ ਹੈ। ਪਵਨ ਕੁਮਾਰ ਰੱਤੋ ਅਤੇ ਅਮਰਨਾਥ ਨੇ ਦੱਸਿਆ ਕਿ ਦੇਖਣ ਵਿੱਚ ਆਇਆ ਹੈ ਕਿ ਲੋਕ ਬਿਨਾਂ ਸੋਚੇ ਸਮਝੇ ਦਰਿਆਵਾਂ, ਨਹਿਰਾਂ ਵਿੱਚ ਸੁਆਹ, ਕੂੜਾ-ਕਰਕਟ ਆਦਿ ਵਗੈਰਾ ਸੁੱਟ ਦਿੰਦੇ ਹਨ ਜਿਸ ਨਾਲ ਪਾਣੀ ਪੀਣ ਯੋਗ ਨਹੀਂ ਰਹਿੰਦਾ ਜੋ ਕਿ ਬਿਲਕੁਲ ਗਲਤ ਹੈ। ਵਾਤਾਵਰਣ ਦੀ ਸਾਂਭ-ਸੰਭਾਲ ਕਰਨਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ। ਇਸ ਲਈ ਆਓ ਜਨਤਕ ਥਾਵਾਂ ਅਤੇ ਜੰਗਲਾਂ ਨੂੰ ਹਰਾ ਭਰਾ ਕਰਨ ਲਈ ਵੱਧ ਤੋਂ ਵੱਧ ਯੋਗਦਾਨ ਪਾਈਏ, ਵੱਧ ਤੋ ਵੱਧ ਬੂਟੇ ਲਗਾਈਏ। ਇਸ ਦੌਰਾਨ ਅਜੇ ਕੁਮਾਰ ਅਤੇ ਉਨ੍ਹਾ ਦੀ ਪਤਨੀ ਸੁਜਾਤਾ ਪਾਵਰ ਕਲੋਨੀ ਤੋਂ ਵੀ ਹਾਜ਼ਰ ਸੀ।

# ਰੋਟੇਰੀਅਨ ਪਰਵਾਰਾਂ ਦਾ ਇਕੱਠ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸਨੇਹ ਜੈਨ ਦੀ ਅਗਵਾਈ ਹੇਠ ਰੋਟਰੀ ਕਲੱਬ ਵੱਲੋਂ ਧਰਮਸ਼ਾਲਾ ਦੇ ਪੰਚਵਟੀ ਰਿਜ਼ੋਰਟ ਵਿਖੇ ਰੋਟੇਰੀਅਨ ਪਰਵਾਰਾਂ ਦਾ



ਇਕੱਠ ਕਰਵਾਇਆ ਗਿਆ, ਜਿਸ ਵਿੱਚ ਸਾਬਕਾ ਜ਼ਿਲ੍ਹਾ ਗਵਰਨਰ ਜੀ.ਐਸ ਬਾਵਾ ਅਤੇ ਉਨ੍ਹਾਂ ਦੀ ਪਤਨੀ ਰੋਟੇਰੀਅਨ ਜਸਵਿੰਦਰ ਬਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ, ਜਿਸ ਨਾਲ ਭਾਈਚਾਰੇ ਦੀ ਭਾਵਨਾ ਨੂੰ ਹੁਲਾਰਾ ਮਿਲਿਆ ਅਤੇ ਮੈਂਬਰਾਂ ਦਰਮਿਆਨ ਰਿਸ਼ਤੇ ਮਜ਼ਬੂਤ ਹੋਏ। ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਅਤੇ ਗੀਤ ਸੰਗੀਤ ਪ੍ਰੋਗਰਾਮ ਆਯੋਜਿਤ ਕੀਤੇ ਗਏ ਅਤੇ ਡੀ.ਜੇ 'ਤੇ ਦੇਸ਼ ਭਗਤੀ ਦੀਆਂ ਧੁਨਾਂ 'ਤੇ ਡਾਂਸ ਕੀਤਾ ਗਿਆ। ਪ੍ਰੋਜੈਕਟ ਦੇ ਚੇਅਰਮੈਨ ਯੋਗੇਸ਼ ਚੰਦਰ ਨੇ ਮੈਂਬਰਾਂ ਵਿਚਕਾਰ ਸਦਭਾਵਨਾ ਖੇਡ ਦਾ ਆਯੋਜਨ ਕੀਤਾ ਅਤੇ ਜੇਤੂ ਮੈਂਬਰਾਂ ਨੂੰ ਇਨਾਮ ਦਿੱਤੇ ਗਏ। ਸਾਲ 2025-2026 ਲਈ ਚੁਣੇ ਗਏ ਸਕੱਤਰ ਟਿਮਾਟਨੀ ਆਹਲੂਵਾਲੀਆ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਦੇ ਨਾਅਰੇ 'ਇਕ ਬੂਟਾ ਮਾਂ ਕੇ ਨਾਮ' ਤਹਿਤ ਹਰਬਲ, ਫਲਦਾਰ, ਛਾਂ-ਦਾਰ, ਰੁੱਖ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਹਰ ਰੋਟੇਰੀਅਨ ਨੇ ਆਪਣੇ ਜਨਮ ਦਿਨ ਅਤੇ ਆਪਣੇ ਬੱਚਿਆਂ ਦੇ ਜਨਮ ਦਿਨ 'ਤੇ ਰੁੱਖ ਲਗਾਏ ਜਾਣ ਤਾਂ ਜੋ ਵਾਤਾਵਰਣ ਵਿੱਚ ਕੁਝ ਸੁਧਾਰ ਕੀਤਾ ਜਾ ਸਕੇ।ਇਸ ਮੌਕੇ ਪ੍ਰਧਾਨ ਸਨੇਹ ਜੈਨ, ਸਕੱਤਰ ਟਿਮਾਟਨੀ ਆਹਲੂਵਾਲੀਆ, ਪੂਰਵ ਜ਼ਿਲ੍ਹਾ ਗਵਰਨਰ ਜੀ.ਐਸ. ਬਾਵਾ, ਜਸਵਿੰਦਰ ਬਾਵਾ, ਰਜਿੰਦਰ ਕੁਮਾਰ ਮੌਦਗਿਲ, ਯੋਗੇਸ਼ ਚੰਦਰ, ਰਵੀ ਜੈਨ, ਨੀਨਾ ਜੈਨ, ਅਸ਼ੋਕ ਜੈਨ, ਲੈਪੀ ਆਹਲੂਵਾਲੀਆ, ਪ੍ਰਦੀਪ ਪਰਾਸ਼ਰ, ਸੁਰਿੰਦਰ ਕੁਮਾਰ, ਸੰਜੀਵ ਕੁਮਾਰ, ਹੀਨਾ ਸੈਣੀ, ਓਮ ਕਾਂਤਾ ਆਦਿ ਹਾਜ਼ਰ ਸਨ।

# ਰਾਜਪਾਲ ਨੇ ਲਵਲੀ ਪ੍ਰੋਫੈਸ਼ਨਲ 'ਵਰਸਿਟੀ ਵਿਖੇ ਪੰਜਾਬ ਵਾਈਸ ਚਾਂਸਲਰਜ਼ ਕਾਨਫਰੰਸ ਦੀ ਕੀਤੀ ਪ੍ਰਧਾਨਗੀ




**ਜਲੰਧਰ (ਸੈਲੀ ਐਲਬਰਟ)** ਲਵਲੀ ਪ੍ਰੋਫੈਸਨਲ ਯੂਨੀਵਰਸਿਟੀ (ਐਲ ਪੀ ਯੂ) ਨੂੰ ਪੰਜਾਬ ਦੇ ਮਾਣਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਮੇਜ਼ਬਾਨੀ ਕਰਨ ਦਾ ਵਿਸ਼ੇਸ਼ ਸਨਮਾਨ ਪ੍ਰਾਪਤ ਹੋਇਆ ਜਿਨ੍ਹਾਂ ਨੇ ਕੈਂਪਸ ਵਿੱਚ ਆਯੋਜਿਤ ਪੰਜਾਬ ਵਾਈਸ ਚਾਂਸਲਰ ਅਤੇ ਡਾਇਰੈਕਟਰ ਕਾਨਫਰੰਸ ਦੀ ਪ੍ਰਧਾਨਗੀ ਕੀਤੀ। ਇਸ ਵੱਕਾਰੀ ਇਕੱਠ ਨੇ ਪੰਜਾਬ ਭਰ ਦੀਆਂ ਸਰਕਾਰੀ, ਨਿੱਜੀ ਅਤੇ ਆਟੋਨੋਮਸ ਯੂਨੀਵਰਸਿਟੀਆਂ, ਕਾਲਜਾਂ ਅਤੇ ਸੰਸਥਾਵਾਂ ਦੇ ਅਕਾਦਮਿਕ ਨੇਤਾਵਾਂ ਨੂੰ ਇਕੱਠਾ ਕੀਤਾ। ਅਕਾਦਮਿਕ ਨੇਤਾਵਾਂ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਨਵੀਨਤਾਕਾਰੀ, ਸਮਾਵੇਸ਼ੀ ਅਤੇ ਪ੍ਰਭਾਵ-ਅਧਾਰਤ ਸਿਖਲਾਈ ਮਾਡਲਾਂ ਰਾਹੀਂ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਐਲ ਪੀ ਯੂ ਵਰਗੀਆਂ ਅਕਾਦਮਿਕ ਸੰਸਥਾਵਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਕਟਾਰੀਆ ਨੇ ਕਿਹਾ, "ਇਹ ਦੇਖ ਕੇ ਬਹੁਤ ਹੌਸਲਾ ਮਿਲਦਾ ਹੈ ਕਿ ਐਲ ਪੀ ਯੂ ਵਰਗੀਆਂ ਸੰਸਥਾਵਾਂ ਇੱਕ ਪ੍ਰਗਤੀਸ਼ੀਲ ਦ੍ਰਿਸ਼ਟੀਕੋਣ ਨਾਲ ਅੱਗੇ ਆ ਰਹੀਆਂ ਹਨ ਅਤੇ 22 ਲੱਖ ਤੋਂ ਵੱਧ ਰੱਖਿਆ ਅਤੇ ਅਰਧ ਸੈਨਿਕ ਬਲਾਂ ਦੇ ਕਰਮਚਾਰੀਆਂ ਨੂੰ ਪੂਰੀ ਫੀਸ-ਮੁਆਫੀ ਸਕਾਲਰਸ਼ਿਪ ਪ੍ਰਦਾਨ ਕਰ ਰਹੀਆਂ ਹਨ।" ਉਨ੍ਹਾਂ ਕਿਹਾ, "ਅਧਿਆਪਕ, ਵਿਦਿਆਰਥੀ, ਪਰਵਾਰ, ਸਾਨੂੰ ਸਾਰਿਆਂ ਨੂੰ 'ਯੁੱਧ ਨਸ਼ਾ ਵਿਰੋਧੀ' ਨੂੰ ਲੋਕ ਲਹਿਰ ਵਿੱਚ ਬਦਲਣ ਲਈ ਇਕੱਠੇ ਹੋਣਾ ਚਾਹੀਦਾ ਹੈ। ਸਿੱਖਿਆ ਅਤੇ ਜਾਗਰੂਕਤਾ ਸਾਡੇ ਕੋਲ ਸਭ ਤੋਂ ਸ਼ਕਤੀਸਾਲੀ ਹਥਿਆਰ ਹਨ। ਰਾਜਪਾਲ ਨੇ ਸਿੱਖਿਆ ਅਤੇ ਨਵੀਨਤਾ ਰਾਹੀਂ ਰਾਸਟਰ ਨਿਰਮਾਣ ਪ੍ਰਤੀ ਐਲ ਪੀ ਯੂ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ ਅਤੇ ਭਾਰਤ ਦੀਆਂ ਪ੍ਰਮੁੱਖ ਬਹੁ-ਅਨੁਸ਼ਾਸਨੀ ਯੂਨੀਵਰਸਿਟੀਆਂ ਵਿੱਚੋਂ ਇੱਕ ਵਜੋਂ ਇਸ ਦੇ ਮਹੱਤਵਪੂਰਨ ਯੋਗਦਾਨ ਨੂੰ ਸਵੀਕਾਰ ਕੀਤਾ। ਸੰਸਦ ਮੈਂਬਰ (ਰਾਜ ਸਭਾ) ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਰਾਜਪਾਲ ਦਾ ਉਨ੍ਹਾਂ ਦੀ ਪ੍ਰੇਰਨਾਦਾਇਕ ਮੌਜੂਦਗੀ ਅਤੇ ਅਗਵਾਈ ਲਈ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਕਰਨਲ ਡਾ. ਰਸਮੀ ਮਿੱਤਲ (ਪ੍ਰੋ-ਚਾਂਸਲਰ, ਐਲ ਪੀ ਯੂ); ਡਾ. ਜਸਪਾਲ ਸਿੰਘ ਸੰਧੂ (ਵਾਈਸ ਚਾਂਸਲਰ); ਪ੍ਰੋ. ਪੰਕਜ ਅਰੋੜਾ (ਚੇਅਰਮੈਨ, ਐਨ ਸੀ ਟੀ ਈ); ਵਿਵੇਕ ਪ੍ਰਤਾਪ ਸਿੰਘ, ਆਈ ਏ ਐਸ (ਰਾਜਪਾਲ ਦੇ ਪ੍ਰਮੁੱਖ ਸਕੱਤਰ); ਲਲਿਤ ਜੈਨ, ਆਈ ਏ ਐਸ (ਡਾਇਰੈਕਟਰ, ਜਨਗਣਨਾ ਸੰਚਾਲਨ); ਸਰਵੇਸ਼ ਕੌਸ਼ਲ, ਸੇਵਾਮੁਕਤ ਆਈ ਏ ਐਸ (ਸਾਬਕਾ ਮੁੱਖ ਸਕੱਤਰ), ਗਿਰੀਸ਼ ਦਿਆਲਨ, ਆਈ ਏ ਐਸ (ਡਾਇਰੈਕਟਰ ਜਨਰਲ, ਸਕੂਲ ਸਿੱਖਿਆ ਅਤੇ ਡਾਇਰੈਕਟਰ ਉੱਚ ਸਿੱਖਿਆ ਪੰਜਾਬ) ਅਤੇ ਡਾ. ਅਮਿਤ ਕੌਂਟਜ (ਡੀਨ, ਸਿੱਖਿਆ, ਜੀ ਐਨ ਡੀ ਯੂ), ਕਈ ਹੋਰ ਉੱਘੇ ਪਤਵੰਤੇ, ਵਾਈਸ ਚਾਂਸਲਰ, ਸਟਾਫ ਮੈਂਬਰ ਅਤੇ ਵਿਦਿਆਰਥੀ ਪ੍ਰਤੀਨਿਧੀ ਮੌਜੂਦ ਸਨ।

# ਨਜਾਇਜ਼ ਪਿਸਟਲ ਤੇ ਰੌਂਦਾਂ ਸਮੇਤ ਗ੍ਰਿਫ਼ਤਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਦੀ ਟੀਮ ਨੇ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ ਇੱਕ ਨਜ਼ਾਇਜ਼ ਪਿਸਟਲ .32 ਬੋਰ ਸਮੇਤ 3 ਰੌਂਦ ਬ੍ਰਾਮਦ ਕੀਤੇ ਹਨ। ਸੀ ਆਈ ਏ ਸਟਾਫ ਦੀ ਪੁਲਸ ਪਾਰਟੀ ਨੇੜੇ ਬੱਸ ਸਟਾਪ ਝੰਜੇੜੀ ਮੌਜੂਦ ਸੀ ਤਾਂ ਏ ਐਸ ਆਈ ਗੁਰਦੀਪ ਸਿੰਘ ਨੂੰ ਸੂਚਨਾ ਮਿਲ਼ੀ ਕਿ ਹਰੀਸ਼ ਵਰਮਾ ਪੁੱਤਰ ਸੁਰੇਸ਼ ਕੁਮਾਰ ਵਾਸੀ ਪਿੰਡ ਝੰਜੇੜੀ, ਜ਼ਿਲ੍ਹਾ ਐਸ.ਏ.ਐਸ. ਨਗਰ ਜੋ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਝੰਜੇੜੀ ਦੇ ਸਾਹਮਣੇ ਵਰਮਾ ਜਿਊਲਰਜ਼ ਦੇ ਨਾਂਅ 'ਤੇ ਦੁਕਾਨ ਕਰਦਾ ਹੈ, ਦੇ ਵਿਰੁੱਧ ਪਹਿਲਾਂ ਵੀ ਲੜਾਈ ਝਗੜੇ ਦਾ ਮੁਕੱਦਮਾ ਦਰਜ ਹੈ। ਜਿਸਨੇ ਆਪਣੇ ਪਾਸ ਨਜ਼ਾਇਜ਼ ਹਥਿਆਰ ਰੱਖਿਆ ਹੋਇਆ ਹੈ। ਹਰੀਸ਼ ਵਰਮਾ ਦੇ ਹੋਰ ਵੀ ਸਾਥੀਆਂ ਪਾਸ ਨਜਾਇਜ ਹਥਿਆਰ ਹਨ।ਸੂਚਨਾ ਦੇ ਅਧਾਰ 'ਤੇ ਹਰੀਸ਼ ਵਰਮਾ ਉਕਤ ਵਿਰੁੱਧ ਮੁਕੱਦਮਾ ਨੰ: 181 ਮਿਤੀ 6-ਜੂਨ ਅ/ਧ 25-54-59 ਅਸਲਾ ਐਕਟ ਥਾਣਾ ਸਦਰ ਖਰੜ ਦਰਜ ਕੀਤਾ ਗਿਆ।ਉਸ ਦੀ ਉਪਰੋਕਤ ਦੁਕਾਨ ਤੋਂ ਉਸ ਨੂੰ ਕਾਬੂ ਕਰਕੇ ਇੱਕ ਪਿਸਟਲ .32 ਬੋਰ ਸਮੇਤ 03 ਰੌਂਦ .32 ਬੋਰ ਬ੍ਰਾਮਦ ਕੀਤੇ ਗਏ।



# ਚੋਣਾਂ ਦੀ ਰੰਜ਼ਿਸ਼ ਨੂੰ ਲੈ ਕੇ ਮਹਿਲਾ ਸਰਪੰਚ ਦੇ ਲੜਕੇ ਨੂੰ ਮਾਰੀ ਗੋਲੀ, ਗੰਭੀਰ ਜ਼ਖਮੀ

**ਕਪੂਰਥਲਾ (ਪ੍ਰੀਤ ਸੰਗੋਜਲਾ, ਬਲਵਿੰਦਰ ਸਿੰਘ ਧਾਲੀਵਾਲ)**- ਕਪੂਰਥਲਾ-ਪਿੰਡ ਲੱਖਣ ਕਲਾਂ ਵਿਖੇ ਸਰਪੰਚੀ ਚੋਣਾਂ ਦੀ ਰੰਜਿਸ਼ ਨੂੰ ਲੈ ਕੇ ਕੁੱਝ ਵਿਅਕਤੀਆਂ ਵਲੋਂ ਮਹਿਲਾ ਸਰਪੰਚ ਦੇ ਲੜਕੇ 'ਤੇ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਕਾਰਨ ਲੜਕਾ ਗੰਭੀਰ ਜ਼ਖਮੀ ਹੋ ਗਿਆ ਜਿਸ ਨੂੰ ਉਸ ਦੇ ਪਰਵਾਰਕ ਮੈਂਬਰਾਂ ਨੇ ਸਿਵਲ ਹਸਪਤਾਲ ਕਪੂਰਥਲਾ ਦਾਖਲ ਕਰਵਾਇਆ ਹੈ ।ਐਮਰਜੈਂਸੀ ਵਾਰਡ ਵਿਚ ਜ਼ੇਰੇ ਇਲਾਜ ਪਵਿੱਤਰ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਲੱਖਣ ਕਲਾਂ ਪੱਤੀ ਖ਼ਿਜਰਪੁਰ ਨੇ ਦੱਸਿਆ ਕਿ ਉਸ ਦੀ ਮਾਤਾ ਤਜਿੰਦਰ ਕੌਰ ਜੋ ਕਿ ਪਿੰਡ ਦੀ ਮੌਜੂਦਾ ਸਰਪੰਚ ਹੈ ਤੇ ਉਸ ਦੇ ਪਿੰਡ ਦੇ ਹੀ ਕੁੱਝ ਵਿਅਕਤੀਆਂ ਨੇ ਚੋਣਾਂ ਦੀ ਪੁਰਾਣੀ ਰੰਜਿਸ਼ ਕਾਰਨ ਉਸ ਨੂੰ ਧੋਖੇ ਨਾਲ ਅਕੈਡਮੀ ਵਿਖੇ ਸੱਦਿਆ। ਜਦੋਂ ਉਹ ਉੱਥੇ ਮੌਕੇ 'ਤੇ ਪਹੁੰਚਿਆ ਤਾਂ ਪਹਿਲਾਂ ਤੋਂ ਮੌਜੂਦ ਕੁੱਝ ਵਿਅਕਤੀਆਂ ਨੇ ਉਸ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਿਸ ਵਿਚੋਂ ਇਕ ਗੋਲੀ ਉਸ ਦੇ ਸਿਰ ਦੇ ਕੋਲ ਲੰਘੀ ਤੇ ਦੂਸ ਰੀ ਉਸ ਦੀ ਬਾਂਹ ਵਿਚ ਲੱਗੀ ।ਡੀ.ਐਸ.ਪੀ. ਦੀਪ ਕਰਨ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜਾਂਚ ਕੀਤੀ ਜਾ ਰਹੀ ਹੈ ਜੋ ਦੋਸ਼ੀ ਪਾਇਆ ਗਿਆ ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ ।



# ਮੀਡੀਆ, ਸਾਹਿਤਕ ਤੇ ਅਕਾਦਮਿਕ ਹਲਕੇ ਰਲ ਕੇ ਕਰ ਸਕਦੇ ਹਨ ਪੰਜਾਬੀ ਦੀ ਸ਼ਾਨ ਬਹਾਲ : ਡਾ. ਅਮਰਪਾਲ ਸਿੰਘ

**ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ)**- ਬਚਪਨ ਵਿੱਚ ਸਿੱਖੀ ਭਾਸ਼ਾ ਹੀ ਕਿਸੇ ਵਿਅਕਤੀ ਦੀ ਮੁਢਲੀ ਬੋਲੀ ਬਣਦੀ ਹੈ ਤੇ ਉਸ ਵਿਰਸੇ ਨੂੰ ਵਿਅਕਤੀ ਬਾਕੀ ਸਾਰੀ ਉਮਰ ਸੰਭਾਲਦਾ ਹੈ। ਦੋਸਤ ਬੋਲੀਆਂ ਦਾ ਅਸਰ ਵੀ ਬਚਪਨ ਵਿੱਚ ਸਿੱਖੀਆਂ ਰਹੁ-ਰੀਤਾਂ ਉੱਤੇ ਪੈਂਦਾ ਹੈ ਪਰ ਜੇਕਰ ਮਾਂ ਬੋਲੀ ਦੀ ਸਰਬਉੱਚਤਾ ਵਿਅਕਤੀ ਦੇ ਮਨ ਵਿੱਚ ਵਸ ਜਾਵੇ ਤਾਂ ਮਨੁੱਖੀ ਵਿਕਾਸ ਦੇ ਨਾਲ-ਨਾਲ ਵਿਅਕਤੀ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਅੜਿੱਕਾ ਨਹੀਂ ਬਣ ਸਕਦਾ। ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਇੱਥੇ ਬੋਰਡ ਦੇ ਮੁੱਖ ਦਫਤਰ ਵਿੱਚ 'ਮਾਖਿਓਂ ਮਿੱਠੀ ਪੰਜਾਬੀ ਕਿਵੇਂ ਬਣੇ ਨੌਜਵਾਨਾਂ ਅਤੇ ਬੱਚਿਆਂ ਦੇ ਬੋਲਾਂ ਦਾ ਸ਼ਿੰਗਾਰ' ਵਿਸ਼ੇ 'ਤੇ ਗੋਲਮੇਜ਼ ਕਾਨਫਰੰਸ ਨੂੰ ਸੰਬੋਧਨ ਦੌਰਾਨ ਉਪਰੋਕਤ ਗੱਲ ਨੂੰ ਜਾਰੀ ਰੱਖਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਦੀ ਮਿੱਠ-ਬੋਲੜੀ ਸ਼ੈਲੀ ਨੂੰ ਸਮਾਜਿਕ ਪੱਖੋਂ ਬਹਾਲ ਕਰਨ ਲਈ ਮੀਡੀਆ ਦਾ ਵੱਡਾ ਰੋਲ ਹੋਵੇਗਾ ਕਿਉਂਕਿ ਮੀਡੀਆ ਦੇ ਸਹਿਯੋਗ ਨਾਲ ਹੀ ਨੌਜਵਾਨਾਂ ਤੇ ਬੱਚਿਆਂ ਵਿੱਚ ਭਾਸ਼ਾ ਦੀ ਸ਼ਾਨ ਤੇ ਸਾਖ ਮੁੜ ਬਣ ਸਕੇਗੀ । ਕਾਨਫਰੰਸ ਵਿੱਚ ਪੰਜਾਬ ਭਰ ਤੋਂ ਵੱਖ-ਵੱਖ ਸੰਚਾਰ ਮਾਧਿਅਮਾਂ ਨਾਲ ਸੰਬੰਧਤ ਸ਼ਖਸੀਅਤਾਂ ਨੇ ਹਿੱਸਾ ਲਿਆ।ਕਾਨਫਰੰਸ ਨੂੰ ਸੰਬੋਧਨ ਦੌਰਾਨ ਬਲਜੀਤ ਬੱਲੀ ਨੇ ਕਿਹਾ ਕਿ ਭਾਸ਼ਾਵਾਂ ਦਾ ਬਦਲਦਾ ਸਰੂਪ ਹੀ ਭਾਸ਼ਾਵਾਂ ਦੇ ਰਲੇਵੇਂ ਦਾ ਆਧਾਰ ਬਣਦਾ ਹੈ । ਸਰਬਜੀਤ ਧਾਲੀਵਾਲ ਨੇ ਕਿਹਾ ਕਿ ਵਧੀਆ ਤੇ ਮਿੱਠੀ ਪੰਜਾਬੀ ਬੋਲਣ ਤੇ



ਵਰਤਣ ਲਈ ਜ਼ਰੂਰੀ ਹੈ ਕਿ ਅਮਰਜੀਤ ਚੰਦਨ, ਕਿਰਪਾਲ ਕਜ਼ਾਕ, ਨਾਹਰ ਸਿੰਘ, ਜਲੌਰ ਸਿੰਘ ਖੀਵਾ ਆਦਿ ਜਿਹੇ ਪੰਜਾਬੀ ਪ੍ਰੇਮੀਆਂ ਦੀਆਂ ਰਚਨਾਵਾਂ ਪੜ੍ਹ ਕੇ, ਸਾਹਿਤ ਦੇ ਸਹਾਰੇ ਹੀ ਭਾਸ਼ਾ ਦੀ ਵਰਤੋਂ ਵਿੱਚ ਸੁਧਾਰ ਕੀਤਾ ਜਾਵੇ। ਹਰਬੰਸ ਸਿੰਘ ਸੋਢੀ ਨੇ ਕਿਹਾ ਕਿ ਪੰਜਾਬੀ ਨਿਰੰਤਰ ਚਲਦਾ ਭਾਸ਼ਾਈ ਪ੍ਰਵਾਹ ਹੈ ਜੋ ਸਾਡੀ ਆਮ ਬੋਲ-ਚਾਲ ਵਿੱਚੋਂ ਕਹਾਵਤਾਂ ਆਦਿ ਦੀ ਵਰਤੋਂ ਨਾਲ ਸ਼ਿੰਗਾਰਿਆ ਜਾਂਦਾ ਹੈ।ਸ੍ਰੀਮਤੀ ਕੰਚਨ ਵਾਸਦੇਵ ਨੇ ਕਿਹਾ ਕਿ ਮਾਂ ਬੋਲੀ ਦੀ ਮਿਠਾਸ ਕਾਇਮ ਕਰਨ ਲਈ ਸਾਹਿਤ ਦੇ ਸਹਾਰੇ ਤੋਂ ਇਲਾਵਾ ਤਕਨੀਕ ਦਾ ਸਹਾਰਾ ਲੈਣਾ ਵੀ ਜ਼ਰੂਰੀ ਹੈ। ਸਤਵਿੰਦਰ ਸਿੰਘ ਧੜਾਕ ਨੇ ਕਿਹਾ ਕਿ ਕਿਸੇ ਵੀ ਭਾਸ਼ਾ ਦੇ ਇਲਾਕਾਈ ਤੇ ਮੁਢਲੇ ਸਰੂਪ ਦੋਹੇ ਹੀ ਜਿਉਂਦੇ ਰਹਿਣੇ ਅਤਿ ਜ਼ਰੂਰੀ ਹਨ। ਉਨ੍ਹਾਂ ਵਧੀਆ ਅਨੁਵਾਦ ਉੱਤੇ ਜ਼ੋਰ ਵੀ ਦਿੰਦਿਆਂ ਕਿਹਾ ਕਿ ਲੋਕ ਧਾਰਾ ਨਾਲੋਂ ਭਾਸ਼ਾ ਦਾ ਟੁੱਟਣਾ ਬਹੁਤ ਹੀ ਨੁਕਸਾਨਦੇਹ ਹੁੰਦਾ ਹੈ। ਬੀਰ ਇੰਦਰ ਸਿੰਘ ਨੇ ਪੰਜਾਬੀ ਭਾਸ਼ਾ ਵਿੱਚ ਨਵੇਂ ਸ਼ਬਦਾਂ ਦੀ ਆਮਦ ਦੇ ਨਾਲ ਨਾਲ ਪੁਰਾਣਿਆਂ ਦੀ ਸੰਭਾਲ ਉੱਤੇ ਜ਼ੋਰ ਦਿੱਤਾ ਤੇ ਇਸ ਕਾਰਜ ਵਿੱਚ ਮਾਵਾਂ ਦੇ ਰੋਲ ਨੂੰ ਉਭਾਰਿਆ। ਜਸਵੰਤ ਸਿੰਘ ਪੁਰਬਾ ਨੇ ਕਿਹਾ ਕਿ ਪੰਜਾਬੀ ਨੂੰ ਅਧਿਆਤਮਵਾਦ ਨਾਲੋਂ ਤੋੜ ਕੇ ਵੇਖਣ ਨਾਲ ਅਸੀਂ ਪੰਜਾਬੀ ਦਾ ਅਸਲ ਗਹਿਣਾ ਉਸ ਤੋਂ ਖੋਹ ਰਹੇ ਹੋਵਾਂਗੇ। ਜੈ ਸਿੰਘ ਛਿੱਬੜ ਨੇ ਭਾਸ਼ਾਈ ਬਰੀਕੀਆਂ 'ਤੇ ਜ਼ੋਰ ਦੇਣ ਦਾ ਹੋਕਾ ਦਿੱਤਾ। ਧਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਮੁਹਾਰਤ ਦੇ ਅਜੋਕੇ ਤੇ ਸਮਕਾਲੀ ਢੰਗ ਅਪਣਾਉਣੇ ਜ਼ਰੂਰੀ ਹਨ। ਰਮਨਜੀਤ ਸਿੰਘ ਨੇ ਵਧੀਆ ਭਾਸ਼ਾਈ ਵਿਕਾਸ ਲਈ ਲੋੜੀਂਦਾ ਵਾਤਾਵਰਣ ਪੈਦਾ ਕਰਨ ਉੱਤੇ ਜ਼ੋਰ ਦਿੱਤਾ ਜਦੋਂ ਕਿ ਇੰਦਰਜੀਤ ਸਿੰਘ ਨੇ ਭਾਸ਼ਾਈ ਖੋਜ 'ਤੇ ਜ਼ੋਰ ਦਿੱਤਾ। ਹੁਸ਼ਿਆਰ ਸਿੰਘ ਰਾਣੂ ਨੇ ਪੰਜਾਬੀ ਵਿਰਸੇ ਦੇ ਤਾਕਤਵਰ ਹੋਣ ਨੂੰ ਪੰਜਾਬੀ ਭਾਸ਼ਾ ਦੀ ਪੱਕੀ ਨਹੀਂ ਦੱਸਿਆ, ਜਦੋਂ ਕਿ ਤਰਵਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਅਦਾਰਿਆਂ ਦੀ ਇਮਾਨਦਾਰੀ ਹੀ ਭਾਸ਼ਾ ਦੀ ਸ਼ਾਨ ਬਹਾਲੀ ਦਾ ਆਧਾਰ ਬਣ ਸਕਦਾ ਹੈ। ਗੁਰਪ੍ਰੀਤ ਸਿੰਘ ਨਿਆਮੀਆਂ ਨੇ ਚੰਗੀ ਲੇਖਣੀ ਪੜ੍ਹਨ ਦੀ ਚੇਟਕ 'ਤੇ ਜ਼ੋਰ ਦਿੱਤਾ ਜਦੋਂ ਕਿ ਅਵਤਾਰ ਸਿੰਘ ਤੇ ਕਰਮਜੀਤ ਸਿੰਘ ਚਿੱਲਾ ਨੇ ਘਰ ਦੇ ਵਾਤਾਵਰਣ ਅਤੇ ਵਿਆਕਰਣ ਦੇ ਗਿਆਨ ਨੂੰ ਅਹਿਮੀਅਤ ਦਿੱਤੇ ਜਾਣ ਦਾ ਸੱਦਾ ਦਿੱਤਾ।ਕਾਨਫਰੰਸ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਗੁਰਿੰਦਰ ਸਿੰਘ ਸੋਢੀ, ਸੰਯੁਕਤ ਸਕੱਤਰ ਜਨਕ ਰਾਜ ਮਹਿਰੋਕ ਅਤੇ ਕੰਟਰੋਲਰ ਲਵਿਸ਼ ਚਾਵਲਾ ਤੋਂ ਇਲਾਵਾ ਸਹਾਇਕ ਸਕੱਤਰ ਰਮਿੰਦਰਜੀਤ ਸਿੰਘ ਵਾਸੂ, ਵਿਸ਼ਾ ਮਾਹਰ ਪਰਮਿੰਦਰ ਕੌਰ ਤੇ ਮਨਵਿੰਦਰ ਸਿੰਘ ਵੀ ਹਾਜ਼ਰ ਸਨ।

# ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਮਾਰਗ ਹੋਵੇਗਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਂਦੇ ਵੀ ਆਈ ਪੀ ਰੋਡ ਦਾ ਨਾਂਅ : ਹਰਜੋਤ ਬੈਂਸ

● ਨਗਰ ਕੌਂਸਲ ਨੇ ਮਤਾ ਪਾਸ ਕਰਕੇ ਬਦਲਿਆ ਤਖਤ ਸਾਹਿਬ ਨੂੰ ਜਾਂਦੇ ਮਾਰਗ ਦਾ ਨਾਂਅ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਰਬੰਸਦਾਨੀ ਸਾਹਿਬ ਏ ਕਮਾਲ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਿਸ ਅਸਥਾਨ 'ਤੇ ਬਰਾਬਰਤਾ ਦਾ ਸੰਦੇਸ਼ ਦਿੰਦਾ ਅਤੇ ਖਾਲਸੇ ਦੇ ਰੂਪ ਵਿੱਚ ਕੁੱਲ ਸੰਸਾਰ ਨੂੰ ਤੋਹਫਾ ਦਿੱਤਾ, ਉਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਂਦੀ ਸੜਕ ਦਾ ਨਾਂਅ ਵੀ.ਆਈ.ਪੀ ਰੋਡ ਤੋਂ ਬਦਲ ਕੇ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਮਾਰਗ ਰੱਖਿਆ ਗਿਆ ਹੈ।ਇਸ ਵਿਸ਼ੇ ਹਰਜੋਤ ਬੈਂਸ ਸਿੱਖਿਆ ਮੰਤਰੀ ਪੰਜਾਬ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਨਗਰ ਕੌਂਸਲ ਵੱਲੋਂ ਮਤਾ ਪਾਸ ਕੀਤਾ ਗਿਆ ਹੈ, ਜਿਸ ਵਿੱਚ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਣ ਵਾਲੀ ਵੀ.ਆਈ.ਪੀ ਰੋਡ ਦਾ ਨਾਂਅ ਬਦਲ ਕੇ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਮਾਰਗ ਰੱਖਿਆ ਗਿਆ ਹੈ। ਬੈਂਸ ਨੇ ਕਿਹਾ ਕਿ ਜਿਸ ਅਸਥਾਨ ਤੋਂ ਦਸਮ ਪਾਤਸ਼ਾਹ ਨੇ ਖਾਲਸੇ ਦਾ ਤੋਹਫਾ ਦਿੱਤਾ ਅਤੇ ਸਮਾਜ ਨੂੰ ਬਰਾਬਰੀ ਦਾ ਹੱਕ ਦਿੱਤਾ, ਉਸ ਪਵਿੱਤਰ ਧਾਰਮਿਕ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਣ ਵਾਲੀ ਸੜਕ ਦਾ ਨਾਂਅ ਬਦਲਿਆ ਗਿਆ ਹੈ। ਇਸ ਮਾਰਗ ਦਾ ਸੁੰਦਰੀਕਰਨ ਅਤੇ ਹੋਰ ਚੌੜਾ ਕਰਕੇ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਮਾਰਗ ਨੂੰ ਹੋਰ ਸੋਹਣਾ ਬਣਾਇਆ ਜਾਵੇਗਾ। ਸਿੱਖਿਆ ਮੰਤਰੀ ਨੇ ਇਹ ਵੀ ਦੱਸਿਆ ਹੈ ਕਿ ਸਮੁੱਚਾ ਇਲਾਕਾ ਗੁਰੂ ਸਹਿਬਾਨ ਦੀ ਚਰਨ ਛੋਹ ਪ੍ਰਾਪਤ ਹੈ, ਜਿੱਥੇ ਉਨ੍ਹਾਂ ਨੇ ਆਪਣੇ ਜੀਵਨ ਦਾ ਸਭ ਤੋਂ ਵੱਧ ਸਮਾਂ ਬਤੀਤ ਕੀਤਾ ਹੈ, ਇਸ ਲਈ ਇਸ ਦੇ ਚਹੁੰਮੁਖੀ ਵਿਕਾਸ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਸ਼ੁਰੂ ਕੀਤਾ ਗਿਆ ਹੈ।





# ਨੰਗਲ ਸ਼ਹੀਦਾਂ ਬੂਥਗੜ੍ਹ ਮੋੜ 'ਤੇ ਛੋਲਿਆਂ ਦੇ ਪ੍ਰਸ਼ਾਦ ਤੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਮੇਹਟੀਆਣਾ (ਜਗਤਾਰ ਸਿੰਘ ਡੁੰਗਰਾਣੀ)**- ਪਿੰਡ ਨੰਗਲ ਸ਼ਹੀਦਾਂ ਵਿਖੇ ਬੂਥਗੜ੍ਹ ਮੋੜ 'ਤੇ ਸਮੂਹ ਨਗਰ ਨਿਵਾਸੀ ਅਤੇ ਇਲਾਕੇ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ, ਬਾਣੀ ਦੇ ਬੋਹਿਥ ਪਾਤਸ਼ਾਹੀ ਪੰਜਵੀਂ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਅਤੇ ਘੱਲੂਘਾਰੇ ਦਿਹਾੜੇ ਮੌਕੇ ਛੋਲਿਆਂ ਦੇ ਪ੍ਰਸ਼ਾਦ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਬਲਵੀਰ ਸਿੰਘ ਮਹਿਤਪੁਰ ਨੇ ਅਰਦਾਸ ਬੇਨਤੀ ਕਰਕੇ ਆਰੰਭਤਾ ਕੀਤੀ ਗਈ। ਇਸ ਮੌਕੇ ਬਾਬਾ ਬਲਵੀਰ ਸਿੰਘ ਮਹਿਤਪੁਰ 'ਤੇ ਪ੍ਰਬੰਧਕਾਂ ਨੇ ਦੱਸਿਆ ਕਿ ਆਉਣ ਜਾਣ ਵਾਲੇ ਨੂੰ ਠੰਢਾ ਮਿੱਠਾ ਜਲ ਛਕਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਬਲਵੀਰ ਸਿੰਘ ਮਹਿਤਪੁਰ ਨੇ ਸਮੂਹ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬਲਵੀਰ ਸਿੰਘ ਮਹਿਤਪੁਰ, ਸਰਪੰਚ ਜਸਵੰਤ ਸਿੰਘ, ਉਂਕਾਰ ਸਿੰਘ ਪੰਚ ਨੰਗਲ ਸ਼ਹੀਦਾਂ, ਬੰਟੀ ਬੂਥਗੜ੍ਹ, ਦੇਵ ਬੂਥਗੜ੍ਹ, ਲੱਕੀ ਬੂਥਗੜ੍ਹ, ਗੋਗਾ ਬੂਥਗੜ੍ਹ, ਫੌਜੀ ਚੱਗਰਾ, ਦੀਪਕ ਜੱਟਪੁਰ, ਵਿਜੈ ਸਿੰਘ, ਮਨਵੀਰ ਸਿੰਘ ਖਾਲਸਾ, ਸਰਬਜੀਤ ਕੌਰ, ਮਨਦੀਪ ਕੌਰ ਮਹਿਤਪੁਰ ਆਦਿ ਹਾਜ਼ਰ ਸਨ।

# ਬਾਕਸਿੰਗ ਮੁਕਾਬਲੇ 'ਚ ਪਹਿਲੇ ਨੰਬਰ 'ਤੇ ਆਈ ਨੈਣਾ ਦਾ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਿਤਾ ਦਾ ਸਾਇਆ ਸਿਰ 'ਤੇ ਨਹੀਂ, ਅੱਤ ਗਰੀਬੀ ਦੀ ਹਾਲਤ, ਪਰ ਫਿਰ ਵੀ ਬਾਕਸਿੰਗ ਮੁਕਾਬਲੇ ਵਿੱਚ ਪੂਰੇ ਪੰਜਾਬ ਚੋਂ ਪਹਿਲਾ ਸਥਾਨ ਹਾਸਲ ਕਰਕੇ ਨੈਣਾਂ ਨੇ ਇਲਾਕੇ ਦਾ ਮਾਣ ਵਧਾਇਆ। ਨੈਣਾਂ ਦੀ ਇਸ ਉਪਲਬਧੀ 'ਤੇ ਮਾਤਾ ਜੀਤੋ ਜੀ ਸੇਵਾ ਚੈਰੀਟੇਬਲ ਸੰਸਥਾ ਅਤੇ ਕੋਮਲ ਵਨ ਕੇਅਰ ਆਲ ਗਰੁੱਪ ਆਸਟਰੇਲੀਆ ਨੇ ਇਸ ਬੱਚੀ ਨੂੰ ਇਲਾਕੇ ਦੀ ਧੀ ਦਾ ਖ਼ਿਤਾਬ ਦੇ ਕੇ ਸਨਮਾਨਤ ਕੀਤਾ। ਸੰਸਥਾ ਦੇ ਪ੍ਰਧਾਨ ਰਸ਼ਵਿੰਦਰ ਸਿੰਘ ਅਤੇ ਹਰਜੀਤ ਕੌਰ ਨੇ ਦੱਸਿਆ ਕਿ ਪਿੰਡ ਦੇਹਣੀ ਦੀ ਵਸਨੀਕ 16 ਸਾਲਾ ਨੈਣਾਂ ਨੇ ਬਾਕਸਿੰਗ ਲਈ ਖੇਡਣਾ ਚਾਹੁੰਦੀ ਸੀ ਪਰ ਗਰੀਬੀ ਦੀ ਹਾਲਤ ਅਤੇ ਘਰ ਦੀਆਂ ਮਜਬੂਰੀਆਂ ਕਾਰਨ ਇਹ ਖੇਡ ਨਹੀਂ ਸਕੀ। ਜਦੋਂ ਇਸ ਦਾ ਪਤਾ ਸਾਨੂੰ ਲੱਗਿਆ ਤਾਂ ਅਸੀਂ ਇਸ ਦੀ ਜਿੱਥੇ ਹੌਸਲਾ ਅਫਜ਼ਾਈ ਕੀਤੀ ਉੱਥੇ ਇਸ ਦੀ ਮਾਈਕ ਮਦਦ ਵੀ ਕੀਤੀ ਤੇ ਅੱਜ ਇਸ ਕੁੜੀ ਨੇ ਪੰਜਾਬ ਭਰ ਵਿੱਚੋਂ ਪਹਿਲੇ ਨੰਬਰ 'ਤੇ ਆ ਕੇ ਸਮੁੱਚੇ ਇਲਾਕੇ ਦਾ ਮਾਣ ਵਧਾਇਆ। ਉਹਨਾਂ ਦੱਸਿਆ ਕਿ ਪਠਾਨਕੋਟ ਵਿਖੇ ਪੰਜਾਬ ਪੱਧਰ ਦੇ ਹੋਏ ਮੁਕਾਬਲੇ ਵਿੱਚ ਇਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਅਤੇ ਹੁਣ 17 ਜੂਨ ਨੂੰ ਇਹ ਰਾਜਸਥਾਨ ਵਿੱਚ ਜਾ ਕੇ ਨੈਸ਼ਨਲ ਪੱਧਰ 'ਤੇ ਬਾਕਸਿੰਗ ਵਿੱਚ ਭਾਗ ਲਵੇਗੀ। ਇਸ ਮੌਕੇ ਨੈਣਾਂ ਨੂੰ ਮੋਮੈਂਟੋ, ਨਕਦ ਰਾਸ਼ੀ ਅਤੇ ਕਿਟਕਟ ਦੇ ਕੇ ਇਲਾਕੇ ਦੀ ਧੀ ਦੇ ਮਾਣ ਵਜੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਬੰਗਾ, ਸਰਦੂਲ ਸਿੰਘ, ਬਲਵੀਰ ਸਿੰਘ ਖਾਲਸਾ, ਕੈਪਟਨ ਪੋਸਵਾਲ ,ਖੁਸ਼ਹਾਲ ਚੰਦ ਸਰਪੰਚ, ਹਰਕੀਰਤ ਸਿੰਘ ਸੰਧੂ, ਜਗਤਾਰ ਸਿੰਘ ਦਹਿਣੀ, ਸੁਸ਼ਮਾ ਦੇਵੀ, ਰੱਜਤ ਬੇਦੀ, ਡਾਕਟਰ ਮੰਜੂ ਬਾਲਾ, ਸੋਨੀਆ ਰਾਣਾ, ਬੰਧਨਾ ਦੇਵੀ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।



# ਰੇਲਵੇ ਲਾਈਨਾਂ ਤੋਂ ਅਣਪਛਾਤੇ ਨੌਜਵਾਨ ਦੀ ਲਾਸ਼ ਮਿਲੀ

**ਫਿਲੌਰ (ਨਿਰਮਲ)**- ਰੇਲਵੇ ਪੁਲਿਸ ਚੌਂਕੀ ਫਿਲੌਰ ਦੇ ਥਾਣੇਦਾਰ ਪ੍ਰੇਮ ਨਾਥ ਨੇ ਦੱਸਿਆ ਕਿ ਫਿਲੌਰ ਗੋਰਾਇਆ ਵਿਚਕਾਰ ਪਿੰਡ ਖੈਹਿਰਾ ਨੇੜਿਓਂ 25-30 ਸਾਲਾ ਕਲੀਨਸ਼ੇਵ ਨੌਜਵਾਨ ਦੀ ਲਾਸ਼ ਰੇਲਵੇ ਲਾਈਨਾਂ ਤੋਂ ਮਿਲੀ ਹੈ। ਜਿਸ ਦੀ ਮੌਤ ਕਿਸੇ ਰੇਲ ਗੱਡੀ ਚੋਂ ਡਿੱਗਣ ਕਾਰਨ ਹੋਈ ਜਾਪਦੀ ਹੈ। ਲਾਸ਼ ਦੀ ਪਹਿਚਾਣ ਨਹੀਂ ਹੋ ਸਕੀ। ਮ੍ਰਿਤਕ ਨੇ ਫਿਰੋਜ਼ੀ ਰੰਗ ਦੀ ਟੀ-ਸ਼ਰਟ, ਨੀਲੇ ਰੰਗ ਦੀ ਜੀਨ ਦੀ ਪੈਂਟ ਪਾਈ ਹੋਈ ਹੈ। ਉਸ ਦੀ ਸੱਜੀ ਬਾਂਹ 'ਤੇ ਅੰਗਰੇਜ਼ੀ ਵਿੱਚ ਐਨ ਪੀ ਓਮ ਲਿਖਿਆ ਹੋਇਆ ਹੈ। ਲਾਸ਼ 72 ਘੰਟੇ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਪਹਿਚਾਣ ਲਈ ਰੱਖੀ ਗਈ ਹੈ।

# ਜੌਹਲ ਫਾਰਮ ਘੁੜਕਾ ਵਿਖੇ ਲਗਾਇਆ ਲੰਗਰ, ਚੰਨੀ ਨੇ ਕੀਤੀ ਸ਼ਿਰਕਤ

**ਗੁਰਾਇਆ (ਵਿਵਰ ਸੁਮਨ)**- ਸ੍ਰੀਮਾਨ 108 ਸੰਤ ਮਲੂਕ ਸਿੰਘ ਮੋਨੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਜੌਹਲ ਫਾਰਮ ਪਿੰਡ ਘੁੜਕਾ ਵਿਖੇ ਲੰਗਰ ਲਗਾਇਆ ਗਿਆ। ਇਸ ਮੌਕੇ ਸੇਵਾਦਾਰ ਵਲੋਂ ਬੜੇ ਹੀ ਸਤਿਕਾਰ ਸਹਿਤ ਸੰਗਤਾਂ ਨੂੰ ਲੰਗਰ ਛਕਾਇਆ ਗਿਆ। ਇਸ ਮੌਕੇ ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਹਲਕਾ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਵੀ ਇਸ ਲੰਗਰ 'ਚ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਉਨ੍ਹਾਂ ਜਿਥੇ ਸੰਗਤਾਂ ਨੂੰ ਸ੍ਰੀਮਾਨ 108 ਸੰਤ ਮਲੂਕ ਸਿੰਘ ਮੋਨੀ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਉਥੇ ਹੀ ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਸੰਤਾਂ ਮਹਾਂਪੁਰਸ਼ਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਚੰਨੀ ਨੇ ਵਰਲਡ ਵਾਇਡ ਸਕੋਪ ਟਰੱਸਟ ਵਲੋਂ ਪਿੰਦੂ ਜੌਹਲ ਦੀ ਅਗਵਾਈ 'ਚ ਹਰ ਸਾਲ ਕੀਤੇ ਜਾਂਦੇ ਸਮਾਜ ਸੇਵਾ ਦੇ ਕੰਮਾਂ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਉਨਾ ਨਾਲ ਸਮਾਜ ਸੇਵਕ ਪਿੰਦੂ ਜੌਹਲ, ਐਡਵੋਕੇਟ ਅਸ਼ਵਨੀ ਕੁਮਾਰ, ਐਡਵੋਕੇਟ ਮੋਹਨ ਲਾਲ, ਜਨਰਲ ਸਕੱਤਰ ਯੂਥ ਕਾਂਗਰਸ ਮਨਪ੍ਰੀਤ ਸਿੰਘ ਚੱਡਾ, ਤਰਲੋਚਨ ਸਿੰਘ ਜੌਹਲ, ਬੱਬੀ ਜੌਹਲ, ਸਾਬਕਾ ਪ੍ਰਧਾਨ ਕਮਲਦੀਪ ਸਿੰਘ ਬਿੱਟੂ, ਸੁਰਜੀਤ ਸਿੰਘ ਮਾਹਲ, ਅਮਰਜੀਤ ਸਿੰਘ ਘੁੜਕਾ, ਨਰੇਸ਼ ਸੂਰਜਾ, ਜਸਵਿੰਦਰ ਪਾਠਕ, ਗੁਰਮਿੰਦਰ ਸਿੰਘ, ਹਰਮਿੰਦਰ ਸਿੰਘ ਤੋ ਇਲਾਵਾ ਹੋਰ ਹਾਜ਼ਰ ਸਨ।



# ਬਾਬਾ ਸਾਹਿਬ ਦੀ ਪ੍ਰਤਿਮਾ ਦਾ ਨਿਰਾਦਰ ਕਰਨ ਵਾਲਿਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਧਰਨਾ ਜਾਰੀ

**ਫਿਲੌਰ (ਨਿਰਮਲ)**- ਸਥਾਨਕ ਪਿੰਡ ਨੰਗਲ ਵਿਖੇ ਬੀਤੇ ਦਿਨੀਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਦਾ ਸਮਾਜ ਵਿਰੋਧੀ ਅਨਸਰਾਂ ਵੱਲੋਂ ਦੂਸਰੀ ਵਾਰ ਨਿਰਾਦਰ ਕੀਤਾ ਗਿਆ ਜਿਸ ਦੇ ਰੋਸ ਵਜੋਂ ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਬਹੁਜਨ ਸਮਾਜ ਪਾਰਟੀ ਵਲੋਂ ਦਿਨ ਰਾਤ ਦਾ ਨਿਰੰਤਰ ਪੱਕਾ ਧਰਨਾ ਪਿੰਡ ਨੰਗਲ ਵਿਖੇ ਲਗਾਇਆ ਹੋਇਆ ਹੈ ਅਤੇ ਅੱਜ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪਿੰਡ ਨੰਗਲ ਪਹੁੰਚੇ, ਜਿੱਥੇ ਵੱਡੀ ਗਿਣਤੀ ਵਿੱਚ ਹਾਜ਼ਰ ਬਾਬਾ ਸਾਹਿਬ ਅੰਬੇਡਕਰ ਦੇ ਪੈਰੋਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਪੰਜਾਬ ਸਮੇਤ ਦੇਸ਼ ਭਰ ਅੰਦਰ ਇੱਕ ਸੋਚੀ ਸਮਝੀ ਸਾਜਸ਼ ਦੇ ਤਹਿਤ ਬਾਬਾ ਸਾਹਿਬ ਅੰਬੇਡਕਰ ਦੀਆਂ ਪ੍ਰਤਿਮਾਵਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਗ੍ਰਿਹ ਮੰਤਰੀ ਵਲੋਂ ਬਾਬਾ ਸਾਹਿਬ ਅੰਬੇਡਕਰ ਬਾਰੇ ਸੰਸਦ ਵਿਚ ਦਿੱਤੇ ਨਿੰਦਣਯੋਗ ਬਿਆਨ ਤੋਂ ਬਾਅਦ ਹੀ ਦੇਸ਼ ਭਰ ਅੰਦਰ ਡਾਕਟਰ ਅੰਬੇਡਕਰ ਦੀਆਂ ਪ੍ਰਤਿਮਾਵਾਂ ਦੀ ਬੇਅਦਬੀ ਹੋਣੀ ਸ਼ੁਰੂ ਹੋਈ। ਇਸ ਲਈ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਇਸ ਲਈ ਬਰਾਬਰ ਦੀਆਂ ਜ਼ਿੰਮੇਵਾਰ ਹਨ। ਕਰੀਮਪੁਰੀ ਨੇ ਕਿਹਾ ਕਿ ਅੰਮ੍ਰਿਤਸਰ ਦੀ ਘਟਨਾ ਤੋਂ ਬਾਅਦ ਉਨ੍ਹਾਂ ਮੰਗ ਕੀਤੀ ਸੀ ਕਿ ਬਾਬਾ ਸਾਹਿਬ ਅੰਬੇਡਕਰ ਦੀਆਂ ਪ੍ਰਤਿਮਾਵਾਂ ਦੀ ਸੁਰੱਖਿਆ ਨੂੰ ਸਰਕਾਰ ਯਕੀਨੀ ਬਣਾਵੇ ਪਰ ਮੁੱਖ ਮੰਤਰੀ ਸਾਹਿਬ ਨੇ ਸੰਵਿਧਾਨ ਨਿਰਮਾਤਾ ਦੀਆਂ ਪ੍ਰਤਿਮਾਵਾਂ ਨੂੰ ਸੁਰੱਖਿਆ ਦੇਣੀ ਜ਼ਰੂਰੀ ਨਹੀਂ ਸਮਝੀ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਅਕਾਲੀ ਦਲ ਦੇ ਵੱਡੇ ਆਗੂਆਂ ਦੀ ਬਾਬਾ ਸਾਹਿਬ ਅੰਬੇਡਕਰ ਜੀ ਦੇ ਅਪਮਾਨ 'ਤੇ ਧਾਰੀ ਚੁਪੀ ਇਨ੍ਹਾਂ ਦੇ ਡਾਕਟਰ ਅੰਬੇਡਕਰ ਵਿਰੋਧੀ ਚਿਹਰੇ ਨੂੰ ਨੰਗਾ ਕਰਦੀ ਹੈ। ਜੇਕਰ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਨਾ ਕੀਤਾ ਗਿਆ ਤਾਂ ਬਹੁਜਨ ਸਮਾਜ ਪਾਰਟੀ ਵਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਸੱਦਾ ਦਿੱਤਾ ਕਿ ਆਉ ਬਹੁਜਨ ਸਮਾਜ ਪਾਰਟੀ ਦੀ ਪੰਜਾਬ ਸੰਭਾਲੋ ਮੁਹਿੰਮ ਦਾ ਹਿੱਸਾ ਬਣ ਕੇ 2027 ਵਿੱਚ ਸੱਤਾ ਪਰਿਵਰਤਨ ਕਰਕੇ ਬਹੁਜਨ ਸਮਾਜ ਪਾਰਟੀ ਦੇ ਹੱਥ ਸੂਬੇ ਦੀ ਕਮਾਨ ਦੇਈਏ ਤਾਂ ਜੋ ਅਮਨ ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਦੇ ਹੋਏ ਪੰਜਾਬ ਨੂੰ ਮੁੜ ਤਰੱਕੀ ਦੀਆਂ ਲੀਹਾਂ ਉਤੇ ਲਿਜਾਇਆ ਜਾ ਸਕੇ। ਇਸ ਮੌਕੇ ਤੀਰਥ ਰਾਜਪੁਰਾ, ਐਡਵੋਕੇਟ ਬਲਵਿੰਦਰ ਕੁਮਾਰ, ਗੁਰਮੇਲ ਚੁੰਬਰ, ਲਾਲ ਚੰਦ ਔਜਲਾ, ਖੁਸ਼ੀ ਰਾਮ ਨੰਗਲ, ਪ੍ਰਵੀਨ ਬੰਗਾ, ਜਗਦੀਸ ਸੇਰਪੁਰੀ, ਹਰਮੇਸ ਭਾਰਸਿੰਘਪੁਰੀ, ਹਰਭਜਨ ਬਲਾਲੋ, ਸੁਸੀਲ ਬਿਰਦੀ, ਰਾਮ ਸਰੂਪ ਚੰਬਾ, ਸੁਖਵਿੰਦਰ ਬਿੱਟੂ, ਮਹਿੰਦਰਪਾਲ ਤੇਹਿੰਗ, ਡਾਕਟਰ ਗਿਆਨ ਚੰਦ ਆਦਿ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਖੁਸ਼ੀ ਰਾਮ ਇੰਚਾਰਜ ਫਿਲੌਰ ਨੇ ਨਿਭਾਈ।



# ਅਪਰਾਧ ਦੀ ਗੰਭੀਰਤਾ ਦੇ ਅਨੁਸਾਰ ਪੀੜਤ ਨੂੰ ਉਚਿੱਤ ਮੁਆਵਜ਼ਾ ਯਕੀਨੀ ਬਣਾਇਆ ਜਾਵੇ : ਡੀ ਸੀ

**ਐਸ.ਏ.ਐਸ.ਨਗਰ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਪ੍ਰਧਾਨਗੀ ਹੇਠ ਅੱਤਿਆਚਾਰ ਰੋਕਥਾਮ ਐਕਟ 1989 ਤਹਿਤ ਪੀੜਤਾਂ ਨੂੰ ਮੁਆਵਜ਼ਾ ਦੇਣ ਲਈ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਅਸ਼ੀਸ਼ ਕਥੂਰੀਆ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ-ਕਮ-ਮੈਂਬਰ ਸਕੱਤਰ ਵਲੋਂ ਦੱਸਿਆ ਗਿਆ ਕਿ ਅੱਤਿਆਚਾਰ ਰੋਕਥਾਮ ਐਕਟ ਤਹਿਤ ਜ਼ਿਲ੍ਹਾ ਪੱਧਰੀ ਵਿਜੀਲੈਂਸ ਅਤੇ ਮੋਨੀਟਰਿੰਗ ਕਮੇਟੀ ਗਠਿਤ ਕੀਤੀ ਗਈ ਹੈ, ਜਿਸ ਅਧੀਨ ਇਹ ਮੀਟਿੰਗ ਕੀਤੀ ਜਾ ਰਹੀ ਹੈ। ਇਸ ਐਕਟ ਤਹਿਤ ਤਿਮਾਹੀ ਮੀਟਿੰਗ ਕੀਤੀ ਜਾਂਦੀ ਹੈ। ਇਸ ਕਮੇਟੀ ਅਧੀਨ ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਪੀੜਤਾਂ ਨੂੰ ਮੁਆਵਜ਼ਾ ਦੇਣ ਲਈ 16 ਕੇਸਾਂ ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਅਸ਼ੀਸ਼ ਕਥੂਰੀਆ ਨੇ ਦੱਸਿਆ ਕਿ 2 ਜੂਨ ਨੂੰ ਇਨ੍ਹਾਂ ਕੇਸਾਂ ਵਿਚੋਂ 6 ਕੇਸਾਂ ਨੂੰ 25 ਲੱਖ 87 ਹਜਾਰ ਰੁਪਏ ਦਾ ਮੁਆਵਜ਼ਾ ਦਿੱਤਾ ਜਾ ਚੁੱਕਾ ਹੈ।ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਵੱਲੋ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ ਨੂੰ ਕਿਹਾ ਗਿਆ ਕਿ ਬਾਕੀ ਰਹਿੰਦੇ ਕੇਸਾਂ 'ਚ ਵੀ ਮੁਆਵਜ਼ਾ ਦੇਣ ਦੀ ਕਾਰਵਾਈ ਜਲਦ ਤੋਂ ਜਲਦ ਆਰੰਭ ਕੀਤੀ ਜਾਵੇ ਅਤੇ ਬਜਟ ਪ੍ਰਾਪਤ ਕੀਤਾ ਜਾਵੇ।ਮੀਟਿੰਗ ਦੌਰਾਨ ਉਨ੍ਹਾਂ ਐਸ.ਸੀ./ਐਸ.ਟੀ (ਅੱਤਿਆਚਾਰ ਰੋਕਥਾਮ) ਐਕਟ 1989 ਅਧੀਨ ਬਣਾਏ ਗਏ ਉਪਬੰਧਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਪੀੜਤ ਜ਼ਿਲ੍ਹਾ ਸਮਾਜਿਕ ਨਿਆਂ, ਅਧਿਕਾਰਤਾ ਦਫ਼ਤਰ, ਡੀ ਏ ਸੀ ਮੋਹਾਲੀ ਤੱਕ ਮੁਆਵਜ਼ੇ ਅਤੇ ਹੋਰ ਮਦਦ ਲਈ ਪਹੁੰਚ ਕਰ ਸਕਣ।ਉਨ੍ਹਾਂ ਨੇ ਐਕਟ ਦੀਆਂ ਇਨ੍ਹਾਂ ਧਾਰਾਵਾਂ ਦੀ ਪਾਲਣਾ ਕਰਨ 'ਤੇ ਜ਼ੋਰ ਦਿੱਤਾ ਕਿ ਜੇਕਰ ਅਜਿਹਾ ਕੋਈ ਮਾਮਲਾ ਥਾਣੇ ਵਿੱਚ ਦਰਜ ਹੁੰਦਾ ਹੈ, ਤਾਂ ਜਾਂਚ ਅਧਿਕਾਰੀ ਡੀ ਐਸ ਪੀ ਪੱਧਰ ਦਾ ਅਧਿਕਾਰੀ ਹੋਣਾ ਚਾਹੀਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਦੋਂ ਐਸ ਸੀ/ਐਸ ਟੀ (ਅੱਤਿਆਚਾਰ ਦੀ ਰੋਕਥਾਮ) ਐਕਟ 1989 ਅਧੀਨ ਐਫ ਆਈ ਆਰ ਦਰਜ ਕੀਤੀ ਜਾਂਦੀ ਹੈ, ਉਸ ਵੇਲੇ ਪੀੜਤ/ਪਰਿਵਾਰਕ ਮੈਂਬਰਾਂ ਨੂੰ ਐਕਟ ਦੇ ਤਹਿਤ ਵੱਖ ਵੱਖ ਪੜਾਵਾਂ 'ਤੇ ਅਪਰਾਧ ਦੀ ਗੰਭੀਰਤਾ ਦੇ ਅਨੁਸਾਰ ਵਿੱਤੀ ਮੁਆਵਜ਼ੇ ਦੀ ਵਿਵਸਥਾ ਤੋਂ ਜਾਣੂ ਕਰਵਾਇਆ ਜਾਣਾ ਚਾਹੀਦਾ ਹੈ (ਜਿਵੇਂ ਕਿ ਕਤਲ ਵਿੱਚ ਕੁੱਲ ਮੁਆਵਜ਼ਾ 8.25 ਲੱਖ ਹੈ) ਅਤੇ ਦੱਸਿਆ ਜਾਵੇ ਕਿ ਕਿਸ ਦਫ਼ਤਰ ਨਾਲ ਸੰਪਰਕ ਕਰਨਾ ਹੈ।



# ਬੀਬੀ ਜਸਪ੍ਰੀਤ ਕੌਰ ਦਾ ਗੁਰਬਾਣੀ ਸ਼ਬਦ 'ਜਪਿਓ ਜਿਨ ਅਰਜਨ ਦੇਵ ਗੁਰੂ' ਰਿਲੀਜ਼

**ਕਾਲਾ ਸੰਘਿਆਂ (ਮਨਜੀਤ ਮਾਨ)**- ਬੀਬੀ ਜਸਪ੍ਰੀਤ ਕੌਰ ਕਪੂਰਥਲਾ ਦਾ ਗੁਰਬਾਣੀ ਸ਼ਬਦ 'ਜਪਿਓ ਜਿਨ ਅਰਜਨ ਦੇਵ ਗੁਰੂ' 'ਸਵਰਬਾਣੀ ਰਿਕਾਰਡ' ਕੰਪਨੀ ਵਲੋਂ ਵੱਡੇ ਪੱਧਰ ਵਲਡਵਾਈਡ ਰਿਲੀਜ਼ ਕੀਤਾ ਗਿਆ। ਕੰਪਨੀ ਦੇ ਪ੍ਰੋਡਿਊਸਰ ਭਾਈ ਗੁਰਮੁਖ ਸਿੰਘ, ਪੰਕਜ ਸੰਧੂ ਚੱਠਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ ਇਸ ਦਾ ਮਿਊਜ਼ਿਕ ਹੈਰੀ ਜਈ ਜਲੰਧਰ ਵਲੋਂ, ਵੀਡਿਓ ਪੇਆਰਟ ਵਲੋਂ ਕੀਤੀ ਗਈ ਹੈ। ਇਸ ਨੂੰ ਸਵਰਬਾਣੀ ਰਿਕਾਰਡ ਦੇ ਯੂ ਟਿਊਬ ਚੈਨਲ 'ਤੇ 30 ਮਈ ਨੂੰ ਅਤੇ ਹੋਰ ਸਾਰੇ ਪਲੇਟਫਾਰਮਾਂ 'ਤੇ ਵਡੇ ਪੱਧਰ 'ਤੇ ਰਿਲੀਜ਼ ਕੀਤਾ ਗਿਆ। ਇਸ ਸ਼ਬਦ ਵਿਚ ਮੁੱਖ ਰਾਗੀ ਬੀਬੀ ਜਸਪ੍ਰੀਤ ਕੌਰ ਕਪੂਰਥਲਾ ਵਾਲੇ, ਸਹਾਇਕ ਸਾਥੀ ਬੀਬੀ ਗਗਨਪ੍ਰੀਤ ਕੌਰ ਤੇ ਤਬਲਾਵਾਦਕ ਭਾਈ ਗੁਰਿੰਦਰ ਸਿੰਘ ਨ ਖਾਸ ਤੌਰ 'ਤੇ ਭਾਈ ਇੰਦਰਪ੍ਰੀਤ ਸਿੰਘ ਧੰਨਵਾਦ ਕੀਤਾ ਗਿਆ।



# ਨਸ਼ੀਲੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਿਸ ਵਲੋਂ 20 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕਰ ਲਿਆ ਗਿਆ। ਪੁਲਸ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਏ ਐੱਸ ਆਈ ਬਲਵੀਰ ਸਿੰਘ ਨੇ ਦੱਸਿਆ ਕਿ ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਕਰਦੇ ਹੋਏ ਗੜ੍ਹਸ਼ੰਕਰ ਰੋਡ ਹੁੰਦੇ ਹੋਏ ਮਹਿੰਦੀਪੁਰ ਪੁਲ ਹੇਠਾਂ ਪੁੱਜੇ ਅਤੇ ਉਤੇ ਇੱਕ ਨੌਜਵਾਨ ਗੜ੍ਹਸ਼ੰਕਰ ਸਾਈਡ ਵੱਲੋਂ ਪੈਦਲ ਆਉਂਦਾ ਦਿਖਾਈ ਦਿੱਤਾ। ਜੋ ਕਿ ਪੁਲਸ ਪਾਰਟੀ ਦੀ ਗੱਡੀ ਸਾਹਮਣੇ ਆਉਂਦੀ ਦੇਖ ਕੇ ਘਬਰਾ ਕੇ ਪਿੱਛੇ ਨੂੰ ਮੁੜ ਗਿਆ। ਜਿਸ ਨੇ ਪੁਲਸ ਪਾਰਟੀ ਨੂੰ ਦੇਖਦੇ ਆਪਣੇ ਪਹਿਨੇ ਹੋਏ ਪਜਾਮੇ ਦੀ ਜੇਬ ਵਿੱਚੋਂ ਇੱਕ ਪਾਰਦਰਸ਼ੀ ਮੋਮੀ ਲਿਫਾਫੀ ਕੱਢ ਕੇ ਸੜਕ ਕਿਨਾਰੇ ਘਾਹ ਪਰ ਸੁੱਟ ਦਿੱਤੀ। ਜਿਸ ਨੂੰ ਕਾਬੂ ਕਰਕੇ ਆਪਣੇ ਨਾਮ ਰੈਂਕ ਅਤੇ ਤਾਇਨਾਤੀ ਤੋਂ ਜਾਣੂ ਕਰਵਾ ਕੇ ਉਸ ਦਾ ਨਾਮ ਪਤਾ ਪੁੱਛਿਆ। ਜਿਸ ਨੇ ਆਪਣਾ ਨਾਂਅ ਸੁਖਜੀਤ ਕੁਮਾਰ ਪੁੱਤਰ ਮੱਖਣ ਲਾਲ ਵਾਸੀ ਗੁਜਰਪਿਰ ਕਲਾਂ ਦੱਸਿਆ। ਉਸ ਵਲੋਂ ਸੁੱਟੀ ਹੋਈ ਮੋਮੀ ਲਿਫਾਫੀ ਵਿੱਚੋਂ 20 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।

# ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅਧਿਆਪਕਾਂ ਦੀ ਸਿਖ਼ਲਾਈ 'ਤੇ ਦਿੱਤਾ ਜ਼ੋਰ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅਧਿਆਪਕਾਂ ਦੀ ਸਿਖ਼ਲਾਈ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਿੱਖਿਆ ਸਮਾਜ ਦੀ ਮੁਢਲੀ ਜ਼ਰੂਰਤ ਹੈ ਅਤੇ ਅਧਿਆਪਕ ਇਸ ਪ੍ਰਣਾਲੀ ਦੇ ਕੇਂਦਰ ਵਿੱਚ ਹਨ। ਉਨ੍ਹਾਂ ਕਿਹਾ ਕਿ ਅਧਿਆਪਕਾਂ ਨੂੰ ਉੱਚ ਅਤੇ ਪੇਸ਼ੇਵਰ ਸਿੱਖਿਆ ਪ੍ਰਦਾਨ ਕਰਕੇ ਵਿਦਿਆਰਥੀ, ਜੋ ਕਿ ਦੇਸ਼ ਦਾ ਭਵਿੱਖ ਹਨ, ਨੂੰ ਹੋਰ ਸਮਰੱਥ ਬਣਾਇਆ ਜਾ ਸਕਦਾ ਹੈ।ਇਥੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਪੰਜਾਬ ਭਰ ਦੀਆਂ ਯੂਨੀਵਰਸਿਟੀਆਂ/ਸੰਸਥਾਵਾਂ ਦੇ ਵਾਈਸ ਚਾਂਸਲਰਾਂ ਅਤੇ ਡਾਇਰੈਕਟਰਾਂ ਨਾਲ ਮਹੱਤਵਪੂਰਨ ਸੰਮੇਲਨ ਦੌਰਾਨ ਰਾਜਪਾਲ ਕਟਾਰੀਆ ਨੇ ਕਿਹਾ ਕਿ ਸਕੂਲ ਪੱਧਰ 'ਤੇ ਦਿੱਤੀ ਜਾਣ ਵਾਲੀ ਸਿੱਖਿਆ ਵਿਦਿਆਰਥੀ ਦੀ ਜ਼ਿੰਦਗੀ ਦੀ ਨੀਂਹ ਬਣਾਉਂਦੀ ਹੈ। ਵਿਦਿਆਰਥੀ, ਜੋ ਇਸ ਉਮਰ ਦੌਰਾਨ ਸਿੱਖਦੇ ਹਨ, ਉਹ ਜ਼ਿੰਦਗੀ ਭਰ ਉਨ੍ਹਾਂ ਦੇ ਨਾਲ ਰਹਿੰਦਾ ਹੈ। ਇਸ ਲਈ ਦੇਸ਼ ਦੇ ਭਵਿੱਖ ਦੇ ਨਿਰਮਾਣ ਲਈ ਅਧਿਆਪਕਾਂ ਦੀ ਤਿਆਰੀ ਅਤੇ ਉਨ੍ਹਾਂ ਦੀ ਪੇਸ਼ੇਵਰ ਟ੍ਰੇਨਿੰਗ ਬਹੁਤ ਅਹਿਮ ਹੋ ਜਾਂਦੀ ਹੈ। ਇਸ ਮੌਕੇ ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਫਾਊਂਡਰ ਚਾਂਸਲਰ ਡਾ.ਅਸ਼ੋਕ ਕੁਮਾਰ ਮਿੱਤਲ ਵੀ ਮੌਜੂਦ ਸਨ।ਇਸ ਸੰਮੇਲਨ ਵਿੱਚ ਭਾਰਤ ਸਰਕਾਰ ਵੱਲੋਂ ਤਜਵੀਜ਼ਤ ਨਵੀਂ ਸਿੱਖਿਆ ਨੀਤੀ 2020 'ਤੇ ਚਰਚਾ ਕੀਤੀ ਗਈ, ਜਿਸ ਤਹਿਤ ਇੰਟੈਗ੍ਰੇਟਿਡ ਟੀਚਰ ਐਜੂਕੇਸ਼ਨ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਜਾਣੀ ਹੈ। ਇਸ ਨੀਤੀ ਤਹਿਤ ਬੀ.ਐਡ, ਜੋ ਕਿ ਪਹਿਲਾਂ ਗ੍ਰੈਜੂਏਸ਼ਨ ਤੋਂ ਬਾਅਦ ਹੁੰਦੀ ਸੀ, ਇਸ ਕੋਰਸ ਨੂੰ ਚਾਰ ਸਾਲ ਦਾ ਕਰਨ ਦੀ ਤਜਵੀਜ਼ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਵਿੱਚ ਗੁਣਵੱਤਾ ਲਿਆਉਣ ਲਈ ਸਿਰਫ਼ ਢਾਂਚਾ ਬਣਾਉਣਾ ਕਾਫੀ ਨਹੀਂ, ਸਗੋਂ ਅਧਿਆਪਕਾਂ ਦੀ ਸਮਰੱਥਾ ਵਿਚ ਵੀ ਲਗਾਤਾਰ ਸੁਧਾਰ ਲਿਆਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ ਇਸ ਨਵੀਂ ਨੀਤੀ ਨੂੰ ਲਾਗੂ ਕਰਨ ਦੀ ਦਿਸ਼ਾ ਵਿੱਚ ਕਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਸੂਬੇ ਦੀਆਂ ਕਈ ਯੂਨੀਵਰਸਿਟੀਆਂ ਵੱਲੋਂ ਇਸ ਨਵੇਂ ਕੋਰਸ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ।ਉਨ੍ਹਾਂ ਇਸ ਗੱਲ 'ਤੇ ਤਸੱਲੀ ਪ੍ਰਗਟ ਕੀਤੀ ਕਿ ਪੰਜਾਬ ਵਿੱਚ ਪਹਿਲਾਂ ਹੀ ਉੱਚ ਪੱਧਰ ਦੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਸੂਬਾ ਇਸ ਨੂੰ ਹੋਰ ਸਿਖ਼ਰਾ 'ਤੇ ਲਿਜਾ ਕੇ ਸਿੱਖਿਆ ਦੇ ਮਾਮਲੇ ਵਿੱਚ ਦੇਸ਼ ਦੀ ਅਗਵਾਈ ਕਰ ਸਕਦਾ ਹੈ। ਸੰਮੇਲਨ ਦੌਰਾਨ ਨੈਸ਼ਨਲ ਕਾਊਂਸਲ ਫਾਰ ਟੀਚਰ ਐਜੂਕੇਸ਼ਨ ਦੇ ਚੇਅਰਮੈਨ ਪ੍ਰੋ. (ਡਾ.) ਪੰਕਜ ਅਰੋੜਾ ਨੇ ਵੀ ਵਿਚਾਰ ਰੱਖੇ। ਉਨ੍ਹਾਂ ਅੱਜ ਦੇ ਸੰਮੇਲਨ ਲਈ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਅਤੇ ਵਾਈਸ ਚਾਂਸਲਰ ਐਲ.ਪੀ.ਯੂ. ਪ੍ਰੋ. (ਡਾ.) ਜਸਪਾਲ ਸਿੰਘ ਸੰਧੂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।




# ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਦੀ ਸੱਸ ਬੀਬੀ ਅਮਰਜੀਤ ਕੌਰ ਢਿੱਲੋਂ ਨੂੰ ਆਗੂਆਂ ਵੱਲੋਂ ਭਾਵਭਿੰਨੀ ਸ਼ਰਧਾਂਜਲੀ ਭੇਟ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਸੱਸ ਅਤੇ ਇਕਬਾਲ ਸਿੰਘ ਢਿੱਲੋਂ ਦੀ ਮਾਤਾ ਮਹਰੂਮ ਬੀਬੀ ਅਮਰਜੀਤ ਕੌਰ ਢਿੱਲੋਂ ਜਿਨ੍ਹਾਂ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ, ਨਮਿਤ ਢਿੱਲੋਂ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਅੰਤਿਮ ਅਰਦਾਸ ਸਮਾਗਮ ਗੁ: ਅਜੀਤਗੜ੍ਹ ਸਾਹਿਬ ਛਾਉਣੀ ਹਰੀਆਂ ਬੇਲਾਂ ਵਿਖੇ ਹੋਇਆ। ਸ੍ਰੀ ਹਰਿਮੰਦਰ ਸਾਹਿਬ ਦੇ ਰਾਗੀ ਭਾਈ ਸਤਵਿੰਦਰ ਸਿੰਘ ਦੇ ਜਥੇ ਅਤੇ ਬੁੱਢਾ ਦਲ ਦੇ ਧਰਮ ਪ੍ਰਚਾਰ ਵਿੰਗ ਦੇ ਮੁਖੀ ਸੰਤ ਬਾਬਾ ਮਨਮੋਹਨ ਸਿੰਘ ਬਾਰਨਵਾਲਿਆਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ ਅਤੇ ਸੰਤ ਮਹਾਪੁਰਸ਼ਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਬੁੱਢਾ ਦਲ ਦੇ ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਮੌਰ ਵੱਲੋਂ ਅਰਦਾਸ ਕੀਤੀ ਗਈ। ਸ਼ਰਧਾਂਜਲੀ ਸਮੇਂ ਬੀਬੀ ਅਮਰਜੀਤ ਕੌਰ ਢਿੱਲੋਂ ਦੀ ਛੋਟੀ ਬੇਟੀ ਤਨਵਿੰਦਰ ਕੌਰ ਨੇ ਲਿਖਤੀ ਭਾਵਪੂਰਤ ਸ਼ਬਦਾਂ ਵਿੱਚ ਸ਼ਰਧਾਂਜਲੀ ਭੇਟ ਕੀਤੀ। ਉਪਰੰਤ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਸਿੰਘ ਸਾਹਿਬ ਗਿ. ਹਰਪ੍ਰੀਤ ਸਿੰਘ, ਸਿੰਘ ਸਾਹਿਬ ਗਿ. ਬਾਬਾ ਸੁਲਤਾਨ ਸਿੰਘ, ਸੰਤ ਬਾਬਾ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ, ਸਾਬਕਾ ਸਪੀਕਰ ਰਾਣਾ ਕੇ.ਪੀ ਸਿੰਘ, ਪ੍ਰਤਾਪ ਸਿੰਘ ਬਾਜਵਾ ਮੈਂਬਰ ਪਾਰਲੀਮੈਂਟ, ਫਤਿਹਜੰਗ ਸਿੰਘ ਸਾਬਕਾ ਵਿਧਾਇਕ, ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ, ਦਲਜੀਤ ਸਿੰਘ ਹਾਜ਼ਰ ਸਨ।



# ਖਣਨ ਮਾਫੀਆ ਮੂਹਰੇ ਸ਼ਾਹ ਨਹਿਰ ਪ੍ਰਸ਼ਾਸਨ ਬੇਵੱਸ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਖ਼ੇਤਰ 'ਚ ਕਰੱਸ਼ਰ ਅਤੇ ਖਣਨ ਮਾਫੀਆ ਬੇਖੌਫ਼ ਚੱਲ ਰਿਹਾ ਹੈ। ਖਣਨ ਮਾਫੀਆ ਨੂੰ ਸਥਾਨਕ ਪ੍ਰਸ਼ਾਸਨ ਦਾ ਕੋਈ ਵੀ ਡਰ ਨਹੀਂ ਜਾਪਦਾ।ਸ਼ਾਹ ਨਹਿਰ ਪ੍ਰਸ਼ਾਸਨ ਨੇ ਬੈਰਾਜ ਤੋਂ ਨਿਕਲਦੀ ਮੁਕੇਰੀਆਂ ਹਾਈਡਲ ਨਹਿਰ 'ਤੇ ਬਣੇ ਪੁੱਲ ਤੋਂ ਰਾਤ ਦੇ ਵਕਤ ਮਾਈਨਿੰਗ ਸਮੱਗਰੀ ਲੈ ਕੇ ਲੰਘਦੀਆਂ ਗੱਡੀਆਂ ਨੂੰ ਰੋਕਣ ਲਈ ਬੈਰੀਕੇਡ ਲਗਾਇਆ ਸੀ। ਜਿਸਨੂੰ ਰਾਤ ਦੇ ਹਨ੍ਹੇਰੇ 'ਚ ਖਣਨ ਮਾਫੀਆ ਨੇ ਉਖਾੜ ਕੇ ਸੁੱਟ ਦਿੱਤਾ ਹੈ। ਇਸ ਸਬੰਧ 'ਚ ਸ਼ਾਹ ਨਹਿਰ ਦੇ ਐਸਡੀਓ ਅਮਰਦੀਪ ਸਿੰਘ ਨੇ ਦਸਿਆ ਕਿ ਪੁੱਲ ਤੋਂ ਭਾਰੀ ਗੱਡੀਆਂ ਦੀ ਆਵਾਜਾਈ ਬੰਦ ਹੈ। ਇਸ ਸਬੰਧੀ ਪ੍ਰਸ਼ਾਸਨ ਨੇ ਬਕਾਇਦਾ ਬੋਰਡ ਲਗਾਇਆ ਹੋਇਆ ਹੈ। ਬਾਵਜੂਦ ਰਾਤ ਦੇ ਹਨ੍ਹੇਰੇ 'ਚ ਕਰੱਸ਼ਰ ਕਾਰੋਬਾਰੀ ਅਤੇ ਖਣਨ ਮਾਫੀਆ ਜ਼ਬਰੀ ਭਾਰੀ ਭਰਕਮ ਗੱਡੀਆਂ ਲੰਘਾਉਂਦਾ ਹੈ। ਜਿਸ ਸਬੰਧੀ ਬੀਤੇ ਕੱਲ੍ਹ ਮਹਿਕਮੇ ਨੇ ਪੁੱਲ 'ਤੇ ਬੈਰੀਕੇਡ ਲਗਾ ਕੇ ਭਾਰੀ ਆਵਾਜਾਈ ਰੋਕ ਦਿੱਤੀ ਸੀ। ਪਰ ਰਾਤ ਨੂੰ ਉਕਤ ਬੈਰੀਕੇਡ ਪੁੱਟ ਕੇ ਕਿੱਧਰੇ ਸੁੱਟ ਦਿੱਤਾ ਗਿਆ ਹੈ। ਉਨ੍ਹਾਂ ਦਸਿਆ ਕਿ ਪੁੱਲ ਦੇ ਖਸਤਾ ਹਾਲ ਹੋਣ ਅਤੇ ਟਿੱਪਰਾਂ ਦੇ ਕਥਿਤ ਲਾਂਘੇ ਦੇ ਖਿਲਾਫ਼ ਮਾਈਨਿੰਗ ਵਿਭਾਗ, ਸਥਾਨਕ ਪੁਲਸ ਅਤੇ ਸਿਵਲ ਪ੍ਰਸ਼ਾਸਨ ਨੂੰ ਪੱਤਰ ਲਿਖੇ ਗਏ ਸਨ। ਪਰ ਅਜੇ ਕੋਈ ਕਾਰਵਾਈ ਨਹੀਂ ਕੀਤੀ ਗਈ। ਜਦੋਂ ਪ੍ਰਸ਼ਾਸਨ ਨੇ ਆਪਣੀ ਤੌਰ 'ਤੇ ਗੱਡੀਆਂ 'ਤੇ ਰੋਕ ਲਾਉਣ ਦੀ ਕੋਸ਼ਿਸ਼ ਕੀਤੀ ਤਾਂ ਖਣਨ ਮਾਫੀਆ ਨੇ ਬੈਰੀਕੇਡ ਹੀ ਤੋੜ ਦਿੱਤੇ।

# ਹਰੇ-ਭਰੇ ਹਰਿਆਣਾ ਲਈ ਇੱਕ ਪੇੜ ਮਾਂ ਦੇ ਨਾਂਅ ਕਾਰਜ ਯੋਜਨਾ ਦੀ ਸਮੀਖਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਸੂਬੇ ਵਿੱਚ ਵਿਆਪਕ ਪੌਦਾ ਲਗਾਉਣ ਦੀ ਮੁਹਿੰਮ ਚਲਾਉਣ ਅਤੇ ਮਜ਼ਬੂਤ ਜਨਤਕ ਭਾਗੀਦਾਰੀ ਨਾਲ ਵਾਤਾਵਰਣ ਸਥਿਰਤਾ ਨੂੰ ਵਧਾਉਣ ਦੇ ਮਕਸਦ ਨਾਲ ਇੱਕ ਪੇੜ ਮਾਂ ਦੇ ਨਾਮ 2.0 ਦੇ ਨਾਮ ਨਾਲ ਇੱਕ ਮਹੱਤਵਪੂਰਨ ਪਹਿਲ ਕੀਤੀ ਹੈ।ਮੁੱਖ ਸਕੱਤਰ ਅਨੁਰਾਗ ਰਸਤੋਗੀ ਦੀ ਅਗਵਾਈ ਹੇਠ ਅੱਜ ਇੱਥੇ ਇੱਕ ਉੱਚ ਪੱਧਰੀ ਮੀਟਿੰਗ ਵਿੱਚ ਰਾਜ ਕਾਰਜ ਯੋਜਨਾ ਦੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਇਸ ਮੁਹਿੰਮ ਨੂੰ ਪ੍ਰਮੁੱਖ ਕੌਮੀ ਮਿਸ਼ਨਾਂ ਨਾਲ ਜੋੜਨ ਅਤੇ ਜ਼ਿਲ੍ਹਾ ਪੱਧਰ 'ਤੇ ਪ੍ਰਭਾਵੀ ਤਾਲਮੇਲ ਯਕੀਨੀ ਕਰਨ ਦੀ ਰਣਨੀਤੀ ਬਣਾਈ ਗਈ।ਮੀਟਿੰਗ ਦੌਰਾਨ ਮੁੱਖ ਸਕੱਤਰ ਅਨੁਰਾਗ ਰਸਤੋਗੀ ਨੇ ਕਿਹਾ ਕਿ ਇੱਕ ਪੇੜ ਮਾਂ ਦੇ ਨਾਮ 2.0 ਨੂੰ ਸੰਪੂਰਨ ਸਰਕਾਰ ਅਤੇ ਸੰਪੂਰਨ ਸਮਾਜ ਦੇ ਦ੍ਰਿਸ਼ਟੀਕੋਣ ਨਾਲ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਅਭਿਆਨ ਨੂੰ ਮਨਰੇਗਾ, ਜਨ ਸ਼ਕਤੀ ਅਭਿਆਨ, ਸਫ਼ਾਈ ਭਾਰਤ ਮਿਸ਼ਨ, ਸਮਾਰਟ ਸਿਟੀ ਮਿਸ਼ਨ ਅਤੇ ਕੌਮੀ ਹਰਿਤ ਰਾਜਮਾਰਗ ਮਿਸ਼ਨ ਜਿਹੀ ਪ੍ਰਮੁੱਖ ਕੌਮੀ ਯੋਜਨਾਵਾਂ ਨਾਲ ਜੋੜਿਆ ਜਾਵੇਗਾ। ਨਾਲ ਹੀ ਯੋਜਨਾ ਦਾ ਪ੍ਰਭਾਵ ਅਤੇ ਪਹੁੰਚ ਵੀ ਵਧੇਗੀ। ਉਨ੍ਹਾਂ ਪਿਛਲੇ ਸਾਲ ਲਗਾਏ ਗਏ ਪੌਦਿਆਂ ਦੀ ਗਹਿਨ ਸਮੀਖਿਆ ਕਰਨ ਦੀ ਜ਼ਰੂਰਤ ਦੱਸੀ ਤਾਂ ਜੋ ਉਨ੍ਹਾਂ ਦਾ ਲਗਾਤਾਰ ਰੱਖ ਰਖਾਓ ਅਤੇ ਵਿਕਾਸ ਯਕੀਨੀ ਕੀਤਾ ਜਾ ਸਕੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਸ ਸਬੰਧ ਵਿੱਚ ਰਿਪੋਰਟ ਪੇਸ਼ ਕਰਨ ਦੇ ਵੀ ਨਿਰਦੇਸ਼ ਦਿੱਤੇ।ਮੁੱਖ ਸਕੱਤਰ ਨੇ ਕਿਹਾ ਕਿ ਇਸ ਅਭਿਆਨ ਵਿੱਚ ਵੱਧ ਤੋਂ ਵੱਧ ਨੌਜੁਆਨਾਂ ਅਤੇ ਵਿਦਿਆਰਥੀਆਂ ਨੂੰ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਸਕੂਲਾਂ ਤੋਂ ਇਲਾਵਾ, ਭਾਈਚਾਰਾ ਸੰਗਠਨਾਂ ਅਤੇ ਵਲੰਟੀਅਰਾਂ ਨਾਲ ਸ਼ਹਿਰੀ ਸਥਾਨਕ ਸੰਸਥਾਵਾਂ, ਬਾਗਵਾਨੀ, ਲੋਕ ਨਿਰਮਾਣ ਵਿਭਾਗ ਅਤੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਇਸ ਪੌਦੇ ਲਗਾਉਣ ਅਭਿਆਨ ਵਿੱਚ ਸਰਗਰਮੀ ਨਾਲ ਸ਼ਾਮਲ ਹੋਣਗੇ। ਇਹ ਗਤੀਵਿਧੀਆਂ ਜਲ ਸ਼ਕਤੀ ਅਭਿਆਨ ਤਹਿਤ ਇਸ ਸਾਲ ਦੇ ਕੈਚ ਦ ਰੇਨ 2025 ਥੀਮ ਅਨੁਸਾਰ ਨਦੀ ਕਿਨਾਰਿਆਂ, ਨਹਿਰਾਂ ਦੀ ਪਟਰੀਆਂ, ਅਮ੍ਰਿਤ ਸਰੋਵਰਾਂ ਅਤੇ ਹੋਰ ਜਲ ਸਰੋਤਾਂ ਦੇ ਕਿਨਾਰਿਆਂ 'ਤੇ ਚਲਾਈਆਂ ਜਾਣਗੀਆਂ।ਵਣ ਵਿਭਾਗ ਨੇ ਜਾਣਕਾਰੀ ਦਿੱਤੀ ਕਿ ਇਸ ਸਾਲ ਦੇ ਪੌਦਾ ਲਗਾਉਣ ਅਭਿਆਨ ਲਈ 22 ਜ਼ਿਲ੍ਹਿਆਂ ਦੀ 200 ਸਰਕਾਰੀ ਨਰਸਰੀਆਂ ਵਿੱਚ 1.81 ਕਰੋੜ ਪੌਦੇ ਉਪਲਬਧ ਹਨ। ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਕੂਲ, ਕਾਲਜ ਅਤੇ ਯੂਨੀਵਰਸਿਟੀ ਕੈਂਪਸ ਅੰਦਰ ਅਤੇ ਨੇੜੇ ਤੇੜੇ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ ।

# ਸੰਜੀਵ ਅਰੋੜਾ ਨੂੰ ਲੁਧਿਆਣਾ ਪੱਛਮੀ 'ਚ ਮਿਲ ਰਿਹਾ ਭਾਰੀ ਜਨ ਸਮਰਥਨ : ਰੰਧਾਵਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਲੁਧਿਆਣਾ ਪੱਛਮੀ ਦੀਆਂ ਮੁਹੱਲੇ ਅਤੇ ਗਲੀਆਂ 19 ਜੂਨ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੀ ਚਰਚਾ ਨਾਲ ਗੂੰਜ ਰਹੀਆਂ ਹਨ, ਇੱਕ ਨੇਤਾ ਪ੍ਰਤੀ ਜਨਤਕ ਭਾਵਨਾਵਾਂ ਦੀ ਲਹਿਰ ਦਿਖਾਈ ਦੇ ਰਹੀ ਹੈ, ਅਤੇ ਉਹ ਨੇਤਾ ਕੋਈ ਹੋਰ ਨਹੀਂ ਸਗੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਹਨ। ਇਹ ਕਹਿਣਾ ਹੈ ਉਨ੍ਹਾਂ ਦੀ ਚੋਣ ਮੁਹਿੰਮ ਵਿੱਚ ਵਿਸ਼ੇਸ਼ ਤੌਰ 'ਤੇ ਪ੍ਰਚਾਰ ਲਈ ਪਹੁੰਚੇ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਆਪਣੀ ਟੀਮ ਤੇ ਸਥਾਨਕ ਕੌਂਸਲਰ ਘੁੰਮਣ ਅਤੇ ਬੂਥ ਇੰਚਾਰਜਾਂ ਸਮੇਤ ਸਥਾਨਕ ਆਗੂਆਂ ਦਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਸੰਜੀਵ ਅਰੋੜਾ ਲਈ ਜਨਤਕ ਸਮਰਥਨ ਉਨ੍ਹਾਂ ਦੀ ਮਜ਼ਬੂਤ ??ਲੀਡਰਸ਼ਿਪ ਅਤੇ ਲੁਧਿਆਣਾ ਪੱਛਮੀ ਦੇ ਲੋਕਾਂ ਦੀ ਸੇਵਾ ਪ੍ਰਤੀ ਸਮਰਪਣ ਦਾ ਪ੍ਰਮਾਣ ਹੈ। ਰਾਜ ਸਭਾ ਮੈਂਬਰ ਹੋਣ ਦੇ ਨਾਤੇ ਅਰੋੜਾ ਨੇ ਪਹਿਲਾਂ ਹੀ ਖੇਤਰ ਵਿੱਚ ਮਹੱਤਵਪੂਰਨ ਪ੍ਰਭਾਵ ਪਾਇਆ ਹੈ ਅਤੇ ਆਉਣ ਵਾਲੀਆਂ ਚੋਣਾਂ ਲਈ ਉਨ੍ਹਾਂ ਦੀ ਉਮੀਦਵਾਰੀ ਨੇ ਇੱਕ ਭਰੋਸੇਮੰਦ ਨੇਤਾ ਵਜੋਂ ਉਨ੍ਹਾਂ ਦੀ ਸਥਿਤੀ ਨੂੰ ਹੋਰ ਮਜ਼ਬੂਤ ਕੀਤਾ ਹੈ। ਸਿੱਖਿਆ, ਸਿਹਤ ਸੰਭਾਲ ਅਤੇ ਬੁਨਿਆਦੀ ਢਾਂਚੇ ਵਰਗੇ ਮੁੱਖ ਮੁੱਦਿਆਂ ਨੂੰ ਹੱਲ ਕਰਨ 'ਤੇ ਆਮ ਆਦਮੀ ਪਾਰਟੀ ਦਾ ਧਿਆਨ ਲੁਧਿਆਣਾ ਪੱਛਮੀ ਦੇ ਵਸਨੀਕਾਂ ਨਾਲ ਗੂੰਜਿਆ ਹੈ, ਜੋ ਹੁਣ ਆਪਣੀਆਂ ਵੋਟਾਂ ਰਾਹੀਂ ਆਪਣਾ ਸਮਰਥਨ ਦਿਖਾ ਰਹੇ ਹਨ। ਘਰ-ਘਰ ਪ੍ਰਚਾਰ ਮੁਹਿੰਮ ਰਾਹੀਂ ਵਿਧਾਇਕ ਰੰਧਾਵਾ ਨੇ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ, ਜਿਸ ਨਾਲ ਉਨ੍ਹਾਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਜਾਣਿਆ ਅਤੇ ਉਨ੍ਹਾਂ ਦੀਆਂ ਉਮੀਦਾਂ ਸਾਂਝੀਆਂ ਕਰਨ ਦਾ ਮੌਕਾ ਮਿਲਿਆ। ਰੰਧਾਵਾ ਨੇ ਕਿਹਾ ਕਿ ਲੁਧਿਆਣਾ ਪੱਛਮੀ ਵਿੱਚ ਆਉਣ ਵਾਲੀਆਂ ਜ਼ਿਮਨੀ ਚੋਣਾਂ ਇੱਕਪਾਸੜ ਹੋਣ ਜਾ ਰਹੀਆਂ ਹਨ, ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਲਈ ਇਕ ਲਹਿਰ ਹੈ।

# ਲਾਇਨ ਜਸਵੀਰ ਮਾਹੀ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਪ੍ਰਧਾਨ ਬਣੇ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਫਗਵਾੜਾ ਦੀ ਸੌ ਫੀਸਦੀ ਸਰਗਰਮ ਅਤੇ ਇਲੈਵਨ ਸਟਾਰ ਦਾ ਦਰਜਾ ਪ੍ਰਾਪਤ ਲਾਇਨਜ਼ ਕਲੱਬ ਫਗਵਾੜਾ ਸਿਟੀ ਦੀ ਨਵੀਂ ਟੀਮ ਦਾ ਐਲਾਨ ਸੋਮਵਾਰ ਸੁਭਾਸ਼ ਨਗਰ ਸਥਿਤ ਚਿਰਾਗ ਐਸੋਸੀਏਟਸ ਦੇ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਕੀਤਾ ਗਿਆ। ਮੌਜੂਦਾ ਪ੍ਰਧਾਨ ਲਾਇਨ ਜੁਗਲ ਬਵੇਜਾ ਵਲੋਂ ਸਾਲ 2025-26 ਲਈ ਨਵੇਂ ਪ੍ਰਧਾਨ ਵਜੋਂ ਲਾਇਨ ਜਸਵੀਰ ਮਾਹੀ ਦੇ ਨਾਂਅ ਦਾ ਪ੍ਰਸਤਾਵ ਰੱਖਿਆ ਗਿਆ। ਜਿਸ ਨੂੰ ਸਮੂਹ ਮੈਂਬਰਾਂ ਨੇ ਸਰਬ ਸੰਮਤੀ ਦੇ ਨਾਲ ਪ੍ਰਵਾਨ ਕਰ ਲਿਆ। ਇਸ ਦੌਰਾਨ ਲਾਇਨ ਦੀਪਕ ਸੇਠੀ ਨੂੰ ਕਲੱਬ ਸਕੱਤਰ, ਲਾਇਨ ਗੁਲਸ਼ਨ ਸ਼ਰਮਾ ਲੱਕੀ ਨੂੰ ਖਜ਼ਾਨਚੀ ਅਤੇ ਲਾਇਨ ਸੰਜੇ ਤ੍ਰੇਹਨ ਨੂੰ ਪੀ ਆਰ ਓ ਨਿਯੁਕਤ ਕੀਤਾ ਗਿਆ। ਕਲੱਬ ਮੈਂਬਰਾਂ ਦੇ ਸਮੂਹ ਵੱਲੋਂ ਨਵ ਨਿਯੁਕਤ ਪ੍ਰਧਾਨ ਲਾਇਨ ਜਸਵੀਰ ਮਾਹੀ ਅਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਤ ਕੀਤਾ ਗਿਆ। ਇਸ ਦੌਰਾਨ ਨਵ-ਨਿਯੁਕਤ ਪ੍ਰਧਾਨ ਲਾਇਨ ਜਸਵੀਰ ਮਾਹੀ ਨੇ ਸਾਰੇ ਕਲੱਬ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਕਲੱਬ ਦੀ ਸ਼ਾਨ ਨੂੰ ਕਾਇਮ ਰੱਖਦੇ ਹੋਏ, ਉਹ ਆਉਣ ਵਾਲੇ ਇੱਕ ਸਾਲ ਵਿੱਚ ਆਪਣੀ ਟੀਮ ਅਤੇ ਸਮੂਹ ਮੈਂਬਰਾਂ ਦੀ ਮਦਦ ਨਾਲ ਅਨੇਕਾਂ ਸਮਾਜ ਸੇਵਾ ਦੇ ਪ੍ਰੋਜੈਕਟ ਕਰਨਗੇ। ਇਸ ਦੌਰਾਨ ਮੌਜੂਦ ਰਹੇ ਰੀਜਨ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ, ਲਾਇਨ ਤਜਿੰਦਰ ਬਾਵਾ ਐਮ.ਜੇ.ਐਫ., ਮੌਜੂਦਾ ਪ੍ਰਧਾਨ ਜੁਗਲ ਬਵੇਜਾ, ਡਿਸਟ੍ਰਿਕਟ ਚੇਅਰਮੈਨ ਲਾਇਨ ਅਸ਼ੋਕ ਵਧਵਾ, ਡਿਸਟ੍ਰਿਕਟ ਚੇਅਰਮੈਨ ਲਾਇਨ ਸੁਨੀਲ ਢੀਂਗਰਾ ਅਤੇ ਡਿਸਟ੍ਰਿਕਟ ਚੇਅਰਮੈਨ ਬੱਬੂ ਮਨੀਲਾ ਨੇ ਨਵੀਂ ਟੀਮ ਨੂੰ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟਾਇਆ ਕਿ ਨਵ ਨਿਯੁਕਤ ਪ੍ਰਧਾਨ ਲਾਇਨ ਜਸਵੀਰ ਮਾਹੀ ਸਥਾਈ ਪ੍ਰੋਜੈਕਟਾਂ ਤੋਂ ਇਲਾਵਾ ਇੱਕ ਪ੍ਰਸਿੱਧ ਗਾਇਕ ਹੋਣ ਦੇ ਨਾਤੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਸਮਾਜ ਪ੍ਰਤੀ ਜਾਗਰੂਕਤਾ ਲਿਆਉਣ ਵਾਲੇ ਪ੍ਰੋਜੈਕਟਾਂ 'ਤੇ ਵੀ ਕੰਮ ਕਰਨਗੇ। ਸਾਰੇ ਕਲੱਬ ਮੈਂਬਰਾਂ ਨੇ ਨਵੀਂ ਟੀਮ ਨੂੰ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ 'ਤੇ ਕਲੱਬ ਮੈਂਬਰ ਸੰਤੋਖ ਰਾਜ ਸ਼ੌਕੀ, ਵਿਪਨ ਠਾਕੁਰ, ਮੋਹਿਤ ਅਰੋੜਾ, ਪੁਨੀਤ ਸੇਠੀ, ਵਿਜੇ ਅਰੋੜਾ, ਗਗਨ ਬੱਤਰਾ ਗੱਗੀ, ਸਾਹਿਲ ਸਿੰਘ, ਤਰੁਣ ਖੋਸਲਾ, ਅਮਿਤ ਢੀਂਗਰਾ, ਮੋਹਿਤ ਮਨੋਚਾ, ਸਾਹਿਲ ਸਿੰਘ, ਪਰਮਿੰਦਰ ਸਿੰਘ ਆਦਿ ਮੌਜੂਦ ਸਨ।

11-JUNE-PAGE-10.qxd 6/10/2025 8:45 PM Page 1



# ਪੱਤਰਕਾਰ ਯੂਨੀਅਨ ਵੱਲੋਂ ਸਾਹਿਤ, ਸੰਗੀਤ ਤੇ ਸਿੱਖਿਆ ਬਾਰੇ ਸਮਾਗਮ



**ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜ਼ਾ/ਰਛਪਾਲ ਭੁੱਲਰ)**

ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਕੋਟਕਪੂਰਾ ਵੱਲੋਂ ਸਥਾਨਕ ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਹਿਤਕ, ਸੰਗੀਤਕ ਤੇ ਸਿੱਖਿਆ ਸਨਮਾਨ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਉੱਘੇ ਚਿੰਤਕ, ਸ਼ਾਇਰ ਤੇ ਨਾਮਵਰ ਸਾਹਿਤਕਾਰ ਡਾ. ਦੇਵਿੰਦਰ ਸੈਫੀ ਦੀ ਨਵੀਆਂ ਪੈੜਾਂ ਪਾਉਣ ਵਾਲੀ ਚਰਚਿਤ ਹੋਈ ਪੁਸਤਕ 'ਮੁਹੱਬਤ ਨੇ ਕਿਹਾ' ਉੱਪਰ ਵਿਚਾਰ ਚਰਚਾ ਹੋਈ।ਇਸ ਪੁਸਤਕ ਵਿਚਲੀਆਂ ਮੁਹੱਬਤ ਭਰੀਆਂ ਰਚਨਾਵਾਂ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਗਾ ਕੇ ਸੁਖਵਿੰਦਰ ਸਾਰੰਗ ਨੇ ਘੰਟਿਆਂਬੱਧੀ ਸਰੋਤਿਆਂ ਨੂੰ ਮੰਤਰ ਮੁਗਧ ਕਰੀ ਰੱਖਿਆ।ਪ੍ਰਸਿੱਧ ਲੇਖਕ ਤੇ ਕਵੀਸ਼ਰ ਈਸ਼ਰ ਸਿੰਘ ਲੰਭਵਾਲੀ ਨੇ ਪੁਸਤਕ ਬਾਰੇ ਗਹਿਰੀ ਵਿਚਾਰ ਚਰਚਾ ਕਰਦਿਆਂ ਇਸ ਪੁਸਤਕ ਦੀ ਪੰਜਾਬੀ ਦੇ ਪਿਆਰ-ਸਾਹਿਤ ਵਿੱਚ ਵਿਲੱਖਣਤਾ ਬਾਰੇ ਪ੍ਰਭਾਵਸ਼ਾਲੀ ਵਿਚਾਰ ਪੇਸ਼ ਕੀਤੇ।ਪ੍ਰਿੰਸੀਪਲ ਕੁਮਾਰ ਜਗਦੇਵ ਸਿੰਘ ਨੇ ਪੁਸਤਕ ਬਾਰੇ ਬੋਲਦਿਆਂ ਡਾ. ਸੈਫੀ ਦੀ ਪੰਜਾਬੀ ਸਾਹਿਤ ਨੂੰ ਦਿੱਤੀ ਗਈ ਵਿਲੱਖਣ ਦੇਣ ਬਾਰੇ ਵਿਚਾਰ ਚਰਚਾ ਕੀਤੀ। ਉਨ੍ਹਾਂ ਡਾ. ਸੈਫੀ ਦੀਆਂ ਪਹਿਲਾਂ ਆਈਆਂ ਪੁਸਤਕਾਂ ਬਾਰੇ ਵਿਚਾਰ ਕਰਨ ਉਪਰੰਤ ਇਸ ਨਵੀਂ ਪੁਸਤਕ ਦੀ ਨਿਵੇਕਲੀ ਸ਼ੈਲੀ ਤੇ ਗਹਿਰੇ ਮੁਹੱਬਤੀ ਅਨੁਭਵਾਂ ਬਾਰੇ ਦੱਸਿਆ।

ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਪੰਜਾਬ ਵਿਧਾਨ ਸਭਾ ਦੇ ਸਪੀਕਰ ਮਾਣਯੋਗ ਕੁਲਤਾਰ ਸਿੰਘ ਸੰਧਵਾਂ ਨੇ 'ਮੁਹੱਬਤ ਨੇ ਕਿਹਾ' ਪੁਸਤਕ ਬਾਰੇ ਆਪਣੇ ਵਿਚਾਰ ਦਿੰਦਿਆਂ ਕਿਹਾ ਕਿ ਚੰਗਾ ਸਾਹਿਤ ਕਿਸੇ ਇਲਾਕੇ ਨੂੰ ਮੁਹੱਬਤ ਪਿਆਰ ਦਾ ਸੁਨੇਹਾ ਦਿੰਦਾ ਹੋਇਆ ਪੂਰੀ ਕੌਮ ਉੱਚੀਆਂ ਬੁਲੰਦੀਆਂ 'ਤੇ ਲੈ ਕੇ ਜਾਂਦਾ ਹੈ।ਸਟੇਜ ਸੰਚਾਲਨ ਕਰਦਿਆਂ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਜਥੇਬੰਦੀ ਵੱਲੋਂ ਕੀਤੇ ਜਾਂਦੇ ਵੱਖ-ਵੱਖ ਤਰ੍ਹਾਂ ਦੇ ਸਿੱਖਿਆ ਸਾਹਿਤ ਤੇ ਸੇਵਾ ਨਾਲ ਸਬੰਧਤ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ।ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ (ਪੀ.ਐੱਸ.ਜੇ.ਯੂ.) ਦੇ ਪ੍ਰਧਾਨ ਹਰਪ੍ਰੀਤ ਸਿੰਘ ਚਾਨਾ ਤੇ ਅਹੁਦੇਦਾਰਾਂ ਮੋਹਰ ਸਿੰਘ ਗਿੱਲ, ਗੁਰਮੀਤ ਸਿੰਘ ਮੀਤਾ ਨੇ ਇਸ ਪ੍ਰੋਗਰਾਮ ਨੂੰ ਯੂਨੀਅਨ ਦੀ ਵਿਸ਼ੇਸ਼ ਪ੍ਰਾਪਤੀ ਦੱਸਿਆ।ਸਮਾਜਸੇਵੀ ਉਦੇ ਰਣਦੇਵ ਨੇ ਅਜਿਹੇ ਪ੍ਰੋਗਰਾਮਾਂ ਦੀ ਜ਼ਰੂਰਤ ਤੇ ਅਹਿਮੀਅਤ ਬਾਰੇ ਦੱਸਿਆ।ਗੁੱਡ ਮੌਰਨਿੰਗ ਕਲੱਬ ਦੇ ਐੱਨਆਰਆਈ ਵਿੰਗ ਦੇ ਇੰਚਾਰਜ ਠੇਕੇਦਾਰ ਪ੍ਰੇਮ ਮੈਣੀ ਨੇ ਸੁਖਵਿੰਦਰ ਸਾਰੰਗ ਤੇ ਤਬਲਾਵਾਦਕ ਸੁਮਿਤ ਨੂੰ ਹਜ਼ਾਰ ਹਜ਼ਾਰ ਰੁਪਏ ਇਨਾਮ ਰਾਸ਼ੀ ਦਿੱਤੀ।ਪ੍ਰਿੰਸੀਪਲ ਪ੍ਰਭਜੋਤ ਸਿੰਘ ਨੇ ਪ੍ਰੋਗਰਾਮ ਨੂੰ ਉੱਚੀ ਸੁੱਚੀ ਸਾਹਿਤਕ, ਸੰਗੀਤਕ ਚੇਤਨਾ ਤੇ ਸਿੱਖਿਆ ਪ੍ਰਤੀ ਸੰਵੇਦਨਾ ਜਗਾਉਣ ਵਾਲਾ ਸਮਾਗਮ ਕਿਹਾ।ਪਿੰਡ ਮੋਰਾਂਵਾਲੀ ਦੇ ਸਰਪੰਚ ਸਰਬਜੀਤ ਸਿੰਘ ਨੇ ਡਾ. ਸੈਫੀ ਦੀ ਵਿਲੱਖਣ ਸ਼ਖਸੀਅਤ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ।ਅਖੀਰ 'ਚ ਡਾ. ਸੈਫੀ ਨੇ ਆਪਣੇ ਰਚਨਾਤਮਕ ਤਜਰਬੇ ਸਾਂਝੇ ਕਰਦਿਆਂ, ਰਚਨਾਵਾਂ ਸੁਣਾਉਂਦਿਆਂ ਤੇ 'ਮੁਹੱਬਤ ਨੇ ਕਿਹਾ' ਪੁਸਤਕ ਲਿਖਣ ਦੇ ਮਕਸਦ ਬਾਰੇ ਦੱਸਦਿਆਂ ਸਭ ਦਾ ਧੰਨਵਾਦ ਕੀਤਾ।

ਅੰਤ ਵਿੱਚ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਪ੍ਰਧਾਨ ਹਰਪ੍ਰੀਤ ਸਿੰਘ ਚਾਨਾ, ਚੇਅਰਮੈਨ ਗੁਰਿੰਦਰ ਸਿੰਘ ਮਹਿੰਦੀਰੱਤਾ, ਜਨਰਲ ਸਕੱਤਰ ਮੋਹਰ ਸਿੰਘ ਗਿੱਲ ਸਮੇਤ ਨਰਿੰਦਰ ਬੈੜ੍ਹ, ਚਮਨ ਗਰਗ ਰਿੰਕੀ, ਗੁਰਮੀਤ ਸਿੰਘ ਮੀਤਾ, ਤਰਸੇਮ ਚੋਪੜਾ, ਸੁਰਿੰਦਰ ਦਮਦਮੀ, ਰਾਜੂ ਕੰਡਾ, ਕੇ.ਸੀ. ਸੰਜੇ, ਮਨਵਰ ਸ਼ਰਮਾ, ਚੰਦਰ ਗਰਗ, ਤਰਸੇਮ ਚਾਨਣਾ, ਹੈਪੀ ਚਾਵਲਾ ਆਦਿ ਵੱਲੋਂ ਡਾ. ਦੇਵਿੰਦਰ ਸੈਫੀ, ਸੁਖਵਿੰਦਰ ਸਾਰੰਗ ਤੇ ਪ੍ਰਿੰਸੀਪਲ ਪ੍ਰਭਜੋਤ ਸਿੰਘ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਉਪਰੋਕਤ ਤੋਂ ਇਲਾਵਾ ਚੇਅਰਮੈਨ ਬਲਜਿੰਦਰ ਸਿੰਘ ਕੋਟਭਾਈ, ਜੋਰਾ ਸਿੰਘ ਭਾਣਾ, ਜਸਕਰਨ ਸਿੰਘ ਜੱਸਾ, ਡਾ. ਗਗਨ ਬਜਾਜ, ਕੁਲਦੀਪ ਕਟਾਰੀਆ, ਬਿੱਕਰ ਸਿੰਘ ਭਲੂਰ ਆਦਿ ਸਮੇਤ ਭਾਰੀ ਗਿਣਤੀ ਵਿੱਚ ਰਾਜਨੀਤਕ ਤੇ ਗੈਰ ਸਿਆਸੀ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਵਿਕਾਸ ਮਿਸ਼ਨ ਨੇ ਈ ਓ ਸਹੋਤਾ ਨਾਲ ਸਵਾਗਤੀ ਮਿਲਣੀ ਕੀਤੀ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਮੁੱਖ ਗੈਰ ਸਰਕਾਰੀ ਵਰਕਿੰਗ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫਦ ਵੱਲੋਂ ਨਗਰ ਕੌਂਸਲ ਦੇ ਨਵੇਂ ਈ.ਓ. ਵਰੁਣ ਸਹੋਤਾ ਨਾਲ ਸਵਾਗਤੀ ਮਿਲਣੀ ਕੀਤੀ ਗਈ। ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫਦ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਪੈਟਰਨ ਡਾ. ਸੁਰਿੰਦਰ ਗਿਰਧਰ, ਸਹਾਇਕ ਸਕੱਤਰ ਮਨੋਹਰ ਲਾਲ ਹਰਕਾ ਤੇ ਨਰਿੰਦਰ ਕਾਕਾ ਆਦਿ ਮੌਜੂਦ ਸਨ। ਮੁਲਾਕਾਤ ਮੌਕੇ ਨਗਰ ਕੌਂਸਲ ਦੇ ਸੁਪਰਡੈਂਟ ਵਿਕਰਮ ਧੂੜੀਆ ਤੇ ਅਕਾਊਂਟੈਂਟ ਸੰਨੀ ਨਾਰੰਗ ਵੀ ਮੌਜੂਦ ਸਨ। ਮਿਸ਼ਨ ਵੱਲੋਂ ਸਹੋਤਾ ਨੂੰ ਨਵਾਂ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਤੇ ਸਵਾਗਤ ਕੀਤਾ। ਮਿਸ਼ਨ ਵੱਲੋਂ ਸ੍ਰੀ ਸਹੋਤਾ ਨੂੰ ਸਵਾਗਤੀ ਸਨਮਾਨ ਚਿੰਨ੍ਹ ਵੀ ਭੇਂਟ ਕੀਤਾ। ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਮਿੱਠ ਬੋਲੜੇ ਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਸ੍ਰੀ ਸਹੋਤਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਬਾਰੇ ਸੁਣ ਕੇ ਬੜੇ ਪ੍ਰਭਾਵਤ ਹੋਏ। ਸ੍ਰੀ ਸਹੋਤਾ ਨੇ ਕਿਹਾ ਕਿ ਸਮਾਜ ਸੇਵਾ ਦੇ ਕਾਰਜ ਕਰਨ ਵਾਲੀਆਂ ਸੰਸਥਾਵਾਂ ਸਚਮੁੱਚ ਸਮਾਜ ਦਾ ਮਾਣ ਹੁੰਦੀਆਂ ਹਨ।

## ਜਨਰਲ ਗੁਰਨਾਮ ਸਿੰਘ ਪਬਲਿਕ ਸਕੂਲ ਵਿਖੇ ਸਮਰ ਕੈਂਪ ਲਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਜਨਰਲ ਗੁਰਨਾਮ ਸਿੰਘ ਪਬਲਿਕ ਸਕੂਲ ਵਿਖੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਸਮਰ ਕੈਂਪ ਲਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਵੱਖ-ਵੱਖ ਭਾਸ਼ਾ ਤੇ ਖੇਡ ਗਤੀਵਿਧੀਆਂ ਵਿੱਚ ਹਿੱਸਾ ਲਿਆ। ਬੱਚਿਆਂ ਨੇ ਸੀਬੀਐਸਈ ਦੁਆਰਾ ਨਿਰਦੇਸ਼ਤ 'ਭਾਰਤੀ ਭਾਸ਼ਾ ਸਮਰ ਕੈਂਪ' ਅਧੀਨ ਪੰਜਾਬੀ ਭਾਸ਼ਾ ਦੇ ਨਾਲ-ਨਾਲ ਤੇਲਗੂ ਭਾਸ਼ਾ ਨਾਲ ਸਬੰਧਤ ਵਿਦਿਅਕ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਹਿੱਸਾ ਲਿਆ। ਕੈਂਪ ਵਿੱਚ ਬੱਚਿਆਂ ਨੂੰ ਕੋਡਿੰਗ, ਰੋਬੋਟਿਕਸ, ਖਾਣਾ ਪਕਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖਸੀਅਤ, ਉਚਾਰਨ, ਪੇਂਟਿੰਗ, ਡਾਂਸਿੰਗ, ਤੈਰਾਕੀ, ਕ੍ਰਿਕਟ, ਹਾਕੀ, ਬਾਸਕਟਬਾਲ, ਫੁੱਟਬਾਲ, ਸ਼ੂਟਿੰਗ, ਟੇਬਲ ਟੈਨਿਸ ਤੇ ਬੈਡਮਿੰਟਨ ਆਦਿ ਬਾਰੇ ਬਹੁਤ ਕੁਝ ਸਿੱਖਣ ਨੂੰ ਮਿਲਿਆ। ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਰੇਵਾਲ ਨੇ ਬੱਚਿਆਂ ਨੂੰ ਉਤਸ਼ਾਹਤ ਕੀਤਾ ਤੇ ਪ੍ਰਸੰਸਾ ਕੀਤੀ। ਉਨ੍ਹਾਂ ਕਿਹਾ ਕਿ ਸਮਰ ਕੈਂਪ ਬੱਚਿਆਂ ਲਈ ਬਹੁਤ ਸਾਰੇ ਫ਼ਾਇਦੇ ਪ੍ਰਦਾਨ ਕਰਦੇ ਹਨ ਤੇ ਉਨ੍ਹਾਂ ਦੀ ਸਰਬਪੱਖੀ ਉਨਤੀ ਦੀ ਵਰਤੋਂ ਸਮਾਜਿਕ ਹੁਨਰਾਂ ਨੂੰ ਉਤਸ਼ਾਹਤ ਕਰਨ, ਮੌਜ-ਮਸਤੀ ਕਰਨ, ਲੀਡਰਸ਼ਿਪ ਯੋਗਤਾਵਾਂ ਵਿਕਸਤ ਕਰਨ, ਸਰੀਰਕ ਤੇ ਮਾਨਸਿਕ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ, ਮੋਬਾਈਲ ਫ਼ੋਨਾਂ ਦੀ ਬਜਾਏ ਗਤੀਵਿਧੀਆਂ ਵਿੱਚ ਦਿਲਚਸਪੀ ਪੈਦਾ ਕਰਨ ਅਤੇ ਸਵੈ-ਵਿਸ਼ਵਾਸ ਅਤੇ ਆਜ਼ਾਦੀ ਨੂੰ ਵਧਾਉਣ ਨਾਲ ਉਨ੍ਹਾਂ ਦੇ ਨਿੱਜੀ ਹੁਨਰ ਵਿਕਸਤ ਹੁੰਦੇ ਹਨ। ਅਧਿਆਪਕ ਇੰਚਾਰਜ ਸ੍ਰੀਮਤੀ ਰਾਜਿੰਦਰ ਕੌਰ ਨੇ ਕਿਹਾ ਕਿ ਗਰਮੀਆਂ ਦੇ ਕੈਂਪ ਬੱਚਿਆਂ ਨੂੰ ਸਾਥੀਆਂ ਨਾਲ ਗੱਲਬਾਤ ਕਰਨ, ਸਹਿਯੋਗ ਕਰਨ ਸਿੱਖਣ, ਸਰੀਰਕ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ, ਸਿਹਤਮੰਦ ਆਦਤਾਂ, ਲੀਡਰਸ਼ਿਪ ਭੂਮਿਕਾਵਾਂ ਨੂੰ ਉਤਸ਼ਾਹਤ ਕਰਨ, ਫ਼ੈਸਲਾ ਲੈਣ ਦੀਆਂ ਯੋਗਤਾਵਾਂ ਵਿਕਸਤ ਕਰਨ ਤੇ ਦੂਜਿਆਂ ਨਾਲ ਕੰਮ ਕਰਨਾ ਸਿੱਖਣ ਲਈ ਇੱਕ ਢਾਂਚਾਗਤ ਵਾਤਾਵਰਣ ਪ੍ਰਦਾਨ ਕਰਦੇ ਹਨ ਅਤੇ ਕੈਂਪ ਵਿੱਚ ਨਵੇਂ ਅਨੁਭਵ ਯਾਦਾਂ ਬਣਾਉਂਦੇ ਹਨ, ਜੋ ਬੱਚੇ ਸੰਭਾਲਣਗੇ।

## 'ਕ੍ਰਿਸ਼ੀ ਸੰਕਲਪ ਅਭਿਆਨ' ਰਾਹੀਂ ਨਵੀਆਂ ਖੇਤੀ ਤਕਨੀਕਾਂ ਦਾ ਪ੍ਰਚਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ 'ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ' ਪਿੰਡ ਪੱਧਰ 'ਤੇ ਨਵੀਂ ਖੇਤੀ ਤਕਨੀਕਾਂ ਦੇ ਪ੍ਰਚਾਰ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਸਾਬਤ ਹੋ ਰਿਹਾ ਹੈ। ਇਸ ਅਭਿਆਨ ਰਾਹੀਂ ਕਿਸਾਨਾਂ ਨੂੰ ਆਧੁਨਿਕ, ਜੈਵਿਕ ਤੇ ਸਥਿਰ ਖੇਤੀ ਤਰੀਕਿਆਂ ਬਾਰੇ ਜਾਣੂ ਕਰਾਇਆ ਜਾ ਰਿਹਾ ਹੈ, ਜੋ ਆਉਣ ਵਾਲੇ ਸਮੇਂ ਵਿੱਚ ਮੌਸਮੀ ਤਬਦੀਲੀਆਂ ਤੇ ਪਾਣੀ ਦੀ ਘਾਟ ਵਰਗੀਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਸਹਾਇਕ ਸਾਬਤ ਹੋਣਗੇ। ਇਸ ਅਭਿਆਨ ਤਹਿਤ ਪਿਛਲੇ ਕੁੱਝ ਦਿਨਾਂ ਦੌਰਾਨ ਜ਼ਿਲ੍ਹੇ ਦੇ ਕਈ ਪਿੰਡਾਂ 'ਚ ਵਿਗਿਆਨਕ ਸੈਮੀਨਾਰ ਕਰਾਏ ਗਏ। ਪਿੰਡ ਰੰਧਾਵਾ, ਵੰਗਲ, ਲੁਬਾਣਿਆਂ ਵਾਲੀ, ਖਿਉਵਾਲੀ, ਲੰਬੀ, ਖੁੱਡੀਆਂ ਗੁਲਾਬ ਸਿੰਘ, ਤਾਮਕੋਟ, ਸਾਉਂਕੇ ਅਤੇ ਤਰਖਾਣਵਾਲਾ ਵਿਖੇ ਕਿਸਾਨਾਂ ਨੂੰ ਆਪਣੇ ਬੱਚਿਆਂ ਨੂੰ ਖੇਤੀ ਤੇ ਖੇਤੀ ਸਹਾਇਕ ਧੰਦਿਆਂ ਨਾਲ ਜੋੜਨ ਲਈ ਪ੍ਰੇਰਿਤ ਕੀਤਾ। ਕਿਸਾਨਾਂ ਨੂੰ ਦੱਸਿਆ ਕਿ ਕੇ.ਵੀ.ਕੇ. ਵੱਲੋਂ ਖੇਤੀ ਦੇ ਨਾਲ-ਨਾਲ ਖੇਤੀ ਸਹਾਇਕ ਧੰਦਿਆਂ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ, ਜਿਸ ਨੂੰ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾਂ ਨੇ ਕਿਸਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਹੋਣ ਲਈ ਪ੍ਰੇਰਦਿਆਂ ਕਿਹਾ ਕਿ ਹਰ ਇੱਕ ਕਿਸਾਨ ਨੂੰ ਸਬਜ਼ੀਆਂ ਦੀ ਘਰੇਲੂ ਬਗੀਚੀ ਜ਼ਰੂਰ ਬਣਾਉਣੀ ਚਾਹੀਦੀ ਹੈ ਤਾਂ ਜੁ ਤਾਜ਼ੀਆਂ ਜ਼ਹਿਰ-ਮੁਕਤ ਸਬਜ਼ੀਆਂ ਦੀ ਘਰ ਲਈ ਵਰਤੋਂ ਕੀਤੀ ਜਾ ਸਕੇ। ਨਰਮੇ ਦੀ ਗੁਲਾਬੀ ਸੁੰਡੀ ਦੀ ਅਗੇਤੀ ਰੋਕਥਾਮ ਬਾਰੇ ਗੱਲ ਕਰਦੇ ਹੋਏ ਦੱਸਿਆ ਕਿ ਹਮਲੇ ਵਾਲੇ ਖੇਤਾਂ ਦੀਆਂ ਛਿਟੀਆਂ ਇਸ ਕੀੜੇ ਦੇ ਫ਼ੈਲਾਅ ਵਿੱਚ ਸਭ ਤੋਂ ਮੁੱਖ ਭੂਮਿਕਾ ਨਿਭਾਉਂਦੀਆਂ ਹਨ। ਕਿਸਾਨਾਂ ਨੂੰ ਗਰਮ ਰੁੱਤ ਦੀਆਂ ਦਾਲਾਂ ਦੀ ਕਾਸ਼ਤ ਕਰਨ ਲਈ ਪ੍ਰੇਰਿਆ ਅਤੇ ਸਾਉਣੀ ਰੁੱਤ ਦੀਆਂ ਵੱਖ-ਵੱਖ ਫ਼ਸਲਾਂ ਦੀ ਕਾਸ਼ਤ ਸਬੰਧੀ ਨੁਕਤੇ ਸਾਂਝੇ ਕੀਤੇ।

## ਐਡੀ ਫਿਜੀਕਲ ਅਕੈਡਮੀ ਰਾਹੀਂ ਭਰਤੀ ਹੋਏ ਜਵਾਨ ਮਿਲਣ ਲਈ ਅਕੈਡਮੀ ਪੁੱਜੇ, ਅਕੈਡਮੀ ਨੇ ਬੈਂਡ-ਵਾਜੇ ਨਾਲ ਕੀਤਾ ਸਵਾਗਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਐਡੀ ਫਿਜੀਕਲ ਅਕੈਡਮੀ ਲਗਭਗ 25 ਸਾਲਾਂ ਤੋਂ ਪੰਜਾਬ ਤੇ ਹੋਰ ਰਾਜਾਂ ਦੇ ਨੌਜਵਾਨਾਂ ਨੂੰ ਟ੍ਰੇਨਿੰਗ ਦੇ ਕੇ ਪੰਜਾਬ ਪੁਲਸ, ਬੀ.ਐੱਸ.ਐੱਫ., ਸੀ.ਆਰ.ਪੀ.ਐੱਫ., ਆਈ.ਟੀ.ਬੀ.ਪੀ., ਆਰਮੀ, ਰਾਜਸਥਾਨ ਪੁਲਸ, ਹਰਿਆਣਾ ਪੁਲਸ ਤੇ ਐੱਸ.ਐੱਸ.ਸੀ. ਦੀ ਤਿਆਰੀ ਕਰਵਾ ਕੇ ਭਰਤੀ ਕਰਵਾਉਣ ਵਿੱਚ ਮਾਹਰ ਹੈ। ਇਸ ਅਕੈਡਮੀ ਨੂੰ ਐੱਮ.ਡੀ. ਕੁਲਵਿੰਦਰ ਸਿੰਘ ਉਰਫ਼ ਕਾਲਾ ਤੇ ਉਨ੍ਹਾਂ ਦੀ ਧਰਮ-ਪਤਨੀ ਰਾਣੀ ਕੌਰ ਬਾਖ਼ੂਬੀ ਚਲਾ ਰਹੇ ਹਨ, ਜਦੋਂ ਕਿ ਮਨਜਿੰਦਰ ਸਿੰਘ, ਹਰਦੀਪ ਕੌਰ ਤੇ ਸਰੂਪ ਸਿੰਘ ਉਨ੍ਹਾਂ ਨਾਲ ਪੂਰਨ ਸਹਿਯੋਗ ਦੇ ਕੇ ਵਿਦਿਆਰਥੀਆਂ ਨੂੰ ਦੇਸ਼ ਦੀ ਸੇਵਾ ਕਰਨ ਦੇ ਯੋਗ ਬਣਾਉਂਦੇ ਹਨ।ਕੁਲਵਿੰਦਰ ਸਿੰਘ ਨੇ ਸਮੂਹ ਅਖ਼ਬਾਰਾਂ ਦੇ ਪੱਤਰਕਾਰਾਂ ਤੇ ਇਲੈਕਟ੍ਰੋਨਿਕ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਲਗਭਗ 9 ਮਹੀਨੇ ਪਹਿਲਾਂ 26 ਨੌਜਵਾਨਾਂ ਵਿੱਚੋਂ 17 ਨੌਜਵਾਨ ਬੀ.ਐਸ.ਐਫ., ਆਰਮੀ ਤੇ ਪੰਜਾਬ ਪੁਲਸ ਲਈ ਚੁਣੇ ਗਏ ਸਨ।ਅੱਜ ਟ੍ਰੇਨਿੰਗ ਉਪਰੰਤ ਜਦੋਂ ਉਨ੍ਹਾਂ ਵਿਚੋਂ ਚਾਰ ਜਵਾਨ ਅਕੈਡਮੀ ਵਿੱਚ ਮਿਲਣ ਲਈ ਆਏ ਤਾਂ ਉਨ੍ਹਾਂ ਦਾ ਬੈਂਡ ਵਾਜੇ ਨਾਲ ਸਵਾਗਤ ਕੀਤਾ ਗਿਆ ਤੇ ਮੌਜੂਦਾ ਟ੍ਰੇਨਿੰਗ ਲੈ ਰਹੇ ਵਿਦਿਆਰਥੀਆਂ ਨੇ ਭੰਗੜਾ ਪਾ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ।ਅਕੈਡਮੀ ਪੁੱਜ ਕੇ ਚਾਰਾਂ ਨੌਜਵਾਨਾਂ ਨੇ ਰੋਡ ਮਾਰਚ ਕਰ ਕੇ ਆਪਣੇ ਉਸਤਾਦਾਂ ਨੂੰ ਸਲੂਟ ਕੀਤਾ।ਉਪਰੰਤ ਕੁਲਵਿੰਦਰ ਸਿੰਘ ਤੇ ਰਾਣੀ ਕੌਰ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਜ਼ਿੰਦਗੀ ਵਿੱਚ ਸਖ਼ਤ ਮਿਹਨਤ ਕਰਨ ਦੀ ਸਿੱਖਿਆ ਦਿੱਤੀ।ਇਸ ਮੌਕੇ ਰਾਜ ਕੁਮਾਰ ਮਖੀਜਾ, ਸ਼ਿੰਦਰ ਸਿੰਘ ਭੁਪਾਲ, ਬਲਵੀਰ ਜੈਦਕਾ, ਸੁਖਦੇਵ ਸਵਾਮੀ ਤੇ ਤੇਜਵੰਤ ਸਿੰਘ ਸੰਧੂ ਹਾਜ਼ਰ ਸਨ।

## ਸਰਕਾਰ ਦੇ ਅੜੀਅਲ ਵਤੀਰੇ ਖਿਲਾਫ ਪੈਨਸ਼ਨਰਜ਼ 14 ਨੂੰ ਲੁਧਿਆਣਾ 'ਚ ਕਰਨਗੇ ਰੈਲੀ : ਜਵੰਦਾ



**ਸਮਰਾਲਾ (ਸੁਰਜੀਤ ਸਿੰਘ)**-ਲੁਧਿਆਣਾ ਵਿਖੇ ਹੋਣ ਜਾ ਰਹੀ ਜ਼ਿਮਨੀ ਚੋਣ ਦੌਰਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫ਼ਰੰਟ ਵੱਲੋਂ 14 ਨੂੰ ਪੰਜਾਬ ਸਰਕਾਰ ਦੀਆਂ ਪੈਨਸ਼ਨਰਜ਼ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਲੁਧਿਆਣਾ ਵਿਖੇ ਇੱਕ ਵਿਸ਼ਾਲ ਰੈਲੀ ਤੇ ਰੋਸ ਮਾਰਚ ਕੀਤਾ ਜਾ ਰਿਹਾ ਹੈ। ਪੈਨਸ਼ਨਰ ਕਲਿਆਣ ਸੰਗਠਨ ਸਮਰਾਲਾ ਦੀ ਪੈਨਸ਼ਨਰ ਭਵਨ ਵਿਖੇ ਸੰਗਠਨ ਦੇ ਪ੍ਰਧਾਨ ਮੇਘ ਸਿੰਘ ਜਵੰਦਾ ਦੀ ਅਗਵਾਈ ਹੇਠ ਕੀਤੀ ਮੀਟਿੰਗ ਦੌਰਾਨ ਇਸ ਰੋਸ ਰੈਲੀ ਵਿੱਚ ਸ਼ਾਮਲ ਹੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਪ੍ਰਧਾਨ ਮੇਘ ਸਿੰਘ ਜਵੰਦਾ ਨੇ ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਹੰਕਾਰੀ ਹੋਈ ਪੰਜਾਬ ਸਰਕਾਰ ਨੂੰ ਜ਼ਿਮਨੀ ਚੋਣ ਵਿੱਚ ਸਬਕ ਸਿਖਾਉਣ ਲਈ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਇਸ ਰੋਸ ਰੈਲੀ ਨੂੰ ਕਾਮਯਾਬ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 55 ਪ੍ਰਤੀਸ਼ਤ ਡੀ. ਏ. ਦੇ ਰਹੀ ਹੈ, ਜਦੋਂ ਕਿ ਪੰਜਾਬ ਸਰਕਾਰ ਨੇ ਕੇਵਲ 42 ਪ੍ਰਤੀਸ਼ਤ ਡੀ. ਏ. ਦਿੱਤਾ ਹੈ।ਏਨਾ ਹੀ ਨਹੀਂ ਇਸ ਅੜੀਅਲ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਭੱਖਦੀਆਂ ਮੰਗਾਂ ਨੂੰ ਵੀ ਠੰਡੇ ਬਸਤੇ ਵਿੱਚ ਪਾਇਆ ਹੋਇਆ ਹੈ।ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ 14 ਦੀ ਰੈਲੀ ਨੂੰ ਕਾਮਯਾਬ ਕਰਨ ਲਈ ਇੱਕ ਇਤਿਹਾਸਕ ਇਕੱਠ ਕਰਕੇ ਸਰਕਾਰ ਨੂੰ ਸਬਕ ਸਿਖਾਉਣਗੇ।ਮੀਟਿੰਗ ਨੂੰ ਨੇਤਰ ਸਿੰਘ ਮੁਤਿਓ ਤੇ ਯਸ਼ਪਾਲ ਨੇ ਵੀ ਸੰਬੋਧਨ ਕੀਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸੁਨੀਲ ਕੁਮਾਰ ਸ਼ੁਕਲਾ ਨੇ ਬਾਖ਼ੂਬੀ ਨਿਭਾਈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੁਲਵੰਤ ਰਾਏ, ਗੁਰਚਰਨ ਸਿੰਘ, ਬਲਵਿੰਦਰ ਸਿੰਘ, ਯਸ਼ਪਾਲ ਗੋਪਾਲ, ਜੈ ਰਾਮ, ਪੁਸ਼ਪਿੰਦਰ ਕੁਮਾਰ ਈ.ਓ. ਮੁੱਖ ਅਧਿਆਪਕ ਪ੍ਰੇਮ ਨਾਥ ਕੈਸ਼ੀਅਰ, ਸੋਮਨਾਥ ਸ਼ਰਮਾ, ਸੀਨੀਅਰ ਮੀਤ ਪ੍ਰਧਾਨ ਦਲੀਪ ਸਿੰਘ, ਦਰਸ਼ਨ ਸਿੰਘ ਕੰਗ, ਬਲਵੀਰ ਸਿੰਘ ਏ.ਐੱਸ.ਆਈ., ਹਰਬੰਸ ਸਿੰਘ, ਮਾ. ਜਰਨੈਲ ਸਿੰਘ, ਨਰੇਸ਼ ਕੁਮਾਰ ਤੇ ਹੋਰ ਸਾਥੀ ਮੌਜੂਦ ਸਨ।

## ਗਰਮੀ ਦੇ ਵਧਣ ਕਾਰਨ ਪੰਜਾਬ 'ਚ ਬਿਜਲੀ ਦੀ ਮੰਗ 13510 ਮੈਗਾਵਾਟ ਤੱਕ ਪੁੱਜੀ

### ਝੋਨੇ ਦੇ ਸੀਜ਼ਨ 'ਚ 17 ਹਜ਼ਾਰ ਮੈਗਾਵਾਟ ਤੋਂ ਟੱਪਣ ਦੀ ਆਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੂਬੇ 'ਚ ਤਾਪਮਾਨ ਦੇ ਲਗਾਤਾਰ ਵਧਣ ਦੇ ਨਾਲ-ਨਾਲ ਬਿਜਲੀ ਦੀ ਮੰਗ ਦਾ ਗ੍ਰਾਫ ਵੀ ਵਧਣ ਲੱਗਾ ਹੈ। ਐਤਵਾਰ ਨੂੰ ਸੂਬੇ 'ਚ ਬਿਜਲੀ ਦੀ ਮੰਗ 13510 ਮੈਗਾਵਾਟ ਦਾ ਅੰਕੜਾ ਛੂਹ ਗਈ, ਜੋ ਕਿ ਜੂਨ ਮਹੀਨੇ ਦੀ ਸਭ ਤੋਂ ਵੱਧ ਮੰਗ ਸੀ। ਇਸ ਤੋਂ ਪਹਿਲਾਂ ਮਈ ਮਹੀਨੇ 'ਚ ਦੋ ਵਾਰ ਬਿਜਲੀ ਦੀ ਮੰਗ 14 ਹਜ਼ਾਰ ਮੈਗਾਵਾਟ ਤੱਕ ਪਹੁੰਚੀ ਸੀ। ਐਤਵਾਰ ਨੂੰ ਛੁੱਟੀ ਹੋਣ ਦੇ ਬਾਵਜੂਦ ਮੰਗ 'ਚ ਵਾਧਾ ਦੇਖਣ ਨੂੰ ਮਿਲਿਆ। ਦੂਜੇ ਪਾਸੇ ਸੋਮਵਾਰ ਨੂੰ ਪੂਰੇ ਪੰਜਾਬ 'ਚ ਝੋਨੇ ਦੀ ਲੁਆਈ ਦੇ ਤੀਜੇ ਪੜਾਅ ਦੀ ਸ਼ੁਰੂਆਤ ਹੋਣ ਅਤੇ ਸਰਕਾਰੀ ਦਫਤਰ ਖੁੱਲ੍ਹਣ ਕਾਰਨ ਬਿਜਲੀ ਦੀ ਮੰਗ 'ਚ ਹੋਰ ਵਾਧਾ ਹੋਵੇਗਾ ਤੇ ਆਉਂਦੇ ਦਿਨਾਂ 'ਚ ਬਿਜਲੀ ਦੀ ਮੰਗ 14 ਹਜ਼ਾਰ ਮੈਗਾਵਾਟ ਤੋਂ ਉੱਪਰ ਹੀ ਰਹਿਣ ਦਾ ਅਨੁਮਾਨ ਹੈ। ਪਿਛਲੇ ਸਾਲ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਵੱਧ ਤੋਂ ਵੱਧ ਮੰਗ 16089 ਮੈਗਾਵਾਟ ਦਰਜ ਕੀਤੀ ਗਈ ਸੀ, ਪਰ ਇਸ ਸੀਜ਼ਨ ਦੌਰਾਨ ਇਹ ਮੰਗ 17 ਹਜ਼ਾਰ ਮੈਗਾਵਾਟ ਤੋਂ ਪੁੱਜਣ ਦਾ ਅਨੁਮਾਨ ਹੈ। ਪਾਵਰਕਾਮ ਵੱਲੋਂ ਬਿਜਲੀ ਦੀ ਮੰਗ ਨੂੰ ਪੂਰਾ ਕਰਨ ਲਈ ਕੇਂਦਰੀ ਪੂਲ 'ਚੋਂ ਬਿਜਲੀ ਲਈ ਜਾ ਰਹੀ ਹੈ, ਉੱਥੇ ਹੀ ਸੂਬੇ 'ਚ ਸਥਿਤ ਨਿੱਜੀ ਤਾਪਘਰਾਂ ਤੋਂ ਵੀ ਬਿਜਲੀ ਲਈ ਜਾ ਰਹੀ ਹੈ। ਐਤਵਾਰ ਦੇਰ ਸ਼ਾਮ ਤੱਕ ਕੇਂਦਰੀ ਪੂਲ ਵਿੱਚੋਂ 5488 ਮੈਗਾਵਾਟ ਬਿਜਲੀ ਕੇਂਦਰੀ ਪੂਲ 'ਚ ਲਈ ਜਾ ਰਹੀ ਸੀ ਜੋ ਕਿ ਸ਼ਡਿਊਲ ਨਾਲੋਂ ਵੱਧ ਸੀ, ਜਦੋਂ ਕਿ ਨਿੱਜੀ ਪਾਵਰ ਪਲਾਂਟ ਕੋਲੋਂ 2971 ਮੈਗਾਵਾਟ ਬਿਜਲੀ ਲਈ ਜਾ ਰਹੀ ਸੀ। ਜਾਣਕਾਰੀ ਅਨੁਸਾਰ ਸਰਕਾਰ ਦੇ ਆਪਣੇ ਤਾਪ ਬਿਜਲੀ ਘਰ ਜੀ ਜੀ ਐੱਸ ਐੱਸ ਟੀ ਪੀ ਰੋਪੜ ਤੋਂ 592 ਮੈਗਾਵਾਟ, ਜੀ ਐੱਚ ਟੀ ਪੀ ਲਹਿਰਾ ਮੁਹੱਬਤ ਤੋਂ 649 ਮੈਗਾਵਾਟ ਤੇ ਜੀ ਏ ਟੀ ਪੀ ਗੋਇੰਦਵਾਲ ਸਾਹਿਬ ਤੋਂ 497 ਮੈਗਾਵਾਟ ਬਿਜਲੀ ਦੀ ਉਤਪਾਦਨ ਕੀਤਾ ਜਾ ਰਿਹਾ ਸੀ, ਜਦੋਂਕਿ ਪਣ ਬਿਜਲੀ ਉਪਕਰਨਾਂ 'ਚੋਂ 894 ਮੈਗਾਵਾਟ ਬਿਜਲੀ ਪੈਦੀ ਕੀਤੀ ਜਾ ਰਹੀ ਸੀ ਅਤੇ ਹੋਰਨਾਂ ਸਰੋਤਾਂ ਤੋਂ 53 ਮੈਗਾਵਾਟ ਬਿਜਲੀ ਮਿਲ ਰਹੀ ਸੀ। ਇਸੇ ਤਰ੍ਹਾਂ ਸੂਬੇ 'ਚ ਸਥਿਤ ਨਿੱਜੀ ਤਾਪ ਘਰਾਂ 'ਚੋਂ ਰਾਜਪੁਰਾ ਪਾਵਰ ਪਲਾਂਟ ਤੋਂ 1308 ਮੈਗਾਵਾਟ ਅਤੇ ਤਲਵੰਡੀ ਸਾਬੋਂ ਪਾਵਰ ਪਲਾਂਟ ਤੋਂ 1657 ਮੈਗਾਵਾਟ ਬਿਜਲੀ ਪੈਦਾ ਕੀਤੀ ਜਾ ਰਹੀ ਸੀ।

## ਕਾਂਗਰਸ ਵੱਲੋਂ ਕਸਤੂਰੀ ਲਾਲ ਹਲਕਾ ਬੱਸੀ ਪਠਾਣਾ ਦੇ ਕੋਆਰਡੀਨੇਟਰ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕਾਂਗਰਸ ਦੇ ਪੁਲਸ ਜ਼ਿਲ੍ਹਾ ਖੰਨਾ ਤੋਂ ਉੱਪ-ਪ੍ਰਧਾਨ ਤੇ ਸੀਨੀਅਰ ਆਗੂ ਕਸਤੂਰੀ ਲਾਲ ਮਿੰਟੂ ਨੂੰ ਹਾਈ ਕਮਾਂਡ ਵੱਲੋਂ ਵਿਧਾਨ ਸਭਾ ਹਲਕਾ ਬੱਸੀ ਪਠਾਣਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਨਜ਼ਦੀਕੀ ਸਾਥੀ ਮੰਨੇ ਜਾਂਦੇ ਕਸਤੂਰੀ ਲਾਲ ਮਿੰਟੂ ਨੂੰ ਔਖ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨੂੰ ਦੇਖਦਿਆਂ ਇਹ ਅਹੁਦਾ ਦੇ ਕੇ ਨਿਵਾਜ਼ਿਆ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਸਤੂਰੀ ਲਾਲ ਮਿੰਟੂ ਨੇ ਕਿਹਾ ਕਿ ਕਾਂਗਰਸ ਹਾਈ ਕਮਾਂਡ ਵੱਲੋਂ ਉਨ੍ਹਾਂ 'ਤੇ ਜੋ ਵਿਸ਼ਵਾਸ ਪ੍ਰਗਟਾ ਕੇ ਵਿਧਾਨ ਸਭਾ ਹਲਕਾ ਬੱਸੀ ਪਠਾਣਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ, ਜਿਸ ਤਹਿਤ ਉਹ ਵਰਕਰਾਂ ਨੂੰ ਇੱਕਜੁਟ ਕਰ ਪਾਰਟੀ ਨੂੰ ਮਜ਼ਬੂਤ ਕਰਨ ਲਈ ਤਨਦੇਹੀ ਨਾਲ ਕੰਮ ਕਰਨਗੇ। ਮਿੰਟੂ ਨੇ ਕਿਹਾ ਕਿ ਉਹ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਤੇ ਸਮੂਹ ਸੀਨੀਅਰ ਲੀਡਰਸ਼ਿਪ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਇਹ ਮਾਣ ਬਖਸ਼ਿਆ ਹੈ। ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਪਾਰਟੀ ਵਿੱਚ ਮਿਹਨਤੀ ਤੇ ਤਨਦੇਹੀ ਨਾਲ ਕੰਮ ਕਰਨ ਵਾਲੇ ਹਰੇਕ ਆਗੂ ਨੂੰ ਮਾਣ ਮਿਲਦਾ ਹੈ ਤੇ ਕਸਤੂਰੀ ਲਾਲ ਮਿੰਟੂ ਇਸ ਅਹੁਦੇ ਲਈ ਯੋਗ ਆਗੂ ਹਨ। ਇਸ ਤੋਂ ਇਲਾਵਾ ਸਾਬਕਾ ਪ੍ਰਧਾਨ ਸੁਰਿੰਦਰ ਕੁਮਾਰ ਕੁੰਦਰਾ, ਸਾਬਕਾ ਚੇਅਰਮੈਨ ਜਗਜੀਤ ਸਿੰਘ ਪ੍ਰਿਥੀਪੁਰ, ਕ੍ਰਿਸ਼ਨ ਲਾਲ ਕਾਲਤਾ, ਸਾਬਕਾ ਬਲਾਕ ਸੰਮਤੀ ਮੈਂਬਰ ਰਮੇਸ਼ ਖੁੱਲਰ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਯੂਥ ਦਿਹਾਤੀ ਪ੍ਰਧਾਨ ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਸ਼ਹਿਰੀ ਯੂਥ ਪ੍ਰਧਾਨ ਅੰਮ੍ਰਿਤਪਾਲ ਸਿੰਘ, ਵਿਨੀਤ ਕੁਮਾਰ ਝੜੌਦੀ ਨੇ ਕਸਤੂਰੀ ਲਾਲ ਮਿੰਟੂ ਨੂੰ ਕੋਆਰਡੀਨੇਟਰ ਨਿਯੁਕਤ ਕੀਤੇ ਜਾਣ ਦਾ ਸਵਾਗਤ ਕੀਤਾ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੌਦੇ ਲਗਾਓ ਮੁਹਿੰਮ ਜਾਰੀ

### ਨਾਗਰਿਕਾਂ ਨੂੰ ਘੱਟੋ-ਘੱਟ ਇੱਕ ਰੁੱਖ ਲਗਾਉਣ ਦੀ ਕੀਤੀ ਅਪੀਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ 'ਚ 'ਹਰ ਕੋਈ ਇੱਕ ਦਰੱਖਤ' ਮੁਹਿੰਮ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵੱਖ-ਵੱਖ ਖਾਲੀ ਸਥਾਨਾਂ 'ਤੇ ਛਾਂਦਾਰ, ਫੁੱਲਦਾਰ ਤੇ ਫ਼ਲਦਾਰ ਬੂਟੇ ਲਗਾ ਕੇ ਵਾਤਾਵਰਨ ਨੂੰ ਹਰਾ ਭਰਾ ਬਣਾਉਣ ਦੀ ਕੋਸ਼ਿਸ਼ ਜਾਰੀ ਹੈ। ਇਹ ਮੁਹਿੰਮ ਨਿਰੰਤਰ ਤੌਰ 'ਤੇ ਲੋਕਾਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨ ਤੇ ਰੁੱਖਾਂ ਦੀ ਮਹੱਤਤਾ ਬਾਰੇ ਸੋਚਣ ਲਈ ਉਤਸ਼ਾਹਤ ਕਰ ਰਹੀ ਹੈ। ਇਸ ਸਬੰਧੀ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਚੇਅਰਮੈਨ ਰੁਪਿੰਦਰਜੀਤ ਕੌਰ ਚਾਹਲ ਨੇ ਮੁਹਿੰਮ ਦੀ ਅਗਵਾਈ ਕਰਦਿਆਂ ਰੁੱਖ ਲਗਾਏ ਤੇ ਲੋਕਾਂ ਨੂੰ ਰੁੱਖ ਲਗਾਉਣ ਦੀ ਅਪੀਲ ਕੀਤੀ।


ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੁਹਿੰਮਾਂ ਸਿਰਫ਼ ਰੁੱਖ ਲਗਾਉਣ ਤੱਕ ਹੀ ਸੀਮਤ ਨਹੀਂ ਰਹਿਣੀਆਂ ਚਾਹੀਦੀਆਂ, ਸਗੋਂ ਇਹ ਮਨੁੱਖੀ ਜੀਵਨ ਵਿੱਚ ਰੁੱਖਾਂ ਦੀ ਭੂਮਿਕਾ ਬਾਰੇ ਲਗਾਤਾਰ ਜਾਗਰੂਕਤਾ ਫੈਲਾਉਣ ਵਾਲੀਆਂ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਾਰੇ ਮਿਲ ਕੇ ਇੱਕ ਰੁੱਖ ਲਗਾਈਏ ਤਾਂ ਇਹ ਧਰਤੀ ਸੱਚਮੁੱਚ ਹੀ ਜੰਨਤ ਬਣ ਸਕਦੀ ਹੈ। ਇਸ ਦੌਰਾਨ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਨੇ ਵੀ ਪੌਦੇ ਲਗਾ ਕੇ ਇਸ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਇਆ। ਉਹਨਾਂ ਕਿਹਾ ਕਿ ਅਸੀਂ ਸਾਰੇ ਜੇਕਰ ਇੱਕ ਇੱਕ ਦਰੱਖਤ ਲਗਾਈਏ ਤੇ ਉਸ ਦੀ ਪੂਰੀ ਦੇਖਭਾਲ ਕਰੀਏ ਤਾਂ ਇਹ ਮੁਹਿੰਮ ਇੱਕ ਵੱਡਾ ਇਨਕਲਾਬ ਬਣ ਸਕਦੀ ਹੈ। ਇਸ ਮੁਹਿੰਮ ਵਿੱਚ ਹੋਰ ਕਈ ਜੂਡੀਸ਼ੀਅਲ ਅਧਿਕਾਰੀ ਵੀ ਸ਼ਾਮਲ ਹੋਏ, ਜਿਨ੍ਹਾਂ ਨੇ ਆਪਣੇ ਹੱਥੀਂ ਪੌਦੇ ਲਗਾ ਕੇ ਲੋਕਾਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ।

## ਸ਼ਹੀਦੀ ਦਿਵਸ ਨੂੰ ਸਮਰਪਤ ਛਬੀਲ ਲਗਾਈ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਸਥਾਨਕ ਸ਼ਹਿਰ ਦੇ ਮਲੇਰਕੋਟਲਾ ਰੋਡ 'ਤੇ ਸਥਿਤ ਸੁੱਖ ਵਿਲਾ ਪੈਲੇਸ ਵੱਲੋਂ ਸਿੱਖਾਂ ਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਦੌਰਾਨ ਬੱਚੇ, ਬਜ਼ੁਰਗ ਤੇ ਨੌਜਵਾਨ ਸੰਗਤ ਦੇ ਨਾਲ ਗਰਮੀ ਵਿੱਚ ਸਵੇਰੇ 8 ਵਜੇ ਤੋਂ ਸ਼ਾਮ ਤੱਕ ਰਾਹਗੀਰਾਂ ਨੂੰ ਠੰਢਾ-ਮਿੱਠਾ ਜਲ ਪਿਲਾਉਂਦੇ ਹੋਏ ਵਾਹਿਗੁਰੂ ਦਾ ਜਾਪ ਕਰ ਰਹੇ ਸਨ। ਇਸ ਮੌਕੇ ਪਹੁੰਚੇ ਨਗਰ ਕੌਂਸਲ ਪ੍ਰਧਾਨ ਸੁਦਰਸ਼ਨ ਕੁਮਾਰ ਜੋਸ਼ੀ ਤੇ ਸੁੱਖ ਵਿਲਾ ਪੈਲੇਸ ਦੇ ਮਾਲਕ ਸੁਖਵੀਰ ਸਿੰਘ ਰਾਏ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਜੀ ਦੇ ਦਰਸਾਏ ਗਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸੱਚ ਨੂੰ ਕਾਇਮ ਰੱਖਣ ਤੇ ਜ਼ੁਲਮ ਨੂੰ ਮਿਟਾਉਣ ਲਈ ਸ਼ਹਾਦਤ ਦਿੱਤੀ ਸੀ। ਇਸੇ ਲਈ ਗੁਰੂ ਨੂੰ ਪਿਆਰ ਕਰਨ ਵਾਲੇ ਉਨ੍ਹਾਂ ਦੀ ਸ਼ਹੀਦੀ ਦਿਵਸ ਮੌਕੇ ਪੰਜਾਬ ਵਿੱਚ ਛਬੀਲਾਂ ਲਗਾਉਂਦੇ ਹਨ ਤੇ ਪੰਜਾਬੀ ਦੁਨੀਆ ਵਿੱਚ ਜਿੱਥੇ ਮਰਜ਼ੀ ਹੋਣ ਉਹ ਇਸ ਦਿਨ ਠੰਢੇ-ਮਿੱਠੇ ਜਲ ਦੀ ਛਬੀਲ ਜ਼ਰੂਰ ਲਗਾਉਂਦੇ ਹਨ। ਇਸ ਮੌਕੇ ਗੁਰਬਿੰਦਰ ਸਿੰਘ ਨੂਰਪੁਰਾ, ਮੋਹਣ ਸਿੰਘ, ਗੁਰਮੀਤ ਸਿੰਘ, ਰਜਿੰਦਰ ਸਿੰਘ, ਜਸ਼ਨ ਹਿਮਾਂਸ਼ੂ, ਅਮਨਦੀਪ ਸਿੰਘ, ਬਲਵਿੰਦਰ ਕੌਰ, ਦਲਜੀਤ ਕੌਰ, ਰਾਜਵਿੰਦਰ ਕੌਰ, ਅਮਨਿੰਦਰ ਸਿੰਘ ਰਾਜੋਆਣਾ ਆਦਿ ਹਾਜ਼ਰ ਸਨ।

## ਜਿੰਦਲ ਹਸਪਤਾਲ 'ਚ ਸਲਾਹ-ਮਸ਼ਵਰਾ ਕੈਂਪ ਭਲਕੇ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਇਨ ਵਾਇਟਰੋ ਫਰਟੀਲਾਈਜੇਸ਼ਨ ਲਈ ਇੱਕ ਮੁਫ਼ਤ ਸਲਾਹ ਮਸ਼ਵਰਾ ਕੈਂਪ 12 ਜੂਨ ਨੂੰ ਡਾ. ਸ਼ਿਵ ਜਿੰਦਲ ਦੀ ਅਗਵਾਈ ਹੇਠ ਜਿੰਦਲ ਜੱਚਾ-ਬੱਚਾ ਹਸਪਤਾਲ, ਕਾਲਜ ਰੋਡ ਵਿੱਚ ਆਯੋਜਤ ਕੀਤਾ ਜਾ ਰਿਹਾ ਹੈ। ਡਾ. ਸ਼ਿਵ ਜਿੰਦਲ ਨੇ ਦੱਸਿਆ ਕਿ ਇਹ ਕੈਂਪ ਉਨ੍ਹਾਂ ਜੋੜਿਆਂ ਲਈ ਹੈ, ਜੋ ਬਾਂਝਪਨ ਦੀ ਸਮੱਸਿਆ ਨਾਲ ਜੂਝ ਰਹੇ ਹਨ। ਕੈਂਪ ਦੌਰਾਨ ਡਾ. ਸੈਲਜਾ ਜਿੰਦਲ ਤੇ ਡਾ. ਸਰਵਜੀਤ ਕੌਰ, ਜੋ ਪ੍ਰਜਨਣ ਸਿਹਤ ਵਿੱਚ ਮਾਹਿਰ ਹਨ, ਮਰੀਜ਼ਾਂ ਨੂੰ ਸੰਬੰਧੀ ਮੁਫਤ ਸਲਾਹ ਮਸ਼ਵਰਾ ਦੇਣਗੀਆਂ। ਡਾ. ਜਿੰਦਲ ਨੇ ਅੱਗੇ ਦੱਸਿਆ ਕਿ ਕੈਂਪ ਦੌਰਾਨ ਟੈਸਟਾਂ ਉੱਤੇ 50% ਦੀ ਛੂਟ ਦਿੱਤੀ ਜਾਵੇਗੀ। ਇਨ੍ਹਾਂ ਦੇ ਨਾਲ ਜਿਨ੍ਹਾਂ ਮਰੀਜ਼ਾਂ ਦੀ ਰਜਿਸਟ੍ਰੇਸ਼ਨ ਕੈਂਪ ਦੌਰਾਨ ਹੋਵੇਗੀ, ਉਨ੍ਹਾਂ ਨੂੰ ਰਜਿਸਟ੍ਰੇਸ਼ਨ ਫ਼ੀਸ ਉੱਤੇ ਵੀ ਖਾਸ ਛੂਟ ਦਿੱਤੀ ਜਾਵੇਗੀ।



## ਗਊ ਤਸਕਰਾਂ ਖਿਲਾਫ ਕਾਰਵਾਈ ਸੰਬੰਧੀ ਵੱਖ-ਵੱਖ ਸ਼ਹਿਰਾਂ 'ਚ ਮਾਰਚ 16 ਤੋਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸਥਾਨਕ ਸ਼ਹਿਰ ਰਾਮਪੁਰਾ ਮੰਡੀ ਦੀ ਬ੍ਰਾਹਮਣ ਸਭਾ ਵਿੱਚ ਗਊ ਸੁਰਕਸ਼ਾ ਸੇਵਾ ਦਲ ਪੰਜਾਬ ਵੱਲੋਂ ਗਊ ਤਸਕਰਾਂ ਖਿਲਾਫ ਇੱਕ ਅੰਦੋਲਨ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਵਿੱਚ ਪੰਜਾਬ ਭਰ ਵਿੱਚੋਂ ਹਿੰਦੂ ਸੰਸਥਾਵਾਂ, ਸਿੱਖ ਜਥੇਬੰਦੀਆਂ, ਕਿਸਾਨ ਯੂਨੀਅਨ ਤੋਂ ਇਲਾਵਾ ਗਊ ਭਗਤ ਸ਼ਾਮਲ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਅਨੁਸਾਰ ਦਲ ਦੇ ਮੁਖੀ ਸੰਦੀਪ ਕੁਮਾਰ ਵਰਮਾ ਸਮੇਤ ਚੇਅਰਮੈਨ ਸੰਦੀਪ ਸਿੰਘ ਗਿੱਲ ਮਾਨਸਾ, ਵਾਇਸ ਚੇਅਰਮੈਨ ਪ੍ਰਵੀਨ ਮੈਦਾਨ ਮਲੋਟ, ਵਾਇਸ ਪ੍ਰਧਾਨ ਸੁਭਾਸ਼ ਸ਼ਰਮਾ ਮਾਨਸਾ, ਜਰਨਲ ਸੈਕਟਰੀ ਗੌਰਵ ਅਰੋੜਾ ਰਾਮਪੁਰਾ, ਵਾਇਸ ਸੈਕਟਰੀ ਉਮ ਪ੍ਰਕਾਸ਼ ਰਿੰਕੂ ਮਲੋਟ, ਪ੍ਰੈੱਸ ਸਕੱਤਰ ਸੁਖਦੇਵ ਸਿੰਘ, ਮੈਂਬਰ ਵਿਕਾਸ ਜਿੰਦਲ ਬਰਨਾਲਾ, ਹਰਦੇਵ ਸਿੰਘ ਸਿੱਧੂ, ਪੀ ਆਰ ਓ ਅਸ਼ੀਸ਼ ਕੁਮਾਰ ਅਬੋਹਰ ਨੇ ਦੱਸਿਆ ਕਿ ਸਾਨੂੰ ਪਿਛਲੇ ਦਿਨੀਂ ਗਊ ਤਸਕਰਾਂ ਕੋਲੋਂ ਇੱਕ ਲਾਲ ਡਾਇਰੀ ਮਿਲੀ ਸੀ, ਡਾਇਰੀ ਵਿੱਚ ਗਊ ਤਸਕਰਾਂ ਦੇ ਨਾਮ ਤੇ ਮੋਬਾਈਲ ਨੰਬਰ ਦਰਜ ਅਤੇ ਸਾਡੇ ਮੁਤਾਬਕ ਪੰਜਾਬ ਵਿੱਚ 2500 ਦੇ ਕਰੀਬ ਲੋਕ ਗਊਆਂ ਦੀ ਤਸਕਰੀ ਕਰਦੇ ਹਨ, ਡਾਇਰੀ ਵਿੱਚ ਪਾਕਿਸਤਾਨ ਤੋਂ ਇਲਾਵਾ ਹੋਰ ਵੀ ਕਈ ਸੂਬਿਆਂ ਦੇ ਨਾਲ ਪੁਲਸ ਕਰਮਚਾਰੀਆਂ, ਸਮੇਤ ਰਾਜਨੀਤਕ ਵਿੱਚ ਰੁਤਵਾ ਰੱਖਣ ਵਾਲੇ ਵੀ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਇੱਕ ਹਿੰਦੂ ਸਿੱਖ ਭਾਈਚਾਰੇ ਨੂੰ ਦੇਖਦੇ ਹੋਏ ਪੰਜਾਬ ਪੱਧਰੀ ਮੀਟਿੰਗ ਰੱਖੀ ਗਈ, ਜਿਸ ਵਿੱਚ ਗਿਆਨ ਸਾਗਰ ਪੀਰ ਮੰਦਰ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਜਸਕਰਨ ਬਾਂਸਲ ਜੱਸੀ ਬਾਬਾ, ਸ਼ਿਵ ਸੈਨਾ ਬਾਲਾ ਸਾਹਿਬ ਠਾਕਰੇ ਛਿੰਦੇ ਗਰੁੱਪ ਦੇ ਪੰਜਾਬ ਪ੍ਰਧਾਨ ਹਰੀਸ਼ ਸਿੰਗਲਾ, ਮਾਲਵਾ ਪ੍ਰਧਾਨ ਅੰਕੁਸ਼ ਜਿੰਦਲ, ਮਾਲਵਾ ਵਾਇਸ ਪ੍ਰਧਾਨ ਭੁਪਿੰਦਰ ਸਿੰਘ, ਜ਼ਿਲ੍ਹਾ ਮਾਨਸਾ ਪ੍ਰਧਾਨ ਸੁਸ਼ੀਲ ਗੋਇਲ, ਉਮਕਾਰ ਬਠਿੰਡਾ, ਭਰਤਦੀਪ ਠਾਕੁਰ ਪਟਿਆਲਾ, ਮਿਸ਼ਨ ਭਾਈ ਘਨੱਈਆ ਜੀ ਮਹਾਕਾਲ ਦੇ ਜਥੇਦਾਰ ਰਾਜ ਸਿੰਘ ਖਾਲਸਾ ਗੰਗਾਨਗਰ ਤੇ ਹੋਰ ਵੀ ਗਊ ਭਗਤ ਸ਼ਾਮਲ ਹੋਏ। ਸਰਬ ਸਾਂਝੀ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ ਗਊ ਹੱਤਿਆ ਤੇ ਤਸਕਰੀ ਕਰਨ ਵਾਲੇ ਲੋਕਾਂ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕਰਵਾਉਣ ਸਬੰਧੀ ਡਾਇਰੀ ਸਮੇਤ ਲਿਸਟ ਤਿਆਰ ਕਰਕੇ ਮੁੱਖ ਮੰਤਰੀ ਪੰਜਾਬ ਦੇ ਨਾਮ ਡੀ ਜੀ ਪੀ ਪੰਜਾਬ ਨੂੰ ਸੌਂਪੀ ਜਾਵੇ। ਉਨ੍ਹਾਂ ਕਿਹਾ ਕਿ ਇਸ ਡਾਇਰੀ ਦੇ ਸਬੰਧ ਵਿੱਚ ਇੱਕ ਸ਼ਾਂਤਮਈ ਰੋਸ ਮਾਰਚ ਅੰਦੋਲਨ 16 ਜੂਨ ਤੋਂ ਸ਼ੁਰੂ ਕੀਤਾ ਜਾਵੇਗਾ। ਇਹ ਮਾਰਚ ਰਾਮਪੁਰਾ ਫੂਲ, ਤਪਾ ਮੰਡੀ, ਹੰਡਿਆਇਆ, ਬਰਨਾਲਾ, ਧਨੌਲਾ, ਸੰਗਰੂਰ, ਭਵਾਨੀਗੜ੍ਹ, ਰਾਮਪੁਰਾ ਫੂਲ, ਭਾਦਸੋਂ, ਨਾਭਾ, ਪਟਿਆਲਾ, ਰਾਜਪੁਰਾ, ਜੀਰਕਪੁਰ ਤੋਂ ਹੁੰਦਾ ਹੋਇਆ ਚੰਡੀਗੜ੍ਹ ਪਹੁੰਚ ਕੇ ਡਾਇਰੀ ਸਮੇਤ ਲਿਸਟ ਡੀ ਜੀ ਪੀ ਪੰਜਾਬ ਨੂੰ ਸੌਂਪਣਗੇ।

## ਸਟੱਡੀ ਸਰਕਲ ਵੱਲੋਂ ਸੱਤ ਰੋਜ਼ਾ ਗਿਆਨ ਅੰਜਨੁ ਸਮਰ ਕੈਂਪ ਦੀ ਆਰੰਭਤਾ



**ਸੰਗਰੂਰ (ਪ੍ਰਵੀਨ ਸਿੰਘ)**

ਗੁਰਦੁਆਰਾ ਸਾਹਿਬ ਗੁਰੂ ਨਾਨਕ ਪੁਰਾ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸੰਗਰੂਰ-ਬਰਨਾਲਾ-ਮਾਲੇਰਕੋਟਲਾ ਜ਼ੋਨ ਤੇ ਗੁਰਦੁਆਰਾ ਸਾਹਿਬਾਨ ਪ੍ਰਬੰਧਕ ਤਾਲਮੇਲ ਕਮੇਟੀ ਦੇ ਸਾਂਝੇ ਉਪਰਾਲੇ ਅਧੀਨ ਜਸਵਿੰਦਰ ਸਿੰਘ ਪ੍ਰਿੰਸ ਮੁਖੀ, ਸੁਰਿੰਦਰ ਪਾਲ ਸਿੰਘ ਸਿਦਕੀ ਕੈਂਪ ਮੁੱਖ ਪ੍ਰਬੰਧਕ, ਅਜਮੇਰ ਸਿੰਘ ਜ਼ੋਨਲ ਸਕੱਤਰ ਗੁਲਜ਼ਾਰ ਸਿੰਘ ਜਥੇਬੰਦਕ ਸਕੱਤਰ, ਬਲਵੰਤ ਸਿੰਘ ਭਿੱਖੀ ਸਲਾਹਕਾਰ, ਹਰਵਿੰਦਰ ਕੌਰ, ਗੁਰਲੀਨ ਕੌਰ ਕੋਆਰਡੀਨੇਟਰ, ਅਮਨਦੀਪ ਕੌਰ, ਹਰਕੀਰਤ ਕੌਰ ਇਸਤਰੀ ਕੌਂਸਲ ਦੀ ਦੇਖ-ਰੇਖ ਹੇਠ ਸੱਤ ਰੋਜ਼ਾ ਗਿਆਨ ਅੰਜਨੁ ਗੁਰਮਤਿ ਸਮਰ ਕੈਂਪ ਦੀ ਆਰੰਭਤਾ ਸ਼ਾਨਦਾਰ ਤਰੀਕੇ ਨਾਲ ਹੋਈ। ਸ਼ਹਿਰ ਦੇ ਵੱਖ-ਵੱਖ ਮੁਹੱਲਿਆਂ 'ਚੋਂ ਜਿੱਥੇ 50 ਤੋਂ ਵੱਧ ਵਿਦਿਆਰਥੀ ਕੈਂਪ ਵਿੱਚ ਪਹੁੰਚੇ ਉਥੇ ਗੁਰਦੁਆਰਾ ਸਾਹਿਬਾਨ ਪ੍ਰਬੰਧਕ ਤਾਲਮੇਲ ਕਮੇਟੀ ਦੇ ਸਕੱਤਰ ਹਰਪ੍ਰੀਤ ਸਿੰਘ ਪ੍ਰੀਤ ਜਨਰਲ ਦੇ ਨਾਲ ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ, ਸੰਤ ਬਾਬਾ ਸੁਖਦੇਵ ਸਿੰਘ ਜਥੇਦਾਰ ਗੁਰਦੁਆਰਾ ਸ੍ਰੀ ਸਿਧਾਣਾ ਸਾਹਿਬ, ਗੁਰਿੰਦਰ ਸਿੰਘ ਗੁਜਰਾਲ ਸੀ ਏ, ਹਰਭਜਨ ਸਿੰਘ ਭੱਟੀ ਸੀਨੀਅਰ ਮੀਤ ਪ੍ਰਧਾਨ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਪ੍ਰੀਤਮ ਸਿੰਘ ਖ਼ਜ਼ਾਨਚੀ, ਦਲਵੀਰ ਸਿੰਘ ਬਾਬਾ ਸਰਪ੍ਰਸਤ, ਬਲਜੋਤ ਸਿੰਘ ਦੇ ਨਾਲ ਭਾਈ ਸਵਰਨ ਸਿੰਘ ਜੋਸ਼ ਗੁਰਮਤਿ ਪ੍ਰਚਾਰਕ ਰਾਗੀ ਗ੍ਰੰਥੀ ਸਭਾ, ਬਲਦੇਵ ਸਿੰਘ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ, ਰਾਵਿੰਦਰ ਸਿੰਘ, ਐਡਵੋਕੇਟ ਜਗਮੀਤ ਸਿੰਘ ਵਾਈਸ ਪ੍ਰਧਾਨ ਜ਼ਿਲ੍ਹਾ ਬਾਰ ਕੌਂਸਲ, ਪ੍ਰੋ. ਹਰਮਿੰਦਰ ਸਿੰਘ ਮੱਖਣ ਸਰਕਾਰੀ ਰਣਬੀਰ ਕਾਲਜ ਸੰਗਰੂਰ, ਡਾ. ਇੰਦਰਮਨਜੋਤ ਸਿੰਘ, ਪ੍ਰਭਜੋਤ ਸਿੰਘ ਖਾਲਸਾ, ਮਹਿੰਦਰ ਕੁਮਾਰ ਸ਼ਾਮਲ ਹੋਏ। ਗੁਰਦੁਆਰਾ ਸਾਹਿਬ ਸੰਤ ਪੁਰਾ ਤੋਂ ਗੁਰਮੀਤ ਸਿੰਘ ਪ੍ਰਧਾਨ ਦੀ ਨਿਗਰਾਨੀ ਹੇਠ ਅਤੇ ਜਤਿੰਦਰ ਪਾਲ ਸਿੰਘ ਹੈਪੀ, ਮੋਹਨ ਸਿੰਘ, ਰਣਜੀਤ ਸਿੰਘ ਬੱਬੀ, ਬਲਵਿੰਦਰ ਸਿੰਘ ਰੂਬੀ ਤੇ ਬੀਬੀ ਗੁਰਮੀਤ ਕੌਰ ਮਾਤਾ ਭਾਨੀ ਜੀ ਸੇਵਾ ਭਲਾਈ ਕੇਂਦਰ ਦੀ ਅਗਵਾਈ ਵਿੱਚ ਪ੍ਰਬੰਧਕ ਕਮੇਟੀ ਅਤੇ ਬੀਬੀਆਂ ਦੇ ਵੱਡੇ ਜਥੇ ਨੇ ਸ਼ਮੂਲੀਅਤ ਕਰਕੇ ਇਸ ਨੂੰ ਯਾਦਗਾਰੀ ਬਣਾ ਦਿੱਤਾ। ਉਪਰੰਤ ਸਮੂਹ ਕੈਂਪਰਜ ਨੇ ਖਾਲਸਾਈ ਜਾਹੋ ਜਲਾਲ ਨਾਲ ਸੁਰਿੰਦਰ ਪਾਲ ਸਿੰਘ ਸਿਦਕੀ ਦੀ ਅਗਵਾਈ ਵਿੱਚ ਜੈਕਾਰਿਆਂ ਅਤੇ ਦੇਗ ਤੇਗ ਫਤਹਿ, ਪੰਥ ਕੀ ਜੀਤ, ਅਜੀਤ ਅਤੇ ਜੁਝਾਰ ਨੂੰ, ਸਰਹਿੰਦ ਦੀ ਦੀਵਾਰ ਨੂੰ ਕੇਸਰੀ ਪ੍ਰਣਾਮ ਹੈ, ਦੇ ਨਾਅਰਿਆਂ ਦੀ ਗੂੰਜ ਵਿੱਚ ਕੇਸਰੀ ਨਿਸ਼ਾਨ ਸਾਹਿਬ ਲਹਿਰਾਉਂਦੇ ਹੋਏ ਮਾਰਚ ਪਾਸਟ ਦਾ ਵਿਲੱਖਣ ਪ੍ਰਦਰਸ਼ਨ ਕੀਤਾ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗਾਰਡ ਆਫ ਆਨਰ ਸਤਿਕਾਰ ਪੇਸ਼ ਕੀਤਾ।

ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ ਨੇ ਕੈਂਪ ਆਰੰਭਤਾ ਦੀ ਅਰਦਾਸ ਕੀਤੀ। ਉਪਰੰਤ ਛੋਟੇ ਬੱਚਿਆਂ ਨੇ ਮੂਲ ਮੰਤਰ ਤੇ ਗੁਰਮੰਤਰ ਦਾ ਜਾਪ ਕੀਤਾ। ਗੁਰਲੀਨ ਕੌਰ ਦੀ ਅਗਵਾਈ ਵਿੱਚ ਬੱਚਿਆਂ ਨੇ ਦੇਹਿ ਸ਼ਿਵਾ ਬਰ ਮੋਹਿ ਇਹੈ ਦਾ ਸ਼ਬਦ ਗਾਇਨ ਕੀਤਾ ਗਿਆ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਲਾਏ ਜਾ ਰਹੇ ਇਸ ਸਮਰ ਕੈਂਪ ਦੇ ਉਦਘਾਟਨੀ ਸਮਾਗਮ ਵਿੱਚ ਸੁਰਿੰਦਰ ਪਾਲ ਸਿੰਘ ਸਿਦਕੀ ਦੇ ਸਟੇਜ ਸੰਚਾਲਨ ਅਜਮੇਰ ਸਿੰਘ ਜੋਨਲ ਸਕੱਤਰ ਨੇ ਸਵਾਗਤੀ ਸ਼ਬਦ ਕਹੇ ਅਤੇ ਕੈਂਪ ਦੇ ਮਨੋਰਥ ਅਤੇ 15 ਜੂਨ ਤੱਕ ਰੋਜ਼ਾਨਾ 4 ਵਜੇ ਤੋਂ 6 ਵਜੇ ਤੱਕ ਲਾਏ ਜਾ ਕੈਂਪ ਦੇ ਸਿਲੇਬਸ ਦੀ ਜਾਣਕਾਰੀ ਦਿੱਤੀ। ਗੁਰਿੰਦਰ ਸਿੰਘ ਗੁਜਰਾਲ ਨੇ ਸਟੱਡੀ ਸਰਕਲ ਵੱਲੋਂ ਗਰਮੀਆਂ ਦੀਆਂ ਛੁੱਟੀਆਂ ਵਿੱਚ ਇਸ ਕੈਂਪ ਰਾਹੀਂ ਗੁਰਬਾਣੀ, ਇਤਿਹਾਸ, ਗੁਰਮਤਿ ਸਿਧਾਂਤਾਂ ਨਾਲ ਬੱਚਿਆਂ ਜੋੜਨ ਦੇ ਇਸ ਸਾਰਥਿਕ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਜਸਵਿੰਦਰ ਸਿੰਘ ਪ੍ਰਿੰਸ ਮੁਖੀ ਤਾਲਮੇਲ ਕਮੇਟੀ ਤੇ ਗੁਰਦੁਆਰਾ ਸਾਹਿਬ ਗੁਰੂ ਨਾਨਕਪੁਰਾ ਦੀ ਕਮੇਟੀ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਬਾਬਾ ਸੁਖਦੇਵ ਸਿੰਘ ਨੇ ਸਟੱਡੀ ਸਰਕਲ ਵੱਲੋਂ ਬੱਚਿਆਂ ਨੂੰ ਸੋਸ਼ਲ ਮੀਡੀਆ ਤੋਂ ਮੋੜ ਕੇ ਗੁਰਬਾਣੀ ਅਤੇ ਗੁਰਮਤਿ ਸਿਧਾਂਤਾਂ ਪ੍ਰਤੀ ਜਾਗਰੂਕ ਕਰਨ ਦੇ ਉਪਰਾਲੇ ਨੂੰ ਸਲਾਹਿਆ। ਸਟੱਡੀ ਸਰਕਲ ਵੱਲੋਂ ਬਾਬਾ ਸੁਖਦੇਵ ਸਿੰਘ ਨੂੰ ਜਸਵਿੰਦਰ ਸਿੰਘ ਪ੍ਰਿੰਸ, ਅਜਮੇਰ ਸਿੰਘ, ਮਾਤਾ ਸਵਰਨ ਕੌਰ ਪ੍ਰਧਾਨ ਇਸਤਰੀ ਸਤਿਸੰਗ ਸਭਾ ਨੇ ਸਨਮਾਨਤ ਕੀਤਾ ਗਿਆ।

## ਭਾਜਪਾ ਦਫ਼ਤਰ ਵਿਖੇ 61 ਔਰਤਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋੜਵੰਦ ਤੇ ਗਰੀਬ ਔਰਤਾਂ ਦੀ ਸੇਵਾ ਕਰਨਾ ਹਿੰਦੂ ਧਰਮ ਵਿੱਚ ਇੱਕ ਨੇਕ ਤੇ ਪੁੰਨ ਦਾ ਕੰਮ ਮੰਨਿਆ ਜਾਂਦਾ ਹੈ, ਜੋ ਕਿ ਸਾਡੇ ਗੁਰੂਆਂ, ਪੀਰਾਂ, ਪੈਗੰਬਰਾਂ ਦੁਆਰਾ ਸਦੀਆਂ ਤੋਂ ਹਿੰਦੂ ਧਰਮ ਵਿੱਚ ਚੱਲਿਆ ਆ ਰਿਹਾ ਹੈ, ਜੋ ਦੁਨੀਆ ਦੇ ਹੋਣ ਤੱਕ ਜਾਰੀ ਰਹੇਗਾ।ਉਪਰੋਕਤ ਵਿਚਾਰ ਭਾਜਪਾ ਦੀ ਉਪ ਪ੍ਰਧਾਨ ਸੋਨੀ ਮੰਗਲਾ ਨੇ ਪੁਰਾਣੀ ਦਾਣਾ ਮੰਡੀ ਵਿਖੇ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਵਿਖੇ 61 ਔਰਤਾਂ ਨੂੰ ਰਾਸ਼ਨ ਕਿੱਟਾਂ ਵੰਡਣ ਮੌਕੇ ਪ੍ਰਗਟ ਕੀਤੇ।ਇਸ ਮੌਕੇ ਧਰਮਵੀਰ ਭਾਰਤੀ, ਜਤਿੰਦਰ ਚੱਢਾ, ਗੋਲਡੀ ਕੱਕੜ, ਸੁੱਖਾ ਸਿੰਘ, ਮਹਿਕ ਕੁਮਾਰੀ, ਵੀਰਪਾਲ ਕੌਰ ਤੋਂ ਇਲਾਵਾ ਵਾਰਡ ਨੰਬਰ-38 ਦੀਆਂ ਲੋੜਵੰਦ ਤੇ ਗਰੀਬ ਔਰਤਾਂ ਮੌਜੂਦ ਸਨ।ਭਾਜਪਾ ਦੀ ਉਪ ਪ੍ਰਧਾਨ ਸੋਨੀ ਮੰਗਲਾ ਨੇ ਕਿਹਾ ਕਿ ਸਨਾਤਨ ਧਰਮ ਵਿੱਚ ਗਰੀਬਾਂ ਦੀ ਸੇਵਾ ਬਹੁਤ ਵਧੀਆ ਨਤੀਜੇ ਦਿੰਦੀ ਹੈ ਤੇ ਸਮਾਜ ਵਿੱਚ, ਅਸੀਂ ਸਾਰੇ ਗਰੀਬਾਂ ਤੇ ਲੋੜਵੰਦਾਂ ਲਈ ਹਮੇਸ਼ਾ ਮਦਦ ਲਈ ਤਿਆਰ ਰਹਿੰਦੇ ਹਾਂ, ਰਾਸ਼ਨ ਵੰਡ ਕੇ, ਉਨ੍ਹਾਂ ਦੀ ਆਰਥਿਕ ਮਦਦ ਕਰਕੇ ਤੇ ਗਰੀਬਾਂ ਦੇ ਬੱਚਿਆਂ ਦੀ ਪੜ੍ਹਾਈ ਪੂਰੀ ਕਰਨ ਵਿੱਚ ਮਦਦ ਕਰਦੇ ਹੋਏ ਪੁੰਨ ਦਾ ਹਿੱਸਾ ਬਣ ਸਕਦੇ ਹਾਂ।ਉਨ੍ਹਾਂ ਕਿਹਾ ਕਿ ਸਾਨੂੰ ਹਮੇਸ਼ਾ ਗਰੀਬਾਂ ਦੀ ਸੇਵਾ ਕਰਨੀ ਚਾਹੀਦੀ ਹੈ ਤੇ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣਾ ਚਾਹੀਦਾ ਹੈ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਉਪ ਪ੍ਰਧਾਨ ਸੋਨੀ ਮੰਗਲਾ ਨੇ ਕਿਹਾ ਕਿ ਹਰ ਮਹੀਨੇ ਦੀ ਤਰ੍ਹਾਂ ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡ ਰਹੇ ਹਨ ਅਤੇ ਮੌਕੇ ਸਾਰੇ ਰਾਸ਼ਨ ਵੰਡਣ ਦਾ ਕੰਮ ਦੁਬਾਰਾ ਸ਼ੁਰੂ ਕੀਤਾ ਗਿਆ ਹੈ, ਜੋ ਹਰ ਮਹੀਨੇ ਜਾਰੀ ਰਹੇਗਾ।ਇਸ ਰਾਸ਼ਨ ਵੰਡ ਵਿੱਚ, ਲੋੜਵੰਦਾਂ ਨੂੰ ਉਨ੍ਹਾਂ ਦੇ ਰੋਜ਼ਾਨਾ ਦੇ ਖਾਣ-ਪੀਣ ਦੀਆਂ ਚੀਜ਼ਾਂ ਦਿੱਤੀਆਂ ਜਾਂਦੀਆਂ ਹਨ, ਤਾਂ ਜੋ ਉਹ ਆਪਣਾ ਪਰਿਵਾਰ ਚਲਾ ਸਕਣ।ਉਨ੍ਹਾਂ ਕਿਹਾ ਕਿ ਇਹ ਕੰਮ ਭਵਿੱਖ ਵਿੱਚ ਵੀ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਵਾਰਡ ਨੰਬਰ-38 ਦੇ ਲੋਕਾਂ ਨਾਲ ਪੁਰਾਣਾ ਰਿਸ਼ਤਾ ਹੈ ਤੇ ਉਹ ਉਸ ਰਿਸ਼ਤੇ ਨੂੰ ਅੱਗੇ ਵਧਾ ਕੇ ਆਪਣੇ ਵਾਰਡ ਦੇ ਲੋਕਾਂ ਦੀ ਮਦਦ ਕਰ ਰਹੇ ਹਨ।

## ਅਸ਼ਵਨੀ ਗੁਪਤਾ ਘਨੌਰ ਹਲਕੇ ਦੇ ਕੁਆਰਡੀਨੇਟਰ ਨਿਯੁਕਤ



**ਸਮਾਣਾ (ਵਿਕਰਮ ਸਿੰਘ ਬੱਲ)**-ਸਮਾਣਾ ਨਗਰ ਕੌਂਸਲ ਦੇ ਮੌਜੂਦਾ ਪ੍ਰਧਾਨ ਸ੍ਰੀ ਅਸ਼ਵਨੀ ਗੁਪਤਾ ਨੂੰ ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਵੱਡੀ ਜ਼ਿੰਮੇਵਾਰੀ ਦਿੰਦਿਆਂ ਹਲਕਾ ਘਨੌਰ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ।ਸ੍ਰੀ ਅਸ਼ਵਨੀ ਗੁਪਤਾ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਵੇਖਦਿਆਂ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਨੇ ਉਨ੍ਹਾਂ ਨੂੰ ਹਲਕਾ ਘਨੌਰ ਦਾ ਕੁਆਰਡੀਨੇਟਰ ਨਿਯੁਕਤ ਕੀਤਾ ਹੈ, ਜਿਸ ਨਾਲ ਉਨ੍ਹਾਂ ਦੇ ਨਜ਼ਦੀਕੀ ਕਾਂਗਰਸੀ ਪਰਵਾਰਾਂ ਵਿੱਚ ਖ਼ੁਸ਼ੀ ਦੀ ਲਹਿਰ ਵੇਖੀ ਜਾ ਰਹੀ ਹੈ। ਕੁਆਰਡੀਨੇਟਰ ਨਿਯੁਕਤ ਹੋਣ 'ਤੇ ਉਨ੍ਹਾਂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ। ਇਸ ਸਬੰਧੀ ਸ੍ਰੀ ਅਸ਼ਵਨੀ ਗੁਪਤਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਕਾਂਗਰਸ ਪਾਰਟੀ ਪ੍ਰਤੀ ਸੇਵਾਵਾਂ ਨੂੰ ਵੇਖਦਿਆਂ ਪਾਰਟੀ ਨੇ ਉਨ੍ਹਾਂ ਨੂੰ ਹਲਕਾ ਘਨੌਰ ਦੀਆਂ ਸੇਵਾਵਾਂ ਬਖ਼ਸ਼ੀਆਂ ਹਲਕਾ ਘਨੌਰ ਦਾ ਕੁਆਰਡੀਨੇਟਰ ਨਿਯੁਕਤ ਕੀਤਾ ਹੈ। ਇਸ ਲਈ ਉਨ੍ਹਾਂ ਆਲ ਇੰਡੀਆ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਰਾਹੁਲ ਗਾਂਧੀ, ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਅਮਰਿੰਦਰ ਸਿੰਘ ਵੜਿੰਗ, ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਸਿੰਘ ਬਘੇਲ, ਸਾਬਕਾ ਕੈਬਨਿਟ ਮੰਤਰੀ ਵਿਜੇ ਇੰਦਰ ਸਿੰਗਲਾ, ਪ੍ਰਤਾਪ ਸਿੰਘ ਬਾਜਵਾ, ਰਾਜਾ ਸੰਧੂ, ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਖਨੌੜਾ, ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਨ੍ਹਾਂ ਨੇ ਉਸ ਨੂੰ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

## ਗੁਰੂ ਹਰਿਗੋਬਿੰਦ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ ਸਜਾਇਆ




**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੋਗਾ ਜ਼ਿਲ੍ਹੇ ਦੇ ਵੱਡੇ ਤੇ ਇਤਿਹਾਸਕ ਪਿੰਡ ਦੌਧਰ ਵਿਖੇ ਮੀਰੀ-ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖ਼ੁਸ਼ੀ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਗਿਆ।ਇਹ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਗੁਰਦੁਆਰਾ ਹਰਿਗੋਬਿੰਦਗੜ੍ਹ (ਪਾਤਸ਼ਾਹੀ ਛੇਵੀਂ) ਤੋਂ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸਮੁੱਚੇ ਨਗਰ ਦੀ ਪਰਿਕਰਮਾ ਲਈ ਪਾਵਨ ਕੀਰਤਨ ਦੀਆਂ ਮਧੁਰ ਧੁਨਾਂ ਨਾਲ ਰਵਾਨਾ ਹੋਇਆ।ਨਗਰ ਕੀਰਤਨ ਦੌਰਾਨ ਸਮੁੱਚੇ ਨਗਰ ਦੀਆਂ ਸੰਗਤਾਂ ਵੱਲੋਂ ਵੱਖ-ਵੱਖ ਪੜਾਵਾਂ 'ਤੇ ਸੁੰਦਰ ਗੇਟ ਸਜਾਏ ਗਏ ਸਨ।ਨਗਰ ਕੀਰਤਨ ਦੌਰਾਨ ਵਾਹਿਗੁਰੂ ਜੀ ਦਾ ਜਾਪ ਕਰ ਰਹੀਆਂ ਸੰਗਤਾਂ ਲਈ ਵੱਖ-ਵੱਖ ਅਦਾਰਿਆਂ ਵਿੱਚ ਸੇਵਾਦਾਰਾਂ ਵੱਲੋਂ ਠੰਡੇ ਮਿੱਠੇ ਜਲ ਦੀਆਂ ਛਬੀਲਾਂ, ਚਾਹ, ਪਕੌੜੇ, ਮੱਠੀਆਂ, ਜਲੇਬੀਆਂ, ਪ੍ਰਸ਼ਾਦੇ ਦੇ ਲੰਗਰਾਂ ਤੋਂ ਇਲਾਵਾ ਸੇਬ ਕੇਲਿਆਂ ਦੇ ਲੰਗਰ ਵੀ ਸੰਗਤਾਂ ਵਿੱਚ ਖੂਬ ਵਰਤਾਏ ਗਏ।ਨਗਰ ਕੀਰਤਨ ਦੀ ਪਰਿਕਰਮਾ ਦੌਰਾਨ ਪੰਜਾਬ ਦੇ ਪ੍ਰਸਿੱਧ ਨੌਜਵਾਨ ਕਵੀਸ਼ਰ ਭਾਈ ਮਨਪ੍ਰੀਤ ਸਿੰਘ ਮਾਨ, ਭਾਈ ਤਰਸੇਮ ਸਿੰਘ ਸਿੱਧੂ ਸੇਮਾ, ਭਾਈ ਜੁਗਿੰਦਰ ਸਿੰਘ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਵਿੱਚੋਂ ਪ੍ਰਸੰਗ ਸੁਣਾਉਂਦਿਆਂ ਸੰਗਤਾਂ ਨੂੰ ਗੁਰੂ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ।ਜ਼ਿਕਰਯੋਗ ਹੈ ਕਿ ਕਹਿਰ ਦੀ ਗਰਮੀ ਹੋਣ ਦੇ ਬਾਵਜੂਦ ਵੀ ਨਗਰ ਕੀਰਤਨ ਦੌਰਾਨ ਸਮੁੱਚੇ ਨਗਰ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ।ਇਸ ਮੌਕੇ ਪ੍ਰਧਾਨ ਕਰਨੈਲ ਸਿੰਘ ਖਾਲਸਾ, ਹੈੱਡ ਗ੍ਰੰਥੀ ਜਗਜੀਤ ਸਿੰਘ, ਸਰਪੰਚ ਸੁਖਦੀਪ ਸਿੰਘ ਸੀਪਾ ਦੌਧਰ ਸਰਕੀ, ਸਰਪੰਚ ਜਗਜੀਤ ਸਿੰਘ ਦੌਧਰ ਗਰਬੀ ਵੱਲੋਂ ਦੌਧਰ ਵਾਲੇ ਕਵੀਸ਼ਰੀ ਜਥੇ ਦਾ ਸਿਰੋਪਾਉ ਤੇ ਸਨਮਾਨ ਚਿੰਨ੍ਹ ਨਾਲ ਸਨਮਾਨ ਕੀਤਾ ਗਿਆ।

## ਮਾਤਾ ਪ੍ਰੇਮਲਤਾ ਸਰਵਹਿੱਤਕਾਰੀ ਸਕੂਲ ਨੂੰ ਪੱਖੇ ਦਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਦੇ ਕਲੱਬ ਮੈਂਬਰ ਜੀਵਨ ਸਿੰਗਲਾ ਤੇ ਨਰਾਇਣ ਗਰਗ ਵੱਲੋਂ ਮਾਤਾ ਪ੍ਰੇਮ ਲਤਾ ਸਰਵਹਿੱਤਕਾਰੀ ਸਕੂਲ ਵਿਖੇ ਛੱਤ ਵਾਲੇ ਦਸ ਪੱਖੇ ਦਾਨ ਕੀਤੇ ਗਏ।ਕਲੱਬ ਦੇ ਪ੍ਰਧਾਨ ਕਪਿਲ ਕੌਸ਼ਲ ਮਲਿਕ ਨੇ ਦੱਸਿਆ ਕਿ ਰੋਟਰੀ ਇਟਰਨੈਸ਼ਨਲ ਦਾ ਮੁੱਖ ਉਦੇਸ਼ ਬੁਨਿਆਦੀ ਸਿੱਖਿਆ ਤੇ ਸਾਖਰਤਾ ਹੈ।ਇਸ ਤਹਿਤ ਕਲੱਬ ਵੱਲੋਂ ਮਾਤਾ ਪ੍ਰੇਮਲਤਾ ਸਰਵਹਿੱਤਕਾਰੀ ਸਕੂਲ ਵਿਖੇ 10 ਪੱਖੇ ਦਾਨ ਕੀਤੇ ਗਏ।ਇਸ ਤੋਂ ਪਹਿਲਾਂ ਕਲੱਬ ਵੱਲੋਂ ਸਰਕਾਰੀ ਮਿਡਲ ਸਕੂਲ ਨਿਆਲ ਵਿਖੇ ਵਾਟਰ ਫਿਲਟਰ ਦਿੱਤਾ ਗਿਆ ਸੀ।ਰੋਟਰੀ ਕਲੱਬ ਰੋਇਲ ਹਰ ਸਮੇਂ ਸਮਾਜ ਭਲਾਈ ਦੇ ਕੰਮਾਂ ਲਈ ਤਿਆਰ ਰਹਿੰਦਾ ਹੈ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਕਲੱਬ ਵੱਲੋਂ 120 ਲੀਟਰ ਵਾਲਾ ਵਾਟਰ ਕੂਲਰ ਵੀ ਜਨਹਿੱਤ ਲਈ ਦਾਨ ਕਿੱਤਾ ਜਾਵੇਗਾ।ਇਸ ਮੌਕੇ ਸੈਕਟਰੀ ਕੁਨਾਲ ਗੋਇਲ, ਕੈਸ਼ੀਅਰ ਅਰੁਣ ਕੁਮਾਰ, ਅਮਨਦੀਪ ਸਿੰਘ, ਰਾਕੇਸ਼ ਗਰਗ ਚੇਅਰਮੈਨ ਮਦਰ ਇੰਡੀਆ, ਰਾਕੇਸ਼ ਸਿੰਗਲਾ ਚੇਅਰਮੈਨ ਗੁਰੂਕੁਲ ਸਕੂਲ, ਡਾ. ਅਸ਼ੋਕ ਦੇਵ, ਡਾ. ਮੋਹਨ ਲਾਲ ਸਿੰਗਲਾ, ਸੋਨੂ ਬਾਂਸਲ, ਸੁਨੀਲ ਮਿੱਤਲ ਆਦਿ ਮੈਂਬਰ ਹਾਜ਼ਰ ਸਨ।

## ਕਾਂਗਰਸੀ ਆਗੂ ਸ਼ੁਭਮ ਸ਼ਰਮਾ ਵੱਲੋਂ ਭਾਵਿਤ ਜੈਨ ਦਾ ਸਨਮਾਨ



**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਆਗੂ ਸ਼ੁਭਮ ਸ਼ਰਮਾ ਨੇ ਸਥਾਨਕ ਸ਼ਹਿਰ ਦੇ ਜੰਮਪਲ ਭਾਵਿਤ ਜੈਨ, ਜਿਸ ਵੱਲੋਂ ਹਾਲ ਹੀ ਦੌਰਾਨ ਭਾਰਤੀ ਸਿਵਲ ਸੇਵਾਵਾਂ ਦੀ ਵੱਕਾਰੀ ਪ੍ਰੀਖਿਆ ਪਾਸ ਕੀਤੀ ਹੈ, ਦਾ ਸਨਮਾਨ ਕਰਦਿਆਂ ਪਰਵਾਰ ਨੂੰ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਉਨ੍ਹਾ ਭਾਵਿਤ ਜੈਨ ਦੇ ਮਾਮਾ ਰਵੀ ਬਾਂਸਲ, ਜਿਨ੍ਹਾਂ ਨੇ ਭਾਵਿਤ ਜੈਨ ਨੂੰ ਪ੍ਰੇਰਿਤ ਕਰਕੇ ਇਸ ਵੱਕਾਰੀ ਪ੍ਰੀਖਿਆ ਪਾਸ ਕਰਨ ਵਿੱਚ ਮੱਦਦ ਕੀਤੀ, ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਕੀਤੀ ਗਈ ਮਿਹਨਤ ਕਦੇ ਵੀ ਅਜਾਈਂ ਨਹੀਂ ਜਾਂਦੀ, ਸਗੋਂ ਕੀਤੀ ਗਈ ਮਿਹਨਤ ਨੂੰ ਫਲ ਜ਼ਰੂਰ ਲੱਗਦਾ ਹੈ।ਉਨ੍ਹਾਂ ਬੱਚਿਆ ਨੂੰ ਭਾਵਿਤ ਜੈਨ ਦੀ ਮਿਹਨਤ ਤੋਂ ਸਬਕ ਲੈਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਬੱਚਿਆਂ ਨੂੰ ਵੱਕਾਰੀ ਪ੍ਰੀਖਿਆ ਪਾਸ ਕਰਕੇ ਆਪਣੇ ਮਾਪਿਆਂ ਤੇ ਇਲਾਕੇ ਦਾ ਨਾਮ ਰੋਸ਼ਨ ਕਰਨਾ ਚਾਹੀਦਾ ਹੈ।ਇਸ ਮੌਕੇ ਧਰਮਪਾਲ ਬਾਂਸਲ, ਬਲਿੰਦਰ ਸ਼ਰਮਾ, ਲਖਵਿੰਦਰ ਕੁਮਾਰ, ਰਜਿੰਦਰ ਕੁਮਾਰ ਕਾਕਾ, ਨਰੇਸ਼ ਕੁਮਾਰ ਕਾਲਾ, ਚਰਨਜੀਤ ਸਿੰਘ ਚੰਨੀ, ਹੈਰੀ ਦੋਹਲਾ ਤੇ ਸ਼ਿਵ ਕੁਮਾਰ ਮੌਜੂਦ ਸਨ।

## ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਕੇਂਦਰੀ ਰਾਜ ਮੰਤਰੀ ਬਿੱਟੂ ਨੂੰ ਮਿਲੇ



**ਦੋਰਾਹਾ (ਹਰਮਿੰਦਰ ਸੇਠ)**-ਭਾਰਤ ਸਰਕਾਰ ਵਿੱਚ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਪੁਲਸ ਜ਼ਿਲ੍ਹਾ ਖੰਨਾ ਤੋਂ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਪ੍ਰਿੰਸੀਪਲ ਜਤਿੰਦਰ ਸ਼ਰਮਾ ਵੱਲੋਂ ਲੁਧਿਆਣਾ ਵਿਖੇ ਮੁਲਾਕਾਤ ਕੀਤੀ ਗਈ।ਇਸ ਸਮੇਂ ਉਨ੍ਹਾਂ ਨਾਲ ਨਾਰੇਸ਼ ਕੁਮਾਰ ਬਿੱਟੂ ਘੁਡਾਣੀ ਵੀ ਮੌਜੂਦ ਸਨ।ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਕੇਂਦਰੀ ਰਾਜ ਮੰਤਰੀ ਬਿੱਟੂ ਨਾਲ ਮੁਲਾਕਾਤ ਸਮੇਂ ਜਿੱਥੇ ਪਾਰਟੀ ਪ੍ਰਤੀ ਵਿਚਾਰਾਂ ਕੀਤੀਆਂ, ਉਥੇ ਹੀ ਉਨ੍ਹਾਂ ਲੁਧਿਆਣਾ ਉੱਪ-ਚੋਣ ਲੜ ਰਹੇ ਭਾਜਪਾ ਦੇ ਉਮੀਦਵਾਰ ਜੀਵਨ ਗੁਪਤਾ ਦੀ ਚੋਣ ਮੁਹਿੰਮ ਸੰਬੰਧੀ ਵੀ ਵਿਚਾਰ ਕਰਦਿਆਂ ਕਿਹਾ ਕਿ ਭਾਜਪਾ ਉਮੀਦਵਾਰ ਜੀਵਨ ਗੁਪਤਾ ਵੱਡੇ ਫਰਕ ਨਾਲ ਚੋਣ ਜਿੱਤਣਗੇ, ਕਿਉਂਕ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਚੱਲ ਰਹੀ ਭਾਜਪਾ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਜਿੱਥੇ ਪੂਰਾ ਦੇਸ਼ ਖੁਸ਼ ਹੈ, ਉਥੇ ਹੀ ਪੰਜਾਬ ਵਾਸੀ ਵੀ ਬੇਹੱਦ ਖੁਸ਼ ਹਨ।ਇਸ ਸਮੇਂ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੂੰ ਕਿਹਾ ਕਿ ਜੀਵਨ ਗੁਪਤਾ ਦੀ ਚੋਣ ਮੁਹਿੰਮ ਨੂੰ ਹੋਰ ਤਕੜਾ ਕਰਨ ਲਈ ਤੇ ਲੋਕਾਂ ਨਾਲ ਘਰ ਘਰ ਰਾਬਤਾ ਕਾਇਮ ਕਰਨ ਲਈ ਉਹ ਲੁਧਿਆਣਾ ਵਿੱਚ ਦਿਨ-ਰਾਤ ਮਿਹਨਤ ਕਰਨ ਤੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਸੰਬੰਧੀ ਜਾਗਰੂਕ ਕਰਨ।

11-June--page-11-Majha-2025-C.qxd 6/10/2025 9:14 PM Page 1



## ਉਰਦੂ ਆਮੋਜ਼ ਦੀ ਸਿਖਲਾਈ ਪਹਿਲੀ ਜੁਲਾਈ ਤੋਂ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਭਾਸ਼ਾ ਵਿਭਾਗ ਪੰਜਾਬ ਮਾਂ-ਬੋਲੀ ਪੰਜਾਬੀ ਦੇ ਨਾਲ਼-ਨਾਲ਼ ਹੋਰਨਾਂ ਜ਼ੁਬਾਨਾਂ ਦੇ ਵਿਕਾਸ ਲਈ ਵੀ ਸਰਗਰਮ ਰਹਿੰਦਾ ਹੈ। ਇਸੇ ਕੜੀ ਵਿੱਚ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਵਿਖੇ ਉਰਦੂ ਆਮੋਜ਼ ਸਿਖਲਾਈ 1 ਜੁਲਾਈ ਤੋਂ ਸ਼ੁਰੂ ਕੀਤੀ ਜਾ ਰਹੀ ਹੈ।ਇਸ ਸਬੰਧੀ ਡਾ. ਦਰਸ਼ਨ ਕੌਰ, ਖੋਜ ਅਫ਼ਸਰ, ਐੱਸ.ਏ.ਐੱਸ.ਨਗਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਜੁਲਾਈ ਤੋਂ ਸ਼ੁਰੂ ਹੋਣ ਵਾਲ਼ੇ ਉਰਦੂ ਆਮੋਜ਼ ਦੇ ਕੋਰਸ ਦੀ ਦਾਖਲਾ ਅਤੇ ਪ੍ਰੀਖਿਆ ਫੀਸ ਯਕਮੁਸ਼ਤ 500 ਰੁਪਏ ਨਿਸਚਿਤ ਕੀਤੀ ਗਈ ਹੈ। ਇਸ ਕੋਰਸ ਦੀ ਮਿਆਦ 6 ਮਹੀਨੇ ਅਤੇ ਜਮਾਤ ਦਾ ਸਮਾਂ ਰੋਜ਼ਾਨਾ ਇੱਕ ਘੰਟਾ ਹੋਵੇਗਾ। ਕਿਸੇ ਵੀ ਉਮਰ ਦਾ ਵਿਅਕਤੀ ਇਸ ਕੋਰਸ ਵਿੱਚ ਦਾਖਲਾ ਲੈ ਸਕਦਾ ਹੈ। ਸਰਕਾਰੀ ਅਧਿਕਾਰੀ ਅਤੇ ਕਰਮਚਾਰੀ ਵੀ ਉਰਦੂ ਆਮੋਜ਼ ਦੀ ਸਿਖਲਾਈ ਲੈ ਸਕਦੇ ਹਨ। ਉਰਦੂ ਆਮੋਜ਼ ਦੀ ਸਿਖਲਾਈ ਲਈ ਫਾਰਮ ਭਰਨ ਲਈ ਆਖਰੀ ਮਿਤੀ 27 ਜੂਨ ਹੈ। ਦਾਖਲਾ ਲੈਣ ਦੇ ਚਾਹਵਾਨ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ. 518 (ਏ), ਚੌਥੀ ਮੰਜ਼ਿਲ, ਐੱਸ.ਏ.ਐੱਸ.ਨਗਰ ਤੋਂ ਦਾਖਲਾ ਫਾਰਮ ਕਿਸੇ ਵੀ ਕੰਮਕਾਜ ਵਾਲ਼ੇ ਦਿਨ (ਦਫ਼ਤਰੀ ਸਮੇਂ ਦੌਰਾਨ) ਮੁਫ਼ਤ ਪ੍ਰਾਪਤ ਕਰ ਸਕਦੇ ਹਨ। ਦਾਖ਼ਲਾ ਫਾਰਮ ਭਰਨ ਉਪਰੰਤ ਦਫ਼ਤਰ ਵਿਖੇ 27 ਜੂਨ ਤੱਕ ਦਸਤੀ ਜਮ੍ਹਾਂ ਕਰਵਾਏ ਜਾ ਸਕਦੇ ਹਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਬਿਜਲੀ ਮੰਤਰੀ ਈ ਟੀ ਓ ਤੇ ਖੱਟੜ ਦਾ ਪੁਤਲਾ ਫੂਕਿਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪਿਛਲੇ ਦਿਨੀਂ ਮੋਦੀ ਸਰਕਾਰ ਦੇ ਨਕਸ਼ੇ ਕਦਮਾਂ 'ਤੇ ਚਲਦੇ ਹੋਏ ਪੰਜਾਬ ਮਾਰੂ ਨੀਤੀਆਂ ਤੇ ਕੰਮ ਕਰ ਰਹੀ ਭਗਵੰਤ ਮਾਨ ਸਰਕਾਰ ਵੱਲੋਂ ਕੇਂਦਰ ਸਰਕਾਰ ਦੇ ਬਿਜਲੀ ਮੰਤਰੀ ਮਨੋਹਰ ਲਾਲ ਖੱਟੜ ਦੀ 5 ਰਾਜਾਂ ਅਤੇ 4 ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਨੁਮਾਇੰਦਿਆਂ ਨਾਲ ਸਾਂਝੀ ਮੀਟਿੰਗ ਵਿੱਚ ਪ੍ਰੀਪੇਡ ਮੀਟਰ ਲਗਾਉਣ ਦੀ ਨੀਤੀ ਨੂੰ ਜਬਰੀ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਹੈ ਜਿਸ ਨਾਲ ਇਸ ਸਰਕਾਰ ਦਾ ਪਹਿਲੀਆਂ ਸਰਕਾਰਾਂ ਵਾਂਗ ਹੀ ਲੋਕ ਵਿਰੋਧੀ ਚਿਹਰਾ ਇੱਕ ਵਾਰ ਫਿਰ ਤੋਂ ਨੰਗਾ ਹੋ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਤੋਂ ਜ਼ਿਲ੍ਹਾ ਅੰਮ੍ਰਿਤਸਰ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਅਤੇ ਸੂਬਾ ਪ੍ਰੈੱਸ ਸਕੱਤਰ ਕੰਵਰਦਲੀਪ ਸੈਦੋਲੇਹਲ ਨੇ ਅੱਡਾ ਸੈਡੋਲੇਹਲ-ਖੁਜਾਲਾ ਤੇ ਬਿਜਲੀ ਮੰਤਰੀ ਪੰਜਾਬ ਅਤੇ ਕੇਂਦਰੀ ਮੰਤਰੀ ਮਨੋਹਰ ਲਾਲ ਖੱਟੜ ਦਾ ਪੁਤਲਾ ਫੂਕ ਮੁਜ਼ਾਹਰਾ ਕਰਨ ਸਮੇਂ ਕੀਤਾ।ਉਨ੍ਹਾਂ ਕਿਹਾ ਕਿ ਜਿਸ ਤਰੀਕੇ ਨਾਲ ਸਰਕਾਰ ਵੱਲੋਂ ਪ੍ਰੀਪੇਡ ਮੀਟਰ ਲਾਉਣ ਦੀ ਸ਼ੁਰੂਆਤ ਸਰਕਾਰੀ ਸੰਸਥਾਵਾਂ ਅਤੇ ਸਰਕਾਰੀ ਮੁਲਾਜ਼ਮਾਂ ਤੋਂ ਕੀਤੀ ਗਈ ਹੈ ਇਹ ਇੱਕ ਤਾਨਾਸ਼ਾਹੀ ਰਵਈਆ ਹੈ ਜਿਸ ਨਾਲ ਸਰਕਾਰੀ ਮੁਲਾਜ਼ਮਾਂ ਨੂੰ ਦਬਾ ਕੇ ਉਨ੍ਹਾਂ ਦੇ ਘਰਾਂ ਵਿੱਚ ਇਹ ਮੀਟਰ ਲਗਾਏ ਜਾਣਗੇ।ਉਨ੍ਹਾਂ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਇਸ ਨਿੱਜੀਕਰਨ ਵਾਲੀ ਨੀਤੀ ਦਾ ਵਿਰੋਧ ਕਰਦੇ ਆ ਰਹੇ ਹਾਂ ਅਤੇ ਮੰਗ ਕਰਦੇ ਹਾਂ ਕਿ ਸਰਕਾਰ ਇਸ ਨੀਤੀ ਤੋਂ ਤੁਰੰਤ ਪਿੱਛੇ ਹਟੇ।ਇਸ ਮੌਕੇ ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਲੈਂਡ ਪੋਲਿੰਗ ਪਾਲਿਸੀ ਤਹਿਤ ਕੋਈ 43 ਹਜ਼ਾਰ ਏਕੜ ਦੇ ਕਰੀਬ ਬਹੁਫਸਲੀ ਤੇ ਉਪਜਾਊ ਜ਼ਮੀਨ ਨੂੰ ਕੰਕਰੀਟ ਦੇ ਜੰਗਲ ਵਿੱਚ ਬਦਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਖੇਤੀ ਮੰਡੀ ਨੀਤੀ ਨੂੰ ਅਸਿੱਧੇ ਰੂਪ 'ਚ ਲਾਗੂ ਕਰਨ ਲਈ ਲੁਕਵੇਂ ਢੰਗ ਨਾਲ ਫੋਕਲ ਪੁਆਇੰਟ ਤੇ ਛੋਟੀਆਂ ਮੰਡੀਆਂ ਬੰਦ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ ਇਸ ਤੋਂ ਸਾਬਿਤ ਹੁੰਦਾ



ਹੈ ਕਿ ਸ਼ੰਭੂ ਅਤੇ ਖਨੌਰੀ ਬਾਰਡਰ ਮੋਰਚੇ ਉਠਾਉਣ ਦਾ ਮੁੱਖ ਕਾਰਨ ਇਹ ਰਣਨੀਤੀ ਸੀ।ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਨੀਤੀ, ਜੋ 1995 ਦੇ ਕਾਨੂੰਨ ਤਹਿਤ ਕੰਮ ਕਰੇਗੀ, ਇੱਕ ਬੇਹੱਦ ਮਾਰੂ ਅਤੇ ਉਜਾੜੇ ਵਾਲੀ ਨੀਤੀ ਹੈ ਜਿਸ ਨਾਲ ਨਾ ਸਿਰਫ ਖੇਤੀ ਸੈਕਟਰ ਨੂੰ ਵੱਡਾ ਝਟਕਾ ਲੱਗੇਗਾ ਬਲਕਿ ਲੋਕਾਂ ਦੇ ਘਰਾਂ ਕਾਰੋਬਾਰ ਚਲੇ ਜਾਣਗੇ।ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਪ੍ਰਚਾਰ ਮਾਧਿਅਮ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਪਰ ਲੋਕ ਇਸ ਚਾਲ ਨੂੰ ਸਮਝ ਚੁੱਕੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਕਿਸਾਨ ਆਗੂਆਂ ਨੂੰ ਬਹਿਸ ਦਾ ਸੱਦਾ ਦੇ ਕੇ ਭੱਜ ਨਿਕਲੇ ਹਨ ਪਰ ਅਸੀਂ ਉਨ੍ਹਾਂ ਨਾਲ ਇਸ ਨੀਤੀ ਤੇ ਜ਼ਰੂਰ ਜਨਤਕ ਚਰਚਾ ਕਰਨਾ ਚਾਹਾਂਗੇ।ਉਨ੍ਹਾਂ ਇਸ ਮੌਕੇ ਕਿਹਾ ਕਿ ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੇ ਸੱਦੇ ਤੇ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਨੂੰ ਪਿੰਡਾਂ ਵਿੱਚ ਆਉਣ ਤੇ ਸਵਾਲ ਪੁੱਛੇ ਜਾਣ ਦੇ ਪ੍ਰੋਗਰਾਮ ਤਹਿਤ ਜਦੋਂ ਲੋਕ ਸਵਾਲ ਪੁੱਛਣ ਲਈ ਜਾਂਦੇ ਹਨ ਜਿੱਥੇ ਸਰਕਾਰੀ ਨੁਮਾਇੰਦੇ ਆਪਣਾ ਪ੍ਰੋਗਰਾਮ ਰੱਦ ਕਰ ਰਹੇ ਹਨ ਓਥੇ ਹੀ ਕੁੱਝ ਪ੍ਰੋਗਰਾਮ ਰੱਦ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਦੂਜੇ ਪਾਸੇ ਆਮ ਆਦਮੀ ਪਾਰਟੀ ਨਾਲ ਸਬੰਧਤ ਕੁਝ ਪਿੰਡ ਪੱਧਰ ਦੇ ਸੁਪੋਟਰ ਝੂਠੀਆਂ ਕਹਾਣੀਆਂ ਬਣਾ ਕੇ ਲੋਕਾਂ ਨੂੰ ਗੁੰਮਰਾਹ ਕਰਕੇ ਜਥੇਬੰਦੀਆਂ ਦੇ ਆਗੂਆਂ ਦੀ ਇਮੇਜ ਧੁੰਦਲੀ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਗਰ ਅਜਿਹੇ ਅਨਸਰ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਦੀ ਸ਼ਹਿ ਤੇ ਅਜਿਹਾ ਕਰ ਰਹੇ ਹਨ ਤਾਂ ਵੀ ਮੰਤਰੀ ਸਾਬ੍ਹ ਨੂੰ ਸਾਫ ਕਰ ਦੇਣਾ ਚਾਹੀਦਾ ਹੈ ਔਰ ਅਗਰ ਇਹ ਆਪਣੇ ਪੱਧਰ ਤੇ ਕਰ ਰਹੇ ਹਨ ਤਾਂ ਮੰਤਰੀ ਸਾਬ੍ਹ ਨੂੰ ਅਜਿਹੇ ਕੰਮ ਦਾ ਨੋਟਿਸ ਲੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਘਿਨਾਉਣੀਆਂ ਹਰਕਤਾਂ ਬੰਦ ਨਹੀਂ ਹੁੰਦੀਆਂ ਤਾਂ ਆਉਂਦੇ ਸਮੇਂ ਵਿੱਚ ਪਿੰਡਾਂ ਵਿੱਚ ਸਵਾਲ ਕਰਨ ਵੇਲੇ ਤਣਾਅ ਦੀ ਸਥਿਤੀ ਪੈਦਾ ਹੋਵੇਗੀ ਜਿਸ ਦੇ ਜ਼ਿੰਮੇਵਾਰ ਅਜਿਹੇ ਗੈਰ-ਜ਼ਿੰਮੇਵਾਰਾਨਾ ਹਰਕਤ ਕਰਨ ਵਾਲੇ ਹੋਣਗੇ। ਉਨ੍ਹਾਂ ਕਿਹਾ ਕਿ ਦਿੱਤੇ ਪ੍ਰੋਗਰਾਮ ਅਨੁਸਾਰ ਸਾਡਾ ਅਜੇ ਤੱਕ ਦਾ ਪ੍ਰੋਗਰਾਮ ਸਿਰਫ ਜਨਤਕ ਰੂਪ ਵਿੱਚ ਸਵਾਲ ਕਰਨ ਤੱਕ ਦਾ ਹੈ, ਨਾ ਕਿ ਘੇਰ ਘੇਰਾਓ ਦਾ, ਜੋ ਕਿ ਸਾਡਾ ਜਮਹੂਰੀ ਅਧਿਕਾਰ ਹੈ।ਇਸ ਮੌਕੇ ਜ਼ਿਲ੍ਹਾ ਆਗੂ ਸੁਖਦੇਵ ਸਿੰਘ ਚਾਟੀਵਿੰਡ, ਜ਼ੋਨ ਪ੍ਰਧਾਨ ਰਣਜੀਤ ਸਿੰਘ, ਗੁਰਭੇਜ ਸਿੰਘ ਭੀਲੋਵਾਲ, ਹਰਦਿਆਲ ਕੋਟਖਹਿਰਾ, ਤਰਲੋਕ ਸਿੰਘ ਤਾਹਰਪੁਰ, ਅਮਰੀਕ ਸਿੰਘ ਬੁਲਾਰਾ, ਬਲਜੀਤ ਸਿੰਘ ਲਾਲੀ, ਜਸਵੰਤ ਸਿੰਘ ਸੰਗਰਾਵਾਂ, ਹੀਰਾ ਸਿੰਘ ਰਸੂਲਪੁਰ, ਕਾਬਲ ਸਿੰਘ ਗਿੱਲ, ਹਰਚਰਨ ਸਿੰਘ ਸੈਦੋਲੇਹਲ, ਸ਼ੇਰ ਸਿੰਘ ਭੀਲੋਵਾਲ, ਬੀਬੀ ਹਰਪ੍ਰੀਤ ਕੌਰ ਖੁਜਾਲਾ, ਬੀਬੀ ਦਲਜੀਤ ਕੌਰ ਸੈਦੋਲੇਹਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਅਤੇ ਬੀਬੀਆਂ ਹਾਜ਼ਿਰ ਰਹੇ।

## ਲੋਕ ਪੱਖੀ ਇਨਕਲਾਬੀ ਵਿਗਿਆਨਕ ਚੇਤਨਾ ਦਾ ਬੀਜ ਨਾਸ਼ ਕਰਨ 'ਤੇ ਤੁਲੀ ਭਾਜਪਾ

### * ਦੇਸ਼ ਭਗਤ ਕਮੇਟੀ ਵੱਲੋਂ ਕਨਵੈਨਸ਼ਨ 28 ਨੂੰ



ਜਲੰਧਰ-ਦੇਸ਼ ਭਗਤ ਯਾਦਗਾਰ ਕਮੇਟੀ ਦੇ ਅਹੁਦੇਦਾਰਾਂ ਦੀ ਅੱਜ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਹੋਈ ਮੀਟਿੰਗ 'ਚ ਫੈਸਲਾ ਕੀਤਾ ਗਿਆ ਕਿ 'ਵਿਸ਼ਵ ਕਾਰਪੋਰੇਟ ਦਾ ਸੰਕਟ, ਲੋਕਾਂ ਉੱਪਰ ਚੌਤਰਫ਼ਾ ਹੱਲਾ ਅਤੇ ਇਸ ਖ਼ਿਲਾਫ਼ ਕੀ ਕਰਨਾ ਲੋੜੀਏ ?' ਅਤੇ ਮੁੱਢਲੇ ਮਨੁੱਖੀ ਅਤੇ ਸੰਵਿਧਾਨਕ ਅਧਿਕਾਰਾਂ ਉੱਪਰ ਵੀ ਬੁਲਡੋਜ਼ਰ ਚਾੜ੍ਹ ਰਹੀ ਅਤੇ ਇਸ ਤੋਂ ਵੀ ਅੱਗੇ ਵਧ ਕੇ ਲੋਕ-ਪੱਖੀ, ਅਗਾਂਹਵਧੂ ਇਨਕਲਾਬੀ ਵਿਗਿਆਨਕ ਵਿਚਾਰਧਾਰਾ ਦਾ ਬੀਜ ਨਾਸ਼ ਕਰਨ ਦੇ ਬੇਸ਼ਰਮੀ ਭਰੇ ਐਲਾਨ ਕਰ ਰਹੀ ਭਾਜਪਾ ਹਕੂਮਤ ਦੇ ਇਰਾਦਿਆਂ ਖ਼ਿਲਾਫ਼ ਚੇਤਨਾ ਅਤੇ ਜਨ ਪ੍ਰਤੀਰੋਧ ਉਸਾਰਨ ਦੇ ਵਧੇਰੇ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ ਲਈ ਭਵਿੱਖ 'ਚ ਕਮੇਟੀ ਨਿਰੰਤਰ ਵੱਖ-ਵੱਖ ਰੂਪਾਂ 'ਚ ਆਪਣੀਆਂ ਸਰਗਰਮੀਆਂ ਜਾਰੀ ਰੱਖੇਗੀ। ਇਸ ਲੜੀ ਵਜੋਂ 28 ਜੂਨ ਦਿਨੇ 11:00 ਵਜੇ ਵਿਸ਼ਨੂੰ ਗਣੇਸ਼ ਪਿੰਗਲੇ ਹਾਲ, ਦੇਸ਼ ਭਗਤ ਯਾਦਗਾਰ ਹਾਲ 'ਚ ਕਨਵੈਨਸ਼ਨ ਕੀਤੀ ਜਾਵੇਗੀ। ਇਸ ਕਨਵੈਨਸ਼ਨ ਨੂੰ ਕਮੇਟੀ ਮੈਂਬਰ ਮੰਗਤ ਰਾਮ ਪਾਸਲਾ, ਦਰਸ਼ਨ ਖਟਕੜ ਅਤੇ ਡਾ. ਪਰਮਿੰਦਰ ਸਿੰਘ ਸੰਬੋਧਨ ਕਰਨਗੇ। ਇਸ ਦੀ ਸਫ਼ਲਤਾ ਲਈ ਕਮੇਟੀ ਨੇ ਅੱਜ ਤੋਂ ਹੀ ਪ੍ਰਚਾਰ ਅਤੇ ਲਾਮਬੰਦੀ ਮੁਹਿੰਮ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ। ਅੱਜ ਦੀ ਮੀਟਿੰਗ 'ਚ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਵਿੱਤ ਸਕੱਤਰ ਸੀਤਲ ਸਿੰਘ ਸੰਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਹਾਜ਼ਰ ਸਨ।

# ਸ਼ਮਸ਼ੇਰਪੁਰ ਵਿਖੇ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਾ ਤਸਕਰ ਦੀ ਨਜਾਇਜ਼ ਉਸਾਰੀ ਢਹਿ-ਢੇਰੀ

### 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਮਾਜ ਦੇ ਹਰ ਵਰਗ ਦਾ ਮਿਲਿਆ ਪੂਰਨ ਸਹਿਯੋਗ: ਏ.ਡੀ.ਜੀ.ਪੀ.

ਫਤਿਹਗੜ੍ਹ ਚੂੜੀਆਂ (ਜੇ. ਐੱਸ. ਮਾਨ)-ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਬਟਾਲਾ ਪੁਲਸ ਨੇ ਫਤਿਹਗੜ੍ਹ ਚੂੜੀਆਂ ਦੇ ਪਿੰਡ ਸ਼ਮਸ਼ੇਰਪੁਰ ਵਿਖੇ ਏ. ਐੱਸ.ਰਾਏ, ਏਡੀਜੀਪੀ ਟ੍ਰੈਫਿਕ ਪੰਜਾਬ ਦੀ ਅਗਵਾਈ ਹੇਠ ਦੁਪਹਿਰ ਵੇਲੇ ਨਸ਼ਾ ਤਸਕਰ ਰਾਮਪਾਲ ਪੁੱਤਰ ਪਿਆਰਾ ਲਾਲ ਵੱਲੋਂ ਕੀਤੀ ਗਈ ਨਾਜਾਇਜ਼ ਉਸਾਰੀ ਨੂੰ ਜੇਸੀਬੀ ਮਸ਼ੀਨ ਲਗਾ ਕੇ ਢਾਹਿਆ ਗਿਆ।ਇਸ ਮੌਕੇ ਸੁਹੇਲ ਕਾਸਿਮ ਮੀਰ ਐੱਸਐੱਸਪੀ ਬਟਾਲਾ ਗੁਰਪ੍ਰਤਾਪ ਸਿੰਘ ਸਹੋਤਾ ਐੱਸਪੀ (ਡੀ) ਅਤੇ ਵਿਪਨ ਕੁਮਾਰ ਡੀਐੱਸਪੀ ਫਤਿਹਗੜ੍ਹ ਚੂੜੀਆਂ ਵੀ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਏ. ਐੱਸ. ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਗੌਰਵ ਯਾਦਵ ਦੀ ਅਗਵਾਈ ਹੇਠ ਸੂਬੇ ਅੰਦਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਗਈ ਸੀ, ਜਿਸਨੂੰ ਅੱਜ 100 ਦਿਨ ਪੂਰੇ ਹੋ ਗਏ ਹਨ ਅਤੇ ਇਸ ਮੁਹਿੰਮ ਨੂੰ ਹਰ ਵਰਗ ਵਲੋਂ ਭਰਵਾਂ ਸਹਿਯੋਗ ਦਿੱਤਾ ਗਿਆ ਹੈ।ਉਨ੍ਹਾਂ ਐੱਸਐੱਸਪੀ ਬਟਾਲਾ ਸੁਹੇਲ ਕਾਸਿਮ ਮੀਰ ਦੀ ਅਗਵਾਈ ਵਿੱਚ ਬਟਾਲਾ ਪੁਲਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਟਾਲਾ ਪੁਲਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ 399 ਐੱਫਆਈਆਰ ਦਰਜ ਕੀਤੀਆਂ ਗਈਆਂ ਹਨ।ਨਸ਼ਾ ਤਸਕਰਾਂ ਦੀਆਂ ਕਰੀਬ 27 ਕਰੋੜ ਦੀ ਸੰਪੰਤੀਆਂ ਜ਼ਬਤ ਕੀਤੀਆਂ ਗਈਆਂ ਅਤੇ 600 ਤੋਂ ਵੱਧ ਨਸ਼ਾ ਤਸਕਰਾਂ ਨੂੰ ਜੇਲ੍ਹ ਭੇਜਿਆ ਗਿਆ ਹੈ।ਏ. ਐੱਸ. ਰਾਏ ਏਡੀਜੀਪੀ ਟ੍ਰੈਫਿਕ ਪੰਜਾਬ ਨੇ ਅੱਗੇ ਕਿਹਾ ਕਿ ਬਟਾਲਾ ਪੁਲਸ ਵੱਲੋਂ ਜਿਥੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕੀਤਾ ਗਿਆ ਹੈ,



ਉਥੇ ਇਸਦੇ ਦੇ ਨਾਲ ਕਰੀਬ 1000 ਨਸ਼ਾ ਪੀੜਤਾਂ ਦਾ ਇਲਾਜ ਵੀ ਕਰਵਾਇਆ ਜਾ ਰਿਹਾ ਹੈ ਅਤੇ ਇਨ੍ਹਾਂ ਵਿੱਚ 850 ਨਸ਼ਾ ਪੀੜਤਾਂ ਨੂੰ ਓਟ ਸੈਂਟਰ (ਨਸ਼ਾ ਛੁਡਾਊ ਕੇਂਦਰ) ਵਿੱਚ ਰਜਿਸਟਰਡ ਕਰਵਾਇਆ ਗਿਆ ਹੈ।ਇਸ ਮੌਕੇ ਗੱਲ ਕਰਦਿਆਂ ਐੱਸਐੱਸਪੀ, ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਰਾਮਪਾਲ ਖਿਲਾਫ਼ ਦੇ ਖਿਲਾਫ਼ ਵੱਖ-ਵੱਖ ਥਾਣਿਆਂ ਵਿੱਚ 2 ਮੁਕੱਦਮੇ ਦਰਜ ਹਨ ਅਤੇ ਇਸ ਵੇਲੇ ਜੇਲ੍ਹ ਵਿੱਚ ਬੰਦ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰ ਵੱਲੋਂ ਨਸ਼ੇ ਦੀ ਕਮਾਈ ਨਾਲ ਇਹ ਉਸਾਰੀ ਕੀਤੀ ਗਈ ਸੀ, ਜਿਸਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਢਾਹਿਆ ਗਿਆ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਗਈ ਹੈ ਅਤੇ ਨਸ਼ਾ ਤਸਕਰਾਂ ਨਾਲ ਸਖ਼ਤੀ ਨਾਲ ਨਿਪਟਿਆ ਜਾ ਰਿਹਾ ਹੈ।ਇਸ ਮੌਕੇ ਐੱਸਐੱਚਓ ਕਿਰਨਦੀਪ ਸਿੰਘ ਫਤਿਹਗੜ੍ਹ ਚੂੜੀਆਂ, ਲਖਵਿੰਦਰ ਸਿੰਘ ਐੱਸਐੱਚਓ ਘਣੀਏ ਕੇ ਬਾਂਗਰ, ਐੱਸਐੱਚਓ ਸਦਰ ਬਲਦੇਵ ਸਿੰਘ, ਸੁਰਿੰਦਰ ਸਿੰਘ ਟਰੈਫਿਕ ਇੰਚਾਰਜ ਬਟਾਲਾ, ਪ੍ਰਦੀਪ ਸਿੰਘ ਪੰਚਾਇਤ ਸੈਕਟਰੀ ਸਮੇਤ ਅਧਿਕਾਰੀ ਮੌਜੂਦ ਸਨ।

# ਵਿਕਸਿਤ ਖੇਤੀਬਾੜੀ ਸੰਕਲਪ ਅਭਿਆਨ ਤਹਿਤ ਵੱਖ-ਵੱਖ ਪਿੰਡਾਂ 'ਚ ਪ੍ਰੋਗਰਾਮ ਆਯੋਜਿਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਗੁਰਦਾਸਪੁਰ ਵੱਲੋਂ ਵਿਕਸਤ ਖੇਤੀਬਾੜੀ ਸੰਕਲਪ ਅਭਿਆਨ ਤਹਿਤ ਵੱਖ-ਵੱਖ ਪਿੰਡਾਂ ਦਕੋਹਾ, ਘੁਮਾਣ, ਚੌਧਰੀਵਾਲ, ਸੋਹਲ, ਧਾਰੀਵਾਲ, ਮੱਲ੍ਹੀ ਸਰਾਏ, ਪੰਜਗਰਾਈਆਂ, ਕੀੜੀ ਅਫ਼ਗਾਨਾਂ, ਢਪਈ ਵਿਖੇ



ਕਿਸਾਨ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਗਏ।ਇਹ ਪ੍ਰੋਗਰਾਮ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਨਿਰਦੇਸ਼ਕ ਡਾ. ਸਰਬਜੀਤ ਸਿੰਘ ਔਲਖ ਦੀ ਅਗਵਾਈ ਹੇਠ ਨੇਪਰੇ ਚਾੜ੍ਹੇ ਗਏ।

ਇਸ ਮੌਕੇ ਡਾ. ਸਤਵਿੰਦਰਜੀਤ ਕੌਰ, ਸਹਿਯੋਗੀ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਮਿੱਟੀ ਦੀ ਪਰਖ ਅਤੇ ਖਾਦ ਪ੍ਰਬੰਧ ਬਾਰੇ, ਡਾ. ਅਨਿਲ ਕੁਮਾਰ ਖੋਖਰ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਝੋਨੇ ਦੀਆਂ ਉੱਤਮ ਕਿਸਮਾਂ, ਪਨੀਰੀ ਦੀ ਦੇਖਭਾਲ ਸਬੰਧੀ, ਡਾ. ਯਾਮਿਨੀ ਸ਼ਰਮਾ, ਸਹਾਇਕ ਪ੍ਰੋਫੈਸਰ (ਬਾਗ਼ਬਾਨੀ) ਨੇ ਸਬਜ਼ੀਆਂ ਅਤੇ ਫਲਾਂ ਦੀ ਕਾਸ਼ਤ ਸਬੰਧੀ, ਡਾ. ਰਾਜਵਿੰਦਰ ਕੌਰ, ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਝੋਨੇ ਅਤੇ ਬਾਸਮਤੀ ਵਿੱਚ ਬੀਜ ਦੀ ਸੋਧ ਅਤੇ ਸਾਉਣੀ ਦੀਆਂ ਫ਼ਸਲਾਂ ਵਿੱਚ ਕੀੜੇ ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਅਤੇ ਡਾ ਅੰਕੁਸ਼ ਪਰੋਚ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਪਸ਼ੂਆਂ ਦੀ ਗਰਮੀ ਵਿੱਚ ਸਾਂਭ ਸੰਭਾਲ ਅਤੇ ਹੋਰ ਲੱਗਣ ਵਾਲੀਆਂ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਕਿਸਾਨਾਂ ਨੂੰ ਖੇਤੀਬਾੜੀ ਸਾਹਿਤ ਵੀ ਵੰਡਿਆ ਗਿਆ।ਇਨ੍ਹਾਂ ਕੈਂਪਾਂ ਵਿੱਚ ਖੇਤੀਬਾੜੀ ਨਾਲ ਸਬੰਧਿਤ ਵਿਭਾਗਾਂ ਦੇ ਨੁਮਾਇੰਦਿਆਂ ਨੇ ਵੀ ਭਾਗ ਲਿਆ ਅਤੇ ਕਿਸਾਨ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ।

# ਅੱਡਾ ਸਰਾਂ ਵਿਖੇ ਸਰਕਾਰੀ ਬੱਸਾਂ ਸਹੀ ਥਾਂ 'ਤੇ ਨਾ ਰੁਕਣ ਕਾਰਨ ਮਹਿਲਾ ਸਵਾਰੀਆਂ ਹੁੰਦੀਆਂ ਨੇ ਪ੍ਰੇਸ਼ਾਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**:ਪੰਜਾਬ ਸਰਕਾਰ ਵੱਲੋਂ ਮਹਿਲਾ ਸਵਾਰੀਆਂ ਨੂੰ ਸਰਕਾਰੀ ਬੱਸਾਂ ਵਿਚ ਮੁਫ਼ਤ ਬੱਸ ਸਫ਼ਰ ਦੀ ਸੁਵਿਧਾ ਦਿੱਤੀ ਹੋਈ ਹੈ ਪਰ ਜ਼ਿਆਦਾਤਰ ਸਰਕਾਰੀ ਬੱਸਾਂ ਵਾਲੇ ਮਹਿਲਾ ਸਵਾਰੀਆਂ ਨੂੰ ਪ੍ਰੇਸ਼ਾਨ ਕਰਦੇ ਦੇਖੇ ਗਏ ਹਨ ।ਅਜਿਹੀ ਹੀ ਘਟਨਾ ਜੰਡਿਆਲਾ ਗੁਰੂ ਅੱਡਾ ਸਰਾਂ 'ਤੇ ਰੋਜ਼ਾਨਾ ਦੇਖਣ ਨੂੰ ਮਿਲਦੀ ਹੈ ।ਜਲੰਧਰ ਸਾਈਡ ਤੋਂ ਆਉਣ ਵਾਲੀਆਂ ਬੱਸਾਂ ਜ਼ਿਆਦਾਤਰ ਪੁਲ ਦੇ ਉਪਰੋਂ ਨਿਕਲ ਜਾਂਦੀਆਂ ਹਨ ਅਗਰ ਕੋਈ ਪੁਲ ਦੇ ਥੱਲਿਓਂ ਅੱਡਾ ਸਰਾਂ ਵੱਲ ਆਉਂਦੀਆਂ ਹਨ ਤਾਂ ਉਹ ਬੱਸ ਅੱਡੇ ਤੋਂ ਜਾਂ ਪਿੱਛੇ ਬਿਜਲੀ ਘਰ ਕੋਲ ਖੜੀ ਕਰ ਦਿੰਦੇ ਹਨ ਜਾਂ ਫਿਰ ਅੱਗੇ ਥਾਣੇ ਕੋਲ ਲੈ ਜਾਂਦੇ ਹਨ ਜਿਸ ਕਰਕੇ ਔਰਤਾਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ।ਵਿਸ਼ੇਸ਼ ਤੌਰ 'ਤੇ ਕਾਲਜ ਯੂਨੀਵਰਸਿਟੀ ਜਾਂ ਕੋਈ ਨੌਕਰੀ ਤੇ ਅੰਮ੍ਰਿਤਸਰ ਜਾਣ ਵਾਲੀਆਂ ਲੜਕੀਆਂ ਨੂੰ ਵੀ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ।ਮਹਿਲਾ ਸਵਾਰੀਆਂ ਨੇ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੋਂ ਪੁਰਜ਼ੋਰ ਮੰਗ ਕੀਤੀ ਕਿ ਕ੍ਰਿਪਾ ਕਰਕੇ ਜਨਰਲ ਮੈਨੇਜਰ ਨਾਲ ਗੱਲ ਕਰਕੇ ਬੱਸਾਂ ਨੂੰ ਸਹੀ ਜਗ੍ਹਾ ਤੇ ਰੋਕਿਆ ਜਾਵੇ ।ਇਸ ਸਬੰਧੀ ਜਦੋਂ ਨਵਾਂ ਜ਼ਮਾਨਾ ਦੇ ਪੱਤਰਕਾਰ ਵੱਲੋਂ ਜਨਰਲ ਮੈਨੇਜਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਸਖ਼ਤੀ ਨਾਲ ਚੈਕਿੰਗ ਸਟਾਫ ਕੋਲੋਂ ਬੱਸਾਂ ਦੀ ਚੈਕਿੰਗ ਕਰਾਵਾਂਗੇ, ਅਗਰ ਕਿਸੇ ਡਰਾਈਵਰ ਨੇ ਬੱਸ ਅੱਗੇ ਜਾਂ ਪਿੱਛੇ ਰੋਕੀ ਤਾਂ ਕੰਡਕਟਰ/ਡਰਾਈਵਰ ਨੂੰ ਦੋ ਦੋ ਹਜ਼ਾਰ ਰੁਪਏ ਜੁਰਮਾਨਾ ਭਰਨਾ ਪਵੇਗਾ। ਉਨ੍ਹਾਂ ਕਿਹਾ ਕਿ ਜ਼ਿਆਦਾਤਰ ਜਲੰਧਰ ਸਾਈਡ ਤੋਂ ਲੌਂਗ ਰੂਟ ਤੋਂ ਆਉਣ ਵਾਲਿਆਂ ਬਾਹਰੀ ਡੀਪੂ ਦੀਆਂ ਬੱਸਾਂ ਆਉਂਦੀਆਂ ਹਨ ਉਹ ਪੁਲ ਦੇ ਉਪਰੋਂ ਲੰਘ ਜਾਂਦੀਆਂ ਹਨ, ਉਨ੍ਹਾਂ ਨੂੰ ਵੀ ਸਖਤ ਹਦਾਇਤਾਂ ਕੀਤੀਆਂ ਜਾਣਗੀਆਂ ।

# ਪੰਛੀਆਂ ਲਈ ਸਾਫ-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਮਿੱਟੀ ਦੇ ਸੈਂਕੜੇ ਮੁਫਤ ਭਾਂਡੇ ਵੰਡੇ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਲੇਖਕ ਅਤੇ ਵਾਤਾਵਰਣ ਪ੍ਰੇਮੀ ਜਸਦੇਵ ਮਾਨ ਨੇ ਪਿਛਲੇ 10 ਸਾਲਾਂ ਤੋਂ ਪੰਛੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਦੀ ਇਕ ਮੁਹਿੰਮ ਸ਼ੁਰੂ ਕੀਤੀ ਹੋਈ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਸਾਡਾ ਵਾਤਾਵਰਣ, ਆਲਾ ਦੁਆਲਾ ਅਤੇ ਕੁਦਰਤੀ ਸਰੋਤ ਦਿਨੋਂ ਦਿਨ ਦੂਸ਼ਿਤ ਹੁੰਦੇ ਜਾ ਰਹੇ ਹਨ। ਕੁਦਰਤੀ ਜਲਗਾਹਾਂ, ਤਲਾਬ ਅਤੇ ਛੱਪੜਾਂ ਆਦਿ ਵਿੱਚ ਸਾਡੇ ਘਰਾਂ ਦਾ ਵਰਤਿਆ ਹੋਇਆ ਕੈਮੀਕਲ ਰਲੇਵੇਂ ਵਾਲਾ ਪਾਣੀ ਪੈਣ ਕਰਕੇ ਉਹ ਵੀ ਬੁਰੀ ਤਰ੍ਹਾਂ ਪ੍ਰਦੂਸ਼ਿਤ ਹੋ ਚੁੱਕੇ ਹਨ, ਜਿਸ ਕਾਰਨ ਅਜਿਹਾ ਦੂਸਤ ਪਾਣੀ ਪੀ ਕੇ ਪੰਛੀ ਕਈ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ, ਸੋ ਇੱਸ ਲਈ ਸਾਡਾ ਫਰਜ਼ ਬਣਦਾ ਹੈ ਕਿ ਇਨ੍ਹਾਂ ਬੇਜ਼ੁਬਾਨਾਂ ਲਈ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਦਿਨ ਦਾ ਤਾਪਮਾਨ 45 ਡਿਗਰੀ ਤੋਂ ਵੀ ਵੱਧ ਚਲੇ ਜਾਂਦਾ ਹੈ ਜੋ ਇਨਸਾਨਾਂ ਦੇ ਨਾਲ ਨਾਲ ਇਨ੍ਹਾਂ ਮਲੂਕ ਪੰਛੀਆਂ ਲਈ ਬੇਹੱਦ ਘਾਤਕ ਸਿੱਧ ਹੁੰਦਾ ਹੈ। ਇਸ ਤੋਂ ਇਲਾਵਾ ਮਈ ਜੂਨ, ਜੁਲਾਈ ਅਤੇ ਅਗਸਤ ਗਰਮੀ ਦੇ ਇਹ ਚਾਰ ਮਹੀਨੇ ਪੰਛੀਆਂ ਲਈ ਬੇਹੱਦ ਤਕਲੀਫ਼ਦੇਹ ਹੁੰਦੇ ਹਨ। ਐਨੀ ਤਪਸ਼ ਤੇ ਹੁੰਮਸ ਵਾਲੇ ਮਾਹੌਲ ਵਿੱਚ ਕਈ ਮਾਸੂਮ ਪੰਛੀ ਪਿਆਸ ਨਾਲ ਆਪਣੀ ਜਾਨ ਗਵਾ ਬੈਠਦੇ ਹਨ। ਮਾਨ ਦਾ ਕਹਿਣਾ ਹੈ ਕਿ ਵੈਸੇ ਤਾਂ ਕੁਦਰਤ ਨੇ ਇਸ ਧਰਤੀ ਦੇ ਸਭ ਜੀਵਾਂ ਲਈ ਖਾਣ



ਪੀਣ ਦੀ ਲੜੀ ਚਲਾਈ ਹੋਈ ਹੈ, ਜਿਸ ਅਧੀਨ ਪੰਛੀਆਂ ਨੂੰ ਖਾਣਾ ਤੇ ਪਾਣੀ ਸਹਿਜੇ ਹੀ ਮਿਲ ਜਾਂਦਾ ਹੈ, ਪਰ ਅੱਜ ਹਾਲਾਤ ਇਹ ਹਨ ਕੇ ਸਾਡੇ ਕੁਦਰਤੀ ਸਰੋਤਾਂ ਦਾ ਪਾਣੀ ਬਹੁਤ ਜ਼ਿਆਦਾ ਗੰਧਲਾ ਹੋ ਚੁੱਕਾ ਹੈ, ਜਿਸਦੇ ਚੱਲਦਿਆਂ ਮਾਨ ਨੇ ਆਪਣੇ ਵੱਲੋਂ ਪੰਛੀਆਂ ਨੂੰ ਪਿਆਰ ਕਰਨ ਵਾਲੇ ਲੋਕਾਂ ਨੂੰ ਮਿੱਟੀ ਦੇ ਭਾਂਡੇ ਮੁਫਤ ਵੰਡਣ ਦੀ ਮੁਹਿੰਮ ਕਈ ਸਾਲਾਂ ਤੋਂ ਚਲਾਈ ਹੋਈ ਹੈ। ਉਹ ਹਰ ਵਾਰ ਸਕੂਲਾਂ ਤੇ ਹੋਰ ਸਮਾਜਿਕ ਥਾਵਾਂ ਤੇ ਹਰ ਸਾਲ ਮਿੱਟੀ ਤੋਂ ਬਣੇ ਭਾਂਡੇ ਵੰਡਦੇ ਨੇ ਤਾਂ ਜੋ ਇਨ੍ਹਾਂ ਵਿੱਚ ਪਾਣੀ ਭਰਕੇ ਪੰਛੀਆਂ ਲਈ ਰੱਖਿਆ ਜਾ ਸਕੇ। ਉਨ੍ਹਾਂ ਸਭਨਾਂ ਨੂੰ ਅਪੀਲ ਕੀਤੀ ਕਿ ਗਰਮੀ ਦੇ ਦਿਨਾਂ ਵਿੱਚ ਆਪਣੇ ਘਰਾਂ ਦੀਆਂ ਛੱਤਾਂ, ਕੰਧਾਂ ਅਤੇ ਵਿਹੜਿਆਂ ਵਿੱਚ ਢੁੱਕਵੀਆਂ ਥਾਵਾਂ 'ਤੇ ਮਿੱਟੀ ਦੇ ਭਾਂਡੇ ਸਾਫ ਪਾਣੀ ਨਾਲ ਭਰਕੇ ਰੱਖੇ ਜਾਣ ਤਾਂ ਜੋ ਇਹ ਦਰਵੇਸ਼ ਪੰਛੀ ਆਪਣੀ ਪਿਆਸ ਬੁਝਾ ਸਕਣ।

ਪੰਛੀਆਂ ਲਈ ਸਾਫ ਪਾਣੀ ਰੱਖਣ ਦੀ ਇਹ ਮੁਹਿੰਮ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਦੀ ਸਮੁੱਚੀ ਟੀਮ ਵੱਲੋਂ ਚਲਾਈ ਜਾ ਰਹੀ ਹੈ। ਜਸਦੇਵ ਮਾਨ ਨੇ ਮੁਹਿੰਮ ਨੂੰ ਭਰਵਾਂ ਹੁੰਗਾਰਾ ਦੇਣ ਲਈ ਮਨਦੀਪ ਕੌਰ ਢੀਂਡਸਾ, ਮਨਮੋਹਨ ਭਿੰਡਰ, ਗੁਰਭੇਜ ਕੌਰ ਸੰਧੂ, ਗੁਰਸ਼ੇਰ ਸਿੰਘ ਮਾਨ, ਹਰਸੀਨ ਕੌਰ ਮਾਨ, ਭੁਪਿੰਦਰ ਸਿੰਘ ਭਿੰਦਰ ਮਾਨ, ਸ਼ਾਇਰ ਰੋਜੀ ਸਿੰਘ, ਰਾਜਪਾਲ ਸਿੰਘ ਬਾਠ, ਜਸਪਾਲ ਸਿੰਘ ਸਰਪੰਚ, ਪ੍ਰਧਾਨ ਸੁਖਜਿੰਦਰ ਸਿੰਘ, ਕੁਲਵਿੰਦਰ ਸਿੰਘ ਦੋਧੀ ਅਤੇ ਜਗਰੂਪ ਸਿੰਘ ਬੁੱਟਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ।

## 'ਇੱਕ ਹਲਕਾ ਇੱਕ ਬਲਾਕ' ਯੋਜਨਾ ਖਿਲਾਫ ਲੋਕਾਂ 'ਚ ਗੁੱਸਾ ਵਧਦਾ ਜਾ ਰਿਹੈ : ਪੰਡੋਰੀ, ਰਟੋਲ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਰਕਾਰ ਦੀ ਇਕ ਹਲਕਾ ਇਕ ਬਲਾਕ ਯੋਜਨਾ ਤਹਿਤ ਮੌਜੂਦਾ ਬਲਾਕਾਂ ਦੇ ਪਿੰਡਾਂ ਨੂੰ ਤੋੜ ਕੇ ਦੂਰ ਦੇ ਬਲਾਕਾਂ ਨਾਲ ਜੋੜਨ ਵਿਰੁੱਧ ਲੋਕਾਂ ਵਿੱਚ ਗੁੱਸਾ ਵੱਧਦਾ ਜਾ ਰਿਹਾ ਹੈ ਜਿਸ ਸਬੰਧੀ ਤਰਨ ਤਾਰਨ



ਜ਼ਿਲ੍ਹੇ ਦੇ ਬਲਾਕਾਂ ਨੂੰ ਤੋੜਨ ਦੀ ਯੋਜਨਾਬੰਦੀ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੀਨਾ ਕੌਰ, ਸਰਪੰਚ ਸ਼ੁੱਕਰਚੱਕ ਸੀਨੀਅਰ ਮੀਤ ਪ੍ਰਧਾਨ ਨਰਿੰਦਰ ਸਿੰਘ ਰਟੋਲ, ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਇਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਦਿੱਤੀ। ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਦੀ ਜ਼ੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਇਸ ਫੈਸਲੇ ਨਾਲ ਜਿਥੇ ਆਮ ਲੋਕਾਂ ਦੀ ਖੱਜਲ ਖੁਆਰੀ ਹੋਵੇਗੀ ਉਥੇ ਬਲਾਕਾਂ 'ਚ ਕੰਮ ਕਰਨ ਵਾਲਿਆਂ ਦੀ ਵੀ ਛਾਂਟੀ ਹੋਵੇਗੀ। ਇਨ੍ਹਾਂ ਆਗੂਆਂ ਨੇ ਕਿਹਾ ਕਿ ਪਹਿਲਾਂ ਹੀ ਆਮ ਲੋਕ ਮਹਿੰਗਾਈ, ਬੇਰੁਜ਼ਗਾਰੀ ਦੀ ਚੱਕੀ 'ਚ ਪਿਸ ਰਹੇ ਹਨ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਜੋ ਯੋਜਨਾ ਇੱਕ ਹਲਕਾ ਇੱਕ ਬਲਾਕ ਦੀ ਬਣਾਈ ਹੈ, ਇਹ ਯੋਜਨਾ ਕਿਸੇ ਵੀ ਤਰ੍ਹਾਂ ਆਮ ਲੋਕਾਂ ਤੇ ਪਿੰਡਾਂ ਦੇ ਹਿੱਤ ਵਿੱਚ ਨਹੀਂ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਹੋਰ ਬਲਾਕਾਂ ਨਾਲ ਜੋੜਨ ਨਾਲ ਜਿੱਥੇ ਉਨ੍ਹਾਂ ਦਾ ਰਿਕਾਰਡ ਲੱਭਣ ਵਿੱਚ ਮੁਸ਼ਕਲ ਆਵੇਗੀ, ਉੱਥੇ ਦੂਰ ਬਲਾਕਾਂ ਵਿੱਚ ਜਾਣ ਨਾਲ ਸਮੇਂ ਤੇ ਪੈਸੇ ਦੀ ਬਰਬਾਦੀ ਹੋਵੇਗੀ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪਹਿਲਾਂ ਦੀ ਤਰ੍ਹਾਂ ਹੀ ਬਲਾਕਾਂ ਦਾ ਕੰਮ ਚਲਾਇਆ ਜਾਵੇ। ਉਨ੍ਹਾਂ ਸਰਕਾਰ ਦੇ ਇਸ ਫੈਸਲੇ ਵਿਰੁੱਧ ਪੰਜਾਬ ਦੇ ਲੋਕਾਂ ਨੂੰ ਤਿੱਖਾ ਸੰਘਰਸ਼ ਕਰਨ ਦਾ ਸੱਦਾ ਦਿੱਤਾ।

# ਪੇਂਡੂ ਮਜ਼ਦੂਰ ਮੰਗਾਂ ਨੂੰ ਲੈ ਕੇ ਪੰਜਾਬ ਖੇਤ ਮਜ਼ਦੂਰ ਸਭਾ ਨੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ

ਤਰਨ ਤਾਰਨ (ਨਜ਼ਸ)-ਭਾਰਤੀ ਖੇਤ ਮਜ਼ਦੂਰ ਯੂਨੀਅਨ ਵੱਲੋਂ ਖੇਤ ਮਜ਼ਦੂਰਾਂ ਅਤੇ ਹੋਰ ਪੇਂਡੂ ਮਜ਼ਦੂਰਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਪੂਰੇ ਦੇਸ਼ ਵਿੱਚ ਰਾਸ਼ਟਰਪਤੀ ਦੇ ਨਾਂ ਤੇ ਡਿਪਟੀ ਕਮਿਸ਼ਨਰਾਂ ਰਾਹੀਂ ਦਿੱਤੇ ਜਾਣ ਵਾਲੇ ਮੰਗ ਪੱਤਰਾਂ ਦੇ ਸਿਲਸਲੇ ਵਿੱਚ ਮੰਗਲਵਾਰ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਦੀ ਅਗਵਾਈ ਵਿੱਚ ਡੀ. ਸੀ. ਤਰਨ ਤਾਰਨ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਤੋਂ ਪਹਿਲਾਂ ਮਜ਼ਦੂਰਾਂ ਵੱਲੋਂ ਰੋਸ ਮੁਜ਼ਾਹਰਾ ਕੀਤਾ ਗਿਆ।ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਖੇਤ ਮਜ਼ਦੂਰਾਂ ਦਾ ਦੇਸ਼ ਦੀ ਖੇਤੀ ਦੇ ਵਿਕਾਸ ਵਿੱਚ ਵੱਡਾ ਹਿੱਸਾ ਹੈ।ਇਸ ਦੇ ਬਾਵਜੂਦ ਸਰਕਾਰਾਂ ਵੱਲੋਂ ਇਸ ਵਰਗ ਦੀ ਕਦੇ ਸਾਰ ਨਹੀਂ ਲਈ ਗਈ।ਹੱਡ ਭੰਨਵੀਂ ਮਿਹਨਤ ਦੇ ਬਾਵਜੂਦ ਮਜ਼ਦੂਰਾਂ ਨੂੰ ਰੱਜਵੀ ਰੋਟੀ ਨਸੀਬ ਨਹੀਂ ਹੁੰਦੀ।ਆਗੂਆਂ ਨੇ ਮੰਗ ਪੱਤਰ ਵਿੱਚ ਸ਼ਾਮਲ ਮੰਗਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਖੇਤ ਮਜ਼ਦੂਰਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਇੱਕ ਵਿਆਪਕ ਕੇਂਦਰੀ ਕਾਨੂੰਨ ਬਣਾਇਆ ਜਾਵੇ, ਖੇਤ ਮਜ਼ਦੂਰਾਂ ਅਤੇ ਹੋਰ ਪੇਂਡੂ ਮਜ਼ਦੂਰਾਂ ਗਰੀਬਾਂ ਦੀ ਸੁਰੱਖਿਆ ਲਈ ਵਿਧਾਨਕ ਭਲਾਈ ਬੋਰਡ ਗਠਿਤ ਕੀਤਾ ਜਾਵੇ, ਦੇਸ਼ ਵਿੱਚ ਵਾਧੂ ਜ਼ਮੀਨ ਸਾਰੇ ਭੂਮੀਹੀਣਾ, ਦਲਿਤਾਂ, ਖੇਤ ਮਜ਼ਦੂਰਾਂ ਆਦਿ ਵਾਸੀਆਂ ਅਤੇ ਥੁੜ ਜ਼ਮੀਨੇ ਕਿਸਾਨਾਂ ਵਿੱਚ ਵੰਡੀ ਜਾਵੇ, ਮਨਰੇਗਾ ਕਾਮਿਆਂ ਨੂੰ ਪੂਰਾ ਸਾਲ ਕੰਮ ਅਤੇ ਸੱਤ ਸੌ ਰੁਪਏ ਦਿਹਾੜੀ ਦਿੱਤੀ ਜਾਵੇ, ਖੇਤ ਮਜ਼ਦੂਰਾਂ ਨੂੰ 55 ਸਾਲ ਦੀ ਉਮਰ ਵਿੱਚ ਦਸ ਹਜ਼ਾਰ ਰੁਪਏ ਪ੍ਰਤੀ ਮਹੀਨਾ ਬੁਢਾਪਾ ਪੈਨਸ਼ਨ ਦਿੱਤੀ ਜਾਵੇ, ਅਵਾਸ ਯੋਜਨਾ ਅਧੀਨ ਦਸ ਲੱਖ ਰੁਪਏ ਪ੍ਰਤੀ ਯੂਨਿਟ ਕੀਤਾ ਜਾਵੇ, ਕੇਰਲਾ ਮਾਡਲ ਤੇ ਯੂਨੀਵਰਸਲ ਹੈਲਥ ਕੇਅਰ ਸਿਸਟਮ ਲਾਗੂ ਕੀਤਾ ਜਾਵੇ, ਸਭ ਲਈ ਗੁਣਵੱਤਾ ਵਾਲੀ ਸਿੱਖਿਆ ਮੁਫਤ ਯਕੀਨੀ ਬਣਾਈ ਜਾਵੇ, ਐਸ. ਸੀ. ਐਸ. ਟੀ (ਅੱਤਿਆਚਾਰ ਰੋਕਥਾਮ) ਐਕਟ ਸਖਤੀ ਨਾਲ ਲਾਗੂ ਕੀਤਾ ਜਾਵੇ,



ਨਿੱਜੀ ਖੇਤਰ ਵਿੱਚ ਰਾਖਵਾਂਕਰਨ ਲਾਜ਼ਮੀ ਕੀਤਾ ਜਾਵੇ, ਕੇਂਦਰੀ ਬਜਟ ਦੇ ਐਸ. ਸੀ. ਐਸ. ਟੀ. ਦੀ ਉਪਯੋਜਨਾ ਲਈ ਨਿਰਧਾਰਤ ਫੰਡਾਂ ਦੀ ਵਰਤੋਂ ਬਿਨਾਂ ਕਿਸੇ ਭਟਕਾਅ ਦੇ ਕੀਤੀ ਜਾਵੇ ਅਤੇ ਦੇਸ਼ ਵਿਆਪੀ ਜਾਤੀ ਜਨਗਣਨਾ ਆਮ ਜਨਗਣਨਾ ਦੇ ਨਾਲ ਫੌਰੀ ਤੌਰ ਤੇ ਕਰਵਾਈ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰਪਾਲ ਸਿੰਘ, ਹੀਰਾ ਸਿੰਘ ਖਡੂਰ ਸਾਹਿਬ, ਬਲਵਿੰਦਰ ਸਿੰਘ ਕੋਟ ਧਰਮ ਚੰਦ ਕਲਾਂ, ਬਲਜਿੰਦਰ ਸਿੰਘ ਸਰਹਾਲੀ ਕਲਾਂ, ਗਰਵਿੰਦਰ ਸਿੰਘ ਬਾਕੀਪੁਰ, ਸਰਵਨ ਸਿੰਘ ਕਿਰਤੋਵਾਲ ਕਲਾਂ, ਬਲਵਿੰਦਰ ਸਿੰਘ ਭਰੋਵਾਲ, ਜਸਪਾਲ ਸਿੰਘ ਫਤਿਆਬਾਦ, ਸਤਨਾਮ ਸਿੰਘ, ਜਸਪਾਲ ਸਿੰਘ, ਚੂਸਲੇਵੜ, ਰਸ਼ਪਾਲ ਸਿੰਘ ਘੁਰਕਵਿੰਡ, ਮਨਜਿੰਦਰ ਸਿੰਘ ਬੁੱਗਾ ਆਦਿ ਨੇ ਸੰਬੋਧਨ ਕੀਤਾ।ਇਸ ਮੌਕੇ ਸੁਖਬੀਰ ਸਿੰਘ ਖਡੂਰ ਸਾਹਿਬ, ਕੁਲਬੀਰ ਸਿੰਘ ਕਿਰਤੋਵਾਲ ਕਲਾ, ਬਲਬੀਰ ਸਿੰਘ ਬਾਕੀਪੁਰ, ਮੋਹਣ ਸਿੰਘ ਚੂਸਲੇਵੜ, ਗੁਰਦਿੱਤ ਸਿੰਘ, ਮਨਵੀਰ ਸਿੰਘ, ਗੋਲਡੀ ਆਦਿ ਹਾਜ਼ਰ ਸਨ।

# ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਤੇ ਉਨ੍ਹਾਂ ਦੇ ਸਟਾਫ ਨੇ ਛਬੀਲ ਲਗਾਈ

ਗੁਰਦਾਸਪੁਰ (ਦਿਨੇਸ਼ ਕੁਮਾਰ)-ਲੋਕਾਂ ਦੀ ਸੇਵਾ ਕਰਕੇ ਪਰਮਾਤਮਾ ਪਾਸੋਂ ਅਸ਼ੀਰਵਾਦ ਪ੍ਰਾਪਤ ਕਰਨਾ ਸਾਡੇ ਗੁਰੂਆਂ ਪੀਰਾਂ ਵੱਲੋਂ ਚਲਾਈ ਗਈ ਪਰੰਪਰਾ ਅਨੁਸਾਰ ਸਾਡਾ ਸੂਬਾ ਪੰਜਾਬ ਹਮੇਸ਼ਾ ਤੋਂ ਹੀ ਲੋਕ ਭਲਾਈ ਕੰਮਾ ਵਿੱਚ ਮੋਢੀ ਰਿਹਾ ਹੈ।ਇਸ ਕੰਮ ਵਿੱਚ ਇੱਕ



ਕਦਮ ਹੋਰ ਅੱਗੇ ਪੁੱਟਦੇ ਹੋਏ ਕਮਾਂਡਰ ਬਲਜਿੰਦਰ ਵਿਰਕ (ਰਿਟਾ) ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਤੇ ਕੰਮ ਕਰਦੇ ਹੋਏ ਉਨ੍ਹਾਂ ਦੇ ਦਫਤਰ ਦੇ ਸਟਾਫ ਨੇ ਕਚਹਿਰੀ ਰੋਡ, ਨੇੜੇ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਦਫਤਰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਵਿਖੇ ਕੰਮ ਕਰਵਾਉਣ ਲਈ ਆਉਣ ਵਾਲੇ ਸਾਬਕਾ ਸੈਨਿਕਾਂ ਅਤੇ ਉਨ੍ਹਾ ਦੇ ਪਰਿਵਾਰਾਂ ਲਈ ਕੜਾਕੇ ਦੀ ਗਰਮੀ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਲਗਾਉਂਦੇ ਹੋਏ ਮਾਣ ਵਟੋਰਿਆ। ਆਈ ਹੋਈ ਪਬਲਿਕ ਨੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਅਤੇ ਉਨ੍ਹਾਂ ਦੇ ਦਫਤਰ ਵੱਲੋਂ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਕੰਮ ਦੀ ਭਰਪੂਰ ਸ਼ਲਾਘਾ ਕੀਤੀ ।

*ਅਜਨਾਲਾ ਤੋਂ ਪੱਤਰਕਾਰ ਐੱਸ. ਪਰਸ਼ੋਤਮ ਨੂੰ ਉਨ੍ਹਾਂ ਦੀਆਂ ਪੱਤਰਕਾਰੀ ਦੇ ਖੇਤਰ ਵਿੱਚ ਨਿਭਾਈਆਂ ਜ਼ਿੰਮੇਵਾਰਾਨਾ ਸੇਵਾਵਾਂ ਦੇ ਮੱਦੇਨਜ਼ਰ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਸਨਮਾਨਿਤ ਕੀਤਾ ਗਿਆ। (ਫੋਟੋ ਤੇ ਵੇਰਵਾ : ਸੁਖਵੰਤ ਚੇਤਨਪੁਰੀ)*



# 100 ਦਿਨਾਂ 'ਚ 78.52 ਕਰੋੜ ਦੀਆਂ ਜਾਇਦਾਦਾਂ ਫਰੀਜ਼, 13.03 ਕਰੋੜ ਡਰੱਗ ਮਨੀ ਬਰਾਮਦ : ਰੰਧਾਵਾ

### * 627 ਕਿੱਲੋਗਰਾਮ ਹੈਰੋਇਨ, 252 ਕਿੱਲੋਗਰਾਮ ਅਫੀਮ ਤੇ 26.51 ਲੱਖ ਨਸ਼ੀਲੀਆਂ ਗੋਲੀਆਂ ਜ਼ਬਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਲਗਾਤਾਰ ਸਫਲਤਾ ਮਿਲ ਰਹੀ ਹੈ ਅਤੇ ਇਸ ਮੁਹਿੰਮ ਤਹਿਤ ਪੰਜਾਬ ਪੁਲਸ ਨੇ ਪਿਛਲੇ 100 ਦਿਨਾਂ ਦੌਰਾਨ 157 ਨਸ਼ਾ ਤਸਕਰਾਂ ਦੀਆਂ 78.52 ਕਰੋੜ ਰੁਪਏ ਦੀਆਂ ਗੈਰ-ਕਾਨੂੰਨੀ ਤੌਰ 'ਤੇ ਪ੍ਰਾਪਤ ਕੀਤੀਆਂ ਜਾਇਦਾਦਾਂ ਨੂੰ ਫਰੀਜ਼ ਕੀਤਾ ਹੈ ਅਤੇ 13.03 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਹ ਪ੍ਰਗਟਾਵਾ ਕਰਦਿਆਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ



ਦੀਆਂ ਹਦਾਇਤਾਂ ਤਹਿਤ ਪੰਜਾਬ ਪੁਲਸ ਵੱਲੋਂ 1 ਮਾਰਚ, 2025 ਨੂੰ ਇਸ ਨਸ਼ਾ ਵਿਰੋਧੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਸੀ ਅਤੇ ਸੂਬੇ ਦੇ ਸਾਰੇ 28 ਪੁਲਸ ਜ਼ਿਲ੍ਹਿਆਂ ਵਿੱਚ ਰੋਜ਼ਾਨਾ ਇੱਕੋ ਸਮੇਂ ਆਪ੍ਰੇਸ਼ਨ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ। ਵਿਧਾਇਕ ਰੰਧਾਵਾ ਨੇ ਦੱਸਿਆ ਕਿ 48 ਵੱਡੇ ਹਵਾਲਾ ਸੰਚਾਲਕਾਂ ਦੀ ਗ੍ਰਿਫਤਾਰੀ ਨਾਲ ਹਵਾਲਾ ਨੈੱਟਵਰਕ ਨੂੰ ਕਰਾਰਾ ਝਟਕਾ ਦਿੱਤਾ ਗਿਆ ਹੈ, ਜਿਸ ਦੇ ਨਤੀਜੇ ਵਜੋਂ 13.03 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਤੌਰ 'ਤੇ ਹਾਸਲ ਕੀਤੀਆਂ ਜਾਇਦਾਦਾਂ ਨੂੰ ਫਰੀਜ਼ ਕਰਨ ਅਤੇ ਡਰੱਗ ਮਨੀ ਜ਼ਬਤ ਕਰਨ ਨਾਲ ਨਸ਼ਾ ਤਸਕਰਾਂ ਦੇ ਆਰਥਿਕ ਢਾਂਚੇ ਅਤੇ ਉਨ੍ਹਾਂ ਦੇ ਨੈੱਟਵਰਕ ਨੂੰ ਵੱਡਾ ਝਟਕਾ ਲੱਗਾ ਹੈ, ਜਿਸ ਨਾਲ ਉਨ੍ਹਾਂ ਦੇ ਫੰਡਿੰਗ ਚੈਨਲਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਟ ਹੋਏ ਹਨ ਅਤੇ ਉਨ੍ਹਾਂ ਦੀ ਕਾਰਜਸ਼ੀਲਤਾ ਘਟ ਗਈ ਹੈ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 100 ਦਿਨਾਂ ਦੇ ਵੇਰਵੇ ਸਾਂਝੇ ਕਰਦਿਆਂ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਪੰਜਾਬ ਪੁਲਸ ਨੇ 1 ਮਾਰਚ, 2025 ਤੋਂ ਹੁਣ ਤੱਕ 9693 ਐੱਫਆਈਆਰਜ਼ ਦਰਜ ਕੀਤੀਆਂ ਹਨ ਅਤੇ 16,533 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 627 ਕਿੱਲੋਗਰਾਮ ਹੈਰੋਇਨ, 252 ਕਿੱਲੋਗਰਾਮ ਅਫੀਮ, 15 ਟਨ ਭੁੱਕੀ, 9 ਕਿੱਲੋਗਰਾਮ ਚਰਸ, 264 ਕਿੱਲੋਗਰਾਮ ਗਾਂਜਾ, 2.7 ਕਿੱਲੋਗਰਾਮ ਆਈਸੀਈ, 2.6 ਕਿੱਲੋਗਰਾਮ ਕੋਕੀਨ ਅਤੇ 26.51 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਬਰਾਮਦ ਕੀਤੇ ਗਏ ਹਨ। ਇਸ ਦੌਰਾਨ ਪੰਜਾਬ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਤਿੰਨ-ਪੱਖੀ ਰਣਨੀਤੀ-ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) ਲਾਗੂ ਕੀਤੀ ਹੈ ਅਤੇ ਰਾਜ ਸਰਕਾਰ ਵੱਲੋਂ ਡੀ-ਐਡਿਕਸ਼ਨ ਤਹਿਤ ਨਸ਼ੇ ਦੀ ਆਦਤ ਦੇ ਸ਼ਿਕਾਰ ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਇਲਾਜ ਲਈ ਭਰਤੀ ਵੀ ਕੀਤਾ ਜਾ ਰਿਹਾ ਹੈ।

# ਸਤਿਗੁਰੂ ਕਬੀਰ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਫੱਜੂਪੁਰ ਤੋਂ ਨਗਰ ਕੀਰਤਨ ਸਜਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪ੍ਰਬੰਧਕ ਕਮੇਟੀ ਸਤਿਗੁਰ ਕਬੀਰ ਮੰਦਿਰ (ਰਜਿ.) ਫੱਜੂਪੁਰ, ਧਾਰੀਵਾਲ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਤਿਗੁਰੂ ਕਬੀਰ ਜੀ ਦੇ 627ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ। ਇਹ ਨਗਰ ਕੀਰਤਨ ਸਤਿਗੁਰੂ ਕਬੀਰ ਮੰਦਿਰ ਫੱਜੂਪੁਰ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਕਬੀਰ ਬਾਣੀ ਗ੍ਰੰਥ ਦੀ ਅਗਵਾਈ ਸਜਾਇਆ ਗਿਆ। ਨਗਰ ਕੀਰਤਨ ਕਬੀਰ ਕਬੀਰ ਮੰਦਿਰ ਫੱਜੂਪੁਰ ਤੋਂ ਆਰੰਭ ਹੋ ਕੇ ਪਿੰਡ ਫੱਤੇਨੰਗਲ, ਪਿੰਡ ਲੇਹਲ, ਜਫਰਵਾਲ ਰੋਡ, ਪਿੰਡ ਦੀਨਪੁਰ, ਪਿੰਡ ਅਹਿਮਦਾਬਾਦ, ਬੇਦੀ ਕਲੋਨੀ ਧਾਰੀਵਾਲ, ਦਾਣਾ ਮੰਡੀ ਰੋਡ ਚੌਕ ਫੱਜੂਪੁਰ ਆਦਿ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਵਾਪਿਸ ਆਰੰਭਿਕ ਸਥਾਨ ਵਿਖੇ ਪਹੁੰਚ ਕੇ ਸਮਾਪਤ ਹੋਇਆ। ਨਗਰ ਕੀਤਰਨ ਦੌਰਾਨ ਰਾਗੀ ਜਥਾ ਭਗਤ ਦੀਨਾ ਨਾਥ ਅਤੇ ਰਾਗੀ ਜਥਾ ਭਾਈ ਹਰਿੰਦਰਪਾਲ ਸਿੰਘ ਨੇ ਕਬੀਰ ਬਾਣੀ ਦੇ ਸ਼ਬਦ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਨਗਰ 'ਚ ਸ਼ਾਮਲ ਸੰਗਤਾਂ ਕਬੀਰ ਸਾਹਿਬ ਦੀ ਮਹਿਮਾ ਦਾ ਗੁਣਗਾਨ ਕਰ ਰਹੀਆਂ ਸਨ। ਨਗਰ ਕੀਰਤਨ ਵਿੱਚ ਕਬੀਰ ਮੰਦਿਰ ਕਮੇਟੀ ਫੱਜੂਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ



ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮਪਾਲ ਅਹਿਮਦਾਬਾਦ, ਨੰਬਰਦਾਰ ਕੀਮਤੀ ਲਾਲ, ਸੁਭਾਸ਼ ਚੰਦਰ ਸੀਐੱਚਟੀ, ਹਰੀ ਰਾਮ ਭਗਤ, ਸਾਈਂ ਦਾਸ ਭਗਤ, ਪ੍ਰੇਮ ਸਿੰਘ ਬੇਦੀ ਕਲੋਨੀ, ਰਾਜ ਕੁਮਾਰ ਥਾਣੇਦਾਰ, ਪ੍ਰੇਮਪਾਲ ਨੰਬਰਦਾਰ ਲੇਹਲ, ਕੁੰਦਨ ਲਾਲ ਸੇਵਾਦਾਰ, ਹਰਮੀਤ ਭਗਤ, ਬਲਵਿੰਦਰ ਬਿੰਦਾ, ਤਲਵਿੰਦਰ ਪਾਲ ਹੈਪੀ, ਇੰਸਪੈਕਟਰ ਚੂਨੀ ਲਾਲ ਆਦਿ ਪ੍ਰਬੰਧਕ ਸੇਵਾਦਾਰਾਂ ਤੋਂ ਇਲਾਵਾ ਬਸਪਾ ਦੇ ਜ਼ਿਲ੍ਹਾ ਪ੍ਰਧਾਨ ਜੇ. ਪੀ. ਭਗਤ, ਸੰਸਥਾ ਵਾਈਸ ਆਫ਼ ਧਾਰੀਵਾਲ ਦੇ ਕਨਵੀਨਰ ਡਾ. ਕਮਲਜੀਤ ਸਿੰਘ ਕੇਜੇ, ਨਗਰ ਕੌਂਸਲ ਧਾਰੀਵਾਲ ਪ੍ਰਧਾਨ ਅਸ਼ਵਨੀ ਦੁੱਗਲ, ਸਰਪੰਚ ਰਾਮ ਸਵਰੂਪ ਫੱਜੂਪੁਰ, ਸਰਪੰਚ ਰਚਨਾ ਭਗਤ ਦੀਨਪੁਰ, ਸਰਪੰਚ ਜਸਬੀਰ ਕੌਰ ਅਹਿਮਦਾਬਾਦ, ਸਰਪੰਚ ਮੀਰਾਂ ਕੁਮਾਰੀ ਲੇਹਲ, ਗੁਰਮੀਤ ਸਿੰਘ ਅਹਿਮਦਾਬਾਦ, ਜਤਿੰਦਰ ਭਗਤ, ਠੇਕੇਦਾਰ ਰਾਕੇਸ਼ ਕੁਮਾਰ ਲੇਹਲ, ਸੁਖਦੇਵ ਸਿੰਘ ਸਾਬਕਾ ਸਰਪੰਚ, ਮਾਸਟਰ ਜਨਕ ਰਾਜ, ਦੇਸ ਰਾਜ ਭਗਤ, ਬਲਵਿੰਦਰ ਖੁੰਡੀ, ਐੱਸਡੀਓ ਚਮਨ ਲਾਲ ਸੋਹਲ, ਕੈਪਟਨ ਸੱਤਪਾਲ ਸੋਹਲ,ਰਾਮ ਕ੍ਰਿਸ਼ਨ ਆਦਿ ਮੁਹਤਬਰ ਅਤੇ ਪਤਵੰਤਿਆਂ ਸਮੇਤ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

# ਟਰੈਂਡ ਗਾਰਮੈਂਟ ਨੇ ਠੰਡੇ-ਮਿੱਠੇ ਜਲ ਦੀ ਛਬੀਲ ਤੇ ਲੰਗਰ ਲਗਾਇਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਟਰੈਂਡ ਗਾਰਮੈਂਟ ਬੁਟਰ ਰੋਡ ਕਾਦੀਆਂ ਵੱਲੋਂ ਦਾਲ ਫੁਲਕੇ ਦਾ ਵਿਸ਼ਾਲ ਲੰਗਰ ਅਤੇ ਠੰਡੇ ਜਲ ਦੀ ਛਬੀਲ ਲਗਾਈ ਗਿਈ ਜਿਸ ਦਾ ਉਦਘਾਟਨ ਭਾਰਤੀ ਜਨਤਾ ਪਾਰਟੀ ਮੰਡਲ



ਕਾਦੀਆਂ ਦੇ ਨਵ ਨਿਯੁਕਤ ਪ੍ਰਧਾਨ ਗੁਲਸ਼ਨ ਵਰਮਾ ਨੇ ਕੀਤਾ।ਇਸ ਮੌਕੇ ਇਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਗੁਰਦਾਸਪੁਰ ਦੀ ਵਾਈਸ ਪ੍ਰਧਾਨ ਕੁਲਵਿੰਦਰ ਕੌਰ ਗੋਰਾਇਆ, ਗੁਰਜੀਤ ਸਿੰਘ ਰਿੰਕੂ, ਮਲਹੋਤਰਾ ਹਾਰਡ ਵੇਅਰ ਦੇ ਸ਼੍ਰੀ ਮਲਹੋਤਰਾ ਹਾਜ਼ਰ ਸਨ।ਇਸ ਮੌਕੇ ਭਾਜਪਾ ਪ੍ਰਧਾਨ ਗੁਲਸ਼ਨ ਵਰਮਾ ਨੇ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ ਪੀਰਾਂ ਦੀ ਪਵਿੱਤਰ ਧਰਤੀ ਹੈ ਅਤੇ ਇਥੇ ਲੰਗਰਾਂ ਦੀ ਸੇਵਾ ਹਮੇਸ਼ਾ ਹੀ ਚੱਲਦੀ ਰਹਿੰਦੀ ਹੈ।ਇਸ ਮੌਕੇ ਤਿਲਕ ਰਾਜ ਮੁਨੀਮ, ਸੋਨੂ ਟਰੈਂਡ, ਰਮੇਸ਼ ਚੰਦਰ ਜੰਮੂ, ਬਲਦੇਵ ਰਾਜ ਜੰਮੂ, ਮੋਨੂੰ ਟਾਂਕ, ਨਿਤਿਨ ਕੁਮਾਰ, ਰਾਜਬੀਰ, ਰਮਨ ਕੁਮਾਰ, ਗੋਲਡੀ ਜੰਮੂ, ਬੰਟੀ ਠੇਕੇਦਾਰ ਭੈਣੀ ਬਾਂਗਰ ਅਤੇ ਪੂਰਨ ਚੰਦ ਪੁਰੀ ਹਾਜ਼ਰ ਸਨ।

# ਸਰਕਾਰ ਝੋਨੇ ਦੀ ਬਿਜਾਈ ਦੌਰਾਨ ਨਿਰਵਿਘਨ ਬਿਜਲੀ ਮੁਹੱਈਆ ਕਰਵਾਉਣ ਲਈ ਵਚਨਬੱਧ : ਸ਼ੈਰੀ ਕਲਸੀ

ਬਟਾਲਾ, (ਤਰਲੋਕ ਬੱਗਾ/ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਝੋਨੇ ਦੀ ਬਿਜਾਈ ਦੇ ਸੀਜ਼ਨ ਦੌਰਾਨ ਨਿਰਵਿਘਨ ਅਤੇ ਲੋੜੀਂਦੀ ਬਿਜਲੀ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਝੋਨੇ ਦੇ ਮੌਜੂਦਾ ਸੀਜ਼ਨ ਦੌਰਾਨ ਸਾਡੇ ਕਿਸਾਨਾਂ ਦੀ ਸਹਾਇਤਾ ਲਈ ਲੋੜੀਂਦੇ ਕਦਮ ਚੁੱਕੇ ਗਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਪਾਵਰਕਾਮ ਵਿਭਾਗ ਵੱਲੋਂ ਸੂਬੇ ਵਿਚ ਝੋਨੇ ਦੀ ਬਿਜਾਈ ਲਈ ਪੜਾਅਵਾਰ ਸਮਾਂ-ਸਾਰਣੀ ਅਪਣਾਈ ਗਈ ਹੈ।ਇਸ ਸਮਾਂ ਸਾਰਣੀ ਵਿੱਚ ਝੋਨੇ ਦੀ ਸਿੱਧੀ ਬਿਜਾਈ (ਡੀਐੱਸਆਰ) ਵੀ ਸ਼ਾਮਲ ਹੈ। ਸਰਕਾਰ ਦੇ ਨਿਰਦੇਸ਼ਾਂ ਅਨੁਸਾਰ, 15 ਮਈ ਤੋਂ 31 ਮਈ, 2025 ਤੱਕ ਡੀਐਸਆਰ ਦੀ ਆਗਿਆ ਦਿੱਤੀ ਗਈ ਸੀ, ਇਸ ਦੇ ਨਾਲ ਹੀ ਜ਼ਿਲ੍ਹਿਆਂ ਵਿੱਚ ਪੜਾਅਵਾਰ ਢੰਗ ਨਾਲ ਬਿਜਾਈ ਸ਼ੁਰੂ ਕੀਤੀ ਗਈ।ਉਨਾਂ ਅੱਗੇ ਦੱਸਿਆ ਕਿ ਖੇਤੀਬਾੜੀ ਲਈ ਇਸ ਮਹੱਤਵਪੂਰਨ ਸਮੇਂ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਵਿਆਪਕ ਉਪਾਅ ਕੀਤੇ ਗਏ ਹਨ।ਡੀਐਸਆਰ ਅਧੀਨ ਖੇਤਰਾਂ ਨੂੰ 15 ਮਈ ਤੋਂ ਰੋਜ਼ਾਨਾ 8 ਘੰਟੇ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਜਦੋਂ ਕਿ ਝੋਨੇ ਦੀ ਆਮ ਬਿਜਾਈ ਦੇ ਸ਼ਡਿਊਲ ਅਨੁਸਾਰ ਯਕੀਨੀ ਸਪਲਾਈ ਮਿਲ ਰਹੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ, ਰਿਹਾਇਸ਼ੀ ਅਤੇ ਉਦਯੋਗਿਕ ਖੇਤਰਾਂ ਨੂੰ ਨਿਰਵਿਘਨ ਬਿਜਲੀ ਪ੍ਰਦਾਨ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੀਐੱਸਪੀਸੀਐੱਲ ਅਤੇ ਪੀਐੱਸਟੀਸੀਐੱਲ ਦਰਮਿਆਨ ਸਰਗਰਮ ਯੋਜਨਾਬੰਦੀ ਅਤੇ ਤਾਲਮੇਲ ਖੇਤੀਬਾੜੀ ਜ਼ਰੂਰਤਾਂ ਪ੍ਰਤੀ ਸਰਕਾਰ ਦੇ ਕੁਸ਼ਲ ਅਤੇ ਕਿਸਾਨ-ਪੱਖੀ ਪਹੁੰਚ ਦਾ ਪ੍ਰਮਾਣ ਹੈ।



# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** : ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਇੰਡੀਆਨਾ ਯੂਐੱਸਏ (ਇੰਚਾਰਜ ਬੁੱਢਾ ਦਲ ਯੂਐੱਸਏ) ਚਲਦਾ ਵਹੀਰ ਚੱਕਰਵਰਤੀ ਪੰਜਾਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ ਵੱਲੋਂ ਥਾਪੇ ਗਏ ਗੁਰਦੁਆਰਾ ਸ਼ਹੀਦ ਬਾਬਾ ਅਕਾਲੀ ਫੂਲਾ ਸਿੰਘ ਛਾਉਣੀ ਨਿਹੰਗ ਸਿੰਘਾਂ ਇੰਡੀਆਨਾ ਯੂਐੱਸਏ ਦੇ ਇੰਚਾਰਜ ਜਥੇਦਾਰ ਜਸਵਿੰਦਰ ਸਿੰਘ ਜੱਸ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਜਾਣਕਾਰੀ ਸਾਂਝੀ ਕੀਤੀ ਕਿ ਬੀਤੇ ਦਿਨ ਗੁਰਦੁਆਰਾ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਇੰਡੀਆਨਾ ਯੂਐੱਸਏ ਵਿਖੇ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ 1984 ਦੇ ਸਮੂਹ ਸਿੰਘਾਂ ਸਿੰਘਣੀਆਂ ਦੁੱਧ ਚੁੰਘਦੇ ਬੱਚਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ ਤੋਂ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਗੁਰੂ ਘਰ ਦੇ ਕੀਰਤਨੀ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਗੁਰਬਾਣੀ ਕੀਰਤਨ



ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ ਅਤੇ ਦੀਵਾਨਾਂ ਦੀ ਸਮਾਪਤੀ ਤੋਂ ਉਪਰੰਤ ਗ੍ਰੰਥੀ ਸਿੰਘ ਭਾਈ ਕਸ਼ਮੀਰ ਸਿੰਘ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਆਈਆਂ ਸੰਗਤਾਂ ਲਈ ਵੱਖ-ਵੱਖ ਪਦਾਰਥਾਂ ਦੇ ਲੰਗਰ ਲਗਾਏ ਗਏ।

ਇਸ ਮੌਕੇ ਤੇ ਸਮੂਹ ਇਲਾਕੇ ਦੀਆਂ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੀਆਂ ਗਈਆਂ। ਇਸ ਮੌਕੇ ਚੀਫ ਗੈਸਟ ਰਾਜ ਪ੍ਰਤੀਨਿਧੀ ਕ੍ਰੇਗ ਹੈਗਾਰਡ ਕਮਿਊਨਿਟੀ ਲੀਡਰ ਸਿਡ ਮਹੰਤ ਵੱਲੋਂ ਗੁਰੂ ਸਾਹਿਬ ਦਾ ਅਸ਼ੀਰਵਾਦ ਲਿਆ।


AXIS BANK | Retail Asset Centre: AXIS Bank Ltd, SCO 367-368, SECTOR- 34A, Chandigarh, 160022

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025

Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|
| 1. | 1. ਮੈਸ : ਐੱਸ ਆਰ ਸੁਪਰ ਮਾਰਕਿਟ, ਰਾਹੀਂ ਇਸ ਦੇ ਭਾਈਵਾਲਾਂ, ਸ੍ਰੀ ਰੁਪਿੰਦਰ ਸਿੰਘ ਅਤੇ ਸ੍ਰੀਮਤੀ ਕਿਰਨਪਾਲ ਕੌਰ, ਪਤਾ : 1,15, ਸਾਹਮਣੇ ਧੀਮਾਨ ਕੇਬਲ, ਲਲਹੇੜੀ ਰੋਡ, ਖੰਨਾ, ਲੁਧਿਆਣਾ-141401<br>2. ਸ੍ਰੀ ਰੁਪਿੰਦਰ ਸਿੰਘ ਮਾਰਫਤ ਦਰਸ਼ਨ ਸਿੰਘ, ਪਤਾ : ਨਿਊ ਐੱਸ ਆਰ ਸੁਪਰ ਮਾਰਕਿਟ, ਸਾਹਮਣੇ ਚੌਧਰੀ ਪੈਟਰੋਲ ਪੰਪ, ਮਾਲੇਰਕੋਟਲਾ ਰੋਡ, ਖੰਨਾ, ਲੁਧਿਆਣਾ-141401<br>3. ਸ੍ਰੀਮਤੀ ਕਿਰਨਪਾਲ ਕੌਰ ਮਾਰਫਤ ਸੰਦੀਪ ਸਿੰਘ, ਪਤਾ : ਨਿਊ ਐੱਸ ਆਰ ਸੁਪਰ ਮਾਰਕਿਟ, ਸਾਹਮਣੇ ਚੌਧਰੀ ਪੈਟਰੋਲ ਪੰਪ, ਮਾਲੇਰਕੋਟਲਾ ਰੋਡ, ਖੰਨਾ, ਲੁਧਿਆਣਾ 141401 | 8th-Jan-2025<br>5 ਜੂਨ 2025, ਖੰਨਾ, ਪੰਜਾਬ<br>ਰੁ. 6,99,116/- (ਛੇ ਲੱਖ ਨੜਿੰਨਵੇਂ ਹਜ਼ਾਰ ਇੱਕ ਸੌ ਸੋਲਾਂ ਰੁਪਏ ਕੇਵਲ) |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ :- ਵਪਾਰਕ ਜਾਇਦਾਦ ਇਕ ਦੁਕਾਨ, ਜ਼ਮੀਨ ਰਕਬਾ OK- 5 ਐੱਮ 'ਤੇ ਨਿਰਮਤ, ਜੋ ਕਿ ਜ਼ਮੀਨ ਰਕਬਾ 3 ਕੇ-4 ਐੱਮ ਦਾ 5/64 ਹਿੱਸਾ ਹੈ, ਖੱਤਾ ਨੰ. 2470/3684, ਖਸਰਾ ਨੰ. 15, ਕਿਲਾ ਨੰ. 2/2/2(3-4) ਮਾਲੀਆ ਅਸਟੇਟ ਖੰਨਾ ਕਲਾਂ, ਹਦਬਸਤ ਨੰ. 223, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਜਸਵੰਤ ਸਿੰਘ ਅਤੇ ਹੋਰ, ਪੱਛਮ : ਸੰਪੂਰਨ ਸਿੰਘ, ਉੱਤਰ : ਸੜਕ, ਦੱਖਣ : ਸੰਪੂਰਨ ਸਿੰਘ। | |
| 2. | 1. ਮੈਸ : ਭਾਰਤੀ ਟਰੇਡਿੰਗ ਰਾਹੀਂ ਇਸ ਦੇ ਮਾਲਕ ਸ੍ਰੀ ਸੁਰੇਸ਼ ਕੁਮਾਰ ਪੁੱਤਰ ਤੁਲਸਾ ਰਾਮ, ਪਤਾ : ਕਸਤੂਰਬਾ ਮੰਦਰ ਕੰਪਲੈਕਸ, ਕੇ ਐੱਸ ਐੱਨ ਰੋਡ, ਰਾਜਪੁਰਾ, ਪਟਿਆਲਾ, ਰਾਜਪੁਰਾ-140401<br>2. ਸ੍ਰੀ ਸੁਰੇਸ਼ ਕੁਮਾਰ ਪੁੱਤਰ ਤੁਲਸਾ ਰਾਮ, ਪਤਾ : 3246 ਏ, ਗੁਰਦੁਆਰਾ ਸਿੰਘ ਸਭਾ ਰਾਜਪੁਰਾ ਦੇ ਪਿਛਲੇ ਪਾਸੇ, ਪਟਿਆਲਾ, ਰਾਜਪੁਰਾ-140401<br>3. ਸ੍ਰੀ ਤੁਲਸਾ ਰਾਮ ਪੁੱਤਰ ਖਿੱਲੂ ਰਾਮ, ਪਤਾ : 3246 ਏ, ਗੁਰਦੁਆਰਾ ਸਿੰਘ ਸਭਾ ਰਾਜਪੁਰਾ ਦੇ ਪਿਛਲੇ ਪਾਸੇ, ਪਟਿਆਲਾ, ਰਾਜਪੁਰਾ-140401 | 13th-Feb-2025<br>5 ਜੂਨ 2025, ਰਾਜਪੁਰਾ, ਪੰਜਾਬ<br>ਰੁ. 24,60,902/- (ਚੌਵੀ ਲੱਖ ਸੱਠ ਹਜ਼ਾਰ ਨੌਂ ਸੌ ਦੋ ਰੁਪਏ ਕੇਵਲ) |
| | ਬੈਨਾਮਾ ਵਸੀਕਾ ਨੰ. 2955 ਮਿਤੀ 04.08.2023 ਅਨੁਸਾਰ ਰਜਿਸਟਰਡ ਵਪਾਰਕ ਜਾਇਦਾਦ ਦੁਕਾਨ ਨੰ. 3212 ਏ ਨਾਲ ਸੰਬੰਧਤ, ਰਾਜਪੁਰਾ, ਗੁਰਦੁਆਰਾ ਸਿੰਘ ਸਭਾ ਰਾਜਪੁਰਾ, ਤਹਿਸੀਲ ਰਾਜਪੁਰਾ, ਜ਼ਿਲ੍ਹਾ ਪਟਿਆਲਾ, ਰਕਬਾ 16.8/9 ਵਰਗ ਗਜ਼ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਸੜਕ ਸਾਈਡ 13'6", ਪੱਛਮ : ਮਕਾਨ ਨੰ. 3212 13'6", ਉੱਤਰ : ਮਕਾਨ ਨੰ. 3212 11'-3", ਦੱਖਣ : ਸੜਕ ਸਾਈਡ 11'-3" | |

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 11.06.2025, ਸਥਾਨ : ਪਟਿਆਲਾ, ਲੁਧਿਆਣਾ ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

11 Jun Page-12.qxd 6/10/2025 9:09 PM Page 1



## ਰਾਸ਼ਟਰਪਤੀ ਦੇ ਨਾਂਅ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ

**ਜਲੰਧਰ (ਨ ਜ਼ ਸ)**- ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਬੈਨਰ ਹੇਠ ਖੇਤ ਮਜ਼ਦੂਰਾਂ ਅਤੇ ਹੋਰ ਪੇਂਡੂ ਮਜ਼ਦੂਰਾਂ ਦੀਆਂ ਮੰਗਾਂ ਮਨਵਾਉਣ ਲਈ ਰਾਸ਼ਟਰਪਤੀ ਨੂੰ ਡਿਪਟੀ ਕਮਿਸ਼ਨਰਾਂ ਰਾਹੀਂ ਦਿੱਤੇ ਜਾਣ ਵਾਲੇ ਮੰਗ ਪੱਤਰ ਦੇ ਪ੍ਰੋਗਰਾਮ ਅਨੁਸਾਰ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂਆਂ ਵੱਲੋਂ ਡਿਪਟੀ ਕਮਿਸ਼ਨਰ ਜਲੰਧਰ ਨੂੰ ਮੰਗ ਪੱਤਰ ਦਿੱਤਾ ਗਿਆ। ਡੀ ਸੀ ਦੀ ਗੈਰ ਮੌਜੂਦਗੀ ਵਿੱਚ ਇਹ ਮੰਗ ਪੱਤਰ ਸਹਾਇਕ ਕਮਿਸ਼ਨਰ (ਜਨਰਲ) ਰੋਹਿਤ ਜਿੰਦਲ (ਪੀ ਸੀ ਐੱਸ) ਨੇ ਪ੍ਰਾਪਤ ਕੀਤਾ। ਮੰਗ ਪੱਤਰ ਵਿੱਚ ਸ਼ਾਮਲ ਮੰਗਾਂ ਵਿੱਚ ਖੇਤ ਮਜ਼ਦੂਰਾਂ ਲਈ ਇੱਕ ਵਿਆਪਕ ਕੇਂਦਰੀ ਕਾਨੂੰਨ ਬਣਾਉਣਾ, ਵਿਧਾਨਕ ਭਲਾਈ ਬੋਰਡ ਦਾ ਗਠਨ, ਵਾਧੂ ਜ਼ਮੀਨ ਬੇਜ਼ਮੀਨੇ ਦਲਿਤਾਂ ਤੇ ਹੋਰ ਵਰਗਾਂ 'ਚ ਵੰਡਣਾ, ਮਨਰੇਗਾ ਸਕੀਮ ਨੂੰ ਸਹੀ ਤਰ੍ਹਾਂ ਲਾਗੂ ਕਰਨਾ, ਖੇਤ ਮਜ਼ਦੂਰਾਂ ਨੂੰ 55 ਸਾਲ ਦੀ ਉਮਰ ਵਿੱਚ 10 ਹਜ਼ਾਰ ਰੁਪਏ ਪੈਨਸ਼ਨ ਲਾਉਣਾ, ਅਵਾਸ ਯੋਜਨਾ ਤਹਿਤ 10 ਲੱਖ ਰੁਪਏ ਪ੍ਰਤੀ ਯੂਨਿਟ ਕਰਨਾ, ਕੇਰਲਾ ਮਾਡਲ 'ਤੇ ਯੂਨੀਵਰਸਲ ਹੈਲਥ ਕੇਅਰ ਸਿਸਟਮ ਲਾਗੂ ਕਰਨਾ, ਸਭ ਲਈ ਗੁਣਵੱਤਾ ਵਾਲੀ ਸਿੱਖਿਆ ਨੂੰ ਮੁਫ਼ਤ ਯਕੀਨੀ ਬਣਾਉਣਾ, ਐੱਸ ਸੀ ਐੱਸ ਟੀ (ਅੱਤਿਆਚਾਰ ਰੋਕੂ) ਐਕਟ ਨੂੰ ਸਖ਼ਤੀ ਨਾਲ ਲਾਗੂ ਕਰਨਾ, ਨਿੱਜੀ ਖੇਤਰਾਂ ਵਿੱਚ ਰਾਖਵਾਂਕਰਨ



ਲਾਜ਼ਮੀ ਕਰਨਾ, ਕੇਂਦਰੀ ਬੱਜਟ ਵਿੱਚ ਐੱਸ ਸੀ/ਐੱਸ ਟੀ ਦੀ ਉਪ ਯੋਜਨਾ ਲਈ ਫੰਡ ਨਿਰਧਾਰਤ ਕਰਨ ਨੂੰ ਯਕੀਨੀ ਬਣਾਉਣਾ ਅਤੇ ਦੇਸ਼ ਵਿਆਪੀ ਜਾਤੀ ਜਨਗਣਨਾ ਆਮ ਜਨਗਣਨਾ ਦੇ ਨਾਲ ਕਰਵਾਉਣਾ ਸ਼ਾਮਲ ਹਨ। ਮੰਗ ਪੱਤਰ ਦੇਣ ਮੌਕੇ ਗਿਆਨ ਸੈਦਪੁਰੀ, ਵੀਰ ਕੁਮਾਰ, ਰਸ਼ਪਾਲ ਕੈਲੇ, ਬੀਬੀ ਕਸ਼ਮੀਰ ਕੁਰੈਸ਼ੀ, ਜਗੀਰ ਸਿੰਘ ਮੁਆਈ, ਸੁਨੀਲ ਕੁਮਾਰ, ਸਿਕੰਦਰ ਸੰਧੂ, ਪਰਵਿੰਦਰ ਫਲਪੋਤਾ, ਸੋਢੀ ਰਾਮ ਕਤਪਾਲੋਂ, ਨਿਰਮਲ ਦੇਵੀ ਅਤੇ ਚਰਨਜੀਤ ਕੈਲੇ ਮੌਜੂਦ ਸਨ।

## ਕੇਂਦਰੀ ਟੀਮ ਵੱਲੋਂ ਮੀਂਹ ਦੇ ਪਾਣੀ ਦੀ ਸੰਭਾਲ ਲਈ ਕੀਤੇ ਜਾ ਰਹੇ ਕਾਰਜਾਂ ਦੀ ਸਮੀਖਿਆ

**ਨਵਾਂਸ਼ਹਿਰ (ਮਨੋਜ ਲਾਡੀ)**- ਮੀਂਹ ਦੇ ਪਾਣੀ ਦੀ ਸੰਭਾਲ ਅਤੇ ਸੁਚੱਜੇ ਪ੍ਰਬੰਧਨ ਲਈ ਜਲ ਸ਼ਕਤੀ ਮੰਤਰਾਲੇ ਵੱਲੋਂ ਜਲ ਸ਼ਕਤੀ ਅਭਿਆਨ ਤਹਿਤ ਸ਼ੁਰੂ ਕੀਤੇ 'ਕੈਚ ਦੀ ਰੇਨ' ਪ੍ਰੋਗਰਾਮ-2025 ਲਈ ਕੇਂਦਰੀ ਟੀਮ ਵੱਲੋਂ ਸੋਮਵਾਰ ਨਵਾਂਸ਼ਹਿਰ ਦਾ ਦੌਰਾ ਕਰਕੇ ਜ਼ਿਲ੍ਹੇ ਅੰਦਰ ਪਾਣੀ ਦੀ ਸੰਭਾਲ ਲਈ ਉਸਾਰੇ ਗਏ ਪ੍ਰੋਜੈਕਟਾਂ ਦੀ ਸਮੀਖਿਆ ਕੀਤੀ ਗਈ। ਕੇਂਦਰੀ ਟੀਮ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸਥਾਰਤ ਮੀਟਿੰਗ ਕਰਕੇ ਜ਼ਿਲ੍ਹੇ ਅੰਦਰ ਵੱਖ ਵੱਖ ਵਿਭਾਗਾਂ ਵਲੋਂ ਸਾਲ 2024-25 ਦੌਰਾਨ ਕੀਤੇ ਕਾਰਜਾਂ ਦੀ ਜਾਣਕਾਰੀ ਵੀ ਹਾਸਲ ਕੀਤੀ ਗਈ। ਕੇਂਦਰੀ ਟੀਮ ਤੋਂ ਆਏ ਉਦਯੋਗ ਵਿਭਾਗ ਦੇ ਡਾਇਰੈਕਟਰ ਅਤੇ ਜਲ ਸ਼ਕਤੀ ਪ੍ਰੋਗਰਾਮ ਦੇ ਕੇਂਦਰੀ ਤਕਨੀਕੀ ਨੋਡਲ ਅਧਿਕਾਰੀ ਸੁਰੇਸ਼ਵਰ ਸਿੰਘ ਬੋਨਾਲ ਅਤੇ ਕੇਂਦਰੀ ਜਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਵਿਕਰਮ ਗਰਗ ਨੇ ਜ਼ਿਲ੍ਹੇ ਵਿਚ 'ਕੈਚ ਦੀ ਰੇਨ' ਤਹਿਤ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦਾ ਜਾਇਜ਼ਾ ਲਿਆ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਹੁੰਚਣ 'ਤੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨਾਲ ਮੁਲਾਕਾਤ ਉਪਰੰਤ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਵਨੀਤ ਕੌਰ ਨੇ ਟੀਮ ਨੂੰ ਜਲ ਸ਼ਕਤੀ ਅਭਿਆਨ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਮੀਂਹ ਦੇ ਪਾਣੀ ਦੀ ਸੰਭਾਲ ਲਈ 18 ਚੈੱਕ ਡੈਮਾਂ ਦੀ ਉਸਾਰੀ ਕੀਤੀ ਗਈ ਹੈ। ਇਸ ਤੋਂ ਇਲਾਵਾ 119 ਨੂੰ ਰੀਚਾਰਜਿੰਗ ਸਟਰਕਚਰ ਉਸਾਰ ਕੇ ਬਰਸਾਤੀ ਪਾਣੀ ਨੂੰ ਧਰਤੀ ਹੇਠ ਰਿਚਾਰਜ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜ਼ਿਲ੍ਹੇ ਅੰਦਰ 227 ਟੋਭਿਆਂ ਨੂੰ ਸਾਫ ਕਰਕੇ ਰੀਚਾਰਜਿੰਗ ਯੋਗ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਗਤੀਵਿਧੀਆਂ ਤਹਿਤ ਹੀ ਜ਼ਿਲ੍ਹੇ ਅੰਦਰ ਲਗਭਗ ਚਾਰ ਲੱਖ ਬੂਟੇ ਲਗਾਏ ਗਏ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਲ 2025-26 ਦੌਰਾਨ ਜ਼ਿਲ੍ਹੇ ਅੰਦਰ 51 ਚੈੱਕ ਡੈਮਾਂ ਦੀ ਉਸਾਰੀ ਦਾ ਟੀਚਾ ਰੱਖਿਆ ਗਿਆ ਹੈ ਜਿਸ ਵਿੱਚੋਂ 12 ਮੁਕੰਮਲ ਕਰ ਲਏ ਗਏ ਹਨ। ਸ਼ਹੀਦ ਭਗਤ ਸਿੰਘ ਨਗਰ ਵਿਖੇ 40 ਰੂਫ ਟਾਪ ਰੇਨ ਵਾਟਰ ਰੀਚਾਰਜਿੰਗ ਸਟਰਕਚਰ ਅਤੇ 71 ਸੋਕ ਪਿਟ ਵੀ ਬਣਾਏ ਗਏ ਹਨ। ਮੀਟਿੰਗ ਵਿੱਚ ਜ਼ਿਲ੍ਹੇ ਅੰਦਰ ਪਾਣੀ ਦੀ ਸੰਭਾਲ ਲਈ ਵੱਖ-ਵੱਖ ਵਿਭਾਗਾਂ ਵਲੋਂ ਕੀਤੇ ਉਪਰਾਲਿਆਂ ਸੰਬੰਧੀ ਤਿਆਰ ਕੀਤੀ ਪੀ.ਪੀ.ਟੀ. ਵੀ ਦਿਖਾਈ ਗਈ। ਮੀਟਿੰਗ ਦੌਰਾਨ ਵਣ-ਮੰਡਲ ਅਧਿਕਾਰੀ ਹਰਭਜਨ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨਿਧੀ ਸਿਨਹਾ, ਉਪਮੰਡਲ ਭੂਮੀ ਰੱਖਿਆ ਅਫਸਰ ਕ੍ਰਿਸ਼ਨ ਦੁੱਗਲ, ਸਹਾਇਕ ਡਾਇਰੈਕਟਰ ਬਾਗਵਾਨੀ ਰਾਜੇਸ਼ ਕੁਮਾਰ, ਹਰਵਿੰਦਰ ਸਿੰਘ, ਜ਼ਿਲ੍ਹੇ ਦੇ ਸਮੂਹ ਬੀ.ਡੀ.ਪੀ.ਓਜ਼ ਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

**2025-26 'ਚ 51 ਚੈੱਕ ਡੈਮਾਂ ਦੀ ਉਸਾਰੀ ਦਾ ਟੀਚਾ ਰੱਖਿਆ**

## ਕੁੱਲ ਹਿੰਦ ਕਿਸਾਨ ਸਭਾ ਤੇ ਭਰਾਤਰੀ ਜੱਥੇਬੰਦੀਆਂ ਵੱਲੋਂ ਵਿਸ਼ਾਲ ਰੈਲੀ

**ਮਹਿਤਪੁਰ (ਰਾਜਾ)**- ਇੱਥੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੰਦੀਪ ਅਰੋੜਾ 'ਤੇ ਕੀਤੇ ਝੂਠੇ ਪਰਚੇ 'ਤੇ ਡੀ ਐਸ ਪੀ ਸ਼ਾਹਕੋਟ ਦੇ ਇਸ਼ਾਰਿਆਂ ਤੇ ਮਹਿਤਪੁਰ ਪੁਲਸ ਵੱਲੋਂ ਕੀਤੇ ਜਾ ਰਹੇ ਪੁਲਸ ਜਬਰ ਖਿਲਾਫ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਸੰਦੀਪ ਅਰੋੜਾ, ਬਲਵਿੰਦਰ ਸਿੰਘ ਤੇ ਸਤਨਾਮ ਸਿੰਘ ਦੇ ਪ੍ਰਧਾਨਗੀ ਮੰਡਲ ਹੇਠ ਦਾਣਾ ਮੰਡੀ ਮਹਿਤਪੁਰ ਵਿੱਚ ਇੱਕ ਵਿਸ਼ਾਲ ਰੈਲੀ ਕੀਤੀ ਗਈ।



ਜਿਸ ਵਿੱਚ ਸੰਯੁਕਤ ਮੋਰਚੇ ਦੇ ਪਰਮੁੱਖ ਆਗੂ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਸੂਬਾ ਮੀਤ ਸਕੱਤਰ ਲਖਵੀਰ ਸਿੰਘ ਨਿਜਾਮਪੁਰ, ਸੂਬਾ ਮੀਤ ਪ੍ਰਧਾਨ ਸੂਬਾ ਸੂਰਤ ਸਿੰਘ ਧਰਮਕੋਟ, ਸੂਬਾਈ ਆਗੂਆਂ ਬਲਕਾਰ ਸਿੰਘ ਵਲਟੋਹਾ, ਚਮਕੌਰ ਸਿੰਘ ਬੀਰਮੀ, ਜਸਵੀਰ ਸਿੰਘ ਝੱਜ ਲੁਧਿਆਣਾ, ਰਾਜਵਿੰਦਰ ਸਿੰਘ ਰਾਣਾ, ਮੁਕੰਦ ਸਿੰਘ ਕਪੂਰਥਲਾ, ਤਰਲੋਕ ਸਿੰਘ ਭਬਿਆਣਾ, ਮਾਸਟਰ ਚਰਨ ਸਿੰਘ, ਅਮਰਜੀਤ ਸਿੰਘ ਸੁਲਤਾਨਪੁਰ ਲੋਧੀ, ਦਿਲਬਾਗ ਸਿੰਘ ਚੰਦੀ, ਰਜਿੰਦਰ ਹੈਪੀ, ਮਨਦੀਪ ਸਿੱਧੂ, ਮਜ਼ਦੂਰ ਆਗੂ ਸਿਕੰਦਰ ਸੰਧੂ, ਸੁਨੀਲ ਕੁਮਾਰ ਤੇ ਵੀਰ ਕੁਮਾਰ ਕਰਤਾਰਪੁਰ, ਕਾਮਰੇਡ ਸੁਰਿੰਦਰ ਖੀਵਾ, ਸੋਢੀ ਹੰਸ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਨੇ ਕਿਹਾ ਕਿ ਡੀ ਐਸ ਪੀ ਸ਼ਾਹਕੋਟ ਤੇ ਐਸ ਐਚ ਓ ਮਹਿਤਪੁਰ ਨੇ ਮੋਟੀ ਰਿਸ਼ਵਤ ਲੈ ਕੇ ਤੇ ਪੁਰਾਣੀ ਕਿੜ ਕੱਢਦਿਆਂ ਸੰਦੀਪ ਅਰੋੜਾ ਤੇ ਝੂਠਾ ਪਰਚਾ ਦਰਜ ਕੀਤਾ ਹੈ। ਜਿਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਸਗੋਂ ਕਿਸਾਨ ਮੁਜ਼ਾਹਰਾ ਕਰਨ ਤੋਂ ਬਾਅਦ ਮੁੱਖ ਚੌਕ ਵਿੱਚ ਡੀ ਐਸ ਪੀ ਸ਼ਾਹਕੋਟ ਦਾ ਪੁਤਲਾ ਫੂਕਿਆ ਗਿਆ, ਇਸ ਮੌਕੇ ਵਿਕਾਸ ਕੱਕੜ, ਟੀਨੂੰ ਮਿਗਲਾਨੀ, ਅਮਰਦੀਪ ਢਿੱਲੋਂ, ਭਰਾਤਰੀ ਜੱਥੇਬੰਦੀ ਬੀ ਕੇ ਯੂ ਤੋਤੇਵਾਲ ਦੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਖਹਿਰਾ, ਜਸਵੰਤ ਸਿੰਘ ਲੋਹਗੜ੍ਹ, ਸੀ ਪੀ ਆਈ ਐਮ ਪਰਵਿੰਦਰ ਕਾਲਾ ਸ਼ਾਹਕੋਟ, ਕਿਰਤੀ ਕਿਸਾਨ ਯੂਨੀਅਨ ਦੇ ਅਮਨ ਚੀਦਾ ਆਦਿ ਨੇ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਦਿਲਬਾਗ ਸਿੰਘ ਚੰਦੀ ਨੇ ਬਾਖੂਬੀ ਨਿਭਾਈ। ਦੂਜੇ ਪਾਸੇ ਡੀਐਸਪੀ ਸ਼ਾਹਕੋਟ ਨੇ ਕਿਹਾ ਕਿ ਇਹ ਪਰਚਾ ਬਿਲਕੁਲ ਸਹੀ ਹੋਇਆ ਹੈ ਤੇ ਇਨਕੁਆਇਰੀ ਕਰਕੇ ਹੋਇਆ ਹੈ।

## ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ ਜਾਗਰੂਕਤਾ ਕੈਂਪ ਲਾਏ

**ਸ਼ਾਹਕੋਟ (ਗਿਆਨ ਸੈਦਪੁਰੀ)** ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ ਅਧੀਨ ਪਿੰਡ ਪਰਜੀਆਂ ਕਲਾਂ, ਸੋਹਲ ਜਗੀਰ ਅਤੇ ਫਾਜ਼ਲਵਾਲ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ ਜਲੰਧਰ ( ਖੇਤੀਬਾੜੀ ਵਿਭਾਗ) ਵੱਲੋਂ ਜਾਗਰੂਕਤਾ ਕੈਂਪ ਲਾਏ ਗਏ। ਇਹਨਾਂ ਕੈਂਪਾਂ ਵਿੱਚ ਡਾਕਟਰ ਬਲਵੀਰ ਕੌਰ ਸਹਾਇਕ ਪ੍ਰੋਫੈਸਰ ( ਬਾਗਬਾਨੀ) ਨੇ ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਡਾਕਟਰ ਪ੍ਰਭਜੀਤ ਕੌਰ ਸਹਾਇਕ ਪ੍ਰੋਫੈਸਰ ਫਸਲ ਵਿਗਿਆਨ ਨੇ ਕਿਸਾਨਾਂ ਨੂੰ ਪਾਣੀ ਦੀ ਸੁਚੱਜੀ ਵਰਤੋਂ ਲਈ ਝੋਨੇ ਦੀ ਸਿੱਧੀ ਬਿਜਾਈ ਲਈ ਉਤਸ਼ਾਹਿਤ ਕਰਨ ਲਈ ਪ੍ਰੇਰਨਾ ਦਿੱਤੀ। ਇਹਨਾਂ ਕੈਂਪਾਂ ਵਿੱਚ ਖੇਤੀਬਾੜੀ ਵਿਕਾਸ ਅਫਸਰ ਸ਼ਾਹਕੋਟ ਡਾਕਟਰ ਜਸਬੀਰ ਸਿੰਘ ਨੇ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ। ਉਹਨਾਂ ਨੇ ਕਿਸਾਨ ਵੀਰਾਂ ਨੂੰ ਝੋਨੇ ਦੀਆਂ ਸਿਫਾਰਸ਼ ਕਿਸਮਾਂ ਦੀ ਕਾਸ਼ਤ ਕਰਨ ਲਈ ਪ੍ਰੇਰਿਆ। ਡਾਕਟਰ ਅਰਵਿੰਦ ਕੁਮਾਰ ਆਲੂ ਖੋਜ ਕੇਂਦਰ ਜਲੰਧਰ ਨੇ ਆਲੂ ਦੀ ਮਿਆਰੀ ਬੀਜ ਦੀ ਜਾਣਕਾਰੀ ਦਿੱਤੀ। ਮਨਪ੍ਰੀਤ ਸਿੰਘ ਬੀ ਟੀ ਐਮ ਨੇ ਆਤਮਾ ਸਕੀਮ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਸੰਜੀਵ ਕੁਮਾਰ, ਗੁਰਮੀਤ ਸਿੰਘ ਸਰਪੰਚ ਸੋਹਲ ਜਗੀਰ, ਤਰਸਿੰਦਰ ਸਿੰਘ ਆਦਿ ਮੌਜੂਦ ਸਨ।



## ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ਦਿਹਾੜਾ ਭਲਕੇ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਮਾਤਾ ਸੁਲੱਖਣੀ ਜੀ ਸੇਵਾ ਸੁਸਾਇਟੀ ਗੁਰਦੁਆਰਾ ਗੁਰੂ ਕਾ ਬਾਗ ਦੀ ਜ਼ਰੂਰੀ ਮੀਟਿੰਗ ਪ੍ਰਧਾਨ ਰਘਬੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਉਣ ਬਾਰੇ ਪ੍ਰੋਗਰਾਮ ਉਲੀਕਿਆ ਗਿਆ। ਜਾਣਕਾਰੀ ਦਿੰਦਿਆਂ ਰਘਬੀਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਇਸ ਵਾਰ ਵੀ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਦੀ ਸਰਪ੍ਰਸਤੀ ਹੇਠ 12 ਜੂਨ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। 10 ਜੂਨ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਜਾਣਗੇ ਅਤੇ 12 ਜੂਨ ਨੂੰ ਸਵੇਰੇ 9.30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਹਜ਼ੂਰੀ ਰਾਗੀ ਜਥੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲੇ ਕਥਾ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ। ਉਪਰੰਤ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਕੀਰਤਨ ਦਾ ਪ੍ਰਵਾਹ ਚਲਾਉਣਗੀਆ। ਇਸ ਸਮੇਂ ਚਾਹ ਪਕੌੜੇ, ਮਠਿਆਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਸਮੇਂ ਤੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਰਘਬੀਰ ਸਿੰਘ, ਖਜ਼ਾਨਚੀ ਡਾਕਟਰ ਗੁਰਦੇਵ ਸਿੰਘ, ਹਰਭਜਨ ਸਿੰਘ, ਸਰਵਣ ਸਿੰਘ ਹਲਵਾਈ, ਮਨਜੀਤ ਸਿੰਘ, ਦਇਆ ਸਿੰਘ, ਬਲਦੇਵ ਸਿੰਘ, ਅਤੇ ਹੋਰ ਬਹੁਤ ਸਾਰੇ ਸੀਨੀਅਰ ਮੈਂਬਰ ਸਾਹਿਬਾਨ ਹਾਜ਼ਰ ਸਨ।



## ਰੱਕੜਾਂ ਢਾਹਾ ਨਿਵਾਸੀਆਂ ਵੱਲੋਂ ਹੁਸ਼ਿਆਰ ਵਿਦਿਆਰਥੀਆਂ ਦਾ ਸਨਮਾਨ

**ਬਲਾਚੌਰ (ਜਸਵਿੰਦਰ ਬੈਂਸ)** ਗ੍ਰਾਮ ਵਿਕਾਸ ਅਤੇ ਵੈਲਫੇਅਰ ਸੁਸਾਇਟੀ ਰੱਕੜਾਂ ਢਾਹਾ, ਗ੍ਰਾਮ ਪੰਚਾਇਤ, ਨੰਬਰਦਾਰਾਂ ਅਤੇ ਪਿੰਡ ਦੇ ਪਤਵੰਤਿਆਂ ਵਲੋਂ ਸਰਕਾਰੀ ਹਾਈ ਸਕੂਲ ਰੱਕੜਾਂ ਢਾਹਾ ਅਤੇ ਪਿੰਡ ਦੇ 10ਵੀਂ ਤੇ 12ਵੀਂ ਜਮਾਤ ਦੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 15 ਵਿਦਿਆਰਥੀਆਂ ਨੂੰ ਇੱਕ ਸੰਖੇਪ ਸਮਾਗਮ ਵਿੱਚ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਕਸ਼ਮੀਰ ਸਿੰਘ ਦੇਹਲ ਸਾਬਕਾ ਆਈ ਐੱਫ ਐਸ ਨੇ ਕੀਤੀ। ਉਹਨਾਂ ਸਮਾਗਮ ਦਾ ਉਦਘਾਟਨ ਕਰਦਿਆਂ ਹੁਸ਼ਿਆਰ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਪੜ੍ਹਾਈ ਵਿੱਚ ਸਖ਼ਤ ਮਿਹਨਤ ਕਰਨ ਅਤੇ ਚੰਗੇ ਅਹੁਦੇ ਗ੍ਰਹਿਣ ਕਰਨ।ਮਾਸਟਰ ਪ੍ਰੇਮ ਰੱਕੜ ਸਰਪੰਚ ਨੇ ਜਾਣਕਾਰੀ ਦਿੱਤੀ ਕਿ ਵਿਦਿਆਰਥੀਆਂ ਦੀ ਸਹੂਲਤ ਲਈ ਪਿੰਡ ਵਾਸੀਆਂ ਵਲੋਂ ਗੱਡੀ ਦਾ ਪ੍ਰਬੰਧ ਕਰਕੇ ਦਿੱਤਾ ਹੋਇਆ ਹੈ, ਜਿਸ ਦਾ 20 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਿਰਾਇਆ ਪਿੰਡ ਵਾਸੀ ਇੱਕਠਾ ਕਰਕੇ ਦਿੰਦੇ ਹਨ।ਸਮਾਗਮ ਨੂੰ ਭਾਗ ਸਿੰਘ ਰੱਕੜ, ਭੁਪਿੰਦਰ ਕੁਮਾਰ ਮੁੱਖ ਅਧਿਆਪਕ, ਕੇਵਲ ਸਿੰਘ ਜਥੇਦਾਰ, ਮਾਸਟਰ ਦੇਸ ਰਾਜ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਗੁਰਸੈਲ ਸਿੰਘ ਨੰਬਰਦਾਰ, ਬਲਦੇਵ ਰਾਜ ਸ਼ਾਸਤਰੀ,ਪ੍ਰਮਿੰਦਰ ਸਿੰਘ ਪੰਚ, ਕੁਲਵਿੰਦਰ ਕੌਰ ਪੰਚ , ਰਾਜ ਕੁਮਾਰੀ ਪੰਚ,ਦੇਸ ਰਾਜ ਪੀਟੀਆਈ, ਸਮੇਤ ਵਿਦਿਆਰਥੀ ਅਤੇ ਮਾਪੇ ਸ਼ਾਮਲ ਸਨ।

## ਹਰੇਕ ਵਿਦਿਆਰਥੀ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਚ ਵੀ ਹਿੱਸਾ ਜ਼ਰੂਰ ਲੈਣਾ ਚਾਹੀਦਾ : ਸੋਨੂੰ ਖੰਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਕ੍ਰਿਕਟ ਲੀਗ ਬਿਜਲੀ ਘਰ ਟਾਂਡਾ ਜਾਜਾ ਵੱਲੋਂ ਮਨਦੀਪ ਸਿੰਘ ਦੀਪਾ ਦੀ ਅਗਵਾਈ ਵਿੱਚ ਪਿੰਡ ਪੱਧਰ 'ਤੇ 6ਵਾਂ ਕ੍ਰਿਕਟ ਟੂਰਨਾਮੈਂਟ ਦਾਣਾ ਮੰਡੀ ਟਾਂਡਾ ਵਿਖੇ ਕਰਵਾਇਆ ਗਿਆ, ਜਿਸਦਾ ਉਦਘਾਟਨ ਬਿਜਲੀ ਘਰ ਕਲੋਨੀ ਦੀ ਕੌਂਸਲਰ ਸ਼੍ਰੀਮਤੀ ਮੰਜੂ ਬਾਲਾ ਦੇ ਸਪੁੱਤਰ ਉੱਘੇ ਸਮਾਜ ਸੇਵੀ ਅਤੇ ਸੀਨੀਅਰ ਆਪ ਨੇਤਾ ਸੋਨੂ ਖੰਨਾ ਨੇ ਕੀਤਾ। ਇਸ ਮੌਕੇ 'ਤੇ ਜਸਵਿੰਦਰ ਸਿੰਘ ਜੱਸੀ, ਸ਼ਿਵ ਸੇਨਾ ਹਿੰਦੁਸਤਾਨ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ, ਯੁਵਾ ਨੇਤਾ ਰਾਜੂ ਖੋਸਲਾ ਦੀ ਹਾਜ਼ਰੀ ਵਿੱਚ ਇਨਾਮਾਂ ਦੀ ਵੰਡ ਡਾ. ਕੇਵਲ ਕਾਜਲ ਅਤੇ ਡਾ. ਲਵਪ੍ਰੀਤ ਪਾਬਲਾ ਨੇ ਕੀਤੀ। ਇਸ ਮੌਕੇ 'ਤੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੋਨੂੰ ਖੰਨਾ ਨੇ ਕਿਹਾ ਕਿ ਅੱਜ ਕੱਲ੍ਹ ਦੇ ਦੌਰ ਵਿੱਚ ਨਸ਼ਿਆਂ ਜਿਹੇ ਕੋਹੜ ਅਤੇ ਲੁੱਟਾਂ ਖੋਹਾਂ ਜਿਹੀਆਂ ਬੁਰਾਈਆਂ ਵਿੱਚ ਗਰਤ ਹੋ ਰਹੇ ਨੌਜਵਾਨਾਂ ਨੂੰ ਸਹੀ ਰਸਤੇ 'ਤੇ ਲਿਆਉਣ ਲਈ ਹਰ ਸੰਸਥਾ ਨੂੰ ਖੇਡਾਂ ਦਾ ਆਯੋਜਨ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੋ ਖੇਡਾਂ ਵਿੱਚ ਹਿੱਸਾ ਲੈ ਕੇ ਨੌਜਵਾਨ ਪੀੜ੍ਹੀ ਬੁਰੀ ਸੰਗਤ ਤੋਂ ਦੂਰ ਰਹਿ ਸਕੇ। ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੇ ਨਾਲ-ਨਾਲ ਹਰ ਪ੍ਰਕਾਰ ਦੀਆਂ ਖੇਡਾਂ ਵਿੱਚ ਵੀ ਹਿੱਸਾ ਜਰੂਰ ਲੈਣਾ ਚਾਹੀਦਾ ਹੈ, ਇਸ ਨਾਲ ਜਿੱਥੇ ਮਾਨਸਿਕ ਸ਼ਕਤੀ ਵਿੱਚ ਵਾਧਾ ਹੁੰਦਾ ਹੈ ਉੱਥੇ ਨਸ਼ਿਆਂ ਜਿਹੀਆਂ ਅਲਾਮਤਾਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਵੀ ਮਿਲਦੀ ਹੈ।ਇਸ ਕ੍ਰਿਕਟ ਟੂਰਨਾਮੈਂਟ ਵਿੱਚ 8 ਟੀਮਾਂ ਨੇ ਭਾਗ ਲਿਆ ਜਿਸ ਵਿੱਚ ਕ੍ਰਿਕਟ ਲੀਗ ਬਿਜਲੀ ਘਰ ਟਾਂਡਾ ਜਾਜਾ ਦੀ ਟੀਮ ਫਾਈਨਲ ਮੈਚ ਜੇਤੂ ਰਹੀ।ਸੋਨੂੰ ਖੰਨਾ ਨੇ ਜੇਤੂ ਰਹੀ ਟੀਮ ਨੂੰ 11 ਹਜ਼ਾਰ ਰੁਪਏ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਵੱਖ-ਵੱਖ ਜੇਤੂ ਰਹੀਆਂ ਟੀਮਾਂ ਨੂੰ ਡਾ. ਕੇਵਲ ਸਿੰਘ ਕਾਜਲ ਅਤੇ ਡਾ. ਲਵਪ੍ਰੀਤ ਸਿੰਘ ਪਾਬਲਾ ਨੇ 2100-2100 ਰੁਪਏ ਦੇ ਕੇ ਉਨ੍ਹਾਂ ਨੂੰ ਵਧਾਈ ਦਿੱਤੀ। ਕ੍ਰਿਕਟ ਲੀਗ ਬਿਜ਼ਲੀ ਘਰ ਟਾਂਡਾ ਜਾਜਾ ਦੀ ਮੈਨੇਜਮੈਂਟ ਕਮੇਟੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ 'ਤੇ ਮਨਦੀਪ ਸਿੰਘ ਦੀਪਾ, ਕਰਮਜੀਤ ਜਾਜਾ, ਮੀਕਾ ਜਾਜਾ, ਪਵਨ, ਰਾਜਿੰਦਰ, ਆਸ਼ੂ ਅਤੇ ਹੋਰ ਹਾਜ਼ਰ ਸਨ।




## ਕੈਂਪ ਦੌਰਾਨ 40 ਯੂਨਿਟ ਖੂਨ ਇੱਕਤਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਸ਼ਿਵਾਲਿਕ ਸੋਸ਼ਲ ਵੈਲਫੇਅਰ ਸੁਸਾਇਟੀ ਵਲੋਂ ਸ਼ਹੀਦਾਂ ਦੇ ਸਿਰਤਾਜ਼ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਵੈ ਇੱਛਕ ਖੂਨਦਾਨ ਕੈਂਪ ਬਾਬਾ ਵਿਸ਼ਵਕਰਮਾ ਮੰਦਿਰ ਗੜ੍ਹਸ਼ੰਕਰ ਵਿੱਖੇ ਸੰਤ ਗੁਰਮੇਲ ਸਿੰਘ ਬਲੱਡ ਸੈਂਟਰ ਦੇ ਤਕਨੀਕੀ ਸਹਿਯੋਗ ਨਾਲ ਲਗਾਇਆ ਗਿਆ ਜਿਸ ਵਿੱਚ ਕਰੀਬ 40 ਯੂਨਿਟ ਬਲੱਡ ਇੱਕਤਰ ਕੀਤਾ ਗਿਆ । ਇਸ ਖੂਨਦਾਨ ਕੈਂਪ ਦਾ ਉਦਘਾਟਨ ਹਲਕਾ ਇੰਚਾਰਜ ਬੀ.ਜੇ.ਪੀ ਮੈਡਮ ਨਮਿਸ਼ਾ ਮਹਿਤਾ ਵਲੋਂ ਕੀਤਾ ਗਿਆ। ਇਸ ਮੌਕੇ ਸ਼ਿਵਾਲਿਕ ਨਿਊਜ਼ ਦਾ ਮਹੀਨਾਵਾਰ ਅੰਕ ਸਮਾਜ ਸੇਵੀ ਸੋਢੀ ਸਿੰਘ ਵਲੋਂ ਰਿਲੀਜ਼ ਕੀਤਾ ਗਿਆ। ਸੁਸਾਇਟੀ ਦੇ ਮੈਬਰਾਂ ਨੇ ਦੱਸਿਆ ਕਿ ਇਸ ਖੂਨਦਾਨ ਕੈਂਪ ਮੌਕੇ ਪ੍ਰੀਤ ਹੈਲਥ ਕੇਅਰ ਵਲੋਂ ਫਰੀ ਮੈਡੀਕਲ ਕੈਂਪ ਵੀ ਲਗਾਇਆ ਗਿਆ ਜਿਸ ਦਾ ਉਦਘਾਟਨ ਸਮਾਜ ਸੇਵੀ ਕੁਲਵਿੰਦਰ ਬਿੱਟੂ ਵਲੋਂ ਕੀਤਾ ਗਿਆ।ਮੈਡੀਕਲ ਕੈਂਪ ਦੌਰਾਨ ਕਰੀਬ 50 ਮਰੀਜਾਂ ਦਾ ਚੈਕਅੱਪ ਕੀਤਾ ਗਿਆ ਅਤੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਆਪ ਦੇ ਸੀਨੀਅਰ ਆਗੂ ਹਰਵਿੰਦਰ ਬਖਸ਼ੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਜਿੰਦਰ ਸਿੰਘ ਸੂਕਾ, ਕਿਸਾਨ ਆਗੂ ਜਸਵੰਤ ਸਿੰਘ ਭੱਠਲ, ਕਾ. ਦਰਸ਼ਨ ਸਿੰਘ ਮੱਟੂ, ਜੋਗਿੰਦਰ ਸਿੰਘ ਕਿੱਤਣਾ, ਕਾ. ਗੁਰਨੇਕ ਭੱਜਲ, ਹਰਵੇਲ ਸੈਣੀ, ਸਨੀ ਧੀਮਾਨ, ਪਰਮਜੀਤ ਬੱਬਰ, ਸੁਰਿੰਦਰ ਸਿੰਘ ਛਿੰਦਾ, ਸ਼ਤੀਸ ਕੁਮਾਰ, ਓਕਾਰ ਚਾਹਲਪੁਰੀ, ਹੈਪੀ ਸਾਧੋਵਾਲ, ਰੋਕੀ ਮੋਲਾ, ਸਰਪੰਚ ਵਿਨੋਦ ਕੁਮਾਰ, ਸੈਡੀ ਭੱਜਲਾ, ਮਾ. ਮੁਕੇਸ਼ ਗੁਜਰਾਤੀ, ਭੁਪਿੰਦਰ ਰਾਣਾ, ਨਰੇਸ਼ ਭੂਬਲਾ, ਪ੍ਰਿੰ. ਬਿੱਕਰ ਸਿੰਘ, ਜਸਪ੍ਰੀਤ ਬੀਰਮਪੁਰ, ਸਨੀ ਬੀਰਮਪੁਰ, ਸੁੱਖਾ ਸੋਲੀ, ਪ੍ਰੀਤ ਪਾਰੋਵਾਲ ਆਦਿ ਨੇ ਖੂਨਦਾਨੀਆਂ ਦੀ ਹੌਸਲਾ ਅਫਜਾਈ ਕੀਤੀ।



## ਜਗਦੀਪ ਸਿੰਘ ਸੰਗਤਪੁਰਾ ਨੂੰ ਬਣਾਇਆ ਨਵਾਂ ਪ੍ਰਧਾਨ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)** ਭਾਰਤੀ ਜਨਤਾ ਪਾਰਟੀ ਹਾਈਕਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੰਡਲ ਸ੍ਰੀ ਚਮਕੌਰ ਸਾਹਿਬ ਦੇ ਜਗਦੀਪ ਸਿੰਘ ਸੰਗਤਪੁਰਾ, ਮੰਡਲ ਬੇਲਾ ਦੇ ਜਤਿੰਦਰ ਸਿੰਘ ਤੇ ਮੰਡਲ ਮੰਦਵਾੜਾ ਦੇ ਜਸਮੇਰ ਸਿੰਘ ਪ੍ਰਧਾਨ ਚੁਣੇ ਗਏ। ਲੀਗਲ ਸੈੱਲ ਦੇ ਸੂਬਾ ਪ੍ਰਧਾਨ ਐਨ.ਕੇ.ਵਰਮਾ ਨੇ ਨਵ-ਨਿਯੁਕਤ ਪ੍ਰਧਾਨਾਂ ਦੇ ਨਾਂਅ ਅਨਾਊਂਸ ਕਰਦਿਆਂ ਵਧਾਈਆਂ ਦਿੱਤੀਆਂ ਤੇ ਪੂਰੀ ਤਨਦੇਹੀ ਨਾਲ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਨਵੇਂ ਚੁਣੇ ਪ੍ਰਧਾਨਾਂ ਨੇ ਭਰੋਸਾ ਦਿਵਾਇਆ ਕਿ ਅਸੀਂ ਪਾਰਟੀ ਲਈ ਤਨਦੇਹੀ ਨਾਲ ਕੰਮ ਕਰਾਂਗੇ।ਸਵਰਨ ਸਿੰਘ ਸੈਂਪਲਾ, ਦਰਸ਼ਨ ਸਿੰਘ ਸ਼ਿਵਜੋਤ,ਮੈਡਮ ਮੋਨਿਕਾ ਕੱਕੜ, ਪ੍ਰਵੇਸ਼ ਗੋਇਲ, ਹਰਨੇਕ ਸਿੰਘ ਕਲਾਰਾਂ, ਪਵਿੱਤਰ ਸਿੰਘ ਬਰਸਾਲ ਪੁਰ ਆਦਿ ਨੇ ਸੰਬੋਧਨ ਕੀਤਾ।ਇਸ ਮੌਕੇ ਸੰਗਤ ਸਿੰਘ ਭਾਮੀਆ,ਬਲਜੀਤ ਸਿੰਘ ਕਜੋਲੀ, ਗੁਰਪ੍ਰੀਤ ਸਿੰਘ ਭੂਰੜੇ,ਰਾਕੇਸ਼ ਸਹਿਦੇਵ, ਸਰਪੰਚ ਸੁਰਜੀਤ ਸਿੰਘ ਸੰਗਤਪੁਰਾ,ਏਕਮ ਪਿੱਪਲ ਮਾਜਰਾ, ਪਵਿੱਤਰ ਬਰਸਾਲਪੁਰ,ਸੁਰਜੀਤ ਸਿੰਘ ਘੜੂੰਆਂ ਆਦਿ ਤੋਂ ਇਲਾਵਾ 100 ਦੇ ਕਰੀਬ ਪਾਰਟੀ ਦੇ ਜੁਝਾਰੂ ਵਰਕਰ ਤੇ ਬੂਥ ਇੰਚਾਰਜਾਂ ਨੇ ਹਾਜ਼ਰੀ ਲਗਵਾਈ।



## ਡਿਪਟੀ ਸਪੀਕਰ ਰੌੜੀ ਵੱਲੋਂ ਪਿੰਡ ਥਾਣਾ ਨੂੰ ਸੋਲਰ ਸਿਸਟਮ ਭੇਟ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਗੜ੍ਹਸ਼ੰਕਰ ਹਲਕੇ ਦੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸੋਮਵਾਰ ਪਿੰਡ ਥਾਣਾ ਨੂੰ ਇਕ ਵੱਡੀ ਸੌਗਾਤ ਦਿੰਦਿਆਂ ਸੋਲਰ ਸਿਸਟਮ ਭੇਟ ਕੀਤਾ, ਜਿਸ ਨਾਲ ਪਿੰਡ ਦੀਆਂ ਜਨਤਕ ਥਾਵਾਂ 'ਤੇ ਸਵੈਚਾਲਤ ਊਰਜਾ ਰਾਹੀਂ ਰੋਸ਼ਨੀ ਮਿਲੇਗੀ। ਇਸ ਮੌਕੇ ਸਰਪੰਚ ਸੁਮਨ ਬਾਲਾ, ਪੰਚ ਦਵਿੰਦਰ ਕੌਰ, ਪੰਚ ਮੀਨਾ ਰਾਣੀ, ਪੰਚ ਅਮਰੀਕ ਲਾਲ, ਕਮੇਟੀ ਮੈਂਬਰ ਅਮਰਜੀਤ ਸਿੰਘ, ਕੁਲਵੰਤ ਸਿੰਘ, ਲਖਵਿੰਦਰ ਸਿੰਘ, ਸੋਢੀ ਸਿੰਘ, ਗੁਰਮੀਤ ਰਾਮ, ਨੰਬਰਦਾਰ ਨਿਰਮਲ ਸਿੰਘ, ਧਰਮਿੰਦਰ , ਰੋਹਿਤ ਕੁਮਾਰ, ਜਸਕਰਨ ਸਮੇਤ ਕਈ ਹੋਰ ਪਿੰਡ ਵਾਸੀ ਹਾਜ਼ਰ ਸਨ। ਸਾਰਿਆਂ ਨੇ ਡਿਪਟੀ ਸਪੀਕਰ ਰੌੜੀ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਡਿਪਟੀ ਸਪੀਕਰ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਉਹ ਹਮੇਸ਼ਾ ਵਚਨਬੱਧ ਹਨ ਅਤੇ ਨਵੀਨ ਤਕਨਾਲੋਜੀ ਰਾਹੀਂ ਪਿੰਡਾਂ ਵਿੱਚ ਸਾਫ-ਸੁਥਰੀ ਊਰਜਾ ਪ੍ਰਣਾਲੀ ਲਿਆਂਦੀ ਜਾ ਰਹੀ ਹੈ, ਤਾਂ ਜੋ ਗਰੀਬ ਅਤੇ ਪਛੜੇ ਇਲਾਕਿਆਂ ਵਿਚ ਵੀ ਸਧਾਰਨ ਸੁਵਿਧਾਵਾਂ ਉਪਲਬੱਧ ਹੋ ਸਕਣ।ਪਿੰਡ ਵਾਸੀਆਂ ਨੇ ਕਿਹਾ ਕਿ ਸੂਰਜੀ ਊਰਜਾ ਨਾਲ ਨਾ ਸਿਰਫ਼ ਬਿਜਲੀ ਦੀ ਬੱਚਤ ਹੋਵੇਗੀ, ਸਗੋਂ ਵਾਤਾਵਰਣ ਲਈ ਵੀ ਇਹ ਇਕ ਸਹੀ ਪਹਿਲ ਹੈ।

## ਫੁਗਲਾਣਾ ਵਿਖੇ ਕੈਂਪ ਦੌਰਾਨ 42 ਯੂਨਿਟ ਖੂਨ ਇੱਕਤਰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਡੇਰਾ ਸਿੱਧ ਯੋਗੀ ਬਾਬਾ ਬਾਲਕ ਨਾਥ ਮੰਦਰ ਪਿੰਡ ਫੁਗਲਾਣਾ ਵਿਖੇ ਬ੍ਰਹਮਲੀਨ ਸੱਚਖੰਡ ਵਾਸੀ ਬਾਬਾ ਜਸਵਿੰਦਰ ਸਿੰਘ ਬਾਵਾ ਮਹੰਤ ਦੀ ਯਾਦ ਵਿੱਚ ਚੌਥਾ ਮਹਾਨ ਖੂਨਦਾਨ ਕੈਂਪ 'ਯੂਥ ਏਕਤਾ ਸੇਵਾ ਦਲ' ਪਿੰਡ ਫੁਗਲਾਣਾ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਦਲ ਦੇ ਪ੍ਰਧਾਨ ਅਤੇ ਮੰਦਰ ਦੇ ਮੁੱਖ ਸੇਵਾਦਾਰ ਸਾਬੀ ਬਾਬਾ ਦੀ ਦੇਖ ਰੇਖ ਹੇਠ ਲਗਾਇਆ ਗਿਆ। ਜਿਸ ਦੌਰਾਨ ਇਲਾਕੇ ਦੇ ਨੌਜਵਾਨਾਂ ਨੇ ਵੱਧ ਚੜ੍ਹ ਕੇ ਯੋਗਦਾਨ ਦਿੱਤਾ।ਇਸ ਖੂਨਦਾਨ ਕੈਂਪ ਦੌਰਾਨ ਦੋਆਬਾ ਹਸਪਤਾਲ ਜਲੰਧਰ ਦੇ ਬਲੱਡ ਸੈਂਟਰ ਤੋਂ ਆਏ ਹੋਏ ਡਾ. ਵਿਕਾਸ ਕਪੂਰ, ਗੁਰਪ੍ਰੀਤ ਸਿੰਘ ਟੈਕਨੀਕਲ ਸੁਪਰਵਾਈਜ਼ਰ, ਰੋਹਿਤ ਕੁਮਾਰ ਕੌਂਸਲਰ, ਕ੍ਰਿਸਟੋਫਰ ਅਤੇ ਪ੍ਰਿਅੰਕਾ ਟੈਕਨੀਸ਼ੀਅਨ ਦੀ ਟੀਮ ਨੇ 42 ਯੂਨਿਟ ਖੂਨ ਇਕੱਤਰ ਕੀਤਾ। ਖੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਔਰਤਾਂ ਵਿੱਚੋਂ ਸ਼ਰਮੀਲਾ ਪਿੰਡ ਨਾਹਲ, ਹਰਜਿੰਦਰ ਕੌਰ ਪਿੰਡ ਧਾਰੀਵਾਲ ਕਾਦੀਆਂ ਨੇ ਵੀ ਖੂਨ ਦਾਨ ਕੀਤਾ। ਇਸ ਮੌਕੇ ਮਾਸਟਰ ਸੋਹਣ ਲਾਲ, ਰਕੇਸ਼ ਜਲੰਧਰ, ਲਵਪ੍ਰੀਤ, ਰੂਪ੍ਰੀਤ, ਪੂਨਮ, ਨਵਜੋਤ ਸਿੰਘ, ਮਦਨ ਗੋਪਾਲ, ਪ੍ਰਦੀਪ, ਹਰਮਨ, ਰੋਹਿਤ ਰੱਤੂ, ਜਗਦੀਸ਼ ਚੰਦਰ, ਸੁਖਵਿੰਦਰ ਸਿੰਘ, ਸਾਗਰ ਆਦਿ ਵੀ ਹਾਜ਼ਰ ਸਨ।



## ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਮੈਨੇਜਿੰਗ ਡਾਇਰੈਕਟਰ ਨੂੰ ਮੰਗ ਪੱਤਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਅਮਨਦੀਪ ਕੌਰ ਇਨਫੋਰਮੇਸ਼ਨ ਅਸਿਸਟੈਂਟ ਜ਼ਿਲ੍ਹਾ ਹਸਪਤਾਲ ਨਵਾਂਸ਼ਹਿਰ ਵੱਲੋਂ ਅਤੇ ਸਾਰੇ ਦੇ ਸਮੂਹ ਐਨ ਐਚ ਐਮ ਮੁਲਾਜ਼ਮਾਂ ਵੱਲੋਂ ਮੈਨੇਜਿੰਗ ਡਾਇਰੈਕਟਰ ਐਨ ਐਚ ਐਮ ਪੰਜਾਬ ਨੂੰ ਮੰਗ ਪੱਤਰ ਦਿੱਤਾ ਗਿਆ ਅਤੇ ਆਪਣੀਆਂ ਸਾਰੀਆਂ ਮੰਗਾਂ ਬਾਰੇ ਜਾਣੂ ਕਰਵਾਇਆ ਗਿਆ, ਜਿਸ ਸਬੰਧੀ ਉਹਨਾਂ ਵੱਲੋਂ ਭਰਵਾਂ ਹੁਲਾਰਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਸ ਸਬੰਧੀ ਹੈਲਥ ਮਨਿਸਟਰ ਅਤੇ ਪ੍ਰਿੰਸੀਪਲ ਸੈਕਟਰੀਏਟ ਦੇ ਨਾਲ ਜ਼ਰੂਰ ਗੱਲਬਾਤ ਕੀਤੀ ਜਾਵੇਗੀ।

## ਸੜਕ ਹਾਦਸੇ 'ਚ ਮੋਟਰਸਾਈਕਲ ਚਾਲਕ ਜ਼ਖ਼ਮੀ



**ਬਲਾਚੌਰ (ਜਸਵਿੰਦਰ ਬੈਂਸ)**— ਰੋਪੜ-ਬਲਾਚੌਰ ਨੈਸ਼ਨਲ ਹਾਈਵੇ 'ਤੇ ਕਾਠਗੜ੍ਹ ਮੋੜ ਦੇ ਨੇੜੇ ਰੇਸਰ ਮੋਟਰਸਾਈਕਲ ਦਾ ਸੰਤੁਲਨ ਵਿਗੜਨ ਨਾਲ ਚਾਲਕ ਜ਼ਖ਼ਮੀ ਹੋ ਗਿਆ। ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਤੁਰੰਤ ਮੌਕੇ 'ਤੇ ਜਾ ਕੇ ਦੇਖਿਆ ਕਿ ਇੱਕ ਜਾਵਾ ਯੇਜ਼ਦੀ ਰੇਸਰ ਮੋਟਰਸਾਈਕਲ ਨੰਬਰ ਸੀ ਐਚ 01ਸੀ ਵਾਈ 7201 ਜਿਸ ਨੂੰ ਸੂਰਜ ਕੁਮਾਰ ਪੁੱਤਰ ਕੁੰਵਰ ਸਿੰਘ ਵਾਸੀ ਰੁਦਰ ਪਰਿਆਗ ਉੱਤਰਾਖੰਡ ਚਲਾ ਰਿਹਾ ਸੀ। ਉਹ ਅੰਮ੍ਰਿਤਸਰ ਤੋਂ ਜ਼ੀਰਕਪੁਰ ਜਾ ਰਿਹਾ ਸੀ ਕਿ ਕਾਠਗੜ੍ਹ ਕੋਲ ਆ ਕੇ ਮੋਟਰਸਾਈਕਲ ਤੇਜ ਹੋਣ ਕਰਕੇ ਉਸ ਦਾ ਸੰਤੁਲਨ ਵਿਗੜ ਗਿਆ ਤੇ ਸਾਈਡ 'ਤੇ ਲੱਗੀ ਰੇਲਿੰਗ ਨਾਲ ਜਾ ਟਕਰਾਇਆ ਜਿਸ ਨਾਲ ਸੂਰਜ ਕੁਮਾਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਜਿਸ ਨੂੰ ਨੈਸ਼ਨਲ ਹਾਈਵੇ ਅਥਾਰਟੀ ਦੀ ਐਂਬੂਲੈਂਸ ਰਾਹੀ ਰੋਪੜ ਦੇ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਹੈ।

## ਸਾਈਂ ਬਾਬਾ ਬੁੱਲੇ ਸ਼ਾਹ ਦੀ ਦਰਗਾਹ 'ਤੇ ਜੋੜ ਮੇਲਾ 13 ਨੂੰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਾਈਂ ਬਾਬਾ ਬੁੱਲੇ ਸ਼ਾਹ ਜੀ ਦਰਬਾਰ ਦਾਰਾਪੁਰ ਟਾਂਡਾ ਵਿਖੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਅਸ਼ਵਨੀ ਗੋਗਾ ਦੀ ਅਗਵਾਈ ਵਿੱਚ ਸਾਈਂ ਬੁੱਲੇ ਸ਼ਾਹ ਜੀ ਦੀ ਯਾਦ ਨੂੰ ਸਮਰਪਤ 13 ਜੂਨ ਨੂੰ 2 ਦਿਨਾ 18ਵਾਂ ਸਲਾਨਾ ਜੋੜ ਮੇਲਾ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਕਰਵਾਇਆ ਜਾ ਰਿਹਾ ਹੈ। ਇਸ ਜੋੜ ਮੇਲੇ ਸਬੰਧੀ ਬਾਬਾ ਅਸ਼ਵਨੀ ਗੋਗਾ, ਸਨਾਤਨ ਧਰਮ ਸਭਾ ਅਹੀਆਪੁਰ ਦੇ ਪ੍ਰਧਾਨ ਨਿਖਲੇਸ਼ ਜਸਰਾ ਨੈਨੂੰ, ਗਣੇਸ਼ ਵੈਦ, ਨੀਰਜ ਭੱਟੀ, ਕਰਨ ਕੁਮਾਰ, ਬਿਸ਼ਨ ਕੁਮਾਰ, ਸੀਤਲ, ਆਸ਼ੂ ਪੰਡਿਤ, ਦਕਸ਼ ਮੱਟੂ, ਓਮ ਖੋਸਲਾ, ਵਿੱਕੀ, ਮਿੰਟੂ ਭੱਟੀ, ਪ੍ਰਦੀਪ ਕੁਮਾਰ, ਮਾਨਵ ਭੱਟੀ, ਦਰਬਾਰ ਦੇ ਸੇਵਾਦਾਰਾਂ ਅਤੇ ਸ਼ਰਧਾਲੂਆਂ ਵੱਲੋਂ ਅੱਜ ਪੋਸਟਰ ਰਿਲੀਜ਼ ਕੀਤਾ ਗਿਆ। ਦਰਬਾਰ 'ਚ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਬਾਬਾ ਅਸ਼ਵਨੀ ਗੋਗਾ ਨੇ ਕਿਹਾ ਕਿ 13 ਜੂਨ ਤੋਂ ਸ਼ੁਰੂ ਹੋ ਰਹੇ 2 ਦਿਨਾ ਇਸ ਜੋੜ ਮੇਲੇ ਦਾ ਉਦਘਾਟਨ ਮੁੱਖ ਮਹਿਮਾਨ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਕਰਨਗੇ ਅਤੇ ਮੁੱਖ ਮਹਿਮਾਨ ਵਜੋਂ ਐਮ.ਪੀ ਡਾ. ਰਾਜ ਕੁਮਾਰ ਚੱਬੇਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨਗੇ। 13 ਜੂਨ ਨੂੰ ਮਹਿੰਦੀ ਦੀ ਰਸਮ ਮਹੰਤ ਤਾਨੀਆ ਹਰਿਆਣਾ ਵਾਲੇ ਅਦਾ ਕਰਨਗੇ ਅਤੇ ਰਾਤ ਨੂੰ ਦੀਪਾ ਦਰਾਵਾਂ ਐਂਡ ਪਾਰਟੀ ਆਪਣੀਆਂ ਕਵਾਲੀਆਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਕਿਹਾ ਕਿ ਮਹੰਤ ਗੋਗੀ ਐਂਡ ਪਾਰਟੀ ਅੰਮ੍ਰਿਤਸਰ ਵਾਲੇ ਆਪਣੀਆਂ ਨਕਲਾਂ ਪੇਸ਼ ਕਰਨਗੇ। 14 ਜੂਨ ਨੂੰ ਬਾਬਾ ਜੀ ਦੇ ਦਰਬਾਰ ਵਿੱਚ ਚਾਦਰ, ਚਿਰਾਗ ਅਤੇ ਝੰਡਾ ਚੜ੍ਹਾਉਣ ਦੀ ਰਸਮ ਬਾਬਾ ਗੁਲ ਮੁਹੰਮਦ ਕਾਦਰੀ ਅਤੇ ਬਾਬਾ ਸਲੀਮ ਅਦਾ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪ੍ਰਸਿੱਧ ਗਾਇਕ ਪ੍ਰਵੇਜ਼ ਆਲਮ ਐਂਡ ਪਾਰਟੀ, ਮੁਕੇਸ਼ ਇਨਾਇਤ ਐਂਡ ਪਾਰਟੀ ਅਤੇ ਟਿੰਕੂ ਸਹਿਜ਼ਾਦਾ ਐਂਡ ਪਾਰਟੀ ਸ਼ਰਧਾਲੂਆਂ ਨੂੰ ਬਾਬਾ ਜੀ ਦੇ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦੇਣਗੇ। ਦੋਨੋਂ ਦਿਨ ਅਤੁੱਟ ਲੰਗਰ ਵਰਤਾਇਆ ਜਾਵੇਗਾ।



## ਫਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਵੇਗਾ ਚਿੱਲੀ ਪ੍ਰੋਸੈਸਿੰਗ ਪਲਾਂਟ : ਖੁੱਡੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਯਤਨਾਂ ਤਹਿਤ ਪੰਜਾਬ ਸਰਕਾਰ ਵੱਲੋਂ ਸਤੰਬਰ 2025 ਤੱਕ ਅਬੋਹਰ ਵਿੱਚ 9.50 ਕਰੋੜ ਰੁਪਏ ਦੀ ਲਾਗਤ ਵਾਲਾ ਚਿੱਲੀ ਪ੍ਰੋਸੈਸਿੰਗ ਪਲਾਂਟ ਤਿਆਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ (ਪੈਗਰੈਕਸੋ) ਵੱਲੋਂ ਪ੍ਰਤੀ ਘੰਟਾ ਪੰਜ ਟਨ ਸਮਰੱਥਾ ਵਾਲਾ ਇਹ ਚਿੱਲੀ ਪ੍ਰੋਸੈਸਿੰਗ ਪਲਾਂਟ ਇੱਕ ਏਕੜ ਜ਼ਮੀਨ 'ਤੇ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਨਾਲ ਸੂਬੇ ਦੇ ਖੇਤੀਬਾੜੀ ਖੇਤਰ ਨੂੰ ਵੱਡਾ ਹੁਲਾਰਾ ਮਿਲੇਗਾ। ਖੁੱਡੀਆਂ ਨੇ ਦੱਸਿਆ ਕਿ ਕਿਸਾਨਾਂ ਨੂੰ ਪ੍ਰੋਸੈਸਿੰਗ ਲਈ ਢੁਕਵੀਆਂ ਵੱਧ ਉਪਜ ਵਾਲੀਆਂ ਮਿਰਚ ਦੀਆਂ ਕਿਸਮਾਂ ਉਗਾਉਣ ਲਈ ਉਤਸ਼ਾਹਤ ਕਰਨ ਸਦਕਾ ਮਿਰਚ ਦੀ ਕਾਸ਼ਤ ਹੇਠ ਰਕਬਾ ਹਰ ਸਾਲ ਵਧ ਰਿਹਾ ਹੈ। ਸਾਲ 2024 ਤੱਕ, ਪੰਜਾਬ ਵਿੱਚ ਮਿਰਚ ਦੀ ਕਾਸ਼ਤ ਹੇਠ ਰਕਬਾ 10,614 ਹੈਕਟੇਅਰ ਸੀ, ਜੋ ਹਾਲ ਹੀ ਦੇ ਸਾਲਾਂ ਵਿੱਚ ਸਭ ਤੋਂ ਵੱਧ ਰਿਕਾਰਡ ਕੀਤਾ ਗਿਆ ਖੇਤਰ ਹੈ, ਜਿਸ ਵਿੱਚੋਂ 21,416 ਮੀਟ੍ਰਿਕ ਟਨ ਪੈਦਾਵਾਰ ਹੋਈ। ਮਿਰਚਾਂ ਦੇ ਉਤਪਾਦਨ ਵਿੱਚ ਫਿਰੋਜ਼ਪੁਰ ਜ਼ਿਲ੍ਹਾ ਮੋਹਰੀ ਰਿਹਾ, ਇਸ ਤੋਂ ਬਾਅਦ ਪਟਿਆਲਾ, ਮਲੇਰਕੋਟਲਾ, ਸੰਗਰੂਰ, ਜਲੰਧਰ, ਤਰਨ ਤਾਰਨ, ਅੰਮ੍ਰਿਤਸਰ, ਐਸ.ਬੀ.ਐਸ. ਨਗਰ ਅਤੇ ਹੁਸ਼ਿਆਰਪੁਰ ਹਨ। ਫਿਰੋਜ਼ਪੁਰ ਦਾ ਔਸਤਨ ਝਾੜ ਪ੍ਰਤੀ ਹੈਕਟੇਅਰ ਲਗਭਗ 19 ਮੀਟ੍ਰਿਕ ਟਨ ਰਿਹਾ। ਫੂਡ ਪ੍ਰੋਸੈਸਿੰਗ ਮੰਤਰੀ ਨੇ ਕਿਹਾ ਕਿ ਪੈਗਰੈਕਸੋ ਵੱਲੋਂ ਸਥਾਪਤ ਮਾਰਕੀਟਿੰਗ ਨੈੱਟਵਰਕ ਦੀ ਮਦਦ ਨਾਲ ਸਿੱਧੀ ਕਿਸਾਨਾਂ ਅਤੇ ਐਗਰੀਗੇਟਰਾਂ ਤੋਂ ਮਿਰਚਾਂ ਖ਼ਰੀਦੀਆਂ ਜਾਂਦੀਆਂ ਹਨ। ਇਹ ਕਾਰਪੋਰੇਸ਼ਨ ਪੰਜਾਬ ਦੀ ਲਾਲ ਮਿਰਚ ਦੇ ਪੇਸਟ ਨੂੰ ਵੱਡੇ ਪੱਧਰ 'ਤੇ ਨਿਰਯਾਤ ਕਰਦੀ ਹੈ। ਪੰਜਾਬ ਦੀਆਂ ਮਿਰਚਾਂ ਦੀ ਉੱਚ ਗੁਣਵੱਤਾ ਅਤੇ ਤਿੱਖੇ ਸਵਾਦ ਕਾਰਨ ਸਾਲ ਦਰ ਸਾਲ ਇਸ ਦੀ ਮੰਗ ਵਿੱਚ ਵਾਧਾ ਹੋ ਰਿਹਾ ਹੈ, ਜਿਸ ਨਾਲ ਕਿਸਾਨਾਂ ਨੂੰ ਪ੍ਰੋਸੈਸਿੰਗ ਲਈ ਲਾਲ ਮਿਰਚਾਂ ਦੀ ਕਾਸ਼ਤਕਾਰੀ ਕਰਨ ਵੱਲ ਹੋਰ ਉਤਸ਼ਾਹ ਮਿਲਿਆ ਹੈ। ਮਿਰਚਾਂ ਦੀ ਕਾਸ਼ਤ ਨਾਲ ਕਿਸਾਨਾਂ ਨੂੰ ਕਣਕ ਅਤੇ ਝੋਨੇ ਵਰਗੀਆਂ ਰਵਾਇਤੀ ਫਸਲਾਂ ਦੀ ਥਾਂ ਇੱਕ ਲਾਹੇਵੰਦ ਵਿਕਲਪ ਮਿਲਿਆ ਹੈ। ਖੁੱਡੀਆਂ ਨੇ ਕਿਹਾ ਕਿ ਪੰਜਾਬ ਹੁਣ ਮੱਧ ਪੂਰਬੀ ਅਤੇ ਅਫਰੀਕੀ ਕੈਰੇਬੀਅਨ ਦੇਸ਼ਾਂ ਸਮੇਤ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਵੀ ਲਾਲ ਮਿਰਚਾਂ ਦੇ ਪੇਸਟ ਦਾ ਵੱਡੇ ਪੱਧਰ 'ਤੇ ਨਿਰਯਾਤ ਕਰ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਪੈਗਰੈਕਸਕੋ ਦਾ ਟੀਚਾ ਹੈ ਕਿ ਪੰਜਾਬ ਦੀ ਲਾਲ ਮਿਰਚ ਦਾ ਪੇਸਟ ਆਲਮੀ ਪੱਧਰ 'ਤੇ ਨਿਰਯਾਤ ਕੀਤਾ ਜਾਵੇ।

## ਪਵਨ ਕੁਮਾਰ ਕਾਲੜਾ ਨੂੰ ਮਿਲਿਆ ਆਊਟਸਟੈਂਡਿੰਗ ਪ੍ਰੈਜ਼ੀਡੈਂਟ ਐਵਾਰਡ



**ਫਗਵਾੜਾ (ਡਾ. ਰਮਨ)**- ਰੋਟਰੀ ਕਲੱਬ ਫਗਵਾੜਾ ਜੇਮਜ਼ ਦੇ ਪ੍ਰਧਾਨ ਰੋਟੇਰੀਅਨ ਪਵਨ ਕੁਮਾਰ ਕਾਲੜਾ ਨੂੰ ਸੋਮਵਾਰ ਨੂੰ ਪਠਾਨਕੋਟ ਵਿੱਚ ਇੰਟਰਨੈਸ਼ਨਲ ਰੋਟਰੀ ਕਲੱਬ ਡਿਸਟ੍ਰਿਕਟ 3070 ਡਿਸਟ੍ਰਿਕਟ ਗਵਰਨਰ ਰੋਟੇਰੀਅਨ ਡਾ. ਪੀ. ਐਸ. ਗਰੋਵਰ ਦੀ ਪ੍ਰਧਾਨਗੀ ਹੇਠ ਹੋਏ ਡਿਸਟ੍ਰਿਕਟ ਅਵਾਰਡ ਸਮਾਗਮ ਦੌਰਾਨ ਆਊਟਸਟੈਂਡਿੰਗ ਪ੍ਰੈਜ਼ੀਡੈਂਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਕਲੱਬ ਨੂੰ ਵੀ ਆਊਟਸਟੈਂਡਿੰਗ ਕਲੱਬ ਐਵਾਰਡ ਅਤੇ ਆਈ.ਪੀ. ਖੁਰਾਣਾ ਨੂੰ ਆਊਟਸਟੈਂਡਿੰਗ ਜ਼ੋਨਲ ਚੇਅਰਮੈਨ ਐਵਾਰਡ ਨਾਲ ਨਿਵਾਜਿਆ ਗਿਆ। ਡਿਸਟ੍ਰਿਕਟ ਗਵਰਨਰ ਡਾ. ਪੀ. ਐਸ. ਗਰੋਵਰ ਨੇ ਹਾਲ ਹੀ ਵਿੱਚ ਕਲੱਬ ਵੱਲੋਂ ਲਗਭਗ ਪੰਦਰਾਂ ਲੱਖ ਰੁਪਏ ਦੀ ਲਾਗਤ ਨਾਲ ਫਗਵਾੜਾ ਦੇ ਲੋਕਾਂ ਨੂੰ ਸਮਰਪਤ ਕੀਤੀ ਗਈ ਹਰਸ ਵੈਨ ਦੀ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ ਅਤੇ ਇਸ ਨੂੰ ਇੱਕ ਮਹਾਨ ਸਮਾਜ ਸੇਵਾ ਕਾਰਜ ਦੱਸਿਆ। ਫਗਵਾੜਾ 'ਚ ਗੱਲਬਾਤ ਦੌਰਾਨ ਕਲੱਬ ਦੇ ਪ੍ਰਧਾਨ ਪਵਨ ਕੁਮਾਰ ਕਾਲੜਾ ਨੇ ਕਿਹਾ ਕਿ ਉਹ ਇਹ ਪੁਰਸਕਾਰ ਪ੍ਰਾਪਤ ਕਰਕੇ ਬਹੁਤ ਖੁਸ਼ੀ ਤੇ ਮਾਣ ਮਹਿਸੂਸ ਕਰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਸਾਨੂੰ ਹੋਰ ਵੀ ਸਮਰਪਤ ਭਾਵਨਾ ਨਾਲ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਾਲਾਂ ਵਿੱਚ ਰੋਟਰੀ ਕਲੱਬ ਫਗਵਾੜਾ ਜੇਮਜ਼ ਨਾ ਸਿਰਫ ਆਪਣੀ ਸਾਖ ਨੂੰ ਬਣਾਈ ਰੱਖੇਗਾ ਬਲਕਿ ਇਸ ਨੂੰ ਹੋਰ ਉਚਾਈਆਂ 'ਤੇ ਲਿਜਾਣ ਵਿੱਚ ਵੀ ਸਫਲ ਹੋਵੇਗਾ। ਇਸ ਮੌਕੇ ਕਲੱਬ ਦੇ ਆਨਰੇਰੀ ਸਕੱਤਰ ਰਾਕੇਸ਼ ਸੂਦ, ਚੁਣੇ ਗਏ ਪ੍ਰਧਾਨ ਰਾਕੇਸ਼ ਚਾਵਲਾ, ਸਾਬਕਾ ਪ੍ਰਧਾਨ ਮਹਿੰਦਰ ਸੇਠੀ ਆਦਿ ਵੀ ਮੌਜੂਦ ਸਨ।

## 350ਵੇਂ ਸ਼ਹੀਦੀ ਦਿਹਾੜੇ ਮੌਕੇ ਬਦਲੇਗੀ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੀ ਨੁਹਾਰ : ਹਰਜੋਤ ਬੈਂਸ

**ਨੰਗਲ (ਸੁਰਜੀਤ ਸਿੰਘ)**- ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਗੁਰੂ ਨਗਰੀ ਅਤੇ ਸਮੁੱਚੇ ਇਲਾਕੇ ਦੀ ਨੁਹਾਰ ਬਦਲਣ ਲਈ ਵਿਆਪਕ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾਣਗੇ ਜਿਸ ਲਈ ਵਿਆਪਕ ਪੱਧਰ 'ਤੇ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ, ਉਚੇਰੀ ਸਿੱਖਿਆ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਨੰਗਲ ਵਿੱਚ ਆਮ ਲੋਕਾਂ ਦੀਆਂ ਮੁਸ਼ਕਿਲਾਂ/ਸਮੱਸਿਆਵਾਂ ਸੁਣਨ ਮੌਕੇ ਕੀਤਾ। ਉਨ੍ਹਾਂ ਨੇ ਕਿਹਾ ਕਿ ਪ੍ਰੋਗਰਾਮ "ਸਾਡਾ.ਐਮ.ਐਲ. ਏ.ਸਾਡੇ. ਵਿੱਚ" ਨਿਰੰਤਰ ਜਾਰੀ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਲੋਕਹਿੱਤ ਦੇ ਵੱਡੇ ਫੈਸਲੇ ਲਏ ਜਾ ਰਹੇ ਹਨ। ਸਿੱਖਿਆ ਮੰਤਰੀ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਨਾਲ ਮਜ਼ਬੂਤ ਸਿੱਖਿਆ ਦਾ ਢਾਂਚਾ ਤਿਆਰ ਕਰਕੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਿੱਖਿਆ ਸੁਧਾਰ ਦੀ ਦਿਸ਼ਾ ਵਿੱਚ ਜ਼ਿਕਰਯੋਗ ਕਦਮ ਚੁੱਕੇ ਗਏ ਹਨ। ਹਰਜੋਤ ਸਿੰਘ ਬੈਂਸ ਨੇ ਇਸ ਮੌਕੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਤੇ ਪਿੰਡਾਂ ਦੇ ਵਿਕਾਸ ਦੀ ਰਫਤਾਰ ਨੂੰ ਗਤੀ ਦੇ ਕੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਰਹੀ ਹੈ। ਉਨ੍ਹਾਂ ਦੇ ਹਲਕੇ ਵਿੱਚ ਵੀ ਸਨਅਤਕਾਰਾਂ ਵੱਲੋਂ ਆਪਣੇ ਪ੍ਰੋਜੈਕਟ ਲਗਾਉਣ ਲਈ ਢੁਕਵੀ ਥਾਂ ਦੀ ਭਾਲ ਕੀਤੀ ਜਾ ਰਹੀ ਹੈ, ਜਿਸ ਨਾਲ ਸੈਂਕੜੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਅਵਸਰ ਮਿਲਣਗੇ। ਪੰਜਾਬ ਸਰਕਾਰ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਨੰਗਲ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਮੌਕੇ ਹਰਜੋਤ ਬੈਂਸ ਨੇ ਕਿਹਾ ਕਿ ਸਾਫ ਸੁਥਰਾ ਪ੍ਰਸ਼ਾਸਨ ਦੇਣਾ ਸਾਡੀ ਜ਼ਿੰਮੇਵਾਰੀ ਹੈ, ਭ੍ਰਿਸ਼ਟਾਚਾਰ ਨੂੰ ਨਕੇਲ ਪਈ ਹੈ। ਉਨ੍ਹਾਂ ਨੇ ਕਿਹਾ ਕਿ ਅਧਿਕਾਰੀ ਲੋਕਾਂ ਦੀਆਂ ਮੁਸ਼ਕਿਲਾਂ ਬਿਨਾਂ ਭੇਦਭਾਵ ਹੱਲ ਕਰ ਰਹੇ ਹਨ। ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾ ਹੱਲ ਕਰਦੇ ਹੋਏ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਿਯਮਾਂ ਅਨੁਸਾਰ ਸਾਰੀਆਂ ਸਮੱਸਿਆਵਾਂ ਸਮਾਬੱਧ ਹੱਲ ਹੋਣ, ਲੋਕਾਂ ਨੂੰ ਦਫਤਰਾਂ ਵਿੱਚ ਖੱਜਲ ਖੁਆਰੀ ਨਾ ਹੋਵੇ, ਇਸ ਮੌਕੇ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।



## ਰੇਲ ਗੱਡੀ 'ਚੋਂ ਡਿੱਗਣ ਕਾਰਨ ਵਿਅਕਤੀ ਗੰਭੀਰ ਜ਼ਖ਼ਮੀ



**ਫਿਲੌਰ (ਨਿਰਮਲ)**- ਰੇਲਵੇ ਪੁਲਸ ਚੌਂਕੀ (ਫਿਲੌਰ) ਦੇ ਥਾਣੇਦਾਰ ਪ੍ਰੇਮ ਨਾਥ ਨੇ ਦੱਸਿਆ ਕਿ ਫਿਲੌਰ ਰੇਲਵੇ ਸਟੇਸ਼ਨ ਨੇੜੇ ਦਿੱਲੀ ਪਠਾਨਕੋਟ ਚਲਦੀ ਰੇਲ ਗੱਡੀ 'ਚੋਂ ਵਿਅਕਤੀ ਡਿਗ ਪਿਆ। ਜਿਸ ਕਾਰਨ ਉਸ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਜਖਮੀ ਹਾਲਤ ਵਿੱਚ ਸਿਵਲ ਹਸਪਤਾਲ ਫਿਲੌਰ ਵਿਖੇ ਦਾਖ਼ਲ ਕਰਵਾਇਆ ਗਿਆ। ਵਿਅਕਤੀ ਦੀ ਹਾਲਤ ਠੀਕ ਨਾ ਹੋਣ ਕਾਰਨ ਲੁਧਿਆਣਾ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ। ਉਸ ਦੇ ਪਰਵਾਰਕ ਮੈਂਬਰ ਵੀ ਪਹੁੰਚ ਗਏ ਅਤੇ ਜ਼ਖਮੀ ਦੀ ਪਹਿਚਾਣ ਗੁਲਸ਼ਨ ਕੁਮਾਰ ਪੁੱਤਰ ਅਰਜਨ ਉਮਰ 30 ਸਾਲ, ਨਿਊ ਸ਼ਕਤੀ ਨਗਰ ਲੁਧਿਆਣਾ ਵਜੋਂ ਹੋਈ ਹੈ।

## ਗੁਰਦੁਆਰਾ ਸਾਹਿਬ ਦੀ ਜ਼ਮੀਨ ਹੜੱਪਣ ਦੀ ਨੀਅਤ ਨਾਲ ਪਟਾਨਾਮਾ ਕਰਨ 'ਤੇ 2 ਵਿਅਕਤੀਆਂ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਆਉਂਦੇ ਗੁਰਦੁਆਰਾ ਮਸਤਗੜ੍ਹ ਦੀ ਕੀਮਤੀ ਜ਼ਮੀਨ ਨੂੰ ਹੜੱਪਣ ਦੀ ਨੀਅਤ ਨਾਲ ਕੀਤੇ ਪਟਾਨਾਮਾ 'ਤੇ ਟਾਂਡਾ ਪੁਲਸ ਨੇ ਦੋ ਵਿਅਕਤੀਆਂ ਖਿਲਾਫ ਧੋਖਾਧੜੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਐਚ.ਓ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਗੁਰਿੰਦਰ ਸਿੰਘ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਨੇ ਜ਼ਿਲ੍ਹਾ ਪੁਲਸ ਮੁਖੀ ਹੁਸ਼ਿਆਰਪੁਰ ਸੰਦੀਪ ਮਲਿਕ ਨੂੰ ਦਿੱਤੀ ਇੱਕ ਦਰਖਾਸਤ ਵਿਚ ਦੱਸਿਆ ਕਿ ਰਕਬਾ 17 ਕਨਾਲ 1 ਮਰਲਾ ਤਹਿਸੀਲ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਮਾਲਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਗੁਰਦੁਆਰਾ ਮਸਤਗੜ੍ਹ ਦੀ ਹੈ। ਇਹ ਗੁਰਦੁਆਰਾ ਗਜਟ ਨੋਟੀਫਿਕੇਸ਼ਨ ਦੇ ਲੜੀ ਨੰਬਰ 73 ਸਿੱਖ ਗੁਰਦੁਆਰਾ ਐਕਟ 1925 ਤਹਿਤ ਸਿੱਖ ਗੁਰਦੁਅਰਾ ਘੋਸ਼ਿਤ ਹੈ। ਸਿੱਖ ਗੁਰਦੁਆਰਾ ਐਕਟ 1925 ਦੇ ਸੈਕਸ਼ਨ 138 ਮੁਤਾਬਿਕ ਨੋਟੀਫਾਈਡ ਸਿੱਖ ਗੁਰਦੁਆਰੇ ਦੀ ਕੋਈ ਵੀ ਜ਼ਮੀਨ ਕਿਸੇ ਦੇ ਨਾਂ ਨਹੀਂ ਹੋ ਸਕਦੀ, ਜਿੰਨਾ ਚਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਪ੍ਰਵਾਨਗੀ ਨਾ ਹੋਵੇ। ਉਕਤ ਜਗਜੀਵਨ ਜੱਗੀ, ਦੇਸ ਰਾਜ ਸਾਬਕਾ ਕੌਂਸਲਰ, ਨੰਬਰਦਾਰ ਸਵਰਨ ਰਾਮ ਪਿੰਡ ਤਲਵੰਡੀ ਸੱਲ੍ਹਾ, ਤਿਲਕ ਰਾਜ ਸਾਬਕਾ ਕੌਂਸਲਰ ਵਾਸੀ ਟਾਂਡਾ, ਪ੍ਰਦੀਪ ਕੁਮਾਰ ਵਸੀਕਾ ਨਵੀਸ ਟਾਂਡਾ ਨੇ ਹਮ-ਸਲਾਹ ਹੋ ਕਿ 28 ਜਨਵਰੀ 2013 ਨੂੰ ਗੁਰਦੁਆਰਾ ਸਾਹਿਬ ਮਸਤਗੜ੍ਹ ਦੀ ਮਾਲਕੀ ਵਾਲੀ ਜ਼ਮੀਨ ਰਕਬਾ 4 ਕਨਾਲ ਦਾ ਇੱਕ ਪਟਾਨਾਮਾ ਸੰਤ ਤਰਲੋਕ ਸਿੰਘ ਚੇਲਾ ਮਹੰਤ ਮਾਹਨ ਸਿੰਘ ਵੱਲੋਂ ਜਗਜੀਵਨ ਜੱਗੀ ਦੇ ਹੱਕ ਵਿੱਚ ਗੈਰ ਕਾਨੂੰਨੀ ਢੰਗ ਨਾਲ ਕਰਵਾ ਲਿਆ, ਜਿਸ ਨੂੰ ਪ੍ਰਦੀਪ ਕੁਮਾਰ ਵਸੀਕਾ ਨਵੀਸ ਤਹਿਸੀਲ ਟਾਂਡਾ ਨੇ ਲਿਖਿਆ ਸੀ। ਉਕਤ ਪਟਾਨਾਮਾ ਵਿਚ ਦੇਸਰਾਜ ਸਾਬਕਾ ਕੌਂਸਲਰ ਟਾਂਡਾ, ਨੰਬਰਦਾਰ ਸਵਰਨਾ ਰਾਮ , ਤਿਲਕ ਰਾਜ ਸਾਬਕਾ ਕੌਂਸਲਰ ਨੇ ਗਵਾਹੀ ਪਾਈ ਸੀ । ਉਕਤ ਜਗਜੀਵਨ ਜੱਗੀ ਨੇ ਇਹ ਪਟਾਨਾਮਾ ਗੁਰਦੁਆਰਾ ਸਾਹਿਬ ਦੀ ਕੀਮਤੀ ਜ਼ਮੀਨ ਨੂੰ ਹੜੱਪਣ ਦੀ ਨੀਅਤ ਨਾਲ ਕੀਤਾ ਸੀ ਅਤੇ ਗੈਰ ਕਾਨੂੰਨੀ ਢੰਗ ਨਾਲ ਪਟਾਨਾਮਾ ਰਜਿਸਟਰ ਕਰਵਾਇਆ । ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਦੀ ਜ਼ਮੀਨ ਜੋ ਤਹਿਸੀਲ ਰੋਡ ਉਪਰ ਸਥਿਤ ਹੈ ਤੇ ਨਜਾਇਜ਼ ਪਟਾਨਾਮਾ ਦੇ ਆਧਾਰ 'ਤੇ ਉਕਤ ਜਗਜੀਵਨ ਜੱਗੀ ਨੇ ਗੁਰਦੁਆਰਾ ਸਾਹਿਬ ਨਾਲ ਧੋਖਾਧੜੀ ਕੀਤੀ ਹੈ। ਐਸ.ਐਚ.ਓ ਨੇ ਦੱਸਿਆ ਕਿ ਉਕਤ ਦਰਖਾਸਤ ਦੀ ਇਨਕੁਆਰੀ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਤੇ ਐਸ.ਪੀ ਡਿਟੈਕਟਿਵ ਹੁਸ਼ਿਆਰਪੁਰ ਵਲੋਂ ਕੀਤੀ ਗਈ ਟਾਂਡਾ ਪੁਲਸ ਨੇ ਜ਼ਿਲ੍ਹਾ ਪੁਲਸ ਮੁਖੀ ਹੁਸ਼ਿਆਰਪੁਰ ਦੇ ਨਿਰਦੇਸ਼ਾਂ ਅਨੁਸਾਰ ਉਕਤ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪਬਲਿਕ ਸੇਵਾ ਡੈਮੋਕ੍ਰੇਟਿਕ ਫਰੰਟ ਨੇ ਮੌਜੂਦਾ ਕਾਰਜਕਾਰਨੀ ਨੂੰ ਰੱਖਿਆ ਬਰਕਰਾਰ

**ਫਗਵਾੜਾ (ਡਾ .ਰਮਨ, ਜਸਵਿੰਦਰ ਢੱਡਾ)** ਪਬਲਿਕ ਸੇਵਾ ਡੈਮੋਕ੍ਰੇਟਿਕ ਫਰੰਟ ਪੰਜਾਬ ਦੀ ਜ਼ਰੂਰੀ ਮੀਟਿੰਗ ਪੰਜਾਬ ਪੁਲਸ ਦੇ ਸੇਵਾਮੁਕਤ ਇੰਸਪੈਕਟਰ ਸੁਖਬੀਰ ਸਿੰਘ ਦੇ ਗ੍ਰਹਿ ਪੁਲੀ ਨਜਦੀਕ ਤਲਾਬ ਅਰੋੜਿਆਂ ਫਗਵਾੜਾ ਵਿਖੇ ਹੋਈ। ਮੀਟਿੰਗ ਦੌਰਾਨ ਹਾਜਰ ਸਮੂਹ ਮੈਂਬਰਾਂ ਨੇ ਸਰਬ ਸੰਮਤੀ ਦੇ ਨਾਲ ਪੁਰਾਣੀ ਕਾਰਜਕਾਰਣੀ ਦੀ ਵਧੀਆ ਕਾਰਗੁਜਾਰੀ ਨੂੰ ਦੇਖਦੇ ਹੋਏ ਇਸੇ ਤਰ੍ਹਾਂ ਬਰਕਰਾਰ ਰੱਖਣ ਦਾ ਫੈਸਲਾ ਲਿਆ। ਫਰੰਟ ਦੇ ਚੇਅਰਮੈਨ ਜੱਥੇਦਾਰ ਸਰੂਪ ਸਿੰਘ ਖਲਵਾੜਾ, ਪ੍ਰਧਾਨ ਜੱਥੇਦਾਰ ਬਹਾਦਰ ਸਿੰਘ ਸੰਗਤਪੁਰ ਅਤੇ ਮੀਤ ਪ੍ਰਧਾਨ ਪਰਮਿੰਦਰ ਸਿੰਘ ਜੰਡੂ ਨੇ ਦੱਸਿਆ ਕਿ ਦੋ ਕਾਰਜਕਾਰੀ ਮੈਂਬਰਾਂ ਮਾਸਟਰ ਰਾਮ ਲੁਭਾਇਆ ਰਿਹਾਣਾ ਜੱਟਾਂ ਅਤੇ ਪ੍ਰੇਮ ਸਿੰਘ ਤੀਰ ਅਰਬਨ ਅਸਟੇਟ ਫਗਵਾੜਾ ਨੂੰ ਸਕੱਤਰਾਂ ਵਜੋਂ ਅਹਿਮ ਜਿੰਮੇਵਾਰੀ ਦਿੱਤੀ ਗਈ ਹੈ। ਉਹਨਾਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਮੈਂਬਰਾਂ ਨੂੰ ਪਿਛਲੇ ਇਕ ਸਾਲ ਦੀ ਕਾਰਗੁਜਾਰੀ ਦੀ ਰਿਪੋਰਟ ਤੋਂ ਵਿਸਥਾਰ ਦੇ ਨਾਲ ਜਾਣੂ ਕਰਵਾਇਆ ਗਿਆ। ਜਿਸ ਨੂੰ ਲੈ ਕੇ ਸਮੂਹ ਮੈਂਬਰਾਂ ਨੇ ਸੰਤੁਸ਼ਟੀ ਪ੍ਰਗਟਾਈ ਹੈ। ਮੀਟਿੰਗ ਦੌਰਾਨ ਫਰੰਟ ਦਾ ਨਵਾਂ ਦਫਤਰ ਖੋਲ੍ਹਣ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਉਕਤ ਆਗੂਆਂ ਨੇ ਪੰਜਾਬ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਕਿ ਜਿਹਨਾਂ ਲੋੜਵੰਦਾਂ ਦੇ ਨੀਲੇ ਕਾਰਡ ਰੱਦ ਕੀਤੇ ਗਏ ਹਨ, ਉਹ ਦੁਬਾਰਾ ਬਣਾਏ ਜਾਣ ਤਾਂ ਜੋ ਕੋਈ ਵੀ ਗਰੀਬ ਆਦਮੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਪ੍ਰਾਇਵੇਟ ਹਸਪਤਾਲਾਂ 'ਚ ਹੋ ਰਹੀ ਲੁੱਟ ਨੂੰ ਰੋਕਿਆ ਜਾਵੇ। ਇਸ ਦੇ ਨਾਲ ਉਹਨਾਂ ਇਹ ਮੰਗ ਵੀ ਕੀਤੀ ਕਿ ਪੰਜਾਬ ਦੇ ਸਰਕਾਰੀ ਹਸਪਤਾਲਾਂ 'ਚ ਤਾਇਨਾਤ ਡਾਕਟਰਾਂ ਦੇ ਪ੍ਰਾਈਵੇਟ ਪ੍ਰੈਕਟਿਸ ਕਰਨ 'ਤੇ ਸਖਤੀ ਨਾਲ ਰੋਕ ਲਗਾਈ ਜਾਵੇ। ਉਹਨਾਂ ਨੇ ਸਿਹਤ ਵਿਭਾਗ ਤੋਂ ਵੀ ਮੰਗ ਕੀਤੀ ਕਿ ਫਗਵਾੜਾ ਦੇ ਸਿਵਲ ਹਸਪਤਾਲ 'ਚ ਇਲਾਜ ਸਬੰਧੀ ਸਹੂਲਤਾਂ ਦਾ ਪੂਰਾ ਪ੍ਰਬੰਧ ਕੀਤਾ ਜਾਵੇ ਅਤੇ ਮਰੀਜਾਂ ਨੂੰ ਜਲੰਧਰ ਜਾਂ ਕਿਸੇ ਹੋਰ ਵੱਡੇ ਸਰਕਾਰੀ ਹਸਪਤਾਲ 'ਚ ਇਲਾਜ ਲਈ ਰੈਫਰ ਨਾ ਕੀਤਾ ਜਾਵੇ। ਕਿਉਂਕਿ ਇਸ ਨਾਲ ਮਰੀਜ ਦੇ ਪਰਵਾਰਕ ਮੈਂਬਰਾਂ ਦੀ ਬਹੁਤ ਖੱਜਲ ਖੁਆਰੀ ਹੁੰਦੀ ਹੈ। ਜੇਕਰ ਮੰਗਾਂ ਪਰਵਾਨ ਨਾ ਕੀਤੀਆਂ ਗਈਆਂ ਤਾਂ ਜੱਥੇਬੰਦੀ ਵਲੋਂ ਲੋਕ ਹਿੱਤ 'ਚ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਅਸ਼ੋਕ ਕੁਮਾਰ ਭਾਟੀਆ, ਰੋਸ਼ਨ ਲਾਲ ਢੰਡੋਲੀ, ਗੁਲਜਾਰ ਸਿੰਘ ਸਾਬਕਾ ਸਰਪੰਚ ਅਕਾਲਗੜ੍ਹ, ਬਲਵੀਰ ਸਿੰਘ ਗੰਡਮ, ਗੁਰਵਿੰਦਰ ਸਿੰਘ ਲਵਲੀ, ਰਸ਼ਪਾਲ ਸਿੰਘ ਰਾਠੌਰ, ਬਲਵੀਰ ਚੰਦ ਪੰਡੋਰੀ, ਦਰਸ਼ਨ ਸਿੰਘ ਰਾਠੌਰ, ਮਦਨ ਲਾਲ ਸਾਬਕਾ ਸਰਪੰਚ ਗੰਡਵਾਂ, ਸੁੱਚਾ ਸਿੰਘ ਬਿਸ਼ਨਪੁਰ, ਗੁਰਦਿਆਲ ਸਿੰਘ ਢਾਡੀ ਲੱਖਪੁਰ, ਗੁਰਦਿਆਲ ਸਿੰਘ ਸਾਬਕਾ ਇੰਸਪੈਕਟਰ, ਸੁਰਜੀਤ ਸਿੰਘ ਬਾਹੜਾ, ਰਸ਼ਪਾਲ ਸਿੰਘ ਗਿੱਲ, ਰੂਪ ਲਾਲ ਸਾਬਕਾ ਬਲਾਕ ਸੰਮਤੀ ਮੈਂਬਰ ਪੰਡੋਰੀ, ਮਧੁਸੂਦਨ ਸਿੰਘ, ਆਰ.ਐਲ. ਜੱਸੀ, ਅਵਤਾਰ ਸਿੰਘ ਸ਼ੀਰਾ ਆਦਿ ਹਾਜਰ ਸਨ।

